ਤਤਕਰਾ



ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥

# ਗੁਰੂ ਗਰੰਥ ਸਾਹਿਬ ਅਤੇ ਨਾਮੁ

## (ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ)






## ਡਾ: ਸਰਬਜੀਤ ਸਿੰਘ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥

ਤਤਕਰਾ

ੴ ਸਤਿਗੁਰ ਪ੍ਰਸਾਦਿ

# ਗੁਰੂ ਗਰੰਥ ਸਾਹਿਬ ਅਤੇ ਨਾਮੁ

(ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ)

ਲੇਖਕ

ਡਾ: ਸਰਬਜੀਤ ਸਿੰਘ

ਵਾਸ਼ੀ, ਨਵੀਂ ਮੁੰਬਈ

# Guru Granth Sahib and Naam

Dr. Sarbjit Singh

Vashi, Navi Mumbai

ਪਹਿਲੀ ਵਾਰ ੧ ਸਤੰਬਰ ੨੦੧੭

First Electronic Edition: 1st September 2017

ਆਰੰਭ

# ਤਤਕਰਾ

ਲੋੜੀਦਾ ਭਾਗ ਪੜ੍ਹਨ ਲਈ ਉਸ ਉੱਪਰ ਕਲਿਕ ਕਰੋ ਜੀ

Please click on the link to access the required page


ਆਰੰਭਕ ਬੇਨਤੀ

ਧੰਨਵਾਦ

| ਭਾਗ | ਵਿਸ਼ਾ | ਪੰਨਾਂ |
|---|---|---|
| ੧ | ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਕੀ ਹੈ | ੮ |
| ੨ | ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਦੀ ਲੋੜ ਅਤੇ ਲਾਭ | ੧੭ |
| ੩ | ਅਕਾਲ ਪੁਰਖੁ ਦਾ ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਜ਼ਰੂਰੀ ਹਨ | ੨੬ |
| ੪ | ਅਕਾਲ ਪੁਰਖੁ ਦਾ ਕਦੋਂ ਨਾਮੁ ਜਪਣਾ ਚਾਹੀਦਾ ਹੈ ਜਾਂ ਕਿਸ ਵੇਲੇ ਉਸ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ | ੩੪ |
| ੫ | ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਨਾ ਜਪਣ ਜਾਂ ਉਸ ਦੇ ਗੁਣ ਨਾ ਗਾਇਨ ਕਰਨ ਦੇ ਨੁਕਸਾਨ | ੩੯ |
| 6 | ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਅਡੋਲ ਅਵਸਥਾ ਵਿਚ ਆ ਕੇ ਹੁੰਦੀ ਹੈ | ੪੯ |
| ੭ | ਨਾਮੁ ਜਪਣ ਅਤੇ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ | ੬੩ |
| ੮ | ਨਾਮੁ ਬਹੁਤ ਕੀਮਤੀ ਤੇ ਲਾਭਦਾਇਕ ਹੈ | ੭੩ |
| ੯ | ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਹਰਿ ਕਾ ਨਾਮੁ ਹੈ | ੭੯ |
| ੧੦ | ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਲਈ ਕੀ ਕਰਨਾ ਚਾਹੀਦਾ ਹੈ | ੮੭ |
| | ਗੁਰੂ ਗਰੰਥ ਸਾਹਿਬ ਵਿਚ ਅੰਕਿਤ ਸਿਖਿਆ ਅਨੁਸਾਰ ਲੇਖਾਂ ਦੀ ਸੂਚੀ | ੧੦੦ |

# ਆਰੰਭਕ ਬੇਨਤੀ

ਗੁਰੂ ਨਾਨਕ ਸਾਹਿਬ ਨੇ ਸੱਚ ਤੇ ਵਿਗਿਆਨ ਦੇ ਆਧਾਰ ਤੇ ਇਕ ਅਧੁਨਿਕ ਧਰਮ ਤੇ ਸਮਾਜ ਦਾ ਆਰੰਭ ਕੀਤਾ। ਦੁਨੀਆ ਦੇ ਬਹੁਤ ਸਾਰੇ ਲੋਕਾਂ ਜਾਂ ਧਰਮਾਂ ਨੇ ਅਕਾਲ ਪੁਰਖੁ ਦੀ ਪਰਿਭਾਸ਼ਾ ਆਪਣੀ ਆਪਣੀ ਕਲਪਨਾਂ ਦੇ ਆਧਾਰ ਤੇ ਦਿਤੀ ਹੈ। ਕਿਸੇ ਨੇ ਮਨੁੱਖ ਨੂੰ ਅਕਾਲ ਪੁਰਖੁ ਦਾ ਦਰਜਾ ਦੇ ਦਿਤਾ ਤੇ ਕਿਸੇ ਨੇ ਜੀਵ ਜੰਤੂ, ਵਸਤੂ ਜਾਂ ਸਥਾਨ ਨੂੰ ਅਕਾਲ ਪੁਰਖ ਦਾ ਦਰਜਾ ਦੇ ਦਿਤਾ। ਪਰੰਤੂ ਇਹ ਸਭ ਕੁਝ ਤਾਂ ਖੁਦ ਅਕਾਲ ਪੁਰਖੁ ਦੇ ਆਪਣੇ ਬਣਾਏ ਹੋਏ ਹਨ, ਜੋ ਕਿ ਨਾਸ਼ਵੰਤ ਹਨ। ਜੇ ਅਕਾਲ ਪੁਰਖ ਹੀ ਨਾਸ ਹੋ ਗਿਆ ਤਾਂ ਬਾਕੀ ਕੀ ਰਹਿ ਜਾਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਸਿਰਲੇਖ ਅਕਾਲ ਪੁਰਖੁ ਨੂੰ ਵਿਗਿਆਨਕ ਤਰੀਕੇ ਨਾਲ ਦਰਸਾਉਂਣ ਦਾ ਆਰੰਭ ਹੈ। ਇਸ ਨੂੰ ਅਕਾਲ ਪੁਰਖੁ ਸਬੰਧੀ ਸਾਇੰਸ ਦਾ ਮੁੱਢ ਵੀ ਕਹਿ ਸਕਦੇ ਹਾਂ। ਗੁਰੂ ਨਾਨਕ ਸਾਹਿਬ ਨੇ ਅਕਾਲ ਪੁਰਖੁ ਦੀ ਪਰਿਭਾਸ਼ਾ ਕਲਪਨਾਂ ਦੇ ਆਧਾਰ ਤੇ ਨਹੀਂ ਦਿਤੀ, ਬਲਕਿ ਪੂਰਨ, ਉਚੇ ਪੱਧਰ ਦੀ ਸਾਂਇੰਸ ਦੇ ਆਧਾਰ ਤੇ ਦਿੱਤੀ ਹੈ।

*ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥(੧)*

ਗੁਰੂ ਨਾਨਕ ਸਾਹਿਬ ਨੇ ਜਪੁਜੀ ਸਾਹਿਬ ਦੀ ਪਹਿਲੀ ਪਉੜੀ ਵਿਚ ਹੀ ਹੋਰਨਾਂ ਮਤਾਂ ਦਾ ਜਿਕਰ ਕਰਦੇ ਹੋਏ ਸਿੱਖ ਧਰਮ ਦੇ ਮੁਢਲੇ ਸਿਧਾਂਤ, *'ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ'* ਬਾਰੇ ਵੀ ਸਪੱਸ਼ਟ ਜਾਣਕਾਰੀ ਦੇ ਦਿਤੀ ਹੈ।

ਗੁਰੂ ਸਾਹਿਬਾਂ ਨੇ ਬੜੇ ਸਰਲ ਤਰੀਕੇ ਨਾਲ ਸਮਝਾਇਆ ਹੈ ਕਿ ਜੇਕਰ ਧਰਮ ਦੀ ਸਿਖਿਆ ਲੈਣਾਂ ਚਾਹੁੰਦੇ ਹਾਂ ਤਾਂ ਸਾਨੂੰ ਕਿਤੇ ਜਾਣ ਦੀ ਲੋੜ ਨਹੀਂ, ਅਸੀਂ ਆਪਣੇ ਸਰੀਰ ਕੋਲੋ ਹੀ ਲੈ ਸਕਦੇ ਹਾਂ। ਇਹ ਮਨੁੱਖਾ ਸਰੀਰ ਧਰਮ ਕਮਾਉਣ ਦੀ ਥਾਂ ਹੈ, ਇਸ ਵਿਚ ਸੱਚੇ ਅਕਾਲ ਪੁਰਖੁ ਦੀ ਜੋਤਿ ਲੁਕੀ ਹੋਈ ਹੈ। ਇਸ ਸਰੀਰ ਵਿਚ ਦੈਵੀ ਗੁਣ, ਰੂਪ, ਤੇ ਗੁੱਝੇ ਲਾਲ ਰਤਨ ਲੁਕੇ ਹੋਏ ਹਨ। ਸਰੀਰ ਦਾ ਹਰੇਕ ਅੰਗ ਬਾਕੀ ਸਭ ਦੂਸਰੇ ਅੰਗਾਂ ਲਈ ਕੰਮ ਕਰਦਾ ਹੈ ਜਾਂ ਉਨ੍ਹਾਂ ਦੀ ਸਹਾਇਤਾ ਕਰਦਾ ਹੈ, ਪਰੰਤੂ ਬਦਲੇ ਵਿਚ ਕੁਝ ਨਹੀਂ ਮੰਗਦਾ। ਸਰੀਰ ਦਾ ਕੋਈ ਵੀ ਅੰਗ, ਦੂਸਰੇ ਅੰਗਾਂ ਦੀ ਨਿੰਦਾ, ਚੁਗਲੀ ਜਾਂ ਵਿਰੋਧਤਾ ਨਹੀਂ ਕਰਦਾ ਹੈ, ਬਲਕਿ ਦੂਸਰੇ ਅੰਗਾਂ ਦੀ ਸਹਾਇਤਾ ਕਰਦਾ ਹੈ ਜਾਂ ਠੀਕ ਮਾਰਗ ਦਰਸ਼ਨ ਕਰਦਾ ਹੈ। ਸਤਿਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਸੇਵਕ ਹੀ ਇਨ੍ਹਾਂ ਗੁਣਾਂ ਨੂੰ ਗੁਰਬਾਣੀ ਦੀ ਡੂੰਘੀ ਵਿਚਾਰ ਨਾਲ ਸਮਝ ਕੇ ਆਪਣੇ ਜੀਵਨ ਵਿਚ ਅਪਨਾਂਦਾ ਹੈ। ਅਜੇਹਾ ਸੇਵਕ ਸਾਰੇ ਸੰਸਾਰ ਵਿਚ ਇਕ ਅਕਾਲ ਪੁਰਖ ਨੂੰ ਹੀ ਵੇਖਦਾ ਹੈ, ਤੇ ਇਕ ਅਕਾਲ ਪੁਰਖ ਤੇ ਹੀ ਭਰੋਸਾ ਰੱਖਦਾ ਹੈ ਤੇ ਆਪਣੇ ਕੰਨਾਂ ਨਾਲ ਇਕ ਅਕਾਲ ਪੁਰਖ ਦੀ ਸਿਫਤ ਸਾਲਾਹ ਦੀਆਂ ਗੱਲਾਂ ਹੀ ਸੁਣਦਾ ਹੈ। ਇਸ ਲਈ ਗੁਰਸਿੱਖ ਨੇ ਗੁਰਬਾਣੀ ਵਿਚੋਂ ਅਕਾਲ ਪੁਰਖ ਦੇ ਗੁਣਾਂ ਨੂੰ ਖੋਜਣਾਂ ਹੈ ਤੇ ਆਪਣੇ ਜੀਵਨ ਵਿਚ ਅਪਨਾ ਕੇ ਬਿਨਾ ਕਾਮਨਾ ਦੇ ਮਨੁੱਖਤਾ ਦੀ ਸੇਵਾ ਕਰਨੀ ਹੈ।

*ਪਉੜੀ ॥ ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ ॥ ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ ॥ (੩੦੯, ੩੧੦)*

ਗੁਰੂ ਸਾਹਿਬਾਂ ਦਾ ਮੰਤਵ ਸੀ ਕਿ ਸੱਚ ਦਾ ਗਿਆਨ ਆਮ ਲੋਕਾਂ ਤਕ ਆਸਾਨੀ ਨਾਲ ਪਹੁੰਚ ਸਕੇ। ਇਸੇ ਲਈ ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਸ਼ਬਦਾਵਲੀ ਜਿਆਦਾ ਤਰ ਪੁਰਾਣੀ ਹੀ ਵਰਤੀ ਹੈ। ਗੁਰੂ ਸਾਹਿਬਾਂ ਨੇ ਕੁਝ ਕੁ ਨਵੇਂ ਸ਼ਬਦ ਵਰਤੇ ਹਨ, ਜਿਵੇਂ ਕਿ ਅੰਮ੍ਰਿਤ ਵੇਲਾ, ਜੀਵਨ ਮੁਕਤ, ਅਕਾਲ ਪੁਰਖੁ, ਆਦਿ। ਬਾਕੀ ਬਹੁਤ ਸਾਰੇ ਸਬਦ ਉਸ ਸਮੇਂ ਚਲ ਰਹੀ ਭਾਸ਼ਾ ਦੇ ਹੀ ਲਏ ਹਨ, ਜਿਵੇਂ ਕਿ ਨਾਮ, ਸਿਮਰਨ, ਮੁਕਤੀ, ਦਾਨ, ਆਦਿ। ਸ਼ੰਕੇ ਦੂਰ ਕਰਨ ਲਈ ਹਰੇਕ ਸ਼ਬਦ ਦੀ ਪਰਿਭਾਸ਼ਾ ਵੀ ਗੁਰਮਤਿ ਦੇ ਆਧਾਰ ਤੇ ਗੁਰੂ ਗਰੰਥ ਸਾਹਿਬ ਵਿਚ ਵਿਸਥਾਰ ਨਾਲ ਲਿਖ ਦਿਤੀ ਹੈ, ਤਾਂ ਜੋ ਸਾਨੂੰ ਕਿਸੇ ਤਰ੍ਹਾਂ ਦਾ ਭੁਲੇਖਾ ਨਾ ਪਵੇ। ਪਰੰਤੂ ਜਦੋਂ

ਅਸੀਂ ਗੁਰਬਾਣੀ ਦੇ ਅਰਥ ਪੁਰਾਤਨ ਸ਼ਬਦਾਵਲੀ ਜਾਂ ਕਿਸੇ ਹੋਰ ਡਿਕਸ਼ਨਰੀ ਅਨੁਸਾਰ ਕਰਦੇ ਹਾਂ ਤਾਂ ਧੋਖਾ ਖਾਂ ਜਾਂਦੇ ਹਾਂ। ਇਹੀ ਹਾਲ ਸਾਡਾ ਨਾਮੁ, ਹੁਕਮੁ, ਸੇਵਾ, ਅੰਮ੍ਰਿਤ, ਆਦਿ ਦੇ ਅਰਥ ਕਰਨ ਸਮੇਂ ਹੁੰਦਾ ਹੈ। ਅੱਜ ਅਸੀਂ ਬਹੁਤ ਵੱਡੇ ਪੱਧਰ ਤੇ ਧੋਖੇ ਖਾ ਰਹੇ ਹਾਂ, ਕਿਉਂਕਿ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦਾ ਗਿਆਨ ਘਟ ਹੈ ਤੇ ਬਾਹਰਲੇ ਧਰਮਾਂ, ਦੂਸਰੀਆਂ ਡਿਕਸ਼ਨਰੀਆਂ ਤੇ ਟੀ.ਵੀ. ਜਾਂ ਅਖਬਾਰ ਦਾ ਦਿਤਾ ਗਿਆਨ ਬਹੁਤ ਜਿਆਦਾ ਹੈ।

ਨਾਮੁ, ਹੁਕਮੁ, ਸਚ, ਆਦਿ ਭਾਂਵੇ ਵੱਖਰੇ ਵੱਖਰੇ ਵਿਸ਼ੇ ਹਨ, ਪਰੰਤੂ ਇਹਨਾਂ ਦਾ ਆਪਸ ਵਿਚ ਸਬੰਧ ਵੀ ਹੈ। ਇਸ ਲਈ ਇਹ ਧਿਆਨ ਵਿਚ ਰੱਖਣਾਂ ਹੈ, ਕਿ ਗੁਰਮਤਿ ਅਨੁਸਾਰ ਨਾਮੁ (Naam) ਦਾ ਅਰਥ ਕੋਈ ਇਕ ਲਫਜ਼, ਭਾਵ ਨਾਂ (Name) ਨਹੀਂ ਹੋ ਸਕਦਾ। ਜਦੋਂ ਅਸੀਂ ਗੁਰਬਾਣੀ ਦੀ ਡੂੰਘਿਆਈ ਵਿੱਚ ਜਾਂਦੇ ਤਾਂ ਸਮਝ ਆਉਂਦੀ ਹੈ, ਕਿ ਨਾਮੁ ਅਤੇ ਹੁਕਮੁ ਵਿੱਚ ਜਿਆਦਾ ਅੰਤਰ ਨਹੀਂ। ਇਨ੍ਹਾਂ ਦਾ ਆਪਸੀ ਸਬੰਧ ਹੈ। ਇਸ ਦੇ ਪ੍ਰਮਾਣ ਲਈ ਕਈ ਸ਼ਬਦ ਗੁਰੂ ਗਰੰਥ ਸਾਹਿਬ ਵਿੱਚ ਅੰਕਿਤ ਹਨ।

***ਸਤਸੰਗਤਿ ਕੈਸੀ ਜਾਣੀਐ ॥ ਜਿਥੈ ਏਕੋ ਨਾਮੁ ਵਖਾਣੀਐ ॥ ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ ॥੫॥ (੭੧-੭੨)***

ਸਾਰੀ ਸ੍ਰਿਸ਼ਟੀ ਵਿਚ, ਅਕਾਲ ਪੁਰਖ ਦਾ ਹੁਕਮੁ ਵੀ ਚੱਲ ਰਿਹਾ ਹੈ, ਨਾਮੁ ਵੀ ਵੱਜ ਰਿਹਾ ਹੈ, ਤੇ ਸਬਦ ਵੀ ਵਰਤ ਰਿਹਾ ਹੈ। ਗੁਰਮਤਿ ਅਨੁਸਾਰ ਸਤਸੰਗਤਿ ਉਹ ਹੈ, ਜਿੱਥੇ ਸਿਰਫ਼ ਅਕਾਲ ਪੁਰਖੁ ਦਾ ਨਾਮੁ ਸਲਾਹਿਆ ਜਾਂਦਾ ਹੈ, ਸਮਝਾਇਆ ਜਾਂਦਾ ਹੈ। ਨਾਮੁ ਤੇ ਹੁਕਮੁ ਬਾਰੇ ਸਤਿਗੁਰਿ ਕੋਲੋ ਹੀ ਪਤਾ ਲਗਦਾ ਹੈ, ਭਾਵ ਨਾਮੁ ਤੇ ਹੁਕਮੁ ਗੁਰਬਾਣੀ ਦੁਆਰਾ ਹੀ ਬੁਝਿਆ ਜਾ ਸਕਦਾ ਹੈ। ਇਸ ਲਈ ਨਾਮੁ ਤੇ ਹੁਕਮੁ ਦੀ ਸੋਝੀ ਸਬਦ ਗੁਰੂ ਦੀ ਸੰਗਤ ਵਿੱਚ ਹੀ ਹੋ ਸਕਦੀ ਹੈ।

ਗੁਰਬਾਣੀ ਅਨੁਸਾਰ ਗੁਰੂ, ਸਤਿਗੁਰੂ, ਸੰਤ, ਮਹਾਤਮਾਂ, ਮਹਾਂਪੁਰਸ਼, ਸਭ ਸ਼ਬਦ ਹੀ ਹੈ। ਇਸ ਲਈ ਸ਼ਬਦ ਦੁਆਰਾ ਹੀ ਅਸੀਂ ਅਕਾਲ ਪੁਰਖੁ ਨਾਲ ਸਬੰਧ ਬਣਾ ਸਕਦੇ ਹਾਂ, ਨਹੀਂ ਤਾਂ ਅਗਿਆਨਤਾ ਕਰਕੇ ਇਸ ਜਗਤ ਵਿਚ ਭੁਲੇ ਭਟਕਦੇ ਫਿਰਦੇ ਰਹਾਂਗੇ।

ਅਕਾਲ ਪੁਰਖੁ ਅੱਖਰਾਂ ਦੇ ਅਧੀਨ ਨਹੀਂ ਹੈ, ਤੇ ਨਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਅੰਤ ਪਾਇਆ ਜਾ ਸਕਦਾ ਹੈ। ਜੇ ਅਕਾਲ ਪੁਰਖੁ ਦੇ ਨਾਮੁ ਨਾਲ ਜੁੜਨਾਂ ਹੈ ਤਾਂ ਉਸ ਦੀ ਕੁਦਰਤ ਨਾਲ ਜੁੜਨਾ ਪਵੇਗਾ। ਜਦੋਂ ਮਨੁੱਖ ਨੂੰ ਸਬਦ ਗੁਰੂ ਦੁਆਰਾ ਸਮਝ ਆ ਜਾਂਦੀ ਹੈ ਤਾਂ ਉਸ ਦਾ ਸੀਸ ਆਪਣੇ ਆਪ ਉਸ ਅਕਾਲ ਪੁਰਖੁ ਅੱਗੇ ਝੁਕ ਜਾਂਦਾ ਹੈ। ਪਰੰਤੂ ਇਹ ਸਮਝ ਸਿਰਫ ਸਬਦ ਗੁਰੂ ਨੂੰ ਆਪਣੇ ਅਮਲੀ ਜੀਵਨ ਵਿਚ ਅਪਨਾਇਆਂ ਹੀ ਆ ਸਕਦੀ ਹੈ।

ਹੋਰਨਾਂ ਧਰਮਾਂ, ਫਿਰਕਿਆਂ ਜਾਂ ਆਮ ਲੋਕਾਂ ਅਨੁਸਾਰ ਨਾਮੁ ਜਪਣ ਦਾ ਭਾਵ ਕਿਸੇ ਖਾਸ ਅੱਖਰ ਜਾਂ ਵਾਕ ਨੂੰ ਵਾਰ ਵਾਰ ਦੁਹਰਾਈ ਜਾਣਾਂ ਹੋ ਸਕਦਾ ਹੈ, ਪਰੰਤੂ ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਪ੍ਰਾਪਤ ਕਰਨ ਦਾ ਸਾਧਨ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਅਕਾਲ ਪੁਰਖੁ ਦਾ ਨਾਮੁ ਹਰੇਕ ਥਾਂ ਤੇ ਵਰਤ ਰਿਹਾ ਹੈ, ਹਰ ਸਮੇਂ ਲਗਾਤਾਰ ਵਰਤ ਰਿਹਾ ਹੈ, ਹਰੇਕ ਜੀਵ ਨਾਮੁ ਦੇ ਆਸਰੇ ਤੇ ਨਾਮੁ ਅਨੁਸਾਰ ਚਲ ਰਿਹਾ ਹੈ, ਦੁਨੀਆ ਦੇ ਸਾਰੇ ਪਦਾਰਥ ਨਾਮੁ ਦੇ ਆਸਰੇ ਟਿਕੇ ਹੋਏ ਹਨ। ਨਾਮੁ ਪ੍ਰਾਪਤ ਕਰਨ ਦਾ ਭਾਵ ਹੈ ਕਿ ਅਕਾਲ ਪੁਰਖੁ ਦੇ ਹੁਕਮੁ, ਸਿਸਟਮ, ਰਚਨਾ, ਅਸੂਲਾਂ ਬਾਰੇ ਜਾਣਕਾਰੀ ਹਾਸਲ ਕਰਨਾ ਤੇ ਉਸ ਦੀ ਕੁਦਰਤ ਨਾਲ ਆਪਣੇ ਅੰਦਰ ਪ੍ਰੇਮ ਤੇ ਸਤਿਕਾਰ ਪੈਦਾ ਕਰਨਾ।

ਅਕਾਲ ਪੁਰਖੁ ਦਾ ਸਿਸਟਮ ਬਿਨਾਂ ਕਿਸੇ ਰੁਕਾਵਟ ਦੇ ਯੁਗਾ ਯੁਗਾਂਤਰਾਂ ਤੋਂ ਸਫਲ ਤਰੀਕੇ ਨਾਲ ਚਲ ਰਿਹਾ ਹੈ ਤੇ ਚਲਦਾ ਰਹੇਗਾ। ਇਸ ਲਈ ਸਮਾਜ ਤੇ ਜੀਵਨ ਦੀ ਸਫਲਤਾ ਲਈ ਜਰੂਰੀ ਹੈ, ਕਿ ਅਕਾਲ ਪੁਰਖੁ ਦੇ ਸਿਸਟਮ ਨੂੰ ਸਮਝਿਆ ਜਾਵੇ ਤੇ ਉਸ ਅਨੁਸਾਰ ਚੱਲਿਆ ਜਾਵੇ, ਤਾਂ ਜੋ ਸਾਡਾ ਜੀਵਨ ਵੀ ਬਿਨਾਂ ਕਿਸੇ ਮੁਸ਼ਕਲ ਜਾਂ ਰੁਕਾਵਟ ਦੇ ਸਫਲ ਤਰੀਕੇ ਨਾਲ ਚਲਦਾ ਰਹੇ।

ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨੀ ਚਾਹੁੰਦੇ ਹਾਂ, ਤਾਂ ਸਾਨੂੰ ਵੀ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਉਸ ਦੇ ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਉਸ ਦੀ ਰਜ਼ਾ ਅਨੁਸਾਰ ਚਲਣਾ ਪਵੇਗਾ। ਸਾਨੂੰ ਆਪਣੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਪੈਦਾ ਕਰਨੇ ਪੈਣਗੇ, ਆਪਣੀ ਸੋਚ ਅਕਾਲ ਪੁਰਖੁ ਵਰਗੀ ਬਣਾਉਣੀ ਪਵੇਗੀ। ਇਹੀ ਕਾਰਨ ਹੈ ਕਿ ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾਂ ਸ਼ਬਦੀ (ਇਕ ਸਬਦ ਨੂੰ ਵਾਰ ਵਾਰ ਦੁਹਰਾਈ ਜਾਣ) ਵਾਲਿਆ ਨੂੰ ਪਰਵਾਨ ਕੀਤਾ ਗਿਆ ਹੈ। "***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ***" (੬੫੪)। ਹਾਂ ਅਸੀਂ ਆਪਸੀ ਸਮਝ, ਸਹੂਲਤ ਤੇ ਸਾਂਝ ਕਰਨ ਲਈ ਦੋ ਅੱਖਰੀ ਸਬਦ "**ਅਕਾਲ ਪੁਰਖੁ**" ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ੨ ਵਾਰੀ ਵਰਤਿਆ ਹੈ।

ਗੁਰਬਾਣੀ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ ਕਿ ਗੁਰ ਸਬਦ ਦੁਆਰਾ, ਸੱਚੀ ਬਾਣੀ ਦੁਆਰਾ, ਆਪਣੇ ਹਿਰਦੇ ਨਾਲ ਉਸ ਸੱਚੇ ਅਕਾਲ ਪੁਰਖੁ ਦੀ ਵਾਹੁ ਵਾਹੁ ਕਰਨੀ ਹੈ, ਉਸ ਦੀ ਉਸਤਤ ਕਰਨੀ ਹੈ, ਉਸ ਦੇ ਗੁਣ ਗਾਇਨ ਕਰਨੇ ਹਨ, ਤਾਂ ਜੋ ਉਸ ਅਕਾਲ ਪੁਰਖੁ ਦਾ ਮਿਲਾਪ ਹੋ ਸਕੇ, ਉਸ ਦੀ ਬਖਸ਼ਸ ਮਿਲ ਸਕੇ, ਜਮਾਂ ਤੋਂ ਛੁਟਕਾਰਾ ਮਿਲ ਸਕੇ, ਉਸ ਦੇ ਦਰ ਤੇ ਸ਼ੋਭਾ ਮਿਲ ਸਕੇ, ਤੇ ਸਾਡਾ ਮਨੁੱਖਾ ਜੀਵਨ ਸਫਲ ਹੋ ਸਕੇ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਬਾਣੀ ਆ ਵੱਸਦੀ ਹੈ, ਉਹ ਇਸ ਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲੈਂਦਾ ਹੈ।

***ਗੁਰ ਸੇਵਾ ਤੇ ਕਰਣੀ ਸਾਰ ॥ ਰਾਮ ਨਾਮੁ ਰਾਖਹੁ ਉਰਿ ਧਾਰ ॥ ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ ॥੩॥*** *(੧੦੬੬)*

ਗੁਰੂ ਸਾਹਿਬ ਨੇ ਇਸ ਸਬਦ ਵਿਚ ਬਿਲਕੁਲ ਸਿੱਧੇ ਤੇ ਸਪੱਸ਼ਟ ਤਰੀਕੇ ਨਾਲ ਸਮਝਾਇਆ ਹੈ ਕਿ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਵੀਚਾਰਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦੀ ਲਹਿਰ ਚੱਲਦੀ ਰਹਿੰਦੀ ਹੈ। *"**ਸੋਹਿਲੜਾ ਹਰਿ ਰਾਮ ਨਾਮੁ ਗੁਰ ਸਬਦੀ ਵੀਚਾਰੇ** ॥੧॥ (੨੨੨)*

ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਹੀ ਅੰਮ੍ਰਿਤ ਦਾ ਸੁਆਦ ਦੇਣ ਵਾਲੀ ਹੈ, ਤੇ ਇਹ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੈ। ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਉਪਦੇਸ਼ ਸੁਣੋ। ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮੁ (ਅੰਮ੍ਰਿਤੁ) ਦਾ ਅੰਕੁਰ ਹਿਰਦੇ ਵਿਚ ਉੱਗਦਾ ਹੈ ਤੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਨਾਲ ਮੇਲ ਹੁੰਦਾ ਹੈ।

ਨਾਮੁ ਜਪਣ ਦਾ ਕੰਮ ਸਹਜੇ ਸਹਜੇ ਅਡੋਲ ਅਵਸਥਾ ਵਿਚ ਟਿਕ ਕੇ ਕਰਨਾ ਹੈ, ਤਾਂ ਜੋ ਗੁਰਬਾਣੀ ਨੂੰ ਚੰਗੀ ਤਰ੍ਹਾਂ ਸਮਝਿਆ ਤੇ ਵੀਚਾਰਿਆ ਜਾ ਸਕੇ। ਅਜੇਹਾ ਕਰਨ ਲਈ ਸਤਿਗੁਰੂ ਦੇ ਸ਼ਬਦ ਦੁਆਰਾ ਅਕਾਲ

ਪੁਰਖੁ ਦਾ ਨਾਮੁ ਮੁੜ ਮੁੜ ਚੇਤੇ ਕਰਨਾ ਹੈ, ਸਹਿਜ ਅਵਸਥਾ ਵਿਚ ਟਿਕ ਕੇ ਅਕਾਲ ਪੁਰਖੁ ਨੂੰ ਯਾਦ ਕਰਨਾ ਹੈ, ਤਾਂ ਜੋ ਹਰੇਕ ਉੱਦਮ ਦਾ ਤੱਤ ਵਿਅਰਥ ਨਾ ਜਾਵੇ, ਤੇ ਅਕਾਲ ਪੁਰਖੁ ਨਾਲ ਸਬੰਧ ਬਣ ਸਕੇ।

*ਹਰਿ ਕਾ ਬਿਲੋਵਨਾ ਬਿਲੋਵਹੁ ਮੇਰੇ ਭਾਈ ॥ ਸਹਜਿ ਬਿਲੋਵਹੁ ਜੈਸੇ ਤਤੁ ਨ ਜਾਈ ॥੧॥ ਰਹਾਉ ॥* (੪੭੮)

ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਦੁਆਰਾ ਸਦਾ ਧਿਆਉਂਦੇ ਰਹਿਣਾਂ ਹੈ। ਅਕਾਲ ਪੁਰਖੁ ਦੇ ਨਾਮੁ ਵਿਚ ਲਗਨ ਲਗਾਣ ਲਈ ਗੁਰੂ ਦੇ ਸ਼ਬਦ ਦਾ ਓਟ ਆਸਰਾ ਲੈਂਣਾਂ ਹੈ। ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਸਤਿਗੁਰੂ ਦੇ ਸ਼ਬਦ ਦਾ ਉਪਦੇਸ਼ ਸੁਣਦੇ ਰਹਿਣਾ ਹੈ, ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾ ਹੈ, ਸਤਿਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਦਾ ਅੰਕੁਰ ਹਿਰਦੇ ਵਿਚ ਉੱਗਾਣਾ ਹੈ, ਤਾਂ ਜੋ ਗੁਰੂ ਦੇ ਸ਼ਬਦ ਦੁਆਰਾ ਸਾਡੇ ਤੇ ਅਕਾਲ ਪੁਰਖੁ ਵਿਚ ਬਣੀ ਕੂੜ ਦੀ ਪਾਲ ਟੁਟ ਸਕੇ ਤੇ ਅਕਾਲ ਪੁਰਖੁ ਨਾਲ ਮਿਲਾਪ ਹੋ ਸਕੇ। ਇਸ ਲਈ ਆਓ ਸਾਰੇ ਜਾਣੇ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ, ਤੇ ਆਪਣੇ ਅਮਲੀ ਜੀਵਨ ਵਿਚ ਅਪਨਾ ਕੇ, ਅਕਾਲ ਪੁਰਖੁ ਦੇ ਨਾਮੁ ਨੂੰ ਜਪੀਏ, ਤੇ ਆਪਣਾ ਮਨੁੱਖਾ ਜੀਵਨ ਸਫਲ ਕਰੀਏ।

*ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ (੨)*

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

Dr. Sarbjit Singh
RH1 / E-8, Sector-8,
Vashi, Navi Mumbai - 400703.

ਡਾ: ਸਰਬਜੀਤ ਸਿੰਘ
ਆਰ ਐਚ ੧ / ਈ - ੮, ਸੈਕਟਰ - ੮,
ਵਾਸ਼ੀ, ਨਵੀਂ ਮੁੰਬਈ - ੪੦੦੭੦੩.

Email = sarbjitsingh@yahoo.com
Web= http://www.geocities.ws/sarbjitsingh/,
http://www.sikhmarg.com/article-dr-sarbjit.html

ਤਤਕਰਾ

# ਧੰਨਵਾਦ

ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਇਕ ਬਹੁਤ ਵਿਸ਼ਾਲ ਵਿਸ਼ਾ ਹੈ। ਇਹੀ ਕਾਰਨ ਹੈ ਕਿ ਗੁਰੂ ਗਰੰਥ ਸਾਹਿਬ ਵਿਚ ਨਾਮੁ ਸਬੰਧੀ ਲੱਗਭਗ ੪੦੦੦ ਤੋਂ ਵੱਧ ਵਾਰੀ ਵੱਖ ਵੱਖ ਤਰੀਕਿਆਂ ਨਾਲ ਜਾਣਕਾਰੀ ਦਿਤੀ ਗਈ ਹੈ, ਤਾਂ ਜੋ ਇਸ ਵਿਸ਼ੇ ਸਬੰਧੀ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਹੋ ਸਕੇ। ਇਸ ਕਿਤਾਬ ਵਿਚ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਦੇ ਆਧਾਰ ਤੇ ਨਾਮੁ ਸਬੰਧੀ ਦਸ ਭਾਗਾਂ ਵਿਚ ਪੇਸ਼ ਕਰਨ ਦਾ ਯਤਨ ਕੀਤਾ ਗਿਆ ਹੈ। ਜਿਸ ਤਰ੍ਹਾਂ ਕਿ ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਕੀ ਹੈ, ਨਾਮੁ ਜਪਣ ਦੀ ਲੋੜ ਅਤੇ ਲਾਭ, ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਜਰੂਰੀ ਹਨ, ਅਕਾਲ ਪੁਰਖੁ ਦਾ ਕਦੋਂ ਨਾਮੁ ਜਪਣਾ ਚਾਹੀਦਾ ਹੈ ਜਾਂ ਕਿਸ ਵੇਲੇ ਉਸ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਨਾ ਜਪਣ ਜਾਂ ਉਸ ਦੇ ਗੁਣ ਨਾ ਗਾਇਨ ਕਰਨ ਦੇ ਨੁਕਸਾਨ, ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਅਡੋਲ ਅਵਸਥਾ ਵਿਚ ਆ ਕੇ ਹੁੰਦੀ ਹੈ, ਨਾਮੁ ਜਪਣ ਅਤੇ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ, ਨਾਮੁ ਬਹੁਤ ਕੀਮਤੀ ਤੇ ਲਾਭਦਾਇਕ ਹੈ, ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਹਰਿ ਕਾ ਨਾਮੁ ਹੈ, ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਲਈ ਕੀ ਕਰਨਾ ਚਾਹੀਦਾ ਹੈ, ਆਦਿ। ਕੋਸ਼ਿਸ਼ ਕੀਤੀ ਗਈ ਹੈ ਕਿ ਹਰੇਕ ਵਿਸ਼ੇ ਸਬੰਧੀ ਪ੍ਰਮਾਣ ਦੇ ਤੌਰ ਤੇ ਵੱਧ ਤੋਂ ਵੱਧ ਸ਼ਬਦ ਸਾਂਝੇ ਕੀਤੇ ਜਾਣ ਤਾਂ ਜੋ ਗੁਰੂ ਗਰੰਥ ਸਾਹਿਬ ਅਨੁਸਾਰ ਉਸ ਵਿਸ਼ੇ ਸਬੰਧੀ ਸਹੀ ਤੇ ਪੂਰਣ ਜਾਣਕਾਰੀ ਹਾਸਲ ਹੋ ਸਕੇ। ਕਈ ਸ਼ਬਦਾਂ ਵਿਚ ਇਕ ਤੋਂ ਵੱਧ ਵਿਸ਼ੇ ਵੀ ਆ ਜਾਂਦੇ ਹਨ। ਉਨ੍ਹਾਂ ਸਬੰਧੀ ਵੀ ਸੰਖੇਪ ਵਿਚ ਜਾਣਕਾਰੀ ਦੇਣ ਦਾ ਉਪਰਾਲਾ ਕੀਤਾ ਗਿਆ ਹੈ। ਅਜੇਹਾ ਕਰਨ ਨਾਲ ਹਰੇਕ ਭਾਗ ਕਾਫੀ ਵੱਡਾ ਵੀ ਹੋ ਗਿਆ ਹੈ। ਜਿਸ ਕਰਕੇ ਪਾਠਕਾਂ ਨੂੰ ਸਮਝਣ ਵਿਚ ਕੁਝ ਮੁਸ਼ਕਲ ਆ ਸਕਦੀ ਹੈ। ਇਸ ਨੂੰ ਧਿਆਨ ਵਿਚ ਰੱਖਦੇ ਹੋਏ ਹਰੇਕ ਭਾਗ ਦੇ ਅੰਤ ਵਿਚ ਸੰਖੇਪ ਵਿਚ ਉਸ ਵਿਸ਼ੇ ਸਬੰਧੀ ਜਾਣਕਾਰੀ ਦਿਤੀ ਗਈ ਹੈ, ਤਾਂ ਜੋ ਪਾਠਕ ਆਸਾਨੀ ਨਾਲ ਸਮਝ ਸਕਣ।

ਸਭ ਤੋਂ ਪਹਿਲਾਂ ਤਾਂ ਦਾਸ ਉਸ ਅਕਾਲ ਪੁਰਖੁ ਦਾ ਬਹੁਤ ਧੰਨਵਾਦੀ ਹੈ, ਜਿਸ ਨੇ ਗੁਰੂ ਨਾਨਕ ਸਾਹਿਬ ਦੇ ਆਰੰਭ ਕੀਤੇ ਸਿੱਖ ਧਰਮ ਵਿਚ ਮਨੁੱਖਾ ਜਨਮ ਦਿਤਾ ਤੇ ਗੁਰੂ ਗਰੰਥ ਸਾਹਿਬ ਬਾਰੇ ਜਾਨਣ ਤੇ ਸਮਝਣ ਦਾ ਉਦਮ ਤੇ ਬਲ ਬਖਸ਼ਿਆ। ਨਾਮੁ ਦੇ ਵਿਸ਼ੇ ਬਾਰੇ ਗਿਆਨ ਦਾ ਅਸਲੀ ਸੋਮਾਂ ਤਾਂ ਗੁਰੂ ਗਰੰਥ ਸਾਹਿਬ ਹੀ ਹਨ, ਜਿਨ੍ਹਾਂ ਦੁਆਰਾ ਜੀਵਨ ਜਾਚ ਤੇ ਜੀਵਨ ਦੇ ਹਰੇਕ ਵਿਸ਼ੇ ਸਬੰਧੀ ਗਿਆਨ ਹਾਸਲ ਕਰਕੇ ਦਾਸ ਲੇਖਾਂ ਦੇ ਰੂਪ ਵਿਚ ਢਾਲ ਕੇ ਆਪ ਸਭ ਦੇ ਸਾਹਮਣੇ ਪੇਸ਼ ਕਰਨ ਦੇ ਯੋਗ ਹੋ ਸਕਿਆ ਹੈ।

ਦਾਸ ਆਪਣੇ ਮਾਤਾ (ਸਰਦਾਰਨੀ ਸਵਰਨ ਕੌਰ ਜੀ) ਤੇ ਪਿਤਾ (ਸਰਦਾਰ ਹਰਜਿੰਦਰ ਸਿੰਘ ਜੀ) ਦਾ ਅਤੀ ਰਿਣੀ ਹੈ, ਜਿਨ੍ਹਾਂ ਨੇ ਪਾਲਿਆਂ ਪੋਸਿਆ ਤੇ ਦੁਨਿਆਵੀ ਅਤੇ ਗੁਰਮਤਿ ਦਾ ਗਿਆਨ ਹਾਸਲ ਕਰਨ ਦੇ ਯੋਗ ਬਣਾਇਆ। ਆਪਣੇ ਪਰਵਾਰ ਦੇ ਮੈਂਬਰਾਂ ਧਰਮ ਪਤਨੀ (ਹਰਵਿੰਦਰ ਕੌਰ), ਸਪੁਤਰ (ਪ੍ਰਭਦੀਪ ਸਿੰਘ) ਤੇ ਸਪੁਤਰੀ (ਪਰਨੀਤ ਕੌਰ) ਦਾ ਬਹੁਤ ਧੰਨਵਾਦੀ ਹੈ, ਜਿਨ੍ਹਾਂ ਨੇ ਆਪਣਾ ਉਹ ਕੀਮਤੀ ਸਮਾਂ ਭੇਟ ਕੀਤਾ, ਜਿਹੜਾ ਸਮਾਂ ਦਾਸ ਨੇ ਪਰਵਾਰ ਦੇ ਮੈਂਬਰਾਂ ਪ੍ਰਤੀ ਜੁਮੇਵਾਰੀ ਲਈ ਵਰਤਣਾ ਸੀ। ਉਹ ਸਮਾਂ ਦਾਸ ਨੂੰ ਗੁਰਬਾਣੀ ਨੂੰ ਪੜ੍ਹਨ ਸਮਝਣ ਤੇ ਵੀਚਾਰਨ ਲਈ ਦਿਤਾ, ਜਿਸ ਸਦਕਾ ਗੁਰਬਾਣੀ ਦੇ ਲੇਖ ਲਿਖਣ ਵਿਚ ਤੇ ਇਹ ਕਿਤਾਬ ਲਿਖਣ ਦੇ ਯੋਗ ਹੋ ਸਕਿਆ।

ਦਾਸ ਸਰਦਾਰ ਹਰਮੋਹਿੰਦਰ ਸਿੰਘ ਜੀ (ਵਾਸ਼ੀ, ਨਵੀਂ ਮੁੰਬਈ) ਦਾ ਵੀ ਬਹੁਤ ਧੰਨਵਾਦੀ ਹਾਂ ਜਿਨ੍ਹਾਂ ਨੇ ਮੇਰੇ ਬਹੁਤ ਸਾਰੇ ਲੇਖਾਂ ਨੂੰ ਪੜ੍ਹ ਕੇ ਆਪਣੇ ਕੀਮਤੀ ਸੁਝਾਅ ਦਿਤੇ ਤਾਂ ਜੋ ਉਨ੍ਹਾਂ ਨੂੰ ਸੋਧਿਆ ਜਾ ਸਕੇ।

ਅਕਾਲ ਪੁਰਖੁ ਆਪ ਬੇਅੰਤ ਹੈ ਤੇ ਉਸ ਦੀ ਰਚਨਾ ਵੀ ਬੇਅੰਤ ਹੈ। ***"ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ ॥"*** ਮੇਰੇ ਵਰਗੇ ਆਮ ਮਨੁੱਖ ਦੇ ਲਈ ਉਸ ਅਕਾਲ ਪੁਰਖੁ ਦੇ ਨਾਮੁ ਨੂੰ ਸਮਝਣਾਂ ਬਹੁਤ ਕਠਿਨ ਹੈ। ਗੁਰੂ ਗਰੰਥ ਸਾਹਿਬ ਦੀ ਸਹਾਇਤਾ ਨਾਲ ਨਾਮੁ ਨੂੰ ਸਮਝਣ ਤੇ ਬਿਆਨ ਕਰਨ ਵਿਚ ਕਾਫੀ ਖਾਮੀਆਂ ਰਹਿ ਗਈਆਂ ਹੋਣਗੀਆਂ। ***"ਭੁਲਣ ਅੰਦਰਿ ਸਭੁ ਕੋ ਅਭੁਲੁ ਗੁਰੂ ਕਰਤਾਰੁ ॥"*** ਆਪ ਸਭ ਅੱਗੇ ਬੇਨਤੀ ਹੈ ਕਿ ਇਸ ਕਿਤਾਬ ਨੂੰ ਪੜ੍ਹ ਕੇ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੇ ਆਧਾਰ ਤੇ ਵੀਚਾਰੋ ਤੇ ਆਪਣੇ ਸੁਝਾਵ ਭੇਜੋ ਤਾਂ ਜੋ ਇਸ ਵਿਚ ਲੋੜੀਦੇ ਸੁਧਾਰ ਕੀਤੇ ਜਾ ਸਕਣ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

(ਡਾ: ਸਰਬਜੀਤ ਸਿੰਘ)

ਤਤਕਰਾ

# ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਕੀ ਹੈ (ਨਾਮੁ, ਭਾਗ ੧)

# What is Naam according to Guru Granth Sahib (Naam, Part 1)

ਗੁਰੂ ਸਾਹਿਬਾਂ ਦਾ ਮੰਤਵ ਸੀ ਕਿ ਸੱਚ ਦਾ ਗਿਆਨ ਆਮ ਲੋਕਾਂ ਤਕ ਆਸਾਨੀ ਨਾਲ ਪਹੁੰਚ ਸਕੇ। ਇਸੇ ਲਈ ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਸ਼ਬਦਾਵਲੀ ਜਿਆਦਾ ਤਰ ਪੁਰਾਣੀ ਹੀ ਵਰਤੀ ਹੈ। ਗੁਰੂ ਸਾਹਿਬਾਂ ਨੇ ਕੁਝ ਕੁ ਨਵੇਂ ਸ਼ਬਦ ਵਰਤੇ ਹਨ, ਜਿਵੇਂ ਕਿ ਅੰਮ੍ਰਿਤ ਵੇਲਾ, ਜੀਵਨ ਮੁਕਤ, ਅਕਾਲ ਪੁਰਖੁ, ਆਦਿ। ਬਾਕੀ ਬਹੁਤ ਸਾਰੇ ਸਬਦ ਉਸ ਸਮੇਂ ਚਲ ਰਹੀ ਭਾਸ਼ਾ ਦੇ ਹੀ ਲਏ ਹਨ, ਜਿਵੇਂ ਕਿ ਨਾਮ, ਸਿਮਰਨ, ਮੁਕਤੀ, ਦਾਨ, ਆਦਿ। ਸ਼ੰਕੇ ਦੂਰ ਕਰਨ ਲਈ ਹਰੇਕ ਸ਼ਬਦ ਦੀ ਪ੍ਰੀਭਾਸ਼ਾ ਵੀ ਗੁਰਬਾਣੀ ਵਿਚ ਵਿਸਥਾਰ ਨਾਲ ਲਿਖ ਦਿਤੀ ਹੈ, ਤਾਂ ਜੋ ਸਾਨੂੰ ਕਿਸੇ ਤਰ੍ਹਾਂ ਦਾ ਭੁਲੇਖਾ ਨਾ ਪਵੇ। ਪਰੰਤੂ ਜਦੋਂ ਅਸੀਂ ਗੁਰਬਾਣੀ ਦੇ ਅਰਥ ਪੁਰਾਤਨ ਸ਼ਬਦਾਵਲੀ ਜਾਂ ਕਿਸੇ ਹੋਰ ਡਿਕਸ਼ਨਰੀ ਅਨੁਸਾਰ ਕਰਦੇ ਹਾਂ ਤਾਂ ਧੋਖਾ ਖਾਂ ਜਾਂਦੇ ਹਾਂ। ਇਹੀ ਹਾਲ ਸਾਡਾ ਨਾਮੁ, ਹੁਕਮੁ, ਸੇਵਾ, ਆਦਿ ਦੇ ਅਰਥ ਕਰਨ ਸਮੇਂ ਹੁੰਦਾ ਹੈ। ਅੱਜ ਅਸੀਂ ਬਹੁਤ ਵੱਡੇ ਪੱਧਰ ਤੇ ਧੋਖੇ ਖਾ ਰਹੇ ਹਾਂ, ਕਿਉਂਕਿ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦਾ ਗਿਆਨ ਘਟ ਹੈ ਤੇ ਬਾਹਰਲੇ ਧਰਮਾਂ, ਦੂਸਰੀਆਂ ਡਿਕਸ਼ਨਰੀਆਂ ਤੇ ਟੀ.ਵੀ. ਜਾਂ ਅਖਬਾਰ ਦਾ ਦਿਤਾ ਗਿਆਨ ਬਹੁਤ ਜਿਆਦਾ ਹੈ। ਅੱਜਕਲ ਤਾਂ ਗੁਰਬਾਣੀ ਗਾਇਨ ਕਰਦੇ ਸਮੇਂ ਸਬਦ ਵਿਚ ਵਾਧ ਘਾਟ ਕਰਨਾ, ਅੱਗੇ ਪਿਛੇ ਕਰਨਾ ਤਾਂ ਆਮ ਫੈਸ਼ਨ ਹੋ ਗਿਆ ਹੈ। ਅਰਥ ਕਰਦੇ ਸਮੇਂ ਵੀ ਅਸੀਂ ਸੇਧ ਗੁਰੂ ਗਰੰਥ ਸਾਹਿਬ ਵਿਚੋਂ ਲੈਣ ਦੀ ਬਜਾਏ, ਆਪਣੀ ਮੱਤ ਅਨੁਸਾਰ ਅਦਲਾ ਬਦਲੀ ਕਰਦੇ ਰਹਿੰਦੇ ਹਾਂ।

ਨਾਮੁ, ਹੁਕਮੁ, ਸਚ, ਆਦਿ ਭਾਂਵੇ ਵੱਖਰੇ ਵੱਖਰੇ ਵਿਸ਼ੇ ਹਨ, ਪਰੰਤੂ ਇਹਨਾਂ ਦਾ ਆਪਸ ਵਿਚ ਸਬੰਧ ਵੀ ਹੈ। ਇਸ ਲਈ ਇਹ ਧਿਆਨ ਵਿਚ ਰੱਖਣਾਂ ਹੈ, ਕਿ ਗੁਰਮਤਿ ਅਨੁਸਾਰ ਨਾਮੁ (Naam) ਦਾ ਅਰਥ ਕੋਈ ਇਕ ਲਫਜ਼, ਭਾਵ ਨਾਂ (Name) ਨਹੀਂ ਹੋ ਸਕਦਾ।

ਜਦੋਂ ਅਸੀਂ ਗੁਰਬਾਣੀ ਦੀ ਡੂੰਘਿਆਈ ਵਿੱਚ ਜਾਂਦੇ ਤਾਂ ਸਮਝ ਆਉਂਦੀ ਹੈ, ਕਿ ਨਾਮੁ ਅਤੇ ਹੁਕਮੁ ਵਿੱਚ ਜਿਆਦਾ ਅੰਤਰ ਨਹੀਂ। ਇਨ੍ਹਾਂ ਦਾ ਆਪਸੀ ਸਬੰਧ ਹੈ। ਇਸ ਦੇ ਪ੍ਰਮਾਣ ਲਈ ਕਈ ਸ਼ਬਦ ਗੁਰੂ ਗਰੰਥ ਸਾਹਿਬ ਵਿੱਚ ਅੰਕਿਤ ਹਨ। ਕੁਝ ਕੁ ਆਪ ਜੀ ਨਾਲ ਸਾਂਝੇ ਕੀਤੇ ਜਾ ਰਹੇ ਹਨ। ਗੁਰਮਤਿ ਅਨੁਸਾਰ ਸਤਸੰਗਤਿ ਉਹ ਹੈ, ਜਿੱਥੇ ਸਿਰਫ਼ ਅਕਾਲ ਪੁਰਖੁ ਦਾ ਨਾਮੁ ਸਲਾਹਿਆ ਜਾਂਦਾ ਹੈ, ਸਮਝਾਇਆ ਜਾਂਦਾ ਹੈ। ਨਾਮੁ ਹੁਕਮੁ ਹੈ, ਜਿਸ ਦਾ ਗੁਰੂ ਕੋਲੋ ਪਤਾ ਲਗਦਾ ਹੈ। ਇਸ ਦਾ ਭਾਵ ਇਹ ਹੈ ਕਿ, ਹੁਕਮੁ ਗੁਰਬਾਣੀ ਰਾਹੀਂ ਹੀ ਬੁਝਿਆ ਜਾ ਸਕਦਾ ਹੈ। ਇਸ ਲਈ ਨਾਮੁ ਤੇ ਹੁਕਮੁ ਦੀ ਸੋਝੀ ਸਬਦ ਗੁਰੂ ਦੀ ਸੰਗਤ ਵਿੱਚ ਹੀ ਹੋ ਸਕਦੀ ਹੈ।

*ਸਤਸੰਗਤਿ ਕੈਸੀ ਜਾਣੀਐ ॥ ਜਿਥੈ ਏਕੋ ਨਾਮੁ ਵਖਾਣੀਐ ॥ ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ ॥੫॥ (੭੧-੭੨)*

ਸਾਰੀ ਸ੍ਰਿਸ਼ਟੀ ਵਿਚ ਉਸ ਅਕਾਲ ਪੁਰਖ ਦਾ ਹੁਕਮੁ ਵੀ ਚੱਲ ਰਿਹਾ ਹੈ, ਤੇ ਸਾਰੀ ਸ੍ਰਿਸ਼ਟੀ ਵਿਚ ਨੀਵੇਂ ਤੋਂ ਨੀਵੇਂ ਥਾਂ ਤੇ ਉਸ ਅਕਾਲ ਪੁਰਖ ਦਾ ਨਾਮੁ ਵੀ ਵੱਜ ਰਿਹਾ ਹੈ। ਸਭ ਜੀਵਾਂ ਵਿਚ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖ ਦੀ ਦਿਤੀ ਹੋਈ ਜੀਵਨ ਜੋਤਿ ਵਿਚਰ ਰਹੀ ਹੈ। ਜਿਸ ਕਿਸੇ ਨੂੰ ਮਿਲਦਾ ਹੈ, ਉਹ ਅਬਿਨਾਸੀ ਅਕਾਲ ਪੁਰਖ, ਆਪਣੀ ਮਿਹਰ ਨਾਲ ਹੀ ਮਿਲਦਾ ਹੈ। ਸਾਰੀ ਸ੍ਰਿਸ਼ਟੀ ਵਿਚ, ਅਕਾਲ ਪੁਰਖ ਦਾ ਹੁਕਮੁ ਵੀ ਚੱਲ ਰਿਹਾ ਹੈ, ਨਾਮੁ ਵੀ ਵੱਜ ਰਿਹਾ ਹੈ, ਤੇ ਸਬਦ ਵੀ ਵਰਤ ਰਿਹਾ ਹੈ।

*ਮਲਾਰ ਮਹਲਾ ੧ ॥ ਚਹੁ ਦਿਸਿ ਹੁਕਮੁ ਵਰਤੈ ਪ੍ਰਭ ਤੇਰਾ ਚਹੁ ਦਿਸਿ ਨਾਮ ਪਤਾਲੰ ॥ ਸਭ ਮਹਿ ਸਬਦੁ ਵਰਤੈ ਪ੍ਰਭ ਸਾਚਾ ਕਰਮਿ ਮਿਲੈ ਬੈਆਲੰ ॥ (੧੨੭੫)*

ਸਾਰੀ ਸ੍ਰਿਸ਼ਟੀ ਦੇ ਜੀਅ ਜੰਤ, ਜਗਤ ਦੇ ਸਾਰੇ ਭਾਗ, ਸਾਰੇ ਅਕਾਸ਼ ਪਤਾਲ, ਚੰਦ, ਸੂਰਜ, ਤਾਰੇ, ਤੇ ਸਾਰੇ ਸਰੀਰ, ਅਕਾਲ ਪੁਰਖ ਦੇ ਨਾਮੁ ਦੇ ਆਸਰੇ ਟਿਕਾਏ ਹੋਏ ਹਨ।

*ਨਾਮ ਕੇ ਧਾਰੇ ਸਗਲੇ ਜੰਤ ॥ ਨਾਮ ਕੇ ਧਾਰੇ ਖੰਡ ਬ੍ਰਹਮੰਡ ॥ (੨੮੪)*

*ਪਰਵਦਗਾਰ ਅਪਾਰ ਅਗਮ ਬੇਅੰਤ ਤੂ ॥ ਜਿਨਾ ਪਛਾਤਾ ਸਚੁ ਚੁੰਮਾ ਪੈਰ ਮੂੰ ॥੩॥ (੪੮੮)*

*ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥੩॥ (੧੩੫੦)*

ਇਨ੍ਹਾਂ ਦੋਹਾਂ ਸ਼ਬਦਾ ਨੂੰ ਸਾਂਝੇ ਵੇਖਿਆ ਜਾਵੇ ਤਾਂ ਸਮਝ ਆਉਂਦੀ ਹੈ, ਕਿ ਹੁਕਮੁ ਤੇ ਸਚੁ ਦਾ ਵੀ ਅਪਸੀ ਸਬੰਧ ਹੈ। ਇਸ ਲਈ ਅਸੀਂ ਕਹਿ ਸਕਦੇ ਹਾਂ ਕਿ ਗੁਰਬਾਣੀ ਅਨੁਸਾਰ *ਨਾਮੁ, ਹੁਕਮੁ, ਸਬਦ ਤੇ ਸਚੁ* ਦਾ ਆਪਸੀ ਸਬੰਧ ਹੈ। ਇਨ੍ਹਾਂ ਵਿੱਚ ਜਿਆਦਾ ਅੰਤਰ ਨਹੀਂ।

ਅਕਾਲ ਪੁਰਖ ਨੇ ਆਪ ਹੀ ਆਪਣੇ ਆਪ ਨੂੰ ਸਾਜਿਆ, ਤੇ ਆਪ ਹੀ ਆਪਣਾ ਨਾਮਣਾ ਬਣਾਇਆ। ਫਿਰ, ਉਸ ਨੇ ਕੁਦਰਤ ਰਚੀ ਤੇ ਉਸ ਵਿਚ ਆਸਣ ਜਮਾ ਕੇ, ਭਾਵ, ਕੁਦਰਤ ਵਿਚ ਵਿਆਪਕ ਹੋ ਕੇ, ਇਸ ਜਗਤ ਦਾ ਆਪ ਤਮਾਸ਼ਾ ਵੇਖਣ ਲੱਗ ਪਿਆ। ਅਕਾਲ ਪੁਰਖ ਆਪ ਹੀ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ਤੇ ਆਪ ਹੀ ਇਨ੍ਹਾਂ ਨੂੰ ਸਾਜਣ ਵਾਲਾ ਹੈ। ਆਪ ਹੀ ਪ੍ਰਸੰਨ ਹੋ ਕੇ ਜੀਵਾਂ ਨੂੰ ਦਿੰਦਾ ਹੈ ਤੇ ਬਖ਼ਸ਼ਸ਼ਾਂ ਕਰਦਾ ਹੈ। ਅਕਾਲ ਪੁਰਖ ਸਭਨਾਂ ਜੀਆਂ ਦਾ ਜਾਣਨਹਾਰ ਹੈ, ਉਹ ਆਪ ਹੀ ਜਿੰਦ ਤੇ ਸਰੀਰ ਦਿੰਦਾ ਹੈ, ਤੇ ਆਪ ਹੀ ਮੁੜ ਵਾਪਸ ਲੈ ਲੈਂਦਾ ਹੈ। ਅਕਾਲ ਪੁਰਖ ਆਪਣੀ ਬਣਾਈ ਹੋਈ ਕੁਦਰਤ ਵਿਚ ਆਪਣਾ ਆਸਣ ਜਮਾ ਕੇ ਇਹ ਸਾਰਾ ਜਗਤ ਤਮਾਸ਼ਾ ਵੇਖ ਰਿਹਾ ਹੈ।

*ਪਉੜੀ ॥ **ਆਪੀਨੈ ਆਪੁ ਸਾਜਿਓ ਆਪੀਨੈ ਰਚਿਓ ਨਾਉ ॥ ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥** ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥ ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ ॥ ਕਰਿ ਆਸਣੁ ਡਿਠੋ ਚਾਉ ॥੧॥ (੪੬੩)*

ਜਿਹੜਾ ਮਨੁੱਖ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਦਾ ਹੈ, ਤੇ ਆਪਣੀ ਹਉਮੈਂ ਨੂੰ ਸਬਦ ਦੁਆਰਾ ਖਤਮ ਕਰ ਲੈਂਦਾ ਹੈ, ਉਹੀ ਮਨੁੱਖ ਅਕਾਲ ਪੁਰਖੁ ਦਾ ਭਗਤੁ ਕਹਿਲਾ ਸਕਦਾ ਹੈ। ਅਕਾਲ ਪੁਰਖੁ ਦਾ ਅਮਰ ਕਰਨ ਵਾਲਾ ਤੇ ਸੁਖਦਾਈ ਨਾਮੁ ਹੀ ਸਭ ਸੁਖਾਂ ਦੀ ਮਣੀ ਹੈ, ਭਾਵ ਅਕਾਲ ਪੁਰਖੁ ਦਾ ਨਾਮੁ ਹੀ ਸਭ ਸੁਖਾਂ ਦਾ ਮੂਲ ਹੈ ਤੇ ਇਸ ਦਾ ਟਿਕਾਣਾ ਭਗਤਾਂ ਦੇ ਹਿਰਦੇ ਵਿਚ ਹੁੰਦਾ ਹੈ।

*ਗਉੜੀ ਸੁਖਮਨੀ ਮਃ ੫ ॥ **ਸੁਖਮਨੀ ਸੁਖ ਅੰਮ੍ਰਿਤ ਪ੍ਰਭ ਨਾਮੁ ॥ ਭਗਤ ਜਨਾ ਕੈ ਮਨਿ ਬਿਸ੍ਰਾਮ ॥ ਰਹਾਉ ॥** (੨੬੨)*

ਜਿਸ ਮਨੁੱਖ ਨੇ ਗੁਰੂ ਦੀ ਸੰਗਤਿ ਵਿਚ ਰਹਿ ਕੇ ਆਪਣੇ ਅੰਦਰ ਅਕਾਲ ਪੁਰਖ ਨੂੰ ਵੇਖਿਆ ਹੈ, ਉਸ ਨੂੰ ਅਕਾਲ ਪੁਰਖ ਦਾ ਨਾਮੁ ਮਿਠਾ ਤੇ ਪਿਆਰਾ ਲੱਗਣ ਲੱਗ ਪੈਂਦਾ ਹੈ। ਜਗਤ ਦੇ ਸਾਰੇ ਪਦਾਰਥ ਉਸ ਨੂੰ ਇਕ ਅਕਾਲ ਪੁਰਖ ਵਿਚ ਹੀ ਲੀਨ ਦਿੱਸਦੇ ਹਨ, ਉਸ ਨੂੰ ਅਕਾਲ ਪੁਰਖ ਤੋਂ ਹੀ ਅਨੇਕਾਂ ਕਿਸਮਾਂ ਦੇ ਰੰਗ ਤਮਾਸ਼ੇ ਨਿਕਲੇ ਹੋਏ ਦਿਖਾਈ ਦਿੰਦੇ ਹਨ। ਮਨੁੱਖ ਦੇ ਸਰੀਰ ਵਿਚ ਅਕਾਲ ਪੁਰਖ ਦੇ ਉਸ ਨਾਮੁ ਦਾ ਟਿਕਾਣਾ ਹੋ ਜਾਂਦਾ ਹੈ, ਜੋ ਕਿ ਮਾਨੋ, ਜਗਤ ਦੇ ਨੌ ਖ਼ਜ਼ਾਨਿਆਂ ਦੇ ਬਰਾਬਰ ਹੈ ਤੇ ਅੰਮ੍ਰਿਤ ਹੈ। ਮਨੁੱਖ ਦੀ ਅੰਦਰਲੀ ਸੁਰਤਿ ਅਕਾਲ ਪੁਰਖ ਨਾਲ ਜੁੜੀ ਰਹਿੰਦੀ ਹੈ, ਤੇ, ਅਜੇਹਾ ਆਨੰਦ ਬਣਿਆ ਰਹਿੰਦਾ ਹੈ, ਜਿਹੜਾ ਕਿ ਬਿਆਨ ਨਹੀਂ ਕੀਤਾ ਜਾ ਸਕਦਾ। ਪਰ ਇਹ ਆਨੰਦ ਉਸ ਮਨੁੱਖ ਨੇ ਹੀ ਵੇਖਿਆ ਹੈ, ਜਿਸ ਨੂੰ ਅਕਾਲ ਪੁਰਖ ਆਪ ਵਿਖਾਉਂਦਾ ਹੈ ਤੇ ਅਸਲੀ ਆਨੰਦ ਦੀ ਸਮਝ ਬਖ਼ਸ਼ਦਾ ਹੈ।

*ਅਸਟਪਦੀ ॥ ਸੰਤਸੰਗਿ ਅੰਤਰਿ ਪ੍ਰਭੁ ਡੀਠਾ ॥ ਨਾਮੁ ਪ੍ਰਭੂ ਕਾ ਲਾਗਾ ਮੀਠਾ ॥ ਸਗਲ ਸਮਿਗ੍ਰੀ ਏਕਸੁ ਘਟ ਮਾਹਿ ॥ ਅਨਿਕ ਰੰਗ ਨਾਨਾ ਦ੍ਰਿਸਟਾਹਿ ॥ **ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ ॥ ਦੇਹੀ ਮਹਿ ਇਸ ਕਾ ਬਿਸ੍ਰਾਮੁ ॥** (੨੯੩)*

ਉਪਰ ਲਿਖਿਆ ਸਬਦ ਸਪੱਸ਼ਟ ਕਰਦਾ ਹੈ ਕਿ ਅਕਾਲ ਪੁਰਖ ਦਾ ਨਾਮੁ ਹੀ ਅੰਮ੍ਰਿਤ ਹੈ, ਜਿਹੜਾ ਕਿ ਸਬਦ ਗੁਰੂ ਦੀ ਸੰਗਤਿ ਵਿਚ ਰਹਿ ਕੇ ਆਪਣੇ ਅੰਦਰ ਵੇਖਿਆ ਜਾ ਸਕਦਾ ਹੈ।

ਅਕਾਲ ਪੁਰਖ ਪਰੇ ਤੋਂ ਪਰੇ ਹੈ, ਅਕਾਲ ਪੁਰਖ ਅਪਹੁੰਚ ਹੈ, ਅਕਾਲ ਪੁਰਖ ਤਕ ਗਿਆਨ ਇੰਦ੍ਰਿਆਂ ਦੁਆਰਾ ਨਹੀਂ ਪਹੁੰਚਿਆ ਜਾ ਸਕਦਾ। ਗੁਰੂ ਦੇ ਸ਼ਬਦ ਦੁਆਰਾ ਕੋਈ ਵਿਰਲਾ ਮਨੁੱਖ ਹੀ ਅਕਾਲ ਪੁਰਖ ਨੂੰ ਮਿਲਦਾ ਹੈ, ਤੇ ਉਸ ਦੇ ਅੰਦਰ ਅਕਾਲ ਪੁਰਖ ਦੇ ਨਾਮੁ ਦੀ ਕਦਰ ਪੈਦਾ ਹੁੰਦੀ ਹੈ। ਅਕਾਲ ਪੁਰਖ ਦੇ ਨਾਮੁ ਸਿਮਰਨ ਤੋਂ ਬਿਨਾ ਮਨੁੱਖ ਦੇ ਸਰੀਰ ਵਿਚ ਵਿਕਾਰਾਂ ਦਾ ਦੁਖ ਰੋਗ ਪੈਦਾ ਹੋਇਆ ਰਹਿੰਦਾ ਹੈ। ਜਦੋਂ ਮਨੁੱਖ ਨੂੰ ਗੁਰੂ ਮਿਲਦਾ ਹੈ, ਤਾਂ ਉਸ ਦਾ ਇਹ ਦੁਖ ਦੂਰ ਹੋ ਜਾਂਦਾ ਹੈ। ਗੁਰੂ ਨੂੰ ਮਿਲਣ ਤੋਂ ਬਿਨਾ ਮਨੁੱਖ ਉਹੀ ਕਰਮ ਕਰਦਾ ਹੈ, ਜਿਹੜੇ ਦੁਖ ਪੈਦਾ ਕਰਦੇ ਹਨ। ਇਸ ਤਰ੍ਹਾਂ ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਨੂੰ ਸਦਾ ਸਜ਼ਾ ਮਿਲਦੀ ਰਹਿੰਦੀ ਹੈ। ਅਕਾਲ ਪੁਰਖ ਦਾ ਨਾਮੁ ਇਕ ਐਸਾ ਅੰਮ੍ਰਿਤ ਹੈ, ਜੋ ਮਿੱਠਾ ਹੈ, ਤੇ ਬੜੇ ਰਸ ਵਾਲਾ ਹੈ। ਪਰੰਤੂ ਉਹੀ ਮਨੁੱਖ ਇਹ ਨਾਮੁ ਰੂਪੀ ਰਸ ਪੀਂਦਾ ਰਹਿੰਦਾ ਹੈ, ਜਿਸ ਨੂੰ ਉਹ ਅਕਾਲ ਪੁਰਖ ਆਪ ਪਿਲਾਂਦਾ ਹੈ। ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਅਕਾਲ ਪੁਰਖ ਦੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣਦਾ ਹੈ, ਤੇ ਅਕਾਲ ਪੁਰਖ ਦੇ ਨਾਮੁ ਵਿਚ ਆਪਣੇ ਆਪ ਨੂੰ ਰੰਗ ਕੇ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।

***ਹਰਿ ਕਾ ਨਾਮੁ ਮੀਠਾ ਅਤਿ ਰਸੁ ਹੋਇ ॥ ਪੀਵਤ ਰਹੈ ਪੀਆਏ ਸੋਇ ॥** ਗੁਰ ਕਿਰਪਾ ਤੇ ਹਰਿ ਰਸੁ ਪਾਏ ॥ ਨਾਨਕ ਨਾਮਿ ਰਤੇ ਗਤਿ ਪਾਏ ॥੪॥੩॥੪੨॥ (੩੬੧)*

ਇਸ ਸੰਸਾਰ ਵਿਚ ਜੋ ਕੁਝ ਵੀ ਅਸੀਂ ਵੇਖ ਰਹੇ ਹਾਂ, ਉਹ ਸਭ ਕੁਝ ਅਕਾਲ ਪੁਰਖ ਦੇ ਨਾਮੁ ਤੋਂ ਹੀ ਪੈਦਾ ਹੁੰਦਾ ਹੈ ਤੇ ਆਤਮਕ ਜੀਵਨ ਵੀ ਅਕਾਲ ਪੁਰਖ ਦੇ ਨਾਮੁ ਦੁਆਰਾ ਹੀ ਮਿਲਦਾ ਹੈ, ਪਰੰਤੂ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਨਾਮੁ ਦੀ ਕਦਰ ਨਹੀਂ ਪਤਾ ਲਗਦੀ। ਗੁਰੂ ਦਾ ਸਬਦ ਬਹੁਤ ਜਿਆਦਾ ਰਸ ਵਾਲਾ ਹੈ ਤੇ ਮਿੱਠਾ ਹੈ, ਪਰੰਤੂ ਜਿਤਨਾ ਚਿਰ ਇਸ ਸਬਦ ਨੂੰ ਚੱਖਿਆ ਨਾ ਜਾਏ, ਇਸ ਦੇ ਸੁਆਦ ਦਾ ਪਤਾ ਨਹੀਂ ਲੱਗਦਾ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਆਪਣੇ ਆਤਮਕ ਜੀਵਨ ਨੂੰ ਨਹੀਂ ਪਛਾਣਦਾ, ਉਹ ਆਪਣੇ ਇਸ ਕੀਮਤੀ ਮਨੁੱਖਾ ਜਨਮ ਨੂੰ ਕੌਡੀ ਦੇ ਬਦਲੇ ਵਿਅਰਥ ਗਵਾ ਲੈਂਦਾ ਹੈ। ਜਦੋਂ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਤਾਂ ਉਹ ਇਕ ਅਕਾਲ ਪੁਰਖ ਨਾਲ ਡੂੰਘੀ ਸਾਂਝ ਪਾਂ ਲੈਂਦਾ ਹੈ, ਤੇ, ਫਿਰ ਉਸ ਨੂੰ ਹਉਮੈ ਦਾ ਦੁਖ ਸਤਾ ਨਹੀਂ

ਸਕਦਾ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਹੜਾ ਸ਼ਰਨ ਵਿਚ ਆਏ ਮਨੁੱਖ ਦੀ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖ ਨਾਲ ਪ੍ਰੀਤ ਜੋੜ ਦੇਂਦਾ ਹੈ। ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਆਤਮਕ ਜੀਵਨ ਚਮਕ ਪੈਂਦਾ ਹੈ, ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ। ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਨੂੰ ਹਮੇਸ਼ਾਂ ਗਾਇਨ ਕਰਦਾ ਰਹਿੰਦਾ ਹੈ, ਸਮਝਦਾ ਰਹਿੰਦਾ ਹੈ, ਤੇ ਵਿਚਾਰਦਾ ਰਹਿੰਦਾ ਹੈ। ਅਜੇਹੇ ਮਨੁੱਖ ਦਾ ਮਨ ਤੇ ਸਰੀਰ ਦਾ ਹਰੇਕ ਅੰਗ, ਗੁਰੂ ਦੀ ਬਰਕਤ ਨਾਲ, ਇਕ ਨਵੀਂ ਆਤਮਕ ਸੋਚ ਅਨੁਸਾਰ ਚਲਦਾ ਹੈ, ਤੇ ਉਹ ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਆਪਣੇ ਸਾਰੇ ਕੰਮ ਸਵਾਰ ਲੈਂਦਾ ਹੈ। ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲੇ ਕੰਮ ਕਰਦਾ ਰਹਿੰਦਾ ਹੈ, ਤੇ ਜਗਤ ਵਿਚ ਉਹ ਉਹੀ ਖੱਟੀ ਖੱਟਦਾ ਹੈ, ਜਿਹੜੀ ਉਸ ਦੇ ਆਤਮਕ ਜੀਵਨ ਲਈ ਜ਼ਹਿਰ ਬਣ ਜਾਂਦੀ ਹੈ। ਸਬਦ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਅਜੇਹਾ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਦੁਖ ਸਹਾਰਦਾ ਰਹਿੰਦਾ ਹੈ।

*ਨਾਮੈ ਹੀ ਤੇ ਸਭੁ ਕਿਛੁ ਹੋਆ ਬਿਨੁ ਸਤਿਗੁਰ ਨਾਮੁ ਨ ਜਾਪੈ ॥ ਗੁਰ ਕਾ ਸਬਦੁ ਮਹਾ ਰਸੁ ਮੀਠਾ ਬਿਨੁ ਚਾਖੇ ਸਾਦੁ ਨ ਜਾਪੈ ॥ ਕਉਡੀ ਬਦਲੈ ਜਨਮੁ ਗਵਾਇਆ ਚੀਨਸਿ ਨਾਹੀ ਆਪੈ ॥ ਗੁਰਮੁਖਿ ਹੋਵੈ ਤਾ ਏਕੋ ਜਾਣੈ ਹਉਮੈ ਦੁਖੁ ਨ ਸੰਤਾਪੈ ॥੧॥ ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਸਾਚੇ ਸਿਉ ਲਿਵ ਲਾਈ ॥ ਸਬਦੁ ਚੀਨ੍ਹਿ ਆਤਮੁ ਪਰਗਾਸਿਆ ਸਹਜੇ ਰਹਿਆ ਸਮਾਈ ॥੧॥ ਰਹਾਉ ॥ (੭੫੩, ੭੫੪)*

ਉਪਰ ਲਿਖਿਆ ਸਬਦ ਸਪੱਸ਼ਟ ਕਰਦਾ ਹੈ, ਕਿ ਗੁਰੂ ਦਾ ਸਬਦ ਬਹੁਤ ਜਿਆਦਾ ਰਸ ਵਾਲਾ ਹੈ ਤੇ ਮਿੱਠਾ ਹੈ, ਪਰੰਤੂ ਜਿਤਨਾ ਚਿਰ ਇਸ ਸਬਦ ਨੂੰ ਚੱਖਿਆ ਨਾ ਜਾਏ, ਇਸ ਦੇ ਸੁਆਦ ਦਾ ਪਤਾ ਨਹੀਂ ਲੱਗਦਾ। ਇਸ ਤੋਂ ਪਹਿਲੇ ਸਬਦ ਵਿਚ ਸਪੱਸ਼ਟ ਕੀਤਾ ਗਿਆ ਹੈ, ਕਿ ਅਕਾਲ ਪੁਰਖ ਦਾ ਨਾਮੁ ਇਕ ਐਸਾ ਅੰਮ੍ਰਿਤ ਹੈ, ਜੋ ਮਿੱਠਾ ਹੈ, ਤੇ ਬੜੇ ਰਸ ਵਾਲਾ ਹੈ। ਹੁਣ ਇਨ੍ਹਾਂ ਨੂੰ ਦੋਹਾਂ ਸਬਦਾ ਨੂੰ ਇਕੱਠਾ ਕੀਤਾ ਜਾਵੇ ਤਾਂ ਸਪੱਸ਼ਟ ਹੋ ਜਾਂਦਾ ਹੈ ਕਿ ਗੁਰੂ ਦਾ ਸਬਦ ਹੀ ਨਾਮੁ ਹੈ, ਤੇ ਸਬਦ ਦੁਆਰਾ ਹੀ ਅਕਾਲ ਪੁਰਖ ਦਾ ਨਾਮੁ ਰੂਪੀ ਅੰਮ੍ਰਿਤ ਪਾਇਆ ਜਾ ਸਕਦਾ ਹੈ, ਜੋ ਕਿ ਮਿੱਠਾ ਤੇ ਬੜੇ ਰਸ ਵਾਲਾ ਹੈ।

ਬਿਰਧ ਅਵਸਥਾ ਵਿਚ ਕਮਜੋਰ ਹੋਣ ਕਰਕੇ ਮਨੁੱਖ ਦੀਆਂ ਅੱਖਾਂ ਵਿਚੋਂ ਪਾਣੀ ਵਗਣ ਲਗ ਪੈਂਦਾ ਹੈ, ਸਰੀਰ ਲਿੱਸਾ ਹੋ ਜਾਂਦਾ ਹੈ, ਕੇਸ ਦੁੱਧ ਵਰਗੇ ਚਿੱਟੇ ਹੋ ਜਾਂਦੇ ਹਨ, ਗਲਾ ਖਾਂਸੀ ਨਾਲ ਰੁਕਣ ਕਰਕੇ ਬੋਲ ਨਹੀਂ ਸਕਦਾ, ਜੀਵ ਬੁਢਾਪੇ ਵਿਚ ਕਈ ਦੁਖਾਂ ਨਾਲ ਘਿਰਿਆ ਰਹਿੰਦਾ ਹੈ। ਪਰੰਤੂ ਸਰੀਰ ਤਾਂ ਫਿਰ ਵੀ ਮੋਹ ਵਿਚ ਫਸਿਆ ਰਹਿੰਦਾ ਹੈ। ਭਗਤ ਭੀਖਨ ਜੀ ਚਿਤਾਵਨੀ ਦੇ ਰਹੇ ਹਨ, ਕਿ ਹੇ ਜੀਵ ਤੂੰ ਅਜੇ ਵੀ ਕੀ ਕਰ ਰਿਹਾ ਹੈ? ਹੁਣ ਵੀ ਤੂੰ ਅਕਾਲ ਪੁਰਖੁ ਨੂੰ ਕਿਉਂ ਯਾਦ ਨਹੀਂ ਕਰਦਾ? ਅਕਾਲ ਪੁਰਖੁ ਆਪ ਹੀ ਹਕੀਮ ਬਣ ਕੇ ਆਪਣੇ ਸੰਤਾਂ ਨੂੰ ਇਨ੍ਹਾਂ ਦੁਖਾਂ ਤੋਂ ਬਚਾ ਲੈਂਦਾ ਹੈ। ਇਸ ਸਰੀਰਕ ਮੋਹ ਨੂੰ ਮਿਟਾਣ ਦਾ ਇੱਕੋ ਹੀ ਸ੍ਰੇਸ਼ਟ ਇਲਾਜ ਜਗਤ ਵਿਚ ਹੈ, ਉਹ ਹੈ ਅਕਾਲ ਪੁਰਖੁ ਦਾ ਨਾਮੁ ਰੂਪੀ ਅੰਮ੍ਰਿਤ, ਜੋ ਕਿ ਨਿਰਮਲ ਜਲ ਦੀ ਤਰ੍ਹਾਂ ਹੈ। ਪਰੰਤੂ ਇਹ ਨਾਮੁ ਜਪਣ ਦਾ ਰਸਤਾ ਗੁਰੂ ਦੀ ਕਿਰਪਾ ਨਾਲ ਹੀ ਲੱਭਿਆ ਜਾ ਸਕਦਾ ਹੈ, ਜਿਸ ਨਾਲ ਸਰੀਰਕ ਮੋਹ ਤੋਂ ਖ਼ਲਾਸੀ ਮਿਲ ਸਕਦੀ ਹੈ।

*ਹਰਿ ਕਾ ਨਾਮੁ ਅੰਮ੍ਰਿਤ ਜਲੁ ਨਿਰਮਲੁ ਇਹੁ ਅਉਖਧੁ ਜਗਿ ਸਾਰਾ ॥ ਗੁਰ ਪਰਸਾਦਿ ਕਹੈ ਜਨੁ ਭੀਖਨੁ ਪਾਵਉ ਮੋਖ ਦੁਆਰਾ ॥੨॥੧॥ (੬੫੯)*

ਅਕਾਲ ਪੁਰਖ ਆਪ ਹੀ ਕਈ ਕਿਸਮਾਂ ਦੀ ਤੇ ਕਈ ਰੰਗਾਂ ਦੀ ਸ੍ਰਿਸ਼ਟੀ ਰਚਦਾ ਹੈ। ਸ੍ਰਿਸ਼ਟੀ ਰਚ ਕੇ ਅਕਾਲ ਪੁਰਖ ਨੇ ਆਪ ਹੀ ਇਹ ਜਗਤ ਤਮਾਸ਼ਾ ਬਣਾਇਆ ਹੋਇਆ ਹੈ। ਇਹ ਜਗਤ ਤਮਾਸ਼ਾ ਰਚ ਕੇ ਉਹ ਆਪ ਹੀ ਇਸ ਦੀ ਸੰਭਾਲ ਵੀ ਕਰਦਾ ਹੈ, ਸਭ ਕੁਝ ਆਪ ਹੀ ਕਰ ਰਿਹਾ ਹੈ, ਤੇ ਜੀਵਾਂ ਪਾਸੋਂ ਕਰਾ ਰਿਹਾ ਹੈ। ਅਕਾਲ ਪੁਰਖ ਸਭ ਜੀਵਾਂ ਨੂੰ ਆਪ ਹੀ ਰਿਜ਼ਕ ਦੇਂਦਾ ਆ ਰਿਹਾ ਹੈ। ਸਿਰਫ਼ ਅਕਾਲ ਪੁਰਖ ਹੀ ਹਰੇਕ ਘਟ ਵਿਚ ਵਿਆਪਕ ਹੈ। ਜਿਸ ਨੇ ਇਸ ਮਨੁੱਖਾ ਜੀਵਨ ਵਿਚ ਸਬਦ ਗੁਰੂ ਦੀ ਸ਼ਰਨ ਵਿਚ ਆ ਕੇ ਉਸ ਅਕਾਲ ਪੁਰਖ ਨੂੰ ਸਿਮਰਿਆ ਹੈ, ਉਸ ਦੇ ਅੰਦਰ ਅਕਾਲ ਪੁਰਖ ਦਾ ਨਾਮੁ ਪਰਗਟ ਹੋ ਜਾਂਦਾ ਹੈ, ਤੇ ਦੁਖ ਕਲੇਸ਼ ਉਸ ਉੱਤੇ ਜ਼ੋਰ ਨਹੀਂ ਪਾ ਸਕਦੇ। ਮਨੁੱਖ ਦੇ ਮਨ ਦੀ ਅਵਸਥਾ ਭਾਂਵੇ ਕਲਜੁਗ ਵਾਲੀ ਹੋਵੇ ਜਾਂ ਕਿਸੇ ਤਰ੍ਹਾਂ ਦੀ ਵੀ ਹੋਵੇ ਅਕਾਲ ਪੁਰਖ ਦਾ ਨਾਮੁ ਹਰੇਕ ਸਰੀਰ ਵਿਚ ਗੁਪਤ ਰੂਪ ਵਿਚ ਮੌਜੂਦ ਹੈ, ਅਤੇ ਅਕਾਲ ਪੁਰਖ ਹਰੇਕ ਸਰੀਰ ਵਿਚ ਹਰ ਸਮੇਂ ਵਿਆਪਕ ਵੀ ਹੈ। ਪਰੰਤੂ ਉਸ ਦਾ ਸ੍ਰੇਸ਼ਟ ਨਾਮੁ ਉਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਹੀ ਪਰਗਟ ਹੁੰਦਾ ਹੈ, ਜਿਹੜੇ ਗੁਰੂ ਦੀ ਸ਼ਰਨ ਵਿਚ ਆ ਜਾਂਦੇ ਹਨ। ਜਿਹੜਾ ਮਨੁੱਖ ਗੁਰਮਤਿ ਦੁਆਰਾ ਨਿਮਰਤਾ, ਖਿਮਾ, ਸਬਰ, ਸੰਤੋਖ ਆਦਿ ਗੁਣ ਹਾਸਲ ਕਰ ਲੈਂਦਾ ਹੈ, ਉਹ ਮਨੁੱਖ ਭਉ ਤੇ ਭਾਉ ਵਿਚ ਰਹਿ ਕੇ ਅਕਾਲ ਪੁਰਖ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਅਜੇਹਾ ਮਨੁੱਖ ਵੱਡੇ ਭਾਗਾਂ ਵਾਲਾ ਤੇ ਗੁਣਾਂ ਨਾਲ ਭਰਪੂਰ ਬਣ ਜਾਂਦਾ ਹੈ, ਪੰਜੇ ਇੰਦਰੀਆਂ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ। ਪਰੰਤੂ ਜੇ ਕੋਈ ਮਨੁੱਖ ਗੁਰੂ ਵਲੋਂ ਮੂੰਹ ਫੇਰੀ ਰੱਖਦਾ ਹੈ, ਗੁਰੂ ਦਾ ਬਚਨ ਆਪਣੇ ਮਨ ਵਿਚ ਨਹੀਂ ਵਸਾਂਦਾ, ਤੇ ਭਾਂਵੇਂ ਉਹ ਮਿਥੇ ਹੋਏ ਧਾਰਮਿਕ ਕਰਮ ਕਰ ਕੇ, ਬਹੁਤ ਸਾਰਾ ਧਨ ਵੀ ਇਕੱਠਾ ਕਰ ਲੈਂਦਾ ਹੈ, ਪਰੰਤੂ ਫਿਰ ਵੀ ਉਹ ਜੋ ਕੁਝ ਕਰਦਾ ਹੈ, ਉਹ ਅਜੇਹਾ ਕਰਦਿਆਂ ਹੋਇਆਂ ਵੀ ਨਰਕ ਵਿਚ ਹੀ ਪਿਆ ਰਹਿੰਦਾ ਹੈ, ਤੇ ਸਦਾ ਦੁਖੀ ਹੀ ਰਹਿੰਦਾ ਹੈ।

*ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ ਘਟਿ ਘਟਿ ਹਰਿ ਭਰਪੂਰਿ ਰਹਿਆ ॥ ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ ਜੋ ਗੁਰ ਸਰਣਾਈ ਭਜਿ ਪਇਆ ॥੨॥ (੧੩੩੪)*

***ਗੁਰ ਤੇ ਮੁਹੁ ਫੇਰੇ ਜੇ ਕੋਈ ਗੁਰ ਕਾ ਕਹਿਆ ਨ ਚਿਤਿ ਧਰੈ ॥ ਕਰਿ ਆਚਾਰ ਬਹੁ ਸੰਪਉ ਸੰਚੈ ਜੋ ਕਿਛੁ ਕਰੈ ਸੁ ਨਰਕਿ ਪਰੈ*** *॥੪॥ (ਪੰਨਾ ੧੩੩੪)*

ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਜਦੋਂ ਮੈਂ ਅਕਾਲ ਪੁਰਖ ਦਾ ਨਾਮੁ ਯਾਦ ਕਰਦਾ ਹਾਂ, ਤਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਰਹਿੰਦਾ ਹੈ। ਪਰੰਤੂ ਜਦੋਂ ਮੈਨੂੰ ਅਕਾਲ ਪੁਰਖ ਦਾ ਨਾਮੁ ਭੁੱਲ ਜਾਂਦਾ ਹੈ, ਤਾਂ ਮੇਰੀ ਆਤਮਕ ਮੌਤ ਹੋ ਜਾਂਦੀ ਹੈ। ਇਹ ਸਭ ਕੁਝ ਪਤਾ ਹੁੰਦਿਆਂ ਹੋਇਆ ਵੀ ਆਮ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖ ਦਾ ਨਾਮੁ ਯਾਦ ਕਰਨਾ ਔਖਾ ਲਗਦਾ ਹੈ। ਜਿਸ ਮਨੁੱਖ ਦੇ ਅੰਦਰ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖ ਦੇ ਨਾਮੁ ਦੀ ਤਾਂਘ ਪੈਦਾ ਹੋ ਜਾਂਦੀ ਹੈ, ਫਿਰ ਉਸ ਤਾਂਘ ਦੀ ਬਰਕਤ ਨਾਲ, ਅਕਾਲ ਪੁਰਖੁ ਦਾ ਨਾਮੁ ਭੋਜਨ ਦੀ ਤਰ੍ਹਾਂ ਖਾਣ ਨਾਲ, ਉਸ ਦੇ ਸਾਰੇ ਦੁਖ ਦੂਰ ਹੋ ਜਾਂਦੇ ਹਨ। ਮੁਸ਼ਕਲ ਸਮੇਂ ਅਕਸਰ ਮਨੁੱਖ ਆਪਣੀ ਮਾਂ ਨੂੰ ਯਾਦ ਕਰਦਾ ਹੈ, ਗੁਰੂ ਸਾਹਿਬ ਵੀ ਉਸੇ ਤਰ੍ਹਾਂ ਸੰਬੋਧਨ ਕਰਕੇ ਸਮਝਾਂਉਂਦੇ ਹਨ, ਕਿ ਹੇ ਮੇਰੀ ਮਾਂ! ਅਰਦਾਸ ਕਰ ਕਿ ਉਹ ਅਕਾਲ ਪੁਰਖ ਮੈਨੂੰ ਕਦੇ ਵੀ ਨਾ ਭੁੱਲੇ, ਕਿਉਂਕਿ ਆਪ ਖੁਦ ਅਕਾਲ ਪੁਰਖ ਸਦਾ ਕਾਇਮ ਰਹਿਣ ਵਾਲਾ ਹੈ ਤੇ ਅਕਾਲ ਪੁਰਖ ਦਾ ਨਾਮੁ ਵੀ ਸਦਾ ਕਾਇਮ ਰਹਿਣ ਵਾਲਾ ਹੈ। ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖ ਦੇ ਨਾਮੁ ਦੀ ਥੋੜੀ ਜਿਹੀ ਉਸਤਤ ਵੀ ਬਿਆਨ ਕਰ ਕੇ ਜੀਵ ਥੱਕ ਗਏ ਹਨ, ਕਿਉਂਕਿ ਅਕਾਲ ਪੁਰਖ ਦੀ ਉਪਮਾਂ ਬੇਅੰਤ ਹੈ, ਜਿਹੜੀ ਕਿ ਬਿਆਨ ਨਹੀਂ ਕੀਤੀ ਜਾ ਸਕਦੀ। ਕੋਈ ਵੀ ਜੀਵ ਇਹ ਨਹੀਂ ਦੱਸ ਸਕਿਆ ਕਿ ਅਕਾਲ ਪੁਰਖ ਦੇ ਬਰਾਬਰ ਦੀ ਕਿਹੜੀ ਹਸਤੀ ਹੈ। ਜੇਕਰ ਜਗਤ ਦੇ ਸਾਰੇ ਜੀਵ ਰਲ ਕੇ ਅਕਾਲ ਪੁਰਖ ਦੀ ਵਡਿਆਈ ਬਿਆਨ ਕਰਨ ਦਾ ਯਤਨ ਕਰਨ, ਤਾਂ ਵੀ ਉਹ ਅਕਾਲ ਪੁਰਖ ਆਪਣੇ ਅਸਲੇ ਨਾਲੋਂ ਵੱਡਾ ਨਹੀਂ ਹੋ ਜਾਂਦਾ ਤੇ, ਜੇ ਕੋਈ ਵੀ ਉਸ ਦੀ ਵਡਿਆਈ ਨਾ ਕਰੇ, ਤਾਂ ਵੀ ਉਹ ਅੱਗੇ ਨਾਲੋਂ ਘੱਟ ਨਹੀਂ ਜਾਂਦਾ। ਅਕਾਲ ਪੁਰਖ ਨੂੰ ਆਪਣੀ ਸੋਭਾ ਦਾ ਕੋਈ ਲਾਲਚ ਨਹੀਂ। ਉਹ ਅਕਾਲ ਪੁਰਖ ਨਾ ਕਦੇ ਮਰਦਾ ਹੈ, ਤੇ ਨਾ ਹੀ ਉਸ ਦੀ ਖ਼ਾਤਰ ਸੋਗ ਹੁੰਦਾ ਹੈ। ਉਸ ਦੀ ਵੱਡੀ ਖ਼ੂਬੀ ਇਹ ਹੈ, ਕਿ ਉਸ ਵਰਗਾ ਹੋਰ ਕੋਈ ਨਹੀਂ ਹੈ, ਉਸ ਵਰਗਾ ਅਜੇ ਤਕ ਨਾ ਕੋਈ ਹੋਇਆ ਹੈ, ਨਾ ਹੀ ਕਦੇ ਹੋਵੇਗਾ।

*ਆਸਾ ਮਹਲਾ ੧ ॥* ***ਆਖਾ ਜੀਵਾ ਵਿਸਰੈ ਮਰਿ ਜਾਉ*** *॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥* ***ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ*** *॥ (੯)*

ਕੁਦਰਤਿ ਦੇ ਅਨੇਕਾਂ ਜੀਵਾਂ ਤੇ ਹੋਰ ਬੇਅੰਤ ਪਦਾਰਥਾਂ ਦੇ ਅਸੰਖਾਂ ਹੀ ਨਾਂ ਹਨ, ਤੇ ਅਸੰਖਾਂ ਹੀ ਉਨ੍ਹਾਂ ਦੇ ਥਾਂ ਟਿਕਾਣੇ ਹਨ। ਕੁਦਰਤਿ ਵਿਚ ਅਸੰਖਾਂ ਹੀ ਭਵਣ ਹਨ, ਜਿਨ੍ਹਾਂ ਤਕ ਮਨੁੱਖ ਦੀ ਪਹੁੰਚ ਹੀ ਨਹੀਂ ਹੋ ਸਕਦੀ। ਪਰ ਜੋ ਮਨੁੱਖ ਕੁਦਰਤਿ ਦਾ ਲੇਖਾ ਕਰਨ ਵਾਸਤੇ ਸ਼ਬਦ 'ਅਸੰਖ' ਵੀ ਆਖਦੇ ਹਨ, ਉਨ੍ਹਾਂ ਦੇ ਸਿਰ ਉੱਤੇ ਵੀ ਭਾਰ ਹੁੰਦਾ ਹੈ ਭਾਵ, ਉਹ ਵੀ ਭੁੱਲ ਕਰਦੇ ਹਨ, ਕਿਉਂਕਿ 'ਅਸੰਖ' ਸ਼ਬਦ ਵੀ ਕਾਫੀ ਨਹੀਂ ਹੈ। ਅਕਾਲ ਪੁਰਖ ਦੀ ਕੁਦਰਤਿ ਦਾ ਲੇਖਾ ਲਫ਼ਜ਼ 'ਅਸੰਖ' ਤਾਂ ਕਿਤੇ ਰਿਹਾ, ਕੋਈ ਵੀ ਗਿਣਤੀ ਪੂਰਾ ਨਹੀਂ ਕਰ ਸਕਦੀ। ਵੈਸੇ ਅਸੰਖ ਸ਼ਬਦ ਨੂੰ ਤੋੜ ਕੇ ਵੇਖਿਆ ਜਾਵੇ (ਅ + ਸੰਖ) ਤਾਂ ਅਰਥ ਇਹੀ ਬਣਦੇ ਹਨ, ਕਿ ਜਿਸ ਦੀ ਸੰਖਿਆ ਨਹੀਂ ਹੋ ਸਕਦੀ (infinite), ਭਾਵ ਗਿਣਤੀ ਨਹੀਂ ਹੋ ਸਕਦੀ (ਅਣਗਿਣਤ)।

ਜੇ ਕਰ ਸਾਨੂੰ ਅਕਾਲ ਪੁਰਖ ਦਾ ਨਾਮੁ ਲੈਣਾਂ ਜਾਂ ਸਮਝਣਾਂ ਹੈ, ਤਾਂ ਉਹ ਅੱਖਰਾਂ / ਭਾਸ਼ਾਂ ਰਾਹੀਂ ਹੀ ਲਿਆ ਜਾ ਸਕਦਾ ਹੈ, ਜਿਹੜਾ ਕਿ ਅਸੀਂ ਸਮਝ ਸਕਦੇ ਹਾਂ, ਅਕਾਲ ਪੁਰਖ ਦੀ ਸਿਫ਼ਤਿ ਸਾਲਾਹ ਵੀ ਅੱਖਰਾਂ ਰਾਹੀਂ ਹੀ ਕੀਤੀ ਜਾ ਸਕਦੀ ਹੈ। ਅਕਾਲ ਪੁਰਖ ਦਾ ਗਿਆਨ ਵੀ ਅੱਖਰਾਂ ਰਾਹੀਂ ਹੀ ਵਿਚਾਰਿਆ ਜਾ ਸਕਦਾ ਹੈ। ਅੱਖਰਾਂ ਰਾਹੀਂ ਹੀ ਉਸਦੇ ਗੀਤ ਤੇ ਗੁਣਾਂ ਬਾਰੇ ਜਾਣਕਾਰੀ ਹਾਸਲ ਕਰ ਸਕਦੇ ਹਾਂ। ਕਿਸੇ ਵੀ ਬੋਲੀ ਦਾ ਲਿਖਣਾ ਤੇ ਬੋਲਣਾ ਵੀ ਅੱਖਰਾਂ ਰਾਹੀਂ ਹੀ ਦੱਸਿਆ ਜਾ ਸਕਦਾ ਹੈ। ਜੇ ਕਰ ਅਸੀਂ ਸੰਜੋਗ ਬਾਰੇ ਕੁਝ ਸਮਝਣਾਂ ਜਾਂ ਬਿਆਨ ਕਰਨਾ ਹੈ ਤਾਂ ਉਹ ਵੀ ਅਸੀਂ ਅੱਖਰਾਂ ਰਾਹੀਂ ਹੀ ਕਰ ਸਕਦੇ ਹਾਂ। ਹੁਣ ਸਾਨੂੰ ਪਤਾ ਹੀ ਹੈ ਕਿ ਵੱਖ ਵੱਖ ਲੋਕਾਂ ਜਾਂ ਦੇਸ਼ਾਂ ਦੀ ਭਾਸ਼ਾ ਵਿਚ ਵਰਤੇ ਜਾਣ ਵਾਲੇ ਅੱਖਰ ਵੱਖਰੇ ਵੱਖਰੇ ਹਨ, ਇਥੇ ਹੀ ਬੱਸ ਨਹੀਂ ਕੁਦਰਤ ਵਿਚ ਤਾਂ ਅਨੇਕਾਂ ਹੀ ਜੀਵ ਜੰਤੂ ਹਨ, ਜਿਨ੍ਹਾਂ ਦੀ ਭਾਸ਼ਾ ਅਕਾਲ ਪੁਰਖ ਤਾਂ ਸਮਝ ਸਕਦਾ ਹੈ, ਪਰੰਤੂ ਮਨੁੱਖ ਨਹੀਂ। ਅਸੀਂ ਜੋ ਵੀ ਅੱਖਰ ਵਰਤਦੇ ਹਾਂ, ਉਹ ਸਾਡੇ ਆਪਣੇ ਸਮਝਣ ਲਈ ਹਨ। ਜਿਸ ਅਕਾਲ ਪੁਰਖ ਨੇ ਜੀਵਾਂ ਦੇ ਸੰਜੋਗ ਦੇ ਇਹ ਅੱਖਰ ਲਿਖੇ ਹਨ, ਉਹ ਅਕਾਲ ਪੁਰਖ ਆਪ ਇਨ੍ਹਾਂ ਲੇਖਾਂ ਦੇ ਅਧੀਨ ਨਹੀਂ ਹੈ। ਇਸ ਲਈ ਕੋਈ ਮਨੁੱਖ ਉਸ ਅਕਾਲ ਪੁਰਖ ਦਾ ਨਾ ਤਾਂ ਲੇਖਾ ਕਰ ਸਕਦਾ ਹੈ ਤੇ ਨਾ ਹੀ ਉਸ ਨੂੰ ਆਪਣੇ ਵਰਤੇ ਜਾ ਰਹੇ ਅੱਖਰਾ ਦੇ ਅਧੀਨ ਜਾਂ ਸੀਮਿਤ ਕਰ ਸਕਦਾ ਹੈ। ਜਿਸ ਜਿਸ ਤਰ੍ਹਾਂ ਉਹ ਅਕਾਲ ਪੁਰਖ ਹੁਕਮੁ ਕਰਦਾ ਹੈ, ਉਸੇ ਤਰ੍ਹਾਂ ਜੀਵ ਆਪਣੇ ਸੰਜੋਗ ਭੋਗਦੇ ਹਨ।

ਜਦੋਂ ਕਿਸੇ ਜੀਵ ਦਾ ਜਾਂ ਕਿਸੇ ਪਦਾਰਥ ਦਾ ਨਾਂ ਰੱਖੀਦਾ ਹੈ, ਤਾਂ ਉਸ ਦਾ ਮੰਤਵ ਜਾਂ ਭਾਵ ਇਹ ਹੁੰਦਾ ਹੈ ਕਿ ਉਸ ਦਾ ਸਰੂਪ ਜਾਂ ਸ਼ਕਲ ਨੀਯਤ ਕੀਤੀ ਜਾ ਸਕੇ। ਜਦੋਂ ਉਸ ਨਾਂ ਲਈਦਾ ਹੈ, ਤਾਂ ਉਹ ਹਸਤੀ ਸਾਡੀਆਂ ਅੱਖਾਂ ਅੱਗੇ ਆ ਜਾਂਦੀ ਹੈ। ਪਰੰਤੂ

ਇਹ ਸਾਰਾ ਸੰਸਾਰ, ਜੋ ਅਕਾਲ ਪੁਰਖ ਨੇ ਬਣਾਇਆ ਹੈ, ਇਹ ਉਸ ਦਾ ਸਰੂਪ ਹੈ '*ਇਹੁ ਵਿਸੁ ਸੰਸਾਰੁ ਤੁਮ ਦੇਖਦੇ, ਇਹੁ ਹਰਿ ਕਾ ਰੂਪੁ ਹੈ, ਹਰਿ ਰੂਪੁ ਨਦਰੀ ਆਇਆ*'। ਕੋਈ ਥਾਂ ਵੀ ਅਕਾਲ ਪੁਰਖ ਦੇ ਸਰੂਪ ਤੋਂ ਖ਼ਾਲੀ ਨਹੀਂ ਹੈ, ਭਾਵ, ਜਿਹੜੀ ਥਾਂ ਜਾਂ ਪਦਾਰਥ ਨੂੰ ਵੇਖਦੇ ਹਾਂ ਉਹੀ ਅਕਾਲ ਪੁਰਖ ਦਾ ਦਿੱਸਦਾ ਸਰੂਪ ਹੈ, ਸ੍ਰਿਸ਼ਟੀ ਦਾ ਜ਼ੱਰਾ ਜ਼ੱਰਾ ਅਕਾਲ ਪੁਰਖ ਦਾ ਹੀ ਸਰੂਪ ਹੈ। ਅਕਾਲ ਪੁਰਖ ਦਾ ਦਿੱਸਣ ਵਾਲਾ ਸਰਗੁਨ ਸਰੂਪ ਵੀ ਹੋ ਸਕਦਾ ਹੈ, ਤੇ ਨਾ ਦਾ ਦਿੱਸਣ ਵਾਲਾ ਨਿਰਗੁਨ ਸਰੂਪ ਵੀ ਹੋ ਸਕਦਾ ਹੈ। ਇਸ ਲਈ ਅਸੀਂ ਆਮ ਮਨੁੱਖਾਂ ਜਾਂ ਜੀਵਾਂ ਦੇ ਨਾਂ ਤਾਂ ਆਪਣੀ ਭਾਸ਼ਾ ਜਾਂ ਅੱਖਰਾਂ ਨਾਲ ਨੀਯਤ ਕਰ ਸਕਦੇ ਹਾਂ, ਪਰੰਤੂ ਆਮ ਜੀਵਾਂ ਵਾਂਗੂ ਅਕਾਲ ਪੁਰਖ ਦਾ ਨਾਂ ਨਿਸ਼ਚਤ ਕਰਨਾ ਅਸੰਭਵ ਹੈ।

ਗੁਰੂ ਸਾਹਿਬ ਵੀ ਇਹੀ ਸਮਝਾਂਦੇ ਹਨ, ਕਿ ਮੇਰੀ ਕੀ ਤਾਕਤ ਹੈ, ਕਿ ਮੈਂ ਅਕਾਲ ਪੁਰਖ ਦੀ ਕੁਦਰਤਿ ਤੇ ਉਸ ਦੀ ਵੀਚਾਰ ਕਰ ਸਕਾਂ? ਹੇ ਅਕਾਲ ਪੁਰਖ! ਮੈਂ ਤਾਂ ਤੇਰੇ ਉਤੋਂ ਇਕ ਵਾਰੀ ਵੀ ਸਦਕੇ ਜਾਣ ਜੋਗਾ ਨਹੀਂ ਹਾਂ, ਅਕਾਲ ਪੁਰਖ ਦੇ ਸਾਹਮਣੇ ਮੇਰੀ ਹਸਤੀ ਬਹੁਤ ਹੀ ਛੋਟੀ ਹੈ। ਹੇ ਨਿਰੰਕਾਰ! ਤੂੰ ਸਦਾ ਥਿਰ ਰਹਿਣ ਵਾਲਾ ਹੈ, ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਕੰਮ ਭਲਾ ਹੈ, ਭਾਵ, ਤੇਰੀ ਰਜ਼ਾ ਵਿਚ ਰਹਿਣਾ ਹੀ ਸਾਡੇ ਵਰਗੇ ਜੀਵਾਂ ਲਈ ਭਲੇ ਵਾਲੀ ਗੱਲ ਹੈ। ਅਣਗਿਣਤ ਧਰਤੀਆਂ ਤੇ ਅਣਗਿਣਤ ਜੀਵ ਅਕਾਲ ਪੁਰਖ ਨੇ ਰਚੇ ਹਨ? ਮਨੁੱਖਾਂ ਦੀ ਕਿਸੇ ਬੋਲੀ ਵਿਚ ਕੋਈ ਐਸਾ ਲਫ਼ਜ਼ ਹੀ ਨਹੀਂ ਜੋ ਇਹ ਲੇਖਾ ਦੱਸ ਸਕੇ। ਇਹ ਬੋਲੀ ਵੀ ਰੱਬ ਵਲੋਂ ਇਕ ਦਾਤ ਮਿਲੀ ਹੈ, ਪਰ ਇਹ ਮਿਲੀ ਹੈ, ਉਸ ਅਕਾਲ ਪੁਰਖ ਦੀ ਸਿਫ਼ਤਿ ਸਾਲਾਹ ਕਰਨ ਲਈ। ਇਸ ਲਈ ਇਹ ਕਦੀ ਨਹੀਂ ਹੋ ਸਕਦਾ ਕਿ ਕਿਸੇ ਬੋਲੀ ਦੇ ਖਾਸ ਅੱਖਰ ਨੂੰ ਵਾਰ ਵਾਰ ਬੋਲ ਕੇ, ਮਨੁੱਖ ਅਕਾਲ ਪੁਰਖ ਦਾ ਅੰਤ ਪਾ ਸਕੇ।

*ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥ ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ ਅਖਰੀ ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ ਵਖਾਣਿ ॥ **ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ ਤਿਵ ਪਾਹਿ** ॥ **ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ** ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੯॥ (੪)*

ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ, ਕਿ ਅਕਾਲ ਪੁਰਖੁ ਅੱਖਰਾਂ ਦੇ ਅਧੀਨ ਨਹੀਂ ਹੈ, ਤੇ ਨਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਅੰਤ ਪਾਇਆ ਜਾ ਸਕਦਾ ਹੈ। ਜੇ ਅਕਾਲ ਪੁਰਖੁ ਨਾਮੁ ਨਾਲ ਜੁੜਨਾਂ ਹੈ ਤਾਂ ਉਸ ਦੀ ਕੁਦਰਤ ਨਾਲ ਜੁੜਨਾ ਪਵੇਗਾ। ਜਦੋਂ ਮਨੁੱਖ ਨੂੰ ਸਬਦ ਗੁਰੂ ਦੁਆਰਾ ਸਮਝ ਆ ਜਾਂਦੀ ਹੈ ਤਾਂ ਉਸ ਦਾ ਸੀਸ ਆਪਣੇ ਆਪ ਉਸ ਅਕਾਲ ਪੁਰਖੁ ਅੱਗੇ ਝੁਕ ਜਾਂਦਾ ਹੈ, ਕਿਸੇ ਦੂਸਰੇ ਨੂੰ ਕਹਿਣਾਂ ਨਹੀਂ ਪੈਂਦਾਂ ਹੈ। ਪਰੰਤੂ ਇਹ ਸਮਝ ਸਿਰਫ ਸਬਦ ਗੁਰੂ ਨੂੰ ਆਪਣੇ ਅਮਲੀ ਜੀਵਨ ਵਿਚ ਅਪਨਾਇਆਂ ਹੀ ਆ ਸਕਦੀ ਹੈ।

ਅਸੀਂ ਆਪਣੀਆਂ ਅੱਖਾਂ ਨਾਲ ਵੇਖ ਕੇ ਅੱਖਰਾਂ ਨੂੰ ਪੜ੍ਹਦੇ ਹਾਂ, ਮੂੰਹ ਦੀ ਆਵਾਜ਼ ਰਾਹੀਂ ਅੱਖਰਾਂ ਨੂੰ ਬੋਲਦੇ ਹਾਂ, ਕੰਨਾਂ ਨਾਲ ਅੱਖਰਾਂ ਦੀ ਧੁਨ ਨੂੰ ਸੁਣਦੇ ਹਾਂ, ਹਿਰਦੇ ਰਾਹੀਂ ਅੱਖਰਾਂ ਨੂੰ ਯਾਦ ਕਰਦੇ ਹਾਂ। ਪਰੰਤੂ ਅਕਾਲ ਪੁਰਖੁ ਨਾਲ ਸਬੰਧ ਸਬਦ ਗੁਰੂ ਦੁਆਰਾ ਦਿਤੀ ਗਈ ਸਿਖਿਆ ਨੂੰ ਪੜ੍ਹ ਕੇ, ਸੁਣ ਕੇ, ਅਮਲੀ ਜੀਵਨ ਵਿਚ ਅਪਨਾ ਕੇ, ਤੇ ਸਦੀਵੀ ਸਾਂਝ ਕਾਇਮ ਕਰਕੇ ਹੀ ਜੋੜਿਆ ਜਾ ਸਕਦਾ ਹੈ।

ਦੁਨੀਆ ਦੇ ਬਹੁਤ ਸਾਰੇ ਧਰਮਾਂ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਆਪਣੀ ਆਪਣੀ ਕਲਪਨਾਂ ਦੇ ਆਧਾਰ ਤੇ ਦਿਤੀ ਹੈ। ਕਿਸੇ ਨੇ ਮਨੁੱਖ ਨੂੰ ਅਕਾਲ ਪੁਰਖ ਦਾ ਦਰਜਾ ਦੇ ਦਿਤਾ ਤੇ ਕਿਸੇ ਨੇ ਜੀਵ ਜੰਤੂ, ਵਸਤੂ ਜਾਂ ਸਥਾਨ ਨੂੰ ਅਕਾਲ ਪੁਰਖ ਦਾ ਦਰਜਾ ਦੇ ਦਿਤਾ। ਪਰੰਤੂ ਇਹ ਸਭ ਕੁਝ ਤਾਂ ਖੁਦ ਅਕਾਲ ਪੁਰਖ ਦੇ ਆਪਣੇ ਬਣਾਏ ਹੋਏ ਹਨ, ਜੋ ਕਿ ਨਾਸ਼ਵੰਤ ਹਨ। ਜੇ ਅਕਾਲ ਪੁਰਖ ਹੀ ਨਾਸ ਹੋ ਗਿਆ ਤਾਂ ਬਾਕੀ ਕੀ ਰਹਿ ਜਾਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਸਿਰਲੇਖ ਅਕਾਲ ਪੁਰਖ ਨੂੰ ਵਿਗਿਆਨਕ ਤਰੀਕੇ ਨਾਲ ਦਰਸਾਉਂਣ ਦਾ ਆਰੰਭ ਹੈ। ਇਸ ਨੂੰ ਅਕਾਲ ਪੁਰਖ ਸਬੰਧੀ ਸਾਇੰਸ ਦਾ ਮੁੱਢ ਵੀ ਕਹਿ ਸਕਦੇ ਹਾਂ। ਗੁਰੂ ਨਾਨਕ ਸਾਹਿਬ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਕਲਪਨਾਂ ਦੇ ਆਧਾਰ ਤੇ ਨਹੀਂ ਦਿਤੀ, ਬਲਕਿ ਪੂਰਨ, ਉਚੇ ਪੱਧਰ ਦੀ ਸਇੰਸ ਦੇ ਆਧਾਰ ਤੇ ਦਿੱਤੀ ਹੈ।

***ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥(੧)***

ਜੇ ਕਰ ਗੁਰਬਾਣੀ ਨੂੰ ਧਿਆਨ ਨਾਲ ਸਮਝੀਏ ਤਾਂ ਪਤਾ ਲਗਦਾ ਹੈ ਕਿ ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਅਕਾਲ ਪੁਰਖੁ ਦੇ ਗੁਣ ਹੀ ਸਮਝਾਂਏ ਹਨ। ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਕਿਤੇ ਵੀ ਸਪੱਸ਼ਟ ਕਰਕੇ ਨਹੀਂ ਕਿਹਾ ਕਿ ਕੋਈ ਇਕ ਅੱਖਰ ਜਾਂ ਸਬਦ ਅਕਾਲ ਪੁਰਖੁ ਦਾ ਨਾਂ ਹੈ, ਕਿਉਂਕਿ ਅਕਾਲ ਪੁਰਖੁ ਨੂੰ ਸੀਮਿਤ ਨਹੀਂ ਕੀਤਾ ਜਾ ਸਕਦਾ ਹੈ। ਹਾਂ ਅਸੀਂ ਆਪਸੀ ਸਮਝ ਸਹੂਲਤ ਤੇ ਆਪਸੀ ਸਾਂਝ ਕਰਨ ਲਈ "**ਅਕਾਲ ਪੁਰਖੁ**" ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ਵਰਤਿਆ ਹੈ।

***ਅਕਾਲ ਪੁਰਖ ਅਗਾਧਿ ਬੋਧ ॥ ਸੁਨਤ ਜਸੋ ਕੋਟਿ ਅਘ ਖਏ*** *॥੨॥ (੨੧੨)*

***ਤੂ ਅਕਾਲ ਪੁਰਖੁ ਨਾਹੀ ਸਿਰਿ ਕਾਲਾ ॥ ਤੂ ਪੁਰਖੁ ਅਲੇਖ ਅਗੰਮ ਨਿਰਾਲਾ ॥ ਸਤ ਸੰਤੋਖਿ ਸਬਦਿ ਅਤਿ ਸੀਤਲੁ ਸਹਜ ਭਾਇ ਲਿਵ ਲਾਇਆ ॥੩॥*** *(੧੦੩੮)*

ਭੱਟ ਕਲ੍ਯਸਹਾਰ ਜੀ, ਗੁਰੂ ਅਮਰਦਾਸ ਸਾਹਿਬ ਸਬੰਧੀ ਜਿਕਰ ਕਰਦੇ ਹੋਏ ਲਿਖਦੇ ਹਨ, ਕਿ ਗੁਰੂ ਅਮਰਦਾਸ ਲਈ ਨਾਮੁ ਹੀ ਤੀਰਥ ਇਸ਼ਨਾਨ ਹੈ, ਨਾਮੁ ਹੀ ਸਭ ਤੋਂ ਉਤਮ ਰਸ ਹੈ, ਨਾਮੁ ਹੀ ਖਾਣ ਲਈ ਭੋਜਨ ਹੈ, ਨਾਮੁ ਹੀ ਪੀਣ ਲਈ ਅੰਮ੍ਰਿਤ ਹੈ, ਨਾਮੁ ਦਾ ਰਸ ਹੀ ਉਨ੍ਹਾਂ ਨੂੰ ਉਤਸ਼ਾਹ ਦੇਣ ਵਾਲਾ ਹੈ ਅਤੇ ਨਾਮੁ ਹੀ ਉਨ੍ਹਾਂ ਦੇ ਮੁਖ ਵਿਚ ਮਿੱਠੇ ਬਚਨ ਹਨ। ਗੁਰੂ ਅੰਗਦ ਸਾਹਿਬ ਧੰਨ ਹਨ, ਜਿਨ੍ਹਾਂ ਨੂੰ ਗੁਰੂ ਅਮਰਦਾਸ ਸਾਹਿਬ ਨੇ ਸੇਵਿਆ ਹੈ ਅਤੇ ਜਿਨ੍ਹਾਂ ਦੀ ਕ੍ਰਿਪਾ ਨਾਲ ਉਨ੍ਹਾਂ ਅਪਹੁੰਚ ਅਕਾਲ ਪੁਰਖ ਦਾ ਭੇਤ ਸਮਝ ਲਿਆ ਹੈ। ਗੁਰੂ ਅਮਰਦਾਸ ਸਾਹਿਬ ਨੇ ਆਪਣੇ ਹਿਰਦੇ ਵਿਚ ਨਾਮੁ ਦਾ ਨਿਵਾਸ ਪ੍ਰਾਪਤ ਕਰਕੇ ਕਈ ਕੁਲਾਂ ਤਾਰ ਦਿੱਤੀਆਂ। ਕਵੀ ਕਲ੍ਯਸਹਾਰ ਜੀ ਆਖਦੇ ਹਨ, ਕਿ ਜਿਸ ਮਨੁੱਖ ਨੇ ਪ੍ਰਕਾਸ਼ ਸੁਰੂਪ ਗੁਰੂ ਅਮਰਦਾਸ ਜੀ ਨੂੰ ਪਰਸਿਆ ਹੈ, ਭਾਵ ਆਪਣਾ ਆਪ ਗੁਰੂ ਅੱਗੇ ਅਰਪਨ ਕਰ ਦਿਤਾ, ਉਸ ਮਨੁੱਖ ਦਾ ਇਹ ਜਨਮ ਸਫਲ ਹੋ ਗਿਆ।

***ਨਾਮੁ ਨਾਵਣੁ ਨਾਮੁ ਰਸ ਖਾਣੁ ਅਰੁ ਭੋਜਨੁ ਨਾਮ ਰਸੁ ਸਦਾ ਚਾਯ ਮੁਖਿ ਮਿਸ੍ਟ ਬਾਣੀ*** *॥ ਧਨਿ ਸਤਿਗੁਰੁ ਸੇਵਿਓ ਜਿਸੁ ਪਸਾਇ ਗਤਿ ਅਗਮ ਜਾਣੀ ॥ ਕੁਲ ਸੰਬੂਹ ਸਮੁਧਰੇ ਪਾਯਉ ਨਾਮ ਨਿਵਾਸੁ ॥ ਸਕਯਥੁ ਜਨਮੁ ਕਲੵਚਰੈ ਗੁਰੁ ਪਰਸੵਿਉ ਅਮਰ ਪ੍ਰਗਾਸੁ ॥੮॥ (੧੩੯੩, ੧੩੯੪)*

ਜੇ ਇੱਕ ਜੀਭ ਤੋਂ ਲੱਖ ਜੀਭਾਂ ਹੋ ਜਾਣ, ਅਤੇ ਲੱਖ ਜੀਭਾਂ ਤੋਂ ਵੀਹ ਲੱਖ ਬਣ ਜਾਣ, ਇਨ੍ਹਾਂ ਵੀਹ ਲੱਖ ਜੀਭਾਂ ਨਾਲ ਜੇ ਕਰ ਅਕਾਲ ਪੁਰਖ ਦੇ ਇਕ ਨਾਮੁ ਨੂੰ ਇਕ ਇਕ ਲੱਖ ਵਾਰੀ ਆਖੀਏ ਤਾਂ ਵੀ ਕੂੜੇ ਮਨੁੱਖ ਦੀ ਇਹ ਕੂੜੀ ਹੀ ਗੱਪ ਹੈ। ਇਸ ਗਿਣਤੀ ਨੂੰ ਵੇਖੀਏ ਤਾਂ ਇਹ ਗਿਣਤੀ ੦.੨ ਅਸੰਖ ($10^5$ x 2 x $10^5$ x $10^5$ = $2 \times 10^{16}$) ਬਣ ਜਾਂਦੀ ਹੈ। ਜੇ ਕਰ ਇਕ ਸਕਿੰਟ ਵਿਚ ਇਕ ਵਾਰੀ ਨਾਂ ਲਿਆ ਜਾਵੇਂ ਤਾਂ ਇਹ ਗਿਣਤੀ ਪੂਰੀ ਕਰਨ ਲਈ 6.338E+08 ($6.338 \times 10^8$) ਸਾਲ ਚਾਹੀਦੇ ਹਨ। ਜਦੋਂ ਕਿ ਆਮ ਮਨੁੱਖ ਦੀ ਉਮਰ ਵੱਧ ਤੋਂ ਵੱਧ ੧੦੦ ਸਾਲ ਹੋ ਸਕਦੀ ਹੈ ਤੇ ਔਸਤਨ ਤਾਂ 50/60 ਸਾਲ ਦੇ ਕਰੀਬ ਹੀ ਹੁੰਦੀ ਹੈ। ਇਸ ਲਈ ਅਜੇਹੀ ਗਿਣਤੀ ਇਕ ਕ੍ਰੋੜ ਜਨਮਾਂ ਵਿਚ ਵੀ ਪੂਰੀ ਕਰਨੀ ਮੁਸ਼ਕਲ ਹੈ।

ਅੱਜਕਲ ਆਮ ਤੌਰ ਤੇ ਕਿਸੇ ਇਕ ਅੱਖਰ ਨੂੰ ਵਾਰ ਵਾਰ ਬੋਲ ਕੇ ਨਾਮੁ ਸਿਮਰਨ ਕਰਨ ਤੇ ਕਹਿਣ ਦਾ ਰਿਵਾਜ ਪਈ ਜਾ ਰਿਹਾ ਹੈ, (ਏਕਾ ਸਬਦੀ), ਜੋ ਕਿ ਗੁਰਬਾਣੀ ਅਨੁਸਾਰ ਪ੍ਰਵਾਨ ਨਹੀਂ, "***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ***" (੬੫੪)। ਹੁਣ ਜੇ ਮਨੁੱਖ ਇਹ ਖ਼ਿਆਲ ਕਰੇ ਕਿ ਮੈਂ ਆਪਣੇ ਉੱਦਮ ਦੇ ਆਸਰੇ ਇਸ ਤਰ੍ਹਾਂ ਪਰਚਾਰੇ ਜਾ ਰਹੇ ਨਾਂ ਨੂੰ ਸਿਮਰ ਕੇ ਅਕਾਲ ਪੁਰਖ ਨੂੰ ਪਾ ਸਕਦਾ ਹਾਂ, ਤਾਂ ਇਹ ਉਸ ਦਾ ਝੂਠਾ ਹੰਕਾਰ ਹੈ। ਅਕਾਲ ਪੁਰਖ ਨਾਲੋਂ ਵਿੱਥ ਦੂਰ ਕਰਨ ਵਾਲੇ ਰਸਤੇ ਵਿਚ, ਭਾਵ ਅਕਾਲ ਪੁਰਖ ਨੂੰ ਮਿਲਣ ਵਾਸਤੇ ਜੋ ਪਉੜੀਆਂ ਹਨ, ਉਨ੍ਹਾਂ ਉੱਤੇ ਆਪਾ ਭਾਵ ਗਵਾ ਕੇ ਹੀ ਚੜ੍ਹ ਸਕਦੇ ਹਾਂ। ਇਸ ਲਈ ਆਪਣਾ ਆਪ ਗਵਾ ਕੇ ਗੁਰੁ ਅੱਗੇ ਅਰਪਨ ਕਰਨਾ ਪਵੇਗਾ, "**ਮਨੁ ਬੇਚੈ ਸਤਿਗੁਰ ਕੈ ਪਾਸਿ ॥ ਤਿਸੁ ਸੇਵਕ ਕੇ ਕਾਰਜ ਰਾਸਿ**" ਵਾਲੀ ਅਵਸਥਾ ਬਣਾਉਂਣੀ ਪਵੇਗੀ। ਆਪਣੇ ਆਪ ਨੂੰ ਸਬਦ ਗੁਰੂ ਦੁਆਰਾ ਅਕਾਲ ਪੁਰਖ ਨਾਲ ਅਭੇਦ ਕਰਨਾ ਪਵੇਗਾ। ਗਿਣਤੀ ਵਾਲੇ ਸਿਮਰਨ ਕਰਨ ਨਾਲ ਕੁਝ ਨਹੀਂ ਬਣਨਾ। ਆਪਾ ਭਾਵ ਦੂਰ ਕਰਨ ਤੋਂ ਬਿਨਾ ਇਹ ਗਿਣਤੀ ਦੇ ਪਾਠਾਂ ਵਾਲਾ ਉੱਦਮ ਇਸ ਤਰ੍ਹਾਂ ਹੈ, ਕਿ ਮਾਨੋ, ਆਕਾਸ਼ ਦੀਆਂ ਗੱਲਾਂ ਸੁਣ ਕੇ ਕੀੜਿਆਂ ਨੂੰ ਵੀ ਇਹ ਰੀਸ ਆ ਗਈ ਹੈ, ਕਿ ਅਸੀਂ ਵੀ ਆਕਾਸ਼ ਤੇ ਪਹੁੰਚ ਸਕਦੀਆਂ ਹਾਂ। ਜੇ ਕਰ ਅਕਾਲ ਪੁਰਖ ਮਿਹਰ ਦੀ ਨਜ਼ਰ ਕਰੇ, ਤਾਂ ਹੀ ਉਸ ਨੂੰ ਮਿਲ ਸਕਦੇ ਹਾਂ, ਨਹੀਂ ਤਾਂ ਕੂੜੇ ਮਨੁੱਖ ਦੀ ਆਪਣੇ ਆਪ ਦੀ ਨਿਰੀ ਕੂੜੀ ਹੀ ਵਡਿਆਈ ਹੈ, ਕਿ ਮੈਂ ਸਿਮਰਨ ਕਰ ਰਿਹਾ ਹਾਂ।

***ਇਕ ਦੂ ਜੀਭੌ ਲਖ ਹੋਹਿ ਲਖ ਹੋਵਹਿ ਲਖ ਵੀਸ ॥ ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ*** *॥* ***ਏਤੁ ਰਾਹਿ ਪਤਿ ਪਵੜੀਆ ਚੜੀਐ ਹੋਇ ਇਕੀਸ*** *॥ ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ ॥ ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ ॥੩੨॥ (੭)*

ਨਾਮੁ ਮਾਰਕੀਟ ਦੀ ਸਬਜੀ ਦੀ ਤਰ੍ਹਾਂ ਨਹੀਂ ਹੈ, ਜਿਸ ਤਰ੍ਹਾਂ ਕਿ ਇਹ ਅੱਜਕਲ ਪਰਚਾਰਿਆ ਜਾ ਰਿਹਾ ਹੈ। ਇਹ ਸਬਜੀ ਦੀ ਤਰ੍ਹਾਂ ਪੈਸੇ ਦੇ ਕੇ ਇਕੱਠਾ ਨਹੀਂ ਕੀਤਾ ਜਾ ਸਕਦਾ ਹੈ। ਅਖੰਡ ਪਾਠ ਜਾਂ ਅਰਦਾਸ ਲਈ ਪੈਸੇ ਦੇ ਦਿਉ ਤੇ ਤੁਹਾਡੀ ਹੋ ਗਈ, ਇਹ ਕਿਸ ਤਰ੍ਹਾਂ ਹੋ ਸਕਦਾ ਹੈ, ਕਿ ਰੋਟੀ ਕੋਈ ਹੋਰ ਖਾਵੇ ਤੇ ਪੇਟ ਕਿਸੇ ਹੋਰ ਦਾ ਭਰ ਜਾਵੇ। ਪਾਠ ਕੋਈ ਹੋਰ ਕਰੇ ਜਾਂ ਸੁਣੇ ਤੇ ਫਾਇਦਾ ਕਿਸੇ ਹੋਰ ਨੂੰ ਹੋ ਜਾਵੇ। ਜਿਨੀ ਦੇਰ ਤਕ ਬਾਣੀ ਸੁਣੀ ਨਹੀਂ, ਅੰਦਰ ਗਈ ਨਹੀਂ, ਮਨ ਨਾਲ ਸਮਝੀ ਨਹੀਂ, ਮਨ ਵਿਚ ਬਦਲਾਵ ਨਹੀਂ ਆਇਆ, ਉਤਨੀ ਦੇਰ ਤਕ ਲਾਭ ਕਿਸ ਤਰ੍ਹਾ ਹੋ ਸਕਦਾ ਹੈ। ਇਸ ਲਈ ਆਪਣੀ ਮਨ ਦੀ ਅਵਸਥਾ, ਸੋਚ, ਤੇ ਕਰਮ ਗੁਰਮਤਿ ਅਨੁਸਾਰ ਕਰਨੇ ਹਨ। ਗੁਰਬਾਣੀ ਅਨੁਸਾਰ ਹੁਕਮੁ ਨੂੰ ਸਮਝ ਕੇ ਉਸ ਅਨੁਸਾਰ ਚਲਣਾ ਹੈ।

ਕੋਈ ਮਨੁੱਖ ਅਕਾਲ ਪੁਰਖ ਦਾ ਨਾਂ 'ਰਾਮ ਰਾਮ' ਕਰਕੇ ਉਚਾਰਦਾ ਹੈ, ਕੋਈ ਉਸ ਨੂੰ 'ਖ਼ੁਦਾ ਖ਼ੁਦਾ' ਕਰਕੇ ਆਖਦਾ ਹੈ। ਕੋਈ ਮਨੁੱਖ ਉਸ ਨੂੰ 'ਗੋਸਾਈਂ' ਆਖ ਕੇ ਉਸ ਦੀ ਭਗਤੀ ਕਰਦਾ ਹੈ, ਕੋਈ 'ਅੱਲਾ' ਆਖ ਕੇ ਬੰਦਗੀ ਕਰਦਾ ਹੈ। ਸਾਰੇ ਜਗਤ ਦਾ

ਮੂਲ, ਸਾਰੇ ਜਗਤ ਦੀ ਰਚਨਾ ਕਰਨ ਵਾਲਾ, ਸਾਰਿਆਂ ਨੂੰ ਬਖ਼ਸ਼ਿਸ਼ਾਂ ਦੇਣ ਵਾਲਾ, ਸਾਰਿਆਂ ਤੇ ਕਿਰਪਾ ਕਰਨ ਵਾਲਾ, ਸਾਰਿਆਂ ਤੇ ਰਹਿਮ ਕਰਨ ਵਾਲਾ ਤਾਂ ਉਹ ਅਕਾਲ ਪੁਰਖ ਸਿਰਫ ਇਕ ਹੀ ਹੈ। ਮਨੁਖਾਂ ਨੇ ਆਪੋ ਆਪਣੀਆਂ ਧਾਰਮਕ ਪੁਸਤਕਾਂ ਤੇ ਬੋਲੀਆਂ ਅਨੁਸਾਰ, ਉਸ ਇਕ ਅਕਾਲ ਪੁਰਖ ਦੇ ਵੱਖਰੇ ਵੱਖਰੇ ਨਾਂ ਰੱਖੇ ਹੋਏ ਹਨ, ਪਰੰਤੂ ਉਹ ਤਾਂ ਸਭ ਦਾ ਸਾਂਝਾ ਹੈ। ਕੋਈ ਮਨੁੱਖ ਕਿਸੇ ਤੀਰਥ ਉਤੇ ਇਸ਼ਨਾਨ ਕਰਦਾ ਹੈ, ਕੋਈ ਮਨੁੱਖ ਮੱਕੇ ਹੱਜ ਕਰਨ ਵਾਸਤੇ ਜਾਂਦਾ ਹੈ। ਕੋਈ ਮਨੁੱਖ ਉਸ ਦੀ ਮੂਰਤੀ ਬਣਾ ਕੇ ਪੂਜਾ ਕਰਦਾ ਹੈ, ਕੋਈ ਸਿਰ ਨਿਵਾਅ ਕੇ ਨਮਾਜ਼ ਪੜ੍ਹਦਾ ਹੈ। ਕੋਈ ਹਿੰਦੂ ਵੇਦ ਪੁਰਾਨ ਆਦਿ ਧਾਰਮਕ ਪੁਸਤਕ ਪੜ੍ਹਦਾ ਹੈ, ਕੋਈ ਮੁਸਲਮਾਨ ਕੁਰਾਨ ਅੰਜੀਲ ਆਦਿ ਪੜ੍ਹਦਾ ਹੈ। ਕੋਈ ਮੁਸਲਮਾਨ ਹੋ ਕੇ ਨੀਲੇ ਕਪੜੇ ਪਹਿਨਦਾ ਹੈ, ਕੋਈ ਹਿੰਦੂ ਚਿੱਟੇ ਕਪੜੇ ਪਾਂਦਾ ਹੈ। ਕੋਈ ਮਨੁੱਖ ਆਪਣੇ ਆਪ ਨੂੰ ਮੁਸਲਮਾਨ ਆਖਦਾ ਹੈ, ਤੇ ਕੋਈ ਆਪਣੇ ਆਪ ਨੂੰ ਹਿੰਦੂ ਕਹਿੰਦਾ ਹੈ। ਕੋਈ ਮਨੁੱਖ ਅਕਾਲ ਪੁਰਖ ਪਾਸੋਂ ਬਹਿਸ਼ਤ ਮੰਗਦਾ ਹੈ, ਤੇ ਕੋਈ ਸਵਰਗ ਮੰਗਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਜਿਸ ਮਨੁੱਖ ਨੇ ਅਕਾਲ ਪੁਰਖ ਦਾ ਹੁਕਮੁ ਪਛਾਣ ਲਿਆ, ਉਹ ਸਭ ਦੇ ਮਾਲਕ ਅਕਾਲ ਪੁਰਖ ਦਾ ਭੇਦ ਪਾ ਲੈਂਦਾ ਹੈ, ਕਿ ਉਸ ਨੂੰ ਕਿਵੇਂ ਪਾਇਆ ਜਾ ਸਕਦਾ ਹੈ।

*ਰਾਮਕਲੀ ਮਹਲਾ ੫ ॥ **ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ॥ ਕੋਈ ਸੇਵੈ ਗੁਸਈਆ ਕੋਈ ਅਲਾਹਿ** ॥੧॥ **ਕਾਰਣ ਕਰਣ ਕਰੀਮ ॥ ਕਿਰਪਾ ਧਾਰਿ ਰਹੀਮ ॥੧॥ ਰਹਾਉ ॥** ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥੨॥ ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥੩॥ ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥੪॥ **ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ** ॥੫॥੯॥ (੮੮੫)*

ਇਸ ਲਈ ਅਕਾਲ ਪੁਰਖ ਨੂੰ ਕਿਸੇ ਖਾਸ ਭਾਸ਼ਾ ਦੇ ਆਪਣੇ ਬਣਾਏ ਗਏ ਅੱਖਰਾਂ ਨਾਲ ਕਿਸ ਤਰ੍ਹਾਂ ਪਾਇਆ ਜਾਂ ਸਕਦਾ ਹੈ। ਅਕਾਲ ਪੁਰਖ ਨੂੰ ਕਿਸੇ ਵੀ ਧਰਮ, ਭਾਸ਼ਾ ਜਾਂ ਲਿਬਾਸ ਵਾਲਾ ਪਾ ਸਕਦਾ ਹੈ, ਪਰੰਤੂ ਲੋੜ ਹੈ ਉਸ ਦੇ ਹੁਕਮੁ ਨੂੰ ਪਛਾਨਣਾ ਦੀ।

ਗੁਰੂ ਸਾਹਿਬ ਸਮਝਾਂਦੇ ਹਨ, ਕਿ ਗੋਬਿੰਦ ਦਾ ਨਾਮੁ ਜਪਿਆ ਕਰ, ਸੋਹਣੇ ਗੋਪਾਲ ਦਾ ਨਾਮੁ ਜਪਿਆ ਕਰ, ਅਕਾਲ ਪੁਰਖ ਦਾ ਨਾਮੁ ਯਾਦ ਕਰਿਆ ਕਰ। ਜਿਉਂ ਜਿਉਂ ਉਸ ਅਕਾਲ ਪੁਰਖ ਦਾ ਨਾਮੁ ਆਪਣੇ ਹਿਰਦੇ ਵਿਚ ਰੱਖੇਗਾ, ਤੈਨੂੰ ਉੱਚਾ ਆਤਮਕ ਜੀਵਨ ਮਿਲਦਾ ਰਹੇਗਾ। ਭਿਆਨਕ ਆਤਮਕ ਮੌਤ ਤੇਰੇ ਆਤਮਕ ਜੀਵਨ ਨੂੰ ਫਿਰ ਕਦੇ ਮੁਕਾ ਨਹੀਂ ਸਕੇਗੀ। ਧਿਆਨ ਵਿਚ ਰੱਖ ਕਿ ਅਨੇਕਾਂ ਕਿਸਮਾਂ ਦੇ, ਕ੍ਰੋੜਾਂ ਹੀ ਜਨਮਾਂ ਵਿਚ ਭਟਕ ਕੇ ਹੁਣ ਤੂੰ ਮਨੁੱਖਾ ਜਨਮ ਵਿਚ ਆਇਆ ਹੈ, ਤੇ, ਇਥੇ ਵੱਡੀ ਕਿਸਮਤ ਨਾਲ ਤੈਨੂੰ ਗੁਰੂ ਦਾ ਸਾਥ ਮਿਲ ਗਿਆ ਹੈ। ਗੁਰੂ ਸਾਹਿਬ ਸੁਚੇਤ ਕਰ ਰਹੇ ਹਨ ਕਿ ਪੂਰੇ ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਅਨੇਕਾਂ ਜੂਨਾਂ ਤੋਂ ਪਾਰ ਉਤਾਰਾ ਨਹੀਂ ਹੋ ਸਕਦਾ। ਇਸ ਲਈ ਸਬਦ ਗੁਰੂ ਦੀ ਸਮਝਾਈ ਹੋਈ ਵੀਚਾਰ ਨੂੰ ਆਪਣੇ ਜੀਵਨ ਵਿਚ ਅਪਨਾ ਲੈ।

*ਰਾਮਕਲੀ ਮਹਲਾ ੫ ॥ **ਜਪਿ ਗੋਬਿੰਦੁ ਗੋਪਾਲ ਲਾਲੁ ॥ ਰਾਮ ਨਾਮ ਸਿਮਰਿ ਤੂ ਜੀਵਹਿ ਫਿਰਿ ਨ ਖਾਈ ਮਹਾ ਕਾਲੁ ॥੧॥ ਰਹਾਉ** ॥ ਕੋਟਿ ਜਨਮ ਭ੍ਰਮਿ ਭ੍ਰਮਿ ਭ੍ਰਮਿ ਆਇਓ ॥ ਬਡੈ ਭਾਗਿ ਸਾਧਸੰਗੁ ਪਾਇਓ ॥੧॥ **ਬਿਨੁ ਗੁਰ ਪੂਰੇ ਨਾਹੀ ਉਧਾਰੁ ॥ ਬਾਬਾ ਨਾਨਕੁ ਆਖੈ ਏਹੁ ਬੀਚਾਰੁ** ॥੨॥੧੧॥ (੮੮੫, ੮੮੬)*

ਜਿਹੜਾ ਮਨੁੱਖ ਸਤਿਗੁਰੂ ਦੀ ਦਿਤੀ ਹੋਈ ਮੱਤ ਨਾਲ ਆਪਣੇ ਆਪ ਨੂੰ ਵਾਰ ਵਾਰ ਖੋਜਦਾ ਹੈ, ਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀਂਦਾ ਹੈ, ਉਸ ਵਿਚ ਦੂਸਰਿਆਂ ਦੀ ਵਧੀਕੀ ਸਹਾਰਨ ਦੀ ਹਿੰਮਤ ਆ ਜਾਂਦੀ ਹੈ, ਉਸ ਦਾ ਮਾਫ ਕਰਨ ਵਾਲਾ ਸੁਭਾਉ ਬਣਾ ਲੈਂਦਾ ਹੈ, ਤੇ ਉਹ ਆਪਣਾ ਮਨ ਆਪਣੇ ਸਤਿਗੁਰੂ ਵਿਚ ਲੀਨ ਕਰ ਲੈਂਦਾ ਹੈ। ਫਿਰ ਹਰ ਕੋਈ ਅਜੇਹੇ ਮਨੁੱਖ ਦੇ ਖਰੇ ਤੇ ਸੁੱਚੇ ਜੀਵਨ ਦੀ ਸਲਾਘਾ ਕਰਦਾ ਹੈ, ਉਹ ਸਦਾ ਲਈ ਸੁੱਚਾ ਤੇ ਸ੍ਰੇਸ਼ਟ ਮਨੁੱਖ ਬਣ ਜਾਂਦਾ ਹੈ। ਪਰੰਤੂ ਜਿਹੜੇ ਜੀਵ ਦੁਨੀਆ ਦੇ ਭੋਗ ਭੋਗਦੇ ਰਹਿੰਦੇ ਹਨ, ਉਨ੍ਹਾਂ ਦਾ ਆਤਮਕ ਜੀਵਨ ਮਰ ਜਾਂਦਾ ਹੈ, ਕਿਉਂਕਿ ਉਨ੍ਹਾਂ ਨੂੰ ਨਾਮੁ ਰੂਪੀ ਅੰਮ੍ਰਿਤ ਦੀ ਸੋਝੀ ਨਹੀਂ ਹੁੰਦੀ। ਪਰੰਤੂ ਜਦੋਂ ਉਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਦੇ ਸ਼ਬਦ ਦੀ ਸੋਝੀ ਆ ਜਾਂਦੀ ਹੈ ਤੇ ਉਹ ਸਬਦ ਗੁਰੂ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ, ਤਾਂ ਉਹ ਇਕ ਅੱਖ ਦੀ ਝਮਕ ਵਿਚ ਆਪਣੇ ਹਉਮੈ ਨੂੰ ਮਾਰ ਲੈਂਦੇ ਹਨ। ਮਨ ਦਾ ਆਪਾ ਭਾਵ ਮਰਨ ਕਰਕੇ, ਉਨ੍ਹਾਂ ਦਾ ਮਨ ਅਡੋਲ ਹੋ ਜਾਂਦਾ ਹੈ, ਕਾਮ ਕ੍ਰੋਧ ਆਦਿ ਤੋਂ ਛੁਟਕਾਰਾ ਮਿਲ ਜਾਂਦਾ ਹੈ ਤੇ ਉਨ੍ਹਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੋ ਜਾਂਦੀ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਇਹ ਸਭ ਕੁਝ ਸਤਿਗੁਰੂ ਦੀ ਮੇਹਰ ਸਦਕਾ ਅਕਾਲ ਪੁਰਖ ਦੇ ਨਾਮੁ ਨਾਲ ਡੂੰਘੀ ਸਾਂਝ ਪਾਣ ਨਾਲ ਹੀ ਸੰਭਵ ਹੁੰਦਾ ਹੈ।

*ਖੋਜਤ ਖੋਜਤ ਅੰਮ੍ਰਿਤੁ ਪੀਆ ॥ ਖਿਮਾ ਗਹੀ ਮਨੁ ਸਤਗੁਰਿ ਦੀਆ ॥ ਖਰਾ ਖਰਾ ਆਖੈ ਸਭੁ ਕੋਇ ॥ ਖਰਾ ਰਤਨੁ ਜੁਗ ਚਾਰੇ ਹੋਇ ॥ ਖਾਤ ਪੀਅੰਤ ਮੂਏ ਨਹੀ ਜਾਨਿਆ ॥ ਖਿਨ ਮਹਿ ਮੂਏ ਜਾ ਸਬਦੁ ਪਛਾਨਿਆ ॥ ਅਸਥਿਰੁ ਚੀਤੁ ਮਰਨਿ ਮਨੁ ਮਾਨਿਆ ॥ ਗੁਰ ਕਿਰਪਾ ਤੇ ਨਾਮੁ ਪਛਾਨਿਆ ॥੧੯॥ (੯੩੨)*

ਇਸ ਲਈ ਮਨੁੱਖਾ ਜੀਵਨ ਦੇ ਸਫ਼ਰ ਲਈ ਅਕਾਲ ਪੁਰਖ ਦੇ ਨਾਮੁ ਸਿਮਰਨ ਦਾ ਸੋਹਣਾ ਜਿਹਾ ਬੇੜਾ ਤਿਆਰ ਕਰ, ਜਿਸ ਵਿਚ ਬੈਠ ਕੇ ਇਸ ਸੰਸਾਰ ਰੂਪੀ ਸਮੁੰਦਰ ਵਿਚੋਂ ਛੇਤੀ ਪਾਰ ਲੰਘ ਸਕੇਂਗਾ। ਸਿਮਰਨ ਦੀ ਬਰਕਤ ਨਾਲ ਤੇਰੇ ਜੀਵਨ ਦਾ ਰਸਤਾ ਸੌਖਾ ਹੋ ਜਾਇਗਾ, ਤੇਰੇ ਰਸਤੇ ਵਿਚ ਨਾ ਇਹ ਸੰਸਾਰ ਰੂਪੀ ਸਰੋਵਰ ਆਵੇਗਾ ਤੇ ਨਾ ਹੀ ਸੰਸਾਰ ਦਾ ਮੋਹ ਉਛਾਲੇ ਮਾਰੇਗਾ। ਅਕਾਲ ਪੁਰਖ ਦਾ ਨਾਮੁ ਹੀ ਸੋਹਣਾ ਮਜੀਠ ਵਰਗਾ ਹੈ, ਜਿਸ ਦੇ ਪੱਕੇ ਰੰਗ ਨਾਲ ਮੇਰੇ ਆਤਮਕ ਜੀਵਨ ਦਾ ਚੋਲਾ ਰੰਗਿਆ ਗਿਆ ਹੈ। ਗੁਰੂ

ਸਾਹਿਬ ਸਮਝਾਂਦੇ ਹਨ ਕਿ, ਮਨੁੱਖਾ ਜੀਵਨ ਦਾ ਸਫ਼ਰ ਕਰ ਰਹੇ ਪਿਆਰੇ ਪਾਂਧੀ! ਕੀ ਤੈਨੂੰ ਪਤਾ ਹੈ ਕਿ ਅਕਾਲ ਪੁਰਖ ਨਾਲ ਮਿਲਾਪ ਕਿਵੇਂ ਹੁੰਦਾ ਹੈ? ਇਸ ਲਈ ਧਿਆਨ ਵਿਚ ਰੱਖ, ਜੇ ਕਰ ਪੱਲੇ ਗੁਣ ਹੋਣਗੇ ਤਾਂ ਉਹ ਅਕਾਲ ਪੁਰਖ ਆਪ ਹੀ ਆਪਣੇ ਨਾਲ ਮਿਲਾ ਲਏਗਾ। ਜੇਹੜਾ ਜੀਵ ਅਕਾਲ ਪੁਰਖ ਦੇ ਚਰਨਾਂ ਵਿਚ ਇਕ ਵਾਰੀ ਜੁੜ ਜਾਏ, ਅਤੇ ਜੇ ਉਹ ਸਚ ਮੁਚ ਦਿਲੋਂ ਮਿਲਿਆ ਹੋਇਆ ਹੋਵੇ, ਤਾਂ ਫਿਰ ਉਹ ਕਦੇ ਵੀ ਅਕਾਲ ਪੁਰਖ ਦੇ ਮਿਲਾਪ ਨਾਲੋਂ ਵਿਛੁੜਦਾ ਨਹੀਂ। ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਉਸ ਨੂੰ ਹਰ ਥਾਂ ਉਹ ਸਦਾ ਥਿਰ ਰਹਿੰਣ ਵਾਲਾ ਅਕਾਲ ਪੁਰਖ ਹੀ ਦਿਖਾਈ ਦਿੰਦਾ ਹੈ। ਜਿਸ ਜੀਵ ਨੇ ਹਉਮੈ ਮਾਰ ਕੇ ਆਪਾ ਭਾਵ ਦੂਰ ਕਰ ਲਿਆ, ਉਹ ਆਪਣੇ ਆਪ ਲਈ ਅਜੇਹਾ ਨਾਮੁ ਰੂਪੀ ਚੋਲਾ ਤਿਆਰ ਕਰ ਲੈਂਦਾ ਹੈ, ਜਿਸ ਨਾਲ ਉਹ ਆਪਣਾ ਮਨੁੱਖਾ ਜਨਮ ਸੰਵਾਰ ਲੈਂਦਾ ਹੈ। ਸਤਿਗੁਰੂ ਦੇ ਬਚਨਾਂ ਤੇ ਤੁਰ ਕੇ ਉਸ ਨੂੰ ਫਲ ਵਜੋਂ ਆਪਣੇ ਖਸਮ ਅਕਾਲ ਪੁਰਖ ਦੀ ਸਿਫ਼ਤਿ ਸਾਲਾਹ ਦੇ ਅੰਮ੍ਰਿਤ ਰੂਪੀ ਬੋਲ ਪ੍ਰਾਪਤ ਹੁੰਦੇ ਹਨ, ਜਿਨ੍ਹਾਂ ਨਾਲ ਉਸ ਦਾ ਆਤਮਕ ਜੀਵਨ ਸਫਲ ਹੋ ਜਾਂਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਹੇ ਸਤਸੰਗੀ ਸਹੇਲੀਹੋ! ਸਤਿਗੁਰੂ ਦੇ ਬਚਨਾਂ ਅਨੁਸਾਰ ਚਲਣ ਨਾਲ ਅਕਾਲ ਪੁਰਖ ਬਹੁਤ ਪਿਆਰਾ ਲੱਗਣ ਲੱਗ ਪੈਂਦਾ ਹੈ, ਫਿਰ ਅਜੇਹਾ ਯਕੀਨ ਬਣਿਆ ਰਹਿੰਦਾ ਹੈ, ਕਿ ਅਸੀਂ ਖਸਮ ਦੀਆਂ ਗੋਲੀਆਂ ਹਾਂ, ਤੇ ਉਹ ਖਸਮ ਅਕਾਲ ਪੁਰਖ ਸਦਾ ਸਾਡੇ ਸਿਰ ਉਤੇ ਕਾਇਮ ਹੈ।

*ਸੂਹੀ ਮਹਲਾ ੧ ॥ **ਜਪ ਤਪ ਕਾ ਬੰਧੁ ਬੇੜੁਲਾ ਜਿਤੁ ਲੰਘਹਿ ਵਹੇਲਾ ॥ ਨਾ ਸਰਵਰੁ ਨਾ ਊਛਲੈ ਐਸਾ ਪੰਥੁ ਸੁਹੇਲਾ** ॥੧॥ **ਤੇਰਾ ਏਕੋ ਨਾਮੁ ਮੰਜੀਠੜਾ ਰਤਾ ਮੇਰਾ ਚੋਲਾ ਸਦ ਰੰਗ ਢੋਲਾ ॥੧॥ ਰਹਾਉ ॥** ਸਾਜਨ ਚਲੇ ਪਿਆਰਿਆ ਕਿਉ ਮੇਲਾ ਹੋਈ ॥ ਜੇ ਗੁਣ ਹੋਵਹਿ ਗੰਠੜੀਐ ਮੇਲੇਗਾ ਸੋਈ ॥੨॥ ਮਿਲਿਆ ਹੋਇ ਨ ਵੀਛੁੜੈ ਜੇ ਮਿਲਿਆ ਹੋਈ ॥ ਆਵਾ ਗਉਣੁ ਨਿਵਾਰਿਆ ਹੈ ਸਾਚਾ ਸੋਈ ॥੩॥ ਹਉਮੈ ਮਾਰਿ ਨਿਵਾਰਿਆ ਸੀਤਾ ਹੈ ਚੋਲਾ ॥ ਗੁਰ ਬਚਨੀ ਫਲੁ ਪਾਇਆ ਸਹ ਕੇ ਅੰਮ੍ਰਿਤ ਬੋਲਾ ॥੪॥ ਨਾਨਕੁ ਕਹੈ ਸਹੇਲੀਹੋ ਸਹੁ ਖਰਾ ਪਿਆਰਾ ॥ ਹਮ ਸਹ ਕੇਰੀਆ ਦਾਸੀਆ ਸਾਚਾ ਖਸਮੁ ਹਮਾਰਾ ॥੫॥੨॥੪॥ (੭੨੯)*

ਜੇ ਕਰ ਉਪਰ ਲਿਖੀਆਂ, ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਨਿਸਚੇ ਨਾਲ ਸਮਝ ਸਕਦੇ ਹਾਂ, ਕਿ ਜਿਥੇ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਉਥੇ ਅਕਾਲ ਪੁਰਖੁ ਦਾ ਨਾਮੁ ਬਹੁਤ ਮਿਠਾ ਵੀ ਹੈ, ਅੰਤਿਅੰਤ ਰਸੁ ਵਾਲਾ ਹੈ, ਅੰਮ੍ਰਿਤ ਹੈ, ਤੇ ਨਿਰਮਲੁ ਜਲੁ ਦੀ ਤਰ੍ਹਾਂ ਵੀ ਹੈ। ਅਕਾਲ ਪੁਰਖੁ ਦਾ ਨਾਮੁ ਪੂਰੀ ਸ੍ਰਿਸ਼ਟੀ ਅੰਦਰ ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ।

- ਗੁਰੂ ਸਾਹਿਬਾਂ ਨੇ ਕੁਝ ਕੁ ਨਵੇਂ ਸ਼ਬਦ ਵਰਤੇ ਹਨ, ਬਾਕੀ ਬਹੁਤ ਸਾਰੇ ਸਬਦ ਉਸ ਸਮੇਂ ਚਲ ਰਹੀ ਭਾਸ਼ਾ ਦੇ ਹੀ ਲਏ ਹਨ।
- ਜਦੋਂ ਅਸੀਂ ਗੁਰਬਾਣੀ ਦੇ ਅਰਥ ਪੁਰਾਤਨ ਸ਼ਬਦਾਵਲੀ ਜਾਂ ਕਿਸੇ ਹੋਰ ਡਿਕਸ਼ਨਰੀ ਅਨੁਸਾਰ ਕਰਦੇ ਹਾਂ ਤਾਂ ਧੋਖਾ ਖਾਂ ਜਾਂਦੇ ਹਾਂ।
- ਨਾਮੁ, ਹੁਕਮੁ, ਸਚ, ਆਦਿ ਭਾਂਵੇ ਵੱਖਰੇ ਵੱਖਰੇ ਵਿਸ਼ੇ ਹਨ, ਪਰੰਤੂ ਇਹਨਾਂ ਦਾ ਆਪਸ ਵਿਚ ਸਬੰਧ ਵੀ ਹੈ।
- ਨਾਮੁ ਤੇ ਹੁਕਮੁ ਦੀ ਸੋਝੀ ਸਬਦ ਗੁਰੂ ਦੀ ਸੰਗਤਿ ਵਿੱਚ ਹੀ ਹੋ ਸਕਦੀ ਹੈ।
- ਸਾਰੀ ਸ੍ਰਿਸ਼ਟੀ ਵਿਚ, ਅਕਾਲ ਪੁਰਖ ਦਾ ਹੁਕਮੁ ਵੀ ਚੱਲ ਰਿਹਾ ਹੈ, ਨਾਮੁ ਵੀ ਵੱਜ ਰਿਹਾ ਹੈ, ਤੇ ਸਬਦ ਵੀ ਵਰਤ ਰਿਹਾ ਹੈ।
- ਗੁਰਬਾਣੀ ਵਿੱਚ ਸ੍ਰਿਸ਼ਟੀ ਦੀ ਰਚਨਾ, ਜਿਥੇ ਨਾਮੁ ਦੇ ਆਸਰੇ ਦੱਸੀ ਗਈ ਹੈ। ਉਥੇ ਕਈ ਸ਼ਬਦਾ ਵਿੱਚ ਉਹੀ ਰਚਨਾ ਹੁਕਮੁ ਅਨੁਸਾਰ ਹੁੰਦੀ ਕਿਹਾ ਗਿਆ ਹੈ।
- ਅਸਲੀ ਮਨੁੱਖ ਉਹੀ ਹੈ ਜੋ ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝਣ ਦੀ ਦਿਸ਼ਾ ਵਲ ਜਾਂਦਾ ਹੈ ਤੇ ਇਕ ਅਕਾਲ ਪੁਰਖ ਨਾਲ ਸਾਂਝ ਪਾਂਦਾ ਹੈ।
- ਗੁਰਬਾਣੀ ਅਨੁਸਾਰ ਨਾਮੁ, ਹੁਕਮੁ, ਸਬਦ ਤੇ ਸਚੁ ਦਾ ਆਪਸੀ ਸਬੰਧ ਹੈ, ਇਨ੍ਹਾਂ ਵਿੱਚ ਜਿਆਦਾ ਅੰਤਰ ਨਹੀਂ।
- ਅਕਾਲ ਪੁਰਖੁ ਦਾ ਨਾਮੁ ਹੀ ਸਭ ਸੁਖਾਂ ਦਾ ਮੂਲ ਹੈ ਤੇ ਇਸ ਦਾ ਟਿਕਾਣਾ ਭਗਤਾਂ ਦੇ ਹਿਰਦੇ ਵਿਚ ਹੁੰਦਾ ਹੈ।
- ਅਕਾਲ ਪੁਰਖ ਦਾ ਨਾਮੁ ਹੀ ਅੰਮ੍ਰਿਤ ਹੈ, ਜਿਹੜਾ ਕਿ ਸਬਦ ਗੁਰੂ ਦੀ ਸੰਗਤਿ ਵਿਚ ਰਹਿ ਕੇ ਆਪਣੇ ਅੰਦਰ ਵੇਖਿਆ ਜਾ ਸਕਦਾ ਹੈ।
- ਅਕਾਲ ਪੁਰਖ ਦਾ ਨਾਮੁ ਇਕ ਐਸਾ ਅੰਮ੍ਰਿਤ ਹੈ, ਜੋ ਮਿੱਠਾ ਹੈ, ਤੇ ਬੜੇ ਰਸ ਵਾਲਾ ਹੈ।
- ਗੁਰੂ ਦਾ ਸਬਦ ਬਹੁਤ ਜਿਆਦਾ ਰਸ ਵਾਲਾ ਹੈ ਤੇ ਮਿੱਠਾ ਹੈ, ਪਰੰਤੂ ਜਿਤਨਾ ਚਿਰ ਇਸ ਸਬਦ ਨੂੰ ਚੱਖਿਆ ਨਾ ਜਾਏ, ਇਸ ਦੇ ਸੁਆਦ ਦਾ ਪਤਾ ਨਹੀਂ ਲੱਗਦਾ।
- ਗੁਰੂ ਦਾ ਸਬਦ ਹੀ ਨਾਮੁ ਹੈ, ਤੇ ਸਬਦ ਦੁਆਰਾ ਹੀ ਅਕਾਲ ਪੁਰਖ ਦਾ ਨਾਮੁ ਰੂਪੀ ਅੰਮ੍ਰਿਤ ਪਾਇਆ ਜਾ ਸਕਦਾ ਹੈ।
- ਸਰੀਰਕ ਮੋਹ ਨੂੰ ਮਿਟਾਣ ਦਾ ਇੱਕੋ ਹੀ ਸ੍ਰੇਸ਼ਟ ਇਲਾਜ ਹੈ, ਉਹ ਹੈ ਅਕਾਲ ਪੁਰਖੁ ਦਾ ਨਾਮੁ ਰੂਪੀ ਅੰਮ੍ਰਿਤ, ਜੋ ਕਿ ਨਿਰਮਲ ਜਲ ਦੀ ਤਰ੍ਹਾਂ ਹੈ।

- ਅਕਾਲ ਪੁਰਖ ਦਾ ਨਾਮੁ ਹਰੇਕ ਸਰੀਰ ਵਿਚ ਗੁਪਤ ਰੂਪ ਵਿਚ ਮੌਜੂਦ ਹੈ, ਤੇ ਅਕਾਲ ਪੁਰਖ ਹਰੇਕ ਸਰੀਰ ਵਿਚ ਹਰ ਸਮੇਂ ਵਿਆਪਕ ਵੀ ਹੈ।
- ਕੋਈ ਮਨੁੱਖ ਅਕਾਲ ਪੁਰਖ ਦਾ ਨਾ ਤਾਂ ਲੇਖਾ ਕਰ ਸਕਦਾ ਹੈ ਤੇ ਨਾ ਹੀ ਉਸ ਨੂੰ ਆਪਣੇ ਵਰਤੇ ਜਾ ਰਹੇ ਅੱਖਰਾ ਦੇ ਅਧੀਨ ਜਾਂ ਸੀਮਿਤ ਕਰ ਸਕਦਾ ਹੈ, ਜਿਸ ਜਿਸ ਤਰ੍ਹਾਂ ਅਕਾਲ ਪੁਰਖ ਹੁਕਮੁ ਕਰਦਾ ਹੈ, ਉਸੇ ਤਰ੍ਹਾਂ ਜੀਵ ਆਪਣੇ ਸੰਜੋਗ ਭੋਗਦੇ ਹਨ।
- ਅਕਾਲ ਪੁਰਖੁ ਅੱਖਰਾਂ ਦੇ ਅਧੀਨ ਨਹੀਂ ਹੈ, ਤੇ ਨਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਅੰਤ ਪਾਇਆ ਜਾ ਸਕਦਾ ਹੈ।
- ਅਕਾਲ ਪੁਰਖੁ ਨਾਲ ਸਬੰਧ ਸਬਦ ਗੁਰੂ ਦੁਆਰਾ ਦਿਤੀ ਗਈ ਸਿਖਿਆ ਨੂੰ ਪੜ੍ਹ ਕੇ, ਸੁਣ ਕੇ, ਅਮਲੀ ਜੀਵਨ ਵਿਚ ਅਪਨਾ ਕੇ, ਤੇ ਸਦੀਵੀ ਸਾਂਝ ਕਾਇਮ ਕਰਕੇ ਹੀ ਜੋੜਿਆ ਜਾ ਸਕਦਾ ਹੈ।
- ਗੁਰੂ ਨਾਨਕ ਸਾਹਿਬ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਕਲਪਨਾਂ ਦੇ ਆਧਾਰ ਤੇ ਨਹੀਂ ਦਿਤੀ, ਬਲਕਿ ਪੂਰਨ, ਉਚੇ ਪੱਧਰ ਦੀ ਸਇੰਸ ਦੇ ਆਧਾਰ ਤੇ ਦਿੱਤੀ ਹੈ।
- ਅਸੀਂ ਆਪਸੀ ਸਮਝ ਸਹੂਲਤ ਤੇ ਸਾਂਝ ਕਰਨ ਲਈ "ਅਕਾਲ ਪੁਰਖੁ" ਨਾਂ ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ਵਰਤਿਆ ਹੈ।
- ਗੁਰੂ ਅਮਰਦਾਸ ਲਈ ਨਾਮੁ ਹੀ ਤੀਰਥ ਇਸ਼ਨਾਨ ਹੈ, ਨਾਮੁ ਹੀ ਸਭ ਤੋਂ ਉਤਮ ਰਸ ਹੈ, ਨਾਮੁ ਹੀ ਖਾਣ ਲਈ ਭੋਜਨ ਹੈ, ਨਾਮੁ ਹੀ ਪੀਣ ਲਈ ਅੰਮ੍ਰਿਤ ਹੈ, ਨਾਮੁ ਦਾ ਰਸ ਹੀ ਉਤਸ਼ਾਹ ਦੇਣ ਵਾਲਾ ਹੈ ਅਤੇ ਨਾਮੁ ਹੀ ਉਨ੍ਹਾਂ ਦੇ ਮੁਖ ਵਿਚ ਮਿੱਠੇ ਬਚਨ ਹਨ।
- ਅਕਾਲ ਪੁਰਖ ਨੂੰ ਮਿਲਣ ਵਾਸਤੇ ਜੋ ਪਉੜੀਆਂ ਹਨ, ਉਨ੍ਹਾਂ ਉੱਤੇ ਆਪਾ ਭਾਵ ਗਵਾ ਕੇ ਹੀ ਚੜ੍ਹ ਸਕਦੇ ਹਾਂ।
- ਆਪਾ ਭਾਵ ਦੂਰ ਕਰਨ ਤੋਂ ਬਿਨਾ ਇਹ ਗਿਣਤੀ ਦੇ ਪਾਠਾਂ ਵਾਲਾ ਉੱਦਮ ਇਸ ਤਰ੍ਹਾਂ ਹੈ, ਕਿ ਮਾਨੋ, ਆਕਾਸ਼ ਦੀਆਂ ਗੱਲਾਂ ਸੁਣ ਕੇ ਕੀੜਿਆਂ ਨੂੰ ਵੀ ਇਹ ਰੀਸ ਆ ਗਈ ਹੈ, ਕਿ ਅਸੀਂ ਵੀ ਆਕਾਸ਼ ਤੇ ਪਹੁੰਚ ਸਕਦੀਆਂ ਹਾਂ।
- ਆਪਣੇ ਮਨ ਦੀ ਅਵਸਥਾ, ਸੋਚ, ਤੇ ਕਰਮ ਗੁਰਮਤਿ ਅਨੁਸਾਰ ਕਰਨੇ ਹਨ, ਗੁਰਬਾਣੀ ਅਨੁਸਾਰ ਹੁਕਮੁ ਨੂੰ ਸਮਝ ਕੇ ਉਸ ਅਨੁਸਾਰ ਚਲਣਾ ਹੈ।
- ਜਿਸ ਮਨੁੱਖ ਨੇ ਅਕਾਲ ਪੁਰਖ ਦਾ ਹੁਕਮੁ ਪਛਾਣ ਲਿਆ ਹੈ, ਉਹ ਸਭ ਦੇ ਮਾਲਕ ਅਕਾਲ ਪੁਰਖ ਦਾ ਭੇਦ ਪਾ ਲੈਂਦਾ ਹੈ।
- ਜਿਹੜਾ ਮਨੁੱਖ ਸਤਿਗੁਰੂ ਦੀ ਦਿਤੀ ਹੋਈ ਮੱਤ ਨਾਲ ਆਪਣੇ ਆਪ ਨੂੰ ਵਾਰ ਵਾਰ ਖੋਜਦਾ ਹੈ, ਤੇ ਨਾਮੁ ਰੂਪੀ ਅੰਮ੍ਰਿਤ ਪੀਂਦਾ ਹੈ, ਉਹ ਆਪਣਾ ਮਨ ਆਪਣੇ ਸਤਿਗੁਰੂ ਵਿਚ ਲੀਨ ਕਰ ਲੈਂਦਾ ਹੈ।
- ਅਕਾਲ ਪੁਰਖ ਦਾ ਨਾਮੁ ਹੀ ਸੋਹਣਾ ਮਜੀਠ ਵਰਗਾ ਹੈ, ਜਿਸ ਦੇ ਪੱਕੇ ਰੰਗ ਨਾਲ ਆਤਮਕ ਜੀਵਨ ਦਾ ਚੋਲਾ ਰੰਗਿਆ ਜਾ ਸਕਦਾ ਹੈ।
- ਸਤਿਗੁਰੂ ਦੇ ਬਚਨਾਂ ਅਨੁਸਾਰ ਚਲਣ ਨਾਲ ਅਕਾਲ ਪੁਰਖ ਬਹੁਤ ਪਿਆਰਾ ਲੱਗਣ ਲੱਗ ਪੈਂਦਾ ਹੈ, ਫਿਰ ਅਜੇਹਾ ਯਕੀਨ ਬਣਿਆ ਰਹਿੰਦਾ ਹੈ, ਕਿ ਅਸੀਂ ਖਸਮ ਦੀਆਂ ਗੋਲੀਆਂ ਹਾਂ, ਤੇ ਉਹ ਖਸਮ ਅਕਾਲ ਪੁਰਖ ਸਦਾ ਸਾਡੇ ਸਿਰ ਉਤੇ ਕਾਇਮ ਹੈ।

ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲੁ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਇਨ੍ਹਾਂ ਸਾਰੇ ਸਬਦਾ ਦੇ ਨਿਚੋੜ ਨੂੰ ਸਰਲ ਭਾਸ਼ਾ ਵਿਚ ਕਹਿ ਸਕਦੇ ਹਾਂ ਕਿ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ।

ਇਹ ਵੀ ਧਿਆਨ ਵਿਚ ਰੱਖਣਾਂ ਹੈ, ਕਿ ਗੁਰਬਾਣੀ ਨੂੰ ਰਵਾਇਤੀ ਤਰੀਕੇ ਨਾਲ ਪੜ੍ਹਨਾਂ, ਸੁਣਨਾਂ ਜਾਂ ਗਾਇਨ ਨਹੀਂ ਕਰਨਾ ਹੈ। ਬਲਕਿ ਪੂਰੀ ਤਰ੍ਹਾਂ ਧਿਆਨ ਨਾਲ ਸਮਝਣਾਂ, ਵੀਚਾਰਨਾਂ ਤੇ ਖੋਜਣਾਂ ਹੈ। ਗੁਰੂ ਨਾਨਕ ਸਾਹਿਬ ਨੇ ਕਿਸੇ ਵੀ ਤਰੀਕੇ ਦੀ ਰਵਾਇਤ ਪ੍ਰਵਾਨ ਨਹੀਂ ਕੀਤੀ ਹੈ ਤੇ ਨਾ ਹੀ ਕਿਸੇ ਤੀਰਥ ਅਸਥਾਨਾਂ ਤੇ ਜਾਂ ਕੇ ਇਸ਼ਨਾਨ ਕਰਨਾ ਪ੍ਰਵਾਨ ਕੀਤਾ ਹੈ, ਬਲਕਿ ਗੁਰਸਿਖ ਵਾਸਤੇ ਤੀਰਥ ਦੀ ਪ੍ਰੀਭਾਸ਼ਾ ਹੀ ਬਦਲ ਦਿੱਤੀ ਹੈ। ਸਪੱਸ਼ਟ ਤੌਰ ਤੇ ਕਹਿ ਦਿੱਤਾ ਕਿ ਤੀਰਥੁ, ਅਕਾਲ ਪੁਰਖੁ ਦਾ ਨਾਮੁ ਹੀ ਹੈ ਤੇ ਗੁਰੂ ਦੇ ਸ਼ਬਦ ਦੀ ਵੀਚਾਰ ਦੁਆਰਾ ਅਕਾਲ ਪੁਰਖੁ ਦੇ ਗਿਆਨ ਨੂੰ ਆਪਣੇ ਹਿਰਦੇ ਵਿਚ ਟਿਕਾਣਾ ਹੀ ਅਸਲੀ ਤੀਰਥੁ ਇਸ਼ਨਾਨ ਹੈ।

***ਤੀਰਥਿ ਨਾਵਣ ਜਾਉ ਤੀਰਥੁ ਨਾਮੁ ਹੈ ॥ ਤੀਰਥੁ ਸਬਦ ਬੀਚਾਰੁ ਅੰਤਰਿ ਗਿਆਨੁ ਹੈ ॥*** *(੬੮੮)*

ਇਸ ਲਈ ਆਓ ਸਾਰੇ ਜਾਣੇ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ, ਤੇ ਆਪਣੇ ਅਮਲੀ ਜੀਵਨ ਵਿਚ ਅਪਨਾ ਕੇ, ਅਕਾਲ ਪੁਰਖੁ ਦੇ ਨਾਮੁ ਨੂੰ ਸਮਝੀਏ ਤੇ ਆਪਣਾ ਮਨੁੱਖਾ ਜੀਵਨ ਸਫਲ ਕਰੀਏ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਦੀ ਲੋੜ ਅਤੇ ਲਾਭ (ਨਾਮੁ, ਭਾਗ ੨)

# Need and rewards of Naam according to Guru Granth Sahib (Naam, Part 2)

ਹੋਰਨਾਂ ਧਰਮਾਂ, ਫਿਰਕਿਆਂ ਜਾਂ ਆਮ ਲੋਕਾਂ ਅਨੁਸਾਰ ਨਾਮੁ ਜਪਣ ਦਾ ਭਾਵ ਕਿਸੇ ਖਾਸ ਅੱਖਰ ਜਾਂ ਵਾਕ ਨੂੰ ਵਾਰ ਵਾਰ ਦੁਹਰਾਈ ਜਾਣਾਂ ਹੋ ਸਕਦਾ ਹੈ, ਪਰੰਤੂ ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਅਕਾਲ ਪੁਰਖੁ ਦਾ ਸਿਸਟਮ ਬਿਨਾਂ ਕਿਸੇ ਰੁਕਾਵਟ ਦੇ ਯੁਗਾ ਯੁਗਾਂਤਰਾਂ ਤੋਂ ਸਫਲ ਤਰੀਕੇ ਨਾਲ ਚਲ ਰਿਹਾ ਹੈ ਤੇ ਚਲਦਾ ਰਹੇਗਾ। ਇਸ ਲਈ ਜੀਵਨ ਦੀ ਸਫਲਤਾ ਲਈ ਜਰੂਰੀ ਹੈ, ਕਿ ਅਕਾਲ ਪੁਰਖੁ ਦੇ ਸਿਸਟਮ ਨੂੰ ਸਮਝਿਆ ਜਾਵੇ ਤੇ ਉਸ ਅਨੁਸਾਰ ਚੱਲਿਆ ਜਾਵੇ, ਤਾਂ ਜੋ ਸਾਡਾ ਜੀਵਨ ਵੀ ਬਿਨਾਂ ਕਿਸੇ ਮੁਸ਼ਕਲ ਜਾਂ ਰੁਕਾਵਟ ਦੇ ਸਫਲ ਤਰੀਕੇ ਨਾਲ ਚਲਦਾ ਰਹੇ। ਇਹੀ ਕਾਰਨ ਹੈ ਕਿ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਖਾਸ ਮਹੱਤਤਾ ਦਿਤੀ ਗਈ ਹੈ।

ਗੁੱਜਰ ਆਪਣੇ ਮਾਲ ਡੰਗਰ ਨੂੰ ਕਿਸੇ ਚਰਨ ਵਾਲੀ ਥਾਂ ਤੇ ਲੈ ਕੇ ਜਾਂਦੇ ਹਨ ਤੇ ਫਿਰ ਸ਼ਾਮ ਨੂੰ ਵਾਪਿਸ ਲੈ ਆਂਉਂਦੇ ਹਨ। ਇਸੇ ਤਰ੍ਹਾਂ ਜੀਵ ਇਸ ਜਗਤ ਵਿਚ ਕੁਝ ਸਮੇਂ ਲਈ ਰਹਿਣ ਵਾਸਤੇ ਆਂਉਂਦਾ ਹੈ, ਤੇ ਫਿਰ ਆਪਣਾ ਸਫਰ ਪੂਰਾਂ ਹੋਣ ਤੇ ਵਾਪਿਸ ਚਲਾ ਜਾਂਦਾ ਹੈ। ਇਸ ਲਈ ਹਮੇਸ਼ਾਂ ਆਪਣਾ ਅਸਲੀ ਘਰ ਘਾਟ ਚੰਗੀ ਤਰ੍ਹਾਂ ਚੇਤੇ ਰੱਖਣਾਂ ਚਾਹੀਦਾ ਹੈ, ਕਿਉਂਕਿ ਉਥੇ ਇਕ ਦਿਨ ਵਾਪਿਸ ਚਲੇ ਜਾਣਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦੇ ਗੁਣ ਗਾਇਆ ਕਰ, ਪਿਆਰ ਨਾਲ ਗੁਰੂ ਗਰੰਥ ਸਾਹਿਬ ਅਨੁਸਾਰ ਦੱਸੀ ਗਈ ਸੇਵਾ ਕਰਿਆ ਕਰ। ਇਹ ਮਨੁੱਖਾ ਜੀਵਨ ਥੋੜੇ ਜਿਹੇ ਸਮੇਂ ਲਈ ਮਿਲਿਆ ਹੈ, ਫਿਰ ਅਸੀਂ ਇਸ ਦਾ ਇਤਨਾ ਮਾਣ ਕਿਉਂ ਕਰਦੇ ਹਾਂ। ਜਿਸ ਤਰ੍ਹਾਂ ਰਾਤ ਵੇਲੇ ਕਿਸੇ ਘਰ ਆਏ ਹੋਏ ਪਰਾਹੁਣੇ ਨੇ ਦਿਨ ਚੜ੍ਹਨ ਤੇ ਉਥੋਂ ਉੱਠ ਕੇ ਚੱਲੇ ਜਾਣਾ ਹੈ, ਉਸੇ ਤਰ੍ਹਾਂ ਜੀਵ ਨੇ ਆਪਣੀ ਜ਼ਿੰਦਗੀ ਦੀ ਰਾਤ ਮੁੱਕਣ ਤੋਂ ਬਾਅਦ ਇਸ ਜਗਤ ਤੋਂ ਚਲੇ ਜਾਣਾ ਹੈ। ਫਿਰ ਅਸੀਂ ਆਪਣੇ ਗ੍ਰਹਿਸਤ ਪਰਵਾਰ ਦੇ ਪ੍ਰੇਮ ਵਿਚ ਕਿਉਂ ਮਸਤ ਹੋਏ ਰਹਿੰਦੇ ਹਾਂ? ਇਸ ਪਰਵਾਰ ਨੇ ਫੁੱਲਾਂ ਦੇ ਬਗ਼ੀਚੇ ਵਾਂਗ ਇਕ ਦਿਨ ਸੁਕ ਜਾਣਾ ਹੈ। ਅਸੀਂ ਆਪਣੀ ਸੰਸਾਰੀ ਜਾਇਦਾਦ ਦਾ ਕਿਉਂ ਹੰਕਾਰ ਕਰਦੇ ਹਾਂ, ਜੋ ਕਿ ਅਕਾਲ ਪੁਰਖੁ ਨੇ ਹੀ ਦਿਤੀ ਹੈ। ਇਹ ਸਭ ਲੱਖਾ ਕ੍ਰੋੜਾਂ ਰੁਪਏ ਤੇ ਜਮੀਨ ਜਾਇਦਾਦ, ਇਕ ਦਿਨ ਇਥੇ ਹੀ ਛੱਡ ਕੇ ਦੁਨੀਆ ਤੋਂ ਕੂਚ ਕਰ ਜਾਣਾ ਹੈ। ਇਸ ਲਈ ਉਸ ਅਕਾਲ ਪੁਰਖੁ ਨਾਲ ਸਾਂਝ ਪਾ ਤੇ ਉਸ ਦਾ ਧੰਨਵਾਦ ਕਰ, ਜਿਸ ਨੇ ਇਹ ਸਭ ਕੁਝ ਦਿੱਤਾ ਹੈ। ਚੌਰਾਸੀ ਲੱਖ (ਅਣਗਿਣਤ) ਜੂਨਾਂ ਵਿਚ ਘੁੰਮ ਕੇ ਹੁਣ ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਿਆ ਹੈ। ਕੋਈ ਨਹੀਂ ਦੱਸ ਸਕਦਾ ਕਿ ਇਹ ਮਨੁੱਖਾ ਜਨਮ ਦੁਬਾਰਾ ਮਿਲੇਗਾ ਕਿ ਨਹੀਂ? ਇਸ ਲਈ ਅਕਾਲ ਪੁਰਖੁ ਦਾ ਨਾਮੁ ਹਿਰਦੇ ਵਿਚ ਵਸਾ, ਕਿਉਂਕਿ ਉਹ ਦਿਨ ਨੇੜੇ ਆ ਰਿਹਾ ਹੈ, ਜਦੋਂ ਇਥੋਂ ਕੂਚ ਕਰਨਾ ਹੈ।

*ਲਖ ਚਉਰਾਸੀਹ ਭ੍ਰਮਤਿਆ ਦੁਲਭ ਜਨਮੁ ਪਾਇਓਇ ॥ ਨਾਨਕ ਨਾਮੁ ਸਮਾਲਿ ਤੂੰ ਸੋ ਦਿਨੁ ਨੇੜਾ ਆਇਓਇ*
*॥ ੪ ॥ ੨੨ ॥ ੯੨ ॥ (੫੦)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਐ ਮਨੁੱਖ ਤੂੰ ਰਾਤ ਨੂੰ ਸੌਂ ਕੇ ਗੁਜ਼ਾਰ ਦਿੰਦਾ ਹੈ ਤੇ ਦਿਨ ਦਾ ਸਮਾਂ ਖਾ ਖਾ ਕੇ ਵਿਅਰਥ ਬਿਤਾਂ ਰਿਹਾ ਹੈਂ, ਤੇਰਾ ਇਹ ਮਨੁੱਖਾ ਜਨਮ ਹੀਰੇ ਵਰਗਾ ਕੀਮਤੀ ਹੈ, ਪਰ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨ ਤੋਂ ਬਿਨਾ, ਇਹ ਕੀਮਤੀ ਸਮਾਂ ਕੌਡੀ ਦੇ ਭਾ ਜਾ ਰਿਹਾ ਹੈ। ਇਹ ਮਨੁੱਖਾ ਜੀਵਨ ਹੀ ਅਕਾਲ ਪੁਰਖੁ ਨਾਲ ਸਾਂਝ ਪਾਣ ਦਾ ਵੇਲਾ ਹੈ, ਇਸ ਲਈ ਜੇ ਕਰ ਅਕਾਲ ਪੁਰਖੁ ਦੇ ਨਾਮੁ ਨਾਲ ਡੂੰਘੀ ਸਾਂਝ ਨਾ ਪਾਈ, ਤਾਂ ਬੀਤ ਗਿਆ ਸਮਾਂ ਦੁਬਾਰਾ ਵਾਪਿਸ ਨਹੀਂ ਆਉਂਣਾ ਤੇ ਫਿਰ ਬਾਅਦ ਵਿਚ ਅਫ਼ਸੋਸ ਕਰਦਾ ਰਹੇਂਗਾ। ਜੇਹੜਾ ਮਨੁੱਖ ਸਿਰਫ ਧਨ ਹੀ ਇਕੱਠਾ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਅਕਾਲ ਪੁਰਖੁ ਨੂੰ ਸਿਮਰਨ ਦੀ ਇਛਾ ਪੈਦਾ ਨਹੀਂ ਹੋ ਸਕਦੀ। ਜੇਹੜੇ ਲੋਕ ਬੇਅੰਤ ਦੌਲਤ ਦੀ ਲਾਲਸਾ ਵਿਚ ਦੌੜੇ ਫਿਰਦੇ ਰਹਿੰਦੇ ਹਨ, ਉਹ ਅਕਾਲ ਪੁਰਖੁ ਦਾ ਨਾਮੁ ਧਨ ਗਵਾ ਲੈਂਦੇ ਹਨ। ਜੇਕਰ ਨਿਰੀ ਇੱਛਾ ਕਰਨ ਨਾਲ ਹੀ ਨਾਮੁ ਧਨ ਮਿਲ ਸਕਦਾ ਹੋਵੇ, ਤਾਂ ਹਰੇਕ ਜੀਵ ਨਾਮੁ ਧਨ ਦੇ ਖ਼ਜ਼ਾਨਿਆਂ ਦਾ ਮਾਲਕ ਬਣ ਜਾਏ। ਅਕਸਰ ਕਈ ਮਨੁੱਖ ਨਿਰਾ ਜ਼ਬਾਨੀ ਜ਼ਬਾਨੀ ਨਾਮੁ ਧਨ ਦੀ ਲਾਲਸਾ ਕਰਦੇ ਰਹਿੰਦੇ ਹਨ, ਪਰੰਤੂ ਇਹ ਧਿਆਨ ਵਿਚ ਰੱਖਣਾਂ ਹੈ, ਕਿ ਫ਼ੈਸਲਾ ਤਾਂ ਹਰੇਕ ਮਨੁੱਖ ਦੇ ਕੀਤੇ ਕਰਮਾਂ ਅਨੁਸਾਰ ਹੋਣਾ ਹੈ, ਤੇ ਨਾਮੁ ਧਨ ਦੀ ਪ੍ਰਾਪਤੀ ਵੀ ਉਸ ਅਨੁਸਾਰ ਹੀ ਹੋਵੇਗੀ। ਇਸ ਲਈ ਨਿਰਾ ਦੁਨੀਆਦਾਰੀ ਦੀ ਖ਼ਾਤਰ ਨਾ ਭਟਕੋ, ਤੇ ਨਾਲ ਦੀ ਨਾਲ ਇਹ ਵੀ ਧਿਆਨ ਵਿਚ ਰੱਖੋ, ਕਿ ਉੱਦਮ ਕਰਦਿਆਂ ਹੋਇਆ ਨਾਮੁ ਲਈ ਹੱਕ ਨਹੀਂ ਸਮਝਿਆ ਜਾ ਸਕਦਾ। ਇਹ ਵੀ ਨਹੀਂ ਕਿਹਾ ਜਾ ਸਕਦਾ, ਕਿ ਨਾਮੁ ਧਨ ਕਿਸ ਨੂੰ ਮਿਲੇਗਾ। ਉੱਦਮ ਦਾ ਕੀਤਾ ਹੋਇਆ ਮਾਣ, ਸਾਰੇ ਕੀਤੇ ਹੋਏ ਉੱਦਮਾਂ ਨੂੰ ਵਿਅਰਥ ਕਰ ਦੇਂਦਾ ਹੈ।

ਜਿਸ ਅਕਾਲ ਪੁਰਖੁ ਨੇ ਇਹ ਸਾਰਾ ਜਗਤ ਰਚਿਆ ਹੈ, ਉਹ ਹਰੇਕ ਜੀਵ ਦੀ ਸੰਭਾਲ ਵੀ ਆਪ ਹੀ ਕਰਦਾ ਹੈ, ਇਸ ਲਈ ਉੱਦਮ ਦੇ ਫਲ ਬਾਰੇ ਉਸ ਅਕਾਲ ਪੁਰਖੁ ਦਾ ਹੁਕਮੁ ਆਸਾਨੀ ਨਾਲ ਨਹੀਂ ਸਮਝਿਆ ਜਾ ਸਕਦਾ। ਇਹ ਪਤਾ ਕਰਨਾ ਬਹੁਤ ਮੁਸ਼ਕਲ ਹੈ ਕਿ ਕਿਸ ਮਨੁੱਖ ਨੂੰ ਉਹ ਨਾਮੁ ਜਪਣ ਦੀ ਵਡਿਆਈ ਦੇ ਦੇਂਦਾ ਹੈ, ਤੇ ਕਿਸ ਨੂੰ ਨਹੀਂ। ਸਾਡਾ ਇਹੀ ਫਰਜ ਬਣਦਾ ਹੈ ਕਿ ਅਸੀਂ ਉੱਦਮ ਕਰਦੇ ਹੋਏ ਅਕਾਲ ਪੁਰਖੁ ਪਾਸੋਂ ਮਿਹਰ ਦੀ ਦਾਤ ਮੰਗਦੇ ਰਹੀਏ।

*ਗਉੜੀ ਬੈਰਾਗਣਿ ਮਹਲਾ ੧ ॥ ਰੈਣਿ ਗਵਾਈ ਸੋਇ ਕੈ ਦਿਵਸੁ ਗਵਾਇਆ ਖਾਇ ॥ ਹੀਰੇ ਜੈਸਾ ਜਨਮੁ ਹੈ ਕਉਡੀ ਬਦਲੇ ਜਾਇ ॥ ੧ ॥ ਨਾਮੁ ਨ ਜਾਨਿਆ ਰਾਮ ਕਾ ॥ ਮੂੜੇ ਫਿਰਿ ਪਾਛੈ ਪਛੁਤਾਹਿ ਰੇ ॥ ੧ ॥ ਰਹਾਉ ॥ (੧੫੬)*

ਜੇਕਰ ਇਹ ਸਰੀਰ ਸਾਥ ਨਾ ਦੇਵੇ ਤਾਂ ਮਨੁੱਖਾ ਜੀਵਨ ਨਹੀਂ ਚਲ ਸਕਦਾ। ਪਰੰਤੂ ਸਰੀਰ ਦਾ ਸਾਥ ਸਿਰਫ ਇਸ ਲੋਕ ਤਕ ਹੀ ਸੀਮਿਤ ਹੈ, ਇਸ ਲਈ ਮਨੁੱਖ ਨੂੰ ਅੰਤ ਦੇ ਸਾਥ ਵੱਲ ਵੀ ਧਿਆਨ ਦੇਣਾਂ ਚਾਹੀਦਾ ਹੈ। ਗੁਰੂ ਦੇ ਸ਼ਬਦ ਦਾ ਸਾਥ ਇਕ ਅਜੇਹਾ ਸਾਥ ਹੈ, ਜੋ ਕਿ ਇਸ ਲੋਕ ਤੇ ਪਰਲੋਕ ਦੋਹਾਂ ਵਿਚ ਸਹਾਈ ਹੁੰਦਾਂ ਹੈ। ਇਹ ਸਾਡੇ ਵਡੇ ਭਾਗ ਹਨ, ਜਿਸ ਸਦਕਾ ਸਾਨੂੰ ਇਹ ਸੋਹਣਾ ਮਨੁੱਖਾ ਸਰੀਰ ਮਿਲਿਆ ਹੈ। ਮਨੁੱਖ ਲਈ ਅਕਾਲ ਪੁਰਖੁ ਨੂੰ ਮਿਲਣ ਦਾ ਇਹੀ ਮੌਕਾ ਹੈ। ਜੇਕਰ ਅਕਾਲ ਪੁਰਖੁ ਨੂੰ ਮਿਲਣ ਲਈ ਕੋਈ ਉੱਦਮ ਜਾਂ ਉਪਰਾਲਾ ਨਾ ਕੀਤਾ, ਤਾਂ ਹੋਰ ਸਾਰੇ ਕੰਮ ਵਿਅਰਥ ਚਲੇ ਜਾਣਗੇ, ਤੇ ਜਿੰਦ ਨੂੰ ਕੋਈ ਲਾਭ ਨਹੀਂ ਦੇ ਸਕਣਗੇ। ਗੁਰੂ ਸਾਹਿਬ ਸਮਝਾਉਂਦੇ ਹਨ ਕਿ ਸਾਧਸੰਗਤਿ ਵਿਚ ਮਿਲ ਬੈਠਿਆ ਕਰ ਤੇ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ। ਸਾਧ ਸੰਗਤਿ ਵਿਚ ਬੈਠਣ ਦਾ ਲਾਭ ਤਾਂ ਹੀ ਹੈ, ਜੇ ਉਥੇ ਤੂੰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਵਿਚ ਜੁੜਿਆ ਕਰੇਂ। ਇਸ ਲਈ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘਣ ਦੇ ਉਪਰਾਲੇ ਲਈ ਪੂਰੀ ਲਗਨ ਨਾਲ ਲੱਗ ਜਾ, ਕਿਉਂਕਿ ਨਿਰੇ ਮਾਇਆ ਦੇ ਪਿਆਰ ਕਰਕੇ ਇਹ ਕੀਮਤੀ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ।

*ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ (੧੨)*

ਹਰ ਰੋਜ਼ ਉੱਦਮ ਨਾਲ ਇਸ ਸਰੀਰ ਨੂੰ ਪਾਲੀ ਪੋਸੀਦਾ ਹੈ, ਪਰੰਤੂ ਜੀਵਨ ਦਾ ਮੰਤਵ ਸਮਝਣ ਤੋਂ ਬਿਨਾ, ਇਹ ਮਨ ਮੂਰਖ ਤੇ ਬੇਸਮਝ ਹੀ ਰਹਿੰਦਾ ਹੈ। ਇਸ ਮਨ ਨੂੰ ਉਹ ਅਕਾਲ ਪੁਰਖੁ ਕਦੇ ਚੇਤੇ ਨਹੀਂ ਆਉਂਦਾ, ਜਿਸ ਨੇ ਇਸ ਨੂੰ ਪੈਦਾ ਕੀਤਾ ਹੈ, ਤੇ ਇਹ ਨਹੀਂ ਸਮਝਦਾ ਕਿ ਅਖ਼ੀਰ ਨੂੰ ਇਹ ਸਰੀਰ ਵੀ ਮਸਾਣਾਂ ਵਿਚ ਸੁੱਟ ਦਿੱਤਾ ਜਾਵੇਗਾ। ਇਸ ਲਈ ਅਜੇ ਵੀ ਵੇਲਾ ਹੈ, ਆਪਣੇ ਸਤਿਗੁਰੂ ਨਾਲ ਚਿੱਤ ਜੋੜ ਕੇ ਅਕਾਲ ਪੁਰਖੁ ਦਾ ਨਾਮੁ ਸਿਮਰ ਕੇ ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਮਾਣ। ਗੁਰੂ ਸਾਹਿਬ ਸਮਝਾਂਦੇ ਹਨ ਕਿ, ਹੇ ਮਨੁੱਖ ਤੂੰ ਜਗਤ ਵਿਚ ਅਕਾਲ ਪੁਰਖੁ ਦੇ ਨਾਮੁ ਦਾ ਲਾਭ ਖੱਟਣ ਵਾਸਤੇ ਆਇਆ ਹੈ, ਪਰੰਤੂ ਤੂੰ ਕਿਸ ਖ਼ੁਆਰੀ ਵਾਲੇ ਕੰਮ ਵਿਚ ਰੁੱਝਾ ਪਿਆ ਹੈਂ? ਤੇਰੀ ਸਾਰੀ ਜੀਵਨ ਦੀ ਰਾਤ ਮੁੱਕਦੀ ਜਾ ਰਹੀ ਹੈ। ਪਸ਼ੂ ਪੰਛੀ ਕਲੋਲ ਕਰਦੇ ਰਹਿੰਦੇ ਹਨ, ਕਿਉਂਕਿ ਪਸ਼ੂ ਪੰਛੀਆਂ ਨੂੰ ਮੌਤ ਦੀ ਸਮਝ ਨਹੀਂ ਤੇ ਨਾ ਹੀ ਉਨ੍ਹਾਂ ਨੂੰ ਮੌਤ ਦਿੱਸਦੀ ਹੈ। ਪਰੰਤੂ ਮਨੁੱਖ ਵੀ ਉਨ੍ਹਾਂ ਦੇ ਨਾਲ ਹੀ ਜਾ ਰਲਿਆ ਹੈ, ਪਸ਼ੂ ਪੰਛੀਆਂ ਵਾਂਗੂੰ ਇਸ ਨੂੰ ਵੀ ਮੌਤ ਚੇਤੇ ਨਹੀਂ, ਤੇ ਇਹ ਮਾਇਆ ਦੇ ਜਾਲ ਵਿਚ ਫਸਿਆ ਹੋਇਆ ਹੈ। ਮਾਇਆ ਦੇ ਜਾਲ ਤੋਂ ਉਹੀ ਮਨੁੱਖ ਬਚਦੇ ਹਨ, ਜੇਹੜੇ ਅਕਾਲ ਪੁਰਖੁ ਦਾ ਸਦਾ ਕਾਇਮ ਰਹਿਣ ਵਾਲਾ ਨਾਮੁ ਆਪਣੇ ਹਿਰਦੇ ਵਿਚ ਵਸਾਂਦੇ ਹਨ। ਸਭ ਜੀਵ ਮਾਇਆ ਦੇ ਮੋਹ ਵਿਚ ਫਸੇ ਪਏ ਹਨ, ਇਸ ਮੋਹ ਵਿਚ ਫਸੇ ਹੋਏ ਉਹੀ ਮਨੁੱਖ ਬਾਹਰ ਨਿਕਲਦੇ ਹਨ, ਜੇਹੜੇ ਗੁਰੂ ਦੀ ਚਰਨੀਂ ਪੈ ਜਾਂਦੇ ਹਨ।

*ਪ੍ਰਾਣੀ ਤੂੰ ਆਇਆ ਲਾਹਾ ਲੈਣਿ ॥ ਲਗਾ ਕਿਤੁ ਕੁਫਕੜੇ ਸਭ ਮੁਕਦੀ ਚਲੀ ਰੈਣਿ ॥ ੧ ॥ ਰਹਾਉ ॥ (੪੩)*

ਪੁਤਰ, ਇਸਤ੍ਰੀ, ਘਰ ਦੇ ਹੋਰ ਸਾਰੇ ਲੋਕ ਮਾਇਆ ਦੇ ਹੀ ਸਾਕ ਹਨ। ਅਖ਼ੀਰ ਵੇਲੇ ਇਨ੍ਹਾਂ ਵਿਚੋਂ ਕੋਈ ਵੀ ਤੇਰਾ ਸਹਾਈ ਨਹੀਂ ਹੋਵੇਗਾ, ਸਾਰੇ ਝੂਠਾ ਪਿਆਰ ਕਰਨ ਵਾਲੇ ਹਨ। ਇਸ ਲਈ ਆਪਣੇ ਇਸ ਸਰੀਰ ਨੂੰ ਕਿਉਂ ਲਾਡਾਂ ਨਾਲ ਪਾਲਦਾ ਰਹਿੰਦਾ ਹੈਂ? ਜਿਵੇਂ ਹਵਾ ਨਾਲ ਧੂਆਂ ਤੇ ਬੱਦਲ ਉੱਡ ਜਾਂਦੇ ਹਨ, ਉਸੇ ਤਰ੍ਹਾਂ ਸਮੇਂ ਨਾਲ ਇਹ ਮਨੁੱਖਾ ਸਰੀਰ ਵੀ ਇਕ ਦਿਨ ਨਾਸ ਹੋ ਜਾਵੇਗਾ। ਅਕਾਲ ਪੁਰਖੁ ਨੇ ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿਣ ਵਾਲਾ ਤੇਰਾ ਇਹ ਸਰੀਰ ਬਣਾਇਆ ਹੈ, ਅਤੇ ਅੰਤ ਨੂੰ ਇਹ ਸਰੀਰ ਪਾਣੀ, ਕੁੱਤਿਆਂ, ਜਾਨਵਰਾਂ ਜਾਂ ਮਿੱਟੀ ਦੇ ਹਵਾਲੇ ਹੋ ਜਾਵੇਗਾ। ਅਕਾਲ ਪੁਰਖੁ ਨੇ ਅਨੇਕਾਂ ਤਰੀਕਿਆਂ ਨਾਲ ਤੇਰੇ ਸਰੀਰ ਦੇ ਸਾਰੇ ਅੰਗ ਬਣਾਏ ਹਨ, ਪਰ ਇਹ ਸਭ ਸੁਆਸਾਂ ਦੇ ਕੱਚੇ ਧਾਗੇ ਵਿਚ ਪਰੋਏ ਹੋਏ ਹਨ, ਜੋ ਕਿ ਇਕ ਦਿਨ ਟੁੱਟ ਜਾਵੇਗਾ ਤੇ ਇਸ ਮਨੁੱਖਾ ਸਰੀਰ ਦੇ ਸਾਰੇ ਅੰਗ ਬੇਕਾਰ ਹੋ ਜਾਣਗੇ। ਇਸ ਲਈ ਨਾਸ਼ਵੰਤ ਮਨੁੱਖਾ ਸਰੀਰ ਦੇ ਮੋਹ ਵਿਚ ਫਸ ਕੇ ਤੂੰ ਅਕਾਲ ਪੁਰਖੁ ਨੂੰ ਕਿਉਂ ਵਿਸਾਰੀ ਬੈਠਾ ਹੈ। ਜੇਕਰ ਸਮਾਂ ਨਿਕਲ ਗਿਆ ਤਾਂ ਫਿਰ ਹੱਥ ਮਲਦਾ ਹੀ ਰਹਿ ਜਾਵੇਗਾ। ਇਸ ਲਈ ਸਿਰਫ਼ ਅਕਾਲ ਪੁਰਖੁ ਦਾ ਭਜਨ ਕਰਿਆ ਕਰ, ਸਬਦ ਗੁਰੂ ਦੁਆਰਾ ਉਸ ਅਕਾਲ ਪੁਰਖੁ ਨਾਲ ਸਾਂਝ ਪਾ, ਕਿਉਂਕਿ ਉਹੀ ਅਸਲ ਪਿਆਰ ਕਰਨ ਵਾਲਾ ਹੈ।

*ਰੇ ਨਰ ਕਾਹੇ ਪਪੋਰਹੁ ਦੇਹੀ ॥ ਊਡਿ ਜਾਇਗੋ ਧੂਮੁ ਬਾਦਰੋ ਇਕੁ ਭਾਜਹੁ ਰਾਮੁ ਸਨੇਹੀ ॥ ਰਹਾਉ ॥ (੬੦੯)*

ਗੁਰੂ ਸਾਹਿਬ ਆਪਣੇ ਆਪ ਨੂੰ ਨੀਵਾਂ ਦੱਸਦੇ ਹੋਏ, ਆਮ ਮਨੁੱਖ ਦੀ ਅਵਸਥਾ ਸਮਝਾਂਦੇ ਹਨ, ਕਿ ਮੈਂ ਸਾਂਸੀਆਂ ਵਾਲੇ ਰੂਪ ਵਿਚ ਰਹਿੰਦਾ ਹਾਂ, ਮੇਰੇ ਨਾਲ ਇਕ ਕੁੱਤਾ ਜੋ ਕਿ ਲੋਭ ਹੈ, ਦੋ ਕੁੱਤੀਆਂ ਆਸਾ ਤੇ ਤ੍ਰਿਸ਼ਨਾ ਹਨ, ਮੇਰੇ ਹੱਥ ਵਿਚ ਝੂਠ ਦਾ ਛੁਰਾ ਹੈ, ਮੈਂ ਮਾਇਆ ਨਾਲ ਠੱਗਿਆ ਜਾ ਰਿਹਾ ਹਾਂ ਤੇ ਪਰਾਇਆ ਹੱਕ ਖਾਂਦਾ ਹਾਂ। ਨਾ ਤਾਂ ਮੈਂ ਤੇਰੀ ਨਸੀਹਤ ਉਪਰ ਚਲਦਾ ਹਾਂ, ਤੇ ਨਾ ਹੀ ਮੇਰੀ ਕਰਣੀ ਚੰਗੀ ਹੈ, ਤੇ ਮੈਂ ਸਦਾ ਡਰਾਉਣੇ ਤੇ ਵਿਗੜੇ ਹੋਇ ਰੂਪ ਵਾਲਾ ਬਣਿਆ ਰਹਿੰਦਾ ਹਾਂ। ਮੈਂ ਦਿਨ ਰਾਤ ਆਪਣੇ ਮੂੰਹ ਨਾਲ ਦੂਜਿਆਂ ਦੀ ਨਿੰਦਾ ਕਰਦਾ ਰਹਿੰਦਾ ਹਾਂ, ਮੈਂ ਨੀਚ ਤੇ ਨੀਵੇਂ ਕਰਮ ਕਰਨ ਵਾਲਾ ਹੋ ਗਿਆ ਹਾਂ, ਪਰਾਇਆ ਘਰ ਤੱਕਦਾ ਹਾਂ। ਮੇਰੇ ਸਰੀਰ ਵਿਚ ਕਾਮ ਤੇ ਕ੍ਰੋਧ ਦੋ ਚੰਡਾਲ ਵੱਸ ਰਹੇ ਹਨ। ਮੇਰਾ ਧਿਆਨ ਅਜੇਹੇ ਪਾਸੇ ਵੱਲ ਰਹਿੰਦਾ ਹੈ, ਕਿ ਲੋਕਾਂ ਨੂੰ ਕਿਸੇ ਤਰ੍ਹਾਂ ਠੱਗੀ ਵਿਚ ਫਸਾ ਲਵਾਂ। ਮੈਂ ਫ਼ਕੀਰਾਂ ਵਾਲਾ ਲਿਬਾਸ ਪਾਇਆ ਹੋਇਆ ਹੈ, ਤੇ ਠੱਗੀ ਦਾ ਅੱਡਾ ਬਣਾਇਆ ਹੋਇਆ ਹੈ, ਅਤੇ ਮੈਂ ਦੇਸ ਦੇ ਲੋਕਾਂ ਨੂੰ ਠੱਗ ਰਿਹਾ ਹਾਂ। ਜਿਉਂ ਜਿਉਂ ਮੈਂ ਆਪਣੇ ਵੱਲੋਂ ਹੋਰ ਸਿਆਣਾ ਬਣਦਾ ਹਾਂ, ਪਾਪਾਂ ਦਾ ਭਾਰ ਮੇਰੇ ਸਿਰ ਉੱਤੇ ਹੋਰ ਜਿਆਦਾ ਚੜ੍ਹਦਾ ਜਾਂਦਾ ਹੈ। ਹੇ ਅਕਾਲ ਪੁਰਖੁ! ਮੈਂ ਤੇਰੀਆਂ ਦਾਤਾਂ ਦੀ ਕਦਰ ਨਹੀਂ ਪਛਾਣੀ, ਮੈਂ ਪਰਾਇਆ ਹੱਕ ਖਾਂਦਾ ਹਾਂ। ਮੈਂ ਵਿਕਾਰੀ ਹਾਂ, ਮੈਂ ਤੇਰਾ ਚੋਰ ਹਾਂ, ਤੇਰੇ ਸਾਹਮਣੇ ਮੈਂ ਕਿਸ ਮੂੰਹ ਨਾਲ ਹਾਜ਼ਰ ਹੋਵਾਂਗਾ? ਮੈਨੂੰ ਹੁਣ ਸਿਰਫ਼ ਇਹੀ ਆਸ ਹੈ, ਇਹੋ ਆਸਰਾ ਹੈ, ਕਿ ਤੇਰਾ ਜੇਹੜਾ ਨਾਮੁ ਸਾਰੇ ਸੰਸਾਰ ਨੂੰ ਪਾਰ ਲੰਘਾਂਦਾ ਹੈ, ਉਹ ਮੈਨੂੰ ਵੀ ਪਾਰ ਲੰਘਾ ਲਏਗਾ।

*ਮੈ ਪਤਿ ਕੀ ਪੰਦਿ ਨ ਕਰਣੀ ਕੀ ਕਾਰ ॥ ਹਉ ਬਿਗੜੈ ਰੂਪਿ ਰਹਾ ਬਿਕਰਾਲ ॥ ਤੇਰਾ ਏਕੁ ਨਾਮੁ ਤਾਰੇ ਸੰਸਾਰੁ ॥ ਮੈ ਏਹਾ ਆਸ ਏਹੋ ਆਧਾਰੁ ॥੧॥ ਰਹਾਉ ॥ (੨੪)*

ਜੇਕਰ ਹੱਥ ਪੈਰ ਜਾਂ ਸਰੀਰ ਲਿੱਬੜ ਜਾਵੇ, ਤਾਂ ਪਾਣੀ ਨਾਲ ਧੋ ਕੇ ਮੈਲ ਉਤਾਰੀ ਜਾ ਸਕਦੀ ਹੈ। ਜੇ ਕੋਈ ਕੱਪੜਾ ਮਲ ਮੂਤਰ ਨਾਲ ਗੰਦਾ ਹੋ ਜਾਏ, ਤਾਂ ਉਸ ਨੂੰ ਸਾਬਣ ਲਾ ਕੇ ਧੋਤਾ ਜਾ ਸਕਦਾ ਹੈ। ਪਰੰਤੂ ਜੇਕਰ ਮਨੁੱਖ ਦੀ ਬੁੱਧੀ ਪਾਪਾਂ ਨਾਲ ਮਲੀਨ ਹੋ ਜਾਏ, ਤਾਂ ਉਹ ਪਾਪ ਸਿਰਫ ਅਕਾਲ ਪੁਰਖ ਦੇ ਨਾਮੁ ਵਿਚ ਰੰਗਿਆਂ ਹੀ ਧੋਤੇ ਜਾ ਸਕਦੇ ਹਨ। ਪੁੰਨ ਜਾਂ ਪਾਪ ਨਿਰੇ ਕਹਿਣ ਵਾਸਤੇ ਨਹੀਂ ਹਨ, ਬਲਕਿ ਜਿਹੋ ਜਿਹੇ ਕਰਮ ਕਰਾਂਗੇ, ਉਹੋ ਜਿਹੇ ਸੰਸਕਾਰ ਆਪਣੇ ਅੰਦਰ ਲਿਖ ਕੇ ਨਾਲ ਲੈ ਜਾਵਾਂਗੇ। ਜੋ ਕੁਝ ਅਸੀਂ ਬੀਜਾਂਗੇ, ਉਸ ਦੇ ਅਨੁਸਾਰ ਫਲ ਵੀ ਅਸੀਂ ਆਪ ਹੀ ਖਾਵਾਂਗੇ। ਆਪਣੇ ਕੀਤੇ ਹੋਏ ਕਰਮਾਂ ਅਨੁਸਾਰ ਅਕਾਲ ਪੁਰਖ ਦੇ ਹੁਕਮੁ ਅਨੁਸਾਰ ਜਨਮ ਮਰਨ ਦੇ ਗੇੜ ਵਿਚ ਪਏ ਰਹਾਂਗੇ। ਜਪੁਜੀ ਸਾਹਿਬ ਦੀ ਪਹਿਲੀ ਪਉੜੀ ਵਿਚ ਸਬਦ ਹੈ, ***'ਹੁਕਮਿ ਰਜਾਈ ਚਲਣਾ, ਨਾਨਕ ਲਿਖਿਆ ਨਾਲਿ'***। ਦੂਜੀ ਪਉੜੀ ਵਿਚ ਹੁਕਮੁ ਸਬੰਧੀ ਜ਼ਿਕਰ ਆਇਆ ਹੈ, ***'ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ'***। ਹੁਣ ਦੂਸਰੀ ਪਉੜੀ ਵਿਚ ਉਪਰਲੀਆਂ ਤੁਕਾਂ ਵਾਲਾ ਖ਼ਿਆਲ ਬਿਲਕੁਲ ਸਪੱਸ਼ਟ ਸਮਝਾਇਆ ਗਿਆ ਹੈ, ਕਿ ਸਾਰੀ ਸ੍ਰਿਸ਼ਟੀ ਅਕਾਲ ਪੁਰਖ ਦੇ ਖ਼ਾਸ ਨਿਯਮਾਂ ਅਨੁਸਾਰ ਚੱਲ ਰਹੀ ਹੈ, ਤੇ ਇਨ੍ਹਾਂ ਨਿਯਮਾਂ ਨੂੰ ਗੁਰੂ ਨਾਨਕ ਸਾਹਿਬ ਨੇ ਹੁਕਮੁ ਦੱਸਿਆ ਹੈ। ਅਕਾਲ ਪੁਰਖ ਦੇ ਨਿਯਮ ਅਜੇਹੇ ਹਨ, ਕਿ ਮਨੁੱਖ ਜਿਹੋ ਜਿਹੇ ਕਰਮ ਕਰਦਾ ਹੈ, ਉਹੋ ਜਿਹਾ ਫਲ ਪਾਂਦਾ ਹੈ। ਉਸ ਦੇ ਆਪਣੇ ਅੰਦਰ ਉਹੋ ਜਿਹੇ ਹੀ ਚੰਗੇ ਮੰਦੇ ਸੰਸਕਾਰ ਬਣ ਜਾਂਦੇ ਹਨ, ਤੇ ਉਨ੍ਹਾਂ ਅਨੁਸਾਰ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ਜੇਕਰ ਸਬਦ ਗੁਰੂ ਦੁਆਰਾ ਨਾਮੁ ਦੀ ਸੋਝੀ ਮਿਲ ਜਾਵੇਂ ਤਾਂ, ਅਕਾਲ ਪੁਰਖ ਦੀ ਰਜ਼ਾ ਵਿਚ ਤੁਰ ਕੇ ਮਨੁੱਖ ਆਪਣਾ ਜਨਮ ਸਫਲ ਕਰ ਸਕਦਾ ਹੈ। ਮਾਇਆ ਦੇ ਪਰਭਾਵ ਦੇ ਕਾਰਨ ਮਨੁੱਖ ਵਿਕਾਰਾਂ ਵਿਚ ਪਇਆ ਰਹਿੰਦਾ ਹੈ, ਤੇ ਉਸ ਦੀ ਮੱਤ ਮੈਲੀ ਹੋ ਜਾਂਦੀ ਹੈ। ਇਹ ਮਨ ਦੀ ਮੈਲ ਮਨੁੱਖ ਨੂੰ ਅਕਾਲ ਪੁਰਖੁ ਤੋਂ ਵਿਛੋੜੀ ਰੱਖਦੀ ਹੈ, ਤੇ ਜੀਵ ਦੁਖੀ ਹੁੰਦਾ ਰਹਿੰਦਾ ਹੈ। ਅਕਾਲ ਪੁਰਖੁ ਦਾ ਨਾਮੁ ਇਕ ਅਜੇਹਾ ਵਸੀਲਾ ਹੈ, ਜਿਸ ਨਾਲ ਮਨ ਦੀ ਇਹ ਮੈਲ ਧੁਪ ਸਕਦੀ ਹੈ। ਗਲਾਸ ਦੇ ਗੰਦੇ ਪਾਣੀ ਵਿਚ ਜੇ ਕਰ ਲਗਾਤਾਰ ਸਾਫ ਪਾਣੀ ਪਾਉਂਦੇ ਰਹੀਏ ਤਾਂ ਉਹ ਵੀ ਹੌਲੀ ਹੌਲੀ ਸ਼ੁਧ ਹੁੰਦਾ ਜਾਂਦਾ ਹੈ। ਇਸੇ ਤਰ੍ਹਾਂ ਜੇ ਕਰ ਮੱਤ ਵਿਚ ਲਗਾਤਾਰ ਨਾਮੁ ਰੂਪੀ ਸੱਚੀ ਬਾਣੀ ਪਾਉਂਦੇ ਰਹੀਏ ਤਾਂ ਉਹ ਮੱਤ ਵਿਕਾਰ ਰਹਿਤ ਹੋ ਜਾਂਦੀ ਹੈ। ਜਾਂ ਕਹਿ ਲਓ ਕਿ ਜਿਸ ਤਰ੍ਹਾਂ ਬੱਸ ਵਿਚ ਸਫਰ ਕਰਨ ਲਈ ਟਿਕਟ ਦੀ ਲੋੜ ਹੁੰਦੀ ਹੈ, ਉਸੇ ਤਰ੍ਹਾਂ ਅਕਾਲ ਪੁਰਖੁ ਦੇ ਦਰ ਤੇ ਜਾਣ ਲਈ ਨਾਮੁ ਰੂਪੀ ਟਿਕਟ ਦੀ ਲੋੜ ਹੈ।

*ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ ਉਤਰਸੁ ਖੇਹ ॥ ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥* ***ਭਰੀਐ ਮਤਿ ਪਾਪਾ ਕੈ ਸੰਗਿ ॥ ਓਹੁ ਧੋਪੈ ਨਾਵੈ ਕੈ ਰੰਗਿ ॥*** *ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥ (੪)*

ਜਿਵੇਂ ਦਾਣਿਆਂ ਤੋਂ ਬਿਨਾ ਖ਼ਾਲੀ ਛਿਲਕੇ ਕਿਸੇ ਕੰਮ ਨਹੀਂ ਆਉਂਦੇ ਹਨ, ਉਸੇ ਤਰ੍ਹਾਂ ਉਹ ਮੂੰਹ ਸੁੰਞੇ ਹਨ, ਜੋ ਅਕਾਲ ਪੁਰਖੁ ਦਾ ਨਾਮੁ ਨਹੀਂ ਜਪਦੇ। ਇਸ ਲਈ ਗੁਰੂ ਸਾਹਿਬ ਸਮਝਾਂਦੇ ਹਨ ਕਿ ਹਮੇਸ਼ਾਂ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਇਹ ਪਰਾਇਆ ਸਰੀਰ ਜੋ ਕਿ ਮੌਤ ਆਉਣ ਵੇਲੇ ਇਥੇ ਹੀ ਛੱਡਣਾ ਪੈਂਣਾ ਹੈ, ਫਿਟਕਾਰਨ ਯੋਗ ਹੋ ਜਾਵੇਗਾ। ਜਿਸ ਬੀਜ ਅੰਦਰ ਦਾਣਾਂ ਨਹੀਂ ਉਹ ਸੁਟ ਦਿਤਾ ਜਾਂਦਾ ਹੈ, ਜਿਸ ਸਰੀਰ ਅੰਦਰ ਨਾਮੁ ਨਹੀਂ ਉਹ ਧ੍ਰਿਗ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਤੋਂ ਬਿਨਾ ਕਿਸੇ ਦੇ ਮੱਥੇ ਉਤੇ ਭਾਗ ਨਹੀਂ ਖੁਲ ਸਕਦੇ, ਤੇ ਖਸਮ ਤੋਂ ਬਿਨਾ ਜੀਵ ਰੂਪੀ ਇਸਤ੍ਰੀ ਸੁਹਾਗਣ ਨਹੀਂ ਹੋ ਸਕਦੀ। ਜੇਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਭੁਲਾ ਕੇ ਹੋਰ ਹੋਰ ਸੁਆਦਾਂ ਵਿਚ ਲੱਗਿਆ ਰਹਿੰਦਾ ਹੈ, ਉਸ ਦੀ ਕੋਈ ਆਸ ਪੂਰੀ ਨਹੀਂ ਹੋ ਸਕਦੀ। ਇਸ ਲਈ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਹੇ ਅਕਾਲ ਪੁਰਖੁ ਮੇਰੇ ਤੇ ਮਿਹਰ

ਕਰੋ ਤੇ ਮੈਂਨੂੰ ਆਪਣੇ ਨਾਮੁ ਦੀ ਦਾਤ ਬਖ਼ਸ਼ੋ। ਅਕਾਲ ਪੁਰਖੁ ਜਿਸ ਮਨੁੱਖ ਨੂੰ ਆਪਣੇ ਨਾਮੁ ਦੀ ਦਾਤ ਬਖ਼ਸ਼ਦਾ ਹੈ, ਉਹ ਦਿਨ ਰਾਤ ਉਸ ਦਾ ਨਾਮੁ ਜਪਦਾ ਰਹਿੰਦਾ ਹੈ।

*ਗਉੜੀ ਮਹਲਾ ੫ ॥ **ਕਣ ਬਿਨਾ ਜੈਸੇ ਥੋਥਰ ਤੁਖਾ ॥ ਨਾਮ ਬਿਹੂਨ ਸੂਨੇ ਸੇ ਮੁਖਾ ॥੧॥ ਹਰਿ ਹਰਿ ਨਾਮੁ ਜਪਹੁ ਨਿਤ ਪ੍ਰਾਣੀ ॥ ਨਾਮ ਬਿਹੂਨ ਧ੍ਰਿਗੁ ਦੇਹ ਬਿਗਾਨੀ ॥੧॥ ਰਹਾਉ** (੧੯੨-੧੯੩)*

ਗੁਰੂ ਸਾਹਿਬ ਸਮਝਾਂਦੇ ਹਨ, ਕਿ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ, ਹੇ ਮੇਰੇ ਗੋਬਿੰਦ! ਮੈਨੂੰ ਮਿਲੋ, ਤੇ ਮੈਨੂੰ ਆਪਣਾ ਨਾਮੁ ਦਿਉ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਹੋਰ ਦੁਨੀਆ ਵਾਲੇ ਮੋਹ ਤੇ ਪਿਆਰ ਸਭ ਵਿਅਰਥ ਤੇ ਫਿਟਕਾਰਨ ਯੋਗ ਹਨ। ਅਕਾਲ ਪੁਰਖੁ ਦੇ ਨਾਮੁ ਦੀ ਯਾਦ ਤੋਂ ਬਿਨਾ ਮਨੁੱਖ ਜੋ ਕੁਝ ਵੀ ਪਹਿਨਦਾ ਹੈ, ਖਾਂਦਾ ਹੈ, ਉਹ ਇਉਂ ਹੀ ਹੈ, ਜਿਵੇਂ ਕਿ ਕੋਈ ਕੁੱਤਾ ਆਪਣਾ ਮੂੰਹ, ਜੂਠੀਆਂ ਤੇ ਗੰਦੀਆਂ ਚੀਜ਼ਾਂ ਵਿਚ ਪਾਂਦਾ ਫਿਰਦਾ ਹੈ। ਅਕਾਲ ਪੁਰਖੁ ਦਾ ਨਾਮੁ ਭੁਲਾ ਕੇ ਮਨੁੱਖ ਹੋਰ ਜਿਤਨੇ ਵੀ ਕਾਰ ਵਿਹਾਰ ਕਰਦਾ ਹੈ, ਉਹ ਇੰਜ ਹਨ ਜਿਵੇਂ ਕਿ ਕਿਸੇ ਮੁਰਦੇ ਨੂੰ ਸ਼ਿੰਗਾਰਨਾ ਝੂਠਾ ਤੇ ਵਿਅਰਥ ਉੱਦਮ ਹੈ। ਜੇਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਭੁਲਾ ਕੇ ਦੁਨੀਆ ਦੇ ਪਦਾਰਥ ਭੋਗਦਾ ਰਹਿੰਦਾ ਹੈ, ਉਸ ਨੂੰ ਉਨ੍ਹਾਂ ਭੋਗਾਂ ਤੋਂ ਸੁਪਨੇ ਵਿਚ ਵੀ ਕਦੇ ਸੁਖ ਨਹੀਂ ਮਿਲ ਸਕਦਾ, ਪਰ, ਹਾਂ ਇਨ੍ਹਾਂ ਪਦਾਰਥ ਦੇ ਭੋਗਣ ਨਾਲ ਉਸ ਦੇ ਸਰੀਰ ਵਿਚ ਰੋਗ ਜਰੂਰ ਪੈਦਾ ਹੋ ਸਕਦੇ ਹਨ। ਜੇਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਛੱਡ ਕੇ ਹੋਰ ਹੋਰ ਕੰਮ ਕਾਜ ਕਰਦਾ ਰਹਿੰਦਾ ਹੈ, ਉਸ ਦਾ ਆਤਮਕ ਜੀਵਨ ਨਾਸ ਹੋ ਜਾਂਦਾ ਹੈ, ਤੇ ਉਸ ਦੇ ਦੁਨੀਆ ਵਾਲੇ ਸਾਰੇ ਵਿਖਾਵੇ ਵਿਅਰਥ ਚਲੇ ਜਾਂਦੇ ਹਨ। ਜੇਹੜਾ ਮਨੁੱਖ ਆਪਣੇ ਮਨ ਵਿਚ ਅਕਾਲ ਪੁਰਖੁ ਦੇ ਨਾਮੁ ਨਾਲ ਪ੍ਰੀਤਿ ਨਹੀਂ ਜੋੜਦਾ ਹੈ, ਉਹ ਹੋਰ ਕ੍ਰੋੜਾਂ ਹੀ ਮਿੱਥੇ ਹੋਏ ਧਾਰਮਿਕ ਕੰਮ ਕਰਦਾ ਹੋਇਆਂ ਵੀ ਸਦਾ ਨਰਕਾਂ ਵਿਚ ਪਿਆ ਰਹਿੰਦਾ ਹੈ। ਜਿਸ ਮਨੁੱਖ ਨੇ ਅਕਾਲ ਪੁਰਖੁ ਦਾ ਨਾਮੁ ਨਹੀਂ ਸਿਮਰਿਆ, ਉਸ ਦੀ ਹਾਲਤ ਉਸ ਤਰ੍ਹਾਂ ਹੁੰਦੀ ਹੈ, ਜਿਵੇਂ ਕੋਈ ਚੋਰ ਸੰਨ੍ਹ ਲਾਉਂਦਾ ਫੜਿਆ ਜਾਂਦਾ ਹੈ ਤੇ ਫਿਰ ਲੋਕਾਂ ਤੇ ਪੁਲੀਸ ਕੋਲੋਂ ਮਾਰ ਖਾਂਦਾ ਹੈ ਅਤੇ ਜੇਲ ਵਿਚ ਪਿਆ ਰਹਿੰਦਾ ਹੈ। ਇਸੇ ਤਰ੍ਹਾਂ ਨਾਮੁ ਨਾ ਸਿਮਰਨ ਵਾਲਾ ਮਨੁੱਖ ਵੀ ਜਮ ਦੀ ਪੁਰੀ ਵਿਚ ਬੱਝਾ ਰਹਿੰਦਾ ਹੈ, ਭਾਵ ਉਹ ਆਤਮਕ ਮੌਤ ਦੇ ਪੰਜੇ ਵਿਚ ਫਸਿਆ ਰਹਿੰਦਾ ਹੈ ਤੇ ਆਪਣੇ ਮਨ ਤੇ ਸਰੀਰ ਉੱਪਰ ਦੁਖਾਂ ਦੀਆਂ ਚੋਟਾਂ ਸਹਾਰਦਾ ਰਹਿੰਦਾ ਹੈ। ਦੁਨੀਆ ਵਿਚ ਇੱਜ਼ਤ ਬਣਾਈ ਰੱਖਣ ਲਈ ਲੱਖਾਂ ਤਰ੍ਹਾਂ ਦੇ ਵਿਖਾਵੇ, ਉੱਦਮ ਤੇ ਹੋਰ ਅਨੇਕਾਂ ਤਰ੍ਹਾਂ ਦੇ ਖਿਲਾਰੇ, ਇਹ ਸਾਰੇ ਹੀ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਵਿਅਰਥ ਕਰਮ ਹਨ। ਪਰੰਤੂ, ਉਹੀ ਮਨੁੱਖ ਅਕਾਲ ਪੁਰਖੁ ਦਾ ਨਾਮੁ ਸਿਮਰਦਾ ਹੈ, ਜਿਸ ਨੂੰ ਅਕਾਲ ਪੁਰਖੁ ਆਪ ਕਿਰਪਾ ਕਰ ਕੇ ਇਹ ਦਾਤ ਬਖਸ਼ਦਾ ਹੈ।

*ਗਉੜੀ ਮਹਲਾ ੫ ॥ **ਮਿਲੁ ਮੇਰੇ ਗੋਬਿੰਦ ਅਪਨਾ ਨਾਮੁ ਦੇਹੁ ॥ ਨਾਮ ਬਿਨਾ ਧ੍ਰਿਗੁ ਧ੍ਰਿਗੁ ਅਸਨੇਹੁ ॥੧॥ ਰਹਾਉ** ॥ ਨਾਮ ਬਿਨਾ ਜੋ ਪਹਿਰੈ ਖਾਇ ॥ ਜਿਉ ਕੂਕਰ ਜੂਠਨ ਮਹਿ ਪਾਇ ॥੧॥ ਨਾਮ ਬਿਨਾ ਜੇਤਾ ਬਿਉਹਾਰੁ ॥ ਜਿਉ ਮਿਰਤਕ ਮਿਥਿਆ ਸੀਗਾਰੁ ॥੨॥ ਨਾਮੁ ਬਿਸਾਰਿ ਕਰੇ ਰਸ ਭੋਗ ॥ ਸੁਖੁ ਸੁਪਨੈ ਨਹੀ ਤਨ ਮਹਿ ਰੋਗ ॥੩॥ ਨਾਮੁ ਤਿਆਗਿ ਕਰੇ ਅਨ ਕਾਜ ॥ ਬਿਨਸਿ ਜਾਇ ਝੂਠੇ ਸਭਿ ਪਾਜ ॥੪॥ ਨਾਮ ਸੰਗਿ ਮਨਿ ਪ੍ਰੀਤਿ ਨ ਲਾਵੈ ॥ ਕੋਟਿ ਕਰਮ ਕਰਤੋ ਨਰਕਿ ਜਾਵੈ ॥੫॥ **ਹਰਿ ਕਾ ਨਾਮੁ ਜਿਨਿ ਮਨਿ ਨ ਆਰਾਧਾ ॥ ਚੋਰ ਕੀ ਨਿਆਈ ਜਮ ਪੁਰਿ ਬਾਧਾ ॥੬॥** ਲਾਖ ਅਡੰਬਰ ਬਹੁਤੁ ਬਿਸਥਾਰਾ ॥ ਨਾਮ ਬਿਨਾ ਝੂਠੇ ਪਾਸਾਰਾ ॥੭॥ ਹਰਿ ਕਾ ਨਾਮੁ ਸੋਈ ਜਨੁ ਲੇਇ ॥ ਕਰਿ ਕਿਰਪਾ ਨਾਨਕ ਜਿਸੁ ਦੇਇ ॥੮॥੧੦॥ (੨੪੦)*

ਇਹ ਧਿਆਨ ਵਿਚ ਰੱਖਣਾ ਹੈ ਕਿ ਉੱਪਰ ਲਿਖੇ ਸਬਦ ਵਿਚ ਲਿਖੀਆਂ ਹੋਈਆਂ ਚਿਤਾਵਨੀਆਂ ਕੋਈ ਰਵਾਇਤੀ ਗੱਲਾਂ ਜਾਂ ਇਕ ਸ਼ਰਾਪ ਦੀ ਤਰ੍ਹਾਂ ਨਹੀਂ ਹਨ, ਬਲਕਿ ਮਨੁੱਖਾ ਜੀਵਨ ਦੀਆਂ ਹਕੀਕਤਾਂ ਹਨ। ਕੁਦਰਤ ਦੀ ਸਚਾਈ ਬਾਰੇ ਨਾਮੁ ਦੇ ਮਿਲਣ ਤੋਂ ਬਿਨਾ ਪਤਾ ਨਹੀਂ ਲਗ ਸਕਦਾ, ਤੇ ਹੁਕਮੁ ਨੂੰ ਪਛਾਨਣ ਤੋਂ ਬਿਨਾ ਜੀਵਨ ਦੇ ਸਹੀ ਮਾਰਗ ਬਾਰੇ ਪਤਾ ਨਹੀਂ ਲਗ ਸਕਦਾ। ਗੁਰਬਾਣੀ ਨੂੰ ਵਿਚਾਰਨ ਤੋਂ ਬਿਨਾ ਅਕਾਲ ਪੁਰਖ ਦੇ ਨਾਮੁ ਤੇ ਹੁਕਮੁ ਦੀ ਸਚਾਈ ਸਮਝ ਨਹੀਂ ਆ ਸਕਦੀ। ਜੇਕਰ ਸਹੀ ਰਸਤੇ ਦਾ ਪਤਾ ਨਾ ਹੋਵੇ ਤਾਂ ਮੰਜਲ ਤਕ ਪਹੁੰਚਿਆ ਨਹੀਂ ਜਾ ਸਕਦਾ, ਕੀ ਖਾਣਾਂ ਹੈ ਸਮਝ ਨਹੀਂ ਆ ਸਕਦਾ, ਕੀ ਗਲਤ ਹੈ ਜਾਂ ਠੀਕ ਹੈ ਉਸ ਦਾ ਪਤਾ ਨਹੀਂ ਲਗਦਾ, ਕੀ ਕਰਨਾ ਹੈ ਜਾਂ ਕੀ ਨਹੀਂ ਕਰਨਾ ਹੈ ਸਹੀ ਜਾਣਕਾਰੀ ਨਹੀਂ ਮਿਲਦੀ, ਕਦੋਂ ਖਾਣਾਂ ਹੈ ਤੇ ਕਦੋਂ ਨਹੀਂ ਖਾਂਣਾ ਹੈ, ਉਸ ਦੇ ਭੁਲੇਖੇ ਵਿਚ ਪਏ ਰਹਿੰਦੇ ਹਾਂ, ਕਿਸ ਤਰ੍ਹਾਂ ਦੀ ਲੋਕਾਚਾਰੀ ਕਰਨੀ ਹੈ ਤੇ ਕਿਸ ਤਰ੍ਹਾਂ ਦੀ ਨਹੀਂ, ਆਦਿ। ਇਨ੍ਹਾਂ ਸਭ ਵਿਸ਼ਿਆਂ ਸਬੰਧੀ ਜਾਣਕਾਰੀ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੁਆਰਾ ਲਈ ਜਾ ਸਕਦੀ ਹੈ। ਗੁਰਬਾਣੀ ਦੁਆਰਾ ਅਕਾਲ ਪੁਰਖ ਦੇ ਹੁਕਮੁ ਨੂੰ ਪਛਾਣਿਆ ਜਾ ਸਕਦਾ ਹੈ, ਅਕਾਲ ਪੁਰਖ ਦਾ ਨਾਮੁ ਪਾਇਆ ਜਾ ਸਕਦਾ ਹੈ, ਤੇ ਮਨੁੱਖਾ ਜੀਵਨ ਦਾ ਮੰਤਵ ਸਮਝ ਕੇ ਮਨੁੱਖਾ ਜਨਮ ਸਫਲ ਕੀਤਾ ਜਾ ਸਕਦਾ ਹੈ।

ਸਰੀਰ ਇਥੋਂ ਚਲਦਾ ਹੈ ਅਤੇ ਇਥੇ ਹੀ ਰਹਿ ਜਾਂਦਾ ਹੈ। ਮਨ/ਆਤਮਾ ਅਕਾਲ ਪੁਰਖ ਤੋਂ ਚਲਿਆ ਹੈ, ਤੇ ਉਥੇ ਹੀ ਵਾਪਿਸ ਚਲੇ ਜਾਣਾ ਹੈ। ਭੀੜ ਵਿਚ ਇਨਸਾਨ ਆਸਾਨੀ ਨਾਲ ਅੱਗੇ ਨਹੀਂ ਚਲ ਸਕਦਾ ਹੈ, ਕਿਉਂਕਿ ਉਹ ਧੱਕਿਆਂ ਕਰਕੇ ਕਦੀ ਅੱਗੇ ਅਤੇ ਕਦੀ ਪਿਛੇ ਜਾਂਦਾ ਰਹਿੰਦਾ ਹੈ। ਇਸੇ ਤਰ੍ਹਾਂ ਮਨੁੱਖ ਦਾ ਮਨ ਵੀ ਕਲਪਨਾਂ ਦੀ ਭੀੜ ਵਿਚ ਫਸਿਆ ਰਹਿੰਦਾਂ ਹੈ, ਜਿਸ ਕਰਕੇ ਉਹ ਆਸਾਨੀ ਨਾਲ ਅੱਗੇ ਨਹੀਂ ਜਾ ਸਕਦਾ। ਜੇ ਕਰ ਅੱਗੇ ਜਾਣਾ ਹੈ ਤਾਂ ਰਸਤਾ ਸਾਫ ਕਰਨਾਂ ਪਵੇਗਾ, ਮਨ ਦੀਆਂ ਕਲਪਨਾਂ

ਨੂੰ ਆਪਣੇ ਕਾਬੂ ਵਿਚ ਕਰਨਾ ਪਵੇਗਾ, ਪਰੰਤੂ ਇਹ ਸਿਰਫ ਗੁਰਬਾਣੀ ਦੁਆਰਾ ਅਕਾਲ ਪੁਰਖ ਦੇ ਨਾਮੁ ਜਪਨ ਨਾਲ ਹੀ ਸੰਭਵ ਹੋ ਸਕਦਾ ਹੈ।

ਇਹ ਦੁਨੀਆ ਤਾਂ ਮਨੁੱਖ ਦੇ ਮਨ ਲਈ ਇਕ ਆਰਜ਼ੀ ਟਿਕਾਣਾ ਹੈ, ਇਸ ਲਈ ਆਪਣੇ ਭਟਕ ਰਹੇ ਮਨ ਨੂੰ ਪ੍ਰੇਰਨਾ ਹੈ ਕਿ ਉਹ ਆਪਣੇ ਅਸਲੀ ਟਿਕਾਣੇ, ਭਾਵ ਅਕਾਲ ਪੁਰਖ ਦੇ ਚਰਨਾਂ ਵਿਚ ਜੁੜੇ। ਆਪਣੇ ਪਿਆਰੇ ਮਨ ਨੂੰ ਸਮਝਾਂਣਾਂ ਹੈ ਕਿ ਅਕਾਲ ਪੁਰਖ ਨਾਲ ਮਿਲਾਣ ਵਾਲੇ ਸਤਿਗੁਰੂ ਨੂੰ ਮਿਲੇ, ਜਿਸ ਸਦਕਾ ਮਨੁੱਖ ਨੂੰ ਸਮਝ ਆ ਜਾਵੇਗੀ, ਕਿ ਸਭ ਸੁਖਾਂ ਦਾ ਦਾਤਾ ਅਕਾਲ ਪੁਰਖੁ, ਉਸ ਦੇ ਆਪਣੇ ਅੰਦਰ ਹੀ ਵੱਸ ਰਿਹਾ ਹੈ। ਆਪਣੇ ਪਿਆਰੇ ਮਨ ਨੂੰ ਸਮਝਾਂਣਾਂ ਹੈ ਕਿ ਅਕਾਲ ਪੁਰਖੁ ਦੇ ਪ੍ਰੇਮ ਵਿਚ ਟਿਕ ਕੇ ਆਤਮਕ ਆਨੰਦ ਮਾਣ, ਤੇ ਅਰਦਾਸ ਕਰਿਆ ਕਰ ਕਿ ਅਕਾਲ ਪੁਰਖੁ ਤੇਰੇ ਉਤੇ ਆਪਣੀ ਮੇਹਰ ਦੀ ਨਜ਼ਰ ਕਰਦਾ ਰਹੇ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਜਿਸ ਮਨੁੱਖ ਉਤੇ ਸਤਿਗੁਰੂ ਦਇਆਵਾਨ ਹੁੰਦਾ ਹੈ, ਉਸ ਨੂੰ ਅਕਾਲ ਪੁਰਖੁ ਨਾਲ ਮਿਲਾ ਦੇਂਦਾ ਹੈ।

***ਮੇਰੇ ਮਨ ਪਰਦੇਸੀ ਵੇ ਪਿਆਰੇ ਆਉ ਘਰੇ ॥ ਹਰਿ ਗੁਰੂ ਮਿਲਾਵਹੁ ਮੇਰੇ ਪਿਆਰੇ ਘਰਿ ਵਸੈ ਹਰੇ ॥ ਰੰਗਿ ਰਲੀਆ ਮਾਣਹੁ ਮੇਰੇ ਪਿਆਰੇ ਹਰਿ ਕਿਰਪਾ ਕਰੇ ॥ ਗੁਰੁ ਨਾਨਕੁ ਤੁਠਾ ਮੇਰੇ ਪਿਆਰੇ ਮੇਲੇ ਹਰੇ ॥ ੧॥ (੪੫੧)***

ਗੁਰੂ ਨਾਨਕ ਸਾਹਿਬ ਆਸਾ ਕੀ ਵਾਰ ਵਿਚ ਨਾਮੁ ਦੀ ਲੋੜ ਸਬੰਧੀ ਬੜੀ ਸੁੰਦਰ ਉਦਾਹਰਣ ਦੇ ਕੇ ਸਮਝਾਂਦੇ ਹਨ, ਕਿ ਸਭ ਤੋਂ ਪਹਿਲਾਂ ਬ੍ਰਾਹਮਣ ਨਹਾ ਧੋ ਕੇ ਤੇ ਸੁੱਚਾ ਹੋ ਕੇ ਸੁੱਚੇ ਚੌਕੇ ਉੱਤੇ ਆ ਬੈਠਦਾ ਹੈ, ਉਸ ਦੇ ਅੱਗੇ ਜਜਮਾਨ ਉਹ ਭੋਜਨ ਲਿਆ ਰੱਖਦਾ ਹੈ, ਜਿਸ ਨੂੰ ਅਜੇ ਤੱਕ ਕਿਸੇ ਹੋਰ ਨੇ ਭਿੱਟਿਆ ਨਹੀਂ ਸੀ। ਬ੍ਰਾਹਮਣ ਸੁੱਚਾ ਹੋ ਕੇ ਉਸ ਸੁੱਚੇ ਭੋਜਨ ਨੂੰ ਖਾਂਦਾ ਹੈ, ਤੇ ਖਾ ਕੇ ਸਲੋਕ ਪੜ੍ਹਨ ਲੱਗ ਪੈਂਦਾ ਹੈ, ਪਰੰਤੂ ਅਸਲੀਅਤ ਇਹ ਹੈ ਕਿ ਉਹ ਇਸ ਪਵਿਤਰ ਭੋਜਨ ਨੂੰ ਗੰਦੇ ਥਾਂ ਭਾਵ ਢਿੱਡ ਵਿਚ ਪਾ ਲੈਂਦਾ ਹੈ। ਹੁਣ ਸਵਾਲ ਪੈਦਾ ਹੁੰਦਾ ਹੈ ਕਿ, ਉਸ ਪਵਿਤਰ ਭੋਜਨ ਨੂੰ ਗੰਦੇ ਥਾਂ ਸੁੱਟਣ ਦਾ ਦੋਸ਼ ਕਿਸ ਤੇ ਆਇਆ? ਬ੍ਰਾਹਮਣ ਮੱਤ ਅਨੁਸਾਰ ਅੰਨ, ਪਾਣੀ, ਅੱਗ ਤੇ ਲੂਣ ਇਹ ਚਾਰੇ ਹੀ ਦੇਵਤੇ ਹਨ, ਭਾਵ ਪਵਿਤਰ ਪਦਾਰਥ ਹਨ, ਪੰਜਵਾਂ ਘਿਉ ਵੀ ਪਵਿਤਰ ਹੈ, ਜੋ ਇਨ੍ਹਾਂ ਚੌਹਾਂ ਵਿਚ ਪਾਇਆ ਜਾਂਦਾ ਹੈ। ਹੁਣ ਇਨ੍ਹਾਂ ਪੰਜਾਂ ਨੂੰ ਰਲਾਇਆਂ ਜਾਂਦਾ ਹੈ ਤੇ ਬੜਾ ਪਵਿਤਰ ਭੋਜਨ ਤਿਆਰ ਕੀਤਾ ਜਾਂਦਾ ਹੈ। ਹੁਣ ਇਨ੍ਹਾਂ ਪੰਜਾਂ ਦੇਵਤਿਆਂ ਦੇ ਸਰੀਰਾਂ ਨੂੰ, ਭਾਵ ਇਸ ਪਵਿਤਰ ਭੋਜਨ ਨੂੰ ਪਾਪੀ ਮਨੁੱਖ ਦੇ ਸਰੀਰ ਨਾਲ ਸੰਗਤ ਹੁੰਦੀ ਹੈ। ਇਹ ਪਵਿਤਰ ਖਾਣਾਂ ਮਨੁੱਖ ਦੇ ਪੇਟ ਵਿਚ ਜਾਂਦਾ ਹੈ ਤੇ ਉਸ ਦੇ ਸਰੀਰ ਵਿਚੋਂ ਮਲ ਮੂਤਰ ਦੇ ਰੂਪ ਵਿਚ ਫੋਕਟ ਪਦਾਰਥ ਬਾਹਰ ਨਿਕਲਦੇ ਹਨ, ਜਿਨ੍ਹਾਂ ਵੱਲ ਕੋਈ ਵੇਖਣਾਂ ਨਹੀਂ ਚਾਹੁੰਦਾ ਤੇ ਜੇਕਰ ਵੇਖ ਵੀ ਲੈਂਣ ਤਾਂ ਉਸ ਉੱਪਰ ਥੁੱਕਦੇ ਹਨ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਇਸੇ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ, ਕਿ ਜਿਸ ਮੂੰਹ ਨਾਲ ਮਨੁੱਖ ਅਕਾਲ ਪੁਰਖ ਦਾ ਨਾਮੁ ਨਹੀਂ ਯਾਦ ਕਰਦਾ, ਤੇ ਅਕਾਲ ਪੁਰਖ ਦਾ ਧੰਨਵਾਦ ਕਰਨ ਤੋਂ ਬਿਨਾ ਸੁਆਦਲੇ ਪਦਾਰਥ ਖਾਂਦਾ ਹੈ, ਉਸ ਮੂੰਹ ਉਤੇ ਵੀ ਫਿਟਕਾਰਾਂ ਪੈਂਦੀਆਂ ਹਨ। ਇਸ ਲਈ ਆਪਣਾ ਖਾਂਣਾ ਖਾਂਣ ਤੋਂ ਪਹਿਲਾਂ, ਹਮੇਸ਼ਾਂ ਉਸ ਅਕਾਲ ਪੁਰਖ ਦਾ ਧੰਨਵਾਦ ਕਰਨਾ ਚਾਹੀਦਾ ਹੈ, ਜਿਸ ਨੇ ਖਾਣ ਪਹਿਨਣ ਤੇ ਰਹਿੰਣ ਲਈ ਇਹ ਸਭ ਕੁਝ ਦਿੱਤਾ ਹੈ।

*ਸਲੋਕੁ ਮਃ ੧ ॥ ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ ॥ ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ ॥ ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ ॥ ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ ॥* ***ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ ॥ ਤਾ ਹੋਆ ਪਾਕੁ ਪਵਿਤੁ ॥ ਪਾਪੀ ਸਿਉ ਤਨੁ ਗਡਿਆ ਥੁਕਾ ਪਈਆ ਤਿਤੁ ॥ ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ ॥ ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ*** *॥ ੧ ॥ (ਪਉੜੀ ੧੯) (੪੭੩)*

ਜੋ ਨੌਕਰ ਆਪਣੇ ਮਾਲਕ ਦੀ ਮਰਜ਼ੀ ਅਨੁਸਾਰ ਕੰਮ ਕਰੇ, ਤਾਂ ਸਮਝ ਲਉ, ਕਿ ਉਹ ਮਾਲਕ ਦੀ ਪੱਕੀ ਨੌਕਰੀ ਕਰ ਰਿਹਾ ਹੈ। ਉਸ ਨੂੰ ਮਾਲਕ ਕੋਲੋਂ ਬੜੀ ਇੱਜ਼ਤ ਮਿਲਦੀ ਹੈ, ਤੇ ਦੂਜੇ ਪਾਸੇ ਖੁਸ਼ ਹੋਣ ਤੇ ਕਈ ਵਾਰੀ ਮਾਲਕ ਕੋਲੋ ਤਨਖ਼ਾਹ ਵੀ ਦੂਣੀ ਮਿਲ ਸਕਦੀ ਹੈ। ਪਰ ਜੇਕਰ ਸੇਵਕ ਆਪਣੇ ਮਾਲਕ ਦੀ ਬਰਾਬਰੀ ਕਰਦਾ ਹੈ, ਤਾਂ ਉਹ ਮਾਲਕ ਕੋਲੋ ਅਕਸਰ ਡਾਂਟ ਖਾਂਦਾ ਰਹਿੰਦਾ ਹੈ ਤੇ ਮਨ ਵਿਚ ਸ਼ਰਮਿੰਦਗੀ ਮਹਿਸੂਸ ਕਰਦਾ ਰਹਿੰਦਾ ਹੈ। ਅਜੇਹਾ ਨੌਕਰ ਕਈ ਵਾਰੀ ਆਪਣੀ ਪਹਿਲੀ ਤਨਖ਼ਾਹ ਵੀ ਗਵਾ ਬੈਠਦਾ ਹੈ ਤੇ ਸਦਾ ਮੂੰਹ ਤੇ ਜੁੱਤੀਆਂ ਹੀ ਖਾਂਦਾ ਰਹਿੰਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਜਿਸ ਅਕਾਲ ਪੁਰਖੁ ਦਾ ਦਿੱਤਾ ਹੋਇਆ ਅਸੀਂ ਖਾਂਦੇ ਹਾਂ, ਉਸ ਮਾਲਕ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ। ਇਹ ਧਿਆਨ ਵਿਚ ਰੱਖਣਾਂ ਹੈ ਕਿ ਆਪਣੇ ਮਾਲਕ ਅਕਾਲ ਪੁਰਖੁ ਉੱਪਰ ਹੁਕਮ ਨਹੀਂ ਚਲਾਇਆ ਜਾ ਸਕਦਾ ਹੈ, ਉਸ ਦੇ ਅੱਗੇ ਅਰਦਾਸ ਕਰਨੀ ਹੀ ਠੀਕ ਤੇ ਚੰਗੀ ਗੱਲ ਹੈ। ਇਸ ਲਈ ਖਾਣਾਂ ਖਾਣ ਤੋਂ ਪਹਿਲਾਂ ਤੇ ਬਾਅਦ, ਹਰ ਰੋਜ਼ ਸਵੇਰੇ ਤੇ ਸ਼ਾਮ, ਉਸ ਅਕਾਲ ਪੁਰਖੁ ਦਾ ਧੰਨਵਾਦ ਕਰਨਾ ਚਾਹੀਦਾ ਹੈ।

***ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ*** *॥੨੨॥ (੪੭੪)*

ਆਪਣੇ ਮਨ ਨੂੰ ਸਮਝਾਉਣਾ ਹੈ, ਕਿ ਅਕਾਲ ਪੁਰਖੁ ਦਾ ਨਾਮੁ ਜਪ ਕੇ ਪਵਿਤਰ ਆਚਰਨ ਬਣਾ, ਕਿਉਂਕਿ ਇਹ ਧਰਮ ਸਾਰੇ ਧਰਮਾਂ ਨਾਲੋ ਚੰਗਾ ਹੈ। ਗੁਰੂ ਦੀ ਸਤਿਸੰਗਤ ਵਿਚ ਅਕਾਲ ਪੁਰਖੁ ਦੇ ਗੁਣ ਗਾਇਨ ਕਰਕੇ, ਤੇ ਚੰਗੀ ਜੀਵਨ ਜਾਚ ਸਿਖ ਕੇ ਆਪਣੀ ਭੈੜੀ ਮਤਿ ਦੂਰ ਕਰਨੀ, ਹੋਰ ਸਾਰੀਆਂ ਧਾਰਮਿਕ ਰਸਮਾਂ ਨਾਲੋਂ ਇਹ ਇੱਕ ਉੱਤਮ ਕਿਰਿਆ ਹੈ। ਹਮੇਸ਼ਾਂ ਅਕਾਲ ਪੁਰਖੁ ਦਾ ਨਾਮੁ ਚੇਤੇ ਰੱਖਣਾਂ ਚਾਹੀਦਾ ਹੈ, ਕਿਉਂਕਿ ਅਜੇਹਾ ਉੱਦਮ ਹੋਰ ਸਾਰੇ ਉੱਦਮਾਂ ਨਾਲੋਂ ਭਲਾ ਹੈ। ਅਕਾਲ ਪੁਰਖੁ ਦਾ ਜਸ ਕੰਨਾਂ

ਨਾਲ ਸੁਣਨਾ ਹੈ ਤੇ ਆਪਣੀ ਜੀਭ ਨਾਲ ਬੋਲਣਾਂ ਹੈ, ਕਿਉਂਕਿ ਅਕਾਲ ਪੁਰਖੁ ਦੇ ਜੱਸ ਦੀ ਇਹ ਅੰਮ੍ਰਿਤ ਰੂਪੀ ਬਾਣੀ ਹੋਰ ਸਭ ਬਾਣੀਆਂ ਨਾਲੋਂ ਸੁੰਦਰ ਹੈ ਤੇ ਆਤਮਕ ਜੀਵਨ ਦੇਣ ਵਾਲੀ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਜਿਸ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸਦਾ ਹੈ, ਉਹ ਹਿਰਦਾ ਰੂਪੀ ਸਥਾਨ, ਹੋਰ ਸਾਰੇ ਤੀਰਥ ਅਸਥਾਨਾਂ ਨਾਲੋ ਪਵਿਤਰ ਹੋ ਜਾਂਦਾ ਹੈ। ਇਸ ਲਈ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਕੇ ਆਪਣਾ ਆਚਰਨ ਪਵਿਤਰ ਬਣਾਣਾ ਹੈ ਤਾਂ ਜੋ ਸਾਡੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਏ।

*ਸਰਬ ਧਰਮ ਮਹਿ ਸ੍ਰੇਸਟ ਧਰਮੁ ॥ ਹਰਿ ਕੋ ਨਾਮੁ ਜਪਿ ਨਿਰਮਲ ਕਰਮੁ ॥ ਸਗਲ ਕ੍ਰਿਆ ਮਹਿ ਊਤਮ ਕਿਰਿਆ ॥ ਸਾਧਸੰਗਿ ਦੁਰਮਤਿ ਮਲੁ ਹਿਰਿਆ ॥ ਸਗਲ ਉਦਮ ਮਹਿ ਉਦਮੁ ਭਲਾ ॥ ਹਰਿ ਕਾ ਨਾਮੁ ਜਪਹੁ ਜੀਅ ਸਦਾ ॥ ਸਗਲ ਬਾਨੀ ਮਹਿ ਅੰਮ੍ਰਿਤ ਬਾਨੀ ॥ ਹਰਿ ਕੋ ਜਸੁ ਸੁਨਿ ਰਸਨ ਬਖਾਨੀ ॥ ਸਗਲ ਥਾਨ ਤੇ ਓਹੁ ਊਤਮ ਥਾਨੁ ॥ ਨਾਨਕ ਜਿਹ ਘਟਿ ਵਸੈ ਹਰਿ ਨਾਮੁ ॥ ੮ ॥ ੩ ॥ (੨੬੬)*

ਜਦੋਂ ਜੀਵ ਆਪਣੇ ਆਪ ਨੂੰ ਹੀਰੇ ਤੋਂ ਵੀ ਉੱਤਮ ਅਕਾਲ ਪੁਰਖੁ ਨਾਲ ਵਿੰਨ੍ਹ ਲੈਂਦਾ ਹੈ ਭਾਵ, ਜਦੋਂ ਜੀਵ ਅਕਾਲ ਪੁਰਖੁ ਦੇ ਚਰਨਾਂ ਵਿਚ ਆਪਣੀ ਸੁਰਤ ਜੋੜ ਲੈਂਦਾ ਹੈ ਤਾਂ ਉਸ ਦਾ ਚੰਚਲ ਮਨ ਅਡੋਲ ਅਵਸਥਾ ਵਿਚ ਸਦਾ ਟਿਕਿਆ ਰਹਿੰਦਾ ਹੈ। ਅਕਾਲ ਪੁਰਖੁ ਇਕ ਅਜੇਹਾ ਹੀਰਾ ਹੈ, ਜੋ ਕਿ ਸਾਰੇ ਜੀਵ ਜੰਤੂਆਂ ਵਿਚ ਮੌਜੂਦ ਹੈ, ਪਰੰਤੂ ਇਹ ਗੱਲ ਸਤਿਗੁਰੂ ਦੇ ਉਪਦੇਸ਼ ਨਾਲ ਹੀ ਸਮਝੀ ਜਾ ਸਕਦੀ ਹੈ। ਜਿਹੜਾ ਮਨੁੱਖ ਸਤਿਗੁਰੂ ਦੀ ਸੱਚੀ ਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਨਾਲ ਜੁੜ ਜਾਂਦਾ ਹੈ, ਉਸ ਦੇ ਅੰਦਰ ਵੀ ਹੰਸ ਵਰਗੇ ਗੁਣ ਪੈਦਾ ਹੋ ਜਾਂਦੇ ਹਨ, ਫਿਰ ਅਜੇਹਾ ਮਨੁੱਖ, ਅਕਾਲ ਪੁਰਖੁ ਹੀਰੇ ਨੂੰ ਉਸੇ ਤਰ੍ਹਾਂ ਪਛਾਣ ਲੈਂਦਾ ਹੈ, ਜਿਸ ਤਰ੍ਹਾਂ ਇਕ ਹੰਸ ਸੁਚੇ ਮੋਤੀ ਨੂੰ ਪਛਾਣ ਲੈਂਦਾ ਹੈ। ਕਬੀਰ ਜੀ ਸਮਝਾਂਦੇ ਹਨ ਕਿ ਅਕਾਲ ਪੁਰਖੁ ਐਸਾ ਹੀਰਾ ਹੈ, ਜੋ ਕਿ ਸਾਰੇ ਜਗਤ ਵਿਚ ਸਮਾਇਆ ਹੋਇਆ ਹੈ। ਜਦੋਂ ਉਸ ਤਕ ਪਹੁੰਚ ਰੱਖਣ ਵਾਲੇ ਸਤਿਗੁਰੂ ਨੇ ਮੈਨੂੰ ਉਸ ਅਕਾਲ ਪੁਰਖੁ ਦਾ ਦੀਦਾਰ ਕਰਾਇਆ, ਤਾਂ ਉਹ ਹੀਰਾ ਮੈਂ ਆਪਣੇ ਅੰਦਰ ਵੀ ਵੇਖ ਲਿਆ ਹੈ। ਸਬਦ ਗੁਰੂ ਦੀ ਮਿਹਰ ਨਾਲ, ਉਹ ਲੁਕਿਆ ਹੋਇਆ ਅਨਮੋਲਕ ਹੀਰਾ, ਮੈਨੂੰ ਆਪਣੇ ਅੰਦਰ ਵੀ ਪਰਤੱਖ ਰੂਪ ਵਿਚ ਦਿਖਾਈ ਦੇਣ ਲਗ ਪਿਆ।

*ਹਰਿ ਕੀ ਕਥਾ ਅਨਾਹਦ ਬਾਨੀ ॥ ਹੰਸੁ ਹੁਇ ਹੀਰਾ ਲੇਇ ਪਛਾਨੀ ॥੧॥ ਰਹਾਉ ॥ ਕਹਿ ਕਬੀਰ ਹੀਰਾ ਅਸ ਦੇਖਿਓ, ਜਗ ਮਹ ਰਹਾ ਸਮਾਈ ॥ ਗੁਪਤਾ ਹੀਰਾ ਪ੍ਰਗਟ ਭਇਓ ਜਬ ਗੁਰ ਗਮ ਦੀਆ ਦਿਖਾਈ ॥੨॥੧॥੩੧॥ (੪੮੩)*

ਇਸ ਲਈ ਜੇ ਕਰ ਅਸੀਂ ਵੀ ਆਪਣੇ ਮਨ ਨੂੰ ਅਡੋਲ ਅਵਸਥਾ ਵਿਚ ਟਿਕਾਣਾ ਚਾਹੁੰਦੇ ਹਾਂ, ਹੰਸ ਦੀ ਤਰ੍ਹਾਂ ਸੱਚ ਨੂੰ ਪਰਖਣ ਦੀ ਜਾਚ ਸਿਖਣਾਂ ਚਾਹੁੰਦੇ ਹਾਂ, ਤਾਂ ਸਾਨੂੰ ਵੀ ਸਤਿਗੁਰੂ ਦੀ ਸੱਚੀ ਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਨਾਲ ਜੁੜਨਾ ਪਵੇਗਾ।

ਗੁਰੂ ਸਾਹਿਬ ਸਮਝਾਂਦੇ ਹਨ, ਕਿ ਹੇ ਸਤਸੰਗੀ ਸੱਜਣੋ! ਆਓ ਸਾਰੇ, ਰਲ ਮਿਲ ਕੇ ਬੈਠੀਏ ਤੇ ਅਕਾਲ ਪੁਰਖੁ ਦਾ ਸਦਾ ਥਿਰ ਰਹਿਣ ਵਾਲਾ ਨਾਮੁ ਚੇਤੇ ਕਰੀਏ, ਅਕਾਲ ਪੁਰਖੁ ਤੋਂ ਆਪਣਾ ਵਿਛੋੜਾ ਚੇਤੇ ਕਰੀਏ, ਤੇ ਵਿਛੋੜਾ ਦੂਰ ਕਰਨ ਲਈ ਆਪਣੇ ਮਾਲਕ ਅਕਾਲ ਪੁਰਖੁ ਨੂੰ ਯਾਦ ਕਰੀਏ, ਆਪਣੇ ਮਾਲਕ ਨੂੰ ਹਿਰਦੇ ਵਿਚ ਵਸਾਈਏ। ਅਸੀਂ ਵੀ ਅਖੀਰ ਨੂੰ ਉਸ ਪਰਲੋਕ ਵਿਚ ਜਾਣਾ ਹੈ, ਜਿਥੇ ਅਨੇਕਾਂ ਲੋਕ ਜਾ ਚੁਕੇ ਹਨ। ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ, ਜਿਸ ਅਕਾਲ ਪੁਰਖੁ ਨੇ ਇਹ ਜੀਵ ਪੈਦਾ ਕੀਤਾ ਸੀ, ਉਸੇ ਨੇ ਉਸ ਦੀ ਜਿੰਦ ਵਾਪਸ ਲੈ ਲਈ ਹੈ, ਤੇ ਇਹ ਸਭ ਕੁਝ ਉਸੇ ਦੀ ਰਜ਼ਾ ਅਨੁਸਾਰ ਹੋ ਰਿਹਾ ਹੈ। ਇਥੇ ਜਗਤ ਵਿਚ ਜੀਵ ਨੇ ਜੋ ਕੁਝ ਵੀ ਕੀਤਾ ਹੁੰਦਾ ਹੈ, ਉਸੇ ਅਨੁਸਾਰ ਉਸ ਨੂੰ ਭੁਗਤਣਾ ਪੈਂਦਾ ਹੈ, ਤੇ ਇਕ ਦਿਨ ਇਸ ਜਗਤ ਤੋਂ ਕੂਚ ਕਰ ਜਾਣਾ ਹੈ, ਤੇ ਇਹ ਸਭ ਕੁਝ ਅਕਾਲ ਪੁਰਖੁ ਦੇ ਨਿਯਮ ਅਨੁਸਾਰ ਹੋ ਰਿਹਾ ਹੈ ਤੇ ਉਸ ਅੱਗੇ ਸਾਡਾ ਕੋਈ ਜੋਰ ਨਹੀਂ ਚਲ ਸਕਦਾ। ਇਸ ਵਾਸਤੇ ਸਾਰੇ ਰਲ ਮਿਲ ਕੇ ਬੈਠੀਏ ਤੇ ਸਦਾ-ਥਿਰ ਰਹਿਣ ਵਾਲੇ ਅਕਾਲ ਪੁਰਖੁ ਦੇ ਨਾਮੁ ਨੂੰ ਸਮਝੀਏ ਤੇ ਹਿਰਦੇ ਵਿਚ ਵਸਾਈਏ। ਆਮ ਲੋਕਾਂ ਵਾਂਗੂ ਮੌਤ ਨੂੰ ਮਾੜਾ ਨਾ ਆਖੀਏ, ਕਿਉਂਕਿ ਮੌਤ ਤਾਂ ਚੰਗੀ ਹੈ, ਜੇਕਰ ਕੋਈ ਮਨੁੱਖ ਜਿਉਂਦੇ ਹੀ ਮਰਨ ਦਾ ਤਰੀਕਾ ਸਿੱਖ ਲਏ, ਤੇ ਆਪਣੇ ਆਪ ਨੂੰ ਸਬਦ ਗੁਰੂ ਦੇ ਅੱਗੇ ਅਰਪਨ ਕਰਕੇ ਅਕਾਲ ਪੁਰਖੁ ਨਾਲ ਲੀਨ ਹੋ ਜਾਵੇ। ਇਸ ਲਈ ਸਰਬ ਸ਼ਕਤੀਵਾਨ ਅਕਾਲ ਪੁਰਖੁ ਨੂੰ ਸਿਮਰੋ, ਤਾਂ ਕਿ ਜੀਵਨ ਦੇ ਸਫ਼ਰ ਦਾ ਰਸਤਾ ਸੌਖਾ ਬਤੀਤ ਹੋਵੇ, ਤੇ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਇੱਜ਼ਤ ਮਿਲ ਸਕੇ। ਜੇਕਰ ਅਕਾਲ ਪੁਰਖੁ ਦੇ ਨਾਮੁ ਦੀ ਭੇਟਾ ਲੈ ਕੇ ਜਾਵਾਗੇ ਤਾਂ ਉਸ ਸਦਾ ਥਿਰ ਅਕਾਲ ਪੁਰਖੁ ਨਾਲ ਇਕ ਰੂਪ ਹੋ ਸਕਾਂਗੇ, ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ ਇੱਜ਼ਤ ਮਿਲੇਗੀ, ਅਕਾਲ ਪੁਰਖੁ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਸਕਾਂਗੇ, ਤੇ ਅਕਾਲ ਪੁਰਖੁ ਨੂੰ ਚੰਗੇ ਲੱਗਾਂਗੇ। ਜੇਹੜਾ ਜੀਵ ਅਜੇਹੀ ਭੇਟਾ ਲੈ ਕੇ ਜਾਂਦਾ ਹੈ, ਉਹ ਪ੍ਰੇਮ ਨਾਲ ਆਤਮਕ ਆਨੰਦ ਮਾਣਦਾ ਹੈ। ਜੇਹੜੇ ਮਨੁੱਖ ਜੀਊਂਦਿਆਂ ਹੀ ਅਕਾਲ ਪੁਰਖੁ ਦੀਆਂ ਨਜ਼ਰਾਂ ਵਿਚ ਕਬੂਲ ਹੋ ਕੇ ਮਰਦੇ ਹਨ, ਉਹ ਸੂਰਮੇ ਹਨ, ਉਨ੍ਹਾਂ ਦਾ ਮਰਨਾ ਵੀ ਲੋਕ ਪਰਲੋਕ ਵਿਚ ਸਲਾਹਿਆ ਜਾਂਦਾ ਹੈ। ਉਹ ਅੰਤਰਜਾਮੀ ਅਕਾਲ ਪੁਰਖੁ ਹਰੇਕ ਦੇ ਦਿਲ ਦੀ ਆਪ ਜਾਣਦਾ ਹੈ। ਇਸ ਲਈ ਹੰਕਾਰ ਦੇ ਬੋਲ ਨਹੀਂ ਬੋਲਣੇ ਚਾਹੀਦੇ, ਆਪਣੇ ਆਪ ਨੂੰ ਕਾਬੂ ਵਿਚ ਰੱਖਣਾ ਚਾਹੀਦਾ ਹੈ, ਕਿਉਂਕਿ ਅਕਾਲ ਪੁਰਖੁ

ਆਪ ਹੀ ਸਭ ਦੇ ਕੀਤੇ ਕਰਮਾਂ ਨੂੰ ਵੇਖਦਾ ਹੈ, ਆਪ ਹੀ ਸਭ ਦੇ ਦਿਲਾਂ ਨੂੰ ਸਮਝਦਾ ਹੈ, ਤੇ ਆਪ ਹੀ ਆਪਣੇ ਹੁਕਮੁ ਨੂੰ ਪਛਾਣਦਾ ਹੈ।

*ਵਡਹੰਸੁ ਮਹਲਾ ੧ ॥ **ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾਂ** ॥ ਰੋਵਹ ਬਿਰਹਾ ਤਨ ਕਾ ਆਪਣਾ ਸਾਹਿਬੁ ਸੰਮ੍ਾਲੇਹਾਂ ॥ ਸਾਹਿਬੁ ਸਮ੍ਾਲਿਹ ਪੰਥੁ ਨਿਹਾਲਿਹ ਅਸਾ ਭਿ ਓਥੈ ਜਾਣਾ ॥ ਜਿਸ ਕਾ ਕੀਆ ਤਿਨ ਹੀ ਲੀਆ ਹੋਆ ਤਿਸੈ ਕਾ ਭਾਣਾ ॥ ਜੋ ਤਿਨਿ ਕਰਿ ਪਾਇਆ ਸੁ ਆਗੈ ਆਇਆ ਅਸੀ ਕਿ ਹੁਕਮੁ ਕਰੇਹਾ ॥ ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾ ॥ ੧ ॥ (੫੭੯-੫੮੦)*

ਆਮ ਮਨੁੱਖ ਹਮੇਸ਼ਾਂ ਆਪਣੇ ਮਨ ਦੀ ਮਰਜੀ ਅਨੁਸਾਰ ਚਲਦਾ ਹੈ, ਇਸੇ ਲਈ ਗੁਰੂ ਸਾਹਿਬ ਮਨ ਨੂੰ ਉਚੇਚੇ ਤੌਰ ਤੇ ਸਮਝਾਂਦੇ ਹਨ, ਕਿ ਹੇ ਮੇਰੇ ਮਨ! ਪਿਆਰ ਨਾਲ ਇਕਾਗਰ ਚਿੱਤ ਹੋ ਕੇ ਅਕਾਲ ਪੁਰਖੁ ਨੂੰ ਯਾਦ ਕਰਿਆ ਕਰ, ਉਸ ਹਰੀ ਅਕਾਲ ਪੁਰਖੁ ਵਿਚ ਇਹ ਸਦੀਵੀ ਗੁਣ ਹੈ, ਕਿ ਉਹ ਦਾਤਾਰ ਸਾਰਿਆਂ ਨੂੰ ਆਪਣੀਆਂ ਦਾਤਾਂ ਦਿੰਦਾ ਰਹਿੰਦਾ ਹੈ ਤੇ ਦੇਣ ਤੋਂ ਬਾਅਦ ਕਦੀ ਵੀ ਪਛੁਤਾਉਂਦਾ ਨਹੀਂ। ਮੈਂ ਉਸ ਹਰੀ ਅਕਾਲ ਪੁਰਖੁ ਤੋਂ ਸਦਾ ਕੁਰਬਾਨ ਜਾਂਦਾ ਹਾਂ, ਜਿਸ ਦੀ ਸੇਵਾ ਕਰਨ ਨਾਲ ਆਤਮਿਕ ਸੁਖ ਮਿਲਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਗੁਰਮੁਖ ਜਨ ਆਪਣੇ ਹੰਕਾਰ ਨੂੰ ਸਤਿਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਕਾਬੂ ਕਰਕੇ ਅਕਾਲ ਪੁਰਖੁ ਨਾਲ ਇਕ ਮਿਕ ਹੋਏ ਰਹਿੰਦੇ ਹਨ।

*ਸਲੋਕੁ ਮਃ ੩ ॥ **ਏ ਮਨ ਹਰਿ ਜੀ ਧਿਆਇ ਤੂ ਇਕ ਮਨਿ ਇਕ ਚਿਤਿ ਭਾਇ ॥ ਹਰਿ ਕੀਆ ਸਦਾ ਸਦਾ ਵਡਿਆਈਆ ਦੇਇ ਨ ਪਛੋਤਾਇ** ॥ ਹਉ ਹਰਿ ਕੈ ਸਦ ਬਲਿਹਾਰਣੈ ਜਿਤੁ ਸੇਵਿਐ ਸੁਖੁ ਪਾਇ ॥ ਨਾਨਕ ਗੁਰਮੁਖਿ ਮਿਲਿ ਰਹੈ ਹਉਮੈ ਸਬਦਿ ਜਲਾਇ ॥੧॥ (੬੫੩)*

ਅਕਾਲ ਪੁਰਖੁ ਆਪਣਾ ਪਿਆਰ ਵਾਲਾ ਸੁਭਾਉ ਹਮੇਸ਼ਾਂ ਚੇਤੇ ਰੱਖਦਾ ਹੈ, ਇਸ ਲਈ ਉਹ ਆਪਣੇ ਸੇਵਕ ਨੂੰ ਕਦੇ ਵੀ ਮੁਸ਼ਕਲ ਵਾਲਾ ਸਮਾਂ ਨਹੀਂ ਵੇਖਣ ਦੇਂਦਾ ਹੈ। ਅਕਾਲ ਪੁਰਖੁ ਆਪਣਾ ਹੱਥ ਦੇ ਕੇ ਆਪਣੇ ਸੇਵਕ ਦੀ ਰੱਖਿਆ ਕਰਦਾ ਹੈ, ਤੇ ਹਰੇਕ ਸੁਆਸ ਦੇ ਦੌਰਾਨ ਆਪਣੇ ਸੇਵਕ ਦੀ ਪਾਲਣਾ ਵੀ ਕਰਦਾ ਰਹਿੰਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਮੇਰਾ ਮਨ ਵੀ ਉਸ ਅਕਾਲ ਪੁਰਖੁ ਨਾਲ ਜੁੜਿਆ ਰਹਿੰਦਾ ਹੈ, ਜੋ ਸ਼ੁਰੂ ਤੋਂ ਅਖ਼ੀਰ ਤਕ ਸਦਾ ਆਪਣੇ ਸੇਵਕਾਂ ਦਾ ਸਹਾਇਕ ਬਣਿਆ ਰਹਿੰਦਾ ਹੈ, ਉਹ ਅਕਾਲ ਪੁਰਖੁ ਧੰਨ ਹੈ, ਜਿਹੜਾ ਸਭ ਦੀ ਸਹਾਇਤਾ ਕਰਦਾ ਹੈ। ਅਕਾਲ ਪੁਰਖੁ ਦੇ ਹੈਰਾਨ ਕਰਨ ਵਾਲੇ ਕੌਤਕ ਤੇ ਉਸ ਦੀ ਵਡਿਆਈ ਵੇਖ ਕੇ, ਸੇਵਕ ਦੇ ਮਨ ਵਿਚ ਵੀ ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ। ਇਸ ਲਈ ਆਤਮਕ ਆਨੰਦ ਮਾਨਣ ਲਈ ਹਮੇਸ਼ਾ ਅਕਾਲ ਪੁਰਖੁ ਦਾ ਨਾਮੁ ਆਪਣੇ ਚਿਤ ਵਿਚ ਰੱਖਣਾ ਚਾਹੀਦਾ ਹੈ।

*ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ ॥ ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ ॥੧॥ **ਪ੍ਰਭ ਸਿਉ ਲਾਗਿ ਰਹਿਓ ਮੇਰਾ ਚੀਤੁ ॥ ਆਦਿ ਅੰਤਿ ਪ੍ਰਭੁ ਸਦਾ ਸਹਾਈ ਧੰਨੁ ਹਮਾਰਾ ਮੀਤੁ ॥ ਰਹਾਉ ॥** (੬੮੨)*

ਜਿਹੜੇ ਸੇਵਕ ਅਕਾਲ ਪੁਰਖ ਦੀ ਸਿਫਤ ਸਾਲਾਹ ਨੂੰ ਆਪਣੇ ਜੀਵਨ ਦਾ ਸਹਾਰਾ ਬਣਾ ਲੈਂਦੇ ਹਨ, ਅਕਾਲ ਪੁਰਖ ਉਨ੍ਹਾਂ ਸੇਵਕਾਂ ਨੂੰ ਮਾਇਆ ਕਾਰਨ ਪੈਦਾ ਹੋਣ ਵਾਲੇ ਕਸ਼ਟਾਂ ਤੋਂ ਬਚਾ ਲੈਂਦਾ ਹੈ। ਅਜੇਹੇ ਸੇਵਕਾਂ ਦੀ ਸੰਗਤ ਕਰਨ ਨਾਲ ਹੋਰ ਲੋਕ ਵੀ ਪਵਿਤਰ ਹੋ ਸਕਦੇ ਹਨ। ਭਾਵੇਂ ਚੰਦਨ ਦਾ ਲੇਪ ਕੀਤਾ ਹੋਵੇ, ਭਾਵੇਂ ਚੰਦਰਮੇ ਦੀ ਚਾਨਣੀ ਹੋਵੇ, ਤੇ ਭਾਵੇਂ ਸਰਦੀਆਂ ਦੀ ਠੰਢੀ ਰੁੱਤ ਹੋਵੇ, ਇਨ੍ਹਾਂ ਸਭ ਨਾਲ ਸਰੀਰ ਦੀ ਬਾਹਰਲੀ ਗਰਮੀ ਤਾਂ ਘਟ ਸਕਦੀ ਹੈ, ਪਰੰਤੂ ਇਨ੍ਹਾਂ ਨਾਲ ਮਨ ਦੀ ਅੰਦਰਲੀ ਤਪਸ਼ ਬਿਲਕੁਲ ਨਹੀਂ ਮਿਟ ਸਕਦੀ। ਵਿਗਿਆਨਕ ਸਾਧਨਾਂ ਨਾਲ ਬਣੀਆਂ ਚੀਜ਼ਾਂ ਨਾਲ ਬਾਹਰੀ ਆਰਾਮ ਤੇ ਸਹੂਲਤਾਂ ਤਾਂ ਮਿਲ ਸਕਦੀਆਂ ਹਨ, ਪਰੰਤੂ ਅੰਦਰੂਨੀ ਸੁਖ ਨਹੀਂ। ਸਿਰਫ ਅਕਾਲ ਪੁਰਖ ਦਾ ਨਾਮੁ ਹੀ ਹੈ, ਜਿਸ ਨੂੰ ਹਿਰਦੇ ਵਿਚ ਵਸਾਣ ਨਾਲ ਮਨੁੱਖ ਦੇ ਮਨ ਅੰਦਰ ਠੰਡਕ ਪੈਦਾ ਹੋ ਸਕਦੀ ਹੈ ਤੇ ਆਤਮਿਕ ਸੁਖ ਮਿਲ ਸਕਦਾ ਹੈ।

***ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਂਮ ॥ ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ ॥੨*** *॥ (੭੦੯)*

ਅਕਾਲ ਪੁਰਖੁ ਦਾ ਸਿਮਰਨ ਇਸ ਲੋਕ ਵਿਚ ਤੇ ਪਰਲੋਕ ਵਿਚ ਸਦਾ ਹੀ ਸੁਖ ਦੇਣ ਵਾਲਾ ਹੈ, ਇਸ ਲਈ ਹਮੇਸ਼ਾਂ ਅਕਾਲ ਪੁਰਖੁ ਦਾ ਨਾਮੁ ਸਿਮਰਦੇ ਰਹਿਣਾ ਚਾਹੀਦਾ ਹੈ। ਅਕਾਲ ਪੁਰਖੁ ਦੇ ਨਾਮੁ ਸਿਮਰਨ ਦੀ ਬਰਕਤ ਨਾਲ ਚਿਰਾਂ ਤੋਂ ਕੀਤੇ ਹੋਏ ਪਾਪ ਵੀ ਮਿਟ ਸਕਦੇ ਹਨ, ਸਾਧ ਸੰਗਤਿ ਵਿਚ ਮਿਲ ਕੇ ਸਿਮਰਨ ਕਰਨ ਨਾਲ ਆਤਮਕ ਮੌਤੇ ਮਰਿਆ ਹੋਇਆ ਮਨੁੱਖ ਵੀ ਦੁਬਾਰਾ ਆਤਮਕ ਜੀਵਨ ਹਾਸਲ ਕਰ ਸਕਦਾ ਹੈ। ਦੁਨਿਆਵੀ ਰਾਜ ਅਤੇ ਜਵਾਨੀ ਦੇ ਹੁਲਾਰੇ ਅਕਸਰ ਅਕਾਲ ਪੁਰਖੁ ਦਾ ਨਾਮੁ ਭੁਲਾ ਦੇਂਦੇ ਹਨ, ਕਿਉਂਕਿ ਮਾਇਆ ਦਾ ਮੋਹ ਦੁਖਾਂ ਦਾ ਮੂਲ ਹੈ। ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ, ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਲਈ ਖਾਹਸ਼ ਵਰਗੇ ਕੀਮਤੀ ਗੁਣ ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਹੀ ਪ੍ਰਾਪਤ ਕਰਦਾ ਹੈ।

*ਧਨਾਸਰੀ ਮਹਲਾ ੫ ॥ **ਹਲਤਿ ਸੁਖੁ ਪਲਤਿ ਸੁਖੁ ਨਿਤ ਸੁਖੁ ਸਿਮਰਨੋ ਨਾਮੁ ਗੋਬਿੰਦ ਕਾ ਸਦਾ ਲੀਜੈ ॥ ਮਿਟਹਿ ਕਮਾਣੇ ਪਾਪ ਚਿਰਾਣੇ ਸਾਧਸੰਗਤਿ ਮਿਲਿ ਮੁਆ ਜੀਜੈ ॥੧॥ ਰਹਾਉ** ॥ (੬੮੩)*

ਜੇਹੜਾ ਅਕਾਲ ਪੁਰਖੁ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ, ਸਾਰੇ ਸੁਖ ਦੇਣ ਵਾਲਾ ਹੈ, ਜਿਸ ਦੇ ਵੱਸ ਵਿਚ ਸਵਰਗ ਵਿਚ ਰਹਿਣ ਵਾਲੀ ਸਮਝੀ ਗਈ ਕਾਮਧੇਨ ਹੈ, ਤਾਂ ਜਰੂਰੀ ਹੋ ਜਾਂਦਾ ਹੈ ਕਿ ਉਸ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਚੇਤੇ ਰੱਖੀਏ। ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਸਦਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਜਿਸ ਨਾਲ ਸਾਰੇ ਸੁਖ ਹਾਸਲ ਕੀਤੇ ਜਾ ਸਕਦੇ ਹਨ। ਇਸ ਲਈ ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਜਪਣਾਂ ਚਾਹੀਦਾ ਹੈ। ਸਰਬ ਵਿਆਪਕ ਅਕਾਲ ਪੁਰਖੁ ਵਿਚ ਸਦਾ ਧਿਆਨ ਧਰਨਾ ਚਾਹੀਦਾ ਹੈ, ਤਾਂ ਜੋ ਇਸ ਲੋਕ ਤੇ ਪਰਲੋਕ ਵਿਚ ਇੱਜ਼ਤ ਖੱਟ ਸਕੀਏ। ਜਿਸ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਹੁੰਦੀ ਹੈ, ਉਸ ਵਿਚੋਂ ਹਰੇਕ ਕਿਸਮ ਦੇ ਝਗੜੇ ਤੇ ਬਖੇੜੇ ਨਿਕਲ ਜਾਂਦੇ ਹਨ। ਵੱਡੇ ਭਾਗਾਂ ਨਾਲ ਹੀ ਅਕਾਲ ਪੁਰਖੁ ਦਾ ਭਜਨ ਹੋ ਸਕਦਾ ਹੈ। ਸੇਵਕ ਨਾਨਕ ਨੂੰ ਤਾਂ ਸਬਦ ਗੁਰੂ ਨੇ ਇਹੀ ਸਮਝ ਬਖ਼ਸ਼ੀ ਹੈ, ਕਿ ਅਕਾਲ ਪੁਰਖੁ ਦੇ ਨਾਮੁ ਜਪਣ ਨਾਲ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਸਕਦੇ ਹਾਂ।

***ਜਪਿ ਮਨ ਸਤਿ ਨਾਮੁ ਸਦਾ ਸਤਿ ਨਾਮੁ ॥ ਹਲਤਿ ਪਲਤਿ ਮੁਖ ਊਜਲ ਹੋਈ ਹੈ ਨਿਤ ਧਿਆਈਐ ਹਰਿ ਪੁਰਖੁ ਨਿਰੰਜਨਾ ॥ ਰਹਾਉ ॥ (੬੭੦)***

ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਨਿਸਚੇ ਨਾਲ ਸਮਝ ਸਕਦੇ ਹਾਂ ਕਿ:

- ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸ ਵਾਲਾ ਹੈ, ਅੰਮ੍ਰਿਤ ਹੈ, ਨਿਰਮਲ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ।
- ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ।
- ਅਣਗਿਣਤ ਜੂਨਾਂ ਵਿਚੋਂ ਭੌਂ ਕੇ ਹੁਣ ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਿਆ ਹੈ, ਇਸ ਲਈ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣਾ ਚਾਹੀਦਾ ਹੈ, ਕਿਉਂਕਿ ਪਤਾ ਨਹੀਂ ਕਦੋਂ ਇਥੋਂ ਕੂਚ ਕਰ ਜਾਣਾ ਹੈ।
- ਅਕਸਰ ਕਈ ਮਨੁੱਖ ਨਿਰਾ ਜ਼ਬਾਨੀ ਜ਼ਬਾਨੀ ਨਾਮੁ ਧਨ ਦੀ ਲਾਲਸਾ ਕਰਦੇ ਰਹਿੰਦੇ ਹਨ, ਪਰੰਤੂ ਇਹ ਧਿਆਨ ਵਿਚ ਰੱਖਣਾਂ ਹੈ, ਕਿ ਫ਼ੈਸਲਾ ਤਾਂ ਹਰੇਕ ਮਨੁੱਖ ਦੇ ਕੀਤੇ ਕਰਮਾਂ ਅਨੁਸਾਰ ਹੋਣਾ ਹੈ, ਤੇ ਨਾਮੁ ਧਨ ਦੀ ਪ੍ਰਾਪਤੀ ਵੀ ਉਸ ਅਨੁਸਾਰ ਹੀ ਹੋਵੇਗੀ।
- ਸਰੀਰ ਦਾ ਸਾਥ ਇਸ ਲੋਕ ਤਕ ਹੀ ਸੀਮਿਤ ਹੈ, ਇਸ ਲਈ ਮਨੁੱਖ ਨੂੰ ਅੰਤ ਦੇ ਸਾਥ ਵੱਲ ਵੀ ਧਿਆਨ ਦੇਣਾਂ ਚਾਹੀਦਾ ਹੈ। ਗੁਰੂ ਦੇ ਸ਼ਬਦ ਦਾ ਸਾਥ ਇਕ ਅਜੇਹਾ ਸਾਥ ਹੈ, ਜੋ ਕਿ ਇਸ ਲੋਕ ਤੇ ਪਰਲੋਕ ਦੋਹਾਂ ਵਿਚ ਸਹਾਈ ਹੁੰਦਾਂ ਹੈ।
- ਗੁਰੂ ਸਾਹਿਬ ਸਮਝਾਂਦੇ ਹਨ ਕਿ ਹੇ ਮਨੁੱਖ ਤੂੰ ਜਗਤ ਵਿਚ ਅਕਾਲ ਪੁਰਖੁ ਦੇ ਨਾਮੁ ਦਾ ਲਾਭ ਖੱਟਣ ਵਾਸਤੇ ਆਇਆ ਹੈ, ਪਰੰਤੂ ਤੂੰ ਕਿਸ ਖ਼ੁਆਰੀ ਵਾਲੇ ਕੰਮ ਵਿਚ ਰੁੱਝਾ ਪਿਆ ਹੈਂ? ਤੇਰੀ ਸਾਰੀ ਜੀਵਨ ਦੀ ਰਾਤ ਮੁੱਕਦੀ ਜਾ ਰਹੀ ਹੈ।
- ਅਕਾਲ ਪੁਰਖੁ ਨੇ ਅਨੇਕਾਂ ਤਰੀਕਿਆਂ ਨਾਲ ਤੇਰੇ ਸਰੀਰ ਦੇ ਸਾਰੇ ਅੰਗ ਬਣਾਏ ਹਨ, ਪਰ ਇਹ ਸਭ ਸੁਆਸਾਂ ਦੇ ਕੱਚੇ ਧਾਗੇ ਵਿਚ ਪਰੋਏ ਹੋਏ ਹਨ, ਜੋ ਕਿ ਇਕ ਦਿਨ ਟੁੱਟ ਜਾਵੇਗਾ ਤੇ ਇਸ ਮਨੁੱਖਾ ਸਰੀਰ ਦੇ ਸਾਰੇ ਅੰਗ ਬੇਕਾਰ ਹੋ ਜਾਣਗੇ।
- ਜੇਕਰ ਮਨੁੱਖ ਦੀ ਬੁੱਧੀ ਪਾਪਾਂ ਨਾਲ ਮਲੀਨ ਹੋ ਜਾਏ, ਤਾਂ ਉਹ ਪਾਪ ਸਿਰਫ ਅਕਾਲ ਪੁਰਖ ਦੇ ਨਾਮੁ ਵਿਚ ਰੰਗਿਆਂ ਹੀ ਧੋਤੇ ਜਾ ਸਕਦੇ ਹਨ। ਪੁੰਨ ਜਾਂ ਪਾਪ ਨਿਰੇ ਕਹਿਣ ਵਾਸਤੇ ਨਹੀਂ ਹਨ, ਬਲਕਿ ਜਿਹੋ ਜਿਹੇ ਕਰਮ ਕਰਾਂਗੇ, ਉਹੋ ਜਿਹੇ ਸੰਸਕਾਰ ਆਪਣੇ ਅੰਦਰ ਲਿਖ ਕੇ ਨਾਲ ਲੈ ਜਾਵਾਂਗੇ।
- ਜਿਸ ਬੀਜ ਅੰਦਰ ਦਾਣਾਂ ਨਹੀਂ, ਉਹ ਸੁਟ ਦਿਤਾ ਜਾਂਦਾ ਹੈ, ਇਸੇ ਤਰ੍ਹਾਂ ਜਿਸ ਸਰੀਰ ਅੰਦਰ ਨਾਮੁ ਨਹੀਂ ਉਹ ਧ੍ਰਿਗ ਹੈ।
- ਅਕਾਲ ਪੁਰਖੁ ਦਾ ਨਾਮੁ ਭੁਲਾ ਕੇ ਮਨੁੱਖ ਹੋਰ ਜਿਤਨੇ ਵੀ ਕਾਰ ਵਿਹਾਰ ਕਰਦਾ ਹੈ, ਉਹ ਇੰਜ ਹਨ ਜਿਵੇਂ ਕਿ ਕਿਸੇ ਮੁਰਦੇ ਨੂੰ ਸਿੰਗਾਰਨਾ ਝੂਠਾਂ ਤੇ ਵਿਅਰਥ ਉੱਦਮ ਹੈ।
- ਕੁਦਰਤ ਦੀ ਸਚਾਈ, ਨਾਮੁ ਦੇ ਮਿਲਣ ਤੋਂ ਬਿਨਾ ਪਤਾ ਨਹੀਂ ਲਗ ਸਕਦੀ, ਤੇ ਹੁਕਮੁ ਨੂੰ ਪਛਾਨਣ ਤੋਂ ਬਿਨਾ, ਜੀਵਨ ਦੇ ਸਹੀ ਮਾਰਗ ਬਾਰੇ ਪਤਾ ਨਹੀਂ ਲਗ ਸਕਦਾ। ਗੁਰਬਾਣੀ ਨੂੰ ਵਿਚਾਰਨ ਤੋਂ ਬਿਨਾ ਅਕਾਲ ਪੁਰਖ ਦੇ ਨਾਮੁ ਤੇ ਹੁਕਮੁ ਦੀ ਸਚਾਈ ਸਮਝ ਨਹੀਂ ਆ ਸਕਦੀ।
- ਜਿਸ ਮੂੰਹ ਨਾਲ ਮਨੁੱਖ ਅਕਾਲ ਪੁਰਖ ਦਾ ਨਾਮੁ ਨਹੀਂ ਯਾਦ ਕਰਦਾ, ਤੇ ਅਕਾਲ ਪੁਰਖ ਦਾ ਧੰਨਵਾਦ ਕਰਨ ਤੋਂ ਬਿਨਾ ਸੁਆਦਲੇ ਪਦਾਰਥ ਖਾਂਦਾ ਹੈ, ਉਸ ਮੂੰਹ ਉਤੇ ਵੀ ਫਿਟਕਾਰਾਂ ਪੈਂਦੀਆਂ ਹਨ।
- ਜਿਸ ਅਕਾਲ ਪੁਰਖੁ ਦਾ ਦਿੱਤਾ ਹੋਇਆ ਅਸੀਂ ਖਾਂਦੇ ਹਾਂ, ਉਸ ਮਾਲਕ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ।
- ਗੁਰੂ ਦੀ ਸਤਿਸੰਗਤ ਵਿਚ ਅਕਾਲ ਪੁਰਖੁ ਦੇ ਗੁਣ ਗਾਇਨ ਕਰਕੇ, ਤੇ ਚੰਗੀ ਜੀਵਨ ਜਾਚ ਸਿਖ ਕੇ ਆਪਣੀ ਭੈੜੀ ਮਤਿ ਦੂਰ ਕਰਨੀ, ਹੋਰ ਸਾਰੀਆਂ ਧਾਰਮਿਕ ਰਸਮਾਂ ਨਾਲੋਂ ਇੱਕ ਉੱਤਮ ਕਿਰਿਆ ਹੈ।

- ਜੇ ਕਰ ਅਸੀਂ ਵੀ ਆਪਣੇ ਮਨ ਨੂੰ ਅਡੋਲ ਅਵਸਥਾ ਵਿਚ ਟਿਕਾਣਾ ਚਾਹੁੰਦੇ ਹਾਂ, ਹੰਸ ਦੀ ਤਰ੍ਹਾਂ ਸੱਚ ਨੂੰ ਪਰਖਣ ਦੀ ਜਾਚ ਸਿਖਣਾਂ ਚਾਹੁੰਦੇ ਹਾਂ, ਤਾਂ ਸਾਨੂੰ ਵੀ ਸਤਿਗੁਰੂ ਦੀ ਸੱਚੀ ਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਨਾਲ ਜੁੜਨਾ ਪਵੇਗਾ।
- ਆਓ ਸਾਰੇ ਰਲ ਮਿਲ ਕੇ ਬੈਠੀਏ, ਅਕਾਲ ਪੁਰਖੁ ਤੋਂ ਆਪਣਾ ਵਿਛੋੜਾ ਚੇਤੇ ਕਰੀਏ, ਤੇ ਵਿਛੋੜਾ ਦੂਰ ਕਰਨ ਲਈ ਆਪਣੇ ਮਾਲਕ ਅਕਾਲ ਪੁਰਖੁ ਨੂੰ ਯਾਦ ਕਰੀਏ।
- ਜੇਹੜੇ ਮਨੁੱਖ ਜੀਊਂਦਿਆਂ ਹੀ ਅਕਾਲ ਪੁਰਖੁ ਦੀਆਂ ਨਜ਼ਰਾਂ ਵਿਚ ਕਬੂਲ ਹੋ ਕੇ ਮਰਦੇ ਹਨ, ਉਹ ਸੂਰਮੇ ਹਨ, ਉਨ੍ਹਾਂ ਦਾ ਮਰਨਾ ਵੀ ਲੋਕ ਪਰਲੋਕ ਵਿਚ ਸਲਾਹਿਆ ਜਾਂਦਾ ਹੈ।
- ਗੁਰੂ ਸਾਹਿਬ ਸਮਝਾਂਦੇ ਹਨ, ਕਿ ਗੁਰਮੁਖ ਜਨ ਆਪਣੇ ਹੰਕਾਰ ਨੂੰ ਸਤਿਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਕਾਬੂ ਕਰਕੇ ਅਕਾਲ ਪੁਰਖੁ ਨਾਲ ਇਕ ਮਿਕ ਹੋਏ ਰਹਿੰਦੇ ਹਨ।
- ਅਕਾਲ ਪੁਰਖੁ ਆਪਣਾ ਪਿਆਰ ਵਾਲਾ ਸੁਭਾਉ ਹਮੇਸ਼ਾਂ ਚੇਤੇ ਰੱਖਦਾ ਹੈ, ਤੇ ਆਪਣੇ ਸੇਵਕ ਨੂੰ ਕਦੇ ਵੀ ਮੁਸ਼ਕਲ ਵਾਲਾ ਸਮਾਂ ਨਹੀਂ ਵੇਖਣ ਦੇਂਦਾ ਹੈ। ਅਕਾਲ ਪੁਰਖੁ ਆਪਣਾ ਹੱਥ ਦੇ ਕੇ ਆਪਣੇ ਸੇਵਕ ਦੀ ਰੱਖਿਆ ਕਰਦਾ ਹੈ।
- ਵਿਗਿਆਨਕ ਸਾਧਨਾਂ ਨਾਲ ਬਣੀਆਂ ਚੀਜ਼ਾਂ ਨਾਲ ਬਾਹਰੀ ਆਰਾਮ ਤੇ ਸਹੂਲਤਾਂ ਤਾਂ ਮਿਲ ਸਕਦੀਆਂ ਹਨ, ਪਰੰਤੂ ਅੰਦਰੂਨੀ ਸੁਖ ਨਹੀਂ। ਸਿਰਫ ਅਕਾਲ ਪੁਰਖ ਦਾ ਨਾਮੁ ਹੀ ਹੈ, ਜਿਸ ਨੂੰ ਹਿਰਦੇ ਵਿਚ ਵਸਾਣ ਨਾਲ ਮਨੁੱਖ ਦੇ ਮਨ ਅੰਦਰ ਠੰਡਕ ਪੈਦਾ ਹੋ ਸਕਦੀ ਹੈ ਤੇ ਆਤਮਿਕ ਸੁਖ ਮਿਲ ਸਕਦਾ ਹੈ।
- ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ, ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਲਈ ਖਾਹਸ਼ ਵਰਗੇ ਕੀਮਤੀ ਗੁਣ ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਹੀ ਪ੍ਰਾਪਤ ਕਰਦਾ ਹੈ।
- ਅਕਾਲ ਪੁਰਖੁ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ, ਸਾਰੇ ਸੁਖ ਦੇਣ ਵਾਲਾ ਹੈ, ਇਸ ਲਈ ਉਸ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਚੇਤੇ ਰੱਖਣਾਂ ਚਾਹੀਦਾ ਹੈ।
- ਜਿਸ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਹੁੰਦੀ ਹੈ, ਉਸ ਵਿਚੋਂ ਹਰੇਕ ਕਿਸਮ ਦੇ ਝਗੜੇ ਤੇ ਬਖੇੜੇ ਨਿਕਲ ਜਾਂਦੇ ਹਨ।
- ਇਹ ਧੁਰ ਕੀ ਸੱਚੀ ਬਾਣੀ ਹੀ ਹੈ, ਜਿਸ ਦੀ ਸਹਾਇਤਾ ਨਾਲ ਅਸੀਂ ਆਪਣਾ ਆਚਰਨ ਪਵਿਤਰ ਬਣਾ ਸਕਦੇ ਹਾਂ, ਤੇ ਆਪਣੇ ਹਿਰਦੇ ਅੰਦਰ ਅਕਾਲ ਪੁਰਖੁ ਦਾ ਨਾਮੁ ਵਸਾ ਸਕਦੇ ਹਾਂ।

ਗੁਰਬਾਣੀ (ਸਤਿਗੁਰੂ) ਦੁਆਰਾ ਗੁਰਸਿੱਖ (ਸੇਵਕ) ਦਾ ਅਕਾਲ ਪੁਰਖੁ ਦੇ ਨਾਮੁ ਨਾਲ ਸਦੀਵੀ ਰਿਸ਼ਤਾ ਕਾਇਮ ਹੋ ਜਾਂਦਾ ਹੈ। ਫਿਰ ਸਤਿਗੁਰੂ ਆਪਣੇ ਸਿੱਖ ਦੀ ਹਮੇਸ਼ਾਂ ਰੱਖਿਆ ਕਰਦਾ ਰਹਿੰਦਾ ਹੈ, ਤੇ ਆਪਣੇ ਸੇਵਕ ਉਤੇ ਸਦਾ ਮੇਹਰ ਦੀ ਨਜ਼ਰ ਕਰਦਾ ਰਹਿੰਦਾ ਹੈ। ਸਿੱਖ ਆਪਣੇ ਸਤਿਗੁਰੂ ਦੇ ਉਪਦੇਸ਼ ਦੁਆਰਾ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਚੇਤੇ ਕਰਦਾ ਰਹਿੰਦਾ ਹੈ, ਜਿਸ ਸਦਕਾ ਸਤਿਗੁਰੂ ਆਪਣੇ ਸਿੱਖ ਦੇ ਮਨ ਅੰਦਰੋਂ ਭੈੜੀ ਮਤਿ ਨਾਲ ਲੱਗੀ ਹੋਈ ਮੈਲ ਦੂਰ ਕਰ ਦੇਂਦਾ ਹੈ। ਸਤਿਗੁਰੂ ਆਪਣੇ ਸਿੱਖ ਦੇ ਮਾਇਆ ਦੇ ਬੰਧਨ ਕੱਟ ਦੇਂਦਾ ਹੈ, ਜਿਸ ਸਦਕਾ ਗੁਰੂ ਦਾ ਸਿੱਖ ਵਿਕਾਰਾਂ ਵਲੋਂ ਹਟ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਨੂੰ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਦੇਂਦਾ ਹੈ ਤੇ ਇਸ ਤਰ੍ਹਾਂ ਸਤਿਗੁਰੂ ਦਾ ਸਿੱਖ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ। ਸਤਿਗੁਰੂ ਆਪਣੇ ਸਿੱਖ ਦਾ ਲੋਕ ਪਰਲੋਕ ਦੋਹਾਂ ਨੂੰ ਸਵਾਰ ਦੇਂਦਾ ਹੈ ਤੇ ਸਤਿਗੁਰੂ ਵੀ ਆਪਣੇ ਸਿੱਖ ਨੂੰ ਆਪਣੀ ਜਿੰਦ ਦੇ ਨਾਲ ਸਦਾ ਯਾਦ ਰੱਖਦਾ ਹੈ।

**ਅਸਟਪਦੀ ॥ ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ ॥ ਸੇਵਕ ਕਉ ਗੁਰੁ ਸਦਾ ਦਇਆਲ ॥ ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ ॥ ਗੁਰ ਬਚਨੀ ਹਰਿ ਨਾਮੁ ਉਚਰੈ ॥ ਸਤਿਗੁਰੁ ਸਿਖ ਕੇ ਬੰਧਨ ਕਾਟੈ ॥ ਗੁਰ ਕਾ ਸਿਖੁ ਬਿਕਾਰ ਤੇ ਹਾਟੈ ॥ ਸਤਿਗੁਰੁ ਸਿਖ ਕਉ ਨਾਮ ਧਨੁ ਦੇਇ ॥ ਗੁਰ ਕਾ ਸਿਖੁ ਵਡਭਾਗੀ ਹੇ ॥ ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ ॥ ਨਾਨਕ ਸਤਿਗੁਰੁ ਸਿਖ ਕਉ ਜੀਅ ਨਾਲਿ ਸਮਾਰੈ ॥੧॥**

ਉੱਪਰ ਲਿਖੇ ਗਏ ਸਬਦ ਇਹੀ ਸਮਝਾਂਦੇ ਹਨ ਕਿ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦੇ ਨਾਮੁ ਨੂੰ ਸਮਝਣਾਂ ਤੇ ਪਾਉਣਾ ਬਹੁਤ ਜਰੂਰੀ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਅਕਾਲ ਪੁਰਖੁ ਦੇ ਨਾਮੁ ਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਇਸ ਲਈ ਆਓ ਸਾਰੇ ਜਾਣੇ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ, ਤੇ ਆਪਣੇ ਅਮਲੀ ਜੀਵਨ ਵਿਚ ਅਪਨਾ ਕੇ, ਅਕਾਲ ਪੁਰਖੁ ਦੇ ਨਾਮੁ ਨੂੰ ਸਮਝੀਏ ਤੇ ਆਪਣਾ ਮਨੁੱਖਾ ਜੀਵਨ ਸਫਲ ਕਰੀਏ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਅਕਾਲ ਪੁਰਖੁ ਦਾ ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਜਰੂਰੀ ਹਨ (ਨਾਮੁ, ਭਾਗ ੩)

# Studying the qualities and capabilities of Akal Purkh through Gurbani are required for the recition of His Naam (Naam, Part 3)

ਕਿਸੇ ਵੀ ਮਨੁੱਖ ਦਾ ਵਾਰ ਵਾਰ ਦੁਨਿਆਵੀ ਨਾਂ ਲਈ ਜਾਣ ਨਾਲ ਉਸ ਬਾਰੇ ਜਾਂ ਉਸ ਦੇ ਗੁਣਾਂ ਬਾਰੇ ਕੁਝ ਪਤਾ ਨਹੀਂ ਲਗ ਸਕਦਾ। ਇਸੇ ਤਰ੍ਹਾਂ ਆਪਣੀ ਭਾਸ਼ਾ ਵਿਚ ਅਕਾਲ ਪੁਰਖੁ ਦਾ ਕੋਈ ਨਾਂ ਨੀਯਤ ਕਰਨ ਨਾਲ ਤੇ ਉਸ ਦੇ ਨਾਂ ਨੂੰ ਵਾਰ ਵਾਰ ਦੁਹਰਾਈ ਜਾਣ ਨਾਲ ਅਕਾਲ ਪੁਰਖੁ ਦੇ ਗੁਣਾਂ ਤੇ ਸਮੱਰਥਾ ਬਾਰੇ ਕੁਝ ਪਤਾ ਨਹੀਂ ਲਗ ਸਕਦਾ। ਅਸੀਂ ਜਦੋਂ ਵੀ ਕਿਸੇ ਨਾਲ ਸਾਂਝ ਕਰਨੀ ਹੁੰਦੀ ਹੈ ਤਾਂ ਉਸ ਬਾਰੇ ਪੂਰੀ ਜਾਣਕਾਰੀ ਹਾਸਲ ਕਰਦੇ ਹਾਂ, ਕਿ ਉਸ ਨੂੰ ਕੀ ਚੰਗਾ ਲਗਦਾ ਹੈ ਤੇ ਕੀ ਮਾੜਾ ਲਗਦਾ ਹੈ। ਉਸ ਵਰਗੇ ਗੁਣ, ਆਦਤਾਂ ਤੇ ਸੋਚ ਬਣਾਉਂਦੇ ਹਾਂ। ਅਸੀਂ ਕੰਮ ਵੀ ਉਹੋ ਜਿਹੇ ਕਰਦੇ ਹਾਂ, ਜੋ ਉਸ ਨੂੰ ਚੰਗੇ ਲਗਦੇ ਹਨ। ਠੀਕ ਉਸੇ ਤਰ੍ਹਾਂ ਜੇ ਕਰ ਅਸੀਂ ਵੀ ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨੀ ਚਾਹੁੰਦੇ ਹਾਂ, ਤਾਂ ਸਾਨੂੰ ਵੀ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਉਸ ਦੇ ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਉਸ ਦੀ ਰਜ਼ਾ ਅਨੁਸਾਰ ਚਲਣਾ ਪਵੇਗਾ। ਸਾਨੂੰ ਆਪਣੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਪੈਦਾ ਕਰਨੇ ਪੈਣਗੇ, ਆਪਣੀ ਸੋਚ ਅਕਾਲ ਪੁਰਖੁ ਵਰਗੀ ਬਣਾਉਣੀ ਪਵੇਗੀ। ਇਹੀ ਕਾਰਨ ਹੈ ਕਿ ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾਂ ਸ਼ਬਦੀ (ਇਕ ਸਬਦ ਨੂੰ ਵਾਰ ਵਾਰ ਦੁਹਰਾਈ ਜਾਣਾ) ਵਾਲਿਆ ਨੂੰ ਪਰਵਾਨ ਕੀਤਾ ਗਿਆ ਹੈ।

***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ ॥੨॥*** *(੬੫੪-੬੫੫)*

ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਗੁਣਾਂ ਨੂੰ ਸਮਝਣਾਂ ਪਵੇਗਾ ਤੇ ਆਪਣੇ ਦੁਨਿਆਵੀ ਜੀਵਨ ਵਿਚ ਅਪਨਾਉਂਣਾਂ ਪਵੇਗਾ। ਗੁਰਬਾਣੀ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ, ਕਿ ਜੇ ਕਰ ਅਕਾਲ ਪੁਰਖੁ ਦੇ ਨਾਮੁ ਦਾ ਆਨੰਦ ਮਾਨਣਾਂ ਚਾਹੁੰਦੇ ਹਾਂ, ਤਾਂ ਸਾਨੂੰ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ, ਤਾਂ ਜੋ ਸਾਡੇ ਅੰਦਰ ਵੀ ਅਕਾਲ ਪੁਰਖੁ ਵਰਗੇ ਗੁਣ ਪੈਦਾ ਹੋ ਸਕਣ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਅੰਦਰ ਅਕਾਲ ਪੁਰਖੁ ਦੇ ਨਾਮੁ ਨੂੰ ਖਾਸ ਮਹੱਤਤਾ ਦਿਤੀ ਗਈ ਹੈ ਤੇ ਅਕਾਲ ਪੁਰਖੁ ਦਾ ਹੁਕਮੁ ਤੇ ਉਸ ਦੇ ਗੁਣ ਸਮਝਾਏ ਗਏ ਹਨ ਤਾਂ ਜੋ ਅਸੀਂ ਅਕਾਲ ਪੁਰਖੁ ਦੀ ਰਚੀ ਹੋਈ ਕੁਦਰਤ ਨੂੰ ਸਮਝ ਸਕੀਏ, ਉਸ ਅਨੁਸਾਰ ਚਲ ਕੇ ਆਪਣੀਆਂ ਮੁਸ਼ਕਲਾਂ ਤੇ ਰੁਕਾਵਟਾਂ ਨੂੰ ਦੂਰ ਕਰ ਸਕੀਏ ਤੇ ਆਪਣਾ ਮਨੁੱਖਾ ਜਨਮ ਸਫਲ ਕਰ ਸਕੀਏ।

ਜਿਆਦਾ ਤਰ ਲੋਕ ਇਹੀ ਸਮਝਦੇ ਹਨ ਕਿ ਕੁਝ ਰਵਾਇਤਾਂ ਪੂਰੀਆਂ ਕਰਨ ਨਾਲ ਜਾਂ ਕਰਮ ਕਾਂਡ ਕਰਨ ਨਾਲ, ਅਕਾਲ ਪੁਰਖੁ ਨੂੰ ਖੁਸ਼ ਕੀਤਾ ਜਾ ਸਕਦਾ ਹੈ। ਕਈ ਐਸੇ ਲੋਕ ਵੀ ਹਨ ਜੋ ਕਿ ਜੋਗ ਸਾਧਨਾਂ ਵਿਚ ਲੱਗੇ ਰਹਿੰਦੇ ਹਨ, ਕਈ ਚਰਚਾ ਕਰਨ ਵਿਚ, ਕਈ ਤੀਰਥ ਇਸ਼ਨਾਨ ਜਾਂ ਦਾਨ ਕਰਨਾ ਠੀਕ ਸਮਝਦੇ ਹਨ। ਕਈਆਂ ਨੇ ਇਕ ਅੱਖਰ ਨੂੰ ਵਾਰ ਵਾਰ ਦੁਹਰਾਈ ਜਾਣ ਨੂੰ ਹੀ ਨਾਮੁ ਜਪਣਾ ਕਹਿਣਾਂ ਸ਼ੁਰੂ ਕਰ ਦਿਤਾ ਹੈ। ਸੋਚਿਆ ਜਾਵੇ ਕਿ ਇਕ ਅੱਖਰ ਦਾ ਘੋਟਾ ਲਾਣ ਨਾਲ, ਕਿਸ ਤਰ੍ਹਾਂ ਕੋਈ ਵਿਸ਼ਾ ਜਾਂ ਪੂਰੀ ਕਿਤਾਬ ਨੂੰ ਸਮਝਿਆ ਜਾ ਸਕਦਾ ਹੈ। ਜੇ ਕਰ ਪੂਰੀ ਕਿਤਾਬ ਬਾਰੇ ਜਾਨਣਾ ਚਾਹੁੰਦੇ ਹਾਂ ਤਾਂ ਸਾਨੂੰ ਪੂਰੀ ਕਿਤਾਬ ਨੂੰ ਹੀ ਪੜ੍ਹਨਾਂ, ਸਮਝਣਾਂ ਤੇ ਵੀਚਾਰਨਾ ਪਵੇਗਾ। ਇਸੇ ਤਰ੍ਹਾਂ ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਪੈਦਾ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਵੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਬਾਰੇ ਪੂਰੀ ਤਰ੍ਹਾਂ ਜਾਣਕਾਰੀ ਹਾਸਲ ਕਰਨੀ ਪਵੇਗੀ। ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਜੁੜਿਆਂ ਹੀ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲ ਸਕਦੀ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਤੋਂ ਬਿਨਾ ਕੋਈ ਮਨੁੱਖ ਪੰਜ ਵਿਕਾਰਾਂ ਤੋਂ ਖ਼ਲਾਸੀ ਨਹੀਂ ਪਾ ਸਕਦਾ ਹੈ। ਅਕਾਲ ਪੁਰਖੁ ਨੇ ਐਸਾ ਨਿਯਮ ਬਣਾਇਆ ਹੈ ਕਿ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਕੋਈ ਮਨੁੱਖ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਨਹੀਂ ਕਰ ਸਕਦਾ ਹੈ।

*ਸਚੈ ਸਬਦਿ ਸਚੀ ਪਤਿ ਹੋਈ ॥ ਬਿਨੁ ਨਾਵੈ ਮੁਕਤਿ ਨ ਪਾਵੈ ਕੋਈ ॥ ਬਿਨੁ ਸਤਿਗੁਰ ਕੋ ਨਾਉ ਨ ਪਾਏ ਪ੍ਰਭਿ ਐਸੀ ਬਣਤ ਬਣਾਈ ਹੇ ॥੯॥ (੧੦੪੬)*

ਅਕਾਲ ਪੁਰਖੁ ਆਪ ਸਭ ਨੂੰ ਆਸਰਾ ਦੇਣ ਵਾਲਾ ਹੈ, ਇਸ ਲਈ ਕਿਸੇ ਮਨੁੱਖ ਦਾ ਓਟ ਤੇ ਆਸਰਾ ਰੱਖਣਾ ਵਿਅਰਥ ਹੈ। ਜਿਹੜਾ ਮਨੁੱਖ ਗੁਣਾਂ ਦੇ ਖ਼ਜ਼ਾਨੇ ਤੇ ਚਿੰਤਾ ਰਹਿਤ ਅਕਾਲ ਪੁਰਖੁ ਨੂੰ ਮਿਲ ਲੈਂਦਾ ਹੈ, ਉਸ ਦੇ ਅੰਦਰੋਂ ਦੁਨੀਆ ਦੀ ਹਰੇਕ ਤਰ੍ਹਾਂ ਦੀ ਚੀਜ ਲਈ ਆਸ ਤੇ ਚਿੰਤਾ ਮੁੱਕ ਜਾਂਦੀ ਹੈ। ਇਸ ਜਗਤ ਦੀ ਰਚਨਾ ਕਰਨ ਵਾਲਾ ਸਿਰਫ ਅਕਾਲ ਪੁਰਖੁ ਆਪ ਹੀ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਯਾਦ ਰੱਖਦਾ ਹੈ, ਗੁਰੂ ਉਸ ਨੂੰ ਆਨੰਦ ਦੇਣ ਵਾਲੇ ਅਕਾਲ ਪੁਰਖੁ ਦੇ ਦਰਸ਼ਨ ਕਰਾ ਦਿੰਦਾ ਹੈ। ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ ਅੰਤ ਨੂੰ ਅਕਾਲ ਪੁਰਖੁ ਹੀ ਰੱਖਿਆ ਕਰ ਸਕਣ ਵਾਲਾ ਹੈ। ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਅਤੇ ਆਪਣੇ ਅੰਦਰੋਂ ਹੰਕਾਰ ਦੂਰ ਕਰ ਕੇ ਹੀ ਅਕਾਲ ਪੁਰਖੁ ਨੂੰ ਮਿਲਿਆ ਜਾ ਸਕਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਸਦਾ ਅਕਾਲ ਪੁਰਖੁ ਦੇ ਗੁਣ ਗਾਇਆ ਕਰ। ਤੇਰਾ ਇਹ ਮਨੁੱਖਾ ਜਨਮ ਸਫਲ ਕਰਨ ਦਾ ਕਾਰਜ ਇਕ ਦਿਨ ਜ਼ਰੂਰ ਪੂਰਾ ਹੋਵੇਗਾ ਤੇ ਇਸ ਕਾਰਜ ਦਾ ਤੈਨੂੰ ਫਲ ਜ਼ਰੂਰ ਮਿਲੇਗਾ।

*ਏਕੋ ਨਾਮੁ ਧਿਆਇ ਮਨ ਮੇਰੇ ॥ ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ ਹਰਿ ਗੁਣ ਗਾਇ ਮਨ ਮੇਰੇ ॥੧॥ ਰਹਾਉ ॥* (੮੯੬)

ਜਿਸ ਮਨੁੱਖ ਨੂੰ ਅਕਾਲ ਪੁਰਖੁ ਦੇ ਨਾਮੁ ਦੀ ਲਗਨ ਲੱਗ ਜਾਂਦੀ ਹੈ, ਉਹ ਮਨੁੱਖ ਹਮੇਸ਼ਾਂ ਨਾਮੁ ਜਪ ਜਪ ਕੇ ਆਤਮਕ ਬਲ ਹਾਸਲ ਕਰਦਾ ਰਹਿੰਦਾ ਹੈ। ਜਦੋਂ ਗੁਰੂ ਦੀ ਕਿਰਪਾ ਨਾਲ ਉਸ ਦੇ ਅੰਦਰੋਂ ਹਉਮੈ ਦੀ ਅੱਗ ਬੁੱਝ ਜਾਂਦੀ ਹੈ, ਤਾਂ ਉਹ ਗੁਰੂ ਦੀ ਮਤਿ ਦੁਆਰਾ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਰਹਿੰਦਾ ਹੈ। ਗੁਰੂ ਸਭ ਜੀਵਾਂ ਨੂੰ ਆਤਮਕ ਜੀਵਨ ਦੇਣ ਵਾਲਾ ਹੈ, ਪਰੰਤੂ ਆਮ ਮਨੁੱਖ ਨੂੰ ਬਦਕਿਸਮਤੀ ਨਾਲ ਗੁਰੂ ਪਿਆਰਾ ਨਹੀਂ ਲੱਗਦਾ ਤੇ ਉਹ ਗੁਰੂ ਦੀ ਸ਼ਰਨ ਵਿਚ ਆ ਕੇ ਆਤਮਕ ਜੀਵਨ ਦੀ ਦਾਤ ਪ੍ਰਾਪਤ ਨਹੀਂ ਕਰਦਾ। ਜਦੋਂ ਇਕ ਵਾਰੀ ਸਮਾਂ ਨਿਕਲ ਜਾਂਦਾ ਹੈ, ਤਾਂ ਫਿਰ ਵਾਪਿਸ ਹੱਥ ਨਹੀਂ ਆਉਂਦਾ, ਫਿਰ ਮਨੁੱਖ ਦੁਖੀ ਹੁੰਦਾ ਹੈ, ਪਛਤਾਂਦਾ ਹੈ ਤੇ ਹੱਥ ਮਲਦਾ ਹੀ ਰਹਿ ਜਾਂਦਾ ਹੈ। ਇਸ ਲਈ ਜੇ ਕਰ ਕੋਈ ਮਨੁੱਖ ਆਪਣਾ ਭਲਾ ਚਾਹੁੰਦਾ ਹੈ ਤਾਂ ਉਸ ਨੂੰ ਚਾਹੀਦਾ ਹੈ ਕਿ ਉਹ ਗੁਰੂ ਦੇ ਦਰ ਤੇ ਆਪਾ ਭਾਵ ਮਿਟਾ ਕੇ ਟਿਕਿਆ ਰਹੇ। ਜਿਸ ਮਨੁੱਖ ਦਾ ਮਨ ਗੁਰੂ ਦੀ ਮਤਿ ਲੈ ਕੇ ਸੁਆਦ ਨਾਲ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਲੱਗ ਪੈਂਦਾ ਹੈ, ਉਹ ਮਨੁੱਖ ਖਲੋਤਿਆਂ, ਬੈਠਦਿਆਂ, ਉਠਦਿਆਂ, ਰਸਤੇ ਵਿਚ ਤੁਰਦਿਆਂ, ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹੈ। ਅਜੇਹਾ ਮਨੁੱਖ ਸਦਾ ਗੁਰੂ ਦੇ ਬਚਨਾਂ ਵਿਚ ਮਗਨ ਰਹਿੰਦਾ ਹੈ, ਗੁਰੂ ਦਾ ਉਪਦੇਸ਼ ਉਸ ਨੂੰ ਵਿਕਾਰਾਂ ਵਿਚੋਂ ਬਾਹਰ ਨਿਕਲਣ ਦਾ ਸਿੱਧਾ ਰਸਤਾ ਦੱਸਦਾ ਰਹਿੰਦਾ ਹੈ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਗੁਰੂ (ਬਾਣੀ) ਤੋਂ ਬਿਨਾ ਕੋਈ ਹੋਰ ਤਰੀਕਾ ਨਹੀਂ ਹੈ, ਜਿਸ ਨਾਲ ਜੀਵਨ ਮੁਕਤ ਕੀਤਾ ਜਾ ਸਕਦਾ ਹੈ।

*ਖਰੇ ਖਰੋਏ ਬੈਠਤ ਊਠਤ ਮਾਰਗਿ ਪੰਥਿ ਧਿਆਵੈਗੋ ॥ ਸਤਿਗੁਰ ਬਚਨ ਬਚਨ ਹੈ ਸਤਿਗੁਰ ਪਾਧਰੁ ਮੁਕਤਿ ਜਨਾਵੈਗੋ ॥੫॥ (੧੩੦੯)*

ਮਨੁੱਖ ਦਾ ਮਨ ਹਮੇਸ਼ਾਂ ਭਟਕਦਾ ਰਹਿੰਦਾ ਹੈ, ਇਸ ਲਈ ਆਤਮਕ ਅਡੋਲਤਾ ਵਿਚ ਟਿਕ ਕੇ ਹੀ ਅਕਾਲ ਪੁਰਖੁ ਦੇ ਗੁਣ ਗਾਏ ਜਾ ਸਕਦੇ ਹਨ, ਤੇ ਉਸ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ। ਗੁਰੂ ਦੀ ਮਤਿ ਉੱਤੇ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਰਸ ਪੀਤਾ ਜਾ ਸਕਦਾ ਹੈ। ਜਦੋਂ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਮਨ ਪਵਿਤਰ ਹੋ ਜਾਂਦਾ ਹੈ ਤਾਂ ਉਹ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਗੁਰੂ ਦੀ ਮਤਿ ਅਨੁਸਾਰ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ ਤੇ ਆਪਣੇ ਆਪ ਨੂੰ ਨੀਚ ਤੋਂ ਇਕ ਉੱਤਮ ਮਨੁੱਖ ਬਣਾ ਲੈਂਦਾ ਹੈ। ਜੇਹੜੇ ਮਨੁੱਖ ਗੁਰੂ ਦੀ ਮਤਿ ਅਨੁਸਾਰ ਚਲ ਕੇ ਸ੍ਰੇਸ਼ਟ ਮੱਤ ਹਾਸਲ ਕਰ ਲੈਂਦੇ ਹਨ, ਉਹ ਵਿਕਾਰਾਂ ਵਾਲਾ ਜ਼ਹਿਰ ਪੀਣ ਦੀ ਬਜਾਏ, ਅੰਮ੍ਰਿਤ ਰੂਪੀ ਬਾਣੀ ਦਾ ਆਨੰਦ ਮਾਣਦੇ ਰਹਿੰਦੇ ਹਨ, ਉਨ੍ਹਾਂ ਦੇ ਅੰਦਰ ਸੱਚੇ ਤੇ ਸੁੱਚੇ ਆਤਮਕ ਜੀਵਨ ਦੀ ਸੁਗੰਧੀ ਆ ਵੱਸਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਅਕਸਰ ਕੁਰਾਹੇ ਪਏ ਰਹਿੰਦੇ ਹਨ, ਤੇ ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ ਜ਼ਹਿਰ ਵਿਚ ਮਸਤ ਰਹਿੰਦੇ ਹਨ, ਜਿਸ ਕਰਕੇ ਉਹ ਆਪਣਾ ਕੀਮਤੀ ਮਨੁੱਖ ਜਨਮ ਗਵਾਂ ਲੈਂਦੇ ਹਨ। ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨ ਵਾਲਾ ਗੁਰੂ ਦਾ ਸ਼ਬਦ ਚੰਗਾ ਨਹੀਂ ਲੱਗਦਾ। ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰ ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਦੇ ਹਨ। ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ, ਉਹ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ। ਇਸ ਲਈ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣ ਲਈ ਸਾਨੂੰ ਧਿਆਨ ਨਾਲ, ਆਪਣੇ ਆਪ ਨੂੰ ਟਿਕਾਉ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਬਾਰੇ ਜਾਣ ਸਕੀਏ, ਤੇ ਉਸ ਦੀ ਰਚੀ ਹੋਈ ਕੁਦਰਤ ਲਈ ਆਪਣੇ ਅੰਦਰ ਪ੍ਰੇਮ ਪੈਦਾ ਕਰ ਸਕੀਏ।

*ਵਾਹੁ ਵਾਹੁ ਸਹਜੇ ਗੁਣ ਰਵੀਜੈ ॥ ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ ॥੧॥ ਰਹਾਉ ॥*

*ਮੁਖਹੁ ਹਰਿ ਹਰਿ ਸਭੁ ਕੋ ਕਰੈ ਵਿਰਲੈ ਹਿਰਦੈ ਵਸਾਇਆ ॥ ਨਾਨਕ ਜਿਨ ਕੈ ਹਿਰਦੈ ਵਸਿਆ ਮੋਖ ਮੁਕਤਿ ਤਿਨ੍ ਪਾਇਆ ॥੮॥੨॥ (੫੬੫)*

ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ, ਉਸ ਦੇ ਮਨ ਤੇ ਤਨ ਦੀਆਂ ਸਾਰੀਆਂ ਇੱਛਾਂਵਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਦਿਲ ਵਿਚੋਂ ਜਮ ਦਾ ਸਾਰਾ ਡਰ ਨਿਕਲ ਜਾਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਂਣਾਂ ਹੈ, ਕਿ ਅਕਾਲ ਪੁਰਖੁ ਦਾ ਨਾਮੁ ਜਪਣ ਲਈ ਸ਼ਬਦ ਗੁਰੂ ਦੁਆਰਾ ਉਸ ਦੇ ਗੁਣ ਗਾਇਨ ਕਰਿਆ ਕਰੇ। ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੋ ਜਾਂਦਾ ਹੈ, ਉਸ ਦਾ ਮਨ ਮਾਇਆ ਦੇ ਮੋਹ ਦੀ ਨੀਂਦ ਵਿਚੋਂ ਜਾਗ ਪੈਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਦੇ ਨਾਮੁ ਦਾ ਰਸ ਬੜੇ ਸੁਆਦਾ ਨਾਲ ਪੀਣ ਲਗ ਪੈਂਦਾ ਹੈ। ਅਕਾਲ ਪੁਰਖੁ ਦਾ ਨਾਮੁ ਹਰੇਕ ਤਰ੍ਹਾਂ ਦੇ ਸੁਖ ਦੇਣ ਵਾਲਾ ਹੈ, ਪਰੰਤੂ ਗੁਰੂ ਦੀ ਮਤਿ ਅਨੁਸਾਰ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਮਾਣਿਆ ਜਾ ਸਕਦਾ ਹੈ। ਇਸ ਲਈ ਹਮੇਸ਼ਾਂ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਨਾ ਚਾਹੀਦਾ ਹੈ।

*ਮਨਿ ਰਾਮ ਨਾਮੁ ਆਰਾਧਿਆ ਗੁਰ ਸਬਦਿ ਗੁਰੂ ਗੁਰ ਕੇ ॥ ਸਭਿ ਇਛਾ ਮਨਿ ਤਨਿ ਪੂਰੀਆ ਸਭੁ ਚੂਕਾ ਡਰੁ ਜਮ ਕੇ ॥੧॥ ਮੇਰੇ ਮਨ ਗੁਣ ਗਾਵਹੁ ਰਾਮ ਨਾਮ ਹਰਿ ਕੇ ॥ ਗੁਰਿ ਤੁਠੈ ਮਨੁ ਪਰਬੋਧਿਆ ਹਰਿ ਪੀਆ ਰਸੁ ਗਟਕੇ ॥੧॥ ਰਹਾਉ ॥ (੭੩੧)*

ਹਮੇਸ਼ਾਂ ਧਿਆਨ ਵਿਚ ਰੱਖਣਾ ਹੈ ਕਿ ਇਹ ਘਰ, ਸੋਨਾ, ਚਾਂਦੀ, ਰੁਪਇਆ ਪੈਸਾ, ਹਕੂਮਤ, ਆਦਿ ਕੋਈ ਵੀ ਆਤਮਕ ਜੀਵਨ ਦੇ ਕੰਮ ਲਈ ਸਹਾਈ ਨਹੀਂ ਹੋ ਸਕਦੇ। ਮਾਇਕ ਪਦਾਰਥਾਂ ਦੇ ਝਮੇਲੇ ਵੀ ਕੋਈ ਲਾਭ ਨਹੀਂ ਦੇ ਸਕਦੇ। ਇਹ ਹਮੇਸ਼ਾਂ ਚੇਤਾ ਰੱਖਣਾ ਹੈ ਕਿ ਇਸ ਜੀਵਨ ਵਿਚ ਆਪਣੇ ਬਣਾਏ ਗਏ ਮਿੱਤਰਾਂ ਤੇ ਰਿਸ਼ਤੇਦਾਰਾਂ ਦਾ ਸਾਥ ਵੀ ਸਦੀਵੀ ਨਹੀਂ ਹੈ, ਸਿਰਫ਼ ਅਕਾਲ ਪੁਰਖੁ ਦਾ ਨਾਮੁ ਹੀ ਸਾਡੇ ਨਾਲ ਚਲ ਸਕਦਾ ਹੈ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਸਾਰੇ ਹੀ ਕੰਮ ਵਿਅਰਥ ਹੋ ਜਾਂਦੇ ਹਨ। ਮਨੁੱਖ ਆਪਣੇ ਮਿੱਤਰ ਦੀ ਗੱਲ ਬਹੁਤ ਜਲਦੀ ਮੰਨਦਾ ਹੈ, ਇਸੇ ਲਈ ਗੁਰੂ ਸਾਹਿਬ ਵੀ ਸਾਨੂੰ ਇਕ ਮਿੱਤਰ ਦੀ ਤਰ੍ਹਾਂ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਆਪਣੇ ਇਸ ਮਨੁੱਖਾ ਜਨਮ ਵਿਚ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰਨ ਲਈ ਉਸ ਦੇ ਗੁਣ ਗਾਇਨ ਕਰ ਲੈ, ਤਾਂ ਜੋ ਅਕਾਲ ਪੁਰਖੁ ਦੇ ਨਾਮੁ ਸਿਮਰਨ ਸਦਕਾ ਸਾਡੀ ਲੋਕ ਪਰਲੋਕ ਵਿਚ ਇੱਜ਼ਤ ਰਹਿ ਸਕੇ। ਅਕਾਲ ਪੁਰਖੁ ਦਾ ਨਾਮੁ ਸਿਮਰਨ ਵਾਲਿਆਂ ਨੂੰ ਜਮਰਾਜ ਵੀ ਕੁਝ ਨਹੀਂ ਕਹਿ ਸਕਦਾ। ਇਸ ਲਈ ਗੁਰੂ ਦਾ ਸ਼ਬਦ ਚੇਤੇ ਕਰਿਆ ਕਰੋ, ਤਾਂ ਜੋ ਮਨ ਨੂੰ ਆਨੰਦ ਮਿਲਦਾ ਰਹੇ, ਤੇ ਇਸ ਲੋਕ ਵਿਚ ਅਤੇ ਪਰਲੋਕ ਵਿਚ ਸੁਰਖ਼ਰੂ ਹੋ ਸਕੀਏ।

*ਰਾਮ ਨਾਮ ਗੁਣ ਗਾਇ ਲੇ ਮੀਤਾ ਹਰਿ ਸਿਮਰਤ ਤੇਰੀ ਲਾਜ ਰਹੈ ॥ ਹਰਿ ਸਿਮਰਤ ਜਮੁ ਕਛੁ ਨ ਕਹੈ ॥੧॥ ਰਹਾਉ ॥ (੮੮੯)*

ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦਾ ਨਾਮੁ ਗੁਰੂ ਪਾਸੋਂ ਸੁਣ ਕੇ ਆਪਣੇ ਮਨ ਵਿਚ ਵਸਾਂਦਾ ਹੈ, ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਇਹ ਸਾਰਾ ਜਗਤ ਜੋ ਸਾਨੂੰ ਦਿਖਾਈ ਦੇ ਰਿਹਾ ਹੈ, ਉਹ ਅਕਾਲ ਪੁਰਖੁ ਨੇ ਆਪ ਹੀ ਆਪਣੇ ਆਪ ਤੋਂ ਪੈਦਾ ਕੀਤਾ ਹੈ, ਮਾਇਆ ਦਾ ਮੋਹ ਵੀ ਅਕਾਲ ਪੁਰਖੁ ਨੇ ਆਪਣੇ ਹੁਕਮੁ ਵਿਚ ਹੀ ਬਣਾਇਆ ਹੈ। ਅਕਾਲ ਪੁਰਖੁ ਆਪ ਹੀ ਇਹ ਸਾਰੇ ਖੇਲ ਕਰ ਰਿਹਾ ਹੈ ਤੇ ਕਰਵਾ ਰਿਹਾ ਹੈ। ਅਕਾਲ ਪੁਰਖੁ ਦੀ ਮਿਹਰ ਨਾਲ ਜਿਸ ਮਨੁੱਖ ਨੂੰ ਗੁਰੂ ਮਿਲ ਜਾਂਦਾ ਹੈ, ਫਿਰ ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਉਸ ਨੂੰ ਇਹ ਸ੍ਰੇਸ਼ਟ ਤੇ ਉੱਤਮ ਕੰਮ ਕਰਨ ਲਈ ਮਿਲ ਜਾਂਦਾ ਹੈ, ਕਿ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਈ ਰੱਖੇ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਬਾਣੀ ਆ ਵੱਸਦੀ ਹੈ, ਉਹ ਇਸ ਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲੈਂਦਾ ਹੈ।

***ਗੁਰ ਸੇਵਾ ਤੇ ਕਰਣੀ ਸਾਰ ॥ ਰਾਮ ਨਾਮੁ ਰਾਖਹੁ ਉਰਿ ਧਾਰ ॥ ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ ॥੩॥** (੧੦੬੬)*

ਗੁਰੂ ਸਾਹਿਬ ਨੇ ਇਸ ਸਬਦ "***ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ***" ਵਿਚ ਬਿਲਕੁਲ ਸਿੱਧੇ ਤੇ ਸਪੱਸ਼ਟ ਤਰੀਕੇ ਨਾਲ ਸਮਝਾਇਆ ਗਿਆ ਹੈ ਕਿ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ।

ਅਕਾਲ ਪੁਰਖੁ ਕਿੱਡਾ ਵੱਡਾ ਹੈ, ਇਹ ਗੱਲ ਦੱਸਣੀ ਤਾਂ ਕਿਤੇ ਰਹੀ, ਉਸ ਦੀ ਬਖ਼ਸ਼ਸ਼ ਹੀ ਇਤਨੀ ਵੱਡੀ ਹੈ ਕਿ ਲਿਖਣ ਵਿਚ ਨਹੀਂ ਲਿਆਂਦੀ ਜਾ ਸਕਦੀ। ਜਗਤ ਵਿਚ ਜੋ ਵੱਡੇ ਵੱਡੇ ਲੋਕ ਦਿੱਸਦੇ ਹਨ, ਉਹ ਸਭ ਅਕਾਲ ਪੁਰਖੁ ਦੇ ਦਰ ਤੋਂ ਹੀ ਮੰਗਦੇ ਹਨ। ਅਕਾਲ ਪੁਰਖੁ ਤਾਂ ਸਗੋਂ ਇਤਨਾ ਵੱਡਾ ਹੈ ਕਿ ਜੀਵਾਂ ਦੇ ਮੰਗਣ ਤੋ ਬਿਨਾਂ ਉਨ੍ਹਾਂ ਦੀਆਂ ਲੋੜਾਂ ਜਾਣ ਕੇ ਆਪਣੇ ਆਪ ਹੀ ਦਾਤਾਂ ਦਿੰਦਾ ਰਹਿੰਦਾ ਹੈ। ਪਰ ਜੀਵ ਦੀ ਮੂਰਖਤਾ ਵੇਖੋ ਕਿ ਇਤਨੀਆਂ ਦਾਤਾਂ ਵਰਤਦੇ ਹੋਏ ਵੀ ਦਾਤਾਂ ਨਾਲ ਤਾਂ ਪਿਆਰ ਕਰਦੇ ਹਨ, ਪਰੰਤੂ ਇਹ ਸਭ ਦਾਤਾਂ ਦੇਣ ਵਾਲੇ ਦਾਤਾਰ ਨੂੰ ਵਿਸਾਰ ਕੇ ਵਿਕਾਰਾਂ ਵਿਚ ਪੈ ਜਾਂਦੇ ਹਨ ਤੇ ਅਨੇਕਾਂ ਦੁਖ ਤੇ ਕਸ਼ਟ ਸਹੇੜ ਲੈਂਦੇ ਹਨ। ਇਹ ਦੁਖ ਤੇ ਕਲੇਸ਼ ਵੀ ਅਕਾਲ ਪੁਰਖੁ ਦੀ ਦਾਤ ਹੀ ਹੈ, ਕਿਉਂਕਿ ਇਨ੍ਹਾਂ ਦੁਖਾਂ ਕਲੇਸ਼ਾਂ ਕਰਕੇ ਹੀ ਮਨੁੱਖ ਨੂੰ ਮੁੜ ਅਕਾਲ ਪੁਰਖੁ ਦੀ ਰਜ਼ਾ ਵਿਚ ਚਲਣ ਲਈ ਸਮਝ ਆਂਉਂਦੀ ਹੈ ਤੇ ਉਹ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨ ਲੱਗ ਪੈਂਦਾ ਹੈ। ਅਕਾਲ

ਪੁਰਖ ਦੀ ਸਿਫ਼ਤਿ ਸਾਲਾਹ ਸਭ ਤੋਂ ਉੱਚੀ ਦਾਤ ਹੈ, ਅਤੇ ਜਿਸ ਮਨੁੱਖ ਨੂੰ ਅਕਾਲ ਪੁਰਖ ਆਪਣੀ ਸਿਫ਼ਤਿ ਸਾਲਾਹ ਦੀ ਦਾਤ ਬਖਸ਼ਦਾ ਹੈ, ਉਹ ਪਾਤਸ਼ਾਹਾਂ ਦਾ ਪਾਤਸ਼ਾਹ ਬਣ ਜਾਂਦਾ ਹੈ।

*ਜਿਸ ਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫॥ (੫)*

ਜੇਹੜੇ ਮਨੁੱਖ ਅਕਾਲ ਪੁਰਖੁ ਦੇ ਸੁੰਦਰ ਚਰਨ ਆਪਣੇ ਹਿਰਦੇ ਵਿਚ ਟਿਕਾਈ ਰੱਖਦੇ ਹਨ, ਉਹ ਪੂਰੇ ਸਤਿਗੁਰੂ ਨੂੰ ਮਿਲ ਕੇ ਸੰਸਾਰ ਰੁਪੀ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਸਤਿਗੁਰੂ ਦੀ ਸੰਗਤ ਵਿਚ ਰਹਿ ਕੇ ਮਨੁੱਖ ਆਪਣੇ ਸਾਰੇ ਡਰ ਤੇ ਆਪਣੀਆਂ ਸਾਰੀਆਂ ਭਟਕਣਾ ਦੂਰ ਕਰ ਲੈਂਦਾ ਹੈ। ਗੁਰੂ ਦੀ ਸ਼ਰਨ ਵਿਚ ਆਉਂਣ ਸਦਕਾ ਮਨੁੱਖ ਨੂੰ ਸਭ ਪਾਸੇ ਅਕਾਲ ਪੁਰਖੁ ਦਾ ਰੂਪ ਹੀ ਵਿਖਾਈ ਦਿੰਦਾ ਹੈ। ਇਸ ਲਈ ਹਮੇਸ਼ਾਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਤੇ ਗੁਣਾਂ ਦੇ ਗੀਤ ਗਾਇਨ ਕਰਦੇ ਰਹਿਣਾ ਚਾਹੀਦਾ ਹੈ, ਤੇ ਗੁਰੂ ਨੂੰ ਮਿਲ ਕੇ ਅਕਾਲ ਪੁਰਖੁ ਦਾ ਨਾਮੁ ਹਿਰਦੇ ਵਿਚ ਯਾਦ ਕਰਦੇ ਰਹਿਣਾ ਚਾਹੀਦਾ ਹੈ।

*ਗੋਵਿੰਦ ਗੁਣ ਗਾਵਹੁ ਮੇਰੇ ਭਾਈ ॥ ਮਿਲਿ ਸਾਧੂ ਹਰਿ ਨਾਮੁ ਧਿਆਈ ॥੧॥ ਰਹਾਉ ॥ (੧੯੩)*

ਜਗਤ ਦੇ ਸਾਰੇ ਜੀਵ ਆਪੋ ਆਪਣੀ ਵਾਰੀ ਅਨੁਸਾਰ ਇਥੋਂ ਤੁਰ ਜਾਣਗੇ, ਫਿਰ ਅਸੀਂ ਨਾਸ਼ਵੰਤ ਸੰਸਾਰ ਦੀ ਕਿਉਂ ਆਸ ਲਾਈ ਬੈਠੇ ਹਾਂ? ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਨੂੰ ਇਨ੍ਹਾਂ ਆਸਾਂ ਦੇ ਰੋਗ ਤੋਂ ਬਚਾ ਸਕਦਾ ਹੈ, ਗੁਰੂ ਦੀ ਸ਼ਰਨ ਵਿਚ ਆਉਂਣ ਨਾਲ ਨਾਸ਼ਵੰਤ ਪਦਾਰਥਾਂ ਦੀ ਆਸ ਮਿਟ ਜਾਂਦੀ ਹੈ। ਇਸ ਲਈ ਸੁਆਸ ਸੁਆਸ, ਭਾਵ ਸਦਾ ਅਕਾਲ ਪੁਰਖੁ ਦਾ ਨਾਮੁ ਜਪਦੇ ਰਹਿਣਾ ਚਾਹੀਦਾ ਹੈ, ਤੇ ਅਕਾਲ ਪੁਰਖੁ ਦੇ ਗੁਣਾਂ ਨੂੰ ਚੇਤੇ ਕਰਦੇ ਰਹਿਣਾ ਚਾਹੀਦਾ ਹੈ। ਭਾਂਵੇਂ ਬਾਲਪਨ ਹੋਵੇ, ਜੁਆਨੀ ਹੋਵੇ ਜਾਂ ਬੁਢੇਪਾ, ਮੌਤ ਨੂੰ ਆਉਣ ਲਈ ਕਿਸੇ ਵੇਲੇ ਵੀ ਕੋਈ ਰੁਕਾਵਟ ਨਹੀਂ। ਮਰਨ ਸਬੰਧੀ ਮਨੁੱਖ ਦੇ ਹੱਥ ਵਿਚ ਕੁਝ ਵੀ ਨਹੀਂ, ਇਸ ਮਨੁੱਖਾ ਸਰੀਰ ਦਾ ਕੋਈ ਭਰੋਸਾ ਨਹੀਂ, ਕਿ ਅਗਲਾ ਸਵਾਸ ਆਉਣਾਂ ਹੈ ਕਿ ਨਹੀਂ, ਇਸ ਲਈ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਵਿਚ ਕਦੇ ਵੀ ਢਿੱਲ ਨਹੀਂ ਕਰਨੀ ਚਾਹੀਦੀ ਹੈ।

*ਪਉੜੀ ॥ ਗਗਾ ਗੋਬਿਦ ਗੁਣ ਰਵਹੁ ਸਾਸਿ ਸਾਸਿ ਜਪਿ ਨੀਤ ॥ ਕਹਾ ਬਿਸਾਸਾ ਦੇਹ ਕਾ ਬਿਲਮ ਨ ਕਰਿਹੋ ਮੀਤ ॥ (੨੫੪)*

ਗੁਰੂ ਸਾਹਿਬਾਂ ਨੇ ਰਵਾਇਤੀ ਤੌਰ ਤੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਲਈ ਨਹੀਂ ਕਿਹਾ ਹੈ, ਬਲਕਿ ਪੂਰੀ ਨਿਸ਼ਟਾ ਤੇ ਲਗਨ ਨਾਲ ਕਰਨ ਲਈ ਕਿਹਾ ਹੈ। ਇਸ ਲਈ ਹੇ ਮੇਰੇ ਮਨ ਜੇ ਕਰ ਤੂੰ ਅਕਾਲ ਪੁਰਖੁ ਦੇ ਗੁਣ ਕਦੇ ਨਹੀਂ ਗਾਏ, ਤਾਂ ਸਮਝ ਲੈ ਕਿ ਤੂੰ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲਿਆ ਹੈ। ਅਕਾਲ ਪੁਰਖੁ ਦਾ ਭਜਨ ਇਸ ਤਰ੍ਹਾਂ ਕਰਿਆ ਕਰ ਜਿਵੇਂ ਮੱਛੀ ਪਾਣੀ ਨਾਲ ਪਿਆਰ ਕਰਦੀ ਹੈ, ਮੱਛੀ ਕਦੇ ਵੀ ਪਾਣੀ ਬਿਨਾ ਰਹਿ ਨਹੀਂ ਸਕਦੀ। ਇਸ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਨੂੰ ਆਪਣੀ ਜ਼ਿੰਦਗੀ ਦਾ ਅਜੇਹੇ ਤਰੀਕੇ ਨਾਲ ਆਸਰਾ ਬਣਾ, ਜਿਸ ਤਰ੍ਹਾਂ ਕਿ ਮੱਛੀ ਨੇ ਪਾਣੀ ਨੂੰ ਆਪਣੀ ਜਿੰਦਗੀ ਦਾ ਆਸਰਾ ਬਣਾਇਆ ਹੋਇਆ ਹੈ।

*ਸਲੋਕ ਮਹਲਾ ੯ ॥ ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ (੧੪੨੬)*

ਜੇਹੜਾ ਮਨੁੱਖ ਪੂਰੇ ਗੁਰੂ ਦਾ ਧਿਆਨ ਧਰਦਾ ਹੈ, ਉਸ ਉੱਤੇ ਮਾਲਕ ਅਕਾਲ ਪੁਰਖੁ ਦਇਆਵਾਨ ਹੁੰਦਾ ਹੈ ਤੇ, ਉਹ ਮਨੁੱਖ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਵਿਚ ਰਹਿੰਣ ਲਗ ਪੈਂਦਾ ਹੈ। ਅਕਾਲ ਪੁਰਖੁ ਦੀ ਸ਼ਰਨ ਵਿਚ ਆਣ ਸਦਕਾ ਮਨੁੱਖ ਦੇ ਸਾਰੇ ਡਰ ਦੂਰ ਹੋ ਜਾਂਦੇ ਹਨ, ਸਾਰੇ ਦੁਖ ਖਤਮ ਹੋ ਜਾਂਦੇ ਹਨ, ਉਹ ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ, ਭਾਵ ਨਾਮੁ ਜਪਣਾ ਦ੍ਰਿੜ ਕਰ ਦਿੱਤਾ, ਉਸ ਦੀਆਂ ਸਾਰੀਆਂ ਚਿੰਤਾਵਾਂ ਦੂਰ ਹੋ ਜਾਂਦੀਆਂ ਹਨ। ਜਿਸ ਮਨੁੱਖ ਦੀ ਰੱਖਿਆ ਗੁਰੂ ਆਪ ਕਰਦਾ ਹੈ, ਉਸ ਮਨੁੱਖ ਨੂੰ ਆਤਮਕ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ। ਅਕਾਲ ਪੁਰਖੁ ਅੱਗੇ ਹਮੇਸ਼ਾਂ ਇਹੀ ਬੇਨਤੀ ਕਰਨੀ ਹੈ ਕਿ ਤੂੰ ਮੇਰਾ ਮਾਲਕ ਹੈ, ਤੇ ਤੂੰ ਹੀ ਮੈਨੂੰ ਸਾਰੀਆਂ ਦਾਤਾਂ ਦੇਣ ਵਾਲਾ ਹੈ। ਦੀਨਾਂ ਉਤੇ ਦਇਆ ਕਰਨ ਵਾਲੇ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਮੇਰੇ ਉਤੇ ਮੇਹਰ ਕਰੋ, ਕਿ ਮੈਂ ਆਪ ਜੀ ਦੇ ਪ੍ਰੇਮ ਦੇ ਰੰਗ ਵਿਚ ਲੀਨ ਹੋ ਕੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਗੁਣ ਗਾਇਨ ਕਰਦਾ ਰਹਾਂ।

*ਸੋਰਠਿ ਮਹਲਾ ੫ ॥ ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥ ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥ ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ ਰਹਾਉ ॥ (੬੧੫-੬੧੬)*

ਉਸ ਅਕਾਲ ਪੁਰਖੁ ਨੂੰ ਆਪਣੇ ਮਨ ਤੋਂ ਕਦੇ ਭੀ ਭੁਲਾਣਾ ਨਹੀਂ ਚਾਹੀਦਾ, ਜਿਸ ਦਾ ਸਿਮਰਨ ਕੀਤਿਆਂ ਸਾਰੇ ਦੁਖ ਦੂਰ ਹੋ ਜਾਂਦੇ ਹਨ, ਤੇ ਜਿਸ ਦੇ ਵੱਸ ਵਿਚ ਦੁਨੀਆ ਦੇ ਸਾਰੇ ਪਦਾਰਥ, ਸਾਰੇ ਫਲ ਤੇ ਸਾਰੇ ਆਤਮਕ ਗੁਣ ਹਨ, ਜਿਸ ਦਾ ਆਸਰਾ ਲਿਆਂ ਆਤਮਕ ਜੀਵਨ ਮਿਲ ਜਾਂਦਾ ਹੈ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਵਿਕਾਰਾਂ ਤੋਂ ਬਚਾਉ ਹੋ ਜਾਂਦਾ ਹੈ ਤੇ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਸੁਰਖ਼ਰੂ ਹੋ ਜਾਈਦਾ ਹੈ। ਇਸ ਲਈ ਸਦਾ ਅਕਾਲ ਪੁਰਖੁ ਦਾ ਨਾਮੁ ਜਪਣਾ ਚਾਹੀਦਾ ਹੈ, ਜਿਸ ਸਦਕਾ ਸਾਡੇ ਸਾਰੇ ਕੰਮ ਸਫਲ ਹੋ ਸਕਦੇ ਹਨ। ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ, ਮਨੁੱਖ ਦੇ ਅੰਦਰ ਉਸ ਅਕਾਲ

ਪੁਰਖੁ ਵਰਗੇ ਗੁਣ ਆਉਣੇ ਸ਼ੁਰੂ ਹੋ ਜਾਂਦੇ ਹਨ, ਜਿਸ ਸਦਕਾ ਮਨੁੱਖ ਦੇ ਮੂੰਹ ਵਿਚੋਂ ਪਵਿਤਰ ਬੋਲ ਨਿਕਲਦੇ ਹਨ। ਦੁਨੀਆ ਵਿਚ ਅਸਲੀ ਭਰਾ ਜਾਂ ਮਿੱਤਰ ਉਹੀ ਮਨੁੱਖ ਹੈ, ਜਿਸ ਪਾਸੋਂ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਸੁਣੀ ਜਾਏ।

*ਗਉੜੀ ਮਾਝ ਮਹਲਾ ੫ ॥ **ਹਰਿ ਰਾਮ ਰਾਮ ਰਾਮ ਰਾਮਾ ॥ ਜਪਿ ਪੂਰਨ ਹੋਏ ਕਾਮਾ ॥੧॥ ਰਹਾਉ ॥ ਰਾਮ ਗੋਬਿੰਦ ਜਪੇਦਿਆ ਹੋਆ ਮੁਖੁ ਪਵਿਤ੍ਰੁ ॥ ਹਰਿ ਜਸੁ ਸੁਣੀਐ ਜਿਸ ਤੇ ਸੋਈ ਭਾਈ ਮਿਤ੍ਰੁ ॥੧॥** (੨੧੮)*

ਆਪਣੇ ਮਨ ਨੂੰ ਸਮਝਾਣਾਂ ਹੈ ਕਿ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਇਨ੍ਹਾਂ ਪੰਜ ਵਿਕਾਰਾਂ ਦੇ ਚਸਕਿਆਂ ਤੋਂ ਸਦਾ ਦੂਰ ਰਹਿਣਾਂ ਹੈ। ਆਪਣੇ ਮਨ ਨੂੰ ਪਰੇਰਨਾ ਹੈ ਕਿ ਸਾਧ ਸੰਗਤਿ ਵਿਚ ਮਿਲ ਕੇ ਗੁਰਬਾਣੀ ਅਨੁਸਾਰ ਅਕਾਲ ਪੁਰਖੁ ਦੇ ਗੁਣਾਂ ਦੀ ਵਿਚਾਰ ਕਰਨੀ ਹੈ। ਮਨ ਨੂੰ ਸਮਝਾਂਣਾਂ ਹੈ ਕਿ ਆਪਣੇ ਅੰਦਰੋਂ ਦਾ ਇਹ ਮਾਣ ਕਢ ਦੇਵੇ ਕਿ ਤੂੰ ਬਹੁਤ ਕੁਝ ਜਾਣਦਾ ਹੈ ਤੇ ਬੜਾ ਸਿਆਣਾ ਹੈ, ਬਲਕਿ ਆਪਣੇ ਆਪ ਨੂੰ ਗੁਰਮੁਖਾਂ ਦੇ ਚਰਨਾਂ ਦੀ ਧੂੜ ਬਣਾਈ ਰੱਖਣਾ ਹੈ। ਗੁਰੂ ਸਾਹਿਬ ਗੁਰਬਾਣੀ ਵਿਚ ਮਨ ਨੂੰ ਵਾਰ ਵਾਰ ਇਹੀ ਸਮਝਾਂਦੇ ਹਨ ਕਿ ਅਕਾਲ ਪੁਰਖੁ ਦੇ ਗੁਣ ਗਾਇਆ ਕਰ, ਗੁਰੂ ਦੇ ਚਰਨ ਧੋ ਧੋ ਕੇ ਪੂਜਿਆ ਕਰ, ਭਾਵ, ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਿਆ ਕਰ। ਆਪਣੇ ਹੰਕਾਰ ਨੂੰ ਤਿਆਗ ਕੇ ਸਤਿਗੁਰੁ ਦੀ ਸ਼ਰਨ ਪਿਆ ਰਹਿ। ਆਪਣੇ ਮਨ ਨੂੰ ਪਰੇਰਨਾ ਹੈ ਕਿ ਇਸ ਤਰੀਕੇ ਨਾਲ ਤੂੰ ਆਪਣੀ ਸੋਚ ਤੇ ਕਰਮਾਂ ਨੂੰ ਗੁਰਬਾਣੀ ਅਨੁਸਾਰ ਢਾਲ ਕੇ ਆਪਣੇ ਪਿਆਰੇ ਅਕਾਲ ਪੁਰਖੁ ਨੂੰ ਲੱਭ ਸਕੇਂਗਾ।

***ਮੇਰੇ ਮਨ ਹਰਿ ਹਰਿ ਗੁਨ ਕਹੁ ਰੇ ॥ ਸਤਿਗੁਰੂ ਕੇ ਚਰਨ ਧੋਇ ਧੋਇ ਪੂਜਹੁ ਇਨ ਬਿਧਿ ਮੇਰਾ ਹਰਿ ਪ੍ਰਭੁ ਲਹੁ ਰੇ** ॥ ਰਹਾਉ ॥ (੧੧੧੮, ੧੧੧੯)*

ਸਤਿਗੁਰੁ ਦੀ ਸ਼ਰਨ ਵਿਚ ਆਉਂਣ ਨਾਲ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ ਤੇ ਸਾਰੇ ਦੁਖ ਕਲੇਸ਼ ਆਪਣੇ ਆਪ ਦੂਰ ਹੋ ਜਾਂਦੇ ਹਨ। ਸਬਦ ਗੁਰੂ ਦੀ ਬਰਕਤ ਨਾਲ ਜਿਸ ਮਨੁੱਖ ਦੇ ਮੱਥੇ ਉਤੇ ਗੁਰੂ ਦੇ ਚਰਨਾਂ ਦੀ ਧੂੜ ਲੱਗ ਜਾਂਦੀ ਹੈ, ਉਹ ਹਉਮੈ ਪੈਦਾ ਕਰਨ ਵਾਲੀ ਸਾਰੀ ਬੁੱਧੀ ਤਿਆਗ ਦਿੰਦਾ ਹੈ ਤੇ ਸਬਦ ਗੁਰੂ ਅਨੁਸਾਰ ਦਰਸਾਈ ਗਈ ਮਤ ਅਪਨਾ ਲੈਂਦਾ ਹੈ। ਗੁਰੂ ਦਾ ਸ਼ਬਦ ਮਨ ਵਿਚ ਪਿਆਰਾ ਲੱਗਣ ਲੱਗ ਜਾਂਦਾ ਹੈ, ਤੇ ਮਨੁੱਖ ਅਕਾਲ ਪੁਰਖੁ ਦੇ ਦਰਸਨ ਕਰ ਲੈਂਦਾ ਹੈ। ਅਜੇਹੇ ਗੁਰਮੁਖ ਲਈ ਗੁਰੂ ਹੀ ਸਾਰੇ ਸੁਖ ਦੇਣ ਵਾਲਾ ਹੈ, ਤੇ ਗੁਰੂ ਹੀ ਕਰਤਾਰ ਦਾ ਰੂਪ ਹੈ, ਤੇ ਗੁਰੂ ਹੀ ਪ੍ਰਾਣਾਂ ਦਾ ਸਹਾਰਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਗੁਰੂ ਦੀ ਕਿਰਪਾ ਨਾਲ ਮੈਂ ਆਪਣੇ ਆਤਮਕ ਜੀਵਨ ਨੂੰ ਪੜਤਾਲ ਕੇ ਸਭ ਤੋਂ ਸ੍ਰੇਸ਼ਟ ਆਤਮਿਕ ਆਨੰਦ ਮਾਣ ਰਿਹਾ ਹਾਂ।

***ਸਤਿਗੁਰ ਅਪੁਨੇ ਕਉ ਕੁਰਬਾਨੀ ॥ ਆਤਮ ਚੀਨਿ ਪਰਮ ਰੰਗ ਮਾਨੀ ॥੧॥ ਰਹਾਉ** ॥ (੧੮੨)*

ਮਾਇਆ ਵਿਚ ਫਸਿਆ ਹੋਇਆ ਮਨੁੱਖ ਕਾਂ ਦੀ ਤਰ੍ਹਾਂ ਰੌਲਾ ਪਾ ਕੇ, ਨਿਰਾ ਮੂੰਹੋਂ ਹੀ ਜ਼ਬਾਨੀ ਜ਼ਬਾਨੀ ਆਤਮਕ ਜੀਵਨ ਦੀ ਸੂਝ ਬਾਰੇ ਦੱਸਦਾ ਰਹਿੰਦਾ ਹੈ। ਅਜੇਹੇ ਚੁੰਝ ਗਿਆਨੀ ਦੇ ਮਨ ਵਿਚ ਲੋਭ, ਝੂਠ ਤੇ ਹੰਕਾਰ ਟਿਕਿਆ ਰਹਿੰਦਾ ਹੈ। ਨਾਮੁ ਤੋਂ ਵਾਂਝੇ ਰਹਿ ਕੇ ਇਸ ਦਾ ਧਾਰਮਿਕ ਵਿਖਾਵਾ ਇਕ ਦਿਨ ਸਾਰਿਆਂ ਨੂੰ ਪਤਾ ਲਗ ਜਾਂਦਾ ਹੈ।

***ਜਗੁ ਕਊਆ ਮੁਖਿ ਚੁੰਚ ਗਿਆਨੁ ॥ ਅੰਤਰਿ ਲੋਭੁ ਝੂਠੁ ਅਭਿਮਾਨੁ ॥ ਬਿਨੁ ਨਾਵੈ ਪਾਜੁ ਲਹਗੁ ਨਿਦਾਨਿ** ॥੧॥ (੮੩੨, ੮੩੩)*

ਅੱਜਕਲ ਪੰਜਾਬ ਵਿਚ ਤਰ੍ਹਾਂ ਤਰ੍ਹਾਂ ਦੇ ਸੰਤਾਂ ਤੇ ਬਾਬਿਆਂ ਦੇ ਪੋਲ ਖੁਲ ਰਹੇ ਹਨ। ਲੋਕ ਇਨ੍ਹਾਂ ਦੀਆਂ ਮਿਠੀਆਂ ਗੱਲਾਂ ਤੇ ਲਾਲਚ ਵਿਚ ਆ ਕੇ ਫਸ ਜਾਂਦੇ ਹਨ ਤੇ ਕਈ ਕਈ ਸਾਲਾਂ ਇਨ੍ਹਾਂ ਸੰਤਾਂ ਦੇ ਵਧਣ ਫੁਲਣ ਲਈ ਸੇਵਾ ਤੇ ਮਾਇਆ ਭੇਟ ਕਰਦੇ ਰਹਿੰਦੇ ਹਨ। ਬਾਅਦ ਵਿਚ ਜਦੋਂ ਅਸਲੀਅਤ ਦਾ ਪਤਾ ਲਗਦਾ ਹੈ ਤਾਂ ਫਿਰ ਪਛਤਾਂਦੇ ਹਨ। "***ਅਗੋ ਦੇ ਜੇ ਚੇਤੀਐ ਤਾਂ ਕਾਇਤੁ ਮਿਲੈ ਸਜਾਇ ॥*** (੪੧੭)"। ਬਾਅਦ ਵਿਚ ਪਛਤਾਂਣ ਤੋਂ ਬੇਹਤਰ ਇਹੀ ਹੈ, ਕਿ ਪਹਿਲਾਂ ਝੂਠੇ ਲਾਲਚ ਵਿਚ ਨਾ ਫਸੀਏ, ਸੁਚੇਤ ਰਹੀਏ ਤੇ ਸੱਚੀ ਸਿਖਿਆ ਹਾਸਲ ਕਰੀਏ।

***ਕਹਾ ਭੂਲਿਓ ਰੇ ਝੂਠੇ ਲੋਭ ਲਾਗ ॥ ਕਛੁ ਬਿਗਰਿਓ ਨਾਹਿਨ ਅਜਹੁ ਜਾਗ ॥੧॥ ਰਹਾਉ** ॥ (੧੧੮੨)*

ਇਸ ਲਈ ਗੁਰੂ ਸਾਹਿਬ ਦੀ ਸਿਖਿਆ ਅਨੁਸਾਰ ਦਰਸਾਏ ਗਏ ਮਾਰਗ ਤੇ ਚਲਣਾ ਹੈ ਤੇ ਜੀਵਨ ਵਿਚ ਹਰੇਕ ਕਾਰਜ ਗੁਰਬਾਣੀ ਅਨੁਸਾਰ ਕਰਨਾ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਨਾਲ ਡੂੰਘੀ ਸਾਂਝ ਪਾ ਕੇ ਆਤਮਕ ਅਡੋਲਤਾ ਵਿਚ ਟਿਕੇ ਰਹਿ ਸਕੀਏ। ਜਿਹੜਾ ਮਨੁੱਖ ਆਤਮਕ ਜੀਵਨ ਬਾਰੇ ਆਪ ਤਾਂ ਕੁਝ ਸਮਝਦਾ ਨਹੀਂ, ਪਰ ਲੋਕਾਂ ਨੂੰ ਸਮਝਾਂਦਾ ਰਹਿੰਦਾ ਹੈ, ਉਹ ਆਤਮਕ ਜੀਵਨ ਦੇ ਰਸਤੇ ਵਿਚ ਅੰਨ੍ਹਿਆਂ ਵਾਂਗ ਠੇਡੇ ਖਾਂਦਾ ਰਹਿੰਦਾ ਹੈ, ਤੇ ਅੰਨ੍ਹਿਆਂ ਵਾਲੇ ਕੰਮ ਕਰਦਾ ਰਹਿੰਦਾ ਹੈ। ਅਜੇਹਾ ਮਨੁੱਖ ਅਕਾਲ ਪੁਰਖੁ ਦੇ ਦਰ ਵਿਚ ਟਿਕਾਣਾ ਨਹੀਂ ਲੱਭ ਸਕਦਾ। ਸਤਿਗੁਰ ਦੇ ਸਬਦ ਦੀ ਵੀਚਾਰ ਨਾਲ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਤੇ ਚਿੱਤ ਵਿਚ ਵੱਸ ਜਾਂਦਾ ਹੈ। ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਸ ਨੂੰ ਅਕਾਲ ਪੁਰਖੁ ਦਾ ਨਾਮੁ ਜਪਾਂਦਾ ਹੈ। ਸਬਦ ਗੁਰੂ ਦੀ ਮਿਹਰ ਨਾਲ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਅਕਾਲ ਪੁਰਖੁ ਦੇ ਨਾਮੁ ਦੇ ਪਿਆਰ ਤੋਂ ਬਿਨਾ ਹੋਰ ਸਾਰੇ ਪਿਆਰ ਝੂਠੇ ਹਨ।

*ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ ॥ ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ ॥੧॥ ਰਹਾਉ ॥ (੮੩੨, ੮੩੩)*

ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਿਆ, ਉਨ੍ਹਾਂ ਨੇ ਆਪਣੇ ਅੰਦਰੋਂ ਹਉਮੈ ਨੂੰ ਮੁਕਾ ਕੇ ਅਕਾਲ ਪੁਰਖੁ ਦੇ ਨਾਮੁ ਨੂੰ ਸਦਾ ਲਈ ਆਪਣੇ ਮਨ ਵਿਚ ਵਸਾ ਲਿਆ। ਉਹੀ ਮਨੁੱਖ ਜੀਵਨ ਦੇ ਸਹੀ ਰਸਤੇ ਨੂੰ ਸਮਝਦਾ ਹੈ, ਜਿਸ ਨੂੰ ਅਕਾਲ ਪੁਰਖੁ ਆਪ ਸੂਝ ਬਖ਼ਸ਼ਦਾ ਹੈ, ਤੇ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ। ਅਜੇਹਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਤੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਆਪਣੀ ਸੁਰਤਿ ਜੋੜੀ ਰੱਖਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਅਕਾਲ ਪੁਰਖੁ ਦਾ ਨਾਮੁ ਇਕ ਇਕ ਖਿਨ, ਭਾਵ ਸਦਾ ਯਾਦ ਕਰਦਾ ਰਿਹਾ ਕਰ। ਇਸ ਤਰ੍ਹਾਂ ਕਰਨ ਨਾਲ ਗੁਰੂ ਦੇ ਬਖ਼ਸ਼ੇ ਸ਼ਬਦ ਦਾ ਆਨੰਦ ਤੇਰੇ ਅੰਦਰ ਕਾਇਮ ਰਹੇਗਾ ਤੇ ਅਕਾਲ ਪੁਰਖੁ ਦੇ ਨਾਮੁ ਦਾ ਸਾਥ ਤੇਰੇ ਨਾਲ ਸਦਾ ਬਣਿਆ ਰਹੇਗਾ।

*ਮਨ ਮੇਰੇ ਖਿਨੁ ਖਿਨੁ ਨਾਮੁ ਸਮ੍ਹਾਲਿ ॥ ਗੁਰ ਕੀ ਦਾਤਿ ਸਬਦ ਸੁਖੁ ਅੰਤਰਿ ਸਦਾ ਨਿਬਹੈ ਤੇਰੈ ਨਾਲਿ ॥੧॥ ਰਹਾਉ ॥*

ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਅਕਾਲ ਪੁਰਖੁ ਦੇ ਨਾਮੁ ਵਿਚ ਰੰਗੇ ਰਹਿੰਦੇ ਹਨ, ਤੇ ਉਹ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾ ਕੇ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਜਿਹੜੇ ਮਨੁੱਖ ਅਕਾਲ ਪੁਰਖੁ ਦਾ ਨਾਮ ਸਿਮਰਦੇ ਹਨ, ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਜੀਉਂਦੇ ਜੀ ਦੁਨੀਆ ਦੇ ਕਿਰਤ ਵਿਹਾਰ ਕਰਦੇ ਹੋਏ ਵੀ ਵਿਕਾਰਾਂ ਤੋਂ ਖ਼ਲਾਸੀ ਪਾਈ ਰੱਖਦੇ ਹਨ। ਉਨ੍ਹਾਂ ਦਾ ਮਨ ਪਵਿਤਰ ਹੋ ਜਾਂਦਾ ਹੈ, ਉਨ੍ਹਾਂ ਦਾ ਸਰੀਰ ਪਵਿਤਰ ਹੋ ਜਾਂਦਾ ਹੈ, ਉਨ੍ਹਾਂ ਦੀ ਮਤਿ ਉੱਚੀ ਹੋ ਜਾਂਦੀ ਹੈ, ਉਨ੍ਹਾਂ ਦੀ ਬੋਲ ਚਾਲ ਉੱਤਮ ਹੋ ਜਾਂਦੀ ਹੈ। ਅਜੇਹੇ ਮਨੁੱਖ ਸਰਬ ਵਿਆਪਕ ਅਕਾਲ ਪੁਰਖੁ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਉਨ੍ਹਾਂ ਨੂੰ ਅਕਾਲ ਪੁਰਖੁ ਤੋਂ ਬਿਨਾ ਕੋਈ ਹੋਰ ਦੂਜਾ ਕਿਤੇ ਦਿਖਾਈ ਨਹੀਂ ਦਿੰਦਾ। ਜਿਸ ਮਨੁੱਖ ਉੱਪਰ ਅਕਾਲ ਪੁਰਖੁ ਮਿਹਰ ਦੀ ਨਿਗਾਹ ਕਰਦਾ ਹੈ, ਉਸ ਦਾ ਮਨ ਤੇ ਤਨ ਗੁਰੂ ਦੀ ਬਾਣੀ ਦੇ ਪ੍ਰੇਮ ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਸੁਰਤਿ ਅਕਾਲ ਪੁਰਖੁ ਦੀ ਭਗਤੀ ਵਿਚ ਲੀਨ ਰਹਿੰਦੀ ਹੈ। ਗੁਰੂ ਦੇ ਸਨਮੁਖ ਰਹਿ ਕੇ ਅਜੇਹਾ ਮਨੁੱਖ ਆਪਣੇ ਅੰਦਰ ਵੱਸਦੇ ਅਕਾਲ ਪੁਰਖੁ ਨੂੰ ਵੇਖ ਲੈਂਦਾ ਹੈ।

*ਗੁਰਮੁਖਿ ਨਾਮਿ ਰਤੇ ਸੇ ਉਧਰੇ ਗੁਰ ਕਾ ਸਬਦੁ ਵੀਚਾਰਿ ॥ ਜੀਵਨ ਮੁਕਤਿ ਹਰਿ ਨਾਮੁ ਧਿਆਇਆ ਹਰਿ ਰਾਖਿਆ ਉਰਿ ਧਾਰਿ ॥ (੧੨੫੯)*

ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਅਕਾਲ ਪੁਰਖੁ ਦੇ ਨਾਮੁ ਨੂੰ ਵਿਚਾਰਦਾ ਹੈ, ਉਸ ਦੇ ਅੰਦਰ ਆਨੰਦ ਦੀ ਲਹਿਰ ਚਲਦੀ ਰਹਿੰਦੀ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਤੇ ਹਿਰਦਾ ਅਕਾਲ ਪੁਰਖੁ ਦੇ ਪਿਆਰ ਭਰੇ ਰਸ ਵਿਚ ਭਿੱਜ ਜਾਂਦਾ ਹੈ, ਤੇ ਮਨੁੱਖ ਅਕਾਲ ਪੁਰਖੁ ਦੇ ਨਾਮੁ ਨੂੰ ਪਿਆਰ ਕਰਦਾ ਰਹਿੰਦਾ ਹੈ। ਅਜੇਹਾ ਮਨੁੱਖ ਜਿਥੇ ਅਕਾਲ ਪੁਰਖੁ ਦੇ ਨਾਮੁ ਨਾਲ ਪਿਆਰ ਕਰਦਾ ਹੈ, ਉਥੇ ਨਾਲ ਦੀ ਨਾਲ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਆਪਣੇ ਮੂੰਹ ਨਾਲ ਉਚਾਰਦਾ ਰਹਿੰਦਾ ਹੈ, ਤੇ ਅਜੇਹਾ ਕਰਨ ਨਾਲ ਉਹ ਆਪਣੀਆਂ ਸਾਰੀਆਂ ਕੁਲਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ। ਉਸ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, ਉਹ ਆਪਣੇ ਹਿਰਦੇ ਰੂਪੀ ਘਰ ਵਿਚ ਇਕ ਰਸ ਆਨੰਦ ਮਾਣਦਾ ਰਹਿੰਦਾ ਹੈ, ਉਸ ਦੀ ਸੁਰਤਿ ਅਕਾਲ ਪੁਰਖੁ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ। ਅਕਾਲ ਪੁਰਖੁ ਉਸ ਮਨੁੱਖ ਉਤੇ ਮੇਹਰ ਕਰਦਾ ਰਹਿੰਦਾ ਹੈ, ਤੇ ਅਜੇਹਾ ਮਨੁੱਖ ਅਕਾਲ ਪੁਰਖੁ ਦਾ ਮਿਲਾਪ ਹਾਸਲ ਕਰ ਲੈਂਦਾ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਵੀਚਾਰਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦੀ ਲਹਿਰ ਚੱਲਦੀ ਰਹਿੰਦੀ ਹੈ।

*ਸੂਹੀ ਮਹਲਾ ੩ ॥ ਸੋਹਿਲੜਾ ਹਰਿ ਰਾਮ ਨਾਮੁ ਗੁਰ ਸਬਦੀ ਵੀਚਾਰੇ ਰਾਮ ॥ ਹਰਿ ਮਨੁ ਤਨੋ ਗੁਰਮੁਖਿ ਭੀਜੈ ਰਾਮ ਨਾਮੁ ਪਿਆਰੇ ਰਾਮ ॥ ਰਾਮ ਨਾਮੁ ਪਿਆਰੇ ਸਭਿ ਕੁਲ ਉਧਾਰੇ ਰਾਮ ਨਾਮੁ ਮੁਖਿ ਬਾਣੀ ॥ ਆਵਣ ਜਾਣ ਰਹੇ ਸੁਖੁ ਪਾਇਆ ਘਰਿ ਅਨਹਦ ਸੁਰਤਿ ਸਮਾਣੀ ॥ ਹਰਿ ਹਰਿ ਏਕੋ ਪਾਇਆ ਹਰਿ ਪ੍ਰਭੁ ਨਾਨਕ ਕਿਰਪਾ ਧਾਰੇ ॥ ਸੋਹਿਲੜਾ ਹਰਿ ਰਾਮ ਨਾਮੁ ਗੁਰ ਸਬਦੀ ਵੀਚਾਰੇ ॥੧॥ (੭੭੨)*

ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ:

- ਆਪਣੀ ਭਾਸ਼ਾ ਵਿਚ ਅਕਾਲ ਪੁਰਖੁ ਦਾ ਕੋਈ ਨਾਂ ਨੀਯਤ ਕਰਨ ਨਾਲ ਤੇ ਉਸ ਨਾਂ ਨੂੰ ਵਾਰ ਵਾਰ ਦੁਹਰਾਈ ਜਾਣ ਨਾਲ ਅਕਾਲ ਪੁਰਖੁ ਦੇ ਗੁਣਾਂ ਤੇ ਸਮੱਰਥਾ ਬਾਰੇ ਕੁਝ ਪਤਾ ਨਹੀਂ ਲਗ ਸਕਦਾ।
- ਜੇ ਕਰ ਅਸੀਂ ਅਕਾਲ ਪੁਰਖੁ ਨਾਲ ਸਾਂਝ ਕਾਇਮ ਕਰਨੀ ਚਾਹੁੰਦੇ ਹਾਂ, ਤਾਂ ਸਾਨੂੰ ਅਕਾਲ ਪੁਰਖੁ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਪਵੇਗੀ, ਕਿ ਉਸ ਨੂੰ ਕਿਹੜੇ ਕਰਮ ਠੀਕ ਲਗਦੇ ਹਨ, ਉਸ ਦੀ ਰਚੀ ਹੋਈ ਕੁਦਰਤ ਦਾ ਸਤਿਕਾਰ ਕਰਨਾ ਪਵੇਗਾ, ਉਸ ਦੇ ਹੁਕਮੁ ਨੂੰ ਪਛਾਨਣਾਂ ਪਵੇਗਾ, ਤੇ ਉਸ ਦੀ ਰਜ਼ਾ ਅਨੁਸਾਰ ਚਲਣਾ ਪਵੇਗਾ।

- ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾਂ ਸ਼ਬਦੀ ਵਾਲਿਆ ਨੂੰ ਪਰਵਾਨ ਕੀਤਾ ਹੈ।
- ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ।
- ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਖੋਜਣਾ ਪਵੇਗਾ।
- ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਖਾਸ ਮਹੱਤਤਾ ਦਿਤੀ ਗਈ ਹੈ ਤੇ ਅਕਾਲ ਪੁਰਖੁ ਦਾ ਹੁਕਮੁ ਤੇ ਉਸ ਦੇ ਗੁਣ ਸਮਝਾਏ ਗਏ ਹਨ ਤਾਂ ਜੋ ਅਸੀਂ ਉਸ ਅਨੁਸਾਰ ਚਲ ਕੇ ਆਪਣਾ ਮਨੁੱਖਾ ਜਨਮ ਸਫਲ ਕਰ ਸਕੀਏ।
- ਅਕਾਲ ਪੁਰਖੁ ਨੇ ਐਸਾ ਨਿਯਮ ਬਣਾਇਆ ਹੈ ਕਿ ਗੁਰੂ ਦੀ ਸ਼ਰਨ ਵਿਚ ਆਉਂਣ ਤੋਂ ਬਿਨਾ ਕੋਈ ਮਨੁੱਖ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਨਹੀਂ ਕਰ ਸਕਦਾ।
- ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਸਿਮਰਿਆ ਕਰ, ਤੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਆ ਕਰ।
- ਜਿਸ ਮਨੁੱਖ ਦਾ ਮਨ ਗੁਰੂ ਦੀ ਮਤਿ ਲੈ ਕੇ ਸੁਆਦ ਨਾਲ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਲੱਗ ਪੈਂਦਾ ਹੈ, ਉਹ ਮਨੁੱਖ ਖਲੋਤਿਆਂ, ਬੈਠਦਿਆਂ, ਉਠਦਿਆਂ, ਰਸਤੇ ਵਿਚ ਤੁਰਦਿਆਂ, ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹੈ।
- ਗੁਰਬਾਣੀ ਤੋਂ ਬਿਨਾ ਕੋਈ ਹੋਰ ਤਰੀਕਾ ਨਹੀਂ ਹੈ, ਜਿਸ ਨਾਲ ਜੀਵਨ ਮੁਕਤ ਕੀਤਾ ਜਾ ਸਕਦਾ ਹੈ।
- ਜੇਹੜੇ ਮਨੁੱਖ ਗੁਰੂ ਦੀ ਮਤਿ ਅਨੁਸਾਰ ਚਲ ਕੇ ਸ੍ਰੇਸ਼ਟ ਮੱਤ ਹਾਸਲ ਕਰ ਲੈਂਦੇ ਹਨ, ਉਹ ਵਿਕਾਰਾਂ ਵਾਲਾ ਜਹਿਰ ਪੀਣ ਦੀ ਬਜਾਏ, ਅੰਮ੍ਰਿਤ ਰੂਪੀ ਬਾਣੀ ਦਾ ਆਨੰਦ ਮਾਣਦੇ ਰਹਿੰਦੇ ਹਨ।
- ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰ ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਦੇ ਹਨ।
- ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣ ਲਈ ਸਾਨੂੰ ਧਿਆਨ ਨਾਲ, ਆਪਣੇ ਆਪ ਨੂੰ ਟਿਕਾਉ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ।
- ਅਕਾਲ ਪੁਰਖੁ ਦਾ ਨਾਮੁ ਹਰੇਕ ਤਰ੍ਹਾਂ ਦੇ ਸੁਖ ਦੇਣ ਵਾਲਾ ਹੈ, ਪਰੰਤੂ ਗੁਰੂ ਦੀ ਮਤਿ ਅਨੁਸਾਰ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਮਾਣਿਆ ਜਾ ਸਕਦਾ ਹੈ।
- ਗੁਰੂ ਸਾਹਿਬ ਇਕ ਮਿੱਤਰ ਦੀ ਤਰ੍ਹਾਂ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਆਪਣੇ ਇਸ ਮਨੁੱਖਾ ਜਨਮ ਵਿਚ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰਨ ਲਈ ਉਸ ਦੇ ਗੁਣ ਗਾਇਨ ਕਰ ਲੈ, ਤਾਂ ਜੋ ਸਿਮਰਨ ਸਦਕਾ ਲੋਕ ਪਰਲੋਕ ਵਿਚ ਇੱਜ਼ਤ ਰਹਿ ਸਕੇ।
- ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਬਾਣੀ ਆ ਵੱਸਦੀ ਹੈ, ਉਹ ਗੁਰਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲੈਂਦਾ ਹੈ।
- ਗੁਰਬਾਣੀ ਨੇ ਸਬਦ "***ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ***" ਵਿਚ ਬਿਲਕੁਲ ਸਿਧੇ ਤੇ ਸਪੱਸ਼ਟ ਤਰੀਕੇ ਨਾਲ ਸਮਝਾਇਆ ਗਿਆ ਹੈ ਕਿ ਅਕਾਲ ਪੁਰਖੁ ਦਾ ਨਾਮੁ ਗੁਰਬਾਣੀ ਦੁਆਰਾ ਹੀ ਪਾਇਆ ਜਾ ਸਕਦਾ ਹੈ।
- ਅਕਾਲ ਪੁਰਖ ਦੀ ਸਿਫ਼ਤਿ ਸਾਲਾਹ ਸਭ ਤੋਂ ਉੱਚੀ ਦਾਤ ਹੈ, ਅਤੇ ਜਿਸ ਮਨੁੱਖ ਨੂੰ ਅਕਾਲ ਪੁਰਖ ਆਪਣੀ ਸਿਫ਼ਤਿ ਸਾਲਾਹ ਦੀ ਦਾਤ ਬਖਸ਼ਦਾ ਹੈ, ਉਹ ਪਾਤਸ਼ਾਹਾਂ ਦਾ ਪਾਤਸ਼ਾਹ ਬਣ ਜਾਂਦਾ ਹੈ।
- ਇਸ ਮਨੁੱਖਾ ਸਰੀਰ ਦਾ ਕੋਈ ਭਰੋਸਾ ਨਹੀਂ, ਕਿ ਅਗਲਾ ਸਵਾਸ ਆਉਂਣਾਂ ਹੈ ਕਿ ਨਹੀਂ, ਇਸ ਲਈ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਵਿਚ ਕਦੇ ਵੀ ਢਿੱਲ ਨਹੀਂ ਕਰਨੀ ਚਾਹੀਦੀ ਹੈ।
- ਗੁਰੂ ਸਾਹਿਬਾਂ ਨੇ ਰਵਾਇਤੀ ਤੌਰ ਤੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਲਈ ਨਹੀਂ ਕਿਹਾ ਹੈ, ਬਲਕਿ ਪੂਰੀ ਨਿਸ਼ਟਾ ਤੇ ਲਗਨ ਨਾਲ ਕਰਨ ਲਈ ਕਿਹਾ ਹੈ।
- ਗੁਰਬਾਣੀ ਦੁਆਰਾ ਅਕਾਲ ਪੁਰਖੁ ਨੂੰ ਆਪਣੀ ਜ਼ਿੰਦਗੀ ਦਾ ਅਜੇਹੇ ਤਰੀਕੇ ਨਾਲ ਆਸਰਾ ਬਣਾਨਾ ਹੈ, ਜਿਸ ਤਰ੍ਹਾਂ ਕਿ ਮੱਛੀ ਨੇ ਪਾਣੀ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾਇਆ ਹੋਇਆ ਹੈ।
- ਦੀਨਾਂ ਉਤੇ ਦਇਆ ਕਰਨ ਵਾਲੇ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਮੇਰੇ ਉਤੇ ਮੇਹਰ ਕਰੋ, ਕਿ ਮੈਂ ਆਪ ਜੀ ਦੇ ਪ੍ਰੇਮ ਦੇ ਰੰਗ ਵਿਚ ਲੀਨ ਹੋ ਕੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਗੁਣ ਗਾਇਨ ਕਰਦਾ ਰਹਾਂ।

- ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ, ਮਨੁੱਖ ਦੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਆਉਂਣੇ ਸ਼ੁਰੂ ਹੋ ਜਾਂਦੇ ਹਨ।
- ਆਪਣੇ ਮਨ ਨੂੰ ਪਰੇਰਨਾ ਹੈ ਕਿ ਤੂੰ ਆਪਣੀ ਸੋਚ ਤੇ ਕਰਮਾਂ ਨੂੰ ਗੁਰਬਾਣੀ ਅਨੁਸਾਰ ਢਾਲ ਕੇ ਅਕਾਲ ਪੁਰਖੁ ਨੂੰ ਲੱਭ ਸਕਦਾ ਹੈ।
- ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਗੁਰੂ ਦੀ ਕਿਰਪਾ ਨਾਲ ਮੈਂ ਆਪਣੇ ਆਤਮਕ ਜੀਵਨ ਨੂੰ ਪੜਤਾਲ ਕੇ ਸਭ ਤੋਂ ਸ੍ਰੇਸ਼ਟ ਆਤਮਿਕ ਆਨੰਦ ਮਾਣ ਰਿਹਾ ਹਾਂ।
- ਸਤਿਗੁਰ ਦੇ ਸਬਦ ਦੀ ਵੀਚਾਰ ਨਾਲ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਤੇ ਚਿੱਤ ਵਿਚ ਵੱਸ ਜਾਂਦਾ ਹੈ। ਸਬਦ ਗੁਰੂ ਦੀ ਮਿਹਰ ਨਾਲ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਅਕਾਲ ਪੁਰਖੁ ਦੇ ਨਾਮੁ ਦੇ ਪਿਆਰ ਤੋਂ ਬਿਨਾ ਹੋਰ ਸਾਰੇ ਪਿਆਰ ਝੂਠੇ ਹਨ।
- ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਅਕਾਲ ਪੁਰਖੁ ਦਾ ਨਾਮੁ ਸਦਾ ਯਾਦ ਕਰਦਾ ਰਿਹਾ ਕਰ। ਇਸ ਤਰ੍ਹਾਂ ਕਰਨ ਨਾਲ ਗੁਰੂ ਦੇ ਸ਼ਬਦ ਦਾ ਆਨੰਦ ਤੇਰੇ ਅੰਦਰ ਕਾਇਮ ਰਹੇਗਾ ਤੇ ਅਕਾਲ ਪੁਰਖੁ ਦੇ ਨਾਮੁ ਦਾ ਸਾਥ ਤੇਰੇ ਨਾਲ ਸਦਾ ਬਣਿਆ ਰਹੇਗਾ।
- ਜਿਸ ਮਨੁੱਖ ਉੱਪਰ ਅਕਾਲ ਪੁਰਖੁ ਮਿਹਰ ਦੀ ਨਿਗਾਹ ਕਰਦਾ ਹੈ, ਉਸ ਦਾ ਮਨ ਤੇ ਤਨ ਗੁਰੂ ਦੀ ਬਾਣੀ ਦੇ ਪ੍ਰੇਮ ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਸੁਰਤਿ ਅਕਾਲ ਪੁਰਖੁ ਦੀ ਭਗਤੀ ਵਿਚ ਲੀਨ ਰਹਿੰਦੀ ਹੈ।
- ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਵੀਚਾਰਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦੀ ਲਹਿਰ ਚੱਲਦੀ ਰਹਿੰਦੀ ਹੈ।

ਉੱਪਰ ਲਿਖੇ ਗਏ ਸਬਦ ਵਾਰ ਵਾਰ ਇਹੀ ਸਮਝਾਂਦੇ ਹਨ ਕਿ **ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਬਹੁਤ ਜਰੂਰੀ ਹਨ।** ਜੇ ਕਰ ਅਸੀਂ ਨਾਮੁ ਨੂੰ ਸਮਝਣਾਂ ਤੇ ਪਾਉਂਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਇਸ ਲਈ ਆਓ ਸਾਰੇ ਜਾਣੇ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ, ਤੇ ਆਪਣੇ ਅਮਲੀ ਜੀਵਨ ਵਿਚ ਅਪਨਾ ਕੇ, ਅਕਾਲ ਪੁਰਖੁ ਦੇ ਨਾਮੁ ਨੂੰ ਜਪੀਏ, ਤੇ ਆਪਣਾ ਮਨੁੱਖਾ ਜੀਵਨ ਸਫਲ ਕਰੀਏ।

***ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ (੨)***

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਅਕਾਲ ਪੁਰਖੁ ਦਾ ਕਦੋਂ ਨਾਮੁ ਜਪਣਾ ਚਾਹੀਦਾ ਹੈ ਜਾਂ ਕਿਸ ਵੇਲੇ ਉਸ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ (ਨਾਮੁ, ਭਾਗ ੪)

# What is the appropriate time for Naam Japna or remembering the qualities of Akal Purkh (Naam, Part 4)

ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੇ ਆਧਾਰ ਤੇ ਨਾਮੁ ਸਬੰਧੀ ਪਹਿਲਾਂ ਸਾਂਝੇ ਕੀਤੇ ਗਏ ਲੇਖ (ਨਾਮੁ, ਭਾਗ ੧ ਤੋਂ ੩) ਸਾਨੂੰ ਵਾਰ ਵਾਰ ਇਹੀ ਸਮਝਾ ਰਹੇ ਹਨ ਕਿ ਸਿੱਖ ਧਰਮ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਕੋਈ ਦੁਨਿਆਵੀ ਨਾਂ ਦੀ ਤਰ੍ਹਾਂ ਨਹੀਂ ਹੈ, ਜਿਸ ਲਈ ਕੋਈ ਮਿਥੇ ਗਏ ਅੱਖਰ ਜਾਂ ਸਬਦ ਦਾ ਰਟਨ ਕਰਦੇ ਰਹਿਣਾਂ ਹੈ। ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਅਕਾਲ ਪੁਰਖੁ ਦਾ ਨਾਮੁ ਹਰੇਕ ਥਾਂ ਤੇ ਵਰਤ ਰਿਹਾ ਹੈ, ਹਰ ਸਮੇਂ ਲਗਾਤਾਰ ਵਰਤ ਰਿਹਾ ਹੈ, ਹਰੇਕ ਜੀਵ ਨਾਮੁ ਦੇ ਆਸਰੇ ਤੇ ਨਾਮੁ ਅਨੁਸਾਰ ਚਲ ਰਿਹਾ ਹੈ, ਦੁਨੀਆ ਦੇ ਸਾਰੇ ਪਦਾਰਥ ਨਾਮੁ ਦੇ ਆਸਰੇ ਟਿਕੇ ਹੋਏ ਹਨ।

**http://www.geocities.ws/sarbjitsingh/GurbaniIndexGurmukhi.htm** (Naam, Part 1 to 3)

ਜੇਕਰ ਅਸੀਂ ਨਾਮੁ ਨੂੰ ਸਮਝਣਾ ਤੇ ਪਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਖੋਜਣਾ ਪਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਗੁਣਾਂ ਨੂੰ ਸਮਝਣਾ ਪਵੇਗਾ ਤੇ ਆਪਣੇ ਦੁਨਿਆਵੀ ਜੀਵਨ ਵਿਚ ਅਪਨਾਉਣਾ ਪਵੇਗਾ। ਗੁਰਬਾਣੀ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ, ਕਿ ਜੇ ਕਰ ਅਕਾਲ ਪੁਰਖੁ ਦੇ ਨਾਮੁ ਦਾ ਆਨੰਦ ਮਾਨਣਾ ਚਾਹੁੰਦੇ ਹਾਂ, ਤਾਂ ਸਾਨੂੰ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ, ਤਾਂ ਜੋ ਸਾਡੇ ਅੰਦਰ ਵੀ ਅਕਾਲ ਪੁਰਖੁ ਵਰਗੇ ਗੁਣ ਪੈਦਾ ਹੋ ਸਕਣ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਖਾਸ ਮਹੱਤਤਾ ਦਿਤੀ ਗਈ ਹੈ ਤੇ ਅਕਾਲ ਪੁਰਖੁ ਦਾ ਹੁਕਮੁ ਤੇ ਉਸ ਦੇ ਗੁਣ ਸਮਝਾਏ ਗਏ ਹਨ ਤਾਂ ਜੋ ਅਸੀਂ ਅਕਾਲ ਪੁਰਖੁ ਦੀ ਰਚੀ ਹੋਈ ਕੁਦਰਤ ਨੂੰ ਸਮਝ ਸਕੀਏ, ਉਸ ਅਨੁਸਾਰ ਚਲ ਕੇ ਆਪਣੀਆਂ ਮੁਸ਼ਕਲਾਂ ਤੇ ਰੁਕਾਵਟਾਂ ਨੂੰ ਦੂਰ ਕਰ ਸਕੀਏ ਤੇ ਆਪਣਾ ਮਨੁੱਖਾ ਜਨਮ ਸਫਲ ਕਰ ਸਕੀਏ।

ਅਕਸਰ ਵੇਖਣ ਵਿਚ ਆਂਉਂਦਾ ਹੈ ਕਿ ਹੋਰਨਾਂ ਧਰਮਾਂ ਅਨੁਸਾਰ ਨਾਮੁ ਜਪਣ ਦਾ ਭਾਵ ਹੈ ਕਿ ਕਿਸੇ ਮਿਥੇ ਗਏ ਇਕ ਸਬਦ ਦਾ ਰਟਨ ਕਰੀ ਜਾਣਾ ਹੈ। ਇਸੇ ਪ੍ਰਭਾਵ ਹੇਠ ਆ ਕੇ ਕਈ ਸਿੱਖ ਫਿਰਕਿਆਂ ਨੇ ਵਾਹਿਗੁਰੂ ਸਬਦ ਦਾ ਰਟਨ ਪ੍ਰਚਲਤ ਕਰ ਦਿਤਾ ਹੈ। ਗੁਰੂ ਸਾਹਿਬਾਂ ਨੇ ਅਕਾਲ ਪੁਰਖੁ ਦਾ ਕੋਈ ਵੀ ਇਕ ਅਖਰੀ ਨਾਂ ਨੀਯਤ ਨਹੀਂ ਕੀਤਾ ਹੈ ਤੇ ਨਾ ਹੀ ਗੁਰਬਾਣੀ ਵਿਚ ਏਕਾ ਸ਼ਬਦੀ (ਇਕ ਸਬਦ ਨੂੰ ਵਾਰ ਵਾਰ ਦੁਹਰਾਈ ਜਾਣਾ) ਵਾਲਿਆ ਨੂੰ ਪਰਵਾਨ ਕੀਤਾ ਗਿਆ ਹੈ।

***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ ॥੨॥*** *(੬੫੪-੬੫੫)*

ਗੁਰੂ ਗਰੰਥ ਸਾਹਿਬ ਵਿਚ ਨਾਮੁ / ਨਾਮ (Naam) ਦਾ ਲਫਜ਼ ੪੦੦੦ ਤੋਂ ਵੱਧ ਵਾਰੀ ਆਇਆ ਹੈ, ਪਰੰਤੂ ਇਹ ਕਿਤੇ ਵੀ ਨਹੀਂ ਕਿਹਾ ਗਿਆ ਹੈ ਕਿ ਨਾਮੁ ਦਾ ਅਰਥ "ਵਾਹਿਗੁਰੂ" ਲਫਜ਼ ਨੂੰ ਵਾਰ ਵਾਰ ਦੁਹਰਾਈ ਜਾਂਣਾ ਹੈ। ਇਹ ਸਾਡਾ ਆਪਣਾ ਬਣਾਇਆ ਹੋਇਆ ਨਿਯਮ ਹੈ। ਹੋਰ ਧਿਆਨ ਨਾਲ ਵੇਖਿਆ ਜਾਵੇ ਤਾਂ ਸਮਝ ਪੈਂਦੀ ਹੈ ਕਿ ਸਵਾਏ ਭੱਟਾਂ ਤੋਂ ਕਿਸੇ ਵੀ ਗੁਰੂ ਸਾਹਿਬ ਨੇ ਆਪਣੇ ਬਾਣੀ ਵਿਚ "ਵਾਹਿਗੁਰੂ" ਲਫਜ਼ ਦੀ ਵਰਤੋਂ ਬਿਲਕੁਲ ਨਹੀਂ ਕੀਤੀ ਹੈ। ਭੱਟਾਂ ਨੇ ਵੀ ਆਪਣੀ ਰਚਨਾ ਵਿਚ "ਵਾਹਿਗੁਰੂ" ਲਫਜ਼ ਦੀ ਵਰਤੋਂ ਚੌਥੀ ਜੋਤਿ ਦੀ ਉਸਤਤ ਲਈ ਕੀਤੀ ਹੈ ਤੇ ਭਾਈ ਗੁਰਦਾਸ ਜੀ ਨੇ "ਵਾਹਿਗੁਰੂ" ਲਫਜ਼ ਦੀ ਵਰਤੋਂ "ਸਬਦ" ਲਈ ਕੀਤੀ ਹੈ। ਕੀ ਅੱਜ ਦੇ ਆਪਣੇ ਆਪ ਨੂੰ ਕਹਿਲਾਣ ਵਾਲੇ ਸਿੱਖ, ਗੁਰੂ ਸਾਹਿਬਾਂ ਨਾਲੋਂ ਜਿਆਦਾ ਅਕਲਮੰਦ ਹੋ ਗਏ ਹਨ? ਜਿਨ੍ਹਾਂ ਨੇ ਆਪਣੀ ਨਾਮੁ ਦੀ ਨਵੀਂ ਪ੍ਰੀਭਾਸ਼ਾ ਦੇਣੀ ਸ਼ੁਰੂ ਕਰ ਦਿਤੀ ਹੈ। ਜੇਕਰ ਕਿਸੇ ਵੀ ਗੁਰੂ ਸਾਹਿਬ ਨੇ ਗੁਰੂ ਗਰੰਥ ਸਾਹਿਬ ਵਿਚ "ਵਾਹਿਗੁਰੂ" ਲਫਜ਼ ਦੀ ਵਰਤੋਂ ਨਾਮੁ ਲਈ ਨਹੀਂ ਕੀਤੀ ਹੈ, ਤਾਂ ਅਸੀਂ ਬਾਣੀ ਨੂੰ ਬਦਲਣ ਵਾਲੇ ਜਾਂ ਬਾਣੀ ਵਿਚ ਆਪਣੀ ਮੱਤ ਅਨੁਸਾਰ ਤਬਦੀਲੀ ਕਰਨ ਵਾਲੇ ਕੌਣ ਹੁੰਦੇ ਹਾਂ? ਜੇਕਰ ਗੁਰੂ ਹਰਿਰਾਏ ਸਾਹਿਬ ਨੇ ਆਪਣੇ ਪੁੱਤਰ ਨੂੰ ਬਾਣੀ ਵਿਚ ਇਕ ਤਬਦੀਲੀ ਕਰਨ ਕਰਕੇ ਬੇਦਖਲ ਕਰ ਦਿਤਾ ਸੀ, ਤਾਂ ਸਾਨੂੰ ਵੀ ਸਮਝ ਲੈਣਾ ਚਾਹੀਦਾ ਹੈ ਕਿ ਅਸੀਂ ਕਿਸ ਤਰ੍ਹਾਂ ਆਪਣੇ ਆਪ ਨੂੰ ਸਿੱਖ ਕਹਿਲਾ ਸਕਦੇ ਹਾਂ, ਤੇ ਜੇਕਰ ਲਗਾਤਾਰ ਅਜੇਹਾ ਕਰਦੇ ਰਹੇ ਤਾਂ ਭਵਿੱਖ ਵਿਚ ਸਾਡਾ ਕੀ ਹਾਲ ਹੋ ਸਕਦਾ ਹੈ।

ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਅਨੁਸਾਰ ਤਾਂ ਦਿਨ ਰਾਤ, ਹਰ ਸਮੇਂ, ਹਰ ਪਲ ਅਕਾਲ ਪੁਰਖੁ ਦਾ ਨਾਮੁ ਯਾਦ ਕਰਨ ਦੀ ਸਿਖਿਆ ਦਿਤੀ ਗਈ ਹੈ। ਕੀ ਅਸੀਂ ਸੁੱਤੇ ਪਏ "ਵਾਹਿਗੁਰੂ ਵਾਹਿਗੁਰੂ" ਲਫਜ਼ ਦਾ ਰਟਨ ਕਰ ਸਕਦੇ ਹਾਂ? ਕੀ ਅਸੀਂ

ਕਿਸੇ ਨਾਲ ਗਲ ਕਰਦੇ ਸਮੇਂ ਜਾਂ ਆਪਣਾ ਕੰਮ ਕਰਦੇ ਸਮੇਂ "ਵਾਹਿਗੁਰੂ ਵਾਹਿਗੁਰੂ" ਲਫਜ਼ ਦਾ ਰਟਨ ਕਰ ਸਕਦੇ ਹਾਂ? ਕੀ ਅਸੀਂ ਗੱਡੀ ਚਲਾਉਂਦੇ ਹੋਏ ਜਾਂ ਮਸ਼ੀਨ ਤੇ ਕੰਮ ਕਰਦੇ ਸਮੇਂ "ਵਾਹਿਗੁਰੂ ਵਾਹਿਗੁਰੂ" ਲਫਜ਼ ਦਾ ਰਟਨ ਕਰ ਸਕਦੇ ਹਾਂ? ਸਪੱਸ਼ਟ ਹੈ ਕਿ ਅਜੇਹੇ ਕੰਮ ਕਰਦੇ ਸਮੇਂ ਇਕ ਲਫਜ਼ ਦਾ ਰਟਨ ਕਰਨਾ ਸੰਭਵ ਨਹੀਂ ਹੈ, ਜੇਕਰ ਅਜੇਹਾ ਕਰਾਂਗੇ ਤਾਂ ਕਿਸੀ ਬੇਧਿਆਨੀ ਕਰਕੇ ਕੋਈ ਦੁਰਘਟਨਾ ਵੀ ਹੋ ਸਕਦੀ ਹੈ। ਪਰੰਤੂ ਗੁਰੂ ਸਾਹਿਬ ਨੇ ਤਾਂ ਗੁਰਬਾਣੀ ਵਿਚ ਕਿਸੇ ਤਰ੍ਹਾਂ ਦੀ ਅਜੇਹੀ ਕੋਈ ਵੀ ਰਵਾਇਤ ਜਾਂ ਛੋਟ ਨਹੀਂ ਦਿਤੀ ਹੈ, ਬਲਕਿ ਗੁਰਸਿਖ ਨੂੰ ਤਾਂ ਸਵਾਸ ਸਵਾਸ ਅਕਾਲ ਪੁਰਖੁ ਦਾ ਨਾਮੁ ਯਾਦ ਕਰਨ ਦੀ ਸਿਖਿਆ ਦਿਤੀ ਗਈ ਹੈ।

ਗੁਰਬਾਣੀ ਵਿਚ ਵਾਰ ਵਾਰ ਇਹੀ ਸਿਖਿਆ ਦਿਤੀ ਗਈ ਹੈ ਕਿ, ਗੁਰਸਿਖ ਲਈ ਅਕਾਲ ਪੁਰਖੁ ਹੀ ਸਭ ਕੁਝ ਹੈ, ਤੇ ਅਕਾਲ ਪੁਰਖੁ ਹੀ ਸਾਡੀ ਜਿੰਦ ਦਾ ਸਹਾਰਾ ਹੈ। ਅਕਾਲ ਪੁਰਖੁ ਜੋ ਕੁਝ ਵੀ ਕਰਦਾ ਹੈਂ, ਸਾਡੀ ਭਲਾਈ ਲਈ ਹੀ ਕਰਦਾ ਹੈ। ਇਸ ਲਈ ਅਕਾਲ ਪੁਰਖੁ ਅੱਗੇ ਨਮਸਕਾਰ ਕਰਨਾ ਹੈ, ਉਸ ਤੋਂ ਸਦਕੇ ਜਾਣਾ ਹੈ, ਤੇ ਉਸ ਦਾ ਹਮੇਸ਼ਾਂ ਧੰਨਵਾਦ ਕਰਦੇ ਰਹਿੰਣਾ ਹੈ। ਉਠਦਿਆਂ ਬਹਿੰਦਿਆਂ, ਸੁੱਤਿਆਂ, ਜਾਗਦਿਆਂ ਹਰ ਵੇਲੇ ਆਪਣੇ ਮਨ ਵਿਚ ਅਕਾਲ ਪੁਰਖੁ ਨੂੰ ਯਾਦ ਕਰਦੇ ਰਹਿੰਣਾ ਹੈ। ਜੀਵਨ ਦੇ ਹਰੇਕ ਸੁਖ, ਦੁਖ ਤੇ ਪੀੜਾ ਸਮੇਂ ਵੀ ਅਕਾਲ ਪੁਰਖੁ ਅੱਗੇ ਹੀ ਬੇਨਤੀ ਕਰਦੇ ਰਹਿੰਣਾਂ ਹੈ।

*ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ ॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ ॥੧॥ (੮੨੦)*

ਇਹ ਵੀ ਅਟੱਲ ਸਚਾਈ ਹੈ, ਕਿ ਗੁਰੂ ਸਾਹਿਬ ਕੋਈ ਗਲਤ ਜਾਂ ਅਣਹੋਣੀ ਸਿਖਿਆ ਨਹੀਂ ਦੇ ਰਹੇ ਹਨ। ਇਸ ਲਈ ਸਪੱਸ਼ਟ ਹੈ ਕਿ ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਦਾ ਭਾਵ ਕੁਝ ਹੋਰ ਹੀ ਹੈ, ਜੋ ਕਿ ਕਿਸੇ ਤਰ੍ਹਾਂ ਦਾ ਦੁਨਿਆਵੀ ਰਟਨ ਨਹੀਂ ਹੋ ਸਕਦਾ। ਜੇਕਰ ਗੁਰਬਾਣੀ ਤੇ ਸਾਇੰਸ ਦੀ ਸਿਖਿਆਵਾਂ ਅਨੁਸਾਰ ਵੀਚਾਰੀਏ ਤਾਂ ਇਹ ਗੱਲ ਪੂਰੀ ਤਰ੍ਹਾਂ ਸਪੱਸ਼ਟ ਹੋ ਜਾਂਦੀ ਹੈ, ਕਿ ਕਿਸੇ ਵੀ ਤਰ੍ਹਾਂ ਦੇ ਕਾਰਜ ਕਰਦੇ ਸਮੇਂ ਕੋਈ ਰਟਨ ਨਹੀਂ ਕੀਤਾ ਜਾ ਸਕਦਾ, ਪਰੰਤੂ ਅਕਾਲ ਪੁਰਖੁ ਦੀ ਬਣਾਈ ਹੋਈ ਕੁਦਰਤ ਬਾਰੇ ਸੋਚਿਆ, ਸਮਝਿਆ, ਵਿਚਾਰਿਆ ਤੇ ਉਸ ਦੇ ਹੁਕਮੁ ਅਨੁਸਾਰ ਚਲਿਆ ਜਰੂਰ ਜਾ ਸਕਦਾ ਹੈ। ਪੂਰੀ ਸ੍ਰਿਸ਼ਟੀ ਦਾ ਹਰੇਕ ਕਾਰਜ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਹੋ ਰਿਹਾ ਹੈ। ਇਸ ਲਈ ਹਰ ਤਰ੍ਹਾਂ ਦੇ ਕਾਰਜ ਕਰਦੇ ਸਮੇਂ ਅਕਾਲ ਪੁਰਖੁ ਦੇ ਗੁਣਾਂ ਨੂੰ ਸਮਝਿਆ, ਜਾਣਿਆ, ਵਿਚਾਰਿਆ ਤੇ ਅਪਨਾਇਆ ਜਾ ਸਕਦਾ ਹੈ। ਅਕਾਲ ਪੁਰਖੁ ਦੇ ਹੁਕਮੁ ਨੂੰ ਗੁਰਬਾਣੀ ਦੁਆਰਾ ਪਛਾਣਿਆ ਤੇ ਉਸ ਅਨੁਸਾਰ ਚਲਿਆ ਜਾ ਸਕਦਾ ਹੈ। ਪੂਰੀ ਸ੍ਰਿਸ਼ਟੀ ਅਤੇ ਹੋਰ ਸਾਰੇ ਜੀਵ ਜੰਤੂ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਅਨੁਸਾਰ ਚਲਣ ਲਈ ਤਿਆਰ ਹਨ, ਪਰੰਤੂ ਇਕ ਮਨੁੱਖ ਹੀ ਹੈ, ਜਿਹੜਾ ਹੋਰਨਾਂ ਜੀਵ ਜੰਤੂਆਂ ਨਾਲੋਂ ਜਿਆਦਾ ਬੁਧੀ ਮਿਲਣ ਦੇ ਬਾਵਜੂਦ ਵੀ ਹੁਕਮੁ ਤੇ ਰਜਾ ਅਨੁਸਾਰ ਚਲਣ ਲਈ ਅਕਸਰ ਇਨਕਾਰੀ ਹੋ ਜਾਂਦਾ ਹੈ।

ਜੇ ਕਰ ਗੁਰਬਾਣੀ ਨੂੰ ਧਿਆਨ ਨਾਲ ਵੀਚਾਰਿਆ ਜਾਵੇ ਤਾਂ ਪਤਾ ਲਗਦਾ ਹੈ ਕਿ ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਦਾ ਭਾਵ ਹੈ, ਕਿ ਅਕਾਲ ਪੁਰਖੁ ਦੇ ਗੁਣਾਂ ਨੂੰ ਗੁਰਬਾਣੀ ਦੀ ਸਹਾਇਤਾ ਨਾਲ ਪੜ੍ਹਨਾਂ, ਸੁਣਨਾ, ਸਮਝਣਾਂ, ਵਿਚਾਰਨਾਂ ਤੇ ਅਮਲੀ ਜੀਵਨ ਵਿਚ ਅਪਨਾਉਣਾ ਹੈ। ਗੁਰੂ ਦੇ ਸੇਵਕ ਨੇ ਭਾਵੇਂ ਉਹ ਸੁਤਾ ਹੋਵੇ ਜਾਂ ਜਾਗਦਾ, ਕੰਮ ਕਰਦਾ ਹੋਵੇ ਜਾਂ ਖਾਣਾ ਖਾਂਦਾ ਹੋਵੇ, ਗੱਡੀ ਚਲਾਉਂਦਾ ਹੋਵੇ ਜਾਂ ਮਸ਼ੀਨ ਤੇ ਕੰਮ ਕਰਦਾ ਹੋਵੇ, ਹਰ ਸਮੇਂ ਦਿਨ ਰਾਤ ਲਗਾਤਾਰ ਗੁਰਬਾਣੀ ਅਨੁਸਾਰ ਆਪਣੇ ਜੀਵਨ ਵਿਚ ਵਿਚਰਦੇ ਰਹਿੰਣਾਂ ਹੈ। ਜੇਕਰ ਅਸੀਂ ਆਪਣਾ ਮਨ ਬਣਾ ਕੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨਾ ਚਾਹੀਏ ਤਾਂ ਬੜੇ ਸਹਿਜ ਤਰੀਕੇ ਨਾਲ ਕਰ ਸਕਦੇ ਹਾਂ। ਇਸ ਲਈ ਭਾਵੇਂ ਅਸੀਂ ਸੁੱਤੇ ਹੋਈਏ ਜਾਂ ਜਾਗਦੇ ਹੋਈਏ ਹਰ ਸਮੇਂ ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਵਿਚ ਚਲ ਸਕਦੇ ਹਾਂ।

*ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ (੧)*

ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਅਕਾਲ ਪੁਰਖੁ ਦੀ ਮਿਹਰ ਨਾਲ ਮੈਂ ਉਸ ਦਾ ਨਾਮੁ ਯਾਦ ਕਰਦਾ ਰਹਿੰਦਾ ਹਾਂ, ਅਕਾਲ ਪੁਰਖੁ ਦੀ ਕਿਰਪਾ ਨਾਲ ਹੀ ਮੈਂ ਉਸ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਹਾਂ। ਇਸ ਲਈ ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਸਾਰੀ ਉਮਰ, ਅਕਾਲ ਪੁਰਖੁ ਦਾ ਨਾਮੁ ਯਾਦ ਕਰਨਾ ਚਾਹੀਦਾ ਹੈ। ਅਕਾਲ ਪੁਰਖੁ ਦਾ ਨਾਮੁ ਇਕ ਅਜੇਹਾ ਦਾਰੂ ਹੈ, ਜਿਸ ਦੀ ਸਹਾਇਤਾ ਨਾਲ ਅਨੇਕਾਂ ਤਰ੍ਹਾਂ ਦੇ ਮਨ ਦੇ ਦੁਖ, ਰੋਗ ਤੇ ਕਲੇਸ਼ ਦੂਰ ਹੋ ਸਕਦੇ ਹਨ। ਗੁਰੂ ਦੀ ਕਿਰਪਾ ਨਾਲ ਨਾਮੁ ਰੂਪੀ ਦਾਰੂ ਮਿਲਣ ਸਦਕਾ ਮੇਰੇ ਸਾਰੇ ਪਾਪ ਕੱਟੇ ਗਏ ਤੇ ਮੇਰਾ ਹਿਰਦਾ ਪਵਿਤਰ ਹੋ ਗਿਆ। ਮੇਰੇ ਅੰਦਰੋਂ ਹਉਮੈ ਦੀ ਸਾਰੀ ਪੀੜਾ ਨਿਕਲ ਗਈ ਤੇ ਸਾਰੇ ਦੁਖ ਤੇ ਦਰਦ ਦੂਰ ਹੋ ਗਏ, ਅਤੇ ਮੇਰੇ ਅੰਦਰ ਆਤਮਕ ਸੁਖ ਪੈਦਾ ਹੋ ਗਿਆ। ਜਿਸ ਮਨੁੱਖ ਦਾ ਸਬਦ ਗੁਰੂ ਦੀ ਸਹਾਇਤਾ ਨਾਲ ਅਕਾਲ ਪੁਰਖੁ ਨਾਲ ਪਿਆਰ ਪੈ ਜਾਂਦਾ ਹੈ, ਉਹ ਵਿਕਾਰਾਂ ਤੋਂ ਮੁਕਤ ਹੋ ਜਾਂਦਾ ਹੈ।

*ਮਾਝ ਮਹਲਾ ੫ ॥ ਪ੍ਰਭ ਕਿਰਪਾ ਤੇ ਹਰਿ ਹਰਿ ਧਿਆਵਉ ॥ ਪ੍ਰਭੂ ਦਇਆ ਤੇ ਮੰਗਲੁ ਗਾਵਉ ॥ ਊਠਤ ਬੈਠਤ ਸੋਵਤ ਜਾਗਤ ਹਰਿ ਧਿਆਈਐ ਸਗਲ ਅਵਰਦਾ ਜੀਉ ॥੧॥ (੧੦੭)*

ਜਿਹੜਾ ਮਨੁੱਖ ਸਦਾ ਨਾਸ਼ਵੰਤ ਪਦਾਰਥਾਂ ਦੀ ਮੰਗ ਹੀ ਮੰਗਦਾ ਰਹਿੰਦਾ ਹੈ, ਤੇ ਨਾਮੁ ਦੀ ਦਾਤ ਕਦੇ ਵੀ ਨਹੀਂ ਮੰਗਦਾ, ਉਸ ਨੂੰ ਆਤਮਕ ਮੌਤ ਸਹੇੜਦਿਆਂ ਦੇਰ ਨਹੀਂ ਲਗਦੀ। ਪਰੰਤੂ ਜਿਹੜਾ ਮਨੁੱਖ ਗੁਰੂ ਨੂੰ ਮਿਲ ਕੇ ਸਦਾ ਅਕਾਲ ਪੁਰਖੁ ਦੀ ਸੇਵਾ

ਭਗਤੀ ਕਰਦਾ ਰਹਿੰਦਾ ਹੈ, ਉਹ ਮਾਇਆ ਦੀ ਤ੍ਰਿਸ਼ਨਾ ਵਿਚ ਨਹੀਂ ਫਸਦਾ ਤੇ ਅਡੋਲ ਅਵਸਥਾ ਵਿਚ ਟਿਕਿਆ ਰਹਿ ਕੇ ਜੀਵਨ ਦਾ ਆਨੰਦ ਮਾਣਦਾ ਰਹਿੰਦਾ ਹੈ। ਜਿਸ ਮਨੁੱਖ ਦੇ ਮਨ ਵਿਚ ਅਕਾਲ ਪੁਰਖੁ ਲਈ ਪਿਆਰ ਤੇ ਭਗਤੀ ਲਈ ਲਿਵ ਲੱਗ ਜਾਂਦੀ ਹੈ, ਉਹ ਹਰ ਰੋਜ਼ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਜਿਸ ਸਦਕਾ ਉਹ ਸਦਾ ਮਾਇਆ ਦੇ ਹੱਲਿਆਂ ਵਲੋਂ ਸੁਚੇਤ ਰਹਿੰਦਾ ਹੈ। ਅਕਾਲ ਪੁਰਖੁ ਅਜੇਹੇ ਸੇਵਕ ਦੀ ਬਾਂਹ ਫੜ ਕੇ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ, ਪਰੰਤੂ ਇਹ ਦਾਤ ਉਸੇ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ, ਜਿਸ ਦੇ ਮੱਥੇ ਉਤੇ ਇਹ ਦਾਤ ਹਾਸਲ ਕਰਨ ਦਾ ਲੇਖ ਮੌਜੂਦ ਹੋਵੇ। ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਦੀ ਬਖਸ਼ਸ਼ ਪੁਰਬਲੇ ਸਮੇਂ ਵਿਚ ਕੀਤੇ ਕਰਮਾਂ ਅਨੁਸਾਰ ਤੇ ਗੁਰੂ ਨੂੰ ਮਿਲ ਕੇ ਆਪਣੇ ਅੰਦਰ ਅਜੇਹੇ ਸੰਸਕਾਰ ਜਗਾਣ ਨਾਲ ਹੀ ਹੋ ਸਕਦੀ ਹੈ। ਅਕਾਲ ਪੁਰਖੁ ਦੀ ਭਗਤੀ ਕਰਨ ਵਾਲੇ ਗੁਰਮੁਖ ਜਾਣਦੇ ਹਨ, ਕਿ ਅਕਾਲ ਪੁਰਖੁ ਦੇ ਚਰਨਾਂ ਵਿਚ ਜੁੜਨ ਤੋਂ ਬਿਨਾ ਸਾਰੇ ਹੀ ਜੀਵ ਮਾਇਆ ਦੇ ਹੱਥੀਂ ਲੁੱਟੇ ਜਾਂਦੇ ਹਨ, ਇਸ ਲਈ ਅਕਾਲ ਪੁਰਖੁ ਦੇ ਭਗਤਾਂ ਦੇ ਮਨ ਵਿਚ ਅਕਾਲ ਪੁਰਖੁ ਦੇ ਸੋਹਣੇ ਚਰਨ ਸਦਾ ਵੱਸਦੇ ਰਹਿੰਦੇ ਹਨ। ਜੇਹੜੇ ਮਨੁੱਖ ਅਜੇਹੇ ਗੁਰਮੁਖਾਂ ਦੇ ਚਰਨਾਂ ਦੀ ਧੂੜ ਸਦਾ ਲੋਚਦੇ ਰਹਿੰਦੇ ਹਨ, ਉਨ੍ਹਾਂ ਨੂੰ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦਾ ਨਾਮੁ ਮਿਲ ਜਾਂਦਾ ਹੈ, ਜੋ ਉਨ੍ਹਾਂ ਦਾ ਮਨੁੱਖਾ ਜੀਵਨ ਸੰਵਾਰ ਦਿੰਦਾ ਹੈ। ਇਸ ਲਈ ਉਠਦਿਆਂ ਬਹਿੰਦਿਆਂ ਹਰ ਵੇਲੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ, ਕਿਉਂਕਿ ਉਸ ਸਦਾ ਅਟੱਲ ਰਹਿਣ ਵਾਲੇ ਅਕਾਲ ਪੁਰਖੁ ਨੂੰ ਹਮੇਸ਼ਾਂ ਯਾਦ ਕਰਨ ਨਾਲ ਹੀ ਪਾਇਆ ਜਾ ਸਕਦਾ ਹੈ। ਜਿਸ ਮਨੁੱਖ ਉਤੇ ਅਕਾਲ ਪੁਰਖੁ ਦਇਆਵਾਨ ਹੋ ਜਾਂਦਾ ਹੈ, ਉਹ ਸਦਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ ਤੇ ਇਸ ਤਰ੍ਹਾਂ ਕਰਨ ਨਾਲ ਮਨੁੱਖ ਨੂੰ ਅਕਾਲ ਪੁਰਖੁ ਦੀ ਰਜ਼ਾ ਪਿਆਰੀ ਲਗਦੀ ਰਹਿੰਦੀ ਹੈ।

*ਗੁਣ ਗਾਵੈ ਅਨਦਿਨੁ ਨਿਤਿ ਜਾਗੀ ॥ ਬਾਹ ਪਕੜਿ ਤਿਸੁ ਸੁਆਮੀ ਮੇਲੈ ਜਿਸ ਕੈ ਮਸਤਕਿ ਲਹਣਾ ॥੨॥ ਚਰਨ ਕਮਲ ਭਗਤਾਂ ਮਨਿ ਵੁਠੇ ॥ ਵਿਣੁ ਪਰਮੇਸਰ ਸਗਲੇ ਮੁਠੇ ॥ ਸੰਤ ਜਨਾਂ ਕੀ ਧੂੜਿ ਨਿਤ ਬਾਂਛਹਿ ਨਾਮੁ ਸਚੇ ਕਾ ਗਹਣਾ ॥੩॥ ਊਠਤ ਬੈਠਤ ਹਰਿ ਹਰਿ ਗਾਈਐ ॥ ਜਿਸੁ ਸਿਮਰਤ ਵਰੁ ਨਿਹਚਲੁ ਪਾਈਐ ॥ ਨਾਨਕ ਕਉ ਪ੍ਰਭ ਹੋਇ ਦਇਆਲਾ ਤੇਰਾ ਕੀਤਾ ਸਹਣਾ ॥੪॥੪੩॥੫੦॥ (੧੦੯)*

ਬਲ੍ਯ ਕਵੀ ਜੀ ਆਖਦੇ ਹਨ ਕਿ ਜਿਸ ਗੁਰੂ ਨੂੰ ਯਾਦ ਕੀਤਿਆਂ, ਅੱਖਾਂ ਦਾ ਹਨੇਰਾ ਇਕ ਖਿਨ ਵਿਚ ਮਿਟ ਜਾਂਦਾ ਹੈ; ਜਿਸ ਗੁਰੂ ਨੂੰ ਯਾਦ ਕੀਤਿਆਂ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਦਿਨੋ ਦਿਨ ਵਧਦਾ ਜਾਂਦਾ ਹੈ; ਜਿਸ ਗੁਰੂ ਨੂੰ ਯਾਦ ਕਰਨ ਨਾਲ ਜੀਵ ਦੇ ਹਿਰਦੇ ਵਿਚੋਂ ਤਪਤ ਮਿਟ ਜਾਂਦੀ ਹੈ; ਜਿਸ ਗੁਰੂ ਨੂੰ ਯਾਦ ਕਰ ਕੇ ਜੀਵ ਰਿੱਧੀਆਂ ਸਿੱਧੀਆਂ ਤੇ ਨੌਂ ਨਿਧੀਆਂ ਪ੍ਰਾਪਤ ਕਰ ਲੈਂਦਾ ਹੈ; ਉਸ ਗੁਰੂ ਰਾਮਦਾਸ ਜੀ ਨੂੰ ਸੰਗਤਿ ਵਿਚ ਮਿਲ ਕੇ ਆਖੋ ਕਿ 'ਤੂੰ ਧੰਨ ਹੈ', 'ਤੂੰ ਧੰਨ ਹੈ'! ਇਸ ਲਈ ਉਸ ਸਤਿਗੁਰੁ ਨੂੰ ਹਮੇਸ਼ਾਂ ਯਾਦ ਕਰਦੇ ਰਹਿੰਣਾਂ ਚਾਹੀਦਾ ਹੈ, ਜਿਸ ਗੁਰੂ ਦੀ ਚਰਨੀਂ ਲੱਗ ਕੇ ਅਸੀਂ ਅਕਾਲ ਪੁਰਖੁ ਨੂੰ ਮਿਲ ਸਦਕੇ ਹਾਂ।

*ਜਿਹ ਸਤਿਗੁਰ ਸਿਮਰੰਤ ਨਯਨ ਕੇ ਤਿਮਰ ਮਿਟਹਿ ਖਿਨੁ ॥ ਜਿਹ ਸਤਿਗੁਰ ਸਿਮਰੰਥਿ ਰਿਦੈ ਹਰਿ ਨਾਮੁ ਦਿਨੋ ਦਿਨੁ ॥ ਜਿਹ ਸਤਿਗੁਰ ਸਿਮਰੰਥਿ ਜੀਅ ਕੀ ਤਪਤਿ ਮਿਟਾਵੈ ॥ ਜਿਹ ਸਤਿਗੁਰ ਸਿਮਰੰਥਿ ਰਿਧਿ ਸਿਧਿ ਨਵ ਨਿਧਿ ਪਾਵੈ ॥ ਸੋਈ ਰਾਮਦਾਸੁ ਗੁਰੁ ਬਲ੍ਯ ਭਣਿ ਮਿਲਿ ਸੰਗਤਿ ਧੰਨਿ ਧੰਨਿ ਕਰਹੁ ॥ ਜਿਹ ਸਤਿਗੁਰ ਲਗਿ ਪ੍ਰਭੁ ਪਾਈਐ ਸੋ ਸਤਿਗੁਰੁ ਸਿਮਰਹੁ ਨਰਹੁ ॥੫॥੫੪॥ (੧੪੦੫)*

ਉਪਰ ਲਿਖਿਆ ਸਬਦ ਬਲ੍ਯ ਕਵੀ ਜੀ ਨੇ ਚੌਥੀ ਜੋਤਿ ਗੁਰੂ ਰਾਮਦਾਸ ਜੀ ਦੇ ਸਬੰਧ ਵਿਚ ਵਰਨਣ ਕੀਤਾ ਹੈ। ਹੁਣ ਉਹ ਜੋਤਿ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਮੌਜੂਦ ਹੈ। ਇਸ ਲਈ ਅਸੀਂ ਇਹ ਸਭ ਕੁਝ ਗੁਰੂ ਗਰੰਥ ਸਾਹਿਬ ਜੀ ਦੇ ਚਰਨੀ ਲੱਗ ਕੇ, ਭਾਵ ਗੁਰਬਾਣੀ ਨੂੰ ਆਪਣੇ ਜੀਵਨ ਦਾ ਮੰਤਵ ਬਣਾ ਕੇ ਪ੍ਰਾਪਤ ਕਰ ਸਕਦੇ ਹਾਂ।

ਗੁਰੂ ਸਾਹਿਬ ਗੁਰਬਾਣੀ ਦੁਆਰਾ ਮਨ ਨੂੰ ਸਵਾਲ ਵੀ ਕਰਦੇ ਹਨ ਤੇ ਸਮਝਾਂਉਂਦੇ ਵੀ ਹਨ, ਕਿ ਜਿਸ ਅਕਾਲ ਪੁਰਖੁ ਦੀ ਕਿਰਪਾ ਨਾਲ ਅਸੀਂ ਤਰ੍ਹਾਂ ਤਰ੍ਹਾਂ ਦੇ ਕਪੜੇ ਤੇ ਗਹਣੇ ਪਹਿਨਦੇ ਹਾਂ, ਉਸ ਨੂੰ ਯਾਦ ਕਰਨ ਲਈ ਤੇ ਉਸ ਦਾ ਧੰਨਵਾਦ ਕਰਨ ਲਈ ਅਸੀਂ ਕਿਉਂ ਆਲਸ ਕਰਦੇ ਰਹਿੰਦੇ ਹਾਂ? ਜਿਸ ਅਕਾਲ ਪੁਰਖੁ ਦੀ ਮੇਹਰ ਨਾਲ ਘੋੜੇ ਤੇ ਹਾਥੀਆਂ ਜਾਂ ਅੱਜਕਲ ਦੇ ਸਮੇਂ ਵਿਚ ਸਕੂਟਰਾਂ, ਕਾਰਾਂ ਤੇ ਗੱਡੀਆਂ ਦੀ ਸਵਾਰੀ ਕਰਦੇ ਹਾਂ, ਉਸ ਅਕਾਲ ਪੁਰਖੁ ਨੂੰ ਆਪਣੇ ਮਨ ਵਿਚੋਂ ਕਦੇ ਵੀ ਵਿਸਾਰਨਾਂ ਨਹੀਂ ਚਾਹੀਦਾ। ਜਿਸ ਅਕਾਲ ਪੁਰਖੁ ਦੀ ਦਇਆ ਨਾਲ ਘਰ ਬਾਹਰ, ਬਾਗ ਬਗੀਚੇ, ਜ਼ਮੀਨਾਂ ਤੇ ਧਨ ਦੌਲਤ ਨਸੀਬ ਹੁੰਦੇ ਹਨ, ਉਸ ਅਕਾਲ ਪੁਰਖੁ ਨੂੰ ਆਪਣੇ ਮਨ ਵਿਚ ਸਦਾ ਵਸਾ ਕੇ ਰੱਖਣਾਂ ਚਾਹੀਦਾ ਹੈ। ਜਿਸ ਅਕਾਲ ਪੁਰਖੁ ਨੇ ਸਾਡੇ ਮਨ ਤੇ ਸਰੀਰ ਨੂੰ ਸਾਜਿਆ ਹੈ, ਸਾਡੇ ਸਰੀਰ ਨੂੰ ਸਵਾਸਾਂ ਨਾਲ ਕਾਇਮ ਰੱਖਿਆ ਹੈ, ਉਸ ਅਕਾਲ ਪੁਰਖੁ ਨੂੰ ਉਠਦੇ ਬੈਠਦੇ ਭਾਵ, ਹਰ ਸਮੇਂ ਯਾਦ ਕਰਦੇ ਰਹਿਣਾਂ ਹੈ। ਗੁਰੂ ਸਾਹਿਬ ਸਾਡੇ ਮਨ ਨੂੰ ਸੁਚੇਤ ਕਰਕੇ ਸਮਝਾਂਉਂਦੇ ਹਨ, ਕਿ ਉਸ ਅਕਾਲ ਪੁਰਖੁ ਨੂੰ ਹਮੇਸ਼ਾਂ ਯਾਦ ਕਰਦੇ ਰਹਿਣਾਂ ਹੈ, ਜੋ ਇੱਕ ਹੈ, ਤੇ ਬੇਅੰਤ ਹੈ, ਕਿਉਂਕਿ ਉਹੀ ਅਕਾਲ ਪੁਰਖੁ ਸਾਡੀ ਲੋਕ ਤੇ ਪਰਲੋਕ ਵਿਚ ਲਾਜ ਰੱਖਣ ਵਾਲਾ ਹੈ।

*ਜਿਹ ਪ੍ਰਸਾਦਿ ਆਭੂਖਨ ਪਹਿਰੀਜੈ ॥ ਮਨ ਤਿਸੁ ਸਿਮਰਤ ਕਿਉ ਆਲਸੁ ਕੀਜੈ ॥ ਜਿਹ ਪ੍ਰਸਾਦਿ ਅਸ੍ਵ ਹਸਤਿ ਅਸਵਾਰੀ ॥ ਮਨ ਤਿਸੁ ਪ੍ਰਭ ਕਉ ਕਬਹੂ ਨ ਬਿਸਾਰੀ ॥ ਜਿਹ ਪ੍ਰਸਾਦਿ ਬਾਗ ਮਿਲਖ ਧਨਾ ॥ ਰਾਖੁ ਪਰੋਇ ਪ੍ਰਭੁ ਅਪੁਨੇ ਮਨਾ ॥ ਜਿਨਿ ਤੇਰੀ ਮਨ*

*ਬਨਤ ਬਨਾਈ ॥ ਊਠਤ ਬੈਠਤ ਸਦ ਤਿਸਹਿ ਧਿਆਈ ॥ ਤਿਸਹਿ ਧਿਆਇ ਜੋ ਏਕ ਅਲਖੈ ॥ ਈਹਾ ਊਹਾ ਨਾਨਕ ਤੇਰੀ ਰਖੈ ॥੪॥ (੨੭੦)*

ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਵਾਰ ਵਾਰ ਅਕਾਲ ਪੁਰਖੁ ਨੂੰ ਯਾਦ ਕਰਦੇ ਰਹਿੰਣਾਂ ਚਾਹੀਦਾ ਹੈ, ਤੇ ਅਕਾਲ ਪੁਰਖੁ ਦਾ ਨਾਮੁ ਰੂਪੀ ਅੰਮ੍ਰਿਤ ਪੀ ਕੇ ਆਪਣੇ ਇਸ ਮਨ ਨੂੰ ਤੇ ਸਰੀਰਕ ਇੰਦ੍ਰਿਆਂ ਨੂੰ ਰਜਾਉਂਦੇ ਰਹਿੰਣਾਂ ਚਾਹੀਦਾ ਹੈ। ਜਿਸ ਗੁਰਮੁਖ ਨੇ ਨਾਮੁ ਰੂਪੀ ਰਤਨ ਲੱਭ ਲਿਆ ਹੈ, ਫਿਰ ਉਸ ਨੂੰ ਅਕਾਲ ਪੁਰਖੁ ਤੋਂ ਬਿਨਾ ਕੁਝ ਹੋਰ ਦਿੱਖਾਈ ਨਹੀਂ ਦਿੰਦਾ। ਉਸ ਗੁਰਮੁਖ ਲਈ ਅਕਾਲ ਪੁਰਖੁ ਦਾ ਨਾਮੁ ਹੀ ਧਨ ਹੈ, ਤੇ ਨਾਮੁ ਹੀ ਅਕਾਲ ਪੁਰਖੁ ਦਾ ਰੂਪ ਜਾਂ ਰੰਗ ਹੈ। ਉਹ ਸਦਾ ਅਕਾਲ ਪੁਰਖੁ ਦੇ ਨਾਮੁ ਦਾ ਹੀ ਸੰਗ ਕਰਦਾ ਹੈ, ਕਿਉਂਕਿ ਨਾਮੁ ਹੀ ਉਸ ਲਈ ਸੁਖਾਂ ਦਾ ਮੂਲ ਸਾਧਨ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਦੇ ਨਾਮੁ ਦੇ ਸੁਆਦ ਨਾਲ ਰੱਜ ਜਾਂਦਾ ਹੈ, ਫਿਰ ਉਸ ਦਾ ਮਨ ਤੇ ਤਨ ਕੇਵਲ ਅਕਾਲ ਪੁਰਖੁ ਦੇ ਨਾਮੁ ਵਿਚ ਹੀ ਜੁੜਿਆ ਰਹਿੰਦਾ ਹੈ। ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਅਸਲੀ ਸੇਵਕ ਉਠਦਿਆਂ ਬੈਠਦਿਆਂ, ਸੁੱਤਿਆਂ ਹਰ ਵੇਲੇ ਅਕਾਲ ਪੁਰਖੁ ਦੇ ਨਾਮੁ ਨੂੰ ਹਿਰਦੇ ਵਿਚ ਵਸਾਣ ਦੇ ਆਹਰ ਵਿਚ ਰੁਝਾ ਰਹਿੰਦਾ ਹੈ।

*ਬਾਰੰ ਬਾਰ ਬਾਰ ਪ੍ਰਭੁ ਜਪੀਐ ॥ ਪੀ ਅੰਮ੍ਰਿਤੁ ਇਹੁ ਮਨੁ ਤਨੁ ਧ੍ਰਪੀਐ ॥ ਨਾਮ ਰਤਨੁ ਜਿਨਿ ਗੁਰਮੁਖਿ ਪਾਇਆ ॥ ਤਿਸੁ ਕਿਛੁ ਅਵਰੁ ਨਾਹੀ ਦ੍ਰਿਸਟਾਇਆ ॥ ਨਾਮੁ ਧਨੁ ਨਾਮੋ ਰੂਪੁ ਰੰਗੁ ॥ ਨਾਮੋ ਸੁਖੁ ਹਰਿ ਨਾਮ ਕਾ ਸੰਗੁ ॥ ਨਾਮ ਰਸਿ ਜੋ ਜਨ ਤ੍ਰਿਪਤਾਨੇ ॥ ਮਨ ਤਨ ਨਾਮਹਿ ਨਾਮਿ ਸਮਾਨੇ ॥ ਊਠਤ ਬੈਠਤ ਸੋਵਤ ਨਾਮ ॥ ਕਹੁ ਨਾਨਕ ਜਨ ਕੈ ਸਦ ਕਾਮ ॥੬॥ (੨੮੬)*

ਜਦੋਂ ਪੂਰਾ ਗੁਰੂ ਮਿਹਰ ਕਰਦਾ ਹੈ, ਤਾਂ ਅਕਾਲ ਪੁਰਖੁ ਆਪਣੇ ਸੇਵਕ ਦੀਆਂ ਇਛਾਵਾਂ ਪੂਰੀਆਂ ਕਰ ਦਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਸਦਕਾ ਸੇਵਕ ਆਪਣੇ ਅੰਤਰ ਆਤਮੇ ਟਿਕਿਆ ਰਹਿੰਦਾ ਹੈ ਤੇ ਉਹ ਆਤਮਕ ਆਨੰਦ, ਖੁਸ਼ੀਆਂ, ਤੇ ਸੁਖ ਮਾਣਦਾ ਰਹਿੰਦਾ ਹੈ। ਗੁਰੂ ਸਾਹਿਬ ਸਮਝਾਂਉਂਦੇ ਹਨ, ਕਿ ਅਸੀਂ ਅਕਾਲ ਪੁਰਖੁ ਦੇ ਨਾਮੁ ਵਿਚ ਜੁੜਨ ਸਦਕਾ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਸਕਦੇ ਹਾਂ। ਇਸ ਲਈ ਉਠਦਿਆਂ ਬੈਠਦਿਆਂ ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਚਾਹੀਦਾ ਹੈ, ਅਤੇ ਅਕਾਲ ਪੁਰਖੁ ਦੇ ਨਾਮੁ ਚੇਤੇ ਕਰਨ ਦੀ ਇਹ ਨੇਕ ਕਮਾਈ ਹਰ ਵੇਲੇ ਕਰਨੀ ਚਾਹੀਦੀ ਹੈ। ਗੁਰੂ ਦਾ ਦੱਸਿਆ ਹੋਇਆ ਸਹੀ ਰਸਤਾ ਇਹੀ ਹੈ ਕਿ ਇਨਸਾਨ ਨੇ ਹਰੇਕ ਸਮੇਂ ਅਕਾਲ ਪੁਰਖੁ ਦਾ ਨਾਮੁ ਆਪਣੇ ਚਿਤ ਵਿਚ ਰੱਖਣਾ ਹੈ। ਅਕਾਲ ਪੁਰਖੁ ਦਾ ਨਾਮੁ ਹੀ ਧਰਮ ਦੀ ਅਜੇਹੀ ਪਉੜੀ ਹੈ, ਜਿਸ ਦੀ ਸਹਾਇਤਾ ਨਾਲ ਮਨੁੱਖ ਅਕਾਲ ਪੁਰਖੁ ਦੇ ਚਰਨਾਂ ਵਿਚ ਪਹੁੰਚ ਸਕਦਾ ਹੈ, ਪਰੰਤੂ ਕੋਈ ਵਿਰਲਾ ਭਾਗਾਂ ਵਾਲਾ ਹੀ ਇਸ ਪਉੜੀ ਨੂੰ ਲੱਭ ਸਕਦਾ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਦੇ ਨਾਮੁ ਦੁਆਰਾ ਉਸ ਦੇ ਚਰਨਾਂ ਵਿਚ ਆਪਣਾ ਚਿੱਤ ਜੋੜ ਲੈਂਦਾ ਹੈ, ਉਸ ਮਨੁੱਖ ਦੇ ਕ੍ਰੋੜਾਂ ਜਨਮਾਂ ਦੇ ਪਾਪ ਨਾਸ ਹੋ ਜਾਂਦੇ ਹਨ। ਇਸ ਲਈ ਹਮੇਸ਼ਾਂ ਉਸ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾਂ ਚਾਹੀਦਾ ਹੈ। ਜਿਹੜੇ ਪ੍ਰਾਣੀ ਸਤਿਗੁਰ ਦੀ ਸੱਚੀ ਸਿੱਖਿਆ ਨੂੰ ਗੁਰਬਾਣੀ ਦੁਆਰਾ ਗ੍ਰਹਿਣ ਕਰ ਲੈਂਦੇ ਹਨ, ਉਹ ਸੱਚੇ ਤੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ। ਸਤਿਗੁਰ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਰੁਕਾਵਟਾਂ ਦੂਰ ਕਰਨ ਵਾਲਾ ਅਕਾਲ ਪੁਰਖੁ ਦਾ ਨਾਮੁ ਦ੍ਰਿੜ ਕਰਵਾ ਦਿੰਦਾ ਹੈ, ਉਨ੍ਹਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਤੇ ਉਹ ਸਾਰੇ ਪਵਿਤਰ ਜੀਵਨ ਵਾਲੇ ਬਣ ਜਾਂਦੇ ਹਨ, ਅਤੇ ਉਹ ਸਦਾ ਆਤਮਕ ਆਨੰਦ ਦੀ ਅਵਸਥਾ ਵਿਚ ਟਿਕੇ ਰਹਿੰਦੇ ਹਨ।

*ਸੰਤਹੁ ਰਾਮ ਨਾਮਿ ਨਿਸਤਰੀਐ ॥ ਊਠਤ ਬੈਠਤ ਹਰਿ ਹਰਿ ਧਿਆਈਐ ਅਨਦਿਨੁ ਸੁਕ੍ਰਿਤੁ ਕਰੀਐ ॥੧॥ ਰਹਾਉ ॥ ਸੰਤ ਕਾ ਮਾਰਗੁ ਧਰਮ ਕੀ ਪਉੜੀ ਕੋ ਵਡਭਾਗੀ ਪਾਏ ॥ ਕੋਟਿ ਜਨਮ ਕੇ ਕਿਲਬਿਖ ਨਾਸੇ ਹਰਿ ਚਰਣੀ ਚਿਤੁ ਲਾਏ ॥੨॥ (੬੨੧, ੬੨੨)*

ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦਾ ਨਾਮੁ ਭੁਲਾ ਦਿੱਤਾ, ਉਹ ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ ਸੁਆਹ ਹੁੰਦੇ ਵੇਖੇ ਗਏ ਹਨ। ਪੁੱਤਰ, ਮਿੱਤਰ, ਇਸਤ੍ਰੀ ਆਦਿਕ ਸਨਬੰਧੀ ਜਿਨ੍ਹਾਂ ਨਾਲ ਮਨੁੱਖ ਪ੍ਰੇਮ ਕਰਦਾ ਹੈ ਤੇ ਦੁਨੀਆ ਦੀਆਂ ਰੰਗ ਰਲੀਆਂ ਮਾਣਦਾ ਰਹਿੰਦਾ ਹੈ, ਉਹ ਸਾਰੇ ਪਿਆਰ ਆਖ਼ਿਰ ਇਕ ਦਿਨ ਟੁੱਟ ਜਾਂਦੇ ਹਨ। ਇਸੇ ਲਈ ਗੁਰੂ ਸਾਹਿਬ ਮਨ ਨੂੰ ਵਾਰ ਵਾਰ ਸਮਝਾਂਉਂਦੇ ਹਨ, ਕਿ ਸਦਾ ਹੀ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ। ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ, ਉਹ ਇਸ ਸੰਸਾਰ ਰੂਪੀ ਸਮੁੰਦਰ ਵਿਚ ਤ੍ਰਿਸ਼ਨਾ ਦੀ ਅੱਗ ਨਾਲ ਸੜਦਾ ਨਹੀਂ ਰਹਿੰਦਾ ਹੈ, ਉਸ ਦੇ ਮਨ ਵਿਚ, ਤਨ ਵਿਚ, ਤੇ ਸਰੀਰ ਵਿਚ ਆਨੰਦ ਬਣਿਆ ਰਹਿੰਦਾ ਹੈ। ਜਿਵੇਂ ਰੁੱਖ ਦੀ ਛਾਂ ਬਦਲਦੀ ਰਹਿੰਦੀ ਹੈ ਤੇ ਖਤਮ ਹੁੰਦੀ ਜਾਂਦੀ ਹੈ, ਜਿਵੇਂ ਹਵਾ ਬੱਦਲਾਂ ਨੂੰ ਉਡਾ ਕੇ ਲੈ ਜਾਂਦੀ ਹੈ ਤੇ ਉਨ੍ਹਾਂ ਕਰਕੇ ਹੋਈ ਛਾਂ ਅਲੋਪ ਹੋ ਜਾਂਦੀ ਹੈ, ਇਸੇ ਤਰ੍ਹਾਂ ਦੁਨੀਆ ਦੇ ਸਾਰੇ ਪਦਾਰਥ ਤੇ ਇਹ ਮਨੁੱਖਾ ਜੀਵਨ ਵੀ ਨਾਸ਼ਵੰਤ ਹਨ। ਇਸ ਲਈ ਗੁਰੂ ਨੂੰ ਮਿਲ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਦ੍ਰਿੜ ਕਰ, ਕਿਉਂਕਿ ਇਹੀ ਤੇਰੇ ਕੰਮ ਆਉਣ ਵਾਲੀ ਹੈ।

*ਮਾਰੂ ਮਹਲਾ ੫ ॥ ਜਿਨੀ ਨਾਮੁ ਵਿਸਾਰਿਆ ਸੇ ਹੋਤ ਦੇਖੇ ਖੇਹ ॥ ਪੁਤ੍ਰ ਮਿਤ੍ਰ ਬਿਲਾਸ ਬਨਿਤਾ ਤੂਟਤੇ ਏ ਨੇਹ ॥੧॥ ਮੇਰੇ ਮਨ ਨਾਮੁ ਨਿਤ ਨਿਤ ਲੇਹ ॥ ਜਲਤ ਨਾਹੀ ਅਗਨਿ ਸਾਗਰ ਸੂਖੁ ਮਨਿ ਤਨਿ ਦੇਹ ॥੧॥ ਰਹਾਉ ॥ ਬਿਰਖ ਛਾਇਆ ਜੈਸੇ ਬਿਨਸਤ ਪਵਨ ਝੂਲਤ ਮੇਹ ॥ ਹਰਿ ਭਗਤਿ ਦ੍ਰਿੜੁ ਮਿਲੁ ਸਾਧ ਨਾਨਕ ਤੇਰੈ ਕਾਮਿ ਆਵਤ ਏਹ ॥੨॥੨॥੨੫॥ (੧੦੦੬)*

ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ:

- ਸਿੱਖ ਧਰਮ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਕੋਈ ਦੁਨਿਆਵੀ ਨਾਂ ਦੀ ਤਰ੍ਹਾਂ ਨਹੀਂ ਹੈ, ਜਿਸ ਲਈ ਕੋਈ ਮਿਥੇ ਗਏ ਅੱਖਰ ਜਾਂ ਸਬਦ ਦਾ ਰਟਨ ਕਰਦੇ ਰਹਿੰਣਾਂ ਹੈ, ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ।
- ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਗੁਣਾਂ ਨੂੰ ਸਮਝਣਾ ਪਵੇਗਾ ਤੇ ਆਪਣੇ ਦੁਨਿਆਵੀ ਜੀਵਨ ਵਿਚ ਅਪਨਾਉਣਾ ਪਵੇਗਾ।
- ਗੁਰੂ ਗਰੰਥ ਸਾਹਿਬ ਵਿਚ ਨਾਮੁ / ਨਾਮ (Naam) ਦਾ ਲਫਜ਼ ੪੦੦੦ ਤੋਂ ਵੱਧ ਵਾਰੀ ਆਇਆ ਹੈ, ਪਰੰਤੂ ਇਹ ਕਿਤੇ ਵੀ ਨਹੀਂ ਕਿਹਾ ਗਿਆ ਹੈ ਕਿ ਨਾਮੁ ਦਾ ਅਰਥ "ਵਾਹਿਗੁਰੂ" ਲਫਜ਼ ਨੂੰ ਵਾਰ ਵਾਰ ਦੁਹਰਾਈ ਜਾਂਣਾ ਹੈ।
- ਜੇਕਰ ਕਿਸੇ ਵੀ ਗੁਰੂ ਸਾਹਿਬ ਨੇ ਗੁਰੂ ਗਰੰਥ ਸਾਹਿਬ ਵਿਚ "ਵਾਹਿਗੁਰੂ" ਲਫਜ਼ ਦੀ ਵਰਤੋਂ ਨਾਮੁ ਲਈ ਨਹੀਂ ਕੀਤੀ ਹੈ, ਤਾਂ ਅਸੀਂ ਬਾਣੀ ਨੂੰ ਬਦਲਣ ਵਾਲੇ ਜਾਂ ਬਾਣੀ ਵਿਚ ਆਪਣੀ ਮੱਤ ਅਨੁਸਾਰ ਤਬਦੀਲੀ ਕਰਨ ਵਾਲੇ ਕੌਣ ਹੁੰਦੇ ਹਾਂ?
- ਗੁਰੂ ਸਾਹਿਬ ਨੇ ਤਾਂ ਗੁਰਬਾਣੀ ਵਿਚ ਗੁਰਸਿਖ ਨੂੰ ਤਾਂ ਸਵਾਸ ਸਵਾਸ ਭਾਵ, ਉਠਦਿਆਂ ਬਹਿੰਦਿਆਂ, ਸੁੱਤਿਆਂ, ਜਾਗਦਿਆਂ ਹਰ ਵੇਲੇ ਆਪਣੇ ਮਨ ਵਿਚ ਅਕਾਲ ਪੁਰਖੁ ਨੂੰ ਯਾਦ ਕਰਨ ਕਈ ਸਿਖਿਆ ਦਿਤੀ ਹੈ।
- ਜੇਕਰ ਗੁਰਬਾਣੀ ਤੇ ਸਾਇੰਸ ਦੀ ਸਿਖਿਆਵਾਂ ਅਨੁਸਾਰ ਵੀਚਾਰੀਏ ਤਾਂ ਇਹ ਗੱਲ ਪੂਰੀ ਤਰ੍ਹਾਂ ਸਪੱਸ਼ਟ ਹੋ ਜਾਂਦੀ ਹੈ, ਕਿ ਕਿਸੇ ਵੀ ਤਰ੍ਹਾਂ ਦੇ ਕਾਰਜ ਕਰਦੇ ਸਮੇਂ ਕੋਈ ਰਟਨ ਤਾਂ ਨਹੀਂ ਕੀਤਾ ਜਾ ਸਕਦਾ, ਪਰੰਤੂ ਅਕਾਲ ਪੁਰਖੁ ਦੀ ਬਣਾਈ ਹੋਈ ਕੁਦਰਤ ਬਾਰੇ ਸੋਚਿਆ, ਸਮਝਿਆ, ਵਿਚਾਰਿਆ ਤੇ ਉਸ ਦੇ ਹੁਕਮੁ ਅਨੁਸਾਰ ਚਲਿਆ ਜਰੂਰ ਜਾ ਸਕਦਾ ਹੈ।
- ਜਿਸ ਮਨੁੱਖ ਦਾ ਸਬਦ ਗੁਰੂ ਦੀ ਸਹਾਇਤਾ ਨਾਲ ਅਕਾਲ ਪੁਰਖੁ ਨਾਲ ਪਿਆਰ ਪੈ ਜਾਂਦਾ ਹੈ, ਉਹ ਵਿਕਾਰਾਂ ਤੋਂ ਮੁਕਤ ਹੋ ਜਾਂਦਾ ਹੈ।
- ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਦੀ ਬਖਸ਼ਸ਼ ਪੂਰਬਲੇ ਸਮੇਂ ਵਿਚ ਕੀਤੇ ਕਰਮਾਂ ਅਨੁਸਾਰ ਤੇ ਗੁਰੂ ਨੂੰ ਮਿਲ ਕੇ ਆਪਣੇ ਅੰਦਰ ਅਜੇਹੇ ਸੰਸਕਾਰ ਜਗਾਣ ਨਾਲ ਹੀ ਹੋ ਸਕਦੀ ਹੈ।
- ਜਿਸ ਮਨੁੱਖ ਉਤੇ ਅਕਾਲ ਪੁਰਖੁ ਦਇਆਵਾਨ ਹੋ ਜਾਂਦਾ ਹੈ, ਉਹ ਸਦਾ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ ਤੇ ਇਸ ਤਰ੍ਹਾਂ ਕਰਨ ਨਾਲ ਮਨੁੱਖ ਨੂੰ ਅਕਾਲ ਪੁਰਖੁ ਦੀ ਰਜ਼ਾ ਪਿਆਰੀ ਲਗਦੀ ਰਹਿੰਦੀ ਹੈ।
- ਜਿਸ ਅਕਾਲ ਪੁਰਖੁ ਦੀ ਮੇਹਰ ਨਾਲ ਇਹ ਮਨੁੱਖਾ ਜਨਮ ਮਿਲਿਆ ਹੈ, ਅਨੇਕਾਂ ਪਦਾਰਥ ਭੋਗਣ ਲਈ ਮਿਲੇ ਹਨ, ਉਸ ਅਕਾਲ ਪੁਰਖੁ ਨੂੰ ਉਠਦੇ ਬੈਠਦੇ ਭਾਵ, ਹਰ ਸਮੇਂ ਯਾਦ ਕਰਦੇ ਰਹਿਣਾਂ ਚਾਹੀਦਾ ਹੈ, ਜੋ ਇੱਕ ਹੈ, ਤੇ ਬੇਅੰਤ ਹੈ, ਕਿਉਂਕਿ ਉਹੀ ਅਕਾਲ ਪੁਰਖੁ ਸਾਡੀ ਲੋਕ ਤੇ ਪਰਲੋਕ ਵਿਚ ਲਾਜ ਰੱਖਣ ਵਾਲਾ ਹੈ।
- ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਅਸਲੀ ਸੇਵਕ ਉਠਦਿਆਂ ਬੈਠਦਿਆਂ, ਸੁੱਤਿਆਂ ਹਰ ਵੇਲੇ ਅਕਾਲ ਪੁਰਖੁ ਦੇ ਨਾਮੁ ਨੂੰ ਹਿਰਦੇ ਵਿਚ ਵਸਾਣ ਦੇ ਆਹਰ ਵਿਚ ਰੁਝਾਂ ਰਹਿੰਦਾ ਹੈ।
- ਅਕਾਲ ਪੁਰਖੁ ਦਾ ਨਾਮੁ ਹੀ ਧਰਮ ਦੀ ਅਜੇਹੀ ਪਉੜੀ ਹੈ, ਜਿਸ ਦੀ ਸਹਾਇਤਾ ਨਾਲ ਮਨੁੱਖ ਅਕਾਲ ਪੁਰਖੁ ਦੇ ਚਰਨਾਂ ਵਿਚ ਪਹੁੰਚ ਸਕਦਾ ਹੈ, ਪਰੰਤੂ ਕੋਈ ਵਿਰਲਾ ਭਾਗਾਂ ਵਾਲਾ ਹੀ ਇਸ ਪਉੜੀ ਨੂੰ ਲੱਭ ਸਕਦਾ ਹੈ।
- ਜਿਹੜੇ ਪ੍ਰਾਣੀ ਸਤਿਗੁਰ ਦੀ ਸੱਚੀ ਸਿੱਖਿਆ ਨੂੰ ਗੁਰਬਾਣੀ ਦੁਆਰਾ ਗ੍ਰਹਿਣ ਕਰ ਲੈਂਦੇ ਹਨ, ਉਹ ਸੱਚੇ ਤੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।
- ਦੁਨੀਆ ਦੇ ਸਾਰੇ ਪਦਾਰਥ ਤੇ ਇਹ ਮਨੁੱਖਾ ਜੀਵਨ ਵੀ ਨਾਸ਼ਵੰਤ ਹਨ, ਇਸ ਲਈ ਗੁਰੂ ਨੂੰ ਮਿਲ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਦ੍ਰਿੜ ਕਰ, ਕਿਉਂਕਿ ਇਹੀ ਤੇਰੇ ਕੰਮ ਆਉਣ ਵਾਲੀ ਹੈ।

ਗੁਰੂ ਸਾਹਿਬ ਨੇ ਤਾਂ ਗੁਰਬਾਣੀ ਵਿਚ ਗੁਰਸਿਖ ਨੂੰ ਸਵਾਸ ਸਵਾਸ ਭਾਵ, ਉਠਦਿਆਂ ਬਹਿੰਦਿਆਂ, ਸੁੱਤਿਆਂ, ਜਾਗਦਿਆਂ ਹਰ ਵੇਲੇ ਆਪਣੇ ਮਨ ਵਿਚ ਅਕਾਲ ਪੁਰਖੁ ਨੂੰ ਯਾਦ ਕਰਨ ਕਈ ਸਿਖਿਆ ਦਿਤੀ ਹੈ। ਇਸ ਲਈ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਗੁਣਾਂ ਨੂੰ ਸਮਝਣਾ ਪਵੇਗਾ ਤੇ ਆਪਣੇ ਦੁਨਿਆਵੀ ਜੀਵਨ ਵਿਚ ਅਪਨਾਉਣਾ ਪਵੇਗਾ। ਜਿਹੜੇ ਪ੍ਰਾਣੀ ਸਤਿਗੁਰ ਦੀ ਸੱਚੀ ਸਿੱਖਿਆ ਨੂੰ ਗੁਰਬਾਣੀ ਦੁਆਰਾ ਗ੍ਰਹਿਣ ਕਰ ਲੈਂਦੇ ਹਨ, ਉਹ ਸੱਚੇ ਤੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਨਾ ਜਪਣ ਜਾਂ ਉਸ ਦੇ ਗੁਣ ਨਾ ਗਾਇਨ ਕਰਨ ਦੇ ਨੁਕਸਾਨ (ਨਾਮੁ, ਭਾਗ ੫)

# Disadvantages of not remembering the Naam of Akal Purkh or not studying the qualities and capabilities of Akal Purkh through Gurbani (Naam, Part 5)

ਅਣਗਿਣਤ ਜੂਨਾਂ ਵਿਚੋਂ ਭੌਂ ਕੇ ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਿਆ ਹੈ, ਪਰੰਤੂ ਮਨੁੱਖ ਨੇ ਇਸ ਦੁਨੀਆ ਵਿਚ ਸਦੀਵੀ ਕਾਲ ਲਈ ਨਹੀਂ ਰਹਿਣਾ ਹੈ, ਪਤਾ ਨਹੀਂ ਕਦੋਂ ਇਥੋਂ ਕੂਚ ਕਰ ਜਾਣਾ ਹੈ। ਇਹ ਵੀ ਅਟੱਲ ਸਚਾਈ ਹੈ ਕਿ ਮਨੁੱਖਾ ਸਰੀਰ ਦਾ ਸਾਥ ਇਸ ਲੋਕ ਤਕ ਹੀ ਸੀਮਿਤ ਹੈ, ਇਸ ਲਈ ਸਾਨੂੰ ਅੰਤ ਦੇ ਸਾਥ ਵਲ ਵੀ ਧਿਆਨ ਦੇਣਾਂ ਚਾਹੀਦਾ ਹੈ। ਗੁਰੂ ਦੇ ਸ਼ਬਦ ਦਾ ਸਾਥ ਇਕ ਅਜੇਹਾ ਸਾਥ ਹੈ, ਜੋ ਕਿ ਇਸ ਲੋਕ ਤੇ ਪਰਲੋਕ ਦੋਹਾਂ ਵਿਚ ਸਹਾਈ ਹੁੰਦਾਂ ਹੈ। ਇਸ ਲਈ ਸਾਨੂੰ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣਾ ਚਾਹੀਦਾ ਹੈ। ਅਕਾਲ ਪੁਰਖੁ ਨੇ ਅਨੇਕਾਂ ਤਰੀਕਿਆਂ ਨਾਲ ਮਨੁੱਖਾ ਸਰੀਰ ਦੇ ਸਾਰੇ ਅੰਗ ਬਣਾਏ ਹਨ, ਪਰ ਉਹ ਸਭ ਸੁਆਸਾਂ ਦੇ ਕੱਚੇ ਧਾਗੇ ਵਿਚ ਪਰੋਏ ਹੋਏ ਹਨ, ਜੋ ਕਿ ਇਕ ਦਿਨ ਟੁੱਟ ਜਾਵੇਗਾ ਤੇ ਇਸ ਮਨੁੱਖਾ ਸਰੀਰ ਦੇ ਸਾਰੇ ਅੰਗ ਬੇਕਾਰ ਹੋ ਜਾਣਗੇ।

ਜੇਕਰ ਮਨੁੱਖ ਦੀ ਬੁੱਧੀ ਪਾਪਾਂ ਨਾਲ ਮਲੀਨ ਹੋ ਜਾਏ, ਤਾਂ ਉਹ ਪਾਪ ਸਿਰਫ ਅਕਾਲ ਪੁਰਖ ਦੇ ਨਾਮੁ ਵਿਚ ਰੰਗਿਆਂ ਹੀ ਧੋਤੇ ਜਾ ਸਕਦੇ ਹਨ। ਪੁੰਨ ਜਾਂ ਪਾਪ ਨਿਰੇ ਕਹਿਣ ਵਾਸਤੇ ਨਹੀਂ ਹਨ, ਬਲਕਿ ਜਿਹੋ ਜਿਹੇ ਕਰਮ ਕਰਾਂਗੇ, ਉਹੋ ਜਿਹੇ ਸੰਸਕਾਰ ਆਪਣੇ ਅੰਦਰ ਲਿਖ ਕੇ ਨਾਲ ਲੈ ਜਾਵਾਂਗੇ। ਕੁਦਰਤ ਦੀ ਸਚਾਈ, ਅਕਾਲ ਪੁਰਖ ਦੇ ਨਾਮੁ ਦੇ ਮਿਲਣ ਤੋਂ ਬਿਨਾ ਪਤਾ ਨਹੀਂ ਲਗ ਸਕਦੀ, ਤੇ ਅਕਾਲ ਪੁਰਖ ਦੇ ਹੁਕਮੁ ਨੂੰ ਪਛਾਨਣ ਤੋਂ ਬਿਨਾ, ਜੀਵਨ ਦੇ ਸਹੀ ਮਾਰਗ ਬਾਰੇ ਪਤਾ ਨਹੀਂ ਲਗ ਸਕਦਾ। ਗੁਰਬਾਣੀ ਨੂੰ ਵਿਚਾਰਨ ਤੋਂ ਬਿਨਾ ਅਕਾਲ ਪੁਰਖ ਦੇ ਨਾਮੁ ਤੇ ਹੁਕਮੁ ਦੋਵਾਂ ਬਾਰੇ ਸਚਾਈ ਸਮਝ ਨਹੀਂ ਆ ਸਕਦੀ। ਇਹ ਧੁਰ ਕੀ ਸੱਚੀ ਬਾਣੀ ਹੀ ਹੈ, ਜਿਸ ਦੀ ਸਹਾਇਤਾ ਨਾਲ ਅਸੀਂ ਆਪਣਾ ਆਚਰਨ ਪਵਿਤਰ ਬਣਾ ਸਕਦੇ ਹਾਂ, ਤੇ ਆਪਣੇ ਹਿਰਦੇ ਅੰਦਰ ਅਕਾਲ ਪੁਰਖੁ ਦਾ ਨਾਮੁ ਵਸਾ ਸਕਦੇ ਹਾਂ।

ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੇ ਆਧਾਰ ਤੇ ਨਾਮੁ ਸਬੰਧੀ ਪਹਿਲਾਂ ਸਾਂਝੇ ਕੀਤੇ ਗਏ ਲੇਖ (ਨਾਮੁ, ਭਾਗ ੧ ਤੋਂ ੪) ਸਾਨੂੰ ਵਾਰ ਵਾਰ ਇਹੀ ਸਮਝਾ ਰਹੇ ਹਨ ਕਿ ਸਿੱਖ ਧਰਮ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਕੋਈ ਦੁਨਿਆਵੀ ਨਾਂ ਦੀ ਤਰ੍ਹਾਂ ਨਹੀਂ ਹੈ, ਜਿਸ ਲਈ ਕੋਈ ਮਿਥੇ ਗਏ ਅੱਖਰ ਜਾਂ ਸਬਦ ਦਾ ਰਟਨ ਕਰਦੇ ਰਹਿਣਾਂ ਹੈ। ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਅਕਾਲ ਪੁਰਖੁ ਦਾ ਨਾਮੁ ਹਰੇਕ ਥਾਂ ਤੇ ਵਰਤ ਰਿਹਾ ਹੈ, ਹਰ ਸਮੇਂ ਲਗਾਤਾਰ ਵਰਤ ਰਿਹਾ ਹੈ, ਹਰੇਕ ਜੀਵ ਨਾਮੁ ਦੇ ਆਸਰੇ ਤੇ ਨਾਮੁ ਅਨੁਸਾਰ ਚਲ ਰਿਹਾ ਹੈ, ਦੁਨੀਆ ਦੇ ਸਾਰੇ ਪਦਾਰਥ ਨਾਮੁ ਦੇ ਆਸਰੇ ਟਿਕੇ ਹੋਏ ਹਨ। ਨਾਮੁ ਪ੍ਰਾਪਤ ਕਰਨ ਦਾ ਭਾਵ ਹੈ ਕਿ ਅਕਾਲ ਪੁਰਖੁ ਦੇ ਹੁਕਮੁ, ਸਿਸਟਮ, ਰਚਨਾ, ਅਸੂਲਾਂ ਬਾਰੇ ਜਾਣਕਾਰੀ ਹਾਸਲ ਕਰਨਾ ਤੇ ਉਸ ਦੀ ਕੁਦਰਤ ਨਾਲ ਆਪਣੇ ਅੰਦਰ ਪ੍ਰੇਮ ਤੇ ਸਤਿਕਾਰ ਪੈਦਾ ਕਰਨਾ ਹੈ।

http://www.geocities.ws/sarbjitsingh/GurbaniIndexGurmukhi.htm (Naam, Part 1 to 4)

ਗੁਰੂ ਸਾਹਿਬਾਂ ਨੇ ਬੜੇ ਸਰਲ ਤਰੀਕੇ ਨਾਲ ਸਮਝਾਇਆ ਹੈ ਕਿ ਜੇਕਰ ਧਰਮ ਦੀ ਸਿਖਿਆ ਲੈਣਾਂ ਚਾਹੁੰਦੇ ਹਾਂ ਤਾਂ ਸਾਨੂੰ ਕਿਤੇ ਜਾਣ ਦੀ ਲੋੜ ਨਹੀਂ, ਅਸੀਂ ਆਪਣੇ ਸਰੀਰ ਕੋਲੋ ਹੀ ਲੈ ਸਕਦੇ ਹਾਂ। ਇਹ ਸਾਰਾ ਮਨੁੱਖਾ ਸਰੀਰ ਧਰਮ ਕਮਾਉਣ ਦੀ ਥਾਂ ਹੈ, ਇਸ ਵਿਚ ਸੱਚੇ ਅਕਾਲ ਪੁਰਖੁ ਦੀ ਜੋਤਿ ਲੁਕੀ ਹੋਈ ਹੈ। ਇਸ ਸਰੀਰ ਵਿਚ ਦੈਵੀ ਗੁਣ, ਰੂਪ, ਤੇ ਗੁੱਝੇ ਲਾਲ ਰਤਨ ਲੁਕੇ ਹੋਏ ਹਨ। ਸਰੀਰ ਦਾ ਹਰੇਕ ਅੰਗ ਬਾਕੀ ਸਭ ਦੂਸਰੇ ਅੰਗਾਂ ਲਈ ਕੰਮ ਕਰਦਾ ਹੈ ਜਾਂ ਉਨ੍ਹਾਂ ਦੀ ਸਹਾਇਤਾ ਕਰਦਾ ਹੈ, ਪਰੰਤੂ ਬਦਲੇ ਵਿਚ ਕੁਝ ਨਹੀਂ ਮੰਗਦਾ। ਸਾਡੇ ਪੈਰ ਸਾਰੇ ਸਰੀਰ ਨੂੰ ਇਕ ਥਾਂ ਤੋਂ ਦੂਸਰੀ ਥਾਂ ਤੇ ਲਿਜਾਂਦੇ ਹਨ, ਲੱਤਾਂ ਸਰੀਰ ਨੂੰ ਖੜਾ ਹੋਣ ਵਿਚ ਸਹਾਇਤਾ ਕਰਦੀਆਂ ਹਨ, ਮੂੰਹ ਸਰੀਰ ਅੰਦਰ ਖਾਣਾਂ ਲਿਜਾਣ ਲਈ ਸਹਾਈ ਹੁੰਦਾ ਹੈ, ਦੰਦ ਖਾਣਾਂ ਚਬਾਉਂਦੇ ਹਨ ਤਾਂ ਜੋ ਪੇਟ ਨੂੰ ਹਜ਼ਮ ਕਰਨ ਵਿਚ ਮੁਸ਼ਕਲ ਨਾ ਹੋਵੇ, ਜੀਭ ਸੰਤਰੀ ਦਾ ਕੰਮ ਕਰਦੀ ਹੈ ਕਿਤੇ ਨੂੰ ਸਰੀਰ ਅੰਦਰ ਗਲਤ ਪਦਾਰਥ ਨਾ ਚਲੇ ਜਾਣ, ਅੱਖਾਂ ਰਸਤਾ ਵੇਖਣ ਵਿਚ ਸਹਾਈ ਹੁੰਦੀਆਂ ਹਨ, ਕੰਨ ਸੁਣਨ ਤੇ ਸਬੰਧ ਕਾਇਮ ਕਰਨ ਲਈ ਸਹਾਈ ਹੁੰਦੇ ਹਨ, ਦਿਮਾਗ ਜੀਵਨ ਵਿਚ ਸੋਚ ਵੀਚਾਰ ਕੇ ਚਲਣ ਲਈ ਸਹਾਈ ਹੁੰਦਾਂ ਹੈ, ਆਦਿ। ਸਰੀਰ ਦਾ ਕੋਈ ਅੰਗ ਵੀ ਦੂਸਰੇ ਅੰਗ ਦੀ ਨਿੰਦਾ, ਚੁਗਲੀ ਜਾਂ ਵਿਰੋਧਤਾ ਨਹੀਂ ਕਰਦਾ ਹੈ, ਬਲਕਿ ਦੂਸਰੇ ਅੰਗਾਂ ਦੀ ਸਹਾਇਤਾ ਕਰਦਾ ਹੈ ਜਾਂ ਠੀਕ ਮਾਰਗ ਦਰਸ਼ਨ ਕਰਦਾ ਹੈ। ਸਰੀਰ ਦਾ ਹਰੇਕ ਅੰਗ ਦੂਸਰੇ ਅੰਗ ਲਈ ਬਿਨਾਂ ਕਾਮਨਾ ਦੇ ਸੇਵਾ ਕਰਦਾ ਹੈ। ਸਤਿਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਸੇਵਕ ਹੀ ਇਨ੍ਹਾਂ

ਗੁਣਾਂ ਨੂੰ ਗੁਰਬਾਣੀ ਦੀ ਡੂੰਘੀ ਵਿਚਾਰ ਨਾਲ ਸਮਝ ਕੇ ਆਪਣੇ ਜੀਵਨ ਵਿਚ ਅਪਨਾਂਦਾ ਹੈ। ਜਦੋਂ ਉਹ ਸੇਵਕ ਇਹ ਲਾਲ ਰਤਨ ਲੱਭ ਲੈਂਦਾ ਹੈ, ਤਾਂ ਉਹ ਇਕ ਅਕਾਲ ਪੁਰਖ ਨੂੰ ਸਾਰੀ ਸ੍ਰਿਸ਼ਟੀ ਵਿਚ ਰਵਿਆ ਹੋਇਆ ਪਛਾਣ ਲੈਂਦਾ ਹੈ, ਜਿਵੇਂ ਤਾਣੇ ਤੇ ਪੇਟੇ ਵਿਚ ਇੱਕੋ ਸੂਤਰ ਹੁੰਦਾ ਹੈ। ਇਸੇ ਤਰ੍ਹਾਂ ਉਹ ਸੇਵਕ ਸਾਰੇ ਸੰਸਾਰ ਵਿਚ ਇਕ ਅਕਾਲ ਪੁਰਖ ਨੂੰ ਹੀ ਵੇਖਦਾ ਹੈ, ਤੇ ਇਕ ਅਕਾਲ ਪੁਰਖ ਤੇ ਹੀ ਭਰੋਸਾ ਰੱਖਦਾ ਹੈ ਤੇ ਆਪਣੇ ਕੰਨਾਂ ਨਾਲ ਇਕ ਅਕਾਲ ਪੁਰਖ ਦੀ ਸਿਫਤ ਸਾਲਾਹ ਦੀਆਂ ਗੱਲਾਂ ਹੀ ਸੁਣਦਾ ਹੈ। ਇਸ ਲਈ ਗੁਰਸਿੱਖ ਨੇ ਵੀ ਬਿਨਾ ਕਾਮਨਾ ਦੇ ਗੁਰਬਾਣੀ ਅਨੁਸਾਰ ਮਨੁੱਖਤਾ ਦੀ ਸੇਵਾ ਕਰਨੀ ਹੈ।

*ਪਉੜੀ ॥ ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ ॥ ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ ॥ (੩੦੯, ੩੧੦)*

ਗੁਰੂ ਗਰੰਥ ਸਾਹਿਬ ਵਿਚ ਹਰੇਕ ਮਨੁੱਖ ਨੂੰ, ਜੀਵ ਇਸਤ੍ਰੀ ਦੀ ਤਰ੍ਹਾਂ ਸੰਬੋਧਨ ਕੀਤਾ ਗਿਆ ਹੈ, ਤੇ ਅਕਾਲ ਪੁਰਖੁ (**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥**) ਨੂੰ ਪਤੀ ਦੀ ਤਰ੍ਹਾਂ ਸੰਬੋਧਨ ਕੀਤਾ ਗਿਆ ਹੈ। ਗੁਰੂ ਗਰੰਥ ਸਾਹਿਬ ਅਨੁਸਾਰ ਕੋਈ ਮਰਦ, ਇਸਤ੍ਰੀ, ਜਾਨਵਰ ਜਾਂ ਪਦਾਰਥ ਅਕਾਲ ਪੁਰਖੁ ਨਹੀਂ ਹੋ ਸਕਦਾ ਹੈ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਅਨੁਸਾਰ ਸਬਦ ਹੀ ਗੁਰੂ ਹੈ, ਕੋਈ ਸਰੀਰ ਗੁਰੂ ਨਹੀਂ ਹੋ ਸਕਦਾ ਹੈ।

***ਪਵਨ ਅਰੰਭੁ ਸਤਿਗੁਰ ਮਤਿ ਵੇਲਾ ॥ ਸਬਦੁ ਗੁਰੂ ਸੁਰਤਿ ਧੁਨਿ ਚੇਲਾ*** *॥ (੯੪੩)*

ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਸਭ ਦਾ ਪਿਤਾ ਅਤੇ ਮਾਤਾ ਹੈ, ਕਿਉਂਕਿ ਉਹ ਸਭ ਦਾ ਰਚਨਹਾਰ ਹੈ। ਇਸ ਲਈ ਜਿਹੜਾ ਮਨੁੱਖ ਆਪਣੇ ਅਸਲੀ ਪਿਤਾ ਨਾਲ ਸਾਂਝ ਨਹੀਂ ਕਾਇਮ ਕਰ ਸਕਦਾ ਹੈ, ਉਹ ਉਸ ਦਾ ਪੁੱਤਰ ਕਹਿਲਾਣ ਦਾ ਹੱਕਦਾਰ ਵੀ ਨਹੀਂ ਹੋ ਸਕਦਾ।

ਆਪਣੇ ਮੂਰਖ ਮਨ ਨੂੰ ਸਮਝਾਂਣਾਂ ਹੈ ਕਿ ਇਸ ਜਗਤ ਵਿਚ ਜਨਮ ਮਰਨ ਦਾ ਸਿਲਸਲਾ ਚਲਦਾ ਰਹਿਣਾਂ ਹੈ, ਇਸ ਲਈ ਅਕਾਲ ਪੁਰਖੁ ਅਗੇ ਇਹੀ ਬੇਨਤੀ ਕਰਨੀ ਹੈ ਕਿ ਮੈਨੂੰ ਗੁਰੂ ਨਾਲ ਮਿਲਾ ਦਿਉ ਤਾਂ ਜੋ ਮੈਂ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਹੋ ਸਕਾ। ਇਹ ਨਾਮੁ ਅਕਾਲ ਪੁਰਖੁ ਦੀ ਆਪਣੀ ਮਲਕੀਅਤ ਹੈ, ਉਹੀ ਜਾਣਦਾ ਹੈ ਕਿ ਇਹ ਵਸਤੂ ਕਿਸ ਨੂੰ ਦੇਣੀ ਹੈ। ਜਿਸ ਜੀਵ ਨੂੰ ਅਕਾਲ ਪੁਰਖੁ ਇਹ ਦਾਤ ਦੇਂਦਾ ਹੈ ਉਹੀ ਇਸ ਨੂੰ ਲੈ ਸਕਦਾ ਹੈ। ਇਹ ਨਾਮੁ ਅਕਾਲ ਪੁਰਖੁ ਦੀ ਐਸੀ ਸੁੰਦਰ ਵਸਤੂ ਹੈ, ਕਿ ਜਗਤ ਵਿਚ ਇਸ ਵਰਗੀ ਹੋਰ ਕੋਈ ਵਸਤੂ ਨਹੀਂ। ਕਿਸੇ ਤਰ੍ਹਾਂ ਦੀ ਵੀ ਚਤੁਰਾਈ, ਸਿਆਣਪ ਜਾਂ ਮਨੁੱਖ ਦੀਆਂ ਗਿਆਨ-ਇੰਦ੍ਰਿਆਂ ਦੁਆਰਾ ਇਸ ਤਕ ਪਹੁੰਚ ਨਹੀਂ ਹੋ ਸਕਦੀ। ਸਿਰਫ ਪੂਰਾ ਗੁਰੂ ਹੀ ਅਦ੍ਰਿਸ਼ਟ ਅਕਾਲ ਪੁਰਖੁ ਦਾ ਦੀਦਾਰ ਕਰਾ ਸਕਦਾ ਹੈ। ਜਿਹੜਾ ਮਨੁੱਖ ਇਸ ਨਾਮੁ ਰੂਪੀ ਵਸਤੂ ਨੂੰ ਚੱਖਦਾ ਹੈ, ਉਹੀ ਇਸ ਦਾ ਸੁਆਦ ਜਾਣ ਸਕਦਾ ਹੈ। ਜਿਸ ਤਰ੍ਹਾਂ ਕਿ ਇਕ ਗੁੰਗਾ ਮਿਠਿਆਈ ਖਾ ਕੇ ਉਸ ਦਾ ਸਵਾਦ ਨਹੀਂ ਦੱਸ ਸਕਦਾ, ਠੀਕ ਉਸੇ ਤਰ੍ਹਾਂ ਉਹ ਮਨੁੱਖ ਵੀ ਨਾਮੁ ਦੇ ਸੁਆਦ ਬਾਰੇ ਬਿਆਨ ਨਹੀਂ ਕਰ ਸਕਦਾ। ਜੇਕਰ ਕਿਸੇ ਨੂੰ ਇਹ ਨਾਮੁ ਰੂਪੀ ਰਤਨ ਪ੍ਰਾਪਤ ਹੋ ਜਾਵੇ, ਤੇ ਉਹ ਮਨੁੱਖ ਇਸ ਰਤਨ ਨੂੰ ਆਪਣੇ ਅੰਦਰ ਲੁਕਾ ਕੇ ਰੱਖਣਾ ਚਾਹੇ, ਤਾਂ ਵੀ ਇਹ ਰਤਨ ਲੁਕਾਣ ਨਾਲ ਲੁਕਦਾ ਨਹੀਂ, ਕਿਉਂਕਿ ਉਸ ਮਨੁੱਖ ਦੇ ਆਤਮਕ ਜੀਵਨ ਤੋਂ ਇਸ ਰਤਨ ਨੂੰ ਪ੍ਰਾਪਤ ਕਰਨ ਦੇ ਲੱਛਣ ਦਿੱਸ ਪੈਂਦੇ ਹਨ। ਇਸ ਲਈ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਆਪਣੇ ਦਾਸ ਨੂੰ ਅਜੇਹੀ ਇੱਜ਼ਤ ਬਖ਼ਸ਼ੋ ਕਿ ਉਹ ਸਦਾ ਅਕਾਲ ਪੁਰਖੁ ਦੀ ਸ਼ਰਨ ਵਿਚ ਰਹੇ ਤੇ ਗੁਰੂ ਦੀ ਮਤਿ ਦੁਆਰਾ ਆਪਣੇ ਅੰਦਰ ਅਕਾਲ ਪੁਰਖੁ ਦਾ ਨਾਮੁ ਪਰਗਟ ਕਰਦਾ ਰਹੇ।

***ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ ॥ ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ ॥ ਰਹਾਉ ॥*** *(੬੦੭)*

ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਇਹ ਸੋਹਣਾ ਮਨੁੱਖਾ ਸਰੀਰ ਇਕ ਤਰ੍ਹਾਂ ਦਾ ਬਦ-ਸ਼ਕਲ ਤੇ ਨਕਟੀ, ਭਾਵ ਕੱਟੀ ਹੋਈ ਨਕ ਵਰਗਾ ਹੀ ਜਾਨਣਾ ਚਾਹੀਦਾ ਹੈ। ਜਿਸ ਤਰ੍ਹਾ ਕਿ ਕਿਸੇ ਕੰਜਰੀ ਦੇ ਘਰ ਪੁੱਤਰ ਜੰਮ ਪਏ, ਤੇ ਭਾਵੇਂ ਉਹ ਸ਼ਕਲੋਂ ਸੋਹਣਾ ਵੀ ਹੋਵੇ ਤਾਂ ਵੀ ਉਸ ਦਾ ਨਾਂ ਹਰਾਮੀ ਹੀ ਪੈ ਜਾਂਦਾ ਹੈ। ਜਿਨ੍ਹਾਂ ਮਨੁੱਖਾਂ ਦੇ ਚਿਤ ਵਿਚ ਉਹ ਸਭ ਦਾ ਮਾਲਕ ਅਕਾਲ ਪੁਰਖੁ ਨਹੀਂ ਹੈ, ਉਹ ਮਨੁੱਖ ਬਦ ਸ਼ਕਲ ਹਨ, ਤੇ ਇਕ ਕੋਹੜੀ ਦੀ ਤਰ੍ਹਾਂ ਹੀ ਹਨ। ਗੁਰੂ ਤੋਂ ਬੇਮੁਖ ਮਨੁੱਖ (ਨਿਗੁਰਾ) ਭਾਵੇਂ ਚਤੁਰਾਈ ਦੀਆਂ ਬਹੁਤ ਸਾਰੀਆਂ ਗੱਲਾਂ ਕਰਨੀਆਂ ਜਾਣਦਾ ਹੋਵੇ, ਤੇ ਲੋਕਾਂ ਨੂੰ ਭਾਵੇਂ ਬਹੁਤ ਖੁਸ਼ ਵੀ ਕਰ ਲਏ, ਪਰੰਤੂ ਅਕਾਲ ਪੁਰਖੁ ਦੀ ਦਰਗਾਹ ਵਿਚ ਉਹ ਭ੍ਰਿਸ਼ਟਿਆ ਹੋਇਆ ਹੀ ਗਿਣਿਆ ਜਾਂਦਾ ਹੈ। ਜਿਨ੍ਹਾਂ ਮਨੁੱਖਾਂ ਉਤੇ ਪਿਆਰਾ ਅਕਾਲ ਪੁਰਖੁ ਦਇਆਵਾਨ ਹੋ ਜਾਂਦਾ ਹੈ, ਉਹ ਮਨੁੱਖ ਗੁਰਮੁਖਾਂ ਦੇ ਪੂਰਨਿਆਂ ਤੇ ਚਲਣਾਂ ਸ਼ੁਰੂ ਕਰ ਦਿੰਦੇ ਹਨ। ਗੁਰੂ ਦੀ ਸੰਗਤਿ ਵਿਚ ਰਹਿ ਕੇ ਵਿਕਾਰੀ ਮਨੁੱਖ ਵੀ ਚੰਗੇ ਆਚਰਨ ਵਾਲੇ ਬਣ ਜਾਂਦੇ ਹਨ, ਤੇ ਗੁਰੂ ਦੇ ਪਾਏ ਹੋਏ ਪੂਰਨਿਆਂ ਉੱਤੇ ਤੁਰ ਕੇ ਉਹ ਵਿਕਾਰਾਂ ਦੇ ਪੰਜੇ ਵਿਚੋਂ ਬਚ ਨਿਕਲਦੇ ਹਨ।

*ਦੇਵਗੰਧਾਰੀ ॥* ***ਹਰਿ ਕੇ ਨਾਮ ਬਿਨਾ ਸੁੰਦਰਿ ਹੈ ਨਕਟੀ ॥ ਜਿਉ ਬੇਸੁਆ ਕੇ ਘਰਿ ਪੂਤੁ ਜਮਤੁ ਹੈ ਤਿਸੁ ਨਾਮੁ ਪਰਿਓ ਹੈ ਧ੍ਰਕਟੀ ॥੧॥ ਰਹਾਉ ॥*** *(੫੨੮)*

ਗੁਰੂ ਗ੍ਰੰਥ ਸਾਹਿਬ ਵਿਚ ਕਸੁੰਭੜੇ ਦੀ ਉਦਾਹਰਣ ਮਾਇਆ ਲਈ ਕੀਤੀ ਗਈ ਹੈ ਤੇ ਮਜੀਠ ਦੀ ਨਾਮੁ ਲਈ। ਕਸੁੰਭੜੇ ਦੇ ਫੁੱਲ ਦਾ ਰੰਗ ਵੇਖਣ ਨੂੰ ਤਾਂ ਬੜਾ ਸੋਹਣਾ ਹੁੰਦਾ ਹੈ, ਪਰ ਛੇਤੀ ਹੀ ਖ਼ਰਾਬ ਹੋ ਜਾਂਦਾ ਹੈ, ਇਸ ਦੇ ਮੁਕਾਬਲੇ ਵਿਚ ਮਜੀਠ ਦਾ ਰੰਗ ਪੱਕਾ ਹੁੰਦਾ ਹੈ ਤੇ ਨਿਕਲਦਾ ਨਹੀਂ। ਲੋਕਾਂ ਨੂੰ ਮਾਇਆ ਬਹੁਤ ਚੰਗੀ ਲਗਦੀ ਹੈ, ਪਰ ਉਸ ਦਾ ਸਾਥ ਸਿਰਫ ਚਾਰ ਦਿਨ ਦਾ ਹੀ ਹੈ, ਤੇ, ਨਾਮੁ ਧਨ ਐਸਾ ਹੈ ਜੋ ਕਿ ਸਦਾ ਨਾਲ ਨਿਭਣ ਵਾਲਾ ਹੈ। ਜਿਹੜਾ ਮਨੁੱਖ ਬੇੜਾ ਤਿਆਰ ਕਰਨ ਵਾਲੀ ਉਮਰੇ (ਭਾਵ ਬਚਪਨ ਤੇ ਜੁਆਨੀ) ਨਾਮੁ ਰੂਪੀ ਬੇੜਾ ਨਾ ਤਿਆਰ ਕਰ ਸਕਿਆ, ਤੇ, ਜਦੋਂ ਸਰੋਵਰ ਨਕਾ ਨਕ ਭਰ ਕੇ ਬਾਹਰ ਉਛਲਣ ਲੱਗ ਪੈਂਦਾ ਹੈ, ਭਾਵ ਜੀਵਨ ਵਿਚ ਮੁਸ਼ਕਲ ਦਾ ਸਮਾਂ ਜਾਂ ਅੰਤ ਦਾ ਸਮਾਂ ਆ ਜਾਂਦਾ ਹੈ ਤਾਂ ਤਰਨਾ ਔਖਾ ਹੋ ਜਾਂਦਾ ਹੈ। ਠੀਕ ਇਸੇ ਤਰ੍ਹਾਂ ਜਿਸ ਮਨੁੱਖ ਨੇ ਮਾਇਆ ਨਾਲ ਆਪਣਾ ਮਨ ਲਾਈ ਰੱਖਿਆ, ਜਾਂ ਵਿਕਾਰਾਂ ਵਿਚ ਬੁਰੀ ਤਰ੍ਹਾਂ ਫਸਿਆ ਰਹਿਆ, ਫਿਰ ਉਸ ਲਈ ਬਾਅਦ ਵਿਚ ਇਨ੍ਹਾਂ ਦੇ ਚਸਕਿਆਂ ਵਿਚੋਂ ਨਿਕਲਣਾ ਬਹੁਤ ਔਖਾ ਹੋ ਜਾਂਦਾ ਹੈ। ਅੱਜਕਲ ਆਮ ਵੇਖਣ ਵਿਚ ਆਉਂਦਾ ਹੈ ਕਿ ਜਿਹੜੇ ਮਨੁੱਖ ਸਾਰੀ ਉਮਰ ਗਲਤ ਖਾਣੇ ਖਾਂਦੇ ਰਹਿੰਦੇ ਹਨ, ਉਹ ਬਾਅਦ ਵਿਚ ਬੀਮਾਰੀਆ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ, ਜਿਹੜੇ ਨਸ਼ਿਆਂ ਵਿਚ ਦੁਤ ਰਹਿੰਦੇ ਹਨ, ਉਹ ਆਪਣਾ ਜੀਵਨ ਤੇ ਜਵਾਨੀ ਬਰਬਾਦ ਕਰ ਲੈਂਦੇ ਹਨ, ਜਿਹੜੇ ਗਲਤ ਕੰਮ ਕਰਦੇ ਰਹਿੰਦੇ ਹਨ, ਉਹ ਜੇਲਾਂ ਵਿਚ ਸੜਦੇ ਰਹਿੰਦੇ ਹਨ। ਜਿਹੜੇ ਮਨੁੱਖ ਆਪਣਾ ਜੀਵਨ ਗੁਰੂ ਗ੍ਰੰਥ ਸਾਹਿਬ ਅਨੁਸਾਰ ਬਤੀਤ ਨਹੀਂ ਕਰਦੇ, ਉਹ ਜੀਵਨ ਦਾ ਸਹੀ ਰਸਤਾ ਨਾ ਪਛਾਨਣ ਕਰਕੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ। ਇਹ ਧਿਆਨ ਵਿਚ ਰੱਖਣਾ ਹੈ ਕਿ ਇਕ ਵਾਰੀ ਇਹ ਮਨੁੱਖਾ ਜਨਮ ਦਾ ਸਮਾਂ ਖੁੰਝਣ ਤੋਂ ਬਾਅਦ ਦੁਬਾਰਾ ਨਹੀਂ ਮਿਲ ਸਕਦਾ ਹੈ ਤੇ ਇਹ ਸਰੀਰ ਇਕ ਦਿਨ ਮਿੱਟੀ ਦੀ ਢੇਰੀ ਹੋ ਜਾਇਗਾ। ਇਹ ਜੀਵਨ ਜਾਚ ਨਾ ਤਾਂ ਇਕ ਚੁਟਕੀ ਵਿਚ ਕਿਸੇ ਜਾਦੂ ਨਾਲ ਪਾਈ ਜਾ ਸਕਦੀ ਹੈ ਤੇ ਨਾ ਹੀ ਮਾਇਆ ਨਾਲ ਖਰੀਦੀ ਜਾ ਸਕਦੀ ਹੈ। ਬਚਪਨ ਤੋਂ ਲੈ ਕੇ ਸਾਰੀ ਉਮਰ ਤਕ ਗੁਰਮਤਿ ਅਨੁਸਾਰ ਘਾਲਣਾ ਘਾਲਣ ਨਾਲ ਹੀ ਪ੍ਰਾਪਤ ਹੋ ਸਕਦੀ ਹੈ। ਅਕਾਲ ਪੁਰਖੁ ਦਾ ਨਾਮੁ ਕੋਈ ਇਕ ਅੱਖਰ ਨਹੀਂ ਹੈ, ਜਿਸ ਦੇ ਰਟਨ ਨਾਲ ਨਾਮੁ ਪਾਇਆ ਜਾ ਸਕਦਾ ਹੈ। ਪੂਰੀ ਲਗਨ ਨਿਸ਼ਟਾ, ਘਾਲਣਾ ਤੇ ਗੁਰਬਾਣੀ ਦੁਆਰਾ ਜੀਵਨ ਜਾਚ ਸਿਖਣ ਨਾਲ ਹੀ ਨਾਮੁ ਪਾਇਆ ਜਾ ਸਕਦਾ ਹੈ।

*ਸੂਹੀ ਲਲਿਤ ॥ ਬੇੜਾ ਬੰਧਿ ਨ ਸਕਿਓ ਬੰਧਨ ਕੀ ਵੇਲਾ ॥ ਭਰਿ ਸਰਵਰੁ ਜਬ ਊਛਲੈ ਤਬ ਤਰਣੁ ਦੁਹੇਲਾ ॥ ੧ ॥ ਹਥੁ ਨ ਲਾਇ ਕਸੁੰਭੜੈ ਜਲਿ ਜਾਸੀ ਢੋਲਾ ॥ ੧ ॥ ਰਹਾਉ ॥ (੭੯੪)*

ਜਿਨ੍ਹਾਂ ਮਨੁੱਖਾਂ ਨੇ ਕਦੇ ਅਕਾਲ ਪੁਰਖੁ ਦਾ ਨਾਮੁ ਚੇਤੇ ਨਹੀਂ ਕੀਤਾ, ਉਹ ਬਦ-ਕਿਸਮਤ ਹਨ ਤੇ ਆਤਮਕ ਮੌਤ ਮਰਦੇ ਰਹਿੰਦੇ ਹਨ। ਨਾਮੁ ਤੋਂ ਸੱਖਣੇ ਬੰਦੇ ਮੁੜ ਮੁੜ ਜੂਨਾਂ ਵਿਚ ਭਵਾਏ ਜਾਂਦੇ ਹਨ, ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਤੇ ਨਾਮੁ ਹੀਣ ਮਨੁੱਖ ਰੋਜਾਨਾ ਕਈ ਕਈ ਵਾਰ ਜੰਮਦਾ ਤੇ ਮਰਦਾ ਰਹਿੰਦਾ ਹੈ। ਨਾਮੁ ਤੋਂ ਵਾਂਝੇ ਹੋਏ ਬੰਦਿਆਂ ਨੂੰ ਜਮਰਾਜ ਦੇ ਦਰ ਤੇ ਬੰਨ ਕੇ ਮਾਰ ਕੁੱਟਾਈ ਕੀਤੀ ਜਾਂਦੀ ਹੈ, ਅਕਾਲ ਪੁਰਖੁ ਦੀ ਦਰਗਾਹ ਵਿਚ ਉਨ੍ਹਾਂ ਨੂੰ ਇਹੀ ਸਜ਼ਾ ਮਿਲਦੀ ਹੈ। ਇਸ ਲਈ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ, ਕਿ ਸਾਨੂੰ ਜੀਵਾਂ ਨੂੰ ਗੁਰੂ ਦੀ ਸਰਨ ਵਿਚ ਰੱਖ ਕੇ ਆਪਣੇ ਆਪ ਨਾਲ ਮਿਲਾ ਹੈ।

*ਮਾਰੂ ਮਹਲਾ ੪ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਜਿਨ ਹਰਿ ਹਰਿ ਨਾਮੁ ਨ ਚੇਤਿਓ ਸੇ ਭਾਗਹੀਣ ਮਰਿ ਜਾਇ ॥ ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮਰਿ ਜੰਮਹਿ ਆਵੈ ਜਾਇ ॥ ਓਇ ਜਮ ਦਰਿ ਬਧੇ ਮਾਰੀਅਹਿ ਹਰਿ ਦਰਗਹ ਮਿਲੈ ਸਜਾਇ ॥ ੩ ॥ (੯੯੬)*

ਗੁਰੂ ਸਾਹਿਬ ਤਾਂ ਬਾਣੀ ਵਿਚ ਇਥੋਂ ਤਕ ਚਿਤਾਵਨੀ ਦਿੰਦੇ ਹਨ ਕਿ, ਜਿਨ੍ਹਾਂ ਬੰਦਿਆਂ ਨੇ ਅਕਾਲ ਪੁਰਖ ਦਾ ਨਾਮੁ ਭੁਲਾ ਦਿੱਤਾ, ਉਹ ਸੰਸਾਰ ਵਿਚ ਕਾਹਦੇ ਲਈ ਆਏ ਹਨ। ਉਨ੍ਹਾਂ ਨੂੰ ਨਾ ਪਰਲੋਕ ਵਿਚ ਸੁਖ ਹੈ, ਤੇ ਨਾ ਹੀ ਇਸ ਲੋਕ ਵਿਚ ਸੁਖ ਮਿਲ ਸਕਦਾ ਹੈ। ਉਹ ਤਾਂ ਸੁਆਹ ਦੇ ਲੱਦੇ ਹੋਏ ਗੱਡਿਆਂ ਦੀ ਤਰ੍ਹਾਂ ਹਨ, ਜਿਨ੍ਹਾਂ ਦੇ ਸਰੀਰ ਵਿਕਾਰਾਂ ਨਾਲ ਭਰੇ ਹੋਏ ਹਨ। ਅਕਾਲ ਪੁਰਖ ਤੋਂ ਵਿਛੜੇ ਹੋਏ ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖ ਨਾਲ ਮਿਲਾਪ ਨਸੀਬ ਨਹੀਂ ਹੁੰਦਾਂ, ਤੇ ਉਹ ਜਮਰਾਜ ਦੇ ਦਰ ਤੇ ਡਾਢੇ ਦੁਖ ਸਹਾਰਦੇ ਹਨ। ਇਹ ਬਿਲਕੁਲ ਸਪੱਸ਼ਟ ਹੈ, ਕਿ ਅਕਾਲ ਪੁਰਖ ਦੇ ਨਾਮੁ ਬਿਨਾ ਜੀਵਨ ਵਿਚ ਸਹੀ ਰਸਤੇ ਦਾ ਪਤਾ ਨਹੀਂ ਲਗਦਾ, ਜਿਸ ਕਰਕੇ ਮਨੁੱਖ ਭਟਕਦਾ ਰਹਿੰਦਾ ਹੈ ਤੇ ਠੋਕਰਾਂ ਖਾਂਦਾ ਰਹਿੰਦਾ ਹੈ।

*ਮਾਰੂ ਮਹਲਾ ੧ ॥ ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ ॥ ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ ॥ ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ ॥ ੩ ॥ (੧੦੧੦)*

ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦਾ ਨਾਮੁ ਭੁਲਾ ਦਿੱਤਾ, ਉਹ ਵਿਕਾਰਾਂ ਦੀ ਅੱਗ ਵਿਚ ਫਸ ਕੇ ਆਪਣਾ ਮਨੁੱਖਾ ਜੀਵਨ ਸਾੜ ਕੇ ਸੁਆਹ ਹੁੰਦੇ ਵੇਖੇ ਜਾਂਦੇ ਹਨ। ਪੁੱਤਰ, ਮਿੱਤਰ, ਇਸਤ੍ਰੀ ਤੇ ਹੋਰ ਸਬੰਧੀਆਂ ਜਿਨ੍ਹਾਂ ਨਾਲ ਮਨੁੱਖ ਦੁਨੀਆ ਦੀਆਂ ਰੰਗ ਰਲੀਆਂ ਮਾਣਦਾ ਰਹਿੰਦਾ ਹੈ, ਉਹ ਸਾਰੇ ਪਿਆਰ ਇਕ ਦਿਨ ਟੁੱਟ ਜਾਂਦੇ ਹਨ। ਇਸ ਲਈ ਗੁਰੂ ਨੂੰ ਮਿਲ, ਤੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਪੱਕੀ ਕਰ, ਕਿਉਂਕਿ ਇਹੀ ਤੇਰੇ ਕੰਮ ਆਉਣ ਵਾਲੀ ਹੈ। ਆਪਣੇ ਮਨ ਨੂੰ ਸਮਝਾਂਣਾਂ ਹੈ ਕਿ ਸਦਾ ਅਕਾਲ ਪੁਰਖੁ ਦਾ ਨਾਮੁ ਜਪਿਆ ਕਰ। ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਜਪਦਾ ਹੈ, ਉਹ ਤ੍ਰਿਸ਼ਨਾ ਦੀ ਅੱਗ ਦੇ ਸਮੁੰਦਰਾਂ ਵਿਚ ਨਹੀਂ ਸੜਦਾ, ਤੇ ਉਸ ਦੇ ਮਨ, ਤਨ ਤੇ ਸਰੀਰ ਵਿਚ ਆਨੰਦ ਬਣਿਆ ਰਹਿੰਦਾ ਹੈ।

*ਮਾਰੂ ਮਹਲਾ ੫ ॥ ਜਿਨੀ ਨਾਮੁ ਵਿਸਾਰਿਆ ਸੇ ਹੋਤ ਦੇਖੇ ਖੇਹ ॥ ਪੁਤ੍ਰ ਮਿਤ੍ਰ ਬਿਲਾਸ ਬਨਿਤਾ ਤੂਟਤੇ ਏ ਨੇਹ ॥੧॥ ਮੇਰੇ ਮਨ ਨਾਮੁ ਨਿਤ ਨਿਤ ਲੇਹ ॥ ਜਲਤ ਨਾਹੀ ਅਗਨਿ ਸਾਗਰ ਸੁਖੁ ਮਨਿ ਤਨਿ ਦੇਹ ॥੧॥ ਰਹਾਉ ॥ (੧੦੦੬)*

ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਨਹੀਂ ਕਰਦਾ, ਉਸ ਨੂੰ ਆਪਣੇ ਆਪ ਵਿਚ ਸ਼ਰਮ ਨਾਲ ਡੁਬ ਮਰਨਾ ਚਾਹੀਦਾ ਹੈ। ਅਕਾਲ ਪੁਰਖੁ ਦੇ ਨਾਮੁ ਸਿਮਰਨ ਤੋਂ ਬਿਨਾ ਮਨੁੱਖ ਸੁਖ ਦੀ ਨੀਂਦ ਕਿਸ ਤਰ੍ਹਾਂ ਸੌਂ ਸਕਦਾ ਹੈ? ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਸਿਮਰਨ ਛੱਡ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਨੀ ਚਾਹੁੰਦਾ ਹੈ, ਉਸ ਦੀ ਇਹ ਇਛਾ ਵਿਅਰਥ ਜਾਂਦੀ ਹੈ। ਜਿਸ ਤਰ੍ਹਾਂ ਜੜ੍ਹਾਂ ਤੋਂ ਬਿਨਾ ਦਰੱਖਤ ਦੀਆਂ ਟਾਹਣੀਆਂ ਬੇਕਾਰ ਹੋ ਜਾਂਦੀਆਂ ਹਨ, ਠੀਕ ਉਸੇ ਤਰ੍ਹਾਂ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਨੁੱਖਾ ਜੀਵਨ ਵੀ ਬੇਕਾਰ ਹੋ ਜਾਂਦਾ ਹੈ। ਸਰੀਰਕ ਦੁਖ ਤਾਂ ਹੀ ਦੂਰ ਹੁੰਦੇ ਹਨ, ਜੇਕਰ ਮਨ ਦੇ ਅੰਦਰਲੇ ਰੋਗ ਦੂਰ ਕੀਤੇ ਜਾ ਸਕਣ। ਕਾਮ ਕ੍ਰੋਧ ਲੋਭ ਮੋਹ ਤੇ ਹੰਕਾਰ ਵਿਚ ਫਸੇ ਮਨੁੱਖ ਦੇ ਅੰਦਰਲੇ ਰੋਗ ਕਿਸ ਤਰ੍ਹਾਂ ਦੂਰ ਹੋ ਸਕਦੇ ਹਨ? ਅਕਾਲ ਪੁਰਖੁ ਦਾ ਨਾਮੁ ਅਨੇਕਾਂ ਜਨਮਾਂ ਦੀ ਵਿਕਾਰਾਂ ਨਾਲ ਭਰੀ ਹੋਈ ਮੈਲ ਦੂਰ ਕਰ ਦੇਂਦਾ ਹੈ, ਮਾਇਆ ਦੇ ਮੋਹ ਕਰਕੇ ਬਣੇ ਹੋਏ ਬੰਧਨ ਕੱਟ ਕੇ ਮਨੁੱਖ ਨੂੰ ਅਕਾਲ ਪੁਰਖੁ ਦੇ ਨਾਲ ਜੋੜ ਦੇਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਂਣਾਂ ਹੈ, ਕਿ ਗੁਰੂ ਨੂੰ ਤੇ ਅਕਾਲ ਪੁਰਖੁ ਨੂੰ ਹਮੇਸ਼ਾਂ ਯਾਦ ਕਰਿਆ ਕਰ, ਤਾਂ ਜੋ ਤੇਰਾ ਇਹ ਮਨੁੱਖਾ ਜਨਮ ਸਫਲ ਹੋ ਸਕੇ।

*ਭੈਰਉ ਮਹਲਾ ੫ ॥ ਲਾਜ ਮਰੈ ਜੋ ਨਾਮੁ ਨ ਲੇਵੈ ॥ ਨਾਮ ਬਿਹੂਨ ਸੁਖੀ ਕਿਉ ਸੋਵੈ ॥ ਹਰਿ ਸਿਮਰਨੁ ਛਾਡਿ ਪਰਮ ਗਤਿ ਚਾਹੈ ॥ ਮੂਲ ਬਿਨਾ ਸਾਖਾ ਕਤ ਆਹੈ ॥੧॥ ਗੁਰੁ ਗੋਵਿੰਦੁ ਮੇਰੇ ਮਨ ਧਿਆਇ ॥ ਜਨਮ ਜਨਮ ਕੀ ਮੈਲੁ ਉਤਾਰੈ ਬੰਧਨ ਕਾਟਿ ਹਰਿ ਸੰਗਿ ਮਿਲਾਇ ॥੧॥ ਰਹਾਉ ॥ (੧੧੪੮-੧੧੪੯)*

ਅਕਾਲ ਪੁਰਖੁ ਨਾਲੋਂ ਟੁੱਟੇ ਹੋਏ ਮਨੁੱਖ ਦੀ ਉਮਰ ਵਿਅਰਥ ਚਲੀ ਜਾਂਦੀ ਹੈ, ਕਿਉਂਕਿ ਸੱਚੇ ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਹਿਰਦੇ ਵਿਚ ਵਸਾਣ ਤੋਂ ਬਿਨਾ ਉਸ ਦਾ ਜੀਵਨ ਸੁੱਚਾ ਕਿਵੇਂ ਹੋ ਸਕਦਾ ਹੈ? ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਸਾਕਤ ਦੇ ਅੰਦਰ ਅਗਿਆਨਤਾ ਰਹਿੰਦੀ ਹੈ, ਜਿਸ ਕਰਕੇ ਦੁਨਿਆਵੀ ਅੱਖਾਂ ਹੋਣ ਦੇ ਬਾਵਜੂਦ ਵੀ ਸਾਕਤ ਇਕ ਅੰਨ੍ਹੇ ਦੀ ਤਰ੍ਹਾਂ ਰਹਿੰਦਾ ਹੈ, ਜਿਸ ਕਰਕੇ ਉਸ ਦਾ ਮਨੁੱਖਾ ਸਰੀਰ ਕਿਸੇ ਕੰਮ ਦਾ ਨਹੀਂ ਹੁੰਦਾ ਹੈ, ਕਿਉਂਕਿ ਉਸ ਦੇ ਮੂੰਹ ਵਿਚੋਂ ਭੈੜੇ ਬੋਲ ਤੇ ਨਿੰਦਾ ਦੀ ਬਦਬੂ ਆਉਂਦੀ ਰਹਿੰਦੀ ਹੈ। ਜਿਵੇਂ ਵਰਖਾ ਤੋਂ ਬਿਨਾ ਫਸਲ ਸੁਕ ਜਾਂਦੀ ਹੈ ਤੇ ਸਾਰੀ ਖੇਤੀ ਖਰਾਬ ਹੋ ਜਾਂਦੀ ਹੈ, ਠੀਕ ਉਸੇ ਤਰ੍ਹਾਂ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਸਾਕਤ ਦੇ ਦਿਨ ਰਾਤ ਵਿਅਰਥ ਚਲੇ ਜਾਂਦੇ ਹਨ। ਅਕਾਲ ਪੁਰਖੁ ਦੇ ਭਜਨ ਤੋਂ ਸੱਖਣਾ ਰਹਿਣ ਕਰਕੇ ਸਾਕਤ ਮਨੁੱਖ ਦੇ ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ, ਕਿਉਂਕਿ ਇਹ ਕੀਤੇ ਹੋਏ ਕੰਮ ਉਸ ਦਾ ਆਪਣਾ ਕੁਝ ਨਹੀਂ ਸਵਾਰਦੇ। ਇਹ ਬਿਲਕੁਲ ਉਸੇ ਤਰ੍ਹਾਂ ਹੁੰਦਾ ਹੈ, ਜਿਸ ਤਰ੍ਹਾਂ ਕਿ ਇਕ ਕੰਜੂਸ ਦਾ ਇਕੱਠਾ ਕੀਤਾ ਹੋਇਆ ਧਨ, ਉਸ ਦੇ ਆਪਣੇ ਕਿਸੇ ਕੰਮ ਨਹੀਂ ਆਂਉਂਦਾ। ਉਹ ਮਨੁੱਖ ਧੰਨਤਾ ਦੇ ਯੋਗ ਹਨ, ਜਿਨ੍ਹਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸਦਾ ਹੈ, ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਮੈਂ ਅਜੇਹੇ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ।

*ਬਿਰਥੀ ਸਾਕਤ ਕੀ ਆਰਜਾ ॥ ਸਾਚ ਬਿਨਾ ਕਹ ਹੋਵਤ ਸੂਚਾ ॥ ਬਿਰਥਾ ਨਾਮ ਬਿਨਾ ਤਨੁ ਅੰਧ ॥ ਮੁਖਿ ਆਵਤ ਤਾ ਕੈ ਦੁਰਗੰਧ ॥ ਬਿਨੁ ਸਿਮਰਨ ਦਿਨੁ ਰੈਨਿ ਬ੍ਰਿਥਾ ਬਿਹਾਇ ॥ ਮੇਘ ਬਿਨਾ ਜਿਉ ਖੇਤੀ ਜਾਇ ॥ ਗੋਬਿਦ ਭਜਨ ਬਿਨੁ ਬ੍ਰਿਥੇ ਸਭ ਕਾਮ ॥ ਜਿਉ ਕਿਰਪਨ ਕੇ ਨਿਰਾਰਥ ਦਾਮ ॥ ਧੰਨਿ ਧੰਨਿ ਤੇ ਜਨ ਜਿਹ ਘਟਿ ਬਸਿਓ ਹਰਿ ਨਾਉ ॥ ਨਾਨਕ ਤਾ ਕੈ ਬਲਿ ਬਲਿ ਜਾਉ ॥੬॥ (੫) (੨੬੯)*

ਇਹ ਸਾਰਾ ਜਗਤ ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ, ਆਦਿ ਦੇ ਮੋਹ ਵਿਚ ਫਸਿਆ ਰਹਿੰਦਾ ਹੈ। ਜਵਾਨੀ, ਧਨ, ਤਾਕਤ ਦੇ ਹੰਕਾਰ ਵਿਚ ਲੋਕ ਪਾਗਲ ਹੋਏ ਰਹਿੰਦੇ ਹਨ। ਮਨੁੱਖ ਉਸ ਅਕਾਲ ਪੁਰਖੁ ਨਾਲ ਆਪਣਾ ਮਨ ਨਹੀਂ ਜੋੜਦਾ, ਜਿਹੜਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਤੇ ਸਾਰੇ ਦੁਖਾਂ ਦਾ ਨਾਸ ਕਰਨ ਵਾਲਾ ਹੈ। ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਇਹ ਜਗਤ ਭਰਮਾਂ ਭੁਲੇਖਿਆ ਕਰਕੇ ਭਟਕਦਾ ਰਹਿੰਦਾ ਹੈ ਤੇ ਕੁਰਾਹੇ ਪਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ ਛੱਡਣ ਕਰਕੇ ਮਨੁੱਖ ਮਾਇਆ ਦੇ ਹੱਥਾਂ ਵਿਚ ਵਿਕਦਾ ਰਹਿੰਦਾ ਹੈ, ਜਿਸ ਕਰਕੇ ਉਹ ਆਪਣਾ ਆਤਮਕ ਜੀਵਨ ਵਿਅਰਥ ਗਵਾ ਲੈਂਦਾ ਹੈ।

*ਧਨਾਸਰੀ ਮਹਲਾ ੯ ॥ ਸਾਧੋ ਇਹੁ ਜਗੁ ਭਰਮ ਭੁਲਾਨਾ ॥ ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥ (੬੮੪)*

ਅਕਾਲ ਪੁਰਖੁ ਦੇ ਨਾਮੁ ਯਾਦ ਕਰਨ ਤੋਂ ਬਿਨਾ ਮਨੁੱਖਾ ਜੀਵਨ ਬਿਲਕੁਲ ਉਸੇ ਤਰ੍ਹਾਂ ਹੈ, ਜਿਵੇਂ ਸੱਪ ਆਪਣਾ ਜੀਵਨ ਗੁਜ਼ਾਰਦਾ ਹੈ। ਸੱਪ ਦੀ ਉਮਰ ਭਾਵੇਂ ਲੰਮੀ ਹੁੰਦੀ ਹੈ, ਪਰ ਉਹ ਸਦਾ ਆਪਣੇ ਅੰਦਰ ਜ਼ਹਿਰ ਪੈਦਾ ਕਰਦਾ ਰਹਿੰਦਾ ਹੈ। ਸਿਮਰਨ ਤੋਂ ਵਾਂਝਿਆ ਹੋਇਆ ਮਨੁੱਖ ਜੇ ਸਾਰੀ ਧਰਤੀ ਤੇ ਰਾਜ ਵੀ ਕਰਦਾ ਰਹੇ, ਤਾਂ ਵੀ ਆਖ਼ਰ ਮਨੁੱਖਾ ਜੀਵਨ ਦੀ ਬਾਜੀ ਹਾਰ ਕੇ ਹੀ ਜਾਂਦਾ ਹੈ। ਅਕਾਲ ਪੁਰਖੁ ਦਾ ਨਾਮੁ ਭੁਲਣ ਕਰਕੇ, ਮਨੁੱਖ ਮਾਇਆ ਦੇ ਹੱਥੋਂ ਸਦਾ ਬੇਇਜਤ ਤੇ ਖੁਆਰ ਹੁੰਦਾ ਰਹਿੰਦਾ ਹੈ। ਪਰੰਤੂ ਜਿਸ ਮਨੁੱਖ ਨੂੰ ਅਕਾਲ ਪੁਰਖੁ ਦਾ ਓਟ ਆਸਰਾ ਹੋਵੇ, ਉਸ ਨੂੰ ਮਾਇਆ ਦੇ ਕਿਸੇ ਵੀ ਵਿਕਾਰ ਕਰਕੇ ਧੋਖਾ ਨਹੀਂ ਹੋ ਸਕਦਾ।

*ਟੋਡੀ ਮਹਲਾ ੫ ॥ ਹਰਿ ਬਿਸਰਤ ਸਦਾ ਖੁਆਰੀ ॥ ਤਾ ਕਉ ਧੋਖਾ ਕਹਾ ਬਿਆਪੈ ਜਾ ਕਉ ਓਟ ਤੁਹਾਰੀ ॥ ਰਹਾਉ ॥ (੭੧੧-੭੧੨)*

ਅਕਾਲ ਪੁਰਖੁ ਦੀ ਮੇਹਰ ਤੋਂ ਬਿਨਾ ਜੀਵ ਨੂੰ ਸਿਮਰਨ ਕਰਨ ਦੀ ਜਾਚ ਨਹੀਂ ਆਉਂਦੀ, ਤੇ ਮਾਇਆ ਦੇ ਨਸ਼ੇ ਵਿਚ ਮਸਤ ਹੋ ਕੇ ਭਟਕਦਾ ਰਹਿੰਦਾ ਹੈ। ਮਾਇਆ ਦੇ ਰੰਗ ਵਿਚ ਰੰਗਿਆ ਹੋਇਆ ਜੀਵ ਇਸ ਤਰ੍ਹਾਂ ਭਟਕਦਾ ਫਿਰਦਾ ਰਹਿੰਦਾ ਹੈ, ਜਿਸ ਤਰ੍ਹਾਂ ਇਕ ਹਲਕਿਆ ਕੁੱਤਾ ਭਜਦਾ ਰਹਿੰਦਾ ਹੈ। ਜਿਉਂ ਜਿਉਂ ਉਮਰ ਬੀਤਦੀ ਹੈ, ਜੀਵ ਪਾਪ ਕਰਦੇ ਕਰਦੇ ਸੰਸਾਰ ਰੂਪੀ ਸਮੁੰਦਰ ਵਿਚ ਡੁੱਬਦੇ ਜਾਂਦੇ ਹਨ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਅਕਾਲ ਪੁਰਖੁ ਦਾ ਡਰ-ਅਦਬ ਮਨ ਵਿਚ ਵਸਾਣ ਤੋਂ ਬਿਨਾ, ਤੇ ਅਕਾਲ ਪੁਰਖੁ ਦੀ ਭਗਤੀ ਕਰਨ ਤੋਂ ਬਿਨਾ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਉਤਾਰਾ ਨਹੀਂ ਹੋ ਸਕਦਾ। ਇਸ ਲਈ ਵਿਕਾਰਾਂ ਤੋਂ ਬਚਾਣ ਵਾਲੇ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਮੇਰੇ ਉਤੇ ਮੇਹਰ ਕਰੋ, ਤੇ ਮੈਨੂੰ ਇਨ੍ਹਾਂ ਵਿਕਾਰਾਂ ਤੋਂ ਬਚਾਈ ਰੱਖੋ, ਕਿਉਂਕਿ ਮੈਂ ਆਪ ਦੇ ਆਸਰੇ ਨਾਲ ਹੀ ਇਸ ਸੰਸਾਰ ਵਿਚ ਵਿਚਰ ਰਿਹਾ ਹਾਂ।

*ਬਿਲਾਵਲੁ ਮਹਲਾ ੫ ॥ ਬਿਨੁ ਭੈ ਭਗਤੀ ਤਰਨੁ ਕੈਸੇ ॥ ਕਰਹੁ ਅਨੁਗ੍ਰਹੁ ਪਤਿਤ ਉਧਾਰਨ ਰਾਖੁ ਸੁਆਮੀ ਆਪ ਭਰੋਸੇ ॥੧॥ ਰਹਾਉ ॥ (੮੨੯)*

ਮੈਨੂੰ ਸਤਿਗੁਰੂ ਨੇ ਆਪਣੇ ਗਿਆਨ ਦਾ ਐਸਾ ਸੁਰਮਾ ਦਿੱਤਾ ਹੈ ਕਿ ਹੁਣ ਮੈਨੂੰ ਅਕਾਲ ਪੁਰਖੁ ਦੀ ਬੰਦਗੀ ਤੋਂ ਬਿਨਾ ਜੀਉਣਾ ਵਿਅਰਥ ਲਗਦਾ ਹੈ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਅਕਾਲ ਪੁਰਖੁ ਦੇ ਨਾਮੁ ਨਾਲ ਹੀ ਜੀਵਨ ਸਫਲ ਹੁੰਦਾ ਹੈ ਤੇ ਇਸ ਸਬੰਧੀ ਗਿਆਨ ਦੀ ਦਾਤ ਗੁਰੂ ਕੋਲੋਂ ਮਿਲਦੀ ਹੈ।

*ਗਿਆਨ ਅੰਜਨੁ ਮੋ ਕਉ ਗੁਰਿ ਦੀਨਾ ॥ ਰਾਮ ਨਾਮ ਬਿਨੁ ਜੀਵਨੁ ਮਨ ਹੀਨਾ ॥੧॥ ਰਹਾਉ ॥ (੮੫੮)*

ਅਕਾਲ ਪੁਰਖੁ ਦੇ ਸਿਮਰਨ ਨਾਲ ਮੁਕਤੀ ਦਾ ਦਰ ਦਿੱਸ ਪੈਂਦਾ ਹੈ, ਤੇ ਅਸੀਂ ਉਸ ਅਕਾਲ ਪੁਰਖੁ ਦੇ ਚਰਨਾਂ ਵਿਚ ਪਹੁੰਚ ਸਕਦੇ ਹਾਂ। ਫਿਰ ਇਸ ਸੰਸਾਰ ਵਿਚ ਮਨੁੱਖ ਨੂੰ ਭਟਕਣਾ ਨਹੀਂ ਪੈਂਦਾ, ਕੋਈ ਦੁਨਿਆਵੀ ਡਰ ਨਹੀਂ ਪੋਹ ਸਕਦਾ, ਆਤਮਕ ਅਨੰਦ ਦੀ ਪ੍ਰਾਪਤੀ ਹੁੰਦੀ ਹੈ, ਮਾਇਆ ਦੇ ਬੰਧਨਾਂ ਤੋਂ ਮੁਕਤੀ ਮਿਲ ਸਕਦੀ ਹੈ, ਵਿਕਾਰਾਂ ਦਾ ਮਨ ਤੋਂ ਬੋਝ ਉਤਰ ਜਾਂਦਾ ਹੈ, ਮਨੁੱਖ ਚਿੰਤਾ ਤੋਂ ਬਚਿਆ ਰਹਿੰਦਾ ਹੈ, ਜੀਵ ਦੇ ਅੰਦਰ ਸਦਾ ਗਿਆਨ ਦਾ ਦੀਵਾ ਜਗਦਾ ਰਹਿੰਦਾ ਹੈ, ਕਾਮ ਕ੍ਰੋਧ ਆਦਿਕ ਵਿਕਾਰਾਂ ਦਾ ਜ਼ਹਿਰ ਜੀਵ ਦੇ ਅੰਦਰੋਂ ਨਿਕਲ ਜਾਂਦਾ ਹੈ, ਮਨੁੱਖ ਦੀ ਉੱਚੀ ਆਤਮਕ ਅਵਸਥਾ ਬਣ ਸਕਦੀ ਹੈ, ਕਿਸੇ ਦੀ ਮੁਥਾਜੀ ਨਹੀਂ ਰਹਿੰਦੀ, ਤੇ ਆਤਮਕ ਰੋਗ ਦੂਰ ਹੋ ਜਾਂਦੇ ਹਨ। ਪਰੰਤੂ ਇਹ ਧਿਆਨ ਵਿਚ ਰੱਖਣਾ ਹੈ, ਕਿ ਅਕਾਲ ਪੁਰਖੁ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਸ ਦੀ ਯਾਦ ਤੋਂ ਬਿਨਾ ਕੋਈ ਹੋਰ ਮੰਤਰ, ਜਾਂ ਟੂਣਾ ਉਸ ਦੇ ਅੱਗੇ ਨਹੀਂ ਚੱਲ ਸਕਦਾ। ਅਕਾਲ ਪੁਰਖੁ ਦੇ ਨਾਮੁ ਸਿਮਰਨ ਤੋਂ ਬਿਨਾ ਕਿਸੇ ਵੀ ਹੋਰ ਤਰੀਕੇ ਨਾਲ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਨਹੀਂ ਮਿਲ ਸਕਦੀ, ਇਸ ਲਈ ਆਪਣੇ ਮਨ ਵਿਚ ਗੁਰੂ ਦੀ ਮਿਹਰ ਸਦਕਾ ਅਜੇਹਾ ਸਿਮਰਨ ਕਰਨਾ ਹੈ, ਜਿਸ ਨਾਲ ਸਭ ਕੁਝ ਪਾਇਆ ਜਾ ਸਕੇ। ਸਦਾ ਦਿਨ ਰਾਤ, ਉਠਦਿਆਂ ਬੈਠਦਿਆਂ, ਖਾਂਦਿਆਂ, ਸਾਹ ਲੈਂਦਿਆਂ, ਜਾਗਦਿਆਂ, ਸੁੱਤਿਆਂ ਹਰ ਵੇਲੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿੰਣਾ ਹੈ।

*ਐਸਾ ਸਿਮਰਨੁ ਕਰਿ ਮਨ ਮਾਹਿ ॥ ਬਿਨੁ ਸਿਮਰਨ ਮੁਕਤਿ ਕਤ ਨਾਹਿ ॥੧॥ ਰਹਾਉ ॥ (੯੭੧)*

ਜਿਨ੍ਹਾਂ ਮਨੁੱਖਾਂ ਉਤੇ ਅਕਾਲ ਪੁਰਖੁ ਨੇ ਇਕ ਖਿਨ ਭਰ ਵੀ ਮਿਹਰ ਕੀਤੀ, ਉਨ੍ਹਾਂ ਨੇ ਅਕਾਲ ਪੁਰਖੁ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਦਿਨ ਰਾਤ ਅਕਾਲ ਪੁਰਖੁ ਦਾ ਨਾਮੁ ਰਸ ਪੀਣਾ ਸ਼ੁਰੂ ਕਰ ਦਿੱਤਾ, ਉਹ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਤੇ ਸੁਣਨ ਨਾਲ ਵਿਕਾਰਾਂ ਤੋਂ ਬਚ ਗਏ। ਗੁਰੂ ਨੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਲਈ ਪਿਆਰ ਪੈਦਾ ਕਰ ਦਿੱਤਾ, ਉਨ੍ਹਾਂ ਦੀ ਲੋਕ ਪਰਲੋਕ ਵਿਚ ਸੋਭਾ ਹੋਣ ਲਗ ਪਈ। ਅਕਾਲ ਪੁਰਖੁ ਦੇ ਭਗਤਾਂ ਦੀ ਸੋਭਾ ਸਾਰੇ ਜਹਾਨ ਇਸ ਤਰ੍ਹਾਂ ਫੈਲ ਜਾਂਦੀ ਹੈ, ਜਿਸ ਤਰ੍ਹਾਂ ਆਕਾਸ਼ ਦੇ ਤਾਰਿਆਂ ਵਿਚ ਚੰਦ੍ਰਮਾ ਸੋਹਣਾ ਲਗਦਾ ਹੈ। ਪਰੰਤੂ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਨਹੀਂ ਵੱਸਦਾ, ਉਨ੍ਹਾਂ ਦੇ ਦੁਨੀਆ ਵਾਲੇ ਸਾਰੇ ਕੰਮ ਫਿੱਕੇ ਹੁੰਦੇ ਹਨ, ਤੇ ਉਨ੍ਹਾਂ ਦੇ ਜੀਵਨ ਨੂੰ ਰੁੱਖਾ ਬਣਾਈ ਰੱਖਦੇ ਹਨ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਨੁੱਖ ਇਸ ਤਰ੍ਹਾਂ ਹੁੰਦਾ ਹੈ, ਜਿਸ ਤਰ੍ਹਾਂ ਕੋਈ ਨੱਕ ਵੱਢਿਆ ਮਨੁੱਖ ਆਪਣੇ ਮਨੁੱਖਾ ਸਰੀਰ ਦੀ ਸਜਾਵਟ ਕਰਦਾ ਹੈ, ਪਰ ਨੱਕ ਤੋਂ ਬਿਨਾ ਉਹ ਸਜਾਵਟ ਕਿਸੇ ਕੰਮ ਦੀ ਨਹੀਂ ਹੁੰਦੀ। ਭਾਂਵੇਂ ਅਕਾਲ ਪੁਰਖੁ ਹਰੇਕ ਸਰੀਰ ਵਿਚ ਵਿਆਪਕ ਹੈ, ਸਾਰੀ ਸ੍ਰਿਸ਼ਟੀ ਦੇ ਸਾਰੇ ਜੀਵਾਂ ਵਿਚ ਉਹ ਆਪ ਹੀ ਮੌਜੂਦ ਹੈ, ਪਰੰਤੂ, ਜਿਨ੍ਹਾਂ ਸੇਵਕਾਂ ਉਤੇ ਅਕਾਲ ਪੁਰਖੁ ਮਿਹਰ ਕਰਦਾ ਹੈ, ਉਹ ਗੁਰੂ ਦੇ ਬਚਨਾਂ ਉੱਤੇ ਚਲ ਕੇ ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਨ ਲੱਗ ਪੈਂਦੇ ਹਨ। ਇਸ ਲਈ ਆਪਣੇ ਮਨ ਨੂੰ ਸਮਝਾਣਾਂ ਹੈ ਕਿ ਗੁਰੂ ਦੀ ਕਿਰਪਾ ਨਾਲ ਹਰ ਵੇਲੇ ਅਕਾਲ ਪੁਰਖੁ ਦੇ ਨਾਮੁ ਰੂਪੀ ਰਸ ਵਿਚ ਟਿਕਿਆ ਰਹਿ। ਜਿਸ ਮਨੁੱਖ ਨੂੰ ਗੁਰੂ ਦੇ ਸਨਮੁਖ ਹੋ ਕੇ ਆਤਮਕ ਠੰਢ ਪਾਣ ਵਾਲਾ ਨਾਮੁ ਰੂਪੀ ਜਲ ਮਿਲ ਜਾਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਦਾ ਨਾਮੁ ਰਸ ਡੀਕ ਲਾ ਕੇ ਪੀਂਦਾ ਰਹਿੰਦਾ ਹੈ।

*ਮੇਰੈ ਮਨਿ ਹਰਿ ਹਰਿ ਰਾਮ ਨਾਮੁ ਰਸੁ ਟੀਕ ॥ ਗੁਰਮੁਖਿ ਨਾਮੁ ਸੀਤਲ ਜਲੁ ਪਾਇਆ ਹਰਿ ਹਰਿ ਨਾਮੁ ਪੀਆ ਰਸੁ ਝੀਕ ॥੧॥ ਰਹਾਉ ॥ ਜਿਨ ਹਰਿ ਹਿਰਦੈ ਪ੍ਰੀਤਿ ਲਗਾਨੀ ਤਿਨਾ ਮਸਤਕਿ ਊਜਲ ਟੀਕ ॥ ਹਰਿ ਜਨ ਸੋਭਾ ਸਭ ਜਗ ਊਪਰਿ ਜਿਉ ਵਿਚਿ ਉਡਵਾ ਸਸਿ ਕੀਕ ॥੨॥ ਜਿਨ ਹਰਿ ਹਿਰਦੈ ਨਾਮੁ ਨ ਵਸਿਓ ਤਿਨ ਸਭਿ ਕਾਰਜ ਫੀਕ ॥ ਜੈਸੇ ਸੀਗਾਰੁ ਕਰੈ ਦੇਹ ਮਾਨੁਖ ਨਾਮ ਬਿਨਾ ਨਕਟੇ ਨਕ ਕੀਕ ॥੩॥ (੧੩੩੫, ੧੩੩੬)*

ਇਹ ਦੁਰਲੱਭ ਮਨੁੱਖਾ ਸਰੀਰ ਵੱਡੇ ਭਾਗਾਂ ਨਾਲ ਮਿਲਦਾ ਹੈ। ਪਰੰਤੂ ਜੇਹੜੇ ਮਨੁੱਖ ਅਕਾਲ ਪੁਰਖੁ ਦਾ ਨਾਮੁ ਨਹੀਂ ਜਪਦੇ, ਉਹ ਆਪਣੀ ਆਤਮਕ ਮੌਤ ਦੇ ਆਪ ਹੀ ਜਿਮੇਂਵਾਰ ਹੁੰਦੇ ਹਨ। ਅਕਾਲ ਪੁਰਖੁ ਦੇ ਨਾਮੁ ਤੋਂ ਖੁੰਝੇ ਹੋਏ ਮਨੁੱਖ ਖਾਣ ਪੀਣ ਤੇ ਹੱਸਣ ਖੇਡਣ ਦੇ ਖਿਲਾਰੇ ਖਿਲਾਰਦੇ ਰਹਿੰਦੇ ਹਨ, ਪਰ ਉਹ ਸਭ ਕੁਝ ਇਸ ਤਰ੍ਹਾਂ ਹੈ, ਜਿਵੇਂ ਲੋਕ ਕਿਸੇ ਮੁਰਦੇ ਨੂੰ ਸ਼ਿੰਗਾਰਦੇ ਹਾਂ, ਕਿਉਂਕਿ ਅਜੇਹੇ ਸ਼ਿੰਗਾਰਨ ਦਾ ਕੋਈ ਵੀ ਲਾਭ ਨਹੀਂ ਹੁੰਦਾ, ਜਿਸ ਨੂੰ ਕੁਝ ਸਮੇਂ ਬਾਅਦ ਲੋਕ ਆਪ ਹੀ ਦਬਾ ਕੇ ਜਾਂ ਜਲਾ ਕੇ ਖਤਮ ਕਰ ਦਿੰਦੇ ਹਨ। ਜੇਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਨਹੀਂ ਸੁਣਦੇ, ਉਹ ਪਸ਼ੂ ਪੰਛੀ ਤੇ ਟੇਢੇ ਹੋ ਕੇ ਤੁਰਨ ਵਾਲੇ ਜੀਵਾਂ ਦੀਆਂ ਜੂਨਾਂ ਨਾਲੋਂ ਵੀ ਭੈੜੇ ਹਨ। ਜਿਨ੍ਹਾਂ ਮਨੁੱਖਾਂ ਨੂੰ ਅਕਾਲ ਪੁਰਖੁ ਦਾ ਨਾਮੁ ਭੁੱਲ ਜਾਂਦਾ ਹੈ, ਉਹ ਆਪਣੀ ਆਤਮਕ ਮੌਤੇ ਆਪ ਹੀ ਮਰ ਜਾਂਦੇ ਹਨ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਤੋਂ ਵਾਂਝੇ ਰਹਿ ਰਹੇ ਮਨੁੱਖ ਦਾ ਜੀਵਨ ਕਿਸੇ ਵੀ ਕੰਮ ਨਹੀਂ ਆਉਂਦਾ। ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਆਪਣਾ ਉਪਦੇਸ਼ ਪੱਕਾ ਕਰ ਦਿੰਦਾ ਹੈ, ਉਸ ਦੇ ਹਿਰਦੇ ਵਿਚ ਸਿਰਫ਼ ਅਕਾਲ ਪੁਰਖੁ ਦਾ ਨਾਮੁ ਹੀ ਸਮਾਇਆ ਰਹਿੰਦਾ ਹੈ।

*ਗਉੜੀ ਮਹਲਾ ੫ ॥ ਦੁਲਭ ਦੇਹ ਪਾਈ ਵਡਭਾਗੀ ॥ ਨਾਮੁ ਨ ਜਪਹਿ ਤੇ ਆਤਮ ਘਾਤੀ ॥੧॥ ਮਰਿ ਨ ਜਾਹੀ ਜਿਨਾ ਬਿਸਰਤ ਰਾਮ ॥ ਨਾਮ ਬਿਹੂਨ ਜੀਵਨ ਕਉਨ ਕਾਮ ॥੧॥ ਰਹਾਉ ॥ (੧੮੮)*

ਕਬੀਰ ਸਾਹਿਬ ਆਪਣੇ ਮਨ ਨੂੰ ਸੁਚੇਤ ਕਰਕੇ ਸਮਝਾਂਦੇ ਹਨ ਕਿ ਇਸ ਮਨੁੱਖਾ ਜਨਮ ਵਿਚ ਹੁਣ ਵੇਲਾ ਹੈ, ਜਦੋਂ ਤੂੰ ਅਕਾਲ ਪੁਰਖੁ ਦਾ ਨਾਮੁ ਚੇਤੇ ਕਰ ਸਕਦਾ ਹੈ। ਜੇ ਕਰ ਸਮਾਂ ਬੀਤ ਗਿਆ ਤਾਂ ਬਾਅਦ ਵਿਚ ਸਿਰਫ ਅਫ਼ਸੋਸ ਕਰਦਾ ਹੀ ਰਹਿ ਜਾਏਂਗਾ। ਵਿਕਾਰਾਂ ਵਿਚ ਫਸੀ ਹੋਈ ਤੇਰੀ ਕਮਜ਼ੋਰ ਜਿੰਦ ਧਨ ਪਦਾਰਥ ਦਾ ਲੋਭ ਕਰ ਰਹੀ ਹੈ, ਪਰ ਤੂੰ ਥੋੜੇ ਹੀ ਦਿਨਾਂ ਵਿਚ ਇਹ ਸਭ ਕੁਝ ਇੱਥੇ ਛੱਡ ਕੇ ਇਸ ਸੰਸਾਰ ਤੋਂ ਤੁਰ ਜਾਏਂਗਾ। ਲਾਲਚ ਵਿਚ ਫਸ ਕੇ ਤੂੰ ਆਪਣਾ ਮਨੁੱਖਾ ਜੀਵਨ ਅਜਾਈਂ ਗਵਾ ਰਿਹਾ ਹੈ, ਮਾਇਆ ਕਾਰਨ ਭਟਕ ਰਿਹਾ ਹੈ। ਧਨ ਤੇ ਜੁਆਨੀ ਦਾ ਇਹ ਮਾਣ, ਮੌਤ ਆਉਣ ਤੇ ਇਕ ਕਾਗ਼ਜ਼ ਦੀ ਤਰ੍ਹਾਂ ਗਲ ਜਾਏਂਗਾ। ਜਦੋਂ ਅੰਤ ਸਮੇਂ ਤੈਨੂੰ ਜਮ ਆ ਕੇ ਕੇਸਾਂ ਤੋਂ ਫੜ ਕੇ ਭੁੰਞੇ ਪਟਕਾਏਗਾ, ਤਾਂ ਉਸ ਅੱਗੇ ਤੇਰੀ ਕੋਈ ਪੇਸ਼ ਨਹੀਂ ਜਾਏਗੀ। ਜੇਕਰ ਤੂੰ ਹੁਣ ਅਕਾਲ ਪੁਰਖੁ ਦਾ ਸਿਮਰਨ ਭਜਨ ਨਹੀਂ ਕਰਦਾ, ਤੂੰ ਆਪਣੇ ਅੰਦਰ ਦਇਆ ਨਹੀਂ ਪਾਲਦਾ, ਤਾਂ ਮਰਨ ਸਮੇਂ ਦੁਖੀ ਹੋਵੇਂਗਾ। ਜਦੋਂ ਧਰਮਰਾਜ ਨੇ ਤੈਥੋਂ ਜੀਵਨ ਵਿਚ ਕੀਤੇ ਕੰਮਾਂ ਦਾ ਹਿਸਾਬ ਮੰਗਿਆ, ਤਾਂ ਕੀ ਮੂੰਹ ਲੈ ਕੇ ਉਸ ਦੇ ਸਾਹਮਣੇ ਹੋਵੇਂਗਾ? ਕਬੀਰ ਸਾਹਿਬ ਸਮਝਾਂਦੇ ਹਨ ਕਿ ਅਸੀਂ ਸਾਧ ਸੰਗਤ ਵਿਚ ਰਹਿ ਕੇ ਹੀ ਇਸ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਸਕਦੇ ਹਾਂ।

*ਕਬੀਰੁ ॥ ਮਾਰੂ ॥ ਰਾਮੁ ਸਿਮਰੁ ਪਛੁਤਾਹਿਗਾ ਮਨ ॥ ਪਾਪੀ ਜੀਅਰਾ ਲੋਭੁ ਕਰਤੁ ਹੈ ਆਜੁ ਕਾਲਿ ਉਠਿ ਜਾਹਿਗਾ ॥੧॥ ਰਹਾਉ ॥ ਲਾਲਚ ਲਾਗੇ ਜਨਮੁ ਗਵਾਇਆ ਮਾਇਆ ਭਰਮ ਭੁਲਾਹਿਗਾ ॥ ਧਨ ਜੋਬਨ ਕਾ ਗਰਬੁ ਨ ਕੀਜੈ ਕਾਗਦ ਜਿਉ ਗਲਿ ਜਾਹਿਗਾ ॥੧॥ ਜਉ ਜਮੁ ਆਇ ਕੇਸ ਗਹਿ ਪਟਕੈ ਤਾ ਦਿਨ ਕਿਛੁ ਨ ਬਸਾਹਿਗਾ ॥ ਸਿਮਰਨੁ ਭਜਨੁ ਦਇਆ ਨਹੀ ਕੀਨੀ ਤਉ ਮੁਖਿ ਚੋਟਾ ਖਾਹਿਗਾ ॥੨॥ ਧਰਮ ਰਾਇ ਜਬ ਲੇਖਾ ਮਾਗੈ ਕਿਆ ਮੁਖੁ ਲੈ ਕੈ ਜਾਹਿਗਾ ॥ ਕਹਤੁ ਕਬੀਰੁ ਸੁਨਹੁ ਰੇ ਸੰਤਹੁ ਸਾਧਸੰਗਤਿ ਤਰਿ ਜਾਂਹਿਗਾ ॥੩॥੧॥ (੧੧੦੬)*

ਕੁਰਾਹੇ ਪਿਆ ਹੋਇਆ ਮਨੁੱਖ ਪਾਪ ਸੋਚਦਿਆਂ ਕਦੇ ਵੀ ਢਿੱਲ ਨਹੀਂ ਕਰਦਾ, ਵੇਸੁਆ ਦੇ ਦੁਆਰੇ ਤੇ ਜਾਣੋਂ ਵੀ ਰਤੀ ਭਰ ਸ਼ਰਮ ਨਹੀਂ ਕਰਦਾ। ਮਾਇਆ ਦੀ ਖ਼ਾਤਰ ਸਾਰਾ ਦਿਨ ਮਜੂਰੀ ਕਰ ਸਕਦਾ ਹੈ, ਪਰ ਜਦੋਂ ਅਕਾਲ ਪੁਰਖੁ ਨੂੰ ਯਾਦ ਕਰਨ ਦਾ ਵੇਲਾ ਹੁੰਦਾ ਹੈ ਤਾਂ ਇਸ ਤਰ੍ਹਾਂ ਮਹਿਸੂਸ ਕਰਦਾ ਹੈ ਜਿਵੇਂ ਉਸ ਦੇ ਸਿਰ ਉਤੇ ਬਿਜਲੀ ਪੈ ਗਈ ਹੁੰਦੀ ਹੈ। ਮਾਇਆ ਦੇ ਵਿਚ ਫਸੇ ਹੋਏ ਮਨੁੱਖ ਦੀ ਉਮਰ ਬੀਤ ਜਾਂਦੀ ਹੈ, ਮਾਇਆ ਨਾਲ ਪਿਆਰ ਪਾ ਕੇ ਰੋਜ਼ਾਨਾ ਕਾਰ ਵਿਹਾਰ ਵਿਚ ਵੀ ਹੇਰਾ ਫੇਰੀ ਕਰਦਾ ਰਹਿੰਦਾ ਹੈ, ਕਾਰ ਵਿਹਾਰ ਦੇ ਬੰਧਨਾਂ ਵਿਚ ਫਸੇ ਮਨੁੱਖ ਦਾ ਮਨ ਦੌੜਦਾ ਰਹਿੰਦਾ ਹੈ, ਪਰ ਪੈਦਾ ਕਰਨ ਵਾਲਾ ਅਕਾਲ ਪੁਰਖੁ ਉਸ ਨੂੰ ਹਿਰਦੇ ਵਿਚ ਚੇਤੇ ਨਹੀਂ ਆਉਂਦਾ। ਕੁਰਾਹੇ ਪਿਆ ਮਨੁੱਖ ਇਸੇ ਤਰ੍ਹਾਂ ਕਰਦਿਆਂ ਕਰਦਿਆਂ ਦੁਖ ਭੋਗਦਾ ਰਹਿੰਦਾ ਹੈ, ਪਰ ਮਾਇਆ ਵਾਲੇ ਇਸ ਦੇ ਕੰਮ ਕਦੇ ਮੁੱਕਦੇ ਹੀ ਨਹੀਂ। ਕਾਮ, ਕ੍ਰੋਧ, ਲੋਭ ਵਿਚ ਇਸ ਦਾ ਮਨ ਡੁੱਬਾ ਰਹਿੰਦਾ ਹੈ। ਜਿਵੇਂ ਮੱਛੀ ਪਾਣੀ ਤੋਂ ਬਿਨਾ ਤੜਫ ਤੜਫ ਕੇ ਮਰਦੀ ਹੈ, ਉਸੇ ਤਰ੍ਹਾਂ ਉਹ ਨਾਮੁ ਤੋਂ ਬਿਨਾ ਵਿਕਾਰਾਂ ਵਿਚ ਫਸ ਕੇ ਆਤਮਕ ਮੌਤ ਸਹੇੜ ਲੈਂਦਾ ਹੈ। ਪਰੰਤੂ ਜਿਸ ਮਨੁੱਖ ਦਾ ਅਕਾਲ ਪੁਰਖੁ ਆਪ ਰਖਵਾਲਾ ਬਣ ਜਾਏ, ਉਹ ਮਨੁੱਖ ਸਦਾ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹੈ। ਜਿਸ ਮਨੁੱਖ ਨੂੰ ਅਕਾਲ ਪੁਰਖੁ ਦੀ ਕਿਰਪਾ ਨਾਲ ਪੂਰਾ ਗੁਰੂ ਮਿਲ ਜਾਂਦਾ ਹੈ, ਉਹ ਸਾਧ ਸੰਗਤਿ ਵਿਚ ਰਹਿ ਕੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ। ਇਹ ਜਗਤ ਮਾਇਆ ਦੇ ਮੋਹ ਵਿਚ ਫਸ ਕੇ ਕੁਰਾਹੇ ਪਿਆ ਹੋਇਆ ਹੈ। ਪਰ ਜਗਤ ਦੇ ਲੋਕਾਂ ਦੇ ਵੱਸ ਵਿਚ

ਵੀ ਕੁਝ ਨਹੀਂ, ਕਿਉਂਕਿ ਕੁਰਾਹੇ ਪਾ ਸਕਣ ਵਾਲੇ ਅਕਾਲ ਪੁਰਖੁ ਨੇ ਆਪ ਹੀ ਜਗਤ ਨੂੰ ਕੁਰਾਹੇ ਪਾਇਆ ਹੋਇਆ ਹੈ, ਜਿਸ ਕਰਕੇ ਜਗਤ ਦੇ ਜਿਆਦਾ ਤਰ ਲੋਕ ਵਿਅਰਥ ਕਾਰ ਵਿਹਾਰਾਂ ਵਿਚ ਹੀ ਫਸੇ ਰਹਿੰਦੇ ਹਨ।

*ਮਾਇਆ ਲਗਿ ਭੂਲੋ ਸੰਸਾਰੁ ॥ ਆਪਿ ਭੁਲਾਇਆ ਭੁਲਾਵਣਹਾਰੈ ਰਾਚਿ ਰਹਿਆ ਬਿਰਥਾ ਬਿਉਹਾਰ ॥੧॥ ਰਹਾਉ ॥ (੧੧੪੩)*

ਭਗਤ ਰਵਿਦਾਸ ਜੀ ਸਪੱਸ਼ਟ ਕਰਦੇ ਹਨ ਕਿ ਮੇਰੇ ਲਈ ਨਾਮੁ ਹੀ ਪੰਡਿਤ ਵਾਲਾ ਆਸਨ ਹੈ, ਨਾਮੁ ਹੀ ਚੰਦਨ ਘਸਾਉਣ ਲਈ ਸਿਲ ਹੈ, ਮੇਰੇ ਲਈ ਨਾਮੁ ਹੀ ਕੇਸਰ ਹੈ, ਨਾਮੁ ਹੀ ਪਾਣੀ ਹੈ, ਨਾਮੁ ਹੀ ਚੰਦਨ ਹੈ, ਨਾਮੁ ਹੀ ਦੀਵਾ ਹੈ ਤੇ ਨਾਮੁ ਹੀ ਦੀਵੇ ਦੀ ਵੱਟੀ ਹੈ, ਤੇ ਨਾਮੁ ਹੀ ਦੀਵੇ ਵਿਚ ਪਾਇਆ ਹੋਇਆ ਤੇਲ ਹੈ। ਦੁਨਿਆਵੀ ਜੋਤਿ ਦੀ ਥਾਂ, ਮੈਂ ਤੇਰੇ ਨਾਮੁ ਦੀ ਹੀ ਜੋਤਿ ਲਗਾਂਦਾ ਹਾਂ, ਜਿਸ ਦੀ ਬਰਕਤਿ ਨਾਲ ਸਾਰੇ ਭਵਨਾਂ ਵਿਚ ਚਾਨਣ ਹੋ ਰਿਹਾ ਹੈ। ਮੈਂ ਤੇਰੇ ਨਾਮੁ ਦਾ ਧਾਗਾ ਬਣਾਇਆ ਹੈ, ਤੇ ਨਾਮੁ ਨੂੰ ਹੀ ਮੈਂ ਫੁੱਲ ਤੇ ਫੁੱਲਾਂ ਦੀ ਮਾਲਾ ਬਣਾਇਆ ਹੈ। ਇਹ ਸਾਰੀ ਕੁਦਰਤ ਤੇਰੀ ਬਣਾਈ ਹੋਈ ਹੈ, ਇਸ ਲਈ ਮੈਂ ਤੇਰੀ ਪੈਦਾ ਕੀਤੀ ਹੋਈ ਕੁਦਰਤ ਵਿਚੋਂ ਮੈਂ ਤੇਰੇ ਅੱਗੇ ਕੀ ਰੱਖ ਸਕਦਾ ਹਾਂ? ਇਸ ਲਈ ਮੈਂ ਤੇਰਾ ਨਾਮੁ ਰੂਪੀ ਚੌਰ ਹੀ ਤੇਰੇ ਉਤੇ ਝਲਾਉਂਦਾ ਹਾਂ। ਆਮ ਲੋਕ ਮੂਰਤੀਆਂ ਦੀ ਆਰਤੀ ਕਰਦੇ ਹਨ, ਪਰੰਤੂ ਭਗਤ ਰਵਿਦਾਸ ਜੀ ਸਮਝਾਂਉਂਦੇ ਹਨ, ਕਿ ਮੇਰੇ ਲਈ ਅਕਾਲ ਪੁਰਖੁ ਦਾ ਨਾਮੁ ਹੀ ਆਰਤੀ ਹੈ, ਤੇ ਇਹ ਨਾਮੁ ਹੀ ਮੇਰੇ ਲਈ ਤੀਰਥਾਂ ਦਾ ਇਸ਼ਨਾਨ ਹੈ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾਂ ਕੀਤੇ ਗਏ ਹੋਰ ਸਾਰੇ ਪਾਖੰਡ ਝੂਠੇ ਹਨ।

*ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥ (੬੯੪)*

ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਜੀਵਨ ਦੇ ਸਫ਼ਰ ਵਿਚ ਵਿਕਾਰਾਂ ਕਰਕੇ ਕੋਈ ਰੁਕਾਵਟ ਨਹੀਂ ਪੈਂਦੀ। ਅਕਾਲ ਪੁਰਖੁ ਦਾ ਨਾਮੁ ਸੁਣਦਿਆਂ ਰਹਿਣ ਸਦਕਾ ਮਨੁੱਖ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਨਾਮੁ ਜਪਣ ਵਾਲੇ ਮਨੁੱਖ ਕੋਲੋ ਜਮਰਾਜ ਵੀ ਦੂਰੋਂ ਹੀ ਪਰੇ ਹਟ ਜਾਂਦਾ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਸਾਰੇ ਦੁਖਾਂ ਦਾ ਨਾਸ ਹੋ ਜਾਂਦਾ ਹੈ, ਤੇ ਮਨੁੱਖ ਦਾ ਮਨ ਅਕਾਲ ਪੁਰਖੁ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ। ਅਕਾਲ ਪੁਰਖੁ ਦਾ ਨਾਮੁ ਸਾਧ ਸੰਗਤਿ ਵਿਚ ਰਹਿ ਕੇ ਜਪਿਆ ਜਾ ਸਕਦਾ ਹੈ, ਇਸ ਲਈ ਬੜੇ ਪ੍ਰੇਮ ਨਾਲ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ, ਤਾਂ ਜੋ ਜੀਵ ਦੇ ਅੰਦਰ ਅਕਾਲ ਪੁਰਖੁ ਵਰਗੇ ਗੁਣ ਦਿਨ ਰਾਤ ਪੈਦਾ ਹੁੰਦੇ ਰਹਿਣ। ਅਜੇਹੀ ਭਗਤੀ ਮਨੁੱਖਾ ਜੀਵਨ ਵਿਚ ਵਿਕਾਰਾਂ ਕਰਕੇ ਕੋਈ ਰੁਕਾਵਟ ਨਹੀਂ ਪੈਣ ਦੇਂਦੀ। ਇਸ ਲਈ ਅਕਾਲ ਪੁਰਖੁ ਅੱਗੇ ਇਹੀ ਬੇਨਤੀ ਕਰਨੀ ਹੈ ਕਿ ਆਪਣੇ ਦਾਸ ਉਤੇ ਮਿਹਰ ਕਰੋ ਤੇ ਮੈਨੂੰ ਆਪਣੇ ਨਾਮੁ ਦੀ ਦਾਤ ਦਿਉ ਤਾਂ ਜੋ ਮੈਂ ਆਪਣੇ ਹਰੇਕ ਸਾਹ ਦੇ ਨਾਲ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹਾਂ।

*ਭੈਰਉ ਮਹਲਾ ੫ ॥ ਨਾਮੁ ਲੈਤ ਕਿਛੁ ਬਿਘਨੁ ਨ ਲਾਗੈ ॥ ਨਾਮੁ ਸੁਣਤ ਜਮੁ ਦੂਰਹੁ ਭਾਗੈ ॥ ਨਾਮੁ ਲੈਤ ਸਭ ਦੂਖਹ ਨਾਸੁ ॥ ਨਾਮੁ ਜਪਤ ਹਰਿ ਚਰਣ ਨਿਵਾਸੁ ॥੧॥ ਨਿਰਬਿਘਨ ਭਗਤਿ ਭਜੁ ਹਰਿ ਹਰਿ ਨਾਉ ॥ ਰਸਕਿ ਰਸਕਿ ਹਰਿ ਕੇ ਗੁਣ ਗਾਉ ॥੧॥ ਰਹਾਉ ॥ (੧੧੫੦)*

ਗੁਰਮੁਖਾਂ ਲਈ ਅਕਾਲ ਪੁਰਖੁ ਦਾ ਨਾਮੁ ਹੀ ਛੱਤੀ ਪ੍ਰਕਾਰ ਦੇ ਸੁਆਦਾਂ ਵਾਲਾ ਭੋਜਨ ਹੈ, ਜਿਸ ਨੂੰ ਖਾ ਕੇ ਉਹ ਆਤਮਿਕ ਤੌਰ ਤੇ ਰੱਜ ਜਾਂਦੇ ਹਾਂ, ਅਜੇਹੇ ਮਨੁੱਖ ਮਾਇਕ ਪਦਾਰਥਾਂ ਵਲੋਂ ਤ੍ਰਿਪਤ ਹੋ ਜਾਂਦੇ ਹਨ। ਅਕਾਲ ਪੁਰਖੁ ਦਾ ਨਾਮੁ ਹੀ ਮਨੁੱਖ ਲਈ ਅਜੇਹੀ ਪੁਸ਼ਾਕ ਹੈ, ਜਿਸ ਨੂੰ ਪਹਿਨਣ ਨਾਲ ਜੀਵ ਕਦੇ ਬੇਪੜਦਾ ਨਹੀਂ ਹੁੰਦਾ, ਤੇ ਹੋਰ ਤਰ੍ਹਾਂ ਤਰ੍ਹਾਂ ਦੀਆਂ ਵਿਖਾਵੇ ਵਾਲੀਆਂ ਦੁਨਿਆਵੀ ਪੁਸ਼ਾਕਾਂ ਪਾਉਣ ਦੀ ਇਛਾ ਦੂਰ ਹੋ ਜਾਂਦੀ ਹੈ। ਅਜੇਹੇ ਮਨੁੱਖ ਲਈ ਅਕਾਲ ਪੁਰਖੁ ਦਾ ਨਾਮੁ ਹੀ ਵਣਜ ਤੇ ਵਪਾਰ ਹੈ, ਜਿਸ ਦੀ ਪ੍ਰਾਪਤੀ ਸਤਿਗੁਰੂ ਦੀ ਸਿਖਿਆ ਅਨੁਸਾਰ ਚਲ ਕੇ ਹੁੰਦੀ ਹੈ। ਅਜੇਹਾ ਮਨੁੱਖ ਅਕਾਲ ਪੁਰਖੁ ਦੇ ਨਾਮੁ ਦਾ ਹੀ ਲੇਖਾ ਲਿਖਦਾ ਹੈ, ਜਿਸ ਕਰ ਕੇ ਉਸ ਨੂੰ ਜਮਾਂ ਦੀ ਖ਼ੁਸ਼ਾਮਦ ਨਹੀਂ ਕਰਨੀ ਪੈਂਦੀ। ਪਰੰਤੂ ਕੋਈ ਵਿਰਲਾ ਗੁਰਮੁਖ ਹੀ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਹੈ, ਜਿਸ ਨੂੰ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਧੁਰੋਂ ਬਖ਼ਸ਼ਸ਼ ਪ੍ਰਾਪਤ ਹੁੰਦੀ ਹੈ।

*ਹਰਿ ਕਾ ਨਾਮੁ ਗੁਰਮੁਖਿ ਕਿਨੈ ਵਿਰਲੈ ਧਿਆਇਆ ਜਿਨ ਕੰਉ ਧੁਰਿ ਕਰਮਿ ਪਰਾਪਤਿ ਲਿਖਤੁ ਪਈ ॥੧੨॥ (੫੯੩)*

ਗੁਰਮੁਖਾਂ ਦੇ ਮਨ ਵਿਚ ਸਦਾ ਅਕਾਲ ਪੁਰਖੁ ਦੇ ਨਾਮੁ ਦੀ ਭੁੱਖ ਲੱਗੀ ਰਹਿੰਦੀ ਹੈ, ਤੇ ਇਸ ਨਾਮੁ ਦੀ ਭੁੱਖ ਸਦਕਾ ਮਨੁੱਖ ਨੂੰ ਦੁਨਿਆਵੀ ਮਾਇਆ ਦੀ ਭੁੱਖ ਨਹੀਂ ਲੱਗਦੀ। ਅਕਾਲ ਪੁਰਖੁ ਦਾ ਨਾਮੁ ਸੁਣਦੇ ਰਹਿਣ ਨਾਲ ਮਨੁੱਖ ਦਾ ਮਨ ਮਾਇਆ ਵਲੋਂ ਰੱਜਿਆ ਰਹਿੰਦਾ ਹੈ। ਅਕਾਲ ਪੁਰਖੁ ਦਾ ਨਾਮੁ ਸੁਣ ਕੇ ਮਨੁੱਖ ਦਾ ਮਨ ਗੁਣਾਂ ਨਾਲ ਹਰਿਆ ਭਰਿਆ ਰਹਿੰਦਾ ਹੈ। ਗੁਰੂ ਦੀ ਮਤਿ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਖੱਟ ਖੱਟ ਕੇ ਮਨੁੱਖ ਦਾ ਮਨ ਖੁਸ਼ ਤੇ ਟਿਕਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਤੋਂ ਵਿੱਛੁੜਿਆ ਹੋਇਆ ਮਨੁੱਖ ਆਤਮਕ ਰੋਗਾਂ ਨਾਲ ਗ੍ਰਸਿਆ ਰਹਿੰਦਾ ਹੈ, ਤੇ ਇਸ ਤਰ੍ਹਾਂ ਦੁਖੀ ਹੁੰਦਾ ਰਹਿੰਦਾ ਹੈ, ਜਿਸ ਤਰ੍ਹਾਂ ਕੋਈ ਕੋਹੜੀ ਮਨੁੱਖ, ਕੋਹੜ ਦੇ ਦਰਦਾਂ ਨਾਲ ਵਿਲਕਦਾ ਰਹਿੰਦਾ ਹੈ। ਮਾਇਆ ਦਾ ਮੋਹ ਉਸ ਨੂੰ ਅੰਨ੍ਹਾ ਕਰੀ ਰੱਖਦਾ ਹੈ ਤੇ ਜੀਵਨ ਦੀ ਸਹੀ ਜੁਗਤ ਬਾਰੇ ਉਸ ਨੂੰ ਕੁਝ ਵੀ ਪਤਾ ਨਹੀਂ ਲਗਦਾ। ਇਸ ਲਈ ਉਹ ਜਿਤਨੇ ਵੀ ਕੰਮ ਕਰਦਾ ਹੈ, ਉਹ ਸਭ ਵਿਅਰਥ ਜਾਂਦੇ ਹਨ, ਤੇ ਅਜੇਹੇ ਕੰਮ ਉਸ ਨੂੰ ਆਤਮਕ ਦੁਖ ਦੇਂਦੇ ਰਹਿੰਦੇ ਹਨ। ਉਹ ਮਨੁੱਖ ਵੱਡੇ ਭਾਗਾਂ ਵਾਲੇ ਹੁੰਦੇ ਹਨ, ਜਿਹੜੇ ਗੁਰੂ ਦੀ ਮਤਿ ਲੈ ਕੇ ਸਦਾ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ ਤੇ ਉਨ੍ਹਾਂ ਦੀ ਲਗਨ ਅਕਾਲ ਪੁਰਖੁ ਦੇ ਨਾਮੁ ਵਿਚ ਲੱਗੀ ਰਹਿੰਦੀ

ਹੈ। ਗੁਰੂ ਸਾਹਿਬ ਗੁਰਬਾਣੀ ਵਿਚ ਇਕ ਮਿੱਤਰ ਦੀ ਤਰ੍ਹਾਂ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਸਦਾ ਅਕਾਲ ਪੁਰਖੁ ਦਾ ਨਾਮੁ ਜਪਦੇ ਰਹੋ, ਤੇ ਨਾਮੁ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਰਹੋ, ਗੁਰੂ ਦੀ ਮਤਿ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਮਨ ਵਿਚ, ਤੇ ਆਪਣੇ ਚਿਤ ਵਿਚ ਸਦਾ ਟਿਕਾਈ ਰੱਖੋ।

*ਨਾਮੁ ਜਪਹੁ ਮੇਰੇ ਗੁਰਸਿਖ ਮੀਤਾ ॥ ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਗੁਰਮਤਿ ਮਨਿ ਚੀਤਾ ॥੧॥ ਰਹਾਉ ॥ ਨਾਮੋ ਨਾਮੁ ਸੁਣੀ ਮਨੁ ਸਰਸਾ ॥ ਨਾਮੁ ਲਾਹਾ ਲੈ ਗੁਰਮਤਿ ਬਿਗਸਾ ॥੨॥ ਨਾਮ ਬਿਨਾ ਕੁਸਟੀ ਮੋਹ ਅੰਧਾ ॥ ਸਭ ਨਿਹਫਲ ਕਰਮ ਕੀਏ ਦੁਖੁ ਧੰਧਾ ॥੩॥ (੩੬੭)*

ਜਿਨ੍ਹਾਂ ਮਨੁੱਖਾਂ ਨੇ ਗੁਰੂ ਦਾ ਉਪਦੇਸ਼ ਸੁਣ ਕੇ ਆਪਣੇ ਜੀਵਨ ਵਿਚ ਅਪਨਾ ਲਿਆ, ਤੇ ਗੁਰੂ ਦੇ ਉਪਦੇਸ਼ ਅਨੁਸਾਰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਗੁਣ ਗਾਇਨ ਕਰਨੇ ਸ਼ੁਰੂ ਕਰ ਦਿਤੇ, ਅਕਾਲ ਪੁਰਖੁ ਦੇ ਨਾਮੁ ਨੇ ਉਨ੍ਹਾਂ ਦੇ ਸਾਰੇ ਪਾਪ ਕੱਟ ਦਿੱਤੇ। ਇਸ ਲਈ ਆਪਣੇ ਮਨ ਨੂੰ ਸਮਝਾਂਣਾ ਹੈ ਕਿ ਇਕਾਗਰ ਚਿਤ ਹੋ ਕੇ ਅਕਾਲ ਪੁਰਖੁ ਦਾ ਨਾਮੁ ਜਪਿਆ ਕਰ। ਜਗਤ ਦੇ ਨਾਥ ਅਕਾਲ ਪੁਰਖੁ ਨੇ ਜਿਸ ਜੀਵ ਉਤੇ ਮਿਹਰ ਕੀਤੀ, ਉਸ ਦੀ ਮਤਿ ਗੁਰੂ ਦੀ ਸਿੱਖਿਆ ਅਨੁਸਾਰ ਨਾਮੁ ਜਪਣ ਵਾਲੀ ਬਣ ਗਈ।

*ਨਟ ਮਹਲਾ ੪ ॥ ਮੇਰੇ ਮਨ ਜਪਿ ਹਰਿ ਹਰਿ ਨਾਮੁ ਮਨੇ ॥ ਜਗੰਨਾਥਿ ਕਿਰਪਾ ਪ੍ਰਭਿ ਧਾਰੀ ਮਤਿ ਗੁਰਮਤਿ ਨਾਮ ਬਨੇ ॥੧॥ ਰਹਾਉ ॥ (੯੮੬)*

ਨਿਰਾ ਖਾਣ ਪੀਣ ਹੱਸਣ ਤੇ ਸੌਣ ਦੇ ਆਹਰਾਂ ਵਿਚ ਵਿਚਰਨ ਵਾਲੇ ਜੀਵ ਨੂੰ ਮੌਤ ਭੁੱਲ ਜਾਂਦੀ ਹੈ, ਅਜੇਹਾ ਮਨੁੱਖ ਅਕਾਲ ਪੁਰਖੁ ਨੂੰ ਵਿਸਾਰ ਕੇ ਅਜੇਹੇ ਕੰਮ ਕਰਦਾ ਰਹਿੰਦਾ ਹੈ, ਜਿਹੜੇ ਕਿ ਉਸ ਲਈ ਖ਼ੁਆਰੀ ਦਾ ਕਾਰਨ ਬਣਦੇ ਹਨ। ਅਕਾਲ ਪੁਰਖੁ ਨੂੰ ਵਿਸਾਰ ਕੇ ਅਜੇਹਾ ਜੀਵਨ ਫਿਟਕਾਰਨ ਜੋਗ ਹੋ ਜਾਂਦਾ ਹੈ। ਇਹ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਇਸ ਸੰਸਾਰ ਵਿਚ ਸਦਾ ਵਾਸਤੇ ਕਿਸੇ ਨੇ ਨਹੀਂ ਟਿਕੇ ਰਹਿਣਾ। ਗੁਰੂ ਸਾਹਿਬ ਗੁਰਬਾਣੀ ਵਿਚ ਇਹੀ ਉਪਦੇਸ਼ ਦਿੰਦੇ ਹਨ ਕਿ ਹੇ ਪ੍ਰਾਣੀ ਤੂੰ ਸਦਾ ਇਕ ਅਕਾਲ ਪੁਰਖੁ ਦਾ ਹੀ ਨਾਮੁ ਯਾਦ ਕਰਿਆ ਕਰ, ਤਾਂ ਜੋ ਸਿਮਰਨ ਦੀ ਬਰਕਤਿ ਨਾਲ ਤੂੰ ਆਪਣੀ ਇੱਜ਼ਤ ਨਾਲ ਅਕਾਲ ਪੁਰਖੁ ਦੇ ਚਰਨਾਂ ਵਿਚ ਪਹੁੰਚ ਸਕੇ।

*ਖਾਣਾ ਪੀਣਾ ਹਸਣਾ ਸਉਣਾ ਵਿਸਰਿ ਗਇਆ ਹੈ ਮਰਣਾ ॥ ਖਸਮੁ ਵਿਸਾਰਿ ਖੁਆਰੀ ਕੀਨੀ ਧ੍ਰਿਗੁ ਜੀਵਣੁ ਨਹੀ ਰਹਣਾ ॥੧॥ ਪ੍ਰਾਣੀ ਏਕੋ ਨਾਮੁ ਧਿਆਵਹੁ ॥ ਅਪਨੀ ਪਤਿ ਸੇਤੀ ਘਰਿ ਜਾਵਹੁ ॥੧॥ ਰਹਾਉ ॥ (੧੨੫੪)*

ਜਿਸ ਮਨੁੱਖ ਦੇ ਹਿਰਦੇ ਰੂਪੀ ਥਾਲ ਵਿਚ ਉੱਚਾ ਆਚਰਨ, ਸੰਤੋਖ ਅਤੇ ਆਤਮਕ ਜੀਵਨ ਦੀ ਸੂਝ, ਇਹ ਤਿੰਨ ਵਸਤੂਆਂ ਟਿਕੀਆਂ ਰਹਿੰਦੀਆਂ ਹਨ, ਉਸ ਮਨੁੱਖ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ ਆ ਵੱਸਦਾ ਹੈ। ਇਹ 'ਅੰਮ੍ਰਿਤ ਨਾਮੁ' ਐਸਾ ਹੈ ਕਿ ਇਸ ਦਾ ਆਸਰਾ ਹਰੇਕ ਜੀਵ ਲਈ ਜ਼ਰੂਰੀ ਹੈ। ਜੇ ਕੋਈ ਮਨੁੱਖ ਇਸ ਆਤਮਕ ਭੋਜਨ ਨੂੰ ਸਦਾ ਖਾਂਦਾ ਰਹਿੰਦਾ ਹੈ, ਤੇ ਉਸ ਦਾ ਆਨੰਦ ਮਾਣਦਾ ਰਹਿੰਦਾ ਹੈ, ਤਾਂ ਉਸ ਮਨੁੱਖ ਦਾ ਵਿਕਾਰਾਂ ਤੋਂ ਬਚਾਉ ਹੋ ਜਾਂਦਾ ਹੈ। ਹਰਕੇ ਜੀਵ ਨੂੰ ਆਤਮਕ 'ਉਧਾਰ' ਦੀ ਲੋੜ ਹੈ, ਇਸ ਲਈ ਆਤਮਕ ਪ੍ਰਸੰਨਤਾ ਦੇਣ ਵਾਲੀ ਇਹ ਨਾਮੁ ਰੂਪੀ ਵਸਤੂ ਤਿਆਗੀ ਨਹੀਂ ਜਾ ਸਕਦੀ, ਇਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਣਾ ਹੈ। ਇਸ ਨਾਮੁ ਰੂਪੀ ਵਸਤੂ ਦੀ ਬਰਕਤਿ ਨਾਲ ਅਕਾਲ ਪੁਰਖੁ ਦੇ ਚਰਨਾ ਵਿਚ ਜੁੜ ਕੇ ਇਸ ਸੰਸਾਰ ਰੂਪੀ ਸਮੁੰਦਰ ਵਿਚੋਂ ਤਰ ਕੇ ਪਾਰ ਹੋ ਸਕਦੇ ਹਾਂ, ਜੋ ਕਿ ਇਕ ਘੁੱਪ ਹਨੇਰੇ ਦੀ ਤਰ੍ਹਾਂ ਹੈ। ਇਹ ਸਭ ਕੁਝ ਇਸ ਲਈ ਸੰਭਵ ਹੈ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਵਿਚ ਜੁੜਨ ਨਾਲ ਮਨੁੱਖ ਨੂੰ ਸਭ ਥਾਂ ਅਕਾਲ ਪੁਰਖੁ ਦਾ ਆਪਣਾ ਪਰਕਾਸ਼ ਦਿਖਾਈ ਦੇਣ ਲੱਗ ਪੈਂਦਾ ਹੈ।

*ਮੁੰਦਾਵਣੀ ਮਹਲਾ ੫ ॥ ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥ (੧੪੨੯)*

ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਨਾ ਜਪਣ ਕਰਕੇ ਜਾਂ ਅਕਾਲ ਪੁਰਖੁ ਦੇ ਗੁਣ ਨਾ ਗਾਇਨ ਕਰਨ ਕਰਕੇ ਅਸੀਂ ਆਪਣੇ ਇਸ ਕੀਮਤੀ ਮਨੁੱਖਾ ਜਨਮ ਵਿਚ ਬਹੁਤ ਭਾਰੀ ਨੁਕਸਾਨ ਉਠਾ ਸਕਦੇ ਹਾਂ, ਜਿਸ ਨੂੰ ਪੂਰਾ ਨਹੀਂ ਕੀਤਾ ਜਾ ਸਕਦਾ:

- ਅਣਗਿਣਤ ਜੂਨਾਂ ਵਿਚੋਂ ਭੌਂ ਕੇ ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਿਆ ਹੈ, ਮਨੁੱਖਾ ਸਰੀਰ ਦਾ ਸਾਥ ਇਸ ਲੋਕ ਤਕ ਹੀ ਸੀਮਿਤ ਹੈ, ਇਸ ਲਈ ਸਾਨੂੰ ਅੰਤ ਦੇ ਸਾਥ ਵੱਲ ਵੀ ਧਿਆਨ ਦੇਣਾਂ ਚਾਹੀਦਾ ਹੈ।
- ਪੁੰਨ ਜਾਂ ਪਾਪ ਨਿਰੇ ਕਹਿਣ ਵਾਸਤੇ ਨਹੀਂ ਹਨ, ਬਲਕਿ ਜਿਹੋ ਜਿਹੇ ਕਰਮ ਕਰਾਂਗੇ, ਉਹੋ ਜਿਹੇ ਸੰਸਕਾਰ ਆਪਣੇ ਅੰਦਰ ਲਿਖ ਕੇ ਨਾਲ ਲੈ ਜਾਵਾਂਗੇ।

- ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਨਾਮੁ ਪ੍ਰਾਪਤ ਕਰਨ ਦਾ ਭਾਵ ਹੈ ਕਿ ਅਕਾਲ ਪੁਰਖੁ ਦੇ ਹੁਕਮੁ, ਸਿਸਟਮ, ਰਚਨਾ, ਅਸੂਲਾਂ ਬਾਰੇ ਜਾਣਕਾਰੀ ਹਾਸਲ ਕਰਨਾ ਤੇ ਉਸ ਦੀ ਕੁਦਰਤ ਨਾਲ ਆਪਣੇ ਅੰਦਰ ਪ੍ਰੇਮ ਤੇ ਸਤਿਕਾਰ ਪੈਦਾ ਕਰਨਾ।
- ਸਰੀਰ ਦਾ ਕੋਈ ਅੰਗ ਵੀ ਦੂਸਰੇ ਅੰਗ ਦੀ ਨਿੰਦਾ, ਚੁਗਲੀ ਜਾਂ ਵਿਰੋਧਤਾ ਨਹੀਂ ਕਰਦਾ, ਬਲਕਿ ਦੂਸਰੇ ਅੰਗਾਂ ਦੀ ਬਿਨਾਂ ਕਾਮਨਾਂ ਦੇ ਸਹਾਇਤਾ ਕਰਦਾ ਹੈ ਜਾਂ ਠੀਕ ਮਾਰਗ ਦਰਸ਼ਨ ਕਰਦਾ ਹੈ।
- ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਸਭ ਦਾ ਪਿਤਾ ਤੇ ਮਾਤਾ ਹੈ, ਕਿਉਂਕਿ ਉਹ ਸਭ ਦਾ ਰਚਨਹਾਰ ਹੈ। ਇਸ ਲਈ ਜਿਹੜਾ ਮਨੁੱਖ ਆਪਣੇ ਅਸਲੀ ਪਿਤਾ ਨਾਲ ਸਾਂਝ ਨਹੀਂ ਕਾਇਮ ਕਰ ਸਕਦਾ ਹੈ, ਉਹ ਉਸ ਦਾ ਪੁੱਤਰ ਨਹੀਂ ਕਹਿਲਾ ਸਕਦਾ।
- ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਇਹ ਸੋਹਣਾ ਮਨੁੱਖਾ ਸਰੀਰ ਬਦ ਸ਼ਕਲ ਤੇ ਕੱਟੀ ਹੋਈ ਨਕ ਵਰਗਾ ਹੀ ਜਾਨਣਾ ਚਾਹੀਦਾ ਹੈ।
- ਜਿਹੜਾ ਮਨੁੱਖ ਬੇੜਾ ਤਿਆਰ ਕਰਨ ਵਾਲੀ ਉਮਰੇ ਨਾਮੁ ਰੂਪੀ ਬੇੜਾ ਨਾ ਤਿਆਰ ਕਰ ਸਕਿਆ, ਤੇ, ਜਦੋਂ ਜੀਵਨ ਵਿਚ ਮੁਸ਼ਕਲ ਜਾਂ ਅੰਤ ਦਾ ਸਮਾਂ ਆ ਜਾਂਦਾ ਹੈ ਤਾਂ ਸੰਸਾਰ ਰੂਪੀ ਸਮੁੰਦਰ ਵਿਚੋਂ ਤਰਨਾ ਔਖਾ ਹੋ ਜਾਂਦਾ ਹੈ।
- ਇਹ ਧਿਆਨ ਵਿਚ ਰੱਖਣਾ ਹੈ, ਕਿ ਇਕ ਵਾਰੀ ਇਹ ਮਨੁੱਖਾ ਜਨਮ ਦਾ ਸਮਾਂ ਖੁੰਝਣ ਤੋਂ ਬਾਅਦ ਦੁਬਾਰਾ ਨਹੀਂ ਮਿਲ ਸਕਦਾ ਹੈ ਤੇ ਇਹ ਸਰੀਰ ਇਕ ਦਿਨ ਮਿੱਟੀ ਦੀ ਢੇਰੀ ਹੋ ਜਾਇਗਾ।
- ਜਿਨ੍ਹਾਂ ਮਨੁੱਖਾਂ ਨੇ ਕਦੇ ਅਕਾਲ ਪੁਰਖੁ ਦਾ ਨਾਮੁ ਚੇਤੇ ਨਹੀਂ ਕੀਤਾ, ਉਹ ਬਦ ਕਿਸਮਤ ਹਨ ਤੇ ਆਤਮਕ ਮੌਤ ਮਰਦੇ ਰਹਿੰਦੇ ਹਨ।
- ਅਕਾਲ ਪੁਰਖ ਦੇ ਨਾਮੁ ਬਿਨਾ ਜੀਵਨ ਵਿਚ ਸਹੀ ਰਸਤੇ ਦਾ ਪਤਾ ਨਹੀਂ ਲਗਦਾ, ਜਿਸ ਕਰਕੇ ਮਨੁੱਖ ਭਟਕਦਾ ਰਹਿੰਦਾ ਹੈ।
- ਜਿਨ੍ਹਾਂ ਮਨੁੱਖਾਂ ਨੇ ਨਾਮੁ ਨੂੰ ਭੁਲਾ ਦਿੱਤਾ, ਉਹ ਵਿਕਾਰਾਂ ਦੀ ਅੱਗ ਵਿਚ ਫਸ ਕੇ ਆਪਣਾ ਮਨੁੱਖਾ ਜੀਵਨ ਬਰਬਾਦ ਕਰ ਲੈਂਦੇ ਹਨ।
- ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਜਪਦਾ ਹੈ, ਉਹ ਤ੍ਰਿਸ਼ਨਾ ਦੀ ਅੱਗ ਵਿਚ ਨਹੀਂ ਸੜਦਾ, ਤੇ ਉਸ ਦੇ ਮਨ, ਤਨ ਤੇ ਸਰੀਰ ਵਿਚ ਆਨੰਦ ਬਣਿਆ ਰਹਿੰਦਾ ਹੈ।
- ਜਿਹੜਾ ਮਨੁੱਖ ਨਾਮੁ ਚੇਤੇ ਨਹੀਂ ਕਰਦਾ, ਉਸ ਨੂੰ ਆਪਣੇ ਆਪ ਵਿਚ ਸ਼ਰਮ ਨਾਲ ਡੁਬ ਮਰਨਾ ਚਾਹੀਦਾ ਹੈ।
- ਜਿਹੜਾ ਮਨੁੱਖ ਨਾਮੁ ਨੂੰ ਛੱਡ ਕੇ ਉੱਚੀ ਆਤਮਕ ਅਵਸਥਾ ਹਾਸਲ ਕਰਨੀ ਚਾਹੁੰਦਾ ਹੈ, ਉਸ ਦੀ ਇਹ ਇਛਾ ਵਿਅਰਥ ਜਾਂਦੀ ਹੈ।
- ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਸਾਕਤ ਦੇ ਅੰਦਰ ਅਗਿਆਨਤਾ ਰਹਿੰਦੀ ਹੈ, ਜਿਸ ਕਰਕੇ ਦੁਨਿਆਵੀ ਅੱਖਾਂ ਹੋਣ ਦੇ ਬਾਵਜੂਦ ਵੀ ਸਾਕਤ ਇਕ ਅੰਨ੍ਹੇ ਦੀ ਤਰ੍ਹਾਂ ਰਹਿੰਦਾ ਹੈ।
- ਅਕਾਲ ਪੁਰਖੁ ਦੇ ਨਾਮੁ ਦਾ ਸਿਮਰਨ ਛੱਡਣ ਕਰਕੇ ਮਨੁੱਖ ਮਾਇਆ ਦੇ ਹੱਥਾਂ ਵਿਚ ਵਿਕਦਾ ਰਹਿੰਦਾ ਹੈ, ਜਿਸ ਕਰਕੇ ਉਹ ਆਪਣਾ ਆਤਮਕ ਜੀਵਨ ਵਿਅਰਥ ਗਵਾ ਲੈਂਦਾ ਹੈ।
- ਜਿਸ ਮਨੁੱਖ ਨੂੰ ਅਕਾਲ ਪੁਰਖੁ ਦਾ ਓਟ ਆਸਰਾ ਹੋਵੇ, ਉਸ ਨੂੰ ਮਾਇਆ ਦੇ ਕਿਸੇ ਵੀ ਵਿਕਾਰ ਕਰਕੇ ਧੋਖਾ ਨਹੀਂ ਹੋ ਸਕਦਾ।
- ਮਾਇਆ ਦੇ ਰੰਗ ਵਿਚ ਰੰਗਿਆ ਹੋਇਆ ਜੀਵ ਇਸ ਤਰ੍ਹਾਂ ਭਟਕਦਾ ਫਿਰਦਾ ਹੈ, ਜਿਵੇਂ ਇਕ ਹਲਕਿਆ ਕੁੱਤਾ ਭਜਦਾ ਰਹਿੰਦਾ ਹੈ।
- ਅਕਾਲ ਪੁਰਖੁ ਦੇ ਨਾਮੁ ਨਾਲ ਹੀ ਜੀਵਨ ਸਫਲ ਹੁੰਦਾ ਹੈ ਤੇ ਇਸ ਸਬੰਧੀ ਗਿਆਨ ਦੀ ਦਾਤ ਗੁਰੂ ਕੋਲੋਂ ਮਿਲਦੀ ਹੈ।
- ਨਾਮੁ ਸਿਮਰਨ ਤੋਂ ਬਿਨਾ ਕਿਸੇ ਵੀ ਹੋਰ ਤਰੀਕੇ ਨਾਲ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਨਹੀਂ ਮਿਲ ਸਕਦੀ, ਇਸ ਲਈ ਆਪਣੇ ਮਨ ਵਿਚ ਗੁਰੂ ਦੀ ਮਿਹਰ ਸਦਕਾ ਅਜੇਹਾ ਸਿਮਰਨ ਕਰਨਾ ਹੈ, ਜਿਸ ਨਾਲ ਸਭ ਕੁਝ ਪਾਇਆ ਜਾ ਸਕੇ।
- ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਨਹੀਂ ਵੱਸਦਾ, ਉਨ੍ਹਾਂ ਦੇ ਦੁਨੀਆ ਵਾਲੇ ਸਾਰੇ ਕੰਮ ਫਿੱਕੇ ਹੁੰਦੇ ਹਨ, ਤੇ ਉਨ੍ਹਾਂ ਦੇ ਜੀਵਨ ਨੂੰ ਰੁੱਖਾ ਬਣਾਈ ਰੱਖਦੇ ਹਨ।
- ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਨੁੱਖ ਇਸ ਤਰ੍ਹਾਂ ਹੁੰਦਾ ਹੈ, ਜਿਸ ਤਰ੍ਹਾਂ ਕੋਈ ਨੱਕ ਵੱਢਿਆ ਮਨੁੱਖ ਆਪਣੇ ਮਨੁੱਖਾ ਸਰੀਰ ਦੀ ਸਜਾਵਟ ਕਰਦਾ ਹੈ, ਪਰ ਨੱਕ ਤੋਂ ਬਿਨਾ ਉਹ ਸਜਾਵਟ ਕਿਸੇ ਕੰਮ ਦੀ ਨਹੀਂ ਹੁੰਦੀ।
- ਜਿਸ ਮਨੁੱਖ ਨੂੰ ਗੁਰੂ ਦੇ ਸਨਮੁਖ ਹੋ ਕੇ ਆਤਮਕ ਠੰਢ ਪਾਣ ਵਾਲਾ ਨਾਮੁ ਰੂਪੀ ਜਲ ਮਿਲ ਜਾਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਦਾ ਨਾਮੁ ਰਸ ਡੀਕ ਲਾ ਕੇ ਪੀਂਦਾ ਰਹਿੰਦਾ ਹੈ।
- ਨਾਮੁ ਤੋਂ ਖੁੰਝੇ ਹੋਏ ਮਨੁੱਖ ਖਾਣ ਪੀਣ ਤੇ ਹੱਸਣ ਖੇਡਣ ਦੇ ਖਿਲਾਰੇ ਖਿਲਾਰਦੇ ਰਹਿੰਦੇ ਹਨ, ਪਰ ਉਹ ਸਭ ਕੁਝ ਇਸ ਤਰ੍ਹਾਂ ਹੈ, ਜਿਵੇਂ ਲੋਕ ਕਿਸੇ ਮੁਰਦੇ ਨੂੰ ਸ਼ਿੰਗਾਰਦੇ ਹਨ, ਕਿਉਂਕਿ ਅਜੇਹੇ ਸ਼ਿੰਗਾਰਨ ਦਾ ਕੋਈ ਲਾਭ ਨਹੀਂ ਹੁੰਦਾ।
- ਕਬੀਰ ਸਾਹਿਬ ਆਪਣੇ ਮਨ ਨੂੰ ਸੁਚੇਤ ਕਰਦੇ ਹਨ ਕਿ ਜੇਕਰ ਤੂੰ ਹੁਣ ਅਕਾਲ ਪੁਰਖੁ ਦਾ ਭਜਨ ਨਹੀਂ ਕਰਦਾ, ਆਪਣੇ ਅੰਦਰ ਦਇਆ ਨਹੀਂ ਪਾਲਦਾ, ਤਾਂ ਮਰਨ ਸਮੇਂ ਦੁਖੀ ਹੋਵੇਂਗਾ।

- ਕੁਰਾਹੇ ਪਿਆ ਹੋਇਆ ਮਨੁੱਖ ਪਾਪ ਸੋਚਦਿਆਂ ਕਦੇ ਵੀ ਢਿੱਲ ਨਹੀਂ ਕਰਦਾ, ਵੇਸੁਆ ਦੇ ਦੁਆਰੇ ਤੇ ਜਾਣੋਂ ਵੀ ਰਤੀ ਭਰ ਸ਼ਰਮ ਨਹੀਂ ਕਰਦਾ।
- ਜਿਵੇਂ ਮੱਛੀ ਪਾਣੀ ਤੋਂ ਬਿਨਾ ਤੜਫ ਤੜਫ ਕੇ ਮਰਦੀ ਹੈ, ਉਸੇ ਤਰ੍ਹਾਂ ਮਨੁੱਖ ਨਾਮੁ ਤੋਂ ਬਿਨਾ ਵਿਕਾਰਾਂ ਵਿਚ ਫਸ ਕੇ ਆਤਮਕ ਮੌਤ ਸਹੇੜ ਲੈਂਦਾ ਹੈ।
- ਆਮ ਲੋਕ ਮੂਰਤੀਆਂ ਦੀ ਆਰਤੀ ਕਰਦੇ ਹਨ, ਪਰੰਤੂ ਭਗਤ ਰਵਿਦਾਸ ਜੀ ਸਮਝਾਂਉਂਦੇ ਹਨ, ਕਿ ਮੇਰੇ ਲਈ ਅਕਾਲ ਪੁਰਖੁ ਦਾ ਨਾਮੁ ਹੀ ਆਰਤੀ ਹੈ, ਤੇ ਇਹ ਨਾਮੁ ਹੀ ਮੇਰੇ ਲਈ ਤੀਰਥਾਂ ਦਾ ਇਸ਼ਨਾਨ ਹੈ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾਂ ਕੀਤੇ ਗਏ ਹੋਰ ਸਾਰੇ ਪਾਖੰਡ ਝੂਠੇ ਹਨ।
- ਅਕਾਲ ਪੁਰਖੁ ਦਾ ਨਾਮੁ ਸੁਣਦਿਆਂ ਰਹਿਣ ਸਦਕਾ ਮਨੁੱਖ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਨਾਮੁ ਜਪਣ ਵਾਲੇ ਮਨੁੱਖ ਕੋਲੋ ਜਮਰਾਜ ਵੀ ਦੂਰੋਂ ਪਰੇ ਹਟ ਜਾਂਦਾ ਹੈ।
- ਨਾਮੁ ਜਪਣ ਨਾਲ ਸਾਰੇ ਦੁਖਾਂ ਦਾ ਨਾਸ ਹੋ ਜਾਂਦਾ ਹੈ, ਤੇ ਮਨੁੱਖ ਦਾ ਮਨ ਅਕਾਲ ਪੁਰਖੁ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ।
- ਗੁਰਮੁਖਾਂ ਲਈ ਅਕਾਲ ਪੁਰਖੁ ਦਾ ਨਾਮੁ ਹੀ ਛੱਤੀ ਪ੍ਰਕਾਰ ਦੇ ਸੁਆਦਾਂ ਵਾਲਾ ਭੋਜਨ ਹੈ, ਜਿਸ ਨੂੰ ਖਾ ਕੇ ਉਹ ਆਤਮਿਕ ਤੌਰ ਤੇ ਰੱਜ ਜਾਂਦੇ ਹਾਂ, ਅਜੇਹੇ ਮਨੁੱਖ ਮਾਇਕ ਪਦਾਰਥਾਂ ਵਲੋਂ ਤ੍ਰਿਪਤ ਹੋ ਜਾਂਦੇ ਹਨ।
- ਅਕਾਲ ਪੁਰਖੁ ਦੇ ਨਾਮੁ ਤੋਂ ਵਿੱਛੜਿਆ ਹੋਇਆ ਮਨੁੱਖ ਆਤਮਕ ਰੋਗਾਂ ਨਾਲ ਗ੍ਰਸਿਆ ਰਹਿੰਦਾ ਹੈ, ਤੇ ਇਸ ਤਰ੍ਹਾਂ ਦੁਖੀ ਹੁੰਦਾ ਰਹਿੰਦਾ ਹੈ, ਜਿਸ ਤਰ੍ਹਾਂ ਕੋਈ ਕੋਹੜੀ ਮਨੁੱਖ, ਕੋਹੜ ਦੇ ਦਰਦ ਨਾਲ ਵਿਲਕਦਾ ਰਹਿੰਦਾ ਹੈ।
- ਗੁਰੂ ਸਾਹਿਬ ਗੁਰਬਾਣੀ ਵਿਚ ਇਕ ਮਿੱਤਰ ਦੀ ਤਰ੍ਹਾਂ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਸਦਾ ਅਕਾਲ ਪੁਰਖੁ ਦਾ ਨਾਮੁ ਜਪਦੇ ਰਹੋ, ਤੇ ਨਾਮੁ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਰਹੋ, ਗੁਰੂ ਦੀ ਮਤਿ ਦੁਆਰਾ ਨਾਮੁ ਨੂੰ ਆਪਣੇ ਮਨ ਤੇ ਚਿਤ ਵਿਚ ਸਦਾ ਟਿਕਾਈ ਰੱਖੋ।
- ਅਕਾਲ ਪੁਰਖੁ ਨੇ ਜਿਸ ਜੀਵ ਉਤੇ ਮਿਹਰ ਕੀਤੀ, ਉਸ ਦੀ ਮਤਿ ਗੁਰੂ ਦੀ ਸਿੱਖਿਆ ਅਨੁਸਾਰ ਨਾਮੁ ਜਪਣ ਵਾਲੀ ਬਣ ਗਈ।
- ਗੁਰੂ ਸਾਹਿਬ ਗੁਰਬਾਣੀ ਵਿਚ ਇਹੀ ਉਪਦੇਸ਼ ਦਿੰਦੇ ਹਨ ਕਿ ਹੇ ਪ੍ਰਾਣੀ ਤੂੰ ਸਦਾ ਇਕ ਅਕਾਲ ਪੁਰਖੁ ਦਾ ਹੀ ਨਾਮੁ ਯਾਦ ਕਰਿਆ ਕਰ, ਤਾਂ ਜੋ ਸਿਮਰਨ ਦੀ ਬਰਕਤਿ ਨਾਲ ਤੂੰ ਅਕਾਲ ਪੁਰਖੁ ਦੇ ਚਰਨਾਂ ਵਿਚ ਇੱਜ਼ਤ ਨਾਲ ਪਹੁੰਚ ਸਕੇ।
- ਜਿਸ ਮਨੁੱਖ ਦੇ ਹਿਰਦੇ ਰੂਪੀ ਥਾਲ ਵਿਚ ਉੱਚਾ ਆਚਰਨ, ਸੰਤੋਖ ਅਤੇ ਆਤਮਕ ਜੀਵਨ ਦੀ ਸੂਝ, ਇਹ ਤਿੰਨ ਵਸਤੂਆਂ ਟਿਕੀਆਂ ਰਹਿੰਦੀਆਂ ਹਨ, ਉਸ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮੁ ਆ ਵੱਸਦਾ ਹੈ। ਇਹ 'ਅੰਮ੍ਰਿਤ ਨਾਮੁ' ਐਸਾ ਹੈ ਕਿ ਇਸ ਦਾ ਆਸਰਾ ਹਰੇਕ ਜੀਵ ਲਈ ਜ਼ਰੂਰੀ ਹੈ।
- ਹਰਕੇ ਜੀਵ ਨੂੰ ਆਤਮਕ 'ਉਧਾਰ' ਦੀ ਲੋੜ ਹੈ, ਇਸ ਲਈ ਆਤਮਕ ਪ੍ਰਸੰਨਤਾ ਦੇਣ ਵਾਲੀ ਇਹ ਨਾਮੁ ਰੂਪੀ ਵਸਤੂ ਤਿਆਗੀ ਨਹੀਂ ਜਾ ਸਕਦੀ, ਇਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਣਾ ਹੈ।
- ਨਾਮੁ ਰੂਪੀ ਵਸਤੂ ਦੀ ਬਰਕਤਿ ਨਾਲ ਅਕਾਲ ਪੁਰਖੁ ਦੇ ਚਰਨਾਂ ਵਿਚ ਜੁੜ ਕੇ ਅਸੀਂ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਹੋ ਸਕਦੇ ਹਾਂ।
- ਅਕਾਲ ਪੁਰਖੁ ਦੇ ਨਾਮੁ ਵਿਚ ਜੁੜਨ ਨਾਲ ਮਨੁੱਖ ਨੂੰ ਸਭ ਥਾਂ ਅਕਾਲ ਪੁਰਖੁ ਦਾ ਆਪਣਾ ਪਰਕਾਸ਼ ਦਿਖਾਈ ਦੇਣ ਲੱਗ ਪੈਂਦਾ ਹੈ।

ਇਸ ਲਈ ਆਓ ਸਾਰੇ ਜਾਣੇ ਗੁਰਬਾਣੀ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਜਪੀਏ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰੀਏ ਤੇ ਆਪਣਾ ਕੀਮਤੀ ਮਨੁੱਖਾ ਜਨਮ ਸਫਲ ਕਰੀਏ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਅਡੋਲ ਅਵਸਥਾ ਵਿਚ ਆ ਕੇ ਹੁੰਦੀ ਹੈ (ਨਾਮੁ, ਭਾਗ ੬)

# Naam of Akal Purkh is obtained slowly and steadily in a stablized state of mind with the help of Gurbani (Naam, Part 6)

ਬੱਚਾ ਜਦੋਂ ਇਸ ਦੁਨੀਆ ਵਿਚ ਪੈਦਾ ਹੁੰਦਾ ਹੈ, ਉਸ ਨੂੰ ਨਾ ਤਾਂ ਚਲਣਾ ਆਉਂਦਾ ਹੈ ਤੇ ਨਾ ਹੀ ਬੋਲਣਾ ਆਉਂਦਾ ਹੈ। ਬੱਚਾ ਹੌਲੀ ਹੌਲੀ ਆਪਣੇ ਮਾਤਾ ਪਿਤਾ ਤੇ ਆਸੇ ਪਾਸੇ ਤੋਂ ਸਿਖਣਾਂ ਸ਼ੁਰੂ ਕਰਦਾ ਹੈ। ਜੀਵਨ ਜਾਚ ਨਾ ਤਾਂ ਇਕ ਚੁਟਕੀ ਵਿਚ ਕਿਸੇ ਜਾਦੂ ਨਾਲ ਪਾਈ ਜਾ ਸਕਦੀ ਹੈ ਤੇ ਨਾ ਹੀ ਮਾਇਆ ਨਾਲ ਖਰੀਦੀ ਜਾ ਸਕਦੀ ਹੈ। ਬਚਪਨ ਤੋਂ ਲੈ ਕੇ ਸਾਰੀ ਉਮਰ ਤਕ ਗੁਰਮਤਿ ਅਨੁਸਾਰ ਘਾਲਣਾ ਘਾਲਣ ਨਾਲ ਹੀ ਜੀਵਨ ਜਾਚ ਸਿੱਖੀ ਜਾ ਸਕਦੀ ਹੈ ਤੇ ਅਕਾਲ ਪੁਰਖੁ ਦੇ ਨਾਮੁ ਦੀ ਪ੍ਰਾਪਤੀ ਕੀਤੀ ਜਾ ਸਕਦੀ ਹੈ। ਅਕਾਲ ਪੁਰਖੁ ਦਾ ਨਾਮੁ ਕੋਈ ਇਕ ਅੱਖਰ ਨਹੀਂ ਹੈ, ਜਿਸ ਦੇ ਵਾਰ ਵਾਰ ਰਟਨ ਨਾਲ ਨਾਮੁ ਪਾਇਆ ਜਾ ਸਕਦਾ ਹੈ। ਪੂਰੀ ਲਗਨ ਨਿਸ਼ਟਾ, ਘਾਲਣਾ ਤੇ ਗੁਰਬਾਣੀ ਦੁਆਰਾ ਜੀਵਨ ਜਾਚ ਸਿਖਣ ਨਾਲ ਹੀ ਨਾਮੁ ਪਾਇਆ ਜਾ ਸਕਦਾ ਹੈ। ਗੁਰਬਾਣੀ ਅਨੁਸਾਰ ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਹੀ ਹੋ ਸਕਦੀ ਹੈ। ਆਮ ਭਾਸ਼ਾ ਵਿਚ ਸਹਜ ਦਾ ਅਰਥ ਹੌਲੀ ਹੌਲੀ ਲਿਆ ਜਾਂਦਾ ਹੈ ਪਰੰਤੂ ਪ੍ਰੋ: ਸਾਹਿਬ ਸਿੰਘ ਨੇ ਇਸ ਦਾ ਅਰਥ ਆਤਮਕ ਅਡੋਲਤਾ ਲਿਆ ਹੈ। ਨਾਮੁ ਦਾ ਸਬੰਧ ਪਹਿਲਾਂ ਮਨ ਜਾਂ ਆਤਮਾ ਨਾਲ ਹੁੰਦਾ ਹੈ, ਫਿਰ ਮਨ ਦਾ ਅਸਰ ਸਰੀਰ ਤੇ ਪੈਂਦਾ ਹੈ, ਕਿਉਂਕਿ ਸਰੀਰ ਹਰੇਕ ਕਾਰਜ ਮਨ ਦੀ ਮਰਜੀ ਅਨੁਸਾਰ ਹੀ ਕਰਦਾ ਹੈ। ਜੇ ਕਰ ਮਨ ਟਿਕਾਓ ਵਿਚ ਆ ਗਿਆ ਤਾਂ ਸਰੀਰ ਆਪਣੇ ਆਪ ਟਿਕਾਓ ਵਿਚ ਆ ਜਾਵੇਗਾ। ਜੇ ਕਰ ਮਨ ਦੇ ਰੋਗ ਜਾਂ ਵਿਕਾਰ ਦੂਰ ਕਰ ਲਏ ਜਾਣ ਤਾਂ ਸਰੀਰ ਦੇ ਰੋਗ ਆਪਣੇ ਆਪ ਘਟਨੇ ਸ਼ੁਰੂ ਹੋ ਜਾਂਦੇ ਹਨ।

ਜਦੋਂ ਮਨ ਸਹਜ ਅਵਸਥਾ ਵਿਚ ਟਿਕ ਜਾਂਦਾ ਹੈ ਤਾਂ ਮਨੁੱਖ ਤਾਂ ਹੀ ਖਾਂਦਾ ਹੈ, ਜੇ ਕਰ ਭੁੱਖ ਹੋਵੇ। ਅਜੇਹਾ ਮਨੁੱਖ ਸਰੀਰ ਦੀ ਲੋੜ ਅਨੁਸਾਰ ਖਾਂਦਾ ਹੈ, ਤੇ ਫਾਲਤੂ ਖਾਣਾਂ ਨਹੀਂ ਖਾਂਦਾ ਹੈ। ਸਰੀਰ ਨੂੰ ਪਿਆਸ ਲੱਗੀ ਹੈ, ਤਾਂ ਹੀ ਪਾਣੀ ਪੀਂਦਾ ਹੈ, ਜਬਾਨ ਦੇ ਚਸਕੇ ਲਈ ਜਾਂ ਨਸ਼ੇ ਲਈ ਕੁਝ ਵੀ ਖਾਂਦਾ ਜਾਂ ਪੀਂਦਾ ਨਹੀਂ। ਜੇ ਕਰ ਸਰੀਰ ਅੰਦਰ ਭੁਖ ਨਹੀਂ ਤਾਂ ਬਿਨਾ ਲੋੜ ਦੇ ਖਾਂਦੇ ਜਾਣਾਂ ਵੀ ਸਹਿਜ ਨਹੀਂ। ਜੇ ਕਰ ਸਰੀਰ ਅੰਦਰ ਪਿਆਸ ਨਹੀਂ, ਤਾਂ ਕੁਝ ਵੀ ਸਵਾਦ ਲਈ ਪੀਂਦੇ ਜਾਣਾਂ ਵੀ ਸਹਿਜ ਦੀ ਨਿਸ਼ਾਨੀ ਨਹੀਂ।

ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਦਇਆ ਹੁੰਦੀ ਹੈ, ਕਿਰਪਾ ਹੁੰਦੀ ਹੈ, ਉਸ ਮਨੁੱਖ ਦੇ ਹਿਰਦੇ ਵਿਚ ਅਜੇਹਾ ਆਤਮਕ ਬਲ ਪੈਦਾ ਹੁੰਦਾ ਹੈ, ਕਿ ਉਹ ਮਨੁੱਖ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾ ਲੈਂਦਾ ਹੈ, ਪੰਜ ਵਿਕਾਰਾਂ ਨਾਲ ਆਪਣਾ ਸਾਥ ਹਟਾ ਲੈਂਦਾ ਹੈ, ਦਸਾਂ ਇੰਦ੍ਰੀਆਂ ਨੂੰ ਆਪਣੇ ਕਾਬੂ ਵਿਚ ਕਰ ਲੈਂਦਾ ਹੈ ਤੇ ਉਸ ਦੀ ਆਤਮਾ ਅੰਦਰ ਚਾਨਣ ਹੋ ਜਾਂਦਾ ਹੈ, ਤੇ ਆਤਮਕ ਜੀਵਨ ਦੀ ਸੋਝੀ ਆ ਜਾਂਦੀ ਹੈ। ਉਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਮਿੱਤਰ ਤੇ ਵੈਰੀ ਇਕੋ ਜਿਹੇ ਲਗਦੇ ਹਨ। ਉਹ ਜਿਤਨਾ ਕੁਝ ਵੀ ਬੋਲਦਾ ਹੈ, ਆਤਮਕ ਜੀਵਨ ਦੀ ਸੂਝ ਬਾਰੇ ਬੋਲਦਾ ਹੈ, ਜਿਤਨਾ ਕੁਝ ਵੀ ਸੁਣਦਾ ਹੈ, ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਬਾਰੇ ਹੀ ਸੁਣਦਾ ਹੈ। ਉਹ ਜਿਤਨਾ ਕੁਝ ਵੀ ਇਸ ਸੰਸਾਰ ਵਿਚ ਵੇਖਦਾ ਹੈ, ਅਕਾਲ ਪੁਰਖੁ ਵਿਚ ਆਪਣੀ ਸੁਰਤਿ ਜੋੜਨ ਨਾਲ ਹੀ ਵੇਖਦਾ ਹੈ। ਅਜੇਹਾ ਮਨੁੱਖ ਭਾਵੇਂ ਜਾਗਦਾ ਹੋਵੇ, ਜਾਂ ਭਾਵੇਂ ਸੁੱਤਾ ਹੋਵੇ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਵਿਚ ਜੋ ਕੁਝ ਵੀ ਹੁੰਦਾ ਹੈ, ਉਸ ਨੂੰ ਪਰਵਾਨ ਕਰਦਾ ਹੈ, ਤੇ ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ। ਭਾਂਵੇਂ ਕੋਈ ਗ਼ਮੀ ਦੀ ਘਟਨਾ ਹੋ ਜਾਏ, ਜਾਂ ਕੋਈ ਖ਼ੁਸ਼ੀ ਦਾ ਮੌਕਾ ਹੋਵੇ, ਉਹ ਦੋਹਾਂ ਹਾਲਤਾਂ ਵਿਚ ਆਤਮਕ ਅਡੋਲਤਾ ਵਿਚ ਹੀ ਰਹਿੰਦਾ ਹੈ। ਜੇ ਉਹ ਚੁਪ ਬੈਠਾ ਹੈ ਤਾਂ ਵੀ ਅਡੋਲਤਾ ਵਿਚ ਹੈ ਤੇ ਜੇ ਬੋਲ ਰਿਹਾ ਹੈ ਤਾਂ ਵੀ ਅਡੋਲਤਾ ਵਿਚ ਹੈ। ਆਤਮਕ ਅਡੋਲਤਾ ਵਿਚ ਟਿਕਿਆ ਹੋਇਆ ਹੀ ਉਹ ਖਾਣ ਪੀਣ ਦਾ ਵਿਹਾਰ ਕਰਦਾ ਹੈ, ਆਤਮਕ ਅਡੋਲਤਾ ਵਿਚ ਹੀ ਉਹ ਦੂਜਿਆਂ ਨਾਲ ਪ੍ਰੇਮ ਦਾ ਸਲੂਕ ਕਰਦਾ ਹੈ। ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਅੰਦਰੋਂ ਕਪਟ ਦੀ ਭਾਵਨਾ ਮਿਟ ਜਾਂਦੀ ਹੈ। ਆਤਮਕ ਅਡੋਲਤਾ ਵਿਚ ਹੀ ਉਸ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ, ਤੇ ਪਰਤੱਖ ਤੌਰ ਤੇ ਉਸ ਨੂੰ ਅਕਾਲ ਪੁਰਖੁ ਦੇ ਦੀਦਾਰ ਹੋ ਜਾਂਦੇ ਹਨ। ਜੇ ਉਹ ਘਰ ਵਿਚ ਹੈ ਤਾਂ ਵੀ ਆਤਮਕ ਅਡੋਲਤਾ ਵਿਚ, ਜੇ ਉਹ ਦੁਨੀਆ ਤੋਂ ਉਪਰਾਮ ਫਿਰਦਾ ਹੈ ਤਾਂ ਵੀ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਹਿਰਦੇ ਵਿਚੋਂ ਦਵੈਤ ਭਾਵਨਾ ਦੂਰ ਹੋ ਜਾਂਦੀ ਹੈ। ਜਿਸ ਮਨੁੱਖ ਦੇ ਮਨ ਵਿਚ ਆਤਮਕ ਅਡੋਲਤਾ ਕਰਕੇ ਆਨੰਦ ਪੈਦਾ ਹੁੰਦਾ ਹੈ, ਉਸ ਮਨੁੱਖ ਨੂੰ ਉਹ ਅਕਾਲ ਪੁਰਖੁ ਮਿਲ ਪੈਂਦਾ ਹੈ, ਜੋ ਸਭ ਤੋਂ ਉੱਚੇ ਆਤਮਕ ਆਨੰਦ ਦਾ ਮਾਲਕ ਹੈ। ਅਜੇਹਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਨਾਮੁ ਰੂਪੀ ਅੰਮ੍ਰਿਤ ਪੀਂਦਾ ਰਹਿੰਦਾ ਹੈ, ਤੇ ਆਤਮਕ ਅਡੋਲਤਾ ਦੀ ਬਰਕਤ ਨਾਲ ਉਹ ਹੋਰਨਾਂ ਨੂੰ ਵੀ ਆਤਮਕ ਜੀਵਨ ਦੀ ਦਾਤ ਦਿੰਦਾ ਰਹਿੰਦਾ ਹੈ। ਆਤਮਕ ਅਡੋਲਤਾ ਪੈਦਾ ਕਰਨ ਵਾਲੀਆਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀਆਂ ਕਥਾ ਕਹਾਣੀਆਂ ਉਸ ਦੀ ਜਿੰਦ ਜਾਨ ਵਿਚ ਰਚੀਆ ਰਹਿੰਦੀਆਂ ਹਨ, ਤੇ ਉਸ ਦੇ ਹਿਰਦੇ ਵਿਚ ਅਬਿਨਾਸੀ ਅਕਾਲ ਪੁਰਖੁ ਵੱਸਦਾ ਰਹਿੰਦਾ ਹੈ। ਆਤਮਕ ਅਡੋਲਤਾ ਵਿਚ ਰਹਿੰਣ ਨਾਲ ਉਸ ਦਾ ਅਕਾਲ ਪੁਰਖੁ ਦੇ ਚਰਨਾਂ ਵਿਚ ਸਥਿਰ ਟਿਕਾਣਾ ਬਣਿਆ ਰਹਿੰਦਾ ਹੈ ਤੇ ਉਸ ਨੂੰ ਅਜੇਹਾ ਟਿਕਾਣਾ ਚੰਗਾ

ਲੱਗਦਾ ਹੈ। ਆਤਮਕ ਅਡੋਲਤਾ ਵਿਚ ਟਿਕ ਕੇ ਹੀ ਉਹ ਆਪਣੇ ਅੰਦਰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਦਾ ਸਬਦ ਗਾਇਨ ਕਰਦਾ ਰਹਿੰਦਾ ਹੈ। ਆਤਮਕ ਅਡੋਲਤਾ ਦੇ ਕਾਰਨ ਹੀ ਉਸ ਦੇ ਅੰਦਰ ਆਤਮਕ ਆਨੰਦ ਦੀ ਸੁਹਾਵਣੀ ਰੁਤ ਬਣੀ ਰਹਿੰਦੀ ਹੈ। ਉਸ ਦੇ ਹਿਰਦੇ ਵਿਚ ਅਕਾਲ ਪੁਰਖੁ ਸਦਾ ਪਰਗਟ ਹੁੰਦਾ ਰਹਿੰਦਾ ਹੈ। ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਕਿਰਪਾ ਹੁੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਗੁਰੂ ਦੀ ਬਖਸ਼ਸ਼ ਨਾਲ ਉਸ ਨੂੰ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਮਿਲ ਜਾਂਦਾ ਹੈ, ਤੇ ਮਨੁੱਖ ਆਤਮਕ ਅਡੋਲਤਾ ਵਿਚ ਰਹਿੰਦਾ ਹੋਇਆ, ਉਸ ਸੱਚ ਨੂੰ ਆਪਣਾ ਧਰਮ ਬਣਾ ਲੈਂਦਾ ਹੈ। ਪਰੰਤੂ ਇਹ ਸਹਜ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ। ਜਿਸ ਮਨੁੱਖ ਦੇ ਅੰਦਰ ਇਹ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਉਹੀ ਮਨੁੱਖ ਇਸ ਨੂੰ ਸਮਝ ਸਕਦਾ ਹੈ। ਗੁਰੂ ਸਾਹਿਬ ਬੇਨਤੀ ਕਰਕੇ ਸਮਝਾਂਦੇ ਹਨ ਕਿ ਦਾਸ ਨਾਨਕ ਅਜੇਹੇ ਵਡਭਾਗੀ ਮਨੁੱਖ ਤੋਂ ਕੁਰਬਾਨ ਜਾਂਦਾ ਹੈ, ਜਿਨ੍ਹਾਂ ਨੇ ਸਬਦ ਦੀ ਸਹਾਇਤਾ ਨਾਲ ਆਪਣੇ ਅੰਦਰ ਆਤਮਕ ਅਡੋਲਤਾ ਕਾਇਮ ਕਰ ਲਈ ਹੈ।

*ਗਉੜੀ ਮਹਲਾ ੫ ॥ ਗੁਰ ਕਾ ਸਬਦੁ ਰਿਦ ਅੰਤਰਿ ਧਾਰੈ ॥ ਪੰਚ ਜਨਾ ਸਿਉ ਸੰਗੁ ਨਿਵਾਰੈ ॥ ਦਸ ਇੰਦ੍ਰੀ ਕਰਿ ਰਾਖੈ ਵਾਸਿ ॥ ਤਾ ਕੈ ਆਤਮੈ ਹੋਇ ਪਰਗਾਸੁ ॥੧॥* ***ਐਸੀ ਦ੍ਰਿੜਤਾ ਤਾ ਕੈ ਹੋਇ ॥ ਜਾ ਕਉ ਦਇਆ ਮਇਆ ਪ੍ਰਭ ਸੋਇ ॥੧॥ ਰਹਾਉ ॥ ਸਾਜਨੁ ਦੁਸਟੁ ਜਾ ਕੈ ਏਕ ਸਮਾਨੈ ॥ ਜੇਤਾ ਬੋਲਣੁ ਤੇਤਾ ਗਿਆਨੈ ॥ ਜੇਤਾ ਸੁਨਣਾ ਤੇਤਾ ਨਾਮੁ ॥ ਜੇਤਾ ਪੇਖਨੁ ਤੇਤਾ ਧਿਆਨੁ ॥੨॥ ਸਹਜੇ ਜਾਗਣੁ ਸਹਜੇ ਸੋਇ ॥ ਸਹਜੇ ਹੋਤਾ ਜਾਇ ਸੁ ਹੋਇ ॥ ਸਹਜਿ ਬੈਰਾਗੁ ਸਹਜੇ ਹੀ ਹਸਨਾ ॥ ਸਹਜੇ ਚੂਪ ਸਹਜੇ ਹੀ ਜਪਨਾ ॥੩॥ ਸਹਜੇ ਭੋਜਨੁ ਸਹਜੇ ਭਾਉ ॥ ਸਹਜੇ ਮਿਟਿਓ ਸਗਲ ਦੁਰਾਉ ॥ ਸਹਜੇ ਹੋਆ ਸਾਧੂ ਸੰਗੁ ॥ ਸਹਜਿ ਮਿਲਿਓ ਪਾਰਬ੍ਰਹਮੁ ਨਿਸੰਗੁ ॥੪॥ ਸਹਜੇ ਗ੍ਰਿਹ ਮਹਿ ਸਹਜਿ ਉਦਾਸੀ ॥ ਸਹਜੇ ਦੁਬਿਧਾ ਤਨ ਕੀ ਨਾਸੀ ॥ ਜਾ ਕੈ ਸਹਜਿ ਮਨਿ ਭਇਆ ਅਨੰਦੁ ॥ ਤਾ ਕਉ ਭੇਟਿਆ ਪਰਮਾਨੰਦੁ ॥੫॥ ਸਹਜੇ ਅੰਮ੍ਰਿਤੁ ਪੀਓ ਨਾਮੁ ॥ ਸਹਜੇ ਕੀਨੋ ਜੀਅ ਕੋ ਦਾਨੁ ॥ ਸਹਜ ਕਥਾ ਮਹਿ ਆਤਮੁ ਰਸਿਆ ॥ ਤਾ ਕੈ ਸੰਗਿ ਅਬਿਨਾਸੀ ਵਸਿਆ ॥੬॥*** *ਸਹਜੇ ਆਸਣੁ ਅਸਥਿਰੁ ਭਾਇਆ ॥ ਸਹਜੇ ਅਨਹਤ ਸਬਦੁ ਵਜਾਇਆ ॥ ਸਹਜੇ ਰੁਣ ਝੁਣਕਾਰੁ ਸੁਹਾਇਆ ॥ ਤਾ ਕੈ ਘਰਿ ਪਾਰਬ੍ਰਹਮੁ ਸਮਾਇਆ ॥੭॥ ਸਹਜੇ ਜਾ ਕਉ ਪਰਿਓ ਕਰਮਾ ॥ ਸਹਜੇ ਗੁਰੁ ਭੇਟਿਓ ਸਚੁ ਧਰਮਾ ॥ ਜਾ ਕੈ ਸਹਜੁ ਭਇਆ ਸੋ ਜਾਣੈ ॥ ਨਾਨਕ ਦਾਸ ਤਾ ਕੈ ਕੁਰਬਾਣੈ ॥੮॥੩॥ (੨੩੬-੨੩੭)*

ਜਿਹੜੇ ਮਨੁੱਖ ਅਕਾਲ ਪੁਰਖੁ ਦੇ ਪ੍ਰੇਮ ਵਿਚ ਰੰਗੇ ਹੁੰਦੇ ਹਨ, ਉਹ ਉਸ ਦਾ ਨਾਮੁ ਯਾਦ ਕਰਦੇ ਰਹਿੰਦੇ ਹਨ। ਉਸ ਇੱਕ ਅਕਾਲ ਪੁਰਖੁ ਨੂੰ ਧਿਆਉਂਦੇ ਹਨ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਤੇ ਹਰ ਥਾਂ ਵਿਆਪਕ ਹੈ। ਜਿਹੜੇ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦੇ ਹਨ, ਅਕਾਲ ਪੁਰਖੁ ਉਨ੍ਹਾਂ ਦੇ ਸਾਰੇ ਡਰ ਦੂਰ ਕਰ ਦਿੰਦਾ ਹੈ। ਪਰੰਤੂ ਉਹੀ ਗੁਰਮੁਖ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵਸਾਂਦਾ ਹੈ, ਜਿਸ ਨੂੰ ਅਕਾਲ ਪੁਰਖੁ ਆਪ ਗੁਰੂ ਦੀ ਮਤਿ ਦੁਆਰਾ ਇਹ ਦਾਤ ਬਖਸ਼ਦਾ ਹੈ। ਜਿਹੜਾ ਮਨੁੱਖ ਸਤਿਗੁਰੁ ਦੇ ਸਨਮੁਖ ਹੁੰਦਾ ਹੈ, ਉਹ ਆਤਮਕ ਅਡੋਲਤਾ ਵਿਚ ਹੀ ਜਾਗਦਾ ਹੈ ਤੇ ਆਤਮਕ ਅਡੋਲਤਾ ਵਿਚ ਹੀ ਸੌਂਦਾ ਹੈ, ਭਾਵ, ਜਾਗਦਿਆਂ ਤੇ ਸੁੱਤਿਆਂ ਹਮੇਸ਼ਾਂ ਅਕਾਲ ਪੁਰਖੁ ਵਿਚ ਲੀਨ ਰਹਿੰਦਾ ਹੈ, ਤੇ ਹਰ ਵੇਲੇ ਅਕਾਲ ਪੁਰਖੁ ਦੀ ਉਸਤਤ ਕਰਦਾ ਰਹਿੰਦਾ ਹੈ। ਮਨਮੁਖ ਭਰਮਾਂ ਵਿਚ ਭਟਕਦਾ ਰਹਿੰਦਾ ਹੈ, ਕਿਉਂਕਿ ਉਸ ਦੇ ਮਨ ਵਿਚ ਕਿਸੇ ਨਾ ਕਿਸੇ ਤਰ੍ਹਾਂ ਦਾ ਸ਼ੰਕਾ ਹਮੇਸ਼ਾਂ ਰਹਿੰਦਾ ਹੈ। ਮਨ ਵਿਚ ਚਿੰਤਾ ਹੋਣ ਕਰ ਕੇ ਉਹ ਕਦੇ ਵੀ ਸੁਖ ਦੀ ਨੀਂਦ ਨਹੀਂ ਸੌਂ ਸਕਦਾ। ਅਕਾਲ ਪੁਰਖੁ ਨਾਲ ਡੂੰਘੀ ਸਾਂਝ ਰੱਖਣ ਵਾਲੇ ਬੰਦੇ ਉਸ ਦੇ ਪਿਆਰ ਵਿਚ ਹੀ ਜਾਗਦੇ ਤੇ ਪਿਆਰ ਵਿਚ ਹੀ ਸੌਂਦੇ ਹਨ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਅਕਾਲ ਪੁਰਖੁ ਦੇ ਨਾਮੁ ਵਿਚ ਰੰਗੇ ਹੋਏ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ, ਜਿਹੜੇ ਭਾਂਵੇ ਜਾਗਦੇ ਹੋਣ ਜਾਂ ਸੁੱਤੇ, ਹਮੇਸ਼ਾਂ ਇਕ ਰਸ ਹੋ ਕੇ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਰਹਿੰਦੇ ਹਨ।

*ਮਃ ੩ ॥* ***ਸਹਜੇ ਜਾਗੈ ਸਹਜੇ ਸੋਵੈ ॥ ਗੁਰਮੁਖਿ ਅਨਦਿਨੁ ਉਸਤਤਿ ਹੋਵੈ ॥ ਮਨਮੁਖਾ ਭਰਮੈ ਸਹਸਾ ਹੋਵੈ ॥ ਅੰਤਰਿ ਚਿੰਤਾ ਨੀਦ ਨ ਸੋਵੈ ॥ ਗਿਆਨੀ ਜਾਗਹਿ ਸਵਹਿ ਸੁਭਾਇ ॥ ਨਾਨਕ ਨਾਮਿ ਰਤਿਆ ਬਲਿ ਜਾਉ*** *॥੨॥ (੬੪੬)*

ਇਸ ਜਗਤ ਵਿਚ ਜੋ ਕੁਝ ਵੀ ਹੁੰਦਾ ਹੈ, ਉਹ ਸਭ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਹੀ ਹੁੰਦਾ ਹੈ। ਅਕਾਲ ਪੁਰਖੁ ਜੋ ਕੁਝ ਵੀ ਸਾਨੂੰ ਦਿੰਦਾ ਹੈ, ਅਸੀਂ ਉਹੀ ਕੁਝ ਪ੍ਰਾਪਤ ਕਰਦੇ ਹਾਂ। ਜਿਸ ਮਨੁੱਖ ਨੂੰ ਅਕਾਲ ਪੁਰਖੁ ਆਪ ਸੂਝ ਬਖ਼ਸ਼ਦਾ ਹੈ, ਉਹ ਮਨੁੱਖ ਜੀਵਨ ਦਾ ਸਹੀ ਰਸਤਾ ਸਮਝ ਸਕਦਾ ਹੈ। ਫਿਰ ਅਜੇਹਾ ਮਨੁੱਖ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਤੇ ਹੋਰਨਾਂ ਨੂੰ ਵੀ ਉਚਾਰ ਕੇ ਸੁਣਾਂਦਾ ਰਹਿੰਦਾ ਹੈ। ਜਿਸ ਮਨੁੱਖ ਨੇ ਗੁਰੂ ਦੀ ਸੇਵਾ ਕੀਤੀ, ਭਾਵ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਵੀਚਾਰਿਆ ਹੈ, ਉਸ ਨੇ ਜੀਵਨ ਵਿਚ ਸੁਖ ਪ੍ਰਾਪਤ ਕਰ ਲਿਆ। ਫਿਰ ਅਜੇਹਾ ਮਨੁੱਖ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਹੋ ਜਾਂਦਾ ਹੈ।

***ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥੩॥*** *(੧੧-੧੨)*

ਅਕਾਲ ਪੁਰਖੁ ਦਾ ਨਾਮੁ ਸੁਖਾਂ ਦਾ ਸਮੁੰਦਰ ਹੈ, ਪਰ ਇਹ ਨਾਮੁ ਗੁਰੂ ਦੀ ਸਰਨ ਵਿਚ ਆਉਣ ਨਾਲ ਹੀ ਮਿਲਦਾ ਹੈ। ਅਕਾਲ ਪੁਰਖੁ ਦਾ ਨਾਮੁ ਹਰ ਵੇਲੇ ਚੇਤੇ ਕਰਨਾ ਚਾਹੀਦਾ ਹੈ, ਕਿਉਂਕਿ ਅਕਾਲ ਪੁਰਖੁ ਦਾ ਨਾਮੁ ਆਤਮਕ ਅਡੋਲਤਾ ਵਿਚ ਟਿਕੇ

ਰਹਿੰਣ ਨਾਲ ਹੀ ਹਿਰਦੇ ਵਿਚ ਸਮਾ ਸਕਦਾ ਹੈ। ਜੀਭ ਨਾਲ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਨਾਲ ਹਿਰਦਾ, ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਨਾਲ ਇਕ ਮਿਕ ਹੋ ਸਕਦਾ ਹੈ। ਇਸ ਜਗਤ ਦੇ ਲੋਕ ਅਕਾਲ ਪੁਰਖੁ ਨੂੰ ਭੁਲਾ ਕੇ, ਮਾਇਆ ਨਾਲ ਪਿਆਰ ਪਾਉਂਣ ਕਰਕੇ ਦੁਖੀ ਹੋ ਰਹੇ ਹਨ। ਗੁਰੂ ਸਾਹਿਬ ਸਮਝਾਂਦੇ ਹਨ ਕਿ ਐ ਮਨੁੱਖ ਜੇਕਰ ਤੂੰ ਸੁਖ ਪ੍ਰਾਪਤ ਕਰਨਾ ਚਾਹੁੰਦਾ ਹੈ ਤਾਂ ਸਬਦ ਗੁਰੂ ਦੀ ਸਰਨ ਵਿਚ ਆ ਕੇ ਹਰ ਰੋਜ਼ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਿਆ ਕਰ, ਕਿਉਂਕਿ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗ ਸਕਦੀ, ਜਿਸ ਸਦਕਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨ ਵਾਲੇ ਮਨੁੱਖ ਦਾ ਮਨ ਵੀ ਪਵਿਤਰ ਹੋ ਜਾਂਦਾ ਹੈ। ਜਿਹੜਾ ਮਨੁੱਖ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਨਾਲ ਸਾਂਝ ਪਾ ਲੈਂਦਾ ਹੈ, ਉਹ ਆਪਣੇ ਅੰਦਰੋਂ ਗੁਰੂ ਦੇ ਗਿਆਨ ਨਾਲ ਅਗਿਆਨਤਾ ਦਾ ਹਨੇਰਾ ਦੂਰ ਕਰ ਲੈਂਦਾ ਹੈ।

*ਸਿਰੀਰਾਗੁ ਮਹਲਾ ੩ ॥ ਸੁਖ ਸਾਗਰੁ ਹਰਿ ਨਾਮੁ ਹੈ ਗੁਰਮੁਖਿ ਪਾਇਆ ਜਾਇ ॥ ਅਨਦਿਨੁ ਨਾਮੁ ਧਿਆਈਐ ਸਹਜੇ ਨਾਮਿ ਸਮਾਇ ॥ ਅੰਦਰੁ ਰਚੈ ਹਰਿ ਸਚ ਸਿਉ ਰਸਨਾ ਹਰਿ ਗੁਣ ਗਾਇ ॥੧॥ ਭਾਈ ਰੇ ਜਗੁ ਦੁਖੀਆ ਦੂਜੈ ਭਾਇ ॥ ਗੁਰ ਸਰਣਾਈ ਸੁਖੁ ਲਹਹਿ ਅਨਦਿਨੁ ਨਾਮੁ ਧਿਆਇ ॥੧॥ ਰਹਾਉ ॥ (੨੯)*

ਸਾਰੀ ਸ੍ਰਿਸ਼ਟੀ ਦੇ ਲੋਕ ਮਨ ਦੀ ਸ਼ਾਂਤੀ ਲਈ ਤਰਸਦੇ ਹਨ, ਪਰੰਤੂ ਗੁਰੂ ਦੀ ਸਰਨ ਵਿਚ ਆਣ ਤੋਂ ਬਿਨਾ ਇਹ ਸਹਜ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ। ਪੰਡਿਤ ਤੇ ਜੋਤਸ਼ੀ ਸਾਸ਼ਤ੍ਰ ਆਦਿਕ ਧਰਮਿਕ ਪੁਸਤਕਾਂ ਪੜ੍ਹ ਪੜ੍ਹ ਕੇ ਥੱਕ ਗਏ, ਪਰੰਤੂ ਸਹਜ ਅਵਸਥਾ ਪ੍ਰਾਪਤ ਨਾ ਕਰ ਸਕੇ, ਤਰ੍ਹਾਂ ਤਰ੍ਹਾਂ ਦੇ ਭੇਖ ਕਰਨ ਵਾਲੇ ਸਾਧੂ ਵੀ ਭਟਕਦੇ ਤੇ ਕੁਰਾਹੇ ਪਏ ਰਹੇ, ਪਰੰਤੂ ਉਹ ਵੀ ਸਹਜ ਅਵਸਥਾ ਨਾ ਪ੍ਰਾਪਤ ਕਰ ਸਕੇ। ਜਿਨ੍ਹਾਂ ਉੱਤੇ ਅਕਾਲ ਪੁਰਖੁ ਆਪਣੀ ਰਜ਼ਾ ਅਨੁਸਾਰ ਕਿਰਪਾ ਕਰਦਾ ਹੈ, ਉਹ ਗੁਰੂ ਨੂੰ ਮਿਲ ਕੇ ਸਹਜ ਅਵਸਥਾ ਪ੍ਰਾਪਤ ਕਰ ਲੈਂਦੇ ਹਨ। ਇਹ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਗੁਰੂ ਦੀ ਸਰਨ ਵਿਚ ਆਣ ਤੋਂ ਬਿਨਾ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਪੈਦਾ ਨਹੀਂ ਹੋ ਸਕਦੀ। ਗੁਰੂ ਦੇ ਸ਼ਬਦ ਵਿਚ ਜੁੜਨ ਨਾਲ ਹੀ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਤੇ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦਾ ਮਿਲਾਪ ਹੋ ਜਾਂਦਾ ਹੈ। ਅਕਾਲ ਪੁਰਖੁ ਦੇ ਗੁਣਾਂ ਦਾ ਕੀਰਤਨ ਕਰਨਾ ਤਾਂ ਹੀ ਪਰਵਾਨ ਹੁੰਦਾ ਹੈ, ਜੇ ਆਤਮਕ ਅਡੋਲਤਾ ਵਿਚ ਟਿਕ ਕੇ ਕੀਤਾ ਜਾਏ। ਆਤਮਕ ਅਡੋਲਤਾ ਤੋਂ ਬਿਨਾ ਧਾਰਮਿਕ ਗੱਲਾਂ ਦਾ ਕਹਿਣਾ ਵਿਅਰਥ ਚਲਾ ਜਾਂਦਾ ਹੈ। ਆਤਮਕ ਅਡੋਲਤਾ ਵਿਚ ਟਿਕਿਆਂ ਹੀ ਮਨੁੱਖ ਦੇ ਅੰਦਰ ਅਕਾਲ ਪੁਰਖੁ ਦੀ ਭਗਤੀ ਦਾ ਜਜ਼ਬਾ ਪੈਦਾ ਹੁੰਦਾ ਹੈ, ਆਤਮਕ ਅਡੋਲਤਾ ਦੁਆਰਾ ਹੀ ਮਨੁੱਖ ਅਕਾਲ ਪੁਰਖੁ ਦੇ ਪਿਆਰ ਵਿਚ ਟਿਕਦਾ ਹੈ, ਤੇ ਦੁਨੀਆ ਵਲੋਂ ਨਿਰਲੇਪ ਹੋ ਕੇ ਰਹਿੰਦਾ ਹੈ। ਆਤਮਕ ਅਡੋਲਤਾ ਨਾਲ ਹੀ ਆਤਮਕ ਆਨੰਦ ਤੇ ਸ਼ਾਂਤੀ ਪੈਦਾ ਹੁੰਦੀ ਹੈ, ਆਤਮਕ ਅਡੋਲਤਾ ਤੋਂ ਬਿਨਾ ਮਨੁੱਖ ਦੀ ਸਾਰੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ। ਇਸ ਲਈ ਆਤਮਕ ਅਡੋਲਤਾ ਵਿਚ ਟਿਕ ਕੇ ਤੇ ਆਤਮਕ ਅਡੋਲਤਾ ਵਿਚ ਲਿਵ ਲਾ ਕੇ ਹੀ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ। ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਹੈ, ਅਕਾਲ ਪੁਰਖੁ ਦੇ ਚਰਨਾਂ ਵਿਚ ਸੁਰਤਿ ਜੋੜ ਕੇ ਭਗਤੀ ਕਰਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਦੇ ਮਨ ਵਿਚ ਅਕਾਲ ਪੁਰਖੁ ਆ ਵੱਸਦਾ ਹੈ, ਤੇ ਉਸ ਦੀ ਜੀਭ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਚੱਖਦੀ ਰਹਿੰਦੀ ਹੈ। ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦੀ ਸਰਨ ਵਿਚ ਆ ਕੇ, ਤੇ ਆਤਮਕ ਅਡੋਲਤਾ ਵਿਚ ਟਿਕ ਕੇ ਜਿਨ੍ਹਾਂ ਨੇ ਮੌਤ ਦੇ ਡਰ ਨੂੰ ਦੂਰ ਕਰ ਲਿਆ, ਉਨ੍ਹਾਂ ਦੇ ਅੰਦਰ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ, ਕਿਉਂਕਿ ਇਹ ਸਦਾ ਨਾਲ ਨਿਭਣ ਵਾਲੀ ਕਾਰ ਹੈ। ਜਿਨ੍ਹਾਂ ਨੇ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰ ਲਿਆ, ਉਹ ਬੰਦੇ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਤੇ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ। ਮਾਇਆ ਦੇ ਮੋਹ ਵਿਚ ਫਸੇ ਹੋਏ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਪੈਦਾ ਨਹੀਂ ਹੋ ਸਕਦੀ, ਕਿਉਂਕਿ ਮਾਇਆ ਤਾਂ ਅਕਾਲ ਪੁਰਖੁ ਤੋਂ ਬਿਨਾ ਕਿਸੇ ਹੋਰ ਪਿਆਰ ਵਿਚ ਫਸਾਂਦੀ ਹੈ। ਮਨਮੁਖਾਂ ਵਾਲੇ ਅਜੇਹੇ ਕਰਮਾਂ ਕਰਕੇ, ਮਨੁੱਖ ਹਉਮੈ ਵਿਚ ਆਪਣੇ ਆਪ ਨੂੰ ਸਾੜਦਾ ਰਹਿੰਦਾ ਹੈ, ਤੇ ਦੂਸਰਿਆਂ ਨੂੰ ਵੀ ਸਾੜਨ ਦੀ ਕੋਸ਼ਿਸ਼ ਕਰਦਾ ਰਹਿੰਦਾ ਹੈ। ਉਸ ਦਾ ਜਨਮ ਮਰਨ ਦਾ ਗੇੜ ਕਦੇ ਮੁੱਕਦਾ ਨਹੀਂ, ਤੇ ਉਹ ਮੁੜ ਮੁੜ ਵਿਕਾਰਾਂ ਕਰਕੇ ਜੰਮਦਾ ਮਰਦਾ ਰਹਿੰਦਾ ਹੈ। ਮਾਇਆ ਦੇ ਮੋਹ ਵਿਚ ਫਸੇ ਰਹਿਣ ਨਾਲ ਆਤਮਕ ਅਡੋਲਤਾ ਪੈਦਾ ਨਹੀਂ ਹੁੰਦੀ, ਤੇ ਮਾਇਆ ਦੇ ਤਿੰਨ ਗੁਣਾਂ ਕਰਕੇ ਜੀਵ ਭਰਮਾਂ ਵਿਚ ਫਸਿਆ ਰਹਿੰਦਾ ਹੈ, ਭਟਕਦਾ ਰਹਿੰਦਾ ਹੈ, ਤੇ ਕੁਰਾਹੇ ਪਿਆ ਰਹਿੰਦਾ ਹੈ। ਅਜੇਹੀ ਹਾਲਤ ਵਿਚ ਧਾਰਮਿਕ ਪੁਸਤਕਾਂ ਨੂੰ ਪੜ੍ਹਨ, ਵਿਚਾਰਨ ਜਾਂ ਹੋਰਨਾਂ ਨੂੰ ਸੁਣਾਣ ਨਾਲ ਕੋਈ ਲਾਭ ਨਹੀਂ ਹੁੰਦਾ, ਕਿਉਂਕਿ ਜੀਵ ਆਪਣੇ ਮੂਲ ਅਕਾਲ ਪੁਰਖੁ ਤੋਂ ਵਿਛੜ ਕੇ ਗ਼ਲਤ ਰਾਹ ਤੇ ਤੁਰਦਾ ਰਹਿੰਦਾ ਹੈ। ਮਾਇਆ ਦੇ ਤਿੰਨ ਗੁਣਾਂ ਤੋਂ ਲੰਘ ਕੇ ਚੌਥੀ ਆਤਮਕ ਅਵਸਥਾ ਵਿਚ ਪਹੁੰਚਣ ਨਾਲ ਹੀ ਮਨ ਵਿਚ ਸ਼ਾਂਤੀ ਪੈਦਾ ਹੁੰਦੀ ਹੈ, ਤੇ ਇਹ ਆਤਮਕ ਅਵਸਥਾ ਗੁਰੂ ਦੀ ਸਰਨ ਪਿਆਂ ਹੀ ਪ੍ਰਾਪਤ ਹੋ ਸਕਦੀ ਹੈ। ਤਿੰਨ ਗੁਣਾਂ ਤੋਂ ਨਿਰਲੇਪ ਅਕਾਲ ਪੁਰਖੁ ਦਾ ਨਾਮੁ ਸਭ ਪਦਾਰਥਾਂ ਦਾ ਖ਼ਜ਼ਾਨਾ ਹੈ, ਤੇ ਆਤਮਕ ਅਡੋਲਤਾ ਵਿਚ ਪਹੁੰਚਿਆਂ ਹੀ ਇਸ ਦੀ ਸਮਝ ਆਉਂਦੀ ਹੈ। ਗੁਣਾਂ ਵਾਲੇ ਗੁਰਮੁਖ ਹੀ ਉਸ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਹਨ, ਤੇ ਜਿਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਹਨ, ਉਹ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਰੂਪ ਹੀ ਹੋ ਜਾਂਦੇ ਹਨ। ਅਕਾਲ ਪੁਰਖੁ ਇਤਨਾ ਦਇਆਲ ਹੈ, ਕਿ ਜੇਕਰ ਕੁਰਾਹੇ ਪਇਆ ਹੋਇਆ ਬੰਦਾ ਉਸ ਦੀ ਸਰਨ ਵਿਚ ਆ ਜਾਏ, ਤਾਂ ਕੁਰਾਹੇ ਪਏ ਹੋਏ ਬੰਦੇ ਨੂੰ ਵੀ ਅਕਾਲ ਪੁਰਖੁ ਆਤਮਕ ਅਡੋਲਤਾ ਵਿਚ ਜੋੜ

ਦਿੰਦਾ ਹੈ ਤੇ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਦਾ ਅਕਾਲ ਪੁਰਖੁ ਨਾਲ ਮਿਲਾਪ ਹੋ ਜਾਂਦਾ ਹੈ। ਮਨ ਦੀ ਸ਼ਾਂਤੀ ਤੋਂ ਬਿਨਾ ਸਾਰਾ ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ, ਜਗਤ ਉੱਤੇ ਮਾਇਆ ਦੇ ਮੋਹ ਦਾ ਘੁੱਪ ਹਨੇਰਾ ਛਾਇਆ ਰਹਿੰਦਾ ਹੈ। ਜਿਸ ਮਨੁੱਖ ਨੂੰ ਆਤਮਕ ਅਡੋਲਤਾ ਵਿਚ ਜੁੜ ਕੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣਾਂ ਬਾਰੇ ਸੋਝੀ ਮਿਲ ਜਾਂਦੀ ਹੈ, ਉਹ ਮਨੁੱਖ ਉਸ ਅਪਾਰ ਅਕਾਲ ਪੁਰਖੁ ਵਿਚ ਆਪਣੀ ਸੁਰਤਿ ਜੋੜੀ ਰੱਖਦਾ ਹੈ। ਅਜੇਹੇ ਭਾਗਾਂ ਵਾਲੇ ਬੰਦਿਆਂ ਨੂੰ ਅਕਾਲ ਪੁਰਖੁ ਆਪਣੀ ਮਿਹਰ ਕਰਕੇ ਪੂਰੇ ਗੁਰੂ ਦੁਆਰਾ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ। ਆਤਮਕ ਅਡੋਲਤਾ ਵਿਚ ਪਹੁੰਚ ਕੇ ਮਨੁੱਖ ਉਸ ਅਕਾਲ ਪੁਰਖੁ ਨੂੰ ਪਛਾਨਣ ਲਗ ਜਾਂਦਾ ਹੈ, ਜੋ ਇਨ੍ਹਾਂ ਦੁਨਿਆਵੀ ਅੱਖਾਂ ਨਾਲ ਵਿਖਾਈ ਨਹੀਂ ਦਿੰਦਾ, ਜਿਸ ਨੂੰ ਕਿਸੇ ਦਾ ਡਰ ਨਹੀਂ, ਜੋ ਨਿਰਾ ਚਾਨਣ ਹੀ ਚਾਨਣ ਹੈ ਤੇ ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ। ਉਹੀ ਅਕਾਲ ਪੁਰਖੁ ਸਾਰੇ ਜੀਵਾਂ ਨੂੰ ਕਈ ਤਰ੍ਹਾਂ ਦੀਆਂ ਦਾਤਾਂ ਦੇਣ ਵਾਲਾ ਹੈ, ਤੇ ਸਭ ਦੀ ਜੋਤਿ ਨੂੰ ਆਪਣੀ ਜੋਤਿ ਵਿਚ ਮਿਲਾਣ ਦੀ ਸਮਰੱਥਾ ਰੱਖਦਾ ਹੈ। ਪੂਰੇ ਗੁਰੂ ਦੇ ਸ਼ਬਦ ਦੁਆਰਾ ਉਸ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦਾ ਉਰਲਾ ਤੇ ਪਰਲਾ ਬੰਨਾ ਨਹੀਂ ਲੱਭਿਆ ਜਾ ਸਕਦਾ। ਜਿਹੜੇ ਮਨੁੱਖ ਅਕਾਲ ਪੁਰਖੁ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ, ਅਕਾਲ ਪੁਰਖੁ ਦਾ ਨਾਮੁ ਉਨ੍ਹਾਂ ਦਾ ਅਸਲ ਧਨ ਬਣ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਇਸ ਨਾਮੁ ਰੂਪੀ ਧਨ ਦਾ ਵਪਾਰ ਕਰਦੇ ਰਹਿੰਦੇ ਹਨ। ਉਹ ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਸਿਮਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਲਾਭ ਖੱਟਦੇ ਰਹਿੰਦੇ ਹਨ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਧਨ ਨਾਲ ਭਰੇ ਹੋਏ ਖ਼ਜ਼ਾਨੇ ਕਦੇ ਵੀ ਮੁੱਕਦੇ ਨਹੀਂ ਹਨ। ਇਹ ਨਾਮੁ ਧਨ ਦੇ ਖ਼ਜ਼ਾਨੇ ਦੇਣ ਵਾਲੇ ਅਕਾਲ ਪੁਰਖੁ ਨੇ ਜਿਹੜੇ ਖ਼ਜ਼ਾਨੇ ਆਪ ਉਨ੍ਹਾਂ ਗੁਰਮੁਖਾਂ ਨੂੰ ਦਿੱਤੇ ਹੋਏ ਹਨ, ਉਨ੍ਹਾਂ ਖਜਾਨਿਆਂ ਵਿਚ ਕਦੇ ਵੀ ਕਿਸੇ ਤਰ੍ਹਾਂ ਦੀ ਕੋਈ ਤੋਟ ਨਹੀਂ ਅਉਂਦੀ।

*ਸਿਰੀਰਾਗੁ ਮਹਲਾ ੩ ॥* ***ਸਹਜੈ ਨੋ ਸਭ ਲੋਚਦੀ ਬਿਨੁ ਗੁਰ ਪਾਇਆ ਨ ਜਾਇ ॥ ਪੜਿ ਪੜਿ ਪੰਡਿਤ ਜੋਤਕੀ ਥਕੇ ਭੇਖੀ ਭਰਮਿ ਭੁਲਾਇ ॥ ਗੁਰ ਭੇਟੇ ਸਹਜੁ ਪਾਇਆ ਆਪਣੀ ਕਿਰਪਾ ਕਰੇ ਰਜਾਇ*** *॥੧॥* ***ਭਾਈ ਰੇ ਗੁਰ ਬਿਨੁ ਸਹਜੁ ਨ ਹੋਇ ॥ ਸਬਦੈ ਹੀ ਤੇ ਸਹਜੁ ਊਪਜੈ ਹਰਿ ਪਾਇਆ ਸਚੁ ਸੋਇ ॥੧॥ ਰਹਾਉ*** *॥* ***ਸਹਜੇ ਗਾਵਿਆ ਥਾਇ ਪਵੈ ਬਿਨੁ ਸਹਜੈ ਕਥਨੀ ਬਾਦਿ ॥ ਸਹਜੇ ਹੀ ਭਗਤਿ ਊਪਜੈ ਸਹਜਿ ਪਿਆਰਿ ਬੈਰਾਗਿ ॥ ਸਹਜੈ ਹੀ ਤੇ ਸੁਖ ਸਾਤਿ ਹੋਇ ਬਿਨੁ ਸਹਜੈ ਜੀਵਣੁ ਬਾਦਿ*** *॥੨॥* ***ਸਹਜਿ ਸਾਲਾਹੀ ਸਦਾ ਸਦਾ ਸਹਜਿ ਸਮਾਧਿ ਲਗਾਇ ॥ ਸਹਜੇ ਹੀ ਗੁਣ ਊਚਰੈ ਭਗਤਿ ਕਰੇ ਲਿਵ ਲਾਇ ॥ ਸਬਦੇ ਹੀ ਹਰਿ ਮਨਿ ਵਸੈ ਰਸਨਾ ਹਰਿ ਰਸੁ ਖਾਇ*** *॥੩॥ ਸਹਜੇ ਕਾਲੁ ਵਿਡਾਰਿਆ ਸਚ ਸਰਣਾਈ ਪਾਇ ॥ ਸਹਜੇ ਹਰਿ ਨਾਮੁ ਮਨਿ ਵਸਿਆ ਸਚੀ ਕਾਰ ਕਮਾਇ ॥ ਸੇ ਵਡਭਾਗੀ ਜਿਨੀ ਪਾਇਆ ਸਹਜੇ ਰਹੇ ਸਮਾਇ ॥੪॥* ***ਮਾਇਆ ਵਿਚਿ ਸਹਜੁ ਨ ਊਪਜੈ ਮਾਇਆ ਦੂਜੈ ਭਾਇ ॥ ਮਨਮੁਖ ਕਰਮ ਕਮਾਵਣੇ ਹਉਮੈ ਜਲੈ ਜਲਾਇ ॥ ਜੰਮਣੁ ਮਰਣੁ ਨ ਚੂਕਈ ਫਿਰਿ ਫਿਰਿ ਆਵੈ ਜਾਇ ॥*** *੫॥ ਤ੍ਰਿਹੁ ਗੁਣਾ ਵਿਚਿ ਸਹਜੁ ਨ ਪਾਈਐ ਤ੍ਰੈ ਗੁਣ ਭਰਮਿ ਭੁਲਾਇ ॥ ਪੜੀਐ ਗੁਣੀਐ ਕਿਆ ਕਥੀਐ ਜਾ ਮੁੰਢਹੁ ਘੁਥਾ ਜਾਇ ॥ ਚਉਥੇ ਪਦ ਮਹਿ ਸਹਜੁ ਹੈ ਗੁਰਮੁਖਿ ਪਲੈ ਪਾਇ ॥੬॥ ਨਿਰਗੁਣ ਨਾਮੁ ਨਿਧਾਨੁ ਹੈ ਸਹਜੇ ਸੋਝੀ ਹੋਇ ॥ ਗੁਣਵੰਤੀ ਸਾਲਾਹਿਆ ਸਚੇ ਸਚੀ ਸੋਇ ॥ ਭੁਲਿਆ ਸਹਜਿ ਮਿਲਾਇਸੀ ਸਬਦਿ ਮਿਲਾਵਾ ਹੋਇ ॥੭॥ ਬਿਨੁ ਸਹਜੈ ਸਭੁ ਅੰਧੁ ਹੈ ਮਾਇਆ ਮੋਹੁ ਗੁਬਾਰੁ ॥ ਸਹਜੇ ਹੀ ਸੋਝੀ ਪਈ ਸਚੈ ਸਬਦਿ ਅਪਾਰਿ ॥ ਆਪੇ ਬਖਸਿ ਮਿਲਾਇਅਨੁ ਪੂਰੇ ਗੁਰ ਕਰਤਾਰਿ ॥੮॥ ਸਹਜੇ ਅਦਿਸਟੁ ਪਛਾਣੀਐ ਨਿਰਭਉ ਜੋਤਿ ਨਿਰੰਕਾਰੁ ॥ ਸਭਨਾ ਜੀਆ ਕਾ ਇਕੁ ਦਾਤਾ ਜੋਤੀ ਜੋਤਿ ਮਿਲਾਵਣਹਾਰੁ ॥* ***ਪੂਰੈ ਸਬਦਿ ਸਲਾਹੀਐ ਜਿਸ ਦਾ ਅੰਤੁ ਨ ਪਾਰਾਵਾਰੁ*** *॥੯॥* ***ਗਿਆਨੀਆ ਕਾ ਧਨੁ ਨਾਮੁ ਹੈ ਸਹਜਿ ਕਰਹਿ ਵਾਪਾਰੁ ॥ ਅਨਦਿਨੁ ਲਾਹਾ ਹਰਿ ਨਾਮੁ ਲੈਨਿ ਅਖੁਟ ਭਰੇ ਭੰਡਾਰ ॥ ਨਾਨਕ ਤੋਟਿ ਨ ਆਵਈ ਦੀਏ ਦੇਵਣਹਾਰਿ*** *॥੧੦॥੬॥੨੩॥ (੬੮-੬੯)*

ਸਤਿਗੁਰੂ ਮਨ ਦੀਆਂ ਇੱਛਾਂ ਪੂਰੀਆਂ ਕਰਨ ਵਾਲਾ ਤੀਰਥ ਹੈ, ਪਰੰਤੂ ਇਹ ਸਮਝ ਉਸ ਮਨੁੱਖ ਨੂੰ ਆਉਂਦੀ ਹੈ, ਜਿਸ ਨੂੰ ਗੁਰੂ ਆਪ ਸਮਝਾਏ। ਫਿਰ ਮਨੁੱਖ ਜੋ ਚਾਹੁੰਦਾ ਹੈ, ਉਹ ਗੁਰੂ ਪਾਸੋਂ ਫਲ ਹਾਸਲ ਕਰ ਸਕਦਾ ਹੈ। ਪਰੰਤੂ ਇਹ ਧਿਆਨ ਵਿਚ ਰੱਖਣਾਂ ਹੈ, ਕਿ ਗੁਰੂ ਪਾਸੋਂ ਨਾਮੁ ਦੀ ਦਾਤ ਹੀ ਮੰਗਣੀ ਚਾਹੀਦੀ ਹੈ, ਕਿਉਂਕਿ ਨਾਮੁ ਵਿਚ ਜੁੜਿਆ ਹੀ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਸਕਦਾ ਹੈ। ਇਸ ਲਈ ਇਕਾਗਰ ਚਿੱਤ ਹੋ ਕੇ ਪ੍ਰੇਮ ਨਾਲ ਆਪਣੇ ਸਤਿਗੁਰੂ ਦੀ ਸਰਨ ਵਿਚ ਆਉਂਣਾ ਹੈ। ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਦੀ ਸਰਨ ਲੈ ਲਈ ਹੈ, ਉਨ੍ਹਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਦਾ ਰਸ ਸਮਾ ਜਾਂਦਾ ਹੈ, ਤੇ ਉਨ੍ਹਾਂ ਦੇ ਮਨ ਅੰਦਰੋਂ ਹੰਕਾਰ ਦੂਰ ਹੋ ਜਾਂਦਾ ਹੈ। ਪਰੰਤੂ ਜਗਤ ਵਿਚ ਅਜੇਹੇ ਬੰਦੇ ਵਿਰਲੇ ਹੀ ਹਨ, ਜਿਹੜੇ ਸਤਿਗੁਰੂ ਦੀ ਸਰਨ ਲੈਂਦੇ ਹਨ, ਤੇ ਹਉਮੈ ਨੂੰ ਮਾਰ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਟਿਕਾ ਲੈਂਦੇ ਹਨ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ, ਕਿ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਚੱਖ, ਤਾਂ ਜੋ ਤੇਰੀ ਮਾਇਆ ਲਈ ਤ੍ਰਿਸ਼ਨਾ ਦੂਰ ਹੋ ਜਾਵੇ। ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੇ ਨਾਮੁ ਦਾ ਰਸ ਚਖਿਆ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।

***ਮਨ ਮੇਰੇ ਹਰਿ ਰਸੁ ਚਾਖੁ ਤਿਖ ਜਾਇ ॥ ਜਿਨੀ ਗੁਰਮੁਖਿ ਚਾਖਿਆ ਸਹਜੇ ਰਹੇ ਸਮਾਇ ॥੧॥ ਰਹਾਉ ॥*** *(੨੬)*

ਜਗਤ ਵਿਚ ਮਾਇਆ ਦਾ ਮੋਹ ਪਸਰ ਰਿਹਾ ਹੈ, ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਅਜੇਹੀ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ, ਜਿੱਥੇ ਮਾਇਆ ਦੇ ਤਿੰਨ ਗੁਣਾਂ ਦਾ ਜ਼ੋਰ ਨਹੀਂ ਚਲ ਸਕਦਾ। **ਇਸ ਲਈ ਗੁਰੂ ਦੀ ਮਤਿ ਲੈ ਕੇ ਸਦਾ ਥਿਰ ਅਕਾਲ ਪੁਰਖੁ ਦੇ ਨਾਮੁ ਵਿਚ ਟਿਕੇ ਰਹਿਣਾਂ ਚਾਹੀਦਾ ਹੈ। ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਨਾਮੁ ਦੀ ਹੀ ਕਮਾਈ ਕਰਨੀ ਚਾਹੀਦੀ ਹੈ, ਤੇ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾਂ ਚਾਹੀਦਾ ਹੈ।** ਗੁਰੂ ਸਾਹਿਬ ਸਮਝਾਂਦੇ ਹਨ, ਕਿ ਮੈਂ ਉਨ੍ਹਾਂ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਅਕਾਲ ਪੁਰਖੁ ਦੇ ਨਾਮੁ ਦੀ ਕਦਰ ਸਮਝੀ। ਮੈਂ ਆਪਣਾ ਆਪ ਤਿਆਗ ਕੇ ਉਨ੍ਹਾਂ ਗੁਰਮੁਖਾਂ ਦੀ ਚਰਨੀਂ ਲਗਦਾ ਹਾਂ, ਤੇ ਉਨ੍ਹਾਂ ਦੇ ਪਿਆਰ ਅਨੁਸਾਰ ਹੋ ਕੇ ਜੀਵਨ ਵਿਚ ਵਿਚਰਦਾ ਹਾਂ। ਅਜੇਹਾ ਮਨੁੱਖ ਆਤਮਕ ਅਡੋਲਤਾ ਦੁਆਰਾ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਹੋ ਜਾਂਦਾ ਹੈ, ਤੇ ਉਸ ਨੂੰ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਹੋ ਜਾਂਦਾ ਹੈ।

***ਭਾਈ ਰੇ ਗੁਰਮਤਿ ਸਾਚਿ ਰਹਾਉ ॥ ਸਾਚੋ ਸਾਚੁ ਕਮਾਵਣਾ ਸਾਚੈ ਸਬਦਿ ਮਿਲਾਉ ॥੧॥ ਰਹਾਉ ॥ ਜਿਨੀ ਨਾਮੁ ਪਛਾਣਿਆ ਤਿਨ ਵਿਟਹੁ ਬਲਿ ਜਾਉ ॥ ਆਪੁ ਛੋਡਿ ਚਰਣੀ ਲਗਾ ਚਲਾ ਤਿਨ ਕੈ ਭਾਇ ॥ ਲਾਹਾ ਹਰਿ ਹਰਿ ਨਾਮੁ ਮਿਲੈ ਸਹਜੇ ਨਾਮਿ ਸਮਾਇ ॥੨॥*** *(੩੦-੩੧)*

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਆਤਮਕ ਜੀਵਨ ਦੇਣ ਵਾਲੇ ਨਾਮੁ ਨੂੰ ਛੱਡ ਕੇ ਮਾਇਆ ਵਿਚ ਮਸਤ ਰਹਿੰਦੇ ਹਨ, ਤੇ ਮਾਇਆ ਦੀ ਖ਼ਾਤਰ ਹੋਰਨਾਂ ਦੀ ਸੇਵਾ ਤੇ ਖ਼ੁਸ਼ਾਮਦ ਕਰਦੇ ਰਹਿੰਦੇ ਹਨ। ਇਸ ਤਰ੍ਹਾਂ ਕਰਨ ਨਾਲ ਉਹ ਆਪਣੇ ਮਨੁੱਖਾ ਜੀਵਨ ਦਾ ਮੰਤਵ ਭੁਲ ਜਾਂਦੇ ਹਨ, ਤੇ ਉਨ੍ਹਾਂ ਨੂੰ ਇਹ ਵੀ ਨਹੀਂ ਸਮਝ ਆਂਉਂਦੀ ਕਿ ਅਜੇਹਾ ਕਰਨ ਨਾਲ ਉਨ੍ਹਾਂ ਦਾ ਜੀਵਨ ਦੁਖਾਂ ਵਿਚ ਬਤੀਤ ਹੋ ਰਿਹਾ ਹੈ। ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨਮੁਖ ਅਕਾਲ ਪੁਰਖੁ ਨੂੰ ਚੇਤੇ ਨਹੀਂ ਕਰਦੇ, ਤੇ ਬਿਨਾਂ ਪਾਣੀ ਤੋਂ ਹੀ ਡੁੱਬ ਮਰਦੇ ਹਨ। ਉਹ ਵਿਕਾਰਾਂ ਵਿਚ ਫਸ ਕੇ ਆਪਣੇ ਲਈ ਆਤਮਕ ਮੌਤ ਸਹੇੜ ਲੈਂਦੇ ਹਨ ਤੇ ਜੀਵਨ ਵਿਚ ਕੁਝ ਵੀ ਪ੍ਰਾਪਤ ਨਹੀਂ ਕਰਦੇ। ਜਿਹੜਾ ਮਨੁੱਖ ਸਤਿਗੁਰੂ ਦੀ ਬਾਣੀ ਅਨੁਸਾਰ ਦੱਸੀ ਗਈ ਸੇਵਾ ਕਰਦਾ ਹੈ, ਉਹ ਮਨ ਚਾਹੇ ਫਲ ਪ੍ਰਾਪਤ ਕਰ ਲੈਂਦਾ ਹੈ, ਉਸ ਦਾ ਸਰੀਰ ਪਵਿਤਰ ਹੋ ਜਾਂਦਾ ਹੈ, ਤੇ ਉਹ ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਸਦਾ ਅਕਾਲ ਪੁਰਖੁ ਦੀ ਸਰਨ ਵਿਚ ਰਹਿ ਕੇ ਉਸ ਨੂੰ ਯਾਦ ਕਰਦੇ ਰਹਿੰਣਾਂ ਹੈ। ਪਰੰਤੂ ਇਹ ਧਿਆਨ ਵਿਚ ਰੱਖਣਾਂ ਹੈ ਕਿ ਅਕਾਲ ਪੁਰਖੁ ਦੀ ਸਰਨ ਗੁਰੂ ਦੇ ਸ਼ਬਦ ਦੁਆਰਾ ਹੀ ਪ੍ਰਾਪਤ ਹੁੰਦੀ ਹੈ, ਤੇ ਜਦੋਂ ਗੁਰੂ ਦਾ ਸ਼ਬਦ ਹਿਰਦੇ ਵਿਚ ਵੱਸ ਜਾਂਦਾ ਹੈ, ਤਾਂ ਫਿਰ ਅਕਾਲ ਪੁਰਖੁ ਹਿਰਦੇ ਵਿਚੋਂ ਕਦੇ ਵੀ ਵਿਸਰਦਾ ਨਹੀਂ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਮੈਂ ਉਨ੍ਹਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜਿਹੜੇ ਸਤਿਗੁਰੂ ਦੀ ਸਰਨ ਵਿਚ ਆ ਜਾਂਦੇ ਹਨ। ਅਜੇਹੇ ਮਨੁੱਖਾਂ ਨੂੰ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਦਰ ਤੇ ਸਦਾ ਲਈ ਇੱਜ਼ਤ ਮਿਲ ਜਾਂਦੀ ਹੈ, ਆਤਮਕ ਅਡੋਲਤਾ ਕਰਕੇ ਉਹ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਸਮਾਏ ਰਹਿੰਦੇ ਹਨ। ਅਕਾਲ ਪੁਰਖੁ ਦੀ ਮਿਹਰ ਦੀ ਨਜ਼ਰ ਨਾਲ ਹੀ ਅਜੇਹੇ ਗੁਰਮੁਖਾਂ ਦੀ ਸੰਗਤ ਪ੍ਰਾਪਤ ਹੁੰਦੀ ਹੈ, ਤੇ ਅਕਾਲ ਪੁਰਖੁ ਨਾਲ ਮਿਲਾਪ ਹੋ ਜਾਂਦਾ ਹੈ।

***ਮਨ ਰੇ ਸਦਾ ਭਜਹੁ ਹਰਿ ਸਰਣਾਈ ॥ ਗੁਰ ਕਾ ਸਬਦੁ ਅੰਤਰਿ ਵਸੈ ਤਾ ਹਰਿ ਵਿਸਰਿ ਨ ਜਾਈ ॥੧॥ ਰਹਾਉ ॥*** *ਜੋ ਸਤਗੁਰ ਕੀ ਸਰਣਾਗਤੀ ਹਉ ਤਿਨ ਕੈ ਬਲਿ ਜਾਉ ॥* ***ਦਰਿ ਸਚੈ ਸਚੀ ਵਡਿਆਈ ਸਹਜੇ ਸਚਿ ਸਮਾਉ ॥ ਨਾਨਕ ਨਦਰੀ ਪਾਈਐ ਗੁਰਮੁਖਿ ਮੇਲਿ ਮਿਲਾਉ*** *॥੪॥੧੨॥੪੫॥ (੩੧)*

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਧਾਰਮਿਕ ਕੰਮ ਵਿਅਰਥ ਜਾਂਦੇ ਹਨ, ਕਿਉਂਕਿ ਵਿਖਾਵੇ ਵਾਲੇ ਧਾਰਮਿਕ ਕੰਮਾਂ ਨਾਲ ਅਕਾਲ ਪੁਰਖੁ ਦਾ ਨਾ ਤਾਂ ਦਰਵਾਜਾ ਵਿਖਾਈ ਦਿੰਦਾ ਹੈ ਤੇ ਨਾ ਹੀ ਅਕਾਲ ਪੁਰਖੁ ਆਪ ਵਿਖਾਈ ਦਿੰਦਾ ਹੈ। ਸਬਦ ਗੁਰੂ ਦੀ ਸਿਖਿਆ ਅਨੁਸਾਰ ਚਲਣ ਵਾਲੇ ਮਨੁੱਖ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਸਾਰਿਆਂ ਨਾਲ ਮਿੱਠੇ ਬੋਲ ਬੋਲਦੇ ਹਨ, ਤੇ ਗਰੀਬੀ ਸੁਭਾਵ ਵਾਲੇ ਹੁੰਦੇ ਹਨ। ਗੁਰੂ ਦੇ ਮਿਲਣ ਨਾਲ ਉਨ੍ਹਾਂ ਦੇ ਹਿਰਦੇ ਵਿਚੋਂ ਦੁਖ ਕੱਟਿਆ ਜਾਂਦਾ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਤੇ ਆਤਮਕ ਸੁਖ ਪ੍ਰਾਪਤ ਹੁੰਦਾ ਹੈ। ਗੁਰੂ ਦੀ ਰਜ਼ਾ ਵਿਚ ਨਾਮੁ ਰੂਪੀ ਅੰਮ੍ਰਿਤ ਹੈ, ਤੇ ਜਿਹੜਾ ਮਨੁੱਖ ਅਕਾਲ ਪੁਰਖੁ ਦੀ ਰਜ਼ਾ ਵਿਚ ਰਹਿੰਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਇਹ ਨਾਮੁ ਰੂਪੀ ਅੰਮ੍ਰਿਤ ਪੀਂਦਾ ਰਹਿੰਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਅਜੇਹਾ ਅੰਮ੍ਰਿਤ ਮਿਲ ਗਿਆ, ਉਨ੍ਹਾਂ ਨੇ ਆਪਣੇ ਅੰਦਰੋਂ ਹਉਮੈ ਦੂਰ ਕਰ ਲਿਆ। ਇਸ ਲਈ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਚਾਹੀਦਾ ਹੈ। ਅਕਾਲ ਪੁਰਖੁ ਦਾ ਨਾਮੁ ਮਨ ਵਿਚ ਵਸਾਣ ਨਾਲ ਹੀ ਅਕਾਲ ਪੁਰਖੁ ਨਾਲ ਮਿਲਾਪ ਹੋ ਸਕਦਾ ਹੈ। ਇਸ ਲਈ ਇਕਾਗਰ ਚਿਤ ਹੋ ਕੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਚਾਹੀਦਾ ਹੈ। ਜਿਹੜਾ ਮਨੁੱਖ ਸਬਦ ਗੁਰੂ ਦੀ ਸੰਗਤਿ ਵਿਚ ਟਿਕਿਆ ਰਹਿੰਦਾ ਹੈ, ਉਹ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਕੇ ਸੁਖ ਮਾਣਦਾ ਰਹਿੰਦਾ ਹੈ।

***ਗੁਰ ਕੇ ਭਾਣੇ ਵਿਚਿ ਅੰਮ੍ਰਿਤੁ ਹੈ ਸਹਜੇ ਪਾਵੈ ਕੋਇ ॥ ਜਿਨਾ ਪਰਾਪਤਿ ਤਿਨ ਪੀਆ ਹਉਮੈ ਵਿਚਹੁ ਖੋਇ ॥ ਨਾਨਕ ਗੁਰਮੁਖਿ ਨਾਮੁ ਧਿਆਈਐ ਸਚਿ ਮਿਲਾਵਾ ਹੋਇ*** *॥੪॥੧੩॥੪੬॥ (੩੧)*

ਗੁਰੂ ਸਾਹਿਬ ਜੀਵ ਇਸਤ੍ਰੀ ਨੂੰ ਸਮਝਾਂਦੇ ਹਨ, ਕਿ ਤੂੰ ਗੁਰੂ ਦੇ ਪ੍ਰੇਮ ਵਿਚ ਰਹਿ ਕੇ ਆਪਣੇ ਜੀਵਨ ਦਾ ਸਫ਼ਰ ਕਰਿਆ ਕਰ। ਜਿਹੜੀਆਂ ਜੀਵ ਇਸਤ੍ਰੀਆਂ ਗੁਰੂ ਦੇ ਪ੍ਰੇਮ ਵਿਚ ਰਹਿੰਦੀਆਂ ਹਨ, ਉਹ ਆਤਮਕ ਅਡੋਲਤਾ ਦੁਆਰਾ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਲੀਨ ਹੋ ਕੇ ਹਰ ਵੇਲੇ ਆਪਣੇ ਅਕਾਲ ਪੁਰਖੁ ਪਤੀ ਨੂੰ ਮਿਲੀਆਂ ਰਹਿੰਦੀਆਂ ਹਨ। ਉਹ ਗੁਰੂ ਦੇ ਸ਼ਬਦ ਵਿਚ ਰੰਗੀਆਂ ਰਹਿੰਦੀਆਂ ਹਨ, ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਨਾਲ ਆਪਣੇ ਜੀਵਨ ਨੂੰ ਸਫਲ ਕਰ ਲੈਂਦੀਆਂ ਹਨ।

*ਮੁੰਧੇ ਤੂ ਚਲੁ ਗੁਰ ਕੈ ਭਾਇ ॥ ਅਨਦਿਨੁ ਰਾਵਹਿ ਪਿਰੁ ਆਪਣਾ ਸਹਜੇ ਸਚਿ ਸਮਾਇ ॥੧॥ ਰਹਾਉ ॥ (੩੮)*

ਅਕਾਲ ਪੁਰਖੁ ਸਾਰੇ ਸਰੀਰਾਂ ਵਿਚ ਵਿਆਪਕ ਹੋ ਕੇ ਆਪ ਹੀ ਜਗਤ ਦੇ ਸਾਰੇ ਪਦਾਰਥ ਭੋਗ ਰਿਹਾ ਹੈ, ਪਰੰਤੂ ਉਹ ਫਿਰ ਵੀ ਅਦ੍ਰਿਸ਼ਟ ਰੂਪ ਵਿਚ ਮੌਜੂਦ ਹੈ, ਅਪਹੁੰਚ ਹੈ, ਤੇ ਬੇਅੰਤ ਹੈ। ਉਸ ਪਿਆਰੇ ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਵਿਚ ਜੁੜ ਕੇ ਧਿਆਇਆ ਜਾ ਸਕਦਾ ਹੈ, ਤੇ ਜਿਹੜੇ ਮਨੁੱਖ ਅਕਾਲ ਪੁਰਖੁ ਨੂੰ ਚੇਤੇ ਕਰਦੇ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਸਮਾਏ ਰਹਿੰਦੇ ਹਨ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ, ਤੇ ਕੁਰਬਾਨ ਜਾਂਦਾ ਹਾਂ, ਜਿਹੜਾ ਸਤਿਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾਂਦਾ ਹੈ। ਜਦੋਂ ਗੁਰੂ ਦਾ ਸ਼ਬਦ ਮਨੁੱਖ ਦੀ ਅੰਤਰ ਆਤਮਾ ਵਿਚ ਟਿਕ ਜਾਂਦਾ ਹੈ, ਤਾਂ ਉਹ ਮਨੁੱਖ ਆਪਣੇ ਮਨ ਨਾਲ ਟਾਕਰਾ ਕਰਦਾ ਹੈ, ਤੇ ਆਪਣੇ ਮਨ ਦੀਆਂ ਕਾਮਨਾ ਨੂੰ ਮਾਰ ਕੇ ਅਕਾਲ ਪੁਰਖੁ ਦੇ ਚਰਨਾਂ ਵਿਚ ਲੀਨ ਰਹਿੰਦਾ ਹੈ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾ ਹੈ ਕਿ ਵਿਹਲੇ ਬੈਠੇ ਰਹਿਣ ਨਾਲ ਨਾਮੁ ਦੀ ਪ੍ਰਾਪਤੀ ਨਹੀਂ ਹੋ ਸਕਦੀ, ਕਿਉਂਕਿ ਗੁਰੂ ਦੇ ਸ਼ਬਦ ਦੁਆਰਾ ਹੀ ਇਨ੍ਹਾਂ ਪੰਜਾਂ ਵਿਕਾਰਾਂ ਤੇ ਕਾਬੂ ਪਾਇਆ ਜਾ ਸਕਦਾ ਹੈ।

*ਮਾਝ ਮਹਲਾ ੩ ॥ ਸਭ ਘਟ ਆਪੇ ਭੋਗਣਹਾਰਾ ॥ ਅਲਖੁ ਵਰਤੈ ਅਗਮ ਅਪਾਰਾ ॥ ਗੁਰ ਕੈ ਸਬਦਿ ਮੇਰਾ ਹਰਿ ਪ੍ਰਭੁ ਧਿਆਇਐ ਸਹਜੇ ਸਚਿ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰ ਸਬਦੁ ਮੰਨਿ ਵਸਾਵਣਿਆ ॥ ਸਬਦੁ ਸੂਝੈ ਤਾ ਮਨ ਸਿਉ ਲੂਝੈ ਮਨਸਾ ਮਾਰਿ ਸਮਾਵਣਿਆ ॥੧॥ ਰਹਾਉ ॥ (੧੧੩)*

ਅਕਾਲ ਪੁਰਖੁ ਆਪ ਹੀ ਮਨੁੱਖਾਂ ਨੂੰ ਆਤਮਕ ਅਡੋਲਤਾ ਵਿਚ ਟਿਕਾ ਕੇ ਆਪਣੇ ਪਿਆਰ ਦੇ ਰੰਗ ਵਿਚ ਰੰਗਦਾ ਹੈ। ਗੁਰੂ ਦੇ ਸ਼ਬਦ ਨਾਲ ਜੋੜ ਕੇ ਅਕਾਲ ਪੁਰਖੁ ਆਪ ਹੀ ਇਹ ਰੰਗ ਚਾੜ੍ਹਦਾ ਹੈ, ਫਿਰ ਉਨ੍ਹਾਂ ਮਨੁੱਖਾਂ ਦਾ ਮਨ ਰੰਗਿਆ ਜਾਂਦਾ ਹੈ, ਸਰੀਰ ਰੰਗਿਆ ਜਾਂਦਾ ਹੈ, ਤੇ ਜੀਭ ਵੀ ਨਾਮੁ ਦੇ ਰੰਗ ਵਿਚ ਗੂੜ੍ਹੀ ਲਾਲ ਹੋ ਜਾਂਦੀ ਹੈ। ਭਾਵ ਉਹ ਆਪਣੀ ਜੀਭ ਨਾਲ ਹਮੇਸ਼ਾਂ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ। ਗੁਰੂ ਉਨ੍ਹਾਂ ਮਨੁੱਖਾਂ ਨੂੰ ਅਕਾਲ ਪੁਰਖੁ ਦੇ ਡਰ ਤੇ ਪ੍ਰੇਮ ਵਿਚ ਰੱਖ ਕੇ, ਅਕਾਲ ਪੁਰਖੁ ਦੇ ਨਾਮੁ ਦਾ ਰੰਗ ਚਾੜ੍ਹਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਨ੍ਹਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, ਜੋ ਉਸ ਅਕਾਲ ਪੁਰਖੁ ਨੂੰ ਆਪਣੇ ਮਨ ਵਿਚ ਵਸਾਂਦੇ ਹਨ, ਤੇ ਜਿਨ੍ਹਾਂ ਨੂੰ ਹੋਰ ਕਿਸੇ ਦਾ ਕੋਈ ਡਰ ਨਹੀਂ ਹੈ। ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਨਿਰਭਉ ਅਕਾਲ ਪੁਰਖੁ ਦਾ ਧਿਆਨ ਆਪਣੇ ਹਿਰਦੇ ਵਿਚ ਟਿਕਾ ਲਿਆ, ਅਕਾਲ ਪੁਰਖੁ ਉਨ੍ਹਾਂ ਨੂੰ ਗੁਰੂ ਦੇ ਸ਼ਬਦ ਨਾਲ ਜੋੜ ਕੇ ਇਸ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘਾਂ ਲੈਂਦਾ ਹੈ, ਜਿਸ ਦਾ ਮੋਹ ਆਤਮਕ ਜੀਵਨ ਵਾਸਤੇ ਇਕ ਜ਼ਹਿਰ ਦੀ ਤਰ੍ਹਾਂ ਹੈ। ਗੁਰੂ ਜਿਨ੍ਹਾਂ ਮਨੁੱਖਾਂ ਨੂੰ ਹਰ ਵੇਲੇ ਆਪਣੀ ਗੁਰਬਾਣੀ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਾਂਦਾ ਰਹਿੰਦਾ ਹੈ, ਉਹ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਨਾਮੁ ਵਿਚ ਰੰਗੇ ਜਾਂਦੇ ਹਨ। ਜਿਸ ਮਨੁੱਖ ਦੀ ਜੀਭ ਪੂਰੀ ਲਗਨ ਲਾ ਕੇ ਅਕਾਲ ਪੁਰਖੁ ਦੇ ਨਾਮੁ ਰਸ ਵਿਚ ਰੰਗੀ ਜਾਂਦੀ ਹੈ, ਉਸ ਦਾ ਮਨ ਤੇ ਤਨ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ, ਤੇ ਉਹ ਮਨੁੱਖ ਅਕਾਲ ਪੁਰਖੁ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ। ਆਤਮਕ ਅਡੋਲਤਾ ਵਿਚ ਟਿਕ ਕੇ ਮਨੁੱਖ ਪਿਆਰੇ ਪ੍ਰੀਤਮ ਅਕਾਲ ਪੁਰਖੁ ਨੂੰ ਪਾ ਲੈਂਦਾ ਹੈ, ਤੇ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਲਗਨ ਹੈ, ਉਹ ਸਦਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ਤੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਨ੍ਹਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੀ ਦੱਸੀ ਕਾਰ ਵਿਚ ਆਪਣਾ ਚਿੱਤ ਲਾਇਆ ਹੋਇਆ ਹੈ।

*ਮਾਝ ਮਹਲਾ ੩ ॥ ਆਪੇ ਰੰਗੇ ਸਹਜਿ ਸੁਭਾਏ ॥ ਗੁਰ ਕੈ ਸਬਦਿ ਹਰਿ ਰੰਗੁ ਚੜਾਏ ॥ ਮਨੁ ਤਨੁ ਰਤਾ ਰਸਨਾ ਰੰਗਿ ਚਲੂਲੀ ਭੈ ਭਾਇ ਰੰਗੁ ਚੜਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਨਿਰਭਉ ਮੰਨਿ ਵਸਾਵਣਿਆ ॥ ਗੁਰ ਕਿਰਪਾ ਤੇ ਹਰਿ ਨਿਰਭਉ ਧਿਆਇਆ ਬਿਖੁ ਭਉਜਲੁ ਸਬਦਿ ਤਰਾਵਣਿਆ ॥੧॥ ਰਹਾਉ ॥*

*ਰਸਨਾ ਹਰਿ ਰਸਿ ਰਾਤੀ ਰੰਗੁ ਲਾਏ ॥ ਮਨੁ ਤਨੁ ਮੋਹਿਆ ਸਹਜਿ ਸੁਭਾਏ ॥ ਸਹਜੇ ਪ੍ਰੀਤਮੁ ਪਿਆਰਾ ਪਾਇਆ ਸਹਜੇ ਸਹਜਿ ਮਿਲਾਵਣਿਆ ॥੫॥ ਜਿਸੁ ਅੰਦਰਿ ਰੰਗੁ ਸੋਈ ਗੁਣ ਗਾਵੈ ॥ ਗੁਰ ਕੈ ਸਬਦਿ ਸਹਜੇ ਸੁਖਿ ਸਮਾਵੈ ॥ ਹਉ ਬਲਿਹਾਰੀ ਸਦਾ ਤਿਨ ਵਿਟਹੁ ਗੁਰ ਸੇਵਾ ਚਿਤੁ ਲਾਵਣਿਆ ॥੬॥ (੧੧੪)*

ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਟਿਕਦਾ ਹੈ, ਤੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਜੁੜਦਾ ਹੈ, ਤਾਂ ਉਸ ਦੇ ਅੰਦਰ ਆਤਮਕ ਜੀਵਨ ਦੇਣ ਵਾਲੇ ਨਾਮੁ ਰੂਪੀ ਅੰਮ੍ਰਿਤ ਦੀ ਵਰਖਾ ਹੋਣੀ ਸ਼ੁਰੂ ਹੋ ਜਾਂਦੀ ਹੈ। ਪਰੰਤੂ ਇਹ ਦਾਤ ਕੋਈ ਵਿਰਲਾ ਮਨੁੱਖ ਹੀ ਪ੍ਰਾਪਤ ਕਰਦਾ ਹੈ, ਜਿਹੜਾ ਗੁਰੂ ਦੇ ਦੱਸੇ ਰਸਤੇ ਅਨੁਸਾਰ ਚਲਦਾ ਹੈ। ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀ ਕੇ ਮਨੁੱਖ ਸਦਾ ਲਈ ਮਾਇਆ ਵਲੋਂ ਰੱਜ ਜਾਂਦਾ ਹੈ, ਤੇ ਅਕਾਲ ਪੁਰਖੁ ਦੀ ਮਿਹਰ ਸਦਕਾ ਉਸ ਦੇ ਅੰਦਰ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਨ੍ਹਾਂ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, ਜਿਹੜੇ ਗੁਰੂ ਦੀ ਸਰਨ ਵਿਚ ਆ ਕੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪੀਂਦੇ ਹਨ। ਅਜੇਹੇ ਗੁਰਮੁਖਾਂ ਦੀ ਜੀਭ ਨਾਮੁ ਰੂਪੀ ਰਸ ਚਖ ਕੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਸਦਾ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ।

*ਮਾਝ ਮਹਲਾ ੩ ॥ ਅੰਮ੍ਰਿਤੁ ਵਰਸੈ ਸਹਜਿ ਸੁਭਾਏ ॥ ਗੁਰਮੁਖਿ ਵਿਰਲਾ ਕੋਈ ਜਨੁ ਪਾਏ ॥ ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ ॥੧॥ **ਹਉ ਵਾਰੀ ਜੀਉ ਵਾਰੀ ਗੁਰਮੁਖਿ ਅੰਮ੍ਰਿਤੁ ਪੀਆਵਣਿਆ ॥ ਰਸਨਾ ਰਸੁ ਚਾਖਿ ਸਦਾ ਰਹੈ ਰੰਗਿ ਰਾਤੀ ਸਹਜੇ ਹਰਿ ਗੁਣ ਗਾਵਣਿਆ ॥੧॥ ਰਹਾਉ ॥** (੧੧੯)*

ਜਦੋਂ ਮਨੁੱਖ ਅਕਾਲ ਪੁਰਖੁ ਦਾ ਓਟ ਆਸਰਾ ਲੈ ਲੈਂਦਾ ਹੈ, ਤਾਂ ਉਸ ਨੂੰ ਕੋਈ ਚਿੰਤਾ ਨਹੀਂ ਰਹਿੰਦੀ, ਅਕਾਲ ਪੁਰਖੁ ਅਜੇਹੇ ਮਨੁੱਖ ਦੇ ਮਨ ਦੀਆਂ ਸਾਰੀਆਂ ਲੋੜਾਂ ਪੂਰੀਆਂ ਕਰ ਦਿੰਦਾਂ ਹੈ, ਤੇ ਉਹ ਸੱਚੇ ਤੇ ਸੁੱਚੇ ਜੀਵਨ ਵਾਲਾ ਬਣ ਜਾਂਦਾ ਹੈ। ਅਕਾਲ ਪੁਰਖੁ ਦਾ ਨਾਮੁ ਜਪ ਜਪ ਕੇ ਮਨੁੱਖ ਦਾ ਮਨ ਧੀਰਜ ਵਾਲਾ ਹੋ ਜਾਂਦਾ ਹੈ, ਤੇ ਅਜੇਹਾ ਗੁਰਮੁਖ ਦੁਨੀਆ ਦੇ ਸੁਖਾਂ ਜਾਂ ਦੁਖਾਂ ਕਰਕੇ ਡੋਲਦਾ ਨਹੀਂ।

*ਮਾਝ ਮਹਲਾ ੫ ਘਰੁ ੩ ॥ **ਹਰਿ ਜਪਿ ਜਪੇ ਮਨੁ ਧੀਰੇ ॥੧॥ ਰਹਾਉ** ॥ (੧੩੨)*

ਗੁਰੂ ਨੇ ਮੈਨੂੰ ਅਕਾਲ ਪੁਰਖੁ ਦਾ ਹਰ ਥਾਂ ਵਿਆਪਕ ਰਹਿੰਣ ਵਾਲਾ ਰੂਪ ਵਿਖਾ ਦਿੱਤਾ ਹੈ, ਮਾਇਆ ਦਾ ਮੋਹ ਦੂਰ ਕਰ ਦਿਤਾ ਹੈ, ਤੇ ਅਕਾਲ ਪੁਰਖੁ ਦੇ ਨਾਮੁ ਦਾ ਪੁਜਾਰੀ ਬਣਾ ਦਿਤਾ ਹੈ। ਗੁਰੂ ਦਾ ਬਖ਼ਸ਼ੇ ਗਿਆਨ ਨਾਲ ਮੇਰੇ ਅੰਦਰ ਅਕਾਲ ਪੁਰਖੁ ਦੀ ਹੋਂਦ ਦਾ ਚਾਨਣ ਹੋ ਗਿਆ ਹੈ, ਤੇ ਹੁਣ ਮੇਰੇ ਮਨ ਅੰਦਰੋਂ ਮਾਇਆ ਲਈ ਤ੍ਰਿਸ਼ਨਾ ਦੂਰ ਹੋ ਗਈ ਹੈ। ਇਹ ਸਭ ਕੁਝ ਅਕਾਲ ਪੁਰਖੁ ਦੀ ਮਿਹਰ ਨਾਲ ਮੇਰੇ ਉਤੇ ਸਤਿਗੁਰੂ ਜੀ ਦੇ ਦਇਆਲ ਹੋਣ ਸਦਕਾ ਹੋਇਆ ਹੈ, ਤੇ ਮੈਂ ਹੁਣ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹਾਂ।

*ਗਉੜੀ ਮਹਲਾ ੫ ॥ **ਸਹਜਿ ਸਮਾਇਓ ਦੇਵ ॥ ਮੋ ਕਉ ਸਤਿਗੁਰ ਭਏ ਦਇਆਲ ਦੇਵ ॥੧॥ ਰਹਾਉ** ॥ (੨੦੯)*

ਗੁਰੂ ਨਾਨਕ ਸਾਹਿਬ ਭਰਥਰਿ ਜੋਗੀ ਨੂੰ ਸਮਝਾਂਦੇ ਹਨ ਕਿ, ਨਸ਼ੇ ਵਾਲੀ ਸ਼ਰਾਬ ਬਨਾਣ ਦੀ ਬਜਾਏ ਅਕਾਲ ਪੁਰਖੁ ਦੇ ਨਾਮੁ ਰੂਪੀ ਅੰਮ੍ਰਿਤ ਦਾ ਪਿਆਲਾ ਤਿਆਰ ਕਰ। ਅਜੇਹੀ ਨਾਮੁ ਰੂਪੀ ਸ਼ਰਾਬ ਤਿਆਰ ਕਰਨ ਲਈ ਅਕਾਲ ਪੁਰਖੁ ਨਾਲ ਡੂੰਘੀ ਸਾਂਝ ਨੂੰ ਗੁੜ ਦੀ ਥਾਂ ਵਰਤ, ਅਕਾਲ ਪੁਰਖੁ ਦੇ ਚਰਨਾਂ ਵਿਚ ਜੁੜੀ ਸੁਰਤਿ ਨੂੰ ਫੁੱਲਾਂ ਦੀ ਥਾਂ ਵਰਤ, ਉੱਚੇ ਆਚਰਨ ਨੂੰ ਕਿੱਕਰਾਂ ਦੇ ਸੱਕ ਬਣਾ ਕੇ ਇਨ੍ਹਾਂ ਵਿਚ ਰਲਾ ਕੇ ਆਪਣੀ ਜੀਵਨ ਜਾਚ ਨੂੰ ਤਿਆਰ ਕਰ। ਸ਼ਰਾਬ ਦਾ ਅਰਕ ਕੱਢਣ ਦੀ ਬਜਾਏ ਸਰੀਰਕ ਮੋਹ ਨੂੰ ਸਾੜਨ ਵਾਲੀ ਭੱਠੀ ਤਿਆਰ ਕਰ, ਅਰਕ ਵਾਲੀ ਨਾਲੀ ਉਤੇ ਜੋ ਤੂੰ ਠੰਡਾ ਕਰਨ ਲਈ ਪੋਚਾ ਫੇਰਦਾ ਹੈ, ਉਸ ਦੀ ਥਾਂ ਅਕਾਲ ਪੁਰਖੁ ਦੇ ਚਰਨਾਂ ਵਿਚ ਪਿਆਰ ਨਾਲ ਆਪਣੀ ਲਿਵ ਨੂੰ ਜੋੜ। ਇਨ੍ਹਾਂ ਸਾਰਿਆਂ ਦੇ ਮਿਲਣ ਨਾਲ ਜੋ ਜੀਵਨ ਦਾ ਆਨੰਦ ਭਰਿਆ ਰਸ ਨਿਕਲੇਗਾ, ਉਹ ਅਟੱਲ ਆਤਮਕ ਜੀਵਨ ਵਾਲਾ ਨਾਮੁ ਰੂਪੀ ਅੰਮ੍ਰਿਤ ਹੋਵੇਗਾ। ਅੱਜਕਲ ਦੇ ਸ਼ਰਾਬ ਪੀਣ ਵਾਲੇ ਲੋਕ ਅਕਸਰ ਇਹੀ ਬਹਾਨਾ ਲਗਾਂਦੇ ਹਨ ਕਿ, ਉਹ ਸੁਰਤ ਨੂੰ ਟਿਕਾਣ ਲਈ ਜਾਂ ਆਪਣੇ ਦੁਖ ਭੁਲਾਣ ਲਈ ਸ਼ਰਾਬ ਪੀਂਦੇ ਹਨ। ਪਰੰਤੂ ਅਸਲੀਅਤ ਇਹ ਹੈ ਕਿ ਸ਼ਰਾਬ ਪੀਣ ਨਾਲ ਕੋਈ ਸੁਰਤ ਨਹੀਂ ਟਿਕਦੀ, ਬਲਕਿ ਸਰੀਰ ਅੰਦਰ ਸ਼ਰਾਬ ਦੇ ਜਾਣ ਨਾਲ ਕੋਈ ਹੋਸ਼ ਹੀ ਨਹੀਂ ਰਹਿੰਦੀ, ਜਿਸ ਕਰਕੇ ਕਈ ਸ਼ਰਾਬੀ ਆਪਸ ਵਿਚ ਹੀ ਲੜ ਪੈਂਦੇ ਹਨ ਜਾਂ ਕਈ ਵਾਰੀਂ ਇਕ ਦੂਜੇ ਦਾ ਕਤਲ ਵੀ ਕਰ ਦਿੰਦੇ ਹਨ। ਸ਼ਰਾਬ ਦਾ ਨਸ਼ਾ ਤਾਂ ਕੁਝ ਸਮੇਂ ਬਾਅਦ ਉਤਰ ਜਾਂਦਾ ਹੈ ਤੇ ਸ਼ਰਾਬੀ ਨੂੰ ਦੁਬਾਰਾ ਹੋਸ਼ ਆ ਜਾਂਦੀ ਹੈ ਤੇ ਕਈ ਵਾਰੀ ਅਜੇਹੇ ਲੋਕ ਆਪਣੇ ਕੀਤੇ ਤੇ ਪਛਤਾਂਦੇ ਵੀ ਹਨ। ਅਸਲ ਮਸਤਾਨਾ ਉਹ ਮਨ ਹੈ, ਜਿਹੜਾ ਅਕਾਲ ਪੁਰਖੁ ਦੇ ਨਾਮੁ ਦਾ ਰਸ ਪੀਂਦਾ ਹੈ, ਤੇ ਆਤਮਕ ਆਨੰਦ ਮਾਣਦਾ ਹੈ। ਅਜੇਹਾ ਗੁਰਮੁਖ ਆਪਣੀ ਪੂਰੀ ਹੋਸ਼ ਵਿਚ ਵੀ ਹੁੰਦਾ ਹੈ ਤੇ ਅਕਾਲ ਪੁਰਖੁ ਦੇ ਨਾਮੁ ਦੀ ਬਰਕਤ ਨਾਲ ਅਡੋਲਤਾ ਵਿਚ ਟਿਕਿਆ ਵੀ ਰਹਿੰਦਾ ਹੈ। ਗੁਰਮੁਖ ਨੂੰ ਅਕਾਲ ਪੁਰਖੁ ਦੇ ਚਰਨਾਂ ਵਿਚ ਪ੍ਰੇਮ ਦੀ ਇਤਨੀ ਲਿਵ ਲਗ ਜਾਂਦੀ ਹੈ ਕਿ ਉਸ ਦੀ ਲਿਵ ਦਿਨ ਰਾਤ ਬਣੀ ਰਹਿੰਦੀ ਹੈ, ਤੇ ਉਹ ਗੁਰੂ ਦੇ ਸ਼ਬਦ ਨੂੰ ਸਦਾ ਆਪਣੇ ਹਿਰਦੇ ਅੰਦਰ ਟਿਕਾਈ ਰੱਖਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਹੇ ਜੋਗੀ! ਇਹੀ ਹੈ ਉਹ ਨਾਮੁ ਦਾ ਪਿਆਲਾ, ਜਿਸ ਦੀ ਮਸਤੀ ਹਿਰਦੇ ਵਿਚ ਸਦਾ ਟਿਕੀ ਰਹਿੰਦੀ ਹੈ। ਜਿਸ ਮਨੁੱਖ ਉਤੇ ਅਕਾਲ ਪੁਰਖੁ ਆਪ ਮੇਹਰ ਦੀ ਨਜ਼ਰ ਕਰਦਾ ਹੈ, ਉਸ ਮਨੁੱਖ ਨੂੰ ਅਡੋਲਤਾ ਵਿਚ ਰੱਖ ਕੇ ਇਹ ਨਾਮੁ ਰੂਪੀ ਅੰਮ੍ਰਿਤ ਦਾ ਪਿਆਲਾ ਪਿਲਾਂਦਾ ਹੈ। ਜਿਹੜਾ ਮਨੁੱਖ ਅਟੱਲ ਆਤਮਕ ਜੀਵਨ ਦੇਣ ਵਾਲੇ ਇਸ ਨਾਮੁ ਰੂਪੀ ਅੰਮ੍ਰਿਤ ਦਾ ਵਾਪਾਰੀ ਬਣ

ਜਾਂਦਾ ਹੈ, ਫਿਰ ਉਹ ਆਮ ਦੁਨਿਆਵੀ ਲੋਕਾਂ ਵਾਗੂੰ ਬਜਾਰ ਵਿਚ ਵਿਕਣ ਵਾਲੀ ਅਜੇਹੀ ਹੋਛੀ ਸ਼ਰਾਬ ਨਾਲ ਪਿਆਰ ਕਰਕੇ ਆਪਣਾ ਮਨੁੱਖਾਂ ਜੀਵਨ ਬਰਬਾਦ ਨਹੀਂ ਕਰਦਾ।

*ਆਸਾ ਮਹਲਾ ੧ ॥ ਗੁੜੁ ਕਰਿ ਗਿਆਨੁ ਧਿਆਨੁ ਕਰਿ ਧਾਵੈ ਕਰਿ ਕਰਣੀ ਕਸੁ ਪਾਈਐ ॥ ਭਾਠੀ ਭਵਨੁ ਪ੍ਰੇਮ ਕਾ ਪੋਚਾ ਇਤੁ ਰਸਿ ਅਮਿਉ ਚੁਆਈਐ ॥੧॥* ***ਬਾਬਾ ਮਨੁ ਮਤਵਾਰੋ ਨਾਮ ਰਸੁ ਪੀਵੈ ਸਹਜ ਰੰਗ ਰਚਿ ਰਹਿਆ ॥ ਅਹਿਨਿਸਿ ਬਨੀ ਪ੍ਰੇਮ ਲਿਵ ਲਾਗੀ ਸਬਦੁ ਅਨਾਹਦ ਗਹਿਆ ॥੧॥ ਰਹਾਉ ॥ ਪੂਰਾ ਸਾਚੁ ਪਿਆਲਾ ਸਹਜੇ ਤਿਸਹਿ ਪੀਆਏ ਜਾ ਕਉ ਨਦਰਿ ਕਰੇ ॥ ਅੰਮ੍ਰਿਤ ਕਾ ਵਾਪਾਰੀ ਹੋਵੈ ਕਿਆ ਮਦਿ ਛੂਛੈ ਭਾਉ ਧਰੇ ॥੨॥*** *(੩੬੦)*

ਵਡਭਾਗੀ ਮਨੁੱਖ ਹੀ ਗੁਰੂ ਦੇ ਸ਼ਬਦ ਨੂੰ ਵੀਚਾਰ ਕੇ, ਮਿਠਾ ਅਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪ੍ਰਾਪਤ ਸਕਦਾ ਹੈ। ਫਿਰ ਉਹ ਦਿਨ ਰਾਤ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਆਨੰਦ ਮਾਣਦਾ ਰਹਿੰਦਾ ਹੈ। ਸਬਦ ਗੁਰੂ ਦੀ ਕਿਰਪਾ ਨਾਲ ਉਸ ਦੇ ਹਿਰਦੇ ਅੰਦਰ ਆਤਮਕ ਅਡੋਲਤਾ ਸਦਕਾ ਆਨੰਦ ਬਣਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਨਾਮੁ ਰੂਪੀ ਰੰਗ ਵਿਚ ਰੰਗੇ ਹੋਏ ਮਨੁੱਖ ਸਦਾ ਕਾਇਮ ਰਹਿੰਣ ਵਾਲੇ ਅਕਾਲ ਪੁਰਖੁ ਦੇ ਪਿਆਰ ਤੇ ਨਾਮੁ ਵਿਚ ਲੀਨ ਰਹਿੰਦੇ ਹਨ। ਇਸ ਲਈ ਗੁਰੂ ਦੇ ਸ਼ਬਦ ਭਾਵ ਗੁਰਬਾਣੀ ਨੂੰ ਚੰਗੀ ਤਰ੍ਹਾਂ ਪੜ੍ਹ ਕੇ, ਸਮਝ ਕੇ ਤੇ ਵੀਚਾਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਗੁਰੂ ਦੇ ਸ਼ਬਦ ਦੁਆਰਾ ਆਪਣੇ ਅੰਦਰੋਂ ਹਉਮੈ ਨੂੰ ਦੂਰ ਕਰ ਕੇ ਅਕਾਲ ਪੁਰਖੁ ਦੇ ਨਾਮੁ ਦਾ ਜਾਪ ਕਰਨਾ ਚਾਹੀਦਾ ਹੈ। ਅਕਾਲ ਪੁਰਖੁ ਦੇ ਡਰ ਅਦਬ ਵਿਚ ਰਹਿ ਕੇ, ਤੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਲੀਨ ਹੋ ਕੇ, ਅਕਾਲ ਪੁਰਖੁ ਦਾ ਨਾਮੁ ਜਪਣਾ ਚਾਹੀਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਸਬਦ ਗੁਰੂ ਦੀ ਮਤਿ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਣਾ ਚਾਹੀਦਾ ਹੈ।

*ਅੰਮ੍ਰਿਤੁ ਮੀਠਾ ਸਬਦੁ ਵੀਚਾਰਿ ॥ ਅਨਦਿਨੁ ਭੋਗੇ ਹਉਮੈ ਮਾਰਿ ॥* ***ਸਹਜਿ ਅਨੰਦਿ ਕਿਰਪਾ ਧਾਰਿ ॥ ਨਾਮਿ ਰਤੇ ਸਦਾ ਸਚਿ ਪਿਆਰਿ*** *॥੨॥ ਹਰਿ ਜਪਿ ਪੜੀਐ ਗੁਰ ਸਬਦੁ ਵੀਚਾਰਿ ॥ ਹਰਿ ਜਪਿ ਪੜੀਐ ਹਉਮੈ ਮਾਰਿ ॥ ਹਰਿ ਜਪੀਐ ਭਇ ਸਚਿ ਪਿਆਰਿ ॥ ਨਾਨਕ ਨਾਮੁ ਗੁਰਮਤਿ ਉਰਧਾਰਿ ॥੮॥੩॥੨੫॥ (੪੨੪)*

ਮੱਖਣ ਕੱਢਣ ਲਈ ਦੁਧ ਨੂੰ ਹੌਲੀ ਹੌਲੀ ਰਿੜਕਣਾਂ ਪੈਂਦਾ ਹੈ। ਇਸੇ ਤਰ੍ਹਾਂ ਨਾਮੁ ਜਪਣ ਲਈ ਹੌਲੀ ਹੌਲੀ ਪਾਠ ਕਰਨਾ ਹੈ ਤੇ ਹੌਲੀ ਹੌਲੀ ਧਿਆਨ ਨਾਲ ਸਬਦ ਦੇ ਅਰਥ ਅਤੇ ਭਾਵ ਅਰਥ ਸਮਝਣੇ ਹਨ। ਆਪਣੇ ਸਰੀਰ ਨੂੰ ਦੁਧ ਰਿੜਕਣ ਵਾਲੀ ਚਾਟੀ ਬਣਾਓ, ਤੇ ਇਸ ਸਰੀਰ ਰੂਪੀ ਚਾਟੀ ਵਿਚ ਸਤਿਗੁਰੁ ਦੇ ਸ਼ਬਦ ਦੀ ਜਾਗ ਲਾਓ ਤਾਂ ਜੋ ਮੱਖਣ ਦੀ ਤਰ੍ਹਾਂ ਆਪਣੇ ਸਰੀਰ ਦੇ ਅੰਦਰੋਂ ਹੀ ਅਕਾਲ ਪੁਰਖੁ ਦੇ ਨਾਮੁ ਦੀ ਜੋਤ ਲੱਭ ਸਕੀਏ, ਤੇ ਆਪਣੇ ਮਨ ਨੂੰ ਭਟਕਣ ਤੋਂ ਬਚਾ ਸਕੀਏ। **ਇਸ ਲਈ ਨਾਮੁ ਜਪਣ ਦਾ ਕੰਮ ਸਹਜੇ ਸਹਜੇ ਅਡੋਲ ਅਵਸਥਾ ਵਿਚ ਟਿਕ ਕੇ ਕਰਨਾ ਹੈ, ਤਾਂ ਜੋ ਗੁਰਬਾਣੀ ਨੂੰ ਚੰਗੀ ਤਰ੍ਹਾਂ ਸਮਝਿਆ ਤੇ ਵੀਚਾਰਿਆ ਜਾ ਸਕੇ।** ਅਜੇਹਾ ਕਰਨ ਲਈ ਸਤਿਗੁਰੁ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਮੁੜ ਮੁੜ ਚੇਤੇ ਕਰਨਾ ਹੈ, ਸਹਿਜ ਅਵਸਥਾ ਵਿਚ ਟਿਕ ਕੇ ਅਕਾਲ ਪੁਰਖੁ ਨੂੰ ਯਾਦ ਕਰਨਾ ਹੈ, ਤਾਂ ਜੋ ਹਰੇਕ ਉੱਦਮ ਦਾ ਤੱਤ ਵਿਅਰਥ ਨਾ ਜਾਵੇ, ਤੇ ਅਕਾਲ ਪੁਰਖੁ ਨਾਲ ਸਬੰਧ ਬਣ ਸਕੇ।

***ਹਰਿ ਕਾ ਬਿਲੋਵਨਾ ਬਿਲੋਵਹੁ ਮੇਰੇ ਭਾਈ ॥ ਸਹਜਿ ਬਿਲੋਵਹੁ ਜੈਸੇ ਤਤੁ ਨ ਜਾਈ ॥੧॥ ਰਹਾਉ ॥*** *(੪੭੮)*

ਜਿਹੜਾ ਮਨੁੱਖ ਸਬਦ ਗੁਰੂ ਦੀ ਸੰਗਤਿ ਵਿਚ ਟਿਕ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਤੇ ਉਸ ਆਤਮਕ ਅਡੋਲਤਾ ਸਦਕਾ ਉਸ ਦੇ ਅੰਦਰ ਦਿਨ ਰਾਤ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ। ਸਾਧ ਸੰਗਤਿ ਦੀ ਬਰਕਤ ਨਾਲ ਜਿਸ ਸੇਵਕ ਦਾ ਪਿਛਲੇ ਬੀਜੇ ਹੋਏ ਭਲੇ ਕਰਮਾਂ ਦਾ ਅੰਕੁਰ ਫੁੱਟ ਪੈਂਦਾ ਹੈ, ਉਸ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਤੇ ਫਿਰ ਅਕਾਲ ਪੁਰਖੁ ਆਪਣੇ ਉਸ ਸੇਵਕ ਦਾ ਹੱਥ ਫੜ ਕੇ ਇਸ ਸੰਸਾਰ ਰੂਪੀ ਸਮੁੰਦਰ ਵਿਚੋਂ ਬਾਹਰ ਕੱਢ ਲੈਂਦਾ ਹੈ।

*ਟੋਡੀ ਮਹਲਾ ੫* ***॥ ਸਾਧਸੰਗਿ ਹਰਿ ਹਰਿ ਨਾਮੁ ਚਿਤਾਰਾ ॥ ਸਹਜਿ ਅਨੰਦੁ ਹੋਵੈ ਦਿਨੁ ਰਾਤੀ ਅੰਕੁਰੁ ਭਲੋ ਹਮਾਰਾ ॥ ਰਹਾਉ ॥*** *(੭੧੨)*

ਜਿਸ ਜੀਵ ਇਸਤ੍ਰੀ ਨੂੰ ਗੁਰਬਾਣੀ ਸਦਾ ਪਿਆਰੀ ਲੱਗਦੀ ਹੈ, ਉਹ ਆਪਣੇ ਅੰਦਰੋਂ ਪਾਪ ਤੇ ਵਿਕਾਰ ਦੂਰ ਕਰ ਲੈਂਦੀ ਹੈ, ਉਸ ਦਾ ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ ਨਿਕਲ ਜਾਂਦਾ ਹੈ, ਤੇ ਉਹ ਸਦਾ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ। ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਦੇ ਹਿਰਦੇ ਵਿਚ ਸੁਖਾਂ ਦੀ ਸੇਜ ਬਣ ਜਾਂਦੀ ਹੈ, ਤੇ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਕੇ ਉਹ ਅਕਾਲ ਪੁਰਖੁ ਦੇ ਮਿਲਾਪ ਦਾ ਸੁਖ ਮਾਣਦੀ ਰਹਿੰਦੀ ਹੈ। ਜਿਸ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਸੰਜੋਗ ਲਿਖਿਆ ਹੁੰਦਾ ਹੈ, ਉਹ ਜੀਵ ਇਸਤ੍ਰੀ ਹਰ ਵੇਲੇ ਆਨੰਦ ਵਿਚ ਟਿਕੀ ਰਹਿ ਕੇ ਸਦਾ ਅਕਾਲ ਪੁਰਖੁ ਦੇ ਮਿਲਾਪ ਦਾ ਸੁਖ ਮਾਣਦੀ ਰਹਿੰਦੀ ਹੈ।

*ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ ॥ ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ ॥*
*ਕਾਇਆ ਸੇਜ ਗੁਰ ਸਬਦਿ ਸੁਖਾਲੀ ਗਿਆਨ ਤਤਿ ਕਰਿ ਭੋਗੋ ॥ ਅਨਦਿਨੁ ਸੁਖਿ ਮਾਣੇ ਨਿਤ ਰਲੀਆ ਨਾਨਕ ਧੁਰਿ ਸੰਜੋਗੋ ॥੧॥ (੨੨੩)*

ਗੁਰੂ ਦੇ ਬਚਨਾਂ ਅਨੁਸਾਰ ਜੀਵਨ ਵਿਚ ਵਿਚਰ ਕੇ ਜਿਨ੍ਹਾਂ ਦਾ ਮਨ ਅਡੋਲਤਾ ਵਿਚ ਟਿਕ ਜਾਂਦਾ ਹੈ, ਉਨ੍ਹਾਂ ਦਾ ਮਨ ਅਕਾਲ ਪੁਰਖੁ ਦੀ ਯਾਦ ਵਿਚ ਲੀਨ ਰਹਿੰਦਾ ਹੈ ਤੇ ਅਕਾਲ ਪੁਰਖੁ ਦੇ ਪ੍ਰੇਮ ਵਿਚ ਰੰਗਿਆ ਰਹਿੰਦਾ ਹੈ। ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨਮੁਖ ਭਰਮਾਂ ਭੁਲੇਖਿਆਂ ਵਿਚ ਭਟਕਦੇ ਰਹਿੰਦੇ ਹਨ ਤੇ ਝੱਲਿਆਂ ਦੀ ਤਰ੍ਹਾਂ ਕੁਰਾਹੇ ਪਏ ਰਹਿੰਦੇ ਹਨ। ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਨੂੰ ਪਹਿਚਾਣ ਲੈਂਦੇ ਹਨ, ਉਨ੍ਹਾਂ ਦੀ ਅਕਾਲ ਪੁਰਖੁ ਨਾਲ ਸਾਂਝ ਬਣ ਜਾਂਦੀ ਹੈ, ਤੇ ਫਿਰ ਉਹ ਅਕਾਲ ਪੁਰਖੁ ਦੀ ਯਾਦ ਤੋਂ ਬਿਨਾ ਨਹੀਂ ਰਹਿ ਸਕਦੇ।

*ਬਿਲਾਵਲੁ ਮਹਲਾ ੧ ॥ ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ ॥ ਮਨਮੁਖ ਭਰਮਿ ਭੁਲੇ ਬਉਰਾਨੇ ॥ ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ ॥੧॥ (੭੯੬)*

ਅਕਾਲ ਪੁਰਖੁ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ। ਜਿਸ ਤਰ੍ਹਾਂ ਅਕਾਲ ਪੁਰਖੁ ਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਉਹ ਜੀਵ ਨੂੰ ਜੀਵਨ ਦੇ ਰਾਹ ਤੇ ਤੋਰਦਾ ਰਹਿੰਦਾ ਹੈ। ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦਾ ਨਾਮੁ ਜਪਣ ਵਾਲਾ ਸੁਭਾ ਬਣਾ ਲੈਂਦਾ ਹੈ, ਉਹ ਅਕਾਲ ਪੁਰਖੁ ਦੇ ਨਾਮੁ ਵਿਚ ਸਦਾ ਲੀਨ ਰਹਿੰਦਾ ਹੈ। ਪਰੰਤੂ ਗੁਰੂ ਵੀ ਉਸੇ ਨੂੰ ਮਿਲਦਾ ਹੈ, ਜਿਸ ਉਤੇ ਅਕਾਲ ਪੁਰਖੁ ਦੀ ਕਿਰਪਾ ਹੁੰਦੀ ਹੈ, ਫਿਰ ਹਰ ਵੇਲੇ ਉਸ ਦੀ ਸੁਰਤਿ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਨਾਲ ਜੁੜੀ ਰਹਿੰਦੀ ਹੈ।

*ਸਤਿਗੁਰਿ ਪਰਚੈ ਹਰਿ ਨਾਮਿ ਸਮਾਨਾ ॥ ਜਿਸੁ ਕਰਮੁ ਹੋਵੈ ਸੋ ਸਤਿਗੁਰੁ ਪਾਏ ਅਨਦਿਨੁ ਲਾਗੈ ਸਹਜ ਧਿਆਨਾ ॥੧॥ ਰਹਾਉ ॥ (੭੯੭)*

ਜਿਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਹੈ, ਉਸ ਦੇ ਮਨ ਵਿਚੋਂ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ, ਭਟਕਣਾ ਮਿਟ ਜਾਂਦੀ ਹੈ, ਉਸ ਦਾ ਸਰੀਰ ਸੋਹਣਾ ਬਣ ਜਾਂਦਾ ਹੈ, ਉਸ ਦੀਆਂ ਗਿਆਨ ਇੰਦ੍ਰੀਆਂ ਨੇਕ ਕੰਮ ਕਰਨ ਵਾਲੀਆਂ ਬਣ ਜਾਂਦੀਆਂ ਹਨ, ਉਸ ਦੇ ਜੀਵਨ ਦਾ ਮਨੋਰਥ ਮਨੁੱਖਾ ਜਨਮ ਸਫਲ ਕਰਨ ਵਾਲਾ ਹੋ ਜਾਂਦਾ ਹੈ, ਤੇ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ। ਗੁਰਮੁਖਾਂ ਦੀ ਸੰਗਤਿ ਵਿਚ ਟਿਕੇ ਰਹਿਣ ਨਾਲ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਹੁੰਦਾ ਹੈ, ਤੇ ਮਨ ਨੂੰ ਸ਼ਾਂਤੀ ਮਿਲਦੀ ਹੈ। ਮਨੁੱਖ ਦੇ ਜੀਵਨ ਵਿਚ ਉਹੀ ਘੜੀ ਭਾਗਾਂ ਵਾਲੀ ਹੁੰਦੀ ਹੈ, ਜਦੋਂ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਹੈ।

*ਸਾਧ ਜਨਾ ਕੈ ਸੰਗਿ ਬਸਤ ਸੁਖ ਸਹਜ ਬਿਸ੍ਰਾਮ ॥ ਸਾਈ ਘੜੀ ਸੁਲਖਣੀ ਸਿਮਰਤ ਹਰਿ ਨਾਮ ॥੧॥ ਰਹਾਉ ॥ (੮੧੮)*

ਮਾਇਆ ਦੇ ਮੋਹ ਵਿਚ ਫਸੇ ਮਨੁੱਖ ਦੇ ਮਨ ਵਿਚ ਆਤਮਕ ਅਡੋਲਤਾ ਪੈਦਾ ਨਹੀਂ ਹੁੰਦੀ ਹੈ ਤੇ ਉਸ ਦੇ ਮਨ ਵਿਚ ਸਦਾ ਚਿੰਤਾ ਲੱਗੀ ਰਹਿੰਦੀ ਹੈ, ਤੇ ਇਹ ਚਿੰਤਾ ਆਤਮਕ ਆਨੰਦ ਤੋਂ ਬਿਨਾ ਦੂਰ ਨਹੀਂ ਹੋ ਸਕਦੀ। ਕਰਮ ਕਾਂਡਾਂ ਜਾਂ ਬਾਹਰੀ ਧਾਰਮਿਕ ਕਰਮ ਕਰਨ ਨਾਲ ਆਤਮਕ ਆਨੰਦ ਨਹੀਂ ਪੈਦਾ ਹੋ ਸਕਦਾ। ਅਨੇਕਾਂ ਬੰਦੇ ਅਜੇਹੇ ਕਰਮ ਕਾਂਡ ਕਰ ਕੇ ਹਾਰ ਗਏ, ਪਰੰਤੂ ਉਨ੍ਹਾਂ ਦੇ ਮਨ ਦੇ ਤੌਖ਼ਲੇ ਜਾਂ ਸਹਿਮ ਅਜੇਹੇ ਕਿਸੇ ਤਰੀਕੇ ਨਾਲ ਵੀ ਨਹੀਂ ਖਤਮ ਹੋਏ। ਜਿਤਨਾ ਚਿਰ ਮਨ ਸਹਿਮ ਵਿਚ ਹੈ, ਉਤਨਾ ਚਿਰ ਮਨ ਮੈਲਾ ਰਹਿੰਦਾ ਹੈ, ਤੇ ਮਨ ਦੀ ਇਹ ਮੈਲ ਕਿਸੇ ਬਾਹਰਲੀ ਜੁਗਤੀ ਨਾਲ ਨਹੀਂ ਧੁਪ ਸਕਦੀ। ਇਸ ਲਈ ਗੁਰੂ ਦੇ ਸ਼ਬਦ ਨਾਲ ਜੁੜੋ, ਅਕਾਲ ਪੁਰਖੁ ਦੇ ਚਰਨਾਂ ਵਿਚ ਸਦਾ ਆਪਣਾ ਚਿੱਤ ਜੋੜੀ ਰੱਖੋ, ਅਤੇ ਜੇਕਰ ਮਨ ਨੂੰ ਧੋਣਾ ਹੈ ਤਾਂ ਇਸ ਨੂੰ ਗੁਰੂ ਦੇ ਸ਼ਬਦ ਨਾਲ ਧੋਵੋ। ਗੁਰੂ ਸਾਹਿਬ ਸਮਝਾਂਦੇ ਹਨ ਕਿ ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਤੇ ਇਸ ਤਰ੍ਹਾਂ ਮਨ ਦੀਆਂ ਚਿੰਤਾਂਵਾਂ ਦੂਰ ਹੋ ਜਾਂਦੀਆਂ ਹਨ। ਇਸ ਲਈ ਹਮੇਸ਼ਾਂ ਗੁਰੂ ਦੇ ਸ਼ਬਦ ਦੁਆਰਾ ਆਪਣੇ ਮਨ ਨੂੰ ਅਕਾਲ ਪੁਰਖੁ ਦੀ ਯਾਦ ਵਿਚ ਵਿਚ ਜੋੜੀ ਰੱਖੋ।

*ਰਾਮਕਲੀ ਮਹਲਾ ੩ ਅਨੰਦੁ ॥ ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ ॥ ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ ॥ ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ ॥ ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ ॥ ਕਹੈ ਨਾਨਕੁ ਗੁਰ ਪਰਸਾਦੀ ਸਹਜੁ ਉਪਜੈ ਇਹੁ ਸਹਸਾ ਇਵ ਜਾਇ ॥੧੮॥ (੯੧੯)*

ਗੁਰੂ ਸਭ ਗੁਣਾਂ ਦਾ ਮਾਲਕ ਹੈ, ਤੇ ਪੂਰੀ ਸਮਰਥਾ ਵਾਲਾ ਹੈ। ਗੁਰੂ ਦੀ ਸਰਨ ਵਿਚ ਆ ਕੇ, ਤੇ ਅਕਾਲ ਪੁਰਖੁ ਦਾ ਨਾਮੁ ਜਪ ਕੇ, ਮਨੁੱਖ ਸਦਾ ਸੁਖੀ ਰਹਿੰਦੇ ਹਨ, ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੇ ਉਨ੍ਹਾਂ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ। ਗੁਰੂ ਸਾਹਿਬ ਸਮਝਾਂਦੇ ਹਨ ਕਿ ਸਬਦ ਗੁਰੂ ਦੁਆਰਾ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਆਨੰਦ ਤੇ ਖ਼ੁਸ਼ੀਆਂ ਪ੍ਰਾਪਤ ਕਰੋ, ਕਿਉਂਕਿ ਪੂਰਾ ਗੁਰੂ ਮਨੁੱਖ ਦੀਆਂ ਸਾਰੀਆਂ ਚਿੰਤਾਂਵਾਂ ਮਿਟਾ ਦਿੰਦਾ ਹੈ ਤੇ ਸਾਰੇ ਦੁਖਾਂ ਦਾ ਨਾਸ ਕਰ ਦਿੰਦਾ ਹੈ।

*ਸਹਜਿ ਅਨੰਦ ਕਰਹੁ ਮੇਰੇ ਭਾਈ ॥ ਗੁਰਿ ਪੂਰੈ ਸਭ ਚਿੰਤ ਮਿਟਾਈ ॥੩॥ (੯੦੧)*

ਜਿਹੜਾ ਮਨੁੱਖ ਅਡੋਲ ਅਵਸਥਾ ਵਿਚ ਟਿਕ ਕੇ ਸਤਿਗੁਰੁ ਦੇ ਦਰਸਾਏ ਹੋਏ ਮਾਰਗ ਅਤੇ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਨਹੀਂ ਚਲਦਾ, ਉਹ ਹਉਮੈ ਵਿਚ ਰਹਿ ਕੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦਾ ਹੈ। ਜਿਸ ਮਨੁੱਖ ਨੇ ਆਪਣੀ ਜੀਭ ਨਾਲ ਅਕਾਲ ਪੁਰਖੁ ਦੇ ਗੁਣਾਂ ਦੁਆਰਾ ਅਕਾਲ ਪੁਰਖੁ ਦੇ ਨਾਮੁ ਦਾ ਆਨੰਦ ਨਹੀਂ ਮਾਣਿਆ ਉਸ ਦੇ ਹਿਰਦੇ ਅੰਦਰ ਕਮਲ ਰੂਪੀ ਫੁੱਲ ਨਹੀਂ ਖਿੜਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਵਿਕਾਰਾਂ ਦਾ ਜਹਿਰ ਖਾ ਕੇ ਆਪਣੇ ਆਤਮਿਕ ਜੀਵਨ ਵੱਲੋਂ ਮਰਿਆ ਰਹਿ ਜਾਂਦਾ ਹੈ ਤੇ ਮਾਇਆ ਦੇ ਮੋਹ ਕਰਕੇ ਉਸ ਦੀ ਜ਼ਿੰਦਗੀ ਤਬਾਹ ਹੋ ਜਾਂਦੀ ਹੈ। ਇਕ ਅਕਾਲ ਪੁਰਖੁ ਦੇ ਨਾਮੁ ਨੂੰ ਚੇਤੇ ਕਰਨ ਤੋਂ ਬਿਨਾ ਜਗਤ ਵਿਚ ਜੀਉਣਾ ਤੇ ਵੱਸਣਾ ਫਿਟਕਾਰਨ ਜੋਗ ਹੋ ਜਾਂਦਾ ਹੈ। ਇਸ ਲਈ ਜਿਹੜਾ ਮਨੁੱਖ ਸਤਿਗੁਰੂ ਦੀ ਸਿਖਿਆ ਅਨੁਸਾਰ ਅਕਾਲ ਪੁਰਖੁ ਦੇ ਹੁਕਮੁ ਤੇ ਭਾਂਣੇ ਅੰਦਰ ਚਲਦਾ ਹੈ, ਉਹ ਗ੍ਰਿਹਸਤ ਦੇ ਮਾਰਗ ਵਿਚ ਰਹਿੰਦਾ ਹੋਇਆ ਵੀ ਇਵੇਂ ਨਿਰਲੇਪ ਰਹਿੰਦਾ ਹੈ, ਜਿਸ ਤਰ੍ਹਾਂ ਪਾਣੀ ਵਿਚ ਉੱਗਿਆ ਹੋਇਆ ਕਮਲ ਦਾ ਫੁੱਲ, ਆਸੇ ਪਾਸੇ ਦੇ ਪਾਣੀ ਨਾਲ ਗਿੱਲਾ ਨਹੀਂ ਹੁੰਦਾ ਹੈ।

*ਮਃ ੩ ॥ **ਸਹਜੇ ਸਤਿਗੁਰੁ ਨ ਸੇਵਿਓ ਵਿਚਿ ਹਉਮੈ ਜਨਮਿ ਬਿਨਾਸੁ ॥ ਰਸਨਾ ਹਰਿ ਰਸੁ ਨ ਚਖਿਓ ਕਮਲੁ ਨ ਹੋਇਓ ਪਰਗਾਸੁ** ॥ ਬਿਖੁ ਖਾਧੀ ਮਨਮੁਖੁ ਮੁਆ ਮਾਇਆ ਮੋਹਿ ਵਿਣਾਸੁ ॥ ਇਕਸੁ ਹਰਿ ਕੇ ਨਾਮ ਵਿਣੁ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ ॥ (੯੪੯)*

ਸਦਾ ਥਿਰ ਰਹਿੰਣ ਵਾਲਾ ਅਕਾਲ ਪੁਰਖੁ ਸਭ ਜੀਵਾਂ ਦੇ ਮਨ ਵਿਚ ਵੱਸਦਾ ਹੈ, ਪਰੰਤੂ ਗੁਰੂ ਦੀ ਕਿਰਪਾ ਨਾਲ ਹੀ ਜੀਵ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਵਿਚ ਲੀਨ ਹੁੰਦੇ ਹਨ। ਗੁਰੂ ਨੂੰ ਹਰ ਵੇਲੇ ਯਾਦ ਕਰਨ ਨਾਲ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ, ਤੇ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ। ਸਤਿਗੁਰੂ ਹੀ ਆਤਮਕ ਜੀਵਨ ਦੀ ਸੋਝੀ ਦੇਣ ਵਾਲਾ ਹੈ, ਤੇ ਸਤਿਗੁਰੂ ਹੀ ਅਕਾਲ ਪੁਰਖੁ ਦੀ ਪੂਜਾ ਕਰਨੀ ਸਿਖਾਣ ਵਾਲਾ ਹੈ। ਮੈਂ ਤਾਂ ਸਤਿਗੁਰੂ ਦੀ ਸਰਨ ਵਿਚ ਟਿਕਿਆ ਰਹਿੰਦਾ ਹਾਂ, ਤੇ ਕਿਸੇ ਹੋਰ ਦੂਜੇ ਨੂੰ ਮੈਂ ਆਪਣੇ ਮਨ ਵਿਚ ਨਹੀਂ ਲਿਆਉਂਦਾ। ਮੈਂ ਸਤਿਗੁਰੂ ਕੋਲੋਂ ਸਭ ਤੋਂ ਉਤਮ ਨਾਮੁ ਰੂਪੀ ਧਨ ਪ੍ਰਾਪਤ ਕਰ ਲਿਆ ਹੈ, ਤੇ ਹੁਣ ਮੈਨੂੰ ਸਤਿਗੁਰੂ ਦੀ ਦੱਸੀ ਸੇਵਾ ਪਿਆਰੀ ਲੱਗਦੀ ਹੈ।

***ਸਭਨਾ ਸਚੁ ਵਸੈ ਮਨ ਮਾਹੀ ॥ ਗੁਰ ਪਰਸਾਦੀ ਸਹਜਿ ਸਮਾਹੀ ॥ ਗੁਰੁ ਗੁਰੁ ਕਰਤ ਸਦਾ ਸੁਖੁ ਪਾਇਆ ਗੁਰ ਚਰਣੀ ਚਿਤੁ ਲਾਈ ਹੇ ॥੨॥ ਸਤਿਗੁਰੁ ਹੈ ਗਿਆਨੁ ਸਤਿਗੁਰੁ ਹੈ ਪੂਜਾ ॥ ਸਤਿਗੁਰੁ ਸੇਵੀ ਅਵਰੁ ਨ ਦੂਜਾ ॥ ਸਤਿਗੁਰ ਤੇ ਨਾਮੁ ਰਤਨ ਧਨੁ ਪਾਇਆ ਸਤਿਗੁਰ ਕੀ ਸੇਵਾ ਭਾਈ ਹੇ ॥੩॥** (੧੦੬੯)*

ਜਿਸ ਅਕਾਲ ਪੁਰਖੁ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਸ ਦੀ ਸੰਭਾਲ ਵੀ ਕਰ ਰਿਹਾ ਹੈ, ਇਸ ਲਈ ਅਕਾਲ ਪੁਰਖੁ ਦੇ ਗੁਣਾਂ ਨੂੰ ਗੁਰੂ ਦੇ ਸ਼ਬਦ ਦੁਆਰਾ ਆਪਣੇ ਜੀਵਨ ਦਾ ਆਸਰਾ ਬਣਾਓ, ਤਾਂ ਜੋ ਮਨ ਵਿਚ ਸਦਾ ਸੰਤੋਖ ਬਣਿਆ ਰਹੇ। ਆਤਮਕ ਅਡੋਲਤਾ ਵਿਚ ਰਹਿ ਕੇ ਖੱਟਿਆ ਹੋਇਆ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਕਦੇ ਘਟਦਾ ਨਹੀਂ। ਮਨੁੱਖਾ ਸਰੀਰ ਲਈ ਗੁਰੂ ਦਾ ਸ਼ਬਦ ਮਾਨੋ ਇਕ ਅਜੇਹਾ ਗਹਿਣਾ ਹੈ, ਜਿਸ ਦੀ ਬਰਕਤ ਨਾਲ ਸਦਾ ਆਤਮਿਕ ਸੁਖ ਮਿਲਦਾ ਰਹਿੰਦਾ ਹੈ। ਉਹੀ ਮਨੁੱਖ ਗੁਰੂ ਦੇ ਸਬਦ ਦੁਆਰਾ ਇਸ ਜੀਵਨ ਦਾ ਭੇਤ ਸਮਝਦਾ ਹੈ, ਜਿਸ ਗੁਰਮੁਖਿ ਨੂੰ ਅਕਾਲ ਪੁਰਖੁ ਆਪ ਸੋਝੀ ਬਖਸ਼ਦਾ ਹੈ।

***ਸਹਜੇ ਸਚੁ ਧਨੁ ਖਟਿਆ ਥੋੜਾ ਕਦੇ ਨ ਹੋਇ ॥ ਦੇਹੀ ਨੋ ਸਬਦੁ ਸੀਗਾਰੁ ਹੈ ਜਿਤੁ ਸਦਾ ਸਦਾ ਸੁਖੁ ਹੋਇ** ॥ ਨਾਨਕ ਗੁਰਮੁਖਿ ਬੁਝੀਐ ਜਿਸ ਨੋ ਆਪਿ ਵਿਖਾਲੇ ਸੋਇ ॥੨॥ (੧੦੯੨)*

ਜਿਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਵਿਚ ਆ ਜਾਂਦੇ ਹਨ, ਉਹ ਸਭ ਦਾ ਕਲਿਆਣ ਕਰਨ ਵਾਲੇ ਅਕਾਲ ਪੁਰਖੁ ਦਾ ਨਾਮੁ ਰੂਪੀ ਮੰਤ੍ਰ ਜਪ ਕੇ ਆਪਣੇ ਹਿਰਦੇ ਵਿਚ ਆਤਮਕ ਅਡੋਲਤਾ ਵਾਲੀ ਸ਼ਾਂਤੀ ਬਣਾਈ ਰੱਖਦੇ ਹਨ। ਅਜੇਹੇ ਗੁਰਮੁਖਾਂ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਖੇੜਾ ਬਣਿਆ ਰਹਿੰਦਾ ਹੈ।

***ਸਾਂਤਿ ਸਹਜ ਗ੍ਰਿਹਿ ਸਦ ਬਸੰਤੁ ॥ ਗੁਰ ਪੂਰੇ ਕੀ ਸਰਣੀ ਆਏ ਕਲਿਆਣ ਰੂਪ ਜਪਿ ਹਰਿ ਹਰਿ ਮੰਤੁ ॥੧॥ ਰਹਾਉ** ॥ (੧੧੮੪)*

ਜਿਹੜੀ ਜੀਵ ਇਸਤ੍ਰੀ ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ ਆਤਮਕ ਅਡੋਲ ਅਵਸਥਾ ਵਿਚ ਟਿਕੀ ਰਹਿੰਦੀ ਹੈ, ਉਸ ਨੂੰ ਅਕਾਲ ਪੁਰਖੁ ਆਪ ਹੀ ਪਿਆਰ ਨਾਲ ਆਪਣੇ ਆਪ ਨਾਲ ਮਿਲਾ ਲੈਂਦਾ ਹੈ। ਆਤਮਕ ਅਡੋਲਤਾ ਵਿਚ ਪ੍ਰੇਮ ਨਾਲ ਟਿਕੇ ਰਹਿਣ ਕਰਕੇ ਉਸ ਦੀ ਦਵੈਤ ਭਾਵਨਾ ਦੂਰ ਹੋ ਜਾਂਦੀ ਹੈ, ਤੇ ਉਸ ਦੇ ਮਨ ਅੰਦਰ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ। ਜਿਹੜੇ ਜੀਵ ਆਪਣੇ ਮਨ ਨੂੰ ਦਵੈਤ ਭਾਵਨਾ ਵਾਲੇ ਸੁਭਾਉ ਨਾਲੋਂ ਤੋੜ ਕੇ ਨਵੇਂ ਸਿਰਿਉ ਗੁਰੂ ਦੇ ਸਬਦ ਅਨੁਸਾਰ ਚਲਾ ਕੇ ਸੋਹਣਾ ਬਣਾ ਲੈਂਦੇ ਹਨ, ਅਕਾਲ ਪੁਰਖੁ ਉਨ੍ਹਾਂ ਜੀਵਾਂ ਨੂੰ ਆਪਣੇ ਗਲੇ ਨਾਲ ਲਗਾ ਲੈਂਦਾ ਹੈ। ਜਿਹੜੇ ਮਨੁੱਖ ਧੁਰੋਂ ਹੀ ਅਕਾਲ ਪੁਰਖੁ ਨਾਲ ਮਿਲੇ ਚਲੇ ਆ ਰਹੇ ਹਨ, ਅਕਾਲ ਪੁਰਖੁ ਉਨ੍ਹਾਂ ਨੂੰ ਇਸ ਜਨਮ ਵਿਚ ਲਿਆ ਕੇ ਆਪਣੇ ਨਾਲ ਮਿਲਾਈ ਰੱਖਦਾ ਹੈ।

*ਸਲੋਕ ਮਃ ੩ ॥ ਸਹਜੇ ਸੁਖਿ ਸੁਤੀ ਸਬਦਿ ਸਮਾਇ ॥ ਆਪੇ ਪ੍ਰਭਿ ਮੇਲਿ ਲਈ ਗਲਿ ਲਾਇ ॥ ਦੁਬਿਧਾ ਚੂਕੀ ਸਹਜਿ ਸੁਭਾਇ ॥ ਅੰਤਰਿ ਨਾਮੁ ਵਸਿਆ ਮਨਿ ਆਇ ॥ ਸੇ ਕੰਠਿ ਲਾਏ ਜਿ ਭੰਨਿ ਘੜਾਇ ॥ ਨਾਨਕ ਜੋ ਧੁਰਿ ਮਿਲੇ ਸੇ ਹੁਣਿ ਆਣਿ ਮਿਲਾਇ ॥੧॥ (੧੨੪੭)*

ਗੁਰੂ ਦੇ ਸ਼ਬਦ ਵਿਚ ਜੁੜ ਕੇ ਮਨ ਨੂੰ ਅਕਾਲ ਪੁਰਖੁ ਦੇ ਨਾਮੁ ਨਾਲ ਰੰਗਿਆ ਜਾ ਸਕਦਾ ਹੈ, ਕਿਉਂਕਿ ਅਕਾਲ ਪੁਰਖੁ ਦਾ ਨਾਮੁ ਹੀ ਮਨੁੱਖ ਦਾ ਅਸਲੀ ਸਾਥੀ ਹੈ। ਗੁਰੂ ਦੇ ਸ਼ਬਦ ਦੀ ਵਿਚਾਰ ਨਾਲ ਹੀ ਮਾਇਆ ਦਾ ਮੋਹ ਤਿਆਗ ਸਕਦੇ ਹਾਂ, ਤੇ ਆਪਣੇ ਉਪਰ ਇਸ ਦਾ ਪ੍ਰਭਾਵ ਪੈਣ ਤੋਂ ਰੋਕ ਸਕਦੇ ਹਾਂ। ਗੁਰੂ ਦੇ ਸ਼ਬਦ ਦੁਆਰਾ ਇਹ ਸਮਝ ਆ ਜਾਂਦੀ ਹੈ ਕਿ, ਅਕਾਲ ਪੁਰਖੁ ਨੇ ਇਹ ਸਾਰਾ ਜਗਤ ਰੂਪੀ ਤਮਾਸ਼ਾ ਬਣਾਇਆ ਹੋਇਆ ਹੈ, ਤੇ ਫਿਰ ਜਿਧਰ ਵੀ ਵੇਖੋ, ਉਧਰ ਹੀ ਜੀਵ ਨੂੰ ਉਸ ਅਕਾਲ ਪੁਰਖੁ ਦਾ ਰੂਪ ਹੀ ਵਿਖਾਈ ਦਿੰਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਅਕਾਲ ਪੁਰਖੁ ਦੀ ਭਗਤੀ ਕਦੇ ਨਹੀਂ ਵਿਸਾਰਦਾ ਕਿਉਂਕਿ ਮੈਨੂੰ ਯਕੀਨ ਹੋ ਗਿਆ ਹੈ ਕਿ ਜਗਤ ਵਿਚ ਜੋ ਕੁਝ ਵੀ ਹੋ ਰਿਹਾ ਹੈ, ਉਹ ਸਭ ਅਕਾਲ ਪੁਰਖੁ ਦੀ ਰਜ਼ਾ ਵਿਚ ਹੀ ਹੋ ਰਿਹਾ ਹੈ।

*ਆਦਿ ਪੁਰਖਿ ਇਕੁ ਚਲਤੁ ਦਿਖਾਇਆ ਜਹ ਦੇਖਾ ਤਹ ਸੋਈ ॥ ਨਾਨਕ ਹਰਿ ਕੀ ਭਗਤਿ ਨ ਛੋਡਉ ਸਹਜੇ ਹੋਇ ਸੁ ਹੋਈ ॥੨॥ (੪੩੭)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਮੇਰੇ ਅੰਦਰ ਪੂਰਨ ਖਿੜਾਉ ਪੈਦਾ ਹੋ ਗਿਆ ਹੈ, ਕਿਉਂਕਿ ਮੈਨੂੰ ਸਤਿਗੁਰੂ ਮਿਲ ਪਿਆ ਹੈ। ਸਤਿਗੁਰੂ ਦੇ ਮਿਲਣ ਨਾਲ ਹੀ ਮੈਨੂੰ ਅਡੋਲ ਅਵਸਥਾ ਵੀ ਪ੍ਰਾਪਤ ਹੋ ਗਈ ਹੈ, ਤੇ ਮੇਰਾ ਮਨ ਡੋਲਣੋਂ ਹਟ ਗਿਆ ਹੈ। ਮੇਰੇ ਮਨ ਵਿਚ ਮਾਨੋ ਖ਼ੁਸ਼ੀਆਂ ਦੇ ਅਜੇਹੇ ਵਾਜੇ ਵੱਜ ਪਏ ਹਨ, ਜਿਹੜੇ ਕਿ ਅਸਲੀ ਵਾਧਾਈ ਤੇ ਚੜ੍ਹਦੀ ਕਲਾ ਵੇਲੇ ਹੁੰਦੇ ਹਨ। ਸੋਹਣੇ ਰਾਗ ਆਪਣੇ ਪਰਵਾਰ ਤੇ ਰਾਣੀਆਂ ਸਮੇਤ ਮੇਰੇ ਮਨ ਵਿਚ, ਮਾਨੋ, ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਵਣ ਲਈ ਆ ਗਏ ਹਨ। ਇਸ ਲਈ ਤੁਸੀਂ ਵੀ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਵੋ। ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਆਪਣੇ ਮਨ ਵਿਚ ਵਸਾ ਲਿਆ, ਉਨ੍ਹਾਂ ਦੇ ਮਨ ਅੰਦਰ ਪੂਰਨ ਖਿੜਾਉ ਪੈਦਾ ਹੋ ਜਾਂਦਾ ਹੈ। ਗੁਰੂ ਸਾਹਿਬ ਸਪੱਸ਼ਟ ਤੌਰ ਤੇ ਸਮਝਾਂਦੇ ਹਨ, ਕਿ ਮੇਰੇ ਅੰਦਰ ਵੀ ਆਨੰਦ ਬਣ ਗਿਆ ਹੈ, ਕਿਉਂਕਿ ਮੈਨੂੰ ਸਤਿਗੁਰੂ ਮਿਲ ਪਿਆ ਹੈ। ਇਸ ਲਈ ਹਮੇਸ਼ਾਂ ਧਿਆਨ ਵਿਚ ਰੱਖਣਾ ਹੈ ਕਿ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਦਾਤ ਸਬਦ ਗੁਰੂ ਕੋਲੋਂ ਹੀ ਮਿਲਦੀ ਹੈ, ਤੇ, ਇਸ ਸਿਫ਼ਤਿ ਸਾਲਾਹ ਦੀ ਬਰਕਤ ਨਾਲ ਹੀ ਮਨੁੱਖ ਦੇ ਮਨ ਵਿਚ ਪੂਰਨ ਖਿੜਾਉ ਪੈਦਾ ਹੋ ਸਕਦਾ ਹੈ।

*ਰਾਮਕਲੀ ਮਹਲਾ ੩ ਅਨੰਦੁ ॥ ੴ ਸਤਿਗੁਰ ਪ੍ਰਸਾਦਿ ॥ ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥ (੯੧੭)*

ਗੁਰਬਾਣੀ ਅਨੁਸਾਰ ਗੁਰੂ, ਸਤਿਗੁਰੂ, ਸੰਤ, ਮਹਾਤਮਾਂ, ਮਹਾਂਪੁਰਸ਼, ਸਭ ਸ਼ਬਦ ਹੀ ਹੈ। ਇਸ ਲਈ ਸ਼ਬਦ ਦੁਆਰਾ ਹੀ ਅਸੀਂ ਅਕਾਲ ਪੁਰਖੁ ਨਾਲ ਸਬੰਧ ਬਣਾ ਸਕਦੇ ਹਾਂ, ਨਹੀਂ ਤਾਂ ਅਗਿਆਨਤਾ ਕਰਕੇ ਇਸ ਜਗਤ ਵਿਚ ਭੁਲੇ ਭਟਕਦੇ ਫਿਰਦੇ ਰਹਾਂਗੇ। ਸ਼ਬਦ ਦੀ ਬਰਕਤ ਨਾਲ ਮਨ ਅੰਦਰ ਅਕਾਲ ਪੁਰਖੁ ਤੋਂ ਵਿਛੋੜੇ ਦਾ ਅਹਿਸਾਸ ਪੈਦਾ ਹੁੰਦਾ ਹੈ, ਤੇ ਬੈਰਾਗੀ ਮਨ ਦੇ ਅੰਦਰ ਅਕਾਲ ਪੁਰਖੁ ਦੀ ਜੋਤਿ ਜਗ ਪੈਂਦੀ ਹੈ। ਮਨ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਮਸਤ ਰਹਿੰਦਾ ਹੈ, ਤੇ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ। ਜਿਨ੍ਹਾਂ ਮਨੁੱਖ ਨੇ ਅਕਾਲ ਪੁਰਖੁ ਦੇ ਨਾਮੁ ਦਾ ਰਸ ਚੱਖਿਆ ਹੈ, ਉਹੀ ਮਨੁੱਖ ਨਾਮੁ ਦਾ ਸੁਆਦ ਜਾਣ ਸਕਦੇ ਹਨ, ਪਰੰਤੂ ਦੱਸ ਨਹੀਂ ਸਕਦੇ, ਜਿਸ ਤਰ੍ਹਾਂ ਇਕ ਗੂੰਗਾ ਮਨੁੱਖ ਮਿਠਿਆਈ ਖਾ ਕੇ ਉਸ ਦਾ ਸੁਆਦ ਆਪ ਤਾਂ ਮਾਣ ਸਕਦਾ ਹੈ, ਪਰੰਤੂ ਕਿਸੇ ਹੋਰ ਦੂਸਰੇ ਨੂੰ ਦੱਸ ਨਹੀਂ ਸਕਦਾ। ਗੁਰੂ ਪੀਰ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਣ ਵਾਲਾ ਮਨੁੱਖ ਡੂੰਘੇ ਜਿਗਰੇ ਵਾਲਾ ਬਣ ਜਾਂਦਾ ਹੈ, ਪਰੰਤੂ ਗੁਰੂ ਦੇ ਸ਼ਬਦ ਤੋਂ ਖੁੰਝਿਆ ਹੋਇਆ ਮਨੁੱਖ ਜਗਤ ਵਿਚ ਮਾਇਆ ਦੇ ਮੋਹ ਕਰਕੇ ਕਮਲਾ ਹੋਇਆ ਫਿਰਦਾ ਰਹਿੰਦਾ ਹੈ। ਆਪਣੇ ਮਨ ਵਿਚ ਅਕਾਲ ਪੁਰਖੁ ਦੇ ਵਿਛੋੜੇ ਦਾ ਅਹਿਸਾਸ ਰੱਖਣ ਵਾਲਾ ਪੂਰਨ ਤਿਆਗੀ ਮਨੁੱਖ ਅਡੋਲ ਅਵਸਥਾ ਵਿਚ ਟਿਕ ਕੇ ਚੰਗੇ ਭਾਗਾਂ ਵਾਲਾ ਬਣ ਜਾਂਦਾ ਹੈ, ਤੇ ਉਸ ਦਾ ਮਨ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦੀ ਯਾਦ ਨੂੰ ਹੀ ਆਪਣੇ ਜੀਵਨ ਦਾ ਮੰਤਵ ਸਮਝਦਾ ਹੈ।

*ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ ॥ ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ ॥੮॥੧॥ (੬੩੫)*

ਇਸ ਲਈ ਗੁਰੂ ਦੇ ਸਿਖ ਵਾਸਤੇ ਸ਼ਬਦ ਹੀ ਸਭ ਕੁਝ ਹੈ। ਜੇ ਕਰ ਦੇਹ ਧਾਰੀ ਦਾ ਧਿਆਨ ਰੱਖੋਗੇ ਤਾਂ ਸ਼ਬਦ ਨਾਲ ਸਾਂਝ ਨਹੀਂ ਹੋ ਸਕਦੀ। ਜੇ ਕਰ ਫੋਟੋ ਦਾ ਧਿਆਨ ਰੱਖੋਗੇ ਤਾਂ ਬਾਹਰ ਮੁੱਖੀ ਮਿਲਾਪ ਹੀ ਰਹਿ ਜਾਵੇਗਾ, ਅੰਦਰ ਦੀ ਝਾਤ ਨਹੀਂ ਪਵੇਗੀ। ਧੰਨ ਦੀ ਵਸੀਅਤ ਹੋ ਸਕਦੀ ਹੈ, ਪਰੰਤੂ ਨਾਮੁ ਦੀ ਵਸੀਅਤ ਨਹੀਂ ਹੋ ਸਕਦੀ ਹੈ। ਲੋਕ ਅਦਾਲਤ ਵਿਚ ਅਸੀਂ ਜਾਇਦਾਦ ਦਾ ਬਟਵਾਰਾ ਕਰ ਸਕਦੇ ਹਾਂ, ਪਰੰਤੂ ਪਦਾਰਥਾਂ ਦੀ ਤਰ੍ਹਾਂ ਨਾਮੁ ਨੂੰ ਕੋਈ ਵੀ ਦੁਨਿਆਵੀ ਅਦਾਲਤ ਵੰਡ ਨਹੀਂ ਸਕਦੀ। ਇਸ ਲਈ ਜੇ

ਕਰ ਅਡੋਲ ਅਵਸਥਾ ਵਿਚ ਟਿਕ ਕੇ ਨਾਮੁ ਪ੍ਰਾਪਤ ਕਰਨਾ ਚਾਹੁੰਦੇ ਹਾਂ, ਤਾਂ ਗੁਰੂ ਦੇ ਸ਼ਬਦ ਦਾ ਓਟ ਆਸਰਾ ਲੈਂਣਾਂ ਪਵੇਗਾ, ਕਿਉਂਕਿ ਗੁਰੂ ਦੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਰਸ ਮਾਣਿਆ ਜਾ ਸਕਦਾ ਹੈ।

**ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਅਕਾਲ ਪੁਰਖੁ ਦੇ ਨਾਮੁ ਦੀ ਪ੍ਰਾਪਤੀ ਗੁਰਬਾਣੀ ਵੀਚਾਰ ਨਾਲ ਸਹਜੇ ਸਹਜੇ ਤੇ ਅਡੋਲ ਅਵਸਥਾ ਵਿਚ ਆ ਕੇ ਹੀ ਹੋ ਸਕਦੀ ਹੈ:**

- ਅਕਾਲ ਪੁਰਖੁ ਦਾ ਨਾਮੁ ਕੋਈ ਇਕ ਅੱਖਰ ਨਹੀਂ ਹੈ, ਜਿਸ ਦੇ ਵਾਰ ਵਾਰ ਰਟਨ ਨਾਲ ਨਾਮੁ ਪਾਇਆ ਜਾ ਸਕਦਾ ਹੈ। ਪੂਰੀ ਲਗਨ, ਨਿਸ਼ਟਾ, ਘਾਲਣਾ ਤੇ ਗੁਰਬਾਣੀ ਦੁਆਰਾ ਜੀਵਨ ਜਾਚ ਸਿਖਣ ਨਾਲ ਹੀ ਨਾਮੁ ਪਾਇਆ ਜਾ ਸਕਦਾ ਹੈ। ਗੁਰਬਾਣੀ ਅਨੁਸਾਰ ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਆਤਮਕ ਅਡੋਲਤਾ ਵਿਚ ਆ ਕੇ ਹੀ ਹੋ ਸਕਦੀ ਹੈ।
- ਜੇ ਕਰ ਮਨ ਟਿਕਾਓ ਵਿਚ ਆ ਗਿਆ ਤਾਂ ਸਰੀਰ ਆਪਣੇ ਆਪ ਟਿਕਾਓ ਵਿਚ ਆ ਜਾਵੇਗਾ। ਜੇ ਕਰ ਮਨ ਦੇ ਰੋਗ ਜਾਂ ਵਿਕਾਰ ਦੂਰ ਕਰ ਲਏ ਜਾਣ, ਤਾਂ ਸਰੀਰ ਦੇ ਰੋਗ ਆਪਣੇ ਆਪ ਘਟਨੇ ਸ਼ੁਰੂ ਹੋ ਜਾਂਦੇ ਹਨ।
- ਜਦੋਂ ਮਨ ਸਹਜ ਅਵਸਥਾ ਵਿਚ ਟਿਕ ਜਾਂਦਾ ਹੈ, ਤਾਂ ਫਿਰ ਮਨੁੱਖ ਤਾਂ ਹੀ ਖਾਂਦਾ ਹੈ, ਜੇ ਕਰ ਭੁੱਖ ਹੋਵੇ। ਜੇ ਕਰ ਸਰੀਰ ਅੰਦਰ ਭੁੱਖ ਨਹੀਂ ਤਾਂ ਬਿਨਾ ਲੋੜ ਦੇ ਖਾਂਦੇ ਜਾਣਾਂ ਵੀ ਸਹਿਜ ਨਹੀਂ।
- ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਕਿਰਪਾ ਹੁੰਦੀ ਹੈ, ਉਹ ਮਨੁੱਖ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾ ਲੈਂਦਾ ਹੈ, ਅਜੇਹਾ ਮਨੁੱਖ ਭਾਵੇਂ ਜਾਗਦਾ ਹੋਵੇ, ਜਾਂ ਸੁੱਤਾ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
- ਆਤਮਕ ਅਡੋਲਤਾ ਵਿਚ ਟਿਕ ਕੇ ਉਹ ਆਪਣੇ ਅੰਦਰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਦਾ ਸਬਦ ਗਾਇਨ ਕਰਦਾ ਰਹਿੰਦਾ ਹੈ, ਤੇ ਉਸ ਦੇ ਅੰਦਰ ਆਤਮਕ ਆਨੰਦ ਦੀ ਸੁਹਾਵਣੀ ਰੁਤ ਬਣੀ ਰਹਿੰਦੀ ਹੈ।
- ਜਿਹੜਾ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ, ਉਹ ਆਤਮਕ ਅਡੋਲਤਾ ਵਿਚ ਹੀ ਜਾਗਦਾ ਹੈ ਤੇ ਆਤਮਕ ਅਡੋਲਤਾ ਵਿਚ ਹੀ ਸੌਂਦਾ ਹੈ।
- ਜਿਹੜਾ ਮਨੁੱਖ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਵੀਚਾਰਦਾ ਹੈ, ਉਹ ਜੀਵਨ ਵਿਚ ਸੁਖ ਪ੍ਰਾਪਤ ਕਰਦਾ ਹੈ ਤੇ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
- ਅਕਾਲ ਪੁਰਖੁ ਦਾ ਨਾਮੁ ਸੁਖਾਂ ਦਾ ਸਮੁੰਦਰ ਹੈ, ਪਰ ਇਹ ਨਾਮੁ ਸਬਦ ਗੁਰੂ ਦੀ ਸਰਨ ਵਿਚ ਆਉਂਣ ਨਾਲ ਹੀ ਮਿਲਦਾ ਹੈ। ਜਿਹੜਾ ਮਨੁੱਖ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਨਾਲ ਸਾਂਝ ਪਾ ਲੈਂਦਾ ਹੈ, ਉਹ ਆਪਣੇ ਅੰਦਰੋਂ ਅਗਿਆਨਤਾ ਦਾ ਹਨੇਰਾ ਦੂਰ ਕਰ ਲੈਂਦਾ ਹੈ।
- ਗੁਰੂ ਦੀ ਸਰਨ ਵਿਚ ਆਣ ਤੋਂ ਬਿਨਾ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਪੈਦਾ ਨਹੀਂ ਹੋ ਸਕਦੀ। ਗੁਰੂ ਦੇ ਸ਼ਬਦ ਵਿਚ ਜੁੜਨ ਨਾਲ ਹੀ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਤੇ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦਾ ਮਿਲਾਪ ਹੋ ਜਾਂਦਾ ਹੈ।
- ਅਕਾਲ ਪੁਰਖੁ ਦੇ ਗੁਣਾਂ ਦਾ ਕੀਰਤਨ ਕਰਨਾ ਤਾਂ ਹੀ ਪਰਵਾਨ ਹੈ, ਜੇ ਆਤਮਕ ਅਡੋਲਤਾ ਵਿਚ ਟਿਕ ਕੇ ਕੀਤਾ ਜਾਏ। ਆਤਮਕ ਅਡੋਲਤਾ ਤੋਂ ਬਿਨਾ ਧਾਰਮਿਕ ਗੱਲਾਂ ਦਾ ਕਹਿਣਾ ਵੀ ਵਿਅਰਥ ਚਲਾ ਜਾਂਦਾ ਹੈ।
- ਪੂਰੇ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ।
- ਜਗਤ ਵਿਚ ਅਜੇਹੇ ਬੰਦੇ ਵਿਰਲੇ ਹੀ ਹਨ, ਜਿਹੜੇ ਸਤਿਗੁਰੂ ਦੀ ਸਰਨ ਲੈਂਦੇ ਹਨ, ਤੇ ਹਉਮੈ ਨੂੰ ਮਾਰ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਟਿਕਾ ਲੈਂਦੇ ਹਨ।
- ਆਪਣੇ ਮਨ ਨੂੰ ਸਮਝਾਂਣਾਂ ਹੈ, ਕਿ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਚੱਖ, ਤਾਂ ਜੋ ਤੇਰੀ ਮਾਇਆ ਲਈ ਤ੍ਰਿਸ਼ਨਾ ਦੂਰ ਹੋ ਜਾਵੇ। ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੇ ਨਾਮੁ ਦਾ ਰਸ ਚੱਖਿਆ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।
- ਗੁਰੂ ਦੀ ਮਤਿ ਲੈ ਕੇ ਸਦਾ ਥਿਰ ਅਕਾਲ ਪੁਰਖੁ ਦੇ ਨਾਮੁ ਵਿਚ ਟਿਕੇ ਰਹਿਣਾਂ ਚਾਹੀਦਾ ਹੈ, ਤੇ ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾਂ ਚਾਹੀਦਾ ਹੈ।
- ਇਹ ਧਿਆਨ ਵਿਚ ਰੱਖਣਾਂ ਹੈ ਕਿ ਅਕਾਲ ਪੁਰਖੁ ਦੀ ਸਰਨ ਗੁਰੂ ਦੇ ਸ਼ਬਦ ਦੁਆਰਾ ਹੀ ਪ੍ਰਾਪਤ ਹੁੰਦੀ ਹੈ, ਤੇ ਜਦੋਂ ਗੁਰੂ ਦਾ ਸ਼ਬਦ ਹਿਰਦੇ ਵਿਚ ਵੱਸ ਜਾਂਦਾ ਹੈ, ਤਾਂ ਫਿਰ ਅਕਾਲ ਪੁਰਖੁ ਹਿਰਦੇ ਵਿਚੋਂ ਕਦੇ ਵੀ ਵਿਸਰਦਾ ਨਹੀਂ ਤੇ ਆਤਮਕ ਅਡੋਲਤਾ ਕਰਕੇ ਮਨੁੱਖ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਸਮਾਇਆ ਰਹਿੰਦਾ ਹੈ।
- ਗੁਰੂ ਦੀ ਰਜ਼ਾ ਵਿਚ ਨਾਮੁ ਰੂਪੀ ਅੰਮ੍ਰਿਤ ਹੈ, ਜਿਹੜਾ ਮਨੁੱਖ ਅਕਾਲ ਪੁਰਖੁ ਦੀ ਰਜ਼ਾ ਵਿਚ ਰਹਿੰਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਨਾਮੁ ਰੂਪੀ ਅੰਮ੍ਰਿਤ ਪੀਂਦਾ ਰਹਿੰਦਾ ਹੈ। ਜਿਨ੍ਹਾਂ ਨੂੰ ਅਜੇਹਾ ਅੰਮ੍ਰਿਤ ਮਿਲ ਗਿਆ, ਉਨ੍ਹਾਂ ਨੇ ਆਪਣੇ ਅੰਦਰੋਂ ਹਉਮੈ ਦੂਰ ਕਰ ਲਿਆ।

- ਜਿਹੜੀਆਂ ਜੀਵ ਇਸਤ੍ਰੀਆਂ ਗੁਰੂ ਦੇ ਪ੍ਰੇਮ ਵਿਚ ਰਹਿੰਦੀਆਂ ਹਨ, ਉਹ ਆਤਮਕ ਅਡੋਲਤਾ ਦੁਆਰਾ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਲੀਨ ਹੋ ਕੇ ਹਰ ਵੇਲੇ ਆਪਣੇ ਅਕਾਲ ਪੁਰਖੁ ਪਤੀ ਨੂੰ ਮਿਲੀਆਂ ਰਹਿੰਦੀਆਂ ਹਨ।
- ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਵਿਚ ਜੁੜ ਕੇ ਧਿਆਇਆ ਜਾ ਸਕਦਾ ਹੈ, ਤੇ ਜਿਹੜੇ ਮਨੁੱਖ ਅਕਾਲ ਪੁਰਖੁ ਨੂੰ ਚੇਤੇ ਕਰਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਸਮਾਏ ਰਹਿੰਦੇ ਹਨ।
- ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਸਦਾ ਉਨ੍ਹਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, ਜਿਹੜੇ ਅਕਾਲ ਪੁਰਖੁ ਨੂੰ ਆਪਣੇ ਮਨ ਵਿਚ ਵਸਾਂਦੇ ਹਨ। ਅਕਾਲ ਪੁਰਖੁ ਉਨ੍ਹਾਂ ਨੂੰ ਗੁਰੂ ਦੇ ਸ਼ਬਦ ਨਾਲ ਜੋੜ ਕੇ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘਾਂ ਲੈਂਦਾ ਹੈ।
- ਜਿਸ ਮਨੁੱਖ ਦੀ ਜੀਭ ਪੂਰੀ ਲਗਨ ਲਾ ਕੇ ਅਕਾਲ ਪੁਰਖੁ ਦੇ ਨਾਮੁ ਰਸ ਵਿਚ ਰੰਗੀ ਜਾਂਦੀ ਹੈ, ਉਸ ਦਾ ਮਨ ਤੇ ਤਨ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ, ਤੇ ਉਹ ਮਨੁੱਖ ਅਕਾਲ ਪੁਰਖੁ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ।
- ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਟਿਕਦਾ ਹੈ, ਤੇ ਅਕਾਲ ਪੁਰਖੁ ਪ੍ਰੇਮ ਵਿਚ ਜੁੜਦਾ ਹੈ, ਤਾਂ ਉਸ ਦੇ ਅੰਦਰ ਆਤਮਕ ਜੀਵਨ ਦੇਣ ਵਾਲੇ ਨਾਮੁ ਰੂਪੀ ਅੰਮ੍ਰਿਤ ਦੀ ਵਰਖਾ ਹੋਣੀ ਸ਼ੁਰੂ ਹੋ ਜਾਂਦੀ ਹੈ।
- ਅਕਾਲ ਪੁਰਖੁ ਦਾ ਨਾਮੁ ਜਪ ਜਪ ਕੇ ਮਨੁੱਖ ਦਾ ਮਨ ਧੀਰਜ ਵਾਲਾ ਹੋ ਜਾਂਦਾ ਹੈ, ਤੇ ਉਹ ਸੁਖਾਂ ਜਾਂ ਦੁਖਾਂ ਕਰਕੇ ਡੋਲਦਾ ਨਹੀਂ।
- ਗੁਰੂ ਨਾਨਕ ਸਾਹਿਬ ਭਰਥਰਿ ਜੋਗੀ ਨੂੰ ਸਮਝਾਂਦੇ ਹਨ ਕਿ, ਨਸ਼ੇ ਵਾਲੀ ਸ਼ਰਾਬ ਬਣਾਣ ਦੀ ਬਜਾਏ ਅਕਾਲ ਪੁਰਖੁ ਦੇ ਨਾਮੁ ਰੂਪੀ ਅੰਮ੍ਰਿਤ ਦਾ ਪਿਆਲਾ ਤਿਆਰ ਕਰ। ਅਜੇਹਾ ਗੁਰਮੁਖ ਆਪਣੀ ਪੂਰੀ ਹੋਸ਼ ਵਿਚ ਵੀ ਹੁੰਦਾ ਹੈ ਤੇ ਅਕਾਲ ਪੁਰਖੁ ਦੇ ਨਾਮੁ ਦੀ ਬਰਕਤ ਨਾਲ ਅਡੋਲਤਾ ਵਿਚ ਟਿਕਿਆ ਵੀ ਰਹਿੰਦਾ ਹੈ।
- ਜਿਹੜਾ ਮਨੁੱਖ ਅਟੱਲ ਆਤਮਕ ਜੀਵਨ ਦੇਣ ਵਾਲੇ ਨਾਮੁ ਰੂਪੀ ਅੰਮ੍ਰਿਤ ਦਾ ਵਾਪਾਰੀ ਬਣ ਜਾਂਦਾ ਹੈ, ਉਹ ਆਮ ਦੁਨਿਆਵੀ ਲੋਕਾਂ ਵਾਗੂੰ ਬਜਾਰ ਵਿਚ ਵਿਕਣ ਵਾਲੀ ਅਜੇਹੀ ਹੋਛੀ ਸ਼ਰਾਬ ਨਾਲ ਪਿਆਰ ਕਰਕੇ ਆਪਣਾ ਮਨੁੱਖਾਂ ਜੀਵਨ ਬਰਬਾਦ ਨਹੀਂ ਕਰਦਾ।
- ਵਡਭਾਗੀ ਮਨੁੱਖ ਹੀ ਗੁਰੂ ਦੇ ਸ਼ਬਦ ਨੂੰ ਵੀਚਾਰ ਕੇ, ਮਿਠਾ ਅਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤ ਪ੍ਰਾਪਤ ਸਕਦਾ ਹੈ।
- ਮੱਖਣ ਕੱਢਣ ਲਈ ਦੁਧ ਨੂੰ ਹੌਲੀ ਹੌਲੀ ਰਿੜਕਣਾਂ ਪੈਂਦਾ ਹੈ। ਇਸੇ ਤਰ੍ਹਾਂ ਨਾਮੁ ਜਪਣ ਲਈ ਹੌਲੀ ਹੌਲੀ ਪਾਠ ਕਰਨਾ ਹੈ ਤੇ ਹੌਲੀ ਹੌਲੀ ਧਿਆਨ ਨਾਲ ਸਬਦ ਦੇ ਅਰਥ ਅਤੇ ਭਾਵ ਅਰਥ ਸਮਝਣੇ ਹਨ। **ਇਸ ਲਈ ਨਾਮੁ ਜਪਣ ਦਾ ਕੰਮ ਸਹਜੇ ਸਹਜੇ ਅਡੋਲ ਅਵਸਥਾ ਵਿਚ ਟਿਕ ਕੇ ਕਰਨਾ ਹੈ, ਤਾਂ ਜੋ ਗੁਰਬਾਣੀ ਨੂੰ ਚੰਗੀ ਤਰ੍ਹਾਂ ਸਮਝਿਆ ਤੇ ਵੀਚਾਰਿਆ ਜਾ ਸਕੇ।**
- ਜਿਹੜਾ ਮਨੁੱਖ ਸਬਦ ਗੁਰੂ ਦੀ ਸੰਗਤਿ ਵਿਚ ਟਿਕ ਕੇ ਅਕਾਲ ਪੁਰਖੁ ਦਾ ਨਾਮੁ ਯਾਦ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਤੇ ਉਸ ਦੇ ਅੰਦਰ ਦਿਨ ਰਾਤ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ।
- ਜਿਸ ਜੀਵ ਇਸਤ੍ਰੀ ਨੂੰ ਗੁਰਬਾਣੀ ਸਦਾ ਪਿਆਰੀ ਲੱਗਦੀ ਹੈ, ਉਹ ਆਪਣੇ ਅੰਦਰੋਂ ਪਾਪ ਤੇ ਵਿਕਾਰ ਦੂਰ ਕਰ ਲੈਂਦੀ ਹੈ, ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ ਨਿਕਲ ਜਾਂਦਾ ਹੈ, ਤੇ ਉਹ ਸਦਾ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ।
- ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਨੂੰ ਪਹਿਚਾਣ ਲੈਂਦੇ ਹਨ, ਉਨ੍ਹਾਂ ਦੀ ਅਕਾਲ ਪੁਰਖੁ ਨਾਲ ਸਾਂਝ ਬਣ ਜਾਂਦੀ ਹੈ, ਤੇ ਫਿਰ ਉਹ ਅਕਾਲ ਪੁਰਖੁ ਦੀ ਯਾਦ ਤੋਂ ਬਿਨਾ ਨਹੀਂ ਰਹਿ ਸਕਦੇ।
- ਅਕਾਲ ਪੁਰਖੁ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ। ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦਾ ਨਾਮੁ ਜਪਣ ਵਾਲਾ ਸੁਭਾ ਬਣਾ ਲੈਂਦਾ ਹੈ, ਉਹ ਅਕਾਲ ਪੁਰਖੁ ਦੇ ਨਾਮੁ ਵਿਚ ਸਦਾ ਲੀਨ ਰਹਿੰਦਾ ਹੈ।
- ਗੁਰਮੁਖਾਂ ਦੀ ਸੰਗਤਿ ਵਿਚ ਟਿਕੇ ਰਹਿਣ ਨਾਲ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਹੁੰਦਾ ਹੈ, ਤੇ ਮਨ ਨੂੰ ਸ਼ਾਂਤੀ ਮਿਲਦੀ ਹੈ।
- ਕਰਮ ਕਾਂਡਾਂ ਜਾਂ ਬਾਹਰੀ ਧਾਰਮਿਕ ਕਰਮ ਕਰਨ ਨਾਲ ਆਤਮਕ ਆਨੰਦ ਨਹੀਂ ਪੈਦਾ ਹੋ ਸਕਦਾ ਤੇ ਮਨ ਦੀ ਮੈਲ ਕਿਸੇ ਬਾਹਰਲੀ ਜੁਗਤੀ ਨਾਲ ਨਹੀਂ ਧੁਪ ਸਕਦੀ। ਇਸ ਲਈ ਜੇਕਰ ਮਨ ਨੂੰ ਧੋਣਾ ਹੈ ਤਾਂ ਇਸ ਨੂੰ ਗੁਰੂ ਦੇ ਸ਼ਬਦ ਨਾਲ ਧੋਵੋ।
- ਗੁਰੂ ਸਭ ਗੁਣਾਂ ਦਾ ਮਾਲਕ ਹੈ, ਤੇ ਪੂਰੀ ਸਮਰਥਾ ਵਾਲਾ ਹੈ। ਇਸ ਲਈ ਸਬਦ ਗੁਰੂ ਦੁਆਰਾ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਆਨੰਦ ਤੇ ਖ਼ੁਸ਼ੀਆਂ ਪ੍ਰਾਪਤ ਕਰੋ।
- ਜਿਹੜਾ ਮਨੁੱਖ ਅਡੋਲ ਅਵਸਥਾ ਵਿਚ ਟਿਕ ਕੇ ਸਤਿਗੁਰੁ ਦੇ ਦਰਸਾਏ ਹੋਏ ਮਾਰਗ ਅਤੇ ਅਕਾਲ ਪੁਰਖੁ ਦੇ ਹੁਕਮੁ ਅਨੁਸਾਰ ਨਹੀਂ ਚਲਦਾ, ਉਹ ਹਉਮੈ ਵਿਚ ਰਹਿ ਕੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦਾ ਹੈ।
- ਜਿਹੜਾ ਮਨੁੱਖ ਸਤਿਗੁਰੂ ਦੀ ਸਿਖਿਆ ਅਨੁਸਾਰ ਅਕਾਲ ਪੁਰਖੁ ਦੇ ਹੁਕਮੁ ਤੇ ਭਾਂਣੇ ਅੰਦਰ ਚਲਦਾ ਹੈ, ਉਹ ਗ੍ਰਿਹਸਤ ਦੇ ਮਾਰਗ ਵਿਚ ਚਲਦਾ ਹੋਇਆ ਵੀ ਕਮਲ ਦੇ ਫੁੱਲ ਦੀ ਤਰ੍ਹਾਂ ਨਿਰਲੇਪ ਰਹਿੰਦਾ ਹੈ।
- ਸਤਿਗੁਰੂ ਹੀ ਆਤਮਕ ਜੀਵਨ ਦੀ ਸੋਝੀ ਦੇਣ ਵਾਲਾ ਹੈ, ਤੇ ਸਤਿਗੁਰੂ ਹੀ ਅਕਾਲ ਪੁਰਖੁ ਦੀ ਪੂਜਾ ਕਰਨੀ ਸਿਖਾਣ ਵਾਲਾ ਹੈ।

- ਅਕਾਲ ਪੁਰਖੁ ਦੇ ਗੁਣਾਂ ਨੂੰ ਗੁਰੂ ਦੇ ਸ਼ਬਦ ਦੁਆਰਾ ਆਪਣੇ ਜੀਵਨ ਦਾ ਆਸਰਾ ਬਣਾਓ, ਤਾਂ ਜੋ ਮਨ ਵਿਚ ਸਦਾ ਸੰਤੋਖ ਬਣਿਆ ਰਹੇ। ਮਨੁੱਖਾ ਸਰੀਰ ਲਈ ਗੁਰੂ ਦਾ ਸ਼ਬਦ ਇਕ ਅਜੇਹਾ ਗਹਿਣਾ ਹੈ, ਜਿਸ ਨਾਲ ਸਦਾ ਆਤਮਿਕ ਸੁਖ ਮਿਲਦਾ ਰਹਿੰਦਾ ਹੈ।
- ਜਿਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਵਿਚ ਆ ਜਾਂਦੇ ਹਨ, ਉਹ ਸਭ ਦਾ ਕਲਿਆਣ ਕਰਨ ਵਾਲੇ ਅਕਾਲ ਪੁਰਖੁ ਦਾ ਨਾਮੁ ਰੂਪੀ ਮੰਤ੍ਰ ਜਪ ਕੇ ਆਪਣੇ ਹਿਰਦੇ ਵਿਚ ਆਤਮਕ ਅਡੋਲਤਾ ਵਾਲੀ ਸ਼ਾਂਤੀ ਬਣਾਈ ਰੱਖਦੇ ਹਨ।
- ਜਿਹੜੀ ਜੀਵ ਇਸਤ੍ਰੀ ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ ਆਤਮਕ ਅਡੋਲ ਅਵਸਥਾ ਵਿਚ ਟਿਕੀ ਰਹਿੰਦੀ ਹੈ, ਉਸ ਨੂੰ ਅਕਾਲ ਪੁਰਖੁ ਆਪ ਹੀ ਪਿਆਰ ਨਾਲ ਆਪਣੇ ਆਪ ਨਾਲ ਮਿਲਾ ਲੈਂਦਾ ਹੈ।
- ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਅਕਾਲ ਪੁਰਖੁ ਦੀ ਭਗਤੀ ਕਦੇ ਨਹੀਂ ਵਿਸਾਰਦਾ ਕਿਉਂਕਿ ਮੈਨੂੰ ਯਕੀਨ ਹੋ ਗਿਆ ਹੈ ਕਿ ਜਗਤ ਵਿਚ ਜੋ ਕੁਝ ਵੀ ਹੋ ਰਿਹਾ ਹੈ, ਉਹ ਸਭ ਅਕਾਲ ਪੁਰਖੁ ਦੀ ਰਜ਼ਾ ਵਿਚ ਹੀ ਹੋ ਰਿਹਾ ਹੈ।
- ਸਤਿਗੁਰੂ ਦੇ ਮਿਲਣ ਨਾਲ ਮਨ ਵਿਚ ਮਾਨੋ ਖ਼ੁਸ਼ੀਆਂ ਦੇ ਅਜੇਹੇ ਵਾਜੇ ਵੱਜ ਪਏ ਹਨ, ਜਿਹੜੇ ਕਿ ਅਸਲੀ ਵਾਧਾਈ ਤੇ ਚੜ੍ਹਦੀ ਕਲਾ ਵੇਲੇ ਹੁੰਦੇ ਹਨ। ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਆਪਣੇ ਮਨ ਵਿਚ ਵਸਾ ਲਿਆ, ਉਨ੍ਹਾਂ ਦੇ ਮਨ ਅੰਦਰ ਪੂਰਨ ਖਿੜਾਉ ਪੈਦਾ ਹੋ ਜਾਂਦਾ ਹੈ।
- ਗੁਰਬਾਣੀ ਅਨੁਸਾਰ ਗੁਰੂ, ਸਤਿਗੁਰੂ, ਸੰਤ, ਮਹਾਤਮਾਂ, ਮਹਾਂਪੁਰਸ਼, ਸਭ ਸ਼ਬਦ ਹੀ ਹੈ। ਇਸ ਲਈ ਸ਼ਬਦ ਦੁਆਰਾ ਹੀ ਅਸੀਂ ਅਕਾਲ ਪੁਰਖੁ ਨਾਲ ਸਬੰਧ ਬਣਾ ਸਕਦੇ ਹਾਂ, ਨਹੀਂ ਤਾਂ ਅਗਿਆਨਤਾ ਕਰਕੇ ਇਸ ਜਗਤ ਵਿਚ ਭੁਲੇ ਭਟਕਦੇ ਫਿਰਦੇ ਰਹਾਂਗੇ।
- ਗੁਰੂ ਪੀਰ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਣ ਵਾਲਾ ਮਨੁੱਖ ਡੂੰਘੇ ਜਿਗਰੇ ਵਾਲਾ ਬਣ ਜਾਂਦਾ ਹੈ, ਪਰੰਤੂ ਗੁਰੂ ਦੇ ਸ਼ਬਦ ਤੋਂ ਖੁੰਝਿਆ ਹੋਇਆ ਮਨੁੱਖ ਜਗਤ ਵਿਚ ਮਾਇਆ ਦੇ ਮੋਹ ਕਰਕੇ ਕਮਲਾ ਹੋਇਆ ਫਿਰਦਾ ਰਹਿੰਦਾ ਹੈ।
- ਇਸ ਲਈ ਜੇ ਕਰ ਅਡੋਲ ਅਵਸਥਾ ਵਿਚ ਟਿਕ ਕੇ ਨਾਮੁ ਪ੍ਰਾਪਤ ਕਰਨਾ ਚਾਹੁੰਦੇ ਹਾਂ, ਤਾਂ ਗੁਰੂ ਦੇ ਸ਼ਬਦ ਦਾ ਓਟ ਆਸਰਾ ਲੈਂਣਾਂ ਪਵੇਗਾ, ਕਿਉਂਕਿ ਗੁਰੂ ਦੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਦੇ ਨਾਮੁ ਦਾ ਰਸ ਮਾਣਿਆ ਜਾ ਸਕਦਾ ਹੈ।

ਇਸ ਲਈ ਆਓ ਸਾਰੇ ਜਾਣੇ ਸ਼ਬਦ ਗੁਰੂ ਦੀ ਸਹਾਇਤਾ ਨਾਲ ਅਕਾਲ ਪੁਰਖੁ ਦਾ ਨਾਮੁ ਜਪੀਏ, ਗੁਰਬਾਣੀ ਨੂੰ ਚੰਗੀ ਤਰ੍ਹਾਂ ਸਮਝੀਏ ਤੇ ਵੀਚਾਰੀਏ, ਸੱਚੀ ਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰੀਏ, ਤੇ ਆਪਣੇ ਮਨ ਨੂੰ ਅਡੋਲ ਅਵਸਥਾ ਵਿਚ ਟਿਕਾ ਕੇ ਆਪਣਾ ਕੀਮਤੀ ਮਨੁੱਖਾ ਜਨਮ ਸਫਲ ਕਰੀਏ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਨਾਮੁ ਜਪਣ ਅਤੇ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ (ਨਾਮੁ, ਭਾਗ ੭)

# How to realize and to be in tune with Akal Purkh through His Naam (Naam, Part 7)

ਦੁਨੀਆ ਦੇ ਬਹੁਤ ਸਾਰੇ ਧਰਮਾਂ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਆਪਣੀ ਆਪਣੀ ਕਲਪਨਾਂ ਦੇ ਆਧਾਰ ਤੇ ਦਿਤੀ ਹੈ। ਕਿਸੇ ਨੇ ਮਨੁੱਖ ਨੂੰ ਅਕਾਲ ਪੁਰਖ ਦਾ ਦਰਜਾ ਦੇ ਦਿਤਾ ਤੇ ਕਿਸੇ ਨੇ ਜੀਵ ਜੰਤੂ, ਵਸਤੂ ਜਾਂ ਸਥਾਨ ਨੂੰ ਅਕਾਲ ਪੁਰਖ ਦਾ ਦਰਜਾ ਦੇ ਦਿਤਾ। ਪਰੰਤੂ ਇਹ ਸਭ ਕੁਝ ਤਾਂ ਖੁਦ ਅਕਾਲ ਪੁਰਖ ਦੇ ਆਪਣੇ ਬਣਾਏ ਹੋਏ ਹਨ, ਅਤੇ ਇਹ ਸਾਰੇ ਨਾਸ਼ਵੰਤ ਹਨ। ਜੇ ਅਕਾਲ ਪੁਰਖ ਆਪ ਹੀ ਨਾਸ ਹੋ ਗਿਆ ਤਾਂ ਬਾਕੀ ਕੀ ਰਹਿ ਜਾਵੇਗਾ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਸਿਰਲੇਖ ਅਕਾਲ ਪੁਰਖ ਨੂੰ ਵਿਗਿਆਨਕ ਤਰੀਕੇ ਨਾਲ ਦਰਸਾਉਂਣ ਦਾ ਆਰੰਭ ਹੈ। ਇਸ ਨੂੰ ਅਕਾਲ ਪੁਰਖ ਸਬੰਧੀ ਸਾਇੰਸ ਦਾ ਮੁੱਢ ਵੀ ਕਹਿ ਸਕਦੇ ਹਾਂ। ਗੁਰੂ ਨਾਨਕ ਸਾਹਿਬ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਕਲਪਨਾਂ ਦੇ ਆਧਾਰ ਤੇ ਨਹੀਂ ਦਿਤੀ, ਬਲਕਿ ਪੂਰਨ, ਉਚੇ ਪੱਧਰ ਦੀ ਸਇੰਸ ਦੇ ਆਧਾਰ ਤੇ ਦਿੱਤੀ ਹੈ।

*ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥(੧)*

ਜੇ ਕਰ ਗੁਰਬਾਣੀ ਨੂੰ ਧਿਆਨ ਨਾਲ ਸਮਝੀਏ ਤਾਂ ਪਤਾ ਲਗਦਾ ਹੈ ਕਿ ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਅਕਾਲ ਪੁਰਖੁ ਦੇ ਗੁਣ ਹੀ ਸਮਝਾਏ ਹਨ। ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਕਿਤੇ ਵੀ ਸਪਸ਼ਟ ਕਰਕੇ ਨਹੀਂ ਕਿਹਾ ਕਿ ਕੋਈ ਇਕ ਅੱਖਰ ਜਾਂ ਸਬਦ ਅਕਾਲ ਪੁਰਖੁ ਦਾ ਨਾਂ ਹੈ, ਕਿਉਂਕਿ ਅਕਾਲ ਪੁਰਖੁ ਨੂੰ ਸੀਮਿਤ ਨਹੀਂ ਕੀਤਾ ਜਾ ਸਕਦਾ। ਗੁਰੂ ਸਾਹਿਬਾਂ ਨੇ ਏਕਾ ਸਬਦੀ ਵਾਲਿਆਂ ਨੂੰ ਵੀ ਗੁਰਬਾਣੀ ਅਨੁਸਾਰ ਪ੍ਰਵਾਨ ਨਹੀਂ ਕੀਤਾ ਹੈ "***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ***" (੬੫੪)। ਹਾਂ ਅਸੀਂ ਆਪਸੀ ਸਮਝ, ਸਹੂਲਤ ਤੇ ਸਾਂਝ ਕਰਨ ਲਈ ਦੋ ਅੱਖਰੀ ਸਬਦ "**ਅਕਾਲ ਪੁਰਖੁ**" ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ੨ ਵਾਰੀ ਵਰਤਿਆ ਗਿਆ ਹੈ।

ਗੁਰੂ ਗਰੰਥ ਸਾਹਿਬ ਵਿਚ *"ੴ ਸਤਿਗੁਰ ਪ੍ਰਸਾਦਿ"* ਬਾਣੀ ਦੇ ਸਿਰਲੇਖ ਦੇ ਤੌਰ ਤੇ ਲਗਭਗ ੫੨੨ ਵਾਰੀ ਆਇਆ ਹੈ। ਜੇਕਰ *"ੴ ਸਤਿਗੁਰ ਪ੍ਰਸਾਦਿ"* ਗੁਰੂ ਗਰੰਥ ਸਾਹਿਬ ਵਿਚ ਇਤਨੀ ਜਿਆਦਾ ਵਾਰੀ ਆਇਆ ਹੈ ਤੇ ਉਹ ਵੀ ਸਿਰਲੇਖ ਦੇ ਤੌਰ ਤੇ ਆਇਆ ਹੈ, ਤਾਂ ਇਸ ਦਾ ਜਰੂਰ ਕੋਈ ਖਾਸ ਕਾਰਨ ਹੋ ਸਕਦਾ ਹੈ। ਜੇ ਕਰ ਧਿਆਨ ਨਾਲ ਵੇਖਿਆ ਜਾਵੇ ਤਾਂ ਸਾਫ ਪਤਾ ਲਗਦਾ ਹੈ ਕਿ *"ੴ ਸਤਿਗੁਰ ਪ੍ਰਸਾਦਿ"*, ਅਕਾਲ ਪੁਰਖ ਦੀ ਪੂਰਨ ਪਰਿਭਾਸ਼ਾ "***ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥***" ਦਾ ਸੰਖੇਪ ਰੂਪ ਹੈ। ਜਿਸ ਵਿਚ ਆਰੰਭਕ ਭਾਗ (***ੴ ਸਤਿ***) ਤੇ ਆਖਰੀ ਭਾਗ (***ਗੁਰ ਪ੍ਰਸਾਦਿ***) ਲਏ ਗਏ ਹਨ ਤੇ ਵਿਚਲਾ ਭਾਗ (***ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ***) ਨਹੀਂ ਲਿਆ ਗਿਆ ਹੈ। ਇਸ ਲਈ ਅਸੀਂ ਕਹਿ ਸਕਦੇ ਹਾਂ ਕਿ **"ੴ ਸਤਿਗੁਰ ਪ੍ਰਸਾਦਿ"**, ਅਕਾਲ ਪੁਰਖ ਦੀ ਪੂਰਨ ਪਰਿਭਾਸ਼ਾ "***ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥***" ਦਾ ਸੰਖੇਪ ਰੂਪ ਹੀ ਹੈ। ਜੇ ਕਰ ਇਹ ਸੰਖੇਪ ਰੂਪ ਹੈ ਤਾਂ ਗੁਰਸਿਖ ਲਈ ਇਸ ਦੀ ਬਹੁਤ ਮਹੱਤਤਾ ਹੈ। ਇਸ ਨੂੰ ਇਕ ਖਾਸ ਸਿਖਿਆ ਦੇ ਤੌਰ ਤੇ ਵੀ ਸਮਝ ਸਕਦੇ ਹਾਂ, ਕਿ ਜੇ ਕਰ ਅਕਾਲ ਪੁਰਖ (*ੴ*) ਨੂੰ ਮਿਲਣਾਂ ਚਾਹੁੰਦੇ ਹਾਂ ਤਾਂ ਉਹ ਸਤਿਗੁਰੂ ਦੀ ਕ੍ਰਿਪਾ ਦੁਆਰਾ ਹੀ ਸੰਭਵ ਹੋ ਸਕਦਾ ਹੈ। ਜਾਂ ਦੂਸਰੇ ਸਬਦਾਂ ਵਿਚ ਕਹਿ ਸਕਦੇ ਹਾਂ ਕਿ ਇਸ ਸ੍ਰਿਸ਼ਟੀ ਦਾ ਕਰਤਾ ੴ ("***ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥***") ਹੈ ਅਤੇ ਸਤਿਗੁਰੂ ਦੀ ਕ੍ਰਿਪਾ ਦੁਆਰਾ ਉਸ ਅਕਾਲ ਪੁਰਖ ਦਾ ਮਿਲਾਪ ਹੋ ਸਕਦਾ ਹੈ। ਇਸ ਲਈ ਅਜੇਹੀ ਵਾਰ ਵਾਰ ਦਿਤੀ ਗਈ ਸਿਖਿਆ (***ੴ ਸਤਿਗੁਰ ਪ੍ਰਸਾਦਿ***) ਸਾਨੂੰ ਇਹੀ ਸਮਝਾਂਦੀ ਹੈ ਕਿ ਅਕਾਲ ਪੁਰਖ ਦੇ ਮਿਲਾਪ ਲਈ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਸਹਾਈ ਹੋ ਸਕਦੀ ਹੈ। ਇਸ ਲਈ ਸਾਨੂੰ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਵਿਚੋਂ ਹੀ ਅਕਾਲ ਪੁਰਖ ਬਾਰੇ ਖੋਜਣਾ ਪਵੇਗਾ। **ਅਕਾਲ ਪੁਰਖ ਦਾ ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਬਹੁਤ ਜਰੂਰੀ ਹਨ।** ਇਸ ਲਈ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹ ਕੇ, ਸਮਝ ਕੇ, ਤੇ ਆਪਣੇ ਅਮਲੀ ਜੀਵਨ ਵਿਚ ਅਪਨਾ ਕੇ, ਆਪਣਾ ਮਨੁੱਖਾ ਜੀਵਨ ਸਫਲ ਕਰ ਸਕਦੇ ਹਾਂ।

ਆਮ ਜੀਵਨ ਵਿਚ ਅਸੀਂ ਬੋਲਦੇ ਤਾਂ ਬਹੁਤ ਹਾਂ, ਪਰ ਸੁਣਦੇ ਬਹੁਤ ਘੱਟ ਹਾਂ। ਅਸੀਂ ਗੁਰਦੁਆਰਾ ਸਾਹਿਬ ਜਿਆਦਾ ਤਰ ਵੇਖਣ ਲਈ, ਮੱਥਾ ਟੇਕਣ ਲਈ ਜਾਂ ਰਵਾਇਤਾਂ ਪੂਰੀਆਂ ਕਰਨ ਲਈ ਹੀ ਜਾਂਦੇ ਹਾਂ। ਗੁਰਬਾਣੀ ਨੂੰ ਸੁਣਨ ਤੇ ਸਮਝਣ ਲਈ ਬਹੁਤ ਘੱਟ ਉਪਰਾਲੇ ਹੁੰਦੇ ਹਨ। ਆਮ ਤੌਰ ਤੇ ਅਸੀਂ ਉਹੀ ਸੁਣਦੇ ਹਾਂ ਜੋ ਸਾਨੂੰ ਚੰਗਾਂ ਲਗਦਾ ਹੈ। ਜੇ ਸੁਣਨ ਵਾਲੀ ਗੱਲ ਸਾਨੂੰ ਮੁਆਫਕ ਨਹੀਂ ਆਉਂਦੀ ਤਾਂ ਅਸੀਂ ਬਿਨਾਂ ਸੁਣੇ ਉਸ ਦੇ ਵਿਰੁਧ ਸੋਚਣਾਂ ਸ਼ੁਰੂ ਕਰ ਦਿੰਦੇ ਹਾਂ। ਇਹ ਠੀਕ ਹੈ ਕਿ ਕਈ ਵਿਆਖਿਆਕਾਰ

ਸਾਡੀ ਅਧੂਰੀ ਸਮਝ ਦੀ ਕਸਵਟੀ ਤੇ ਪੂਰੇ ਨਹੀਂ ਉਤਰਦੇ, ਪਰੰਤੂ ਉਨ੍ਹਾਂ ਦੇ ਦ੍ਰਿਸ਼ਟੀਕੋਨ ਨੂੰ ਵੀ ਬਿਲਕੁਲ ਅਣਦੇਖਿਆ ਨਹੀਂ ਕੀਤਾ ਜਾ ਸਕਦਾ। ਅਜੇਹੀ ਸਥਿਤੀ ਵਿਚ ਸਾਡੀ ਅਧੂਰੀ ਸੋਚ ਸਾਡੇ ਉੱਪਰ ਹਾਵੀ ਹੋ ਜਾਂਦੀ ਹੈ, ਤੇ ਕਈ ਵਾਰੀ ਅਸੀਂ ਆਪਣੀਆਂ ਸੋਚਾਂ ਵਿਚ ਹੀ ਗਵਾਚ ਜਾਂਦੇ ਹਾਂ। ਇਸ ਕਰਕੇ ਚਲ ਰਹੇ ਸ਼ਬਦ ਜਾਂ ਵਿਸ਼ੇ ਨਾਲ ਸਾਡਾ ਸੰਬੰਧ ਟੁਟ ਜਾਂਦਾ ਹੈ ਤੇ ਸਾਨੂੰ ਪਤਾ ਹੀ ਨਹੀਂ ਲਗਦਾ ਕਿ ਅੱਗੇ ਕੀ ਬੋਲਿਆ ਜਾ ਚੁਕਾ ਹੈ। ਇਸ ਤਰ੍ਹਾਂ ਸੰਬੰਧ ਟੁਟਣ ਕਰਕੇ ਸਾਨੂੰ ਪੂਰੇ ਸ਼ਬਦ ਜਾਂ ਵਿਸ਼ੇ ਦੀ ਸਮਝ ਨਹੀਂ ਲਗਦੀ। ਨਤੀਜਾ ਇਹ ਹੁੰਦਾ ਹੈ ਕਿ ਅਸੀਂ ਬਿਨਾ ਗੁਰੂ ਸਾਹਿਬ ਦੀ ਮੱਤ ਲਿਆਂ, ਖਾਲੀ ਹੱਥ ਘਰ ਵਾਪਿਸ ਪਰਤ ਜਾਂਦੇ ਹਾਂ।

*ਗੁਰੁ ਦੁਆਰੈ ਹੋਇ ਸੋਝੀ ਪਾਇਸੀ ॥ ਏਤੁ ਦੁਆਰੈ ਧੋਇ ਹਛਾ ਹੋਇਸੀ ॥ (੭੩੦)*

ਮਤ ਲੈਣ ਦਾ ਤਰੀਕਾ ਗੁਰੂ ਨਾਨਕ ਸਾਹਿਬ, ਜਪੁਜੀ ਸਾਹਿਬ ਵਿਚ ਸਪੱਸ਼ਟ ਕਰਕੇ ਸਮਝਾਉਂਦੇ ਹਨ ਕਿ ਆਓ, ਅਕਾਲ ਪੁਰਖ ਦੇ ਗੁਣ ਗਾਵੀਏ, "**ਗਾਵੀਐ**"। ਰਵਾਇਤੀ ਗਾਇਨ ਨਹੀਂ ਕਰਨਾ ਹੈ, ਹਿਰਦੇ ਤੋਂ ਗਾਇਨ ਕਰਨਾ ਹੈ। ਜੋ ਗਾਇਨ ਕਰ ਰਹੇ ਹਾਂ ਉਸ ਨੂੰ ਸੁਣਨਾ ਵੀ ਹੈ, "**ਸੁਣੀਐ**"। ਖਾਲੀ ਸੁਣਨਾਂ (Hearing) ਜਾਂ ਸਿਰਫ ਰਾਗ ਨੂੰ ਹੀ ਸੁਣ ਲੈਣਾਂ, ਸਿਰਫ ਕੰਨਾਂ ਤਕ ਹੀ ਸੀਮਿਤ ਰਹਿ ਜਾਂਦਾ ਹੈ। **ਧਿਆਨ ਨਾਲ ਸੁਣਨਾਂ** (Listen), ਕੰਨਾਂ ਅਤੇ ਦਿਮਾਗ ਦੋਹਾਂ ਨਾਲ ਹੁੰਦਾ ਹੈ। ਗੁਰਦੁਆਰਾ ਸਾਹਿਬ ਵਿਚ ਰਵਾਇਤਾਂ ਪੂਰੀਆਂ ਕਰਨ ਦੀ ਬਜਾਏ ਗੁਰੂ ਸਾਹਿਬ ਦੀ ਮਤ ਲੈਣ ਲਈ ਆਉਂਣਾਂ ਹੈ ਤੇ ਗੁਰੂ ਸਾਹਿਬ ਦੀ ਬਾਣੀ ਪੂਰੇ ਧਿਆਨ ਨਾਲ ਸੁਣਨੀ ਹੈ। ਬਾਅਦ ਵਿਚ ਗੁਰੂ ਸਾਹਿਬ ਦੀ ਗੱਲ ਵਾਰ ਵਾਰ ਵੀਚਾਰਨੀ ਹੈ ਤਾਂ ਜੋ ਠੀਕ ਤਰ੍ਹਾਂ ਸਮਝ ਆ ਸਕੇ। ਫਿਰ ਗੁਰੂ ਸਾਹਿਬ ਦੀ ਗੱਲ ਮੰਨਣੀ ਹੈ ਤੇ ਅਮਲੀ ਰੂਪ ਵਿਚ ਅਪਨਾਉਣੀ ਹੈ ਤਾਂ ਜੋ ਜੀਵਨ ਦੀ ਅਸਲੀਅਤ ਸਮਝ ਆ ਸਕੇ। ਗੁਰੂ ਸਾਹਿਬ ਦੇ ਪੂਰੇ ਸ਼ਬਦ ਨੂੰ ਵਿਚਾਰਨਾਂ ਹੈ, ਭਾਵ ਅਰਥ ਸਮਝਣਾਂ ਹੈ ਅਤੇ ਜੀਵਨ ਵਿਚ ਅਪਨਾਉਣਾਂ ਹੈ। ਇਹ ਸਭ ਕੁਝ ਕਰਨ ਨਾਲ ਹੀ "**ਸੁਣਿਐ ਦੂਖ ਪਾਪ ਕਾ ਨਾਸੁ**" ਹੋ ਸਕਦਾ ਹੈ। ਸਿਰਫ ਰਿਵਾਇਤੀ ਤੌਰ ਤੇ ਬਿਨਾ ਸਮਝ ਕੇ ਕੀਤੇ ਪਾਠ ਬਾਰੇ ਅਸੀਂ ਇਸ ਤਰ੍ਹਾਂ ਕਹਿ ਸਕਦੇ ਹਾਂ, ਕਿ ਜਿਸ ਤਰ੍ਹਾਂ ਪਾਣੀ ਪੀ ਕੇ ਕੁਰਲੀ ਕਰ ਦਿਤੀ ਹੋਵੇ। ਧਿਆਨ ਨਾਲ ਸਮਝ ਦੇ ਕੀਤਾ ਪਾਠ ਪੂਰੇ ਪਾਣੀ ਦੇ ਗਲਾਸ ਨੂੰ ਪੀਣ ਦੀ ਤਰ੍ਹਾਂ ਹੈ। ਆਪਣੇ ਮਨ ਵਿਚ ਉਸ ਅਕਾਲ ਪੁਰਖੁ ਲਈ ਪ੍ਰੇਮ ਟਿਕਾਉਣਾਂ ਹੈ "**ਮਨਿ ਰਖੀਐ ਭਾਉ**"। ਜੇ ਕਰ ਇਸ ਤਰ੍ਹਾਂ ਕਰਾਂਗੇ, ਤਾਂ ਹੀ ਆਪਣਾ ਦੁਖ ਦੂਰ ਕਰਕੇ, ਸੁਖ ਨੂੰ ਹਿਰਦੇ ਵਿਚ ਵਸਾ ਸਕਦੇ ਹਾਂ।

***ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ (੨)***

ਗੁਰੂ ਸਾਹਿਬ ਆਪਣੇ ਆਪ ਨੂੰ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਮੈਂ ਅਕਾਲ ਪੁਰਖੁ ਦਾ ਨਾਮੁ ਯਾਦ ਕਰ ਕਰ ਕੇ ਸੁਖ ਹਾਸਲ ਕਰਦਾ ਹਾਂ। ਇਸ ਤਰ੍ਹਾਂ ਕਰਨ ਨਾਲ ਸਰੀਰ ਵਿਚ ਜਿਹੜੇ ਦੁਖ ਤੇ ਕਲੇਸ਼ ਹਨ, ਉਨ੍ਹਾਂ ਨੂੰ ਮਿਟਾ ਲੈਂਦਾਂ ਹਾਂ। ਅਕਾਲ ਪੁਰਖੁ ਸਭ ਦੀ ਪਾਲਨਾ ਕਰਨ ਵਾਲਾ ਹੈ, ਉਸ ਦਾ ਨਾਮੁ ਅਨੇਕਾਂ ਤੇ ਅਣਗਿਣਤ ਜੀਵ ਜਪਦੇ ਰਹਿੰਦੇ ਹਨ, ਮੈਂ ਵੀ ਉਸ ਅਕਾਲ ਪੁਰਖੁ ਨੂੰ ਯਾਦ ਕਰਦਾ ਰਹਿੰਦਾ ਹਾਂ। ਵੇਦਾਂ, ਪੁਰਾਨਾਂ ਤੇ ਸਿਮ੍ਰਿਤੀਆਂ ਨੇ ਇਕ ਅਕਾਲ ਪੁਰਖ ਦੇ ਨਾਮੁ ਨੂੰ ਹੀ ਸਭ ਤੋਂ ਪਵਿਤਰ ਮੰਨਿਆ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਅਕਾਲ ਪੁਰਖ ਦੇ ਨਾਮੁ ਦਾ ਥੋੜਾ ਜਿਹਾ ਕਿਨਕਾ ਵੀ ਵਸ ਜਾਂਦਾ ਹੈ, ਉਸ ਮਨੁੱਖ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਗੁਰੂ ਸਾਹਿਬ ਬੇਨਤੀ ਕਰਦੇ ਹਨ ਕਿ, ਹੇ ਅਕਾਲ ਪੁਰਖ! ਜਿਹੜੇ ਮਨੁੱਖ ਤੇਰੇ ਦੀਦਾਰ ਦੇ ਚਾਹਵਾਨ ਹਨ, ਮੈਨੂੰ ਉਨ੍ਹਾਂ ਗੁਰਮੁਖਾਂ ਦੀ ਸੰਗਤਿ ਵਿਚ ਰੱਖ ਕੇ ਇਸ ਸੰਸਾਰ ਰੂਪੀ ਸਮੁੰਦਰ ਤੋਂ ਬਚਾ ਲਵੋ।

*ਅਸਟਪਦੀ ॥ ਸਿਮਰਉ ਸਿਮਰਿ ਸਿਮਰਿ ਸੁਖੁ ਪਾਵਉ ॥ ਕਲਿ ਕਲੇਸ ਤਨ ਮਾਹਿ ਮਿਟਾਵਉ ॥ ਸਿਮਰਉ ਜਾਸੁ ਬਿਸੁੰਭਰ ਏਕੈ ॥ ਨਾਮੁ ਜਪਤ ਅਗਨਤ ਅਨੇਕੈ ॥ ਬੇਦ ਪੁਰਾਨ ਸਿੰਮ੍ਰਿਤਿ ਸੁਧਾਖ੍ਹਰ ॥ ਕੀਨੇ ਰਾਮ ਨਾਮ ਇਕ ਆਖ੍ਹਰ ॥ **ਕਿਨਕਾ ਏਕ ਜਿਸੁ ਜੀਅ ਬਸਾਵੈ ॥ ਤਾ ਕੀ ਮਹਿਮਾ ਗਨੀ ਨ ਆਵੈ** ॥ ਕਾਂਖੀ ਏਕੈ ਦਰਸ ਤੁਹਾਰੋ ॥ ਨਾਨਕ ਉਨ ਸੰਗਿ ਮੋਹਿ ਉਧਾਰੋ ॥੧॥ (੨੬੨)*

ਲੱਖਾਂ ਕਰੋੜਾਂ ਬਾਹਵਾਂ ਦੇ ਹੁੰਦਿਆਂ, ਭਾਵ ਅਨੇਕਾਂ ਤਰ੍ਹਾਂ ਦੇ ਆਸਰਿਆਂ ਦੇ ਬਾਵਜੂਦ ਵੀ ਮਨੁੱਖ ਇਸ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਨਹੀਂ ਲੰਘ ਸਕਦਾ। ਸਿਰਫ ਅਕਾਲ ਪੁਰਖੁ ਦਾ ਨਾਮੁ ਹੀ ਇਸ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘਾ ਸਕਦਾ ਹੈ। ਜੇ ਕਰ ਮਨੁੱਖ ਨੂੰ ਜੀਵਨ ਵਿਚ ਅਨੇਕਾਂ ਔਕੜਾਂ ਵੀ ਦੁਖੀ ਕਰਦੀਆਂ ਰਹਿੰਦੀਆਂ ਹਨ, ਤਾਂ ਵੀ ਉਸ ਅਵਸਥਾ ਵਿਚ ਅਕਾਲ ਪੁਰਖੁ ਦਾ ਨਾਮੁ ਸੇਵਕ ਨੂੰ ਤੁਰੰਤ ਬਚਾ ਲੈਂਦਾ ਹੈ। ਜੇ ਕਰ ਜੀਵ ਅਨੇਕਾਂ ਜੂਨਾਂ ਵਿਚ ਜੰਮਦਾ ਤੇ ਮਰਦਾ ਰਹਿੰਦਾ ਹੈ, ਵਿਕਾਰਾਂ ਕਰਕੇ ਭਰਮਾਂ, ਭੁਲੇਖਿਆਂ ਤੇ ਭੰਬਲ ਭੂਸਿਆਂ ਵਿਚ ਪਿਆ ਰਹਿੰਦਾ ਹੈ, ਤਾਂ ਵੀ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਅਜੇਹੇ ਮਨੁੱਖ ਦਾ ਮਨ ਟਿਕਾਉ ਵਿਚ ਆ ਜਾਂਦਾ ਹੈ। ਹਉਮੈ ਨਾਲ ਗੰਦਾ ਹੋਇਆ ਜੀਵ ਕਦੇ ਵੀ ਆਪਣੀ ਵਿਕਾਰਾਂ ਵਾਲੀ ਮੈਲ ਨੂੰ ਨਹੀਂ ਧੋਂਦਾ, ਤੇ ਆਪਣੇ ਹਉਮੈ ਵਿਚ ਹੀ ਫਸਿਆ ਰਹਿੰਦਾ ਹੈ, ਪਰੰਤੂ ਅਕਾਲ ਪੁਰਖੁ ਦਾ ਨਾਮੁ ਅਜੇਹੇ ਕਰੋੜਾਂ ਤਰ੍ਹਾਂ ਦੇ ਪਾਪ ਨਾਸ ਕਰ ਸਕਦਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦੇ ਪਿਆਰ ਵਿਚ ਪੂਰੀ ਤਰ੍ਹਾਂ ਲਿਵ ਲਗਾ ਕੇ ਉਸ ਦਾ ਅਜੇਹਾ ਨਾਮੁ ਜਪ, ਜਿਹੜਾਂ ਗੁਰਮੁਖਾਂ ਦੀ ਸੰਗਤਿ ਵਿਚ ਮਿਲਦਾ ਹੈ।

*ਛੂਟਤ ਨਹੀ ਕੋਟਿ ਲਖ ਬਾਹੀ ॥ ਨਾਮੁ ਜਪਤ ਤਹ ਪਾਰਿ ਪਰਾਹੀ ॥ ਅਨਿਕ ਬਿਘਨ ਜਹ ਆਇ ਸੰਘਾਰੈ ॥ ਹਰਿ ਕਾ ਨਾਮੁ ਤਤਕਾਲ ਉਧਾਰੈ ॥ ਅਨਿਕ ਜੋਨਿ ਜਨਮੈ ਮਰਿ ਜਾਮ ॥ ਨਾਮੁ ਜਪਤ ਪਾਵੈ ਬਿਸ੍ਰਾਮ ॥ ਹਉ ਮੈਲਾ ਮਲੁ ਕਬਹੁ ਨ ਧੋਵੈ ॥ ਹਰਿ ਕਾ ਨਾਮੁ ਕੋਟਿ ਪਾਪ ਖੋਵੈ ॥* ***ਐਸਾ ਨਾਮੁ ਜਪਹੁ ਮਨ ਰੰਗਿ ॥ ਨਾਨਕ ਪਾਈਐ ਸਾਧ ਕੈ ਸੰਗਿ*** *॥੩॥ (੨੬੪)*

ਗੁਰੂ ਰਾਮਦਾਸ ਜੀ ਨੇ ਸਿੱਖ ਦੀ ਪ੍ਰੀਭਾਸ਼ਾ ਵਿਚ ਅੰਮ੍ਰਿਤ ਵੇਲੇ ਨੂੰ ਖਾਸ ਮਹੱਤਵ ਦਿੱਤਾ ਹੈ। ਸਤਿਗੁਰੂ ਦਾ ਸੱਚਾ ਸਿੱਖ ਉਸ ਨੂੰ ਆਖਦੇ ਹਨ, ਜਿਹੜਾ ਹਰ ਰੋਜ਼ ਸਵੇਰੇ ਉੱਠ ਕੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਹੈ। ਹਰ ਰੋਜ਼ ਸਵੇਰੇ ਉੱਦਮ ਕਰਕੇ ਆਪਣੇ ਰੋਜ਼ਾਨਾ ਸਰੀਰਕ ਸਫਾਈ ਅਤੇ ਇਸ਼ਨਾਨ ਕਰਨ ਤੋਂ ਬਾਅਦ ਨਾਮੁ ਰੂਪੀ ਅੰਮ੍ਰਿਤ ਬਾਣੀ ਦੇ ਸਰੋਵਰ ਵਿਚ ਟੁੱਬੀ ਲਾਉਂਦਾ ਹੈ। ਸਤਿਗੁਰੂ ਦੇ ਉਪਦੇਸ਼, ਭਾਵ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਦਾ ਹੈ। ਗੁਰਬਾਣੀ ਧਿਆਨ ਨਾਲ ਪੜ੍ਹਨ, ਸੁਣਨ, ਸਮਝਣ ਤੇ ਅਮਲੀ ਰੂਪ ਦੇਣ ਨਾਲ ਸਾਰੇ ਪਾਪ ਅਤੇ ਵਿਕਾਰ ਲਹਿ ਜਾਂਦੇ ਹਨ। ਸਤਿਗੁਰੂ ਦੀ ਅੰਮ੍ਰਿਤ ਰੂਪੀ ਬਾਣੀ ਦੁਆਰਾ ਅਕਾਲ ਪੁਰਖੁ ਦਾ ਜੱਸ ਗਾਇਨ ਕਰਦਾ ਹੈ। ਗੁਰਸਿੱਖ ਸਾਰਾ ਦਿਨ ਆਪਣੀ ਕਿਰਤ ਕਰਦੇ ਹੋਇਆਂ ਹਮੇਸ਼ਾਂ, ਅਕਾਲ ਪੁਰਖੁ ਦਾ ਨਾਮੁ ਧਿਆਨ ਵਿਚ ਰੱਖਦਾ ਹੈ। ਅਕਾਲ ਪੁਰਖੁ ਨੂੰ ਹਰ ਸਮੇਂ ਚੇਤੇ ਕਰਨ ਵਾਲਾ ਸਿੱਖ, ਸਤਿਗੁਰੂ ਨੂੰ ਚੰਗਾ ਲੱਗਦਾ ਹੈ। ਸਤਿਗੁਰੂ, ਉਸ ਗੁਰਸਿੱਖ ਨੂੰ ਸਿੱਖਿਆ ਦਿੰਦਾਂ ਹੈ, ਜਿਸ ਤੇ ਅਕਾਲ ਪੁਰਖੁ ਦਿਆਲ ਹੁੰਦਾ ਹੈ। ਗੁਰੂ ਦਾ ਸਿੱਖ ਸਿਰਫ ਆਪਣਾ ਭਲਾ ਹੀ ਨਹੀਂ, ਬਲਕਿ ਸਰਬੱਤ ਦਾ ਭਲਾ ਮੰਗਦਾ ਹੈ। ਇਸ ਲਈ ਸਿੱਖ ਆਪਣੇ ਨਾਮੁ ਜਪਣ ਦੇ ਨਾਲ ਨਾਲ, ਹੋਰਨਾਂ ਨੂੰ ਵੀ ਨਾਮੁ ਜਪਾਉਂਦਾ ਹੈ। ਗੁਰੂ ਦੇ ਸਿੱਖ ਦਾ ਫਰਜ਼ ਬਣ ਜਾਂਦਾ ਹੈ ਕਿ ਸਾਂਝੇ ਤੌਰ ਤੇ ਸੰਗਤੀ ਰੂਪ ਵਿਚ ਗੁਰਬਾਣੀ ਗਾਇਨ ਕਰੇ। ਆਪ ਗੁਰਬਾਣੀ ਪੜ੍ਹੇ ਅਤੇ ਦੂਸਰਿਆ ਨੂੰ ਗੁਰਬਾਣੀ ਪੜ੍ਹਨ ਤੇ ਸਮਝਣ ਲਈ ਪ੍ਰੇਰਨਾ ਅਤੇ ਸਹਾਇਤਾ ਕਰੇ।

***ਮਃ ੪ ॥ ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ ॥ ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ ॥ ਉਪਦੇਸਿ ਗੁਰੂ ਹਰਿ ਹਰਿ ਜਪੁ ਜਾਪੈ ਸਭਿ ਕਿਲਵਿਖ ਪਾਪ ਦੋਖ ਲਹਿ ਜਾਵੈ ॥ ਫਿਰਿ ਚੜੈ ਦਿਵਸੁ ਗੁਰਬਾਣੀ ਗਾਵੈ ਬਹਦਿਆ ਉਠਦਿਆ ਹਰਿ ਨਾਮੁ ਧਿਆਵੈ ॥ ਜੋ ਸਾਸਿ ਗਿਰਾਸਿ ਧਿਆਏ ਮੇਰਾ ਹਰਿ ਹਰਿ ਸੋ ਗੁਰਸਿਖੁ ਗੁਰੂ ਮਨਿ ਭਾਵੈ ॥ ਜਿਸ ਨੋ ਦਇਆਲੁ ਹੋਵੈ ਮੇਰਾ ਸੁਆਮੀ ਤਿਸੁ ਗੁਰਸਿਖ ਗੁਰੂ ਉਪਦੇਸੁ ਸੁਣਾਵੈ ॥ ਜਨੁ ਨਾਨਕੁ ਧੂੜਿ ਮੰਗੈ ਤਿਸੁ ਗੁਰਸਿਖ ਕੀ ਜੋ ਆਪਿ ਜਪੈ ਅਵਰਹ ਨਾਮੁ ਜਪਾਵੈ ॥੨॥ (੩੦੫-੩੦੬)***

ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਮੇਰੇ ਅੰਦਰ ਅਜੇਹੀ ਸ਼ਰਧਾ ਤੇ ਪ੍ਰੇਮ ਪੈਦਾ ਕਰੋ, ਜਿਸ ਤਰ੍ਹਾਂ ਦੀ ਸ਼ਰਧਾ ਤੇ ਪ੍ਰੇਮ ਨਾਲ ਧ੍ਰੂ ਅਤੇ ਪ੍ਰਹਿਲਾਦ ਨੇ ਅਕਾਲ ਪੁਰਖੁ ਨੂੰ ਜਪਿਆ ਸੀ। ਹੇ ਦੀਨਾਂ ਉਤੇ ਦਇਆ ਕਰਨ ਵਾਲੇ ਅਕਾਲ ਪੁਰਖੁ! ਮੈਂਨੂੰ ਤੇਰੇ ਉਪਰ ਪੂਰਾ ਭਰੋਸਾ ਹੈ, ਜਿਸ ਕਰਕੇ ਮੈਂ ਆਪਣਾ ਸਾਰਾ ਪਰਵਾਰ, ਭਾਵ ਆਪਣੀਆਂ ਸਾਰੀਆਂ ਗਿਆਨ ਇੰਦ੍ਰਿਆਂ (ਜੀਭ, ਅੱਖਾਂ, ਕੰਨ, ਨੰਕ, ਚਮੜੀ) ਨੂੰ ਤੇਰੇ ਨਾਮੁ ਦੇ ਜਹਾਜ਼ ਤੇ ਚੜ੍ਹਾ ਦਿੱਤਾ ਹੈ ਤੇ ਤੇਰੀ ਸਿਫ਼ਤਿ ਸਾਲਾਹ ਨਾਲ ਜੋੜ ਦਿੱਤਾ ਹੈ। ਹੁਣ ਜਿਸ ਤਰ੍ਹਾਂ ਅਕਾਲ ਪੁਰਖੁ ਨੂੰ ਭਾਉਂਦਾ ਹੈ, ਉਹ ਇਨ੍ਹਾਂ ਗਿਆਨ ਇੰਦ੍ਰਿਆਂ ਨੂੰ ਆਪਣੇ ਹੁਕਮੁ ਅਨੁਸਾਰ ਚਲਾਉਂਦਾ ਹੈ। ਜਿਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪਣੇ ਮਨ ਨੂੰ ਤੇ ਗਿਆਨ ਇੰਦ੍ਰਿਆਂ ਨੂੰ ਅਕਾਲ ਪੁਰਖੁ ਦੀ ਯਾਦ ਵਿਚ ਜੋੜ ਲੈਂਦਾ ਹੈ, ਉਹ ਇਸ ਸੰਸਾਰ ਰੂਪੀ ਸਮੁੰਦਰ ਵਿਚ ਵਿਕਾਰਾਂ ਦੀਆਂ ਲਹਿਰਾਂ ਤੋਂ ਬਚ ਜਾਂਦਾ ਹੈ, ਤੇ ਆਪਣਾ ਮਨੁੱਖਾ ਜੀਵਨ ਸਫਲ ਕਰ ਲੈਂਦਾ ਹੈ।

*ਗਉੜੀ ॥* ***ਰਾਮ ਜਪਉ ਜੀਅ ਐਸੇ ਐਸੇ ॥ ਧ੍ਰੂ ਪ੍ਰਹਿਲਾਦ ਜਪਿਓ ਹਰਿ ਜੈਸੇ ॥੧॥ ਦੀਨ ਦਇਆਲ ਭਰੋਸੇ ਤੇਰੇ ॥ ਸਭੁ ਪਰਵਾਰੁ ਚੜਾਇਆ ਬੇੜੇ ॥੧॥ ਰਹਾਉ*** *॥ (੩੩੭)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦਾ ਪਿਆਰ ਤੇ ਨਾਮੁ ਹੀ ਮੇਰੇ ਮਨ ਤੇ ਤਨ ਦਾ ਆਸਰਾ ਹੈ। ਇਸ ਲਈ ਮੈਂ ਸਦਾ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹਾਂ, ਤੇ ਨਾਮੁ ਹੀ ਮੇਰੇ ਸਾਰੇ ਸੁਖਾਂ ਦਾ ਨਿਚੋੜ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ। ਇਸ ਲਈ ਹੇ ਮੇਰੇ ਸਜਣੋਂ! ਤੇ ਮਿੱਤਰੋ! ਸਦਾ ਅਕਾਲ ਪੁਰਖੁ ਦਾ ਨਾਮੁ ਜਪਿਆ ਕਰੋ। ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮੈਨੂੰ ਮਨੁੱਖਾ ਜੀਵਨ ਲਈ ਕੋਈ ਹੋਰ ਆਸਰਾ ਨਹੀਂ ਦਿਸਦਾ ਹੈ ਤੇ ਅਕਾਲ ਪੁਰਖੁ ਦਾ ਨਾਮੁ ਵਡੀ ਕਿਸਮਤ ਨਾਲ ਹੀ ਗੁਰੂ ਦੁਆਰਾ ਮਿਲ ਸਕਦਾ ਹੈ।

***ਨਾਮੁ ਜਪਹੁ ਮੇਰੇ ਸਾਜਨ ਸੈਨਾ ॥ ਨਾਮ ਬਿਨਾ ਮੈ ਅਵਰੁ ਨ ਕੋਈ ਵਡੈ ਭਾਗਿ ਗੁਰਮੁਖਿ ਹਰਿ ਲੈਨਾ ॥੧॥ ਰਹਾਉ ॥*** *(੩੬੬)*

ਜੇਕਰ ਹਰੇਕ ਮਨੁੱਖ ਨਿਰੀ ਜੀਭ ਨਾਲ ਹੀ ਰਾਮ ਰਾਮ (ਅਕਾਲ ਪੁਰਖੁ ਦਾ ਨਾਂ) ਬੋਲਦਾ ਰਹੇ, ਤਾਂ ਨਿਰਾ ਜੀਭ ਨਾਲ ਰਾਮ ਰਾਮ ਬੋਲਣ ਨਾਲ ਸਫਲਤਾ ਨਹੀਂ ਮਿਲ ਸਕਦੀ। ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਠੱਗੀ ਵਸਦੀ ਹੈ, ਤੇ ਬਾਹਰਲੇ ਭੇਖ ਨਾਲ ਉਹ ਆਪਣੇ ਆਪ ਨੂੰ ਸੰਤ ਅਖਵਾਂਦੇ ਹਨ, ਅਜੇਹੇ ਮਨੁੱਖਾਂ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਕਦੇ ਵੀ ਨਹੀਂ ਮੁੱਕਦੀ। ਅਨੇਕਾਂ ਤੀਰਥਾਂ ਤੇ ਇਸ਼ਨਾਨ ਕਰਨ ਨਾਲ ਵੀ ਹਉਮੇ ਦੀ ਮੈਲ ਕਦੇ ਨਹੀਂ ਉਤਰਦੀ। **ਇਸ ਲਈ ਖਾਲੀ ਮੂੰਹ ਨਾਲ ਬੋਲਣ ਨਾਲ ਨਾਮੁ ਜਪਣਾ ਨਹੀਂ ਹੋ ਸਕਦਾ।** ਅਕਾਲ ਪੁਰਖੁ ਦੇ ਨਾਮੁ ਦਾ ਫਲ ਤਾਂ ਹੀ ਮਿਲਦਾ ਹੈ, ਜੇਕਰ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦਾ ਨਾਮੁ ਵੱਸ ਜਾਏ। ਜਿਸ ਮਨੁੱਖ ਦੇ ਹਿਰਦੇ ਵਿਚ ਅਕਾਲ ਪੁਰਖੁ ਲਈ ਪ੍ਰੇਮ ਬਣ ਜਾਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਨੂੰ ਕਦੇ ਵੀ ਭੁੱਲਦਾ ਨਹੀਂ, ਤੇ ਸਦਾ ਆਪਣੇ ਮਨ ਅਤੇ ਚਿੱਤ ਵਿਚ ਅਕਾਲ ਪੁਰਖੁ ਨੂੰ ਯਾਦ ਕਰਦਾ ਰਹਿੰਦਾ ਹੈ।

*ਗੂਜਰੀ ਮਹਲਾ ੩ ॥ ਰਾਮ ਰਾਮ ਸਭੁ ਕੋ ਕਹੈ ਕਹਿਐ ਰਾਮੁ ਨ ਹੋਇ ॥ ਗੁਰ ਪਰਸਾਦੀ ਰਾਮੁ ਮਨਿ ਵਸੈ ਤਾ ਫਲੁ ਪਾਵੈ ਕੋਇ ॥੧॥ ਅੰਤਰਿ ਗੋਵਿੰਦ ਜਿਸੁ ਲਾਗੈ ਪ੍ਰੀਤਿ ॥ ਹਰਿ ਤਿਸੁ ਕਦੇ ਨ ਵੀਸਰੈ ਹਰਿ ਹਰਿ ਕਰਹਿ ਸਦਾ ਮਨਿ ਚੀਤਿ ॥੧॥ ਰਹਾਉ ॥*
*(੪੯੧)*

ਸਾਰਾ ਸੰਸਾਰ ਮੂੰਹ ਨਾਲ 'ਰਾਮ, ਰਾਮ' ਕਹਿੰਦਾ ਰਹਿੰਦਾ ਹੈ, ਪਰੰਤੂ ਇਸ ਤਰ੍ਹਾਂ ਕਰਨ ਨਾਲ 'ਰਾਮੁ' ਨਹੀਂ ਲੱਭਿਆ ਜਾ ਸਕਦਾ। ਉਹ ਰਾਮੁ (ਅਕਾਲ ਪੁਰਖੁ) ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬਹੁਤ ਵੱਡਾ ਹੈ, ਅਤੁੱਲ ਹੈ ਤੇ ਤੋਲਿਆ ਨਹੀਂ ਜਾ ਸਕਦਾ, ਉਸ ਦੀ ਕੀਮਤਿ ਨਹੀਂ ਪਾਈ ਜਾ ਸਕਦੀ, ਤੇ ਕਿਸੇ ਥਾਂ ਤੋਂ ਮੁੱਲ ਖਰੀਦਿਆ ਨਹੀਂ ਜਾ ਸਕਦਾ। ਪਰੰਤੂ, ਇੱਕ ਤਰੀਕਾ ਹੈ, ਜੇਕਰ ਗੁਰੂ ਦੇ ਸ਼ਬਦ ਨਾਲ ਮਨ ਨੂੰ ਵਿੰਨ੍ਹਿਆ ਜਾਏ ਤਾਂ ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਮਨ ਵਿਚ ਆ ਵੱਸਦਾ ਹੈ। ਅਕਾਲ ਪੁਰਖੁ ਆਪ ਤਾਂ ਮਿਣਤੀ ਤੋਂ ਪਰੇ ਹੈ, ਪਰੰਤੂ ਸਤਿਗੁਰੂ ਦੀ ਕਿਰਪਾ ਨਾਲ ਇਹ ਸਮਝ ਆ ਜਾਂਦੀ ਹੈ ਕਿ ਅਕਾਲ ਪੁਰਖੁ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ, ਅਕਾਲ ਪੁਰਖੁ ਆਪ ਹੀ ਹਰ ਥਾਂ ਰਮਿਆ ਹੋਇਆ ਹੈ ਤੇ ਜੀਵ ਦੇ ਹਿਰਦੇ ਵਿਚ ਆ ਕੇ ਉਹ ਆਪ ਹੀ ਪਰਗਟ ਹੋ ਜਾਂਦਾ ਹੈ।

*ਸਲੋਕ ਮਃ ੩ ॥ ਰਾਮੁ ਰਾਮੁ ਕਰਤਾ ਸਭੁ ਜਗੁ ਫਿਰੈ ਰਾਮੁ ਨ ਪਾਇਆ ਜਾਇ ॥ ਅਗਮੁ ਅਗੋਚਰੁ ਅਤਿ ਵਡਾ ਅਤੁਲੁ ਨ ਤੁਲਿਆ ਜਾਇ ॥ ਕੀਮਤਿ ਕਿਨੈ ਨ ਪਾਈਆ ਕਿਤੈ ਨ ਲਇਆ ਜਾਇ ॥ ਗੁਰ ਕੈ ਸਬਦਿ ਭੇਦਿਆ ਇਨ ਬਿਧਿ ਵਸਿਆ ਮਨਿ ਆਇ ॥ ਨਾਨਕ ਆਪਿ ਅਮੇਉ ਹੈ ਗੁਰ ਕਿਰਪਾ ਤੇ ਰਹਿਆ ਸਮਾਇ ॥ ਆਪੇ ਮਿਲਿਆ ਮਿਲਿ ਰਹਿਆ ਆਪੇ ਮਿਲਿਆ ਆਇ ॥੧॥*
*(੫੫੫)*

ਮਨੁੱਖ ਇਸ ਜਗਤ ਵਿਚ ਆਪਣਾ ਮਨੁੱਖਾ ਜੀਵਨ ਨੂੰ ਸਫਲ ਕਰਨ ਲਈ ਆਇਆ ਹੈ, ਇਸ ਲਈ ਅਕਾਲ ਪੁਰਖੁ ਦੇ ਨਾਮੁ ਧਨ ਨਾਲ, ਉਸ ਦੇ ਹੁਕਮੁ ਅਨੁਸਾਰ ਚਲ ਕੇ ਆਪਣੇ ਜੀਵਨ ਦਾ ਵਾਪਾਰ ਕਰਨਾ ਹੈ। ਅਕਾਲ ਪੁਰਖੁ ਦੇ ਨਾਮੁ ਨੂੰ ਆਪਣੀ ਜਿੰਦ ਦਾ ਆਸਰਾ ਬਣਾਨਾ ਹੈ। ਅਕਾਲ ਪੁਰਖੁ ਹਰ ਥਾਂ ਵਿਆਪਕ ਹੈ, ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ, ਇਸ ਲਈ ਉਸ ਦੀ ਸਿਫ਼ਤਿ ਸਾਲਾਹ ਤੇ ਗੁਣ ਗਾਇਨ ਕਰਦੇ ਰਹਿੰਣਾਂ ਹੈ ਤੇ ਉਸ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਣੀ ਹੈ। ਗੁਰੂ ਸਾਹਿਬ ਸਮਝਾਂਦੇ ਹਨ, ਕਿ ਸੰਤ ਜਨਾਂ ਨਾਲ ਮਿਲ ਕੇ, ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦੇ ਰਹੋ, ਕਿਉਂਕਿ ਇਹ ਕੰਮ ਹੋਰ ਸਾਰੇ ਕੰਮਾਂ ਨਾਲੋਂ ਪਵਿਤਰ ਅਤੇ ਸਫਲ ਹੈ।

*ਗੋਂਡ ਮਹਲਾ ੫ ॥ ਰਾਮ ਰਾਮ ਸੰਗਿ ਕਰਿ ਬਿਉਹਾਰ ॥ ਰਾਮ ਰਾਮ ਰਾਮ ਪ੍ਰਾਨ ਅਧਾਰ ॥ ਰਾਮ ਰਾਮ ਰਾਮ ਕੀਰਤਨੁ ਗਾਇ ॥ ਰਮਤ ਰਾਮੁ ਸਭ ਰਹਿਓ ਸਮਾਇ ॥੧॥ ਸੰਤ ਜਨਾ ਮਿਲਿ ਬੋਲਹੁ ਰਾਮ ॥ ਸਭ ਤੇ ਨਿਰਮਲ ਪੂਰਨ ਕਾਮ ॥੧॥ ਰਹਾਉ ॥*
*(੮੬੫)*

ਜਿਵੇਂ ਹੰਸ ਸਰੋਵਰ ਤੋਂ ਬਿਨਾ ਨਹੀਂ ਰਹਿ ਸਕਦਾ, ਉਸੇ ਤਰ੍ਹਾਂ ਅਕਾਲ ਪੁਰਖੁ ਦਾ ਭਗਤ ਗੁਰੂ ਦੇ ਸਬਦ ਤੋਂ ਬਿਨਾ ਨਹੀਂ ਰਹਿ ਸਕਦਾ। ਗੁਰੂ ਸਾਹਿਬ ਸਮਝਾਂਦੇ ਹਨ ਕਿ ਮੇਰੇ ਕੋਲ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਨੀ ਤੇ ਅਕਾਲ ਪੁਰਖੁ ਦਾ ਨਾਮੁ ਜਪਣਾ ਹੀ ਨਾਮੁ ਰੂਪੀ ਧਨ ਹੈ, ਇਸ ਲਈ ਮੈਂ ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਜਪਦਾ ਰਹਿੰਦਾ ਹਾਂ, ਤੇ ਹਰ ਵੇਲੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦਾ ਰਹਿੰਦਾ ਹਾਂ। ਜਦੋਂ ਤੋਂ ਸਬਦ ਗੁਰੂ ਨੇ ਮੈਨੂੰ ਅਕਾਲ ਪੁਰਖੁ ਦੇ ਨਾਮੁ ਦੀ ਦੱਸ ਪਾਈ ਹੈ, ਉਦੋਂ ਤੋਂ ਮੈਂ ਅਕਾਲ ਪੁਰਖੁ ਦਾ ਨਾਮੁ ਆਪਣੀ ਯਾਦ ਵਿਚ ਰੱਖਣ ਤੋਂ ਬਿਨਾ ਮੈਂ ਇਕ ਘੜੀ ਪਲ ਵੀ ਨਹੀਂ ਰਹਿ ਸਕਦਾ ਹਾਂ।

*ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ ॥ ਸਤਿਗੁਰਿ ਮੋ ਕਉ ਹਰਿ ਨਾਮੁ ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ॥੧॥ ਰਹਾਉ ॥ (੩੬੮)*

ਇਨਸਾਨ ਵਾਸਤੇ ਧਰਮ ਤਾਂ ਹੀ ਲਾਭਦਾਇਕ ਹੈ, ਜੇ ਕਰ ਉਸ ਦੇ ਦੱਸੇ ਪੂਰਨਿਆਂ ਉਤੇ ਚਲ ਕੇ ਮਨੁੱਖ ਦੂਸਰਿਆਂ ਦੀ ਭਲਾਈ ਕਰਨ ਦੀ ਕੋਸ਼ਸ਼ ਕਰਦਾ ਹੈ। ਜੇ ਮਨੁੱਖ ਰਵਾਇਤੀ ਤੌਰ ਤੇ ਧਰਮ ਦੇ ਅਸੂਲਾਂ ਤੇ ਰਸਮਾਂ ਨੂੰ ਪੂਰੀਆਂ ਕਰਨ ਲੱਗ ਪਵੇ ਤਾਂ ਫਿਰ ਉਹ ਇਹ ਨਹੀਂ ਵੇਖਦਾ ਕਿ ਦਿਲ ਵਿਚ ਭਲਾ ਕਰਨ ਲਈ ਕੋਈ ਤਬਦੀਲੀ ਆਈ ਹੈ ਕਿ ਨਹੀਂ। ਪਠਾਣਾਂ ਮੁਗ਼ਲਾਂ ਦੇ ਰਾਜ ਸਮੇਂ ਸਾਡੇ ਦੇਸ਼ ਵਿਚ ਇਸਲਾਮੀ ਸ਼ਰਹ ਦਾ ਕਾਨੂੰਨ ਚੱਲਦਾ ਸੀ ਤੇ ਰਾਜਸੀ ਤਾਕਤ ਕਾਜ਼ੀਆਂ ਮੌਲਵੀਆਂ ਦੇ ਹੱਥ ਵਿਚ ਸਨ, ਅਤੇ ਉਹ ਲੋਕ ਕੁਰਾਨ ਸ਼ਰੀਫ ਦੇ ਅਰਥ ਕਰਨ ਲਈ ਇਤਬਾਰ ਜੋਗ ਮੰਨੇ ਜਾਂਦੇ ਸਨ। ਰਾਜ ਪ੍ਰਬੰਧ ਚਲਾਣ ਵੇਲੇ ਗ਼ੁਲਾਮ ਹਿੰਦੂ ਕੌਮ ਉਤੇ ਕਠੋਰਤਾ ਵਰਤਣੀ ਇਹਨਾਂ ਲੋਕਾਂ ਵਾਸਤੇ ਕੁਦਰਤੀ ਗੱਲ ਸੀ। ਜਿਸ ਦੇਸ ਵਿਚ ਰਾਜ-ਪ੍ਰਬੰਧ ਕਿਸੇ ਖ਼ਾਸ ਮਜ਼ਹਬ ਦੇ ਅਸੂਲਾਂ ਅਨੁਸਾਰ ਚਲਾਇਆ ਜਾਂਦਾ ਹੈ, ਉਥੇ ਮਜ਼ਹਬ ਦੇ ਪ੍ਰਚਾਰਕਾਂ ਦਾ ਇਹੀ ਹਾਲ ਹੁੰਦਾ ਹੈ। ਕਬੀਰ ਸਾਹਿਬ ਆਪਣੇ ਵਕਤ ਦੇ ਕਾਜ਼ੀਆਂ ਮੌਲਵੀਆਂ ਦੀ ਅਜੇਹੀ ਹਾਲਤ ਵੇਖ ਕੇ ਆਪਣੇ ਸਲੋਕ ਵਿਚ ਕਹਿ ਰਹੇ ਹਨ, ਕਿ ਮਜ਼ਹਬ ਤੋਂ ਦਿਲ ਦੀ ਸਫ਼ਾਈ ਸਿਖਣੀ ਸੀ। ਪਰ ਜੇ ਕਰ ਰਿਸ਼ਵਤ ਤੇ ਕਠੋਰਤਾ ਕਰਕੇ ਦਿਲ ਨਿਰਦਈ ਹੋ ਚੁਕਾ ਹੈ, ਤਾਂ ਅਜੇਹੀਆਂ ਰਸਮਾਂ ਕਰਨ ਦਾ ਕੋਈ ਲਾਭ ਨਹੀਂ। ਕਬੀਰ ਸਾਹਿਬ ਮੁੱਲਾਂ ਨੂੰ ਸਮਝਾਂ ਰਹੇ ਹਨ ਕਿ ਮਸਜਿਦ ਦੇ ਮੁਨਾਰੇ ਉਤੇ ਚੜ੍ਹਨ ਦਾ ਤੈਨੂੰ ਆਪ ਨੂੰ ਤਾਂ ਕੋਈ ਫ਼ਾਇਦਾ ਨਹੀਂ ਹੋ ਰਿਹਾ। ਜਿਸ ਖੁਦਾ ਦੀ ਨਮਾਜ਼ ਖ਼ਾਤਰ ਤੂੰ ਬਾਂਗ ਦੇ ਰਿਹਾ ਹੈ, ਉਸ ਨੂੰ ਆਪਣੇ ਦਿਲ ਵਿਚ ਵੇਖ ਕਿਉਂਕਿ ਉਹ ਤੇਰੇ ਅੰਦਰ ਹੀ ਵੱਸਦਾ ਹੈ।

ਜੇ ਤੇਰੇ ਆਪਣੇ, ਅੰਦਰ ਸ਼ਾਂਤੀ ਨਹੀਂ, ਤੇ ਸਿਰਫ਼ ਲੋਕਾਂ ਨੂੰ ਹੀ ਸੱਦਾ ਦੇ ਰਿਹਾ ਹੈ, ਤਾਂ ਯਾਦ ਰੱਖ ਖ਼ੁਦਾ ਬੋਲਾ ਨਹੀਂ, ਉਹ ਤੇਰੇ ਦਿਲ ਦੀ ਹਾਲਤ ਚੰਗੀ ਤਰ੍ਹਾਂ ਜਾਣਦਾ ਹੈ, ਤੇ ਉਸ ਨੂੰ ਠੱਗਿਆ ਨਹੀਂ ਜਾ ਸਕਦਾ।

*ਕਬੀਰ ਮੁਲਾਂ ਮੁਨਾਰੇ ਕਿਆ ਚਢਹਿ ਸਾਂਈ ਨ ਬਹਰਾ ਹੋਇ ॥ ਜਾ ਕਾਰਨਿ ਤੂੰ ਬਾਂਗ ਦੇਹਿ ਦਿਲ ਹੀ ਭੀਤਰਿ ਜੋਇ ॥੧੮੪॥ (੧੩੭੪)*

**ਇਹ ਸਲੋਕ ਦੂਸਰਿਆਂ ਤੋਂ ਪਹਿਲਾਂ ਸਾਡੇ ਉਤੇ ਲਾਗੂ ਹੁੰਦਾ ਹੈ। ਅੱਜਕਲ ਸਾਡੇ ਗੁਰਦੁਆਰਾ ਸਾਹਿਬਾਂ ਵਿਚ ਜਿਆਦਾ ਤਰ ਰਵਾਇਤਾਂ ਹੀ ਹੋ ਰਹੀਆਂ ਹਨ, ਤੇ ਗੁਰਬਾਣੀ ਕੋਲੋਂ ਸੇਧ ਘਟ ਲਈ ਜਾ ਰਹੀ ਹੈ। ਉੱਚੇ ਉੱਚੇ ਸਪੀਕਰ ਲਗਾ ਕੇ ਸਮਾਗਮ ਕਰਨ ਦਾ ਕੋਈ ਲਾਭ ਨਹੀਂ, ਜੇਕਰ ਗੁਰਬਾਣੀ ਦੀ ਸਿਖਿਆ ਸਾਨੂੰ ਆਪਣੇ ਆਪ ਨੂੰ ਸਮਝ ਨਹੀਂ ਆਂਉਂਦੀ ਤੇ ਸਾਡੇ ਹਿਰਦੇ ਵਿਚ ਗਾਇਨ ਕੀਤੇ ਜਾ ਰਹੇ ਸਬਦ ਦੀ ਵੀਚਾਰ ਵਸਦੀ ਨਹੀਂ।**

ਇਹ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਨਾਮੁ ਗੁਰਬਾਣੀ ਦੁਆਰਾ ਹੀ ਲਿਆ ਜਾ ਸਕਦਾ ਹੈ। ਇਸ ਲਈ ਆਪਣੇ ਮਨ ਵਿਚ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਨੂੰ ਯਾਦ ਕਰਨਾ ਹੈ, ਜੀਭ ਨਾਲ ਗੁਰੂ ਦੇ ਸਬਦ ਦੁਆਰਾ ਉਸ ਦਾ ਨਾਮੁ ਜਪਣਾ ਹੈ, ਅੱਖਾਂ ਨਾਲ ਸਤਿਗੁਰੂ ਨੂੰ ਆਪਣੇ ਹਿਰਦੇ ਵਿਚ ਵੇਖਣਾ ਹੈ, ਕੰਨਾਂ ਨਾਲ ਗੁਰੂ ਦੇ ਸਬਦ ਦੁਆਰਾ ਨਾਮੁ ਨੂੰ ਸੁਣਨਾ ਹੈ। ਜੇਕਰ ਆਪਣੇ ਆਪ ਨੂੰ ਗੁਰੂ ਦੇ ਪਿਆਰ ਵਿਚ ਰੰਗ ਲਈਏ ਤਾਂ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਥਾਂ ਮਿਲ ਸਕਦੀ ਹੈ। ਅਕਾਲ ਪੁਰਖੁ ਉਸੇ ਮਨੁੱਖ ਨੂੰ ਇਹ ਦਾਤ ਦਿੰਦਾ ਹੈ, ਜਿਸ ਉਤੇ ਉਹ ਆਪਣੀ ਮਿਹਰ ਕਰਦਾ ਹੈ। ਪਰੰਤੂ ਜਗਤ ਵਿਚ ਅਜੇਹੇ ਬੰਦੇ ਵਿਰਲੇ ਵਿਰਲੇ ਹੀ ਹੁੰਦੇ ਹਨ, ਜਿਹੜੇ ਅਕਾਲ ਪੁਰਖੁ ਦੀ ਮਿਹਰ ਹਾਸਲ ਕਰਕੇ ਆਪਣੇ ਆਪ ਨੂੰ ਜਗਤ ਵਿਚ ਸ੍ਰੇਸ਼ਟ ਅਖਵਾਉਂਦੇ ਹਨ।

*ਸਲੋਕੁ ਮਃ ੫ ॥ ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ ॥ ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ ॥ ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ ॥ ਕਹੁ ਨਾਨਕ ਕਿਰਪਾ ਕਰੇ ਜਿਸ ਨੋ ਏਹ ਵਥੁ ਦੇਇ ॥ ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ ॥੧॥ (੫੧੭)*

ਮਨੁੱਖ ਦਾ ਮਨ ਹਮੇਸ਼ਾਂ ਭਟਕਦਾ ਰਹਿੰਦਾ ਹੈ, ਜਿਸ ਕਰਕੇ ਉਸ ਦਾ ਮਨ ਟਿਕਾਓ ਵਿਚ ਨਹੀਂ ਰਹਿੰਦਾ ਹੈ। ਪਰੰਤੂ ਆਤਮਕ ਅਡੋਲਤਾ ਵਿਚ ਟਿਕ ਕੇ ਹੀ ਅਕਾਲ ਪੁਰਖੁ ਦੇ ਗੁਣ ਗਾਏ ਜਾ ਸਕਦੇ ਹਨ, ਤੇ ਉਸ ਦੀ ਸਿਫ਼ਤਿ ਸਾਲਾਹ ਕੀਤੀ ਜਾ ਸਕਦੀ ਹੈ। ਗੁਰੂ ਦੀ ਮੱਤ ਉੱਤੇ ਚਲ ਕੇ ਹੀ ਅਕਾਲ ਪੁਰਖੁ ਦੇ ਨਾਮੁ ਦਾ ਰਸ ਪੀਤਾ ਜਾ ਸਕਦਾ ਹੈ। ਜਦੋਂ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਮਨ ਪਵਿਤਰ ਹੋ ਜਾਂਦਾ ਹੈ ਤਾਂ ਉਹ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਗੁਰੂ ਦੀ ਮੱਤ ਅਨੁਸਾਰ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ ਤੇ ਆਪਣੇ ਆਪ ਨੂੰ ਨੀਚ ਤੋਂ ਇਕ ਉੱਤਮ ਮਨੁੱਖ ਬਣਾ ਲੈਂਦਾ ਹੈ। ਜਿਹੜੇ ਮਨੁੱਖ ਗੁਰੂ ਦੀ ਮੱਤ ਅਨੁਸਾਰ ਚਲ ਕੇ ਸ੍ਰੇਸ਼ਟ ਮੱਤ ਹਾਸਲ ਕਰ ਲੈਂਦੇ ਹਨ, ਉਹ ਵਿਕਾਰਾਂ ਵਾਲਾ ਜ਼ਹਿਰ ਪੀਣ ਦੀ ਬਜਾਏ, ਅੰਮ੍ਰਿਤ ਰੂਪੀ ਬਾਣੀ ਦਾ ਆਨੰਦ ਮਾਣਦੇ ਰਹਿੰਦੇ ਹਨ, ਉਨ੍ਹਾਂ ਦੇ ਅੰਦਰ ਸੱਚੇ ਤੇ ਸੁੱਚੇ ਆਤਮਕ ਜੀਵਨ ਦੀ ਸੁਗੰਧੀ ਆ ਵਸਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਅਕਸਰ ਕੁਰਾਹੇ ਪਏ ਰਹਿੰਦੇ ਹਨ, ਤੇ ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ ਜ਼ਹਿਰ ਵਿਚ ਮਸਤ ਰਹਿੰਦੇ ਹਨ, ਜਿਸ ਕਰਕੇ ਉਹ ਆਪਣਾ ਕੀਮਤੀ ਮਨੁੱਖਾ ਜਨਮ ਗਵਾਂ ਲੈਂਦੇ ਹਨ। ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨ ਵਾਲਾ ਗੁਰੂ ਦਾ ਸ਼ਬਦ ਚੰਗਾ ਨਹੀਂ ਲੱਗਦਾ। ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰ ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਂਦੇ ਹਨ। ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ, ਉਹ ਮਨੁੱਖ ਵਿਕਾਰਾਂ ਤੋਂ ਖਲਾਸੀ ਪ੍ਰਾਪਤ ਕਰ ਲੈਂਦੇ ਹਨ। ਇਸ ਲਈ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਣ ਲਈ ਸਾਨੂੰ ਧਿਆਨ ਨਾਲ, ਆਪਣੇ ਆਪ ਨੂੰ ਟਿਕਾਓ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਬਾਰੇ ਜਾਣ ਸਕੀਏ, ਤੇ ਉਸ ਦੀ ਰਚੀ ਹੋਈ ਕੁਦਰਤ ਲਈ ਆਪਣੇ ਅੰਦਰ ਪ੍ਰੇਮ ਪੈਦਾ ਕਰ ਸਕੀਏ।

*ਵਾਹੁ ਵਾਹੁ ਸਹਜੇ ਗੁਣ ਰਵੀਜੈ ॥ ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ ॥੧॥ ਰਹਾਉ ॥ ਮੁਖਹੁ ਹਰਿ ਹਰਿ ਸਭੁ ਕੋ ਕਰੈ ਵਿਰਲੈ ਹਿਰਦੈ ਵਸਾਇਆ ॥ ਨਾਨਕ ਜਿਨ ਕੈ ਹਿਰਦੈ ਵਸਿਆ ਮੋਖ ਮੁਕਤਿ ਤਿਨ੍ ਪਾਇਆ ॥੮॥੨॥ (੫੬੫)*

ਸਤਸੰਗਤਿ ਇਕ ਅਜੇਹਾ ਇਕੱਠ ਹੈ, ਜਿਸ ਵਿਚ ਬੈਠ ਕੇ ਉਸ ਅਕਾਲ ਪੁਰਖੁ ਨੂੰ, ਜੋ ਕਿ ਨਾਸ ਰਹਿਤ ਹੈ, ਤੇ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਯਾਦ ਕਰਨ ਨਾਲ ਮਨ ਵਿਚੋਂ ਵਿਕਾਰਾਂ ਦੀ ਸਾਰੀ ਮੈਲ ਨਿਕਲ ਜਾਂਦੀ ਹੈ। ਉਹ ਅਕਾਲ ਪੁਰਖੁ ਸਾਰੇ ਗੁਣਾਂ ਦਾ ਖਜਾਨਾ ਹੈ, ਤੇ ਭਗਤਾਂ ਵਾਸਤੇ ਹਰ ਵੇਲੇ ਦਾ ਸਹਾਰਾ ਹੈ, ਪਰੰਤੂ ਕੋਈ ਵਿਰਲਾ ਮਨੁੱਖ ਹੀ ਉਸ ਦਾ ਮਿਲਾਪ ਹਾਸਲ ਕਰਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ, ਕਿ ਉਸ ਅਕਾਲ ਪੁਰਖੁ ਨੂੰ ਜਪਿਆ ਕਰੋ, ਜੋ ਸਭ ਤੋਂ ਵੱਡਾ ਹੈ, ਜੋ ਸ੍ਰਿਸ਼ਟੀ ਨੂੰ ਪਾਲਣ ਵਾਲਾ ਹੈ, ਤੇ, ਜਿਸ ਦਾ ਆਸਰਾ ਲੈ ਕੇ ਅਸੀਂ ਸੁਖ ਪ੍ਰਾਪਤ ਕਰ ਸਕਦੇ ਹਾਂ ਅਤੇ ਫਿਰ ਮਨੁੱਖ ਨੂੰ ਕਦੇ ਦੁਖ ਨਹੀਂ

ਵਿਆਪਦਾ। ਵੱਡੀ ਕਿਸਮਤ ਨਾਲ ਹੀ ਮਨੁੱਖ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਜਿਸ ਨੂੰ ਮਿਲਿਆਂ ਮਨੁੱਖ ਦੇ ਅੰਦਰੋਂ ਖੋਟੀ ਬੁਧੀ ਨਾਸ ਹੋ ਜਾਂਦੀ ਹੈ। ਗੁਰੂ ਸਾਹਿਬ ਤਾਂ ਆਪ ਉਨ੍ਹਾਂ ਗੁਰਮੁਖਾਂ ਦੇ ਚਰਨਾਂ ਦੀ ਧੂੜ ਮੰਗਦੇ ਹਨ, ਜਿਨ੍ਹਾਂ ਨੇ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਪਰੋ ਰੱਖਿਆ ਹੈ।

***ਸੋਰਠਿ ਮਹਲਾ ੫ ॥ ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ ॥ ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥ ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ ॥ ਜਾ ਕੀ ਸਰਣਿ ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ ॥੧॥ ਰਹਾਉ ॥ ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ ਦੁਰਮਤਿ ਖੋਈ ॥ ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ ॥੨॥੫॥੩੩॥ {੬੧੨}***

ਗੁਰੂ ਤੇਗ ਬਹਾਦਰ ਸਾਹਿਬ ਨੇ ਲੋਕਾਂ ਨੂੰ ਸਵਾਲ ਕੀਤਾ ਕਿ ਅਕਾਲ ਪੁਰਖ ਨੂੰ ਲੱਭਣ ਲਈ ਤੁਸੀਂ ਜੰਗਲਾਂ ਵਿਚ ਕਿਉਂ ਜਾਂਦੇ ਹੋ? ਗੁਰੂ ਸਾਹਿਬ ਨੇ ਤਾਂ ਖੋਜਣ ਦਾ ਤਰੀਕਾ ਵੀ ਸਮਝਾ ਦਿੱਤਾ ਹੈ, ਜੇ ਕਰ ਅਕਾਲ ਪੁਰਖ ਦਾ ਨਿਵਾਸ ਸਾਡੇ ਹਿਰਦੇ ਅੰਦਰ ਹੈ, ਤਾਂ ਅਸੀਂ ਉਸ ਨੂੰ ਜੰਗਲਾਂ ਵਿਚ ਕਿਸ ਤਰ੍ਹਾਂ ਲੱਭ ਸਕਦੇ ਹਾਂ? ਅਕਾਲ ਪੁਰਖ ਸਭ ਵਿਚ ਵੱਸਦਾ ਹੈ, ਪਰ ਉਹ ਆਪ ਸਦਾ ਮਾਇਆ ਦੇ ਪ੍ਰਭਾਵ ਤੋਂ ਨਿਰਲੇਪ ਰਹਿੰਦਾ ਹੈ। ਉਹ ਅਕਾਲ ਪੁਰਖ ਸਾਡੇ ਅੰਦਰ ਵੱਸਦਾ ਹੈ, ਇਸ ਲਈ ਆਪਣੇ ਅੰਦਰੋਂ ਉਸ ਅਕਾਲ ਪੁਰਖ ਨੂੰ ਖੋਜਣਾਂ ਹੈ ਤਾਂ ਜੋ ਸਾਡੇ ਅੰਦਰ ਉਸ ਅਕਾਲ ਪੁਰਖ ਵਰਗੇ ਗੁਣ ਪੈਦਾ ਹੋ ਜਾਣ ਤੇ ਸਾਨੂੰ ਜੀਵਨ ਦੀ ਅਸਲੀਅਤ ਬਾਰੇ ਸਮਝ ਆ ਸਕੇ।

*ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰ ਗਿਆਨੁ ਬਤਾਈ ॥* ***ਜਨ ਨਾਨਕ ਬਿਨੁ ਆਪਾ ਚੀਨੈ ਮਿਟੈ ਨ ਭ੍ਰਮ ਕੀ ਕਾਈ*** *॥੨॥੧॥ (੬੮੪)*

ਇਹ ਗੁਰੂ ਦਾ ਸਬਦ ਹੀ ਦੱਸਦਾ ਹੈ ਕਿ ਅਕਾਲ ਪੁਰਖੁ ਸਦਾ ਕਾਇਮ ਰਹਿਣ ਵਾਲਾ ਹੈ, ਨਾ ਉਹ ਜੰਮਦਾ ਹੈ ਤੇ ਨਾ ਹੀ ਮਰਦਾ ਹੈ। ਉਹ ਅਕਾਲ ਪੁਰਖੁ ਸ੍ਰਿਸ਼ਟੀ ਦਾ ਰਚਣਹਾਰ ਹੈ, ਸਭ ਦੇ ਅੰਦਰ ਦੀ ਜਾਣਨ ਵਾਲਾ ਹੈ, ਤੇ ਸਭ ਵਿਚ ਵਿਆਪਕ ਵੀ ਹੈ। ਉਹ ਅਕਾਲ ਪੁਰਖੁ ਕਦੇ ਵੀ ਨਾਸ ਹੋਣ ਵਾਲਾ ਨਹੀਂ ਹੈ, ਤੇ ਉਹ ਸਭਨਾਂ ਵਿਚ ਆਪ ਖੁਦ ਮੌਜੂਦ ਹੈ।

***ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨ ਜਾਇ ॥ ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ*** *॥੧੩॥ (੭੫੯)*

ਆਪਣੇ ਮਨ ਨੂੰ ਸਮਝਾਣਾ ਹੈ ਕਿ ਇਹੋ ਜਿਹਾ ਗੁਰੂ ਵੱਡੇ ਭਾਗਾਂ ਨਾਲ ਹੀ ਮਿਲਦਾ ਹੈ, ਜਿਹੜਾ ਜੀਵਨ ਦੇ ਸਹੀ ਰਸਤੇ ਤੋਂ ਭਟਕੇ ਹੋਏ ਮਨੁੱਖ ਨੂੰ ਜੀਵਨ ਦਾ ਸਹੀ ਮਾਰਗ ਦੱਸ ਦਿੰਦਾ ਹੈ। ਮਨੁੱਖ ਦਾ ਮਨ ਸਦਾ ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਵਿਚ ਫਸਿਆ ਰਹਿੰਦਾ ਹੈ। ਪਰੰਤੂ ਜਦੋਂ ਉਹ ਗੁਰੂ ਦੀ ਸਰਨ ਵਿਚ ਆ ਜਾਂਦਾ ਹੈ ਤਾਂ, ਗੁਰੂ ਉਸ ਦੇ ਇਹ ਸਾਰੇ ਬੰਧਨ ਕੱਟ ਕੇ ਇਨ੍ਹਾਂ ਵਿਕਾਰਾਂ ਤੋਂ ਖ਼ਲਾਸੀ ਦਿਵਾ ਦਿੰਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਆਪਣਾ ਧਿਆਨ ਅਕਾਲ ਪੁਰਖੁ ਨਾਲ ਚੰਗੀ ਤਰ੍ਹਾਂ ਜੋੜ, ਤੇ ਸਦਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਿਆ ਕਰ। ਪਰੰਤੂ ਉਹੀ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਕਰ ਸਕਦਾ ਹੈ, ਜਿਸ ਦੇ ਹਿਰਦੇ ਵਿਚ ਪਿਆਰੇ ਗੁਰੂ ਦੇ ਚਰਨ ਵੱਸਦੇ ਹੋਣ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਤੂੰ ਵੀ ਸਬਦ ਗੁਰੂ ਦਾ ਆਸਰਾ ਲੈ ਕੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਿਆ ਕਰ।

*ਬਿਲਾਵਲੁ ਮਹਲਾ ੫ ॥ ਭੂਲੇ ਮਾਰਗੁ ਜਿਨਹਿ ਬਤਾਇਆ ॥ ਐਸਾ ਗੁਰੁ ਵਡਭਾਗੀ ਪਾਇਆ ॥੧॥* ***ਸਿਮਰਿ ਮਨਾ ਰਾਮ ਨਾਮੁ ਚਿਤਾਰੇ ॥ ਬਸਿ ਰਹੇ ਹਿਰਦੈ ਗੁਰ ਚਰਨ ਪਿਆਰੇ ॥੧॥ ਰਹਾਉ ॥*** *(੮੦੩-੮੦੪)*

ਗੁਰੂ ਸਾਹਿਬ ਬੇਨਤੀ ਕਰ ਕੇ ਸਮਝਾਂਦੇ ਹਨ, ਕਿ ਹੇ ਅਕਾਲ ਪੁਰਖੁ! ਤੂੰ ਹੀ ਸਾਡਾ ਮਾਂ, ਪਿਉ, ਮਿੱਤਰ, ਭਰਾ, ਪਰਵਾਰ ਤੇ ਸਾਡੇ ਹਿਤਾਂ ਦੀ ਰਾਖੀ ਕਰਨ ਵਾਲਾ ਹੈ। ਤੂੰ ਹੀ ਸਾਡਾ ਆਸਰਾ ਹੈ, ਜਿੰਦ ਦੇਣ ਵਾਲਾ ਹੈ, ਤੇ ਪ੍ਰਾਣ ਲੈਣ ਵਾਲਾ ਹੈ। ਤੂੰ ਹੀ ਮੇਰੇ ਵਾਸਤੇ ਖਜਾਨਾ, ਧਨ ਦੌਲਤ, ਹੀਰੇ ਮੋਤੀ, ਤੇ ਸਵਰਗ ਦਾ ਪਾਰਜਾਤ ਰੁੱਖ ਹੈਂ। ਮਾਂ ਦੇ ਪੇਟ ਵਿਚ ਵੀ ਤੂੰ ਹੀ ਜੀਵਾਂ ਦੀ ਪਾਲਣਾ ਕਰਨ ਵਾਲਾ ਹੈ, ਤੇ ਇਸ ਸਾਰੇ ਜਗਤ ਦਾ ਪਾਲਣਹਾਰ ਵੀ ਸਿਰਫ਼ ਇਕ ਤੂੰ ਹੀ ਹੈ। ਇਸ ਲਈ ਹੇ ਅਕਾਲ ਪੁਰਖੁ! ਮੇਰੀ ਜੀਭ ਸਦਾ ਤੇਰਾ ਨਾਮੁ ਜਪਦੀ ਰਹਿੰਦੀ ਹੈ।

*ਸਾਰਗ ਮਹਲਾ ੫ ॥* ***ਰਸਨਾ ਜਪਤੀ ਤੂਹੀ ਤੂਹੀ ॥ ਮਾਤ ਗਰਭ ਤੁਮ ਹੀ ਪ੍ਰਤਿਪਾਲਕ ਮ੍ਰਿਤ ਮੰਡਲ ਇਕ ਤੁਹੀ ॥੧॥ ਰਹਾਉ ॥*** *(੧੨੧੫)*

ਗੁਰੂ ਸਾਹਿਬ ਬੇਨਤੀ ਕਰ ਕੇ ਪੁਛਦੇ ਹਨ, ਕਿ ਹੇ ਭਾਈ! ਮੈਨੂੰ ਦੱਸੋ ਕਿ ਉਹ ਕਿਹੜਾ ਤਰੀਕਾ ਹੈ, ਜਿਸ ਨਾਲ ਅਕਾਲ ਪੁਰਖੁ ਦੇ ਦਰਸਨ ਹੋ ਸਕਦੇ ਹਨ ਤੇ ਅਕਾਲ ਪੁਰਖੁ ਦੇ ਚਰਨਾਂ ਦੀ ਛੁਹ ਮਿਲ ਸਕਦੀ ਹੈ। ਸਭ ਜੀਵਾਂ ਦੇ ਮਨ ਦੀਆਂ ਮੁਰਾਦਾਂ ਪੂਰੀਆਂ ਕਰਨ ਵਾਲੇ ਅਕਾਲ ਪੁਰਖੁ ਦੇ ਦਰਸਨ ਕਰਨ ਲਈ ਮੇਰਾ ਹਿਰਦਾ ਬਹੁਤ ਤਰਸ ਰਿਹਾ ਹੈ। ਗੁਰੂ ਸਾਹਿਬ ਇਸ ਦਾ ਉੱਤਰ ਦੇ ਕੇ ਸਮਝਾਂਦੇ ਹਨ, ਕਿ ਨਿਮਾਣੇ ਹੋ ਕੇ ਸੰਤ ਜਨਾਂ ਦੇ ਚਰਨਾਂ ਤੇ ਢਹਿ ਪੈਣਾਂ ਚਾਹੀਦਾ ਹੈ, ਤੇ ਅਕਾਲ ਪੁਰਖੁ ਦੇ ਦਰਸਨ ਕਰਨ ਲਈ ਇਹੋ ਜਿਹੀ ਇਛਾ ਹੋਣੀ ਚਾਹੀਦੀ ਹੈ, ਜਿਸ ਤਰ੍ਹਾਂ ਇਕ ਮੱਛੀ ਨੂੰ ਪਾਣੀ ਦੀ ਪਿਆਸ ਲਈ ਹੁੰਦੀ ਹੈ। ਜੇ ਸੰਤ ਜਨਾਂ (ਗੁਰਮੁਖਾਂ) ਦੇ ਚਰਨਾਂ ਦੀ ਧੂੜ ਦੀ ਖ਼ਾਤਰ ਆਪਣਾ ਹਿਰਦਾ ਭੇਟ ਕਰ ਦੇਈਏ, ਤਾਂ ਅਕਾਲ ਪੁਰਖੁ ਦਇਆਵਾਨ ਹੋ ਜਾਂਦਾ ਹੈ।

ਇਥੇ ਗੁਰੂ ਗਰੰਥ ਸਾਹਿਬ ਤੋਂ ਅਗਵਾਈ ਤੇ ਸੋਧ ਲੈਂਣ ਦੀ ਗੱਲ ਹੋ ਰਹੀ ਹੈ, ਦੁਨਿਆਵੀ ਬਾਬਿਆਂ ਦੀ ਨਹੀਂ। ਕਈ ਬਾਬੇ ਅਜੇਹੇ ਸਬਦਾਂ ਨੂੰ ਆਪਣਾ ਮਤਲਬ ਸਿਧ ਕਰਨ ਲਈ ਵਰਤ ਲੈਂਦੇ ਹਨ। ਜਦੋਂ ਕੋਈ ਮਨੁੱਖ ਗੁਰੂ ਗਰੰਥ ਸਾਹਿਬ ਤੋਂ ਸਿਖਿਆ ਲੈ ਕੇ ਆਪਣੇ ਅੰਦਰੋਂ ਹੰਕਾਰ ਤੇ ਮੋਹ ਤਿਆਗ ਲੈਂਦਾ ਹੈ, ਤਾਂ ਉਸ ਨੂੰ ਅਕਾਲ ਪੁਰਖੁ ਦਾ ਮਿਲਾਪ ਹੋ ਜਾਂਦਾ ਹੈ।

*ਕਾਨੜਾ ਮਹਲਾ ੫ ॥ **ਐਸੀ ਕਉਨ ਬਿਧੇ ਦਰਸਨ ਪਰਸਨਾ ॥੧॥ ਰਹਾਉ** ॥ ਆਸ ਪਿਆਸ ਸਫਲ ਮੂਰਤਿ ਉਮਗਿ ਹੀਉ ਤਰਸਨਾ ॥੧॥ **ਦੀਨ ਲੀਨ ਪਿਆਸ ਮੀਨ ਸੰਤਨਾ ਹਰਿ ਸੰਤਨਾ** ॥ ਹਰਿ ਸੰਤਨਾ ਕੀ ਰੇਨ ॥ ਹੀਉ ਅਰਪਿ ਦੇਨ ॥ ਪ੍ਰਭ ਭਏ ਹੈ ਕਿਰਪੇਨ ॥ ਮਾਨੁ ਮੋਹੁ ਤਿਆਗਿ ਛੋਡਿਓ ਤਉ ਨਾਨਕ ਹਰਿ ਜੀਉ ਭੇਟਨਾ ॥੨॥੨॥੩੫॥ (੧੩੦੫)*

ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਹਉਮੈ ਦਾ ਰੋਗ ਕੱਟਿਆ ਜਾਂਦਾ ਹੈ, ਮਾਇਆ ਦੀ ਤ੍ਰਿਸ਼ਨਾ ਦੂਰ ਹੋ ਜਾਂਦੀ ਹੈ, ਤੇ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ। ਇਸ ਲਈ ਆਪਣੀ ਜੀਭ ਨਾਲ ਅਕਾਲ ਪੁਰਖੁ ਦਾ ਨਾਮੁ ਜਪਦੇ ਰਹਿਣਾ ਚਾਹੀਦਾ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਇਸ ਮਨੁੱਖਾ ਜੀਵਨ ਵਿਚ ਬਹੁਤ ਸੁਖ ਤੇ ਆਨੰਦ ਮਿਲਦਾ ਹੈ ਅਤੇ ਪਰਲੋਕ ਵਿਚ ਵੀ ਇਹ ਅਕਾਲ ਪੁਰਖੁ ਦਾ ਨਾਮੁ ਜਿੰਦ ਦੇ ਕੰਮ ਆਉਂਦਾ ਹੈ।

*ਗਉੜੀ ਮਹਲਾ ੫ ॥ **ਰਸਨਾ ਜਪੀਐ ਏਕੁ ਨਾਮ ॥ ਈਹਾ ਸੁਖੁ ਆਨੰਦੁ ਘਨਾ ਆਗੈ ਜੀਅ ਕੈ ਸੰਗਿ ਕਾਮ ॥੧॥ ਰਹਾਉ ॥** (੨੧੧)*

ਅਕਾਲ ਪੁਰਖੁ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ, ਸਾਰੇ ਸੁਖ ਦੇਣ ਵਾਲਾ ਹੈ, ਉਸ ਦੇ ਵੱਸ ਵਿਚ ਸਾਰੀਆਂ ਕਾਮਨਾਂ ਪੂਰੀਆਂ ਕਰਨ ਦੀ ਸਮਰਥਾ ਹੈ (ਕਾਮਧੇਨ = ਦੂਸਰਿਆਂ ਧਰਮਾਂ ਅਨੁਸਾਰ ਸੁ੍ਰਗ ਵਿਚ ਰਹਿਣ ਵਾਲੀ ਸਮਝੀ ਗਈ ਕਲਪਿਤ ਗਾਂ), ਇਸ ਲਈ ਅਜੇਹੀ ਸਮਰਥਾ ਵਾਲੇ ਅਕਾਲ ਪੁਰਖੁ ਦਾ ਨਾਮੁ ਸਦਾ ਚੇਤੇ ਕਰਦੇ ਰਹਿਣਾ ਚਾਹੀਦਾ ਹੈ। ਆਪਣੇ ਮਨ ਨੂੰ ਸਮਝਾਣਾ ਹੈ ਕਿ ਤੂੰ ਤਾਂ ਹੀ ਸਾਰੇ ਸੁਖ ਹਾਸਲ ਕਰ ਸਕੇਂਗਾ, ਜੇਕਰ ਤੂੰ ਅਕਾਲ ਪੁਰਖੁ ਨੂੰ ਸਦਾ ਚੇਤੇ ਕਰਦਾ ਰਹੇਗਾ। ਜਿਸ ਹਿਰਦੇ ਵਿਚ ਅਕਾਲ ਪੁਰਖੁ ਦੀ ਭਗਤੀ ਹੁੰਦੀ ਹੈ, ਉਸ ਵਿਚੋਂ ਹਰੇਕ ਕਿਸਮ ਦੇ ਝਗੜੇ ਤੇ ਕਲੇਸ਼ ਨਿਕਲ ਜਾਂਦੇ ਹਨ, ਪਰੰਤੂ ਵੱਡੇ ਭਾਗਾਂ ਨਾਲ ਹੀ ਅਕਾਲ ਪੁਰਖੁ ਦੀ ਭਗਤੀ ਹੋ ਸਕਦੀ ਹੈ। ਇਹ ਹਮੇਸ਼ਾਂ ਧਿਆਨ ਵਿਚ ਰੱਖਣਾਂ ਹੈ ਕਿ ਅਕਾਲ ਪੁਰਖੁ ਦਾ ਨਾਮੁ ਜਪ ਕੇ ਸੰਸਾਰ ਰੁਪੀ ਸਮੁੰਦਰ ਵਿਚੋਂ ਪਾਰ ਲੰਘਣ ਦੀ ਸਮਝ ਸਿਰਫ ਗੁਰੂ ਕੋਲੋਂ ਹੀ ਮਿਲ ਸਕਦੀ ਹੈ। ਇਸ ਲਈ ਹੇ ਮੇਰੇ ਮਨ ਤੂੰ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਸਦਾ ਜਪਿਆ ਕਰ। ਸਰਬ ਵਿਆਪਕ ਨਿਰਲੇਪ ਅਕਾਲ ਪੁਰਖੁ ਦਾ ਮਨ ਵਿਚ ਧਿਆਨ ਰੱਖਣ ਨਾਲ ਲੋਕ ਤੇ ਪਰਲੋਕ ਦੋਹਾਂ ਵਿਚ ਇੱਜ਼ਤ ਖੱਟੀ ਜਾ ਸਕਦੀ ਹੈ।

*ਧਨਾਸਰੀ ਮਹਲਾ ੪ ॥ ਇਛਾ ਪੂਰਕੁ ਸਰਬ ਸੁਖਦਾਤਾ ਹਰਿ ਜਾ ਕੈ ਵਸਿ ਹੈ ਕਾਮਧੇਨਾ ॥ ਸੋ ਐਸਾ ਹਰਿ ਧਿਆਈਐ ਮੇਰੇ ਜੀਅੜੇ ਤਾ ਸਰਬ ਸੁਖ ਪਾਵਹਿ ਮੇਰੇ ਮਨਾ ॥੧॥ **ਜਪਿ ਮਨ ਸਤਿ ਨਾਮੁ ਸਦਾ ਸਤਿ ਨਾਮੁ ॥ ਹਲਤਿ ਪਲਤਿ ਮੁਖ ਊਜਲ ਹੋਈ ਹੈ ਨਿਤ ਧਿਆਈਐ ਹਰਿ ਪੁਰਖੁ ਨਿਰੰਜਨਾ ॥ ਰਹਾਉ** ॥ (੬੬੯, ੬੭੦)*

ਅਕਾਲ ਪੁਰਖੁ ਨੇ ਆਪ ਹੀ ਮਾਇਆ ਦਾ ਮੋਹ ਪੈਦਾ ਕੀਤਾ ਹੈ, ਤੇ ਉਹ ਆਪ ਹੀ ਜੀਵਾਂ ਨੂੰ ਮਾਇਆ ਦੀ ਭਟਕਣਾ ਵਿਚ ਪਾ ਦਿੰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਿੱਥੇ ਹੋਏ ਧਾਰਮਿਕ ਕਰਮ ਕਾਂਡ ਕਰਦੇ ਰਹਿੰਦੇ ਹਨ, ਤੇ ਇਹ ਨਹੀਂ ਸਮਝਦੇ ਕਿ ਅਸੀਂ ਕੁਰਾਹੇ ਪਏ ਹੋਏ ਹਾਂ। ਅਜੇਹੇ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ। ਸਤਿਗੁਰੂ ਦੀ ਬਾਣੀ ਇਸ ਮਨੁੱਖਾ ਜੀਵਨ ਦੇ ਰਸਤੇ ਵਿਚ ਚਾਨਣ ਦਾ ਕੰਮ ਕਰਦੀ ਹੈ ਤੇ ਇਹ ਬਾਣੀ ਅਕਾਲ ਪੁਰਖੁ ਦੀ ਮਿਹਰ ਨਾਲ ਹੀ ਮਨੁੱਖ ਦੇ ਮਨ ਵਿਚ ਵਸਦੀ ਹੈ। ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਚਰਨਾਂ ਵਿਚ ਚਿੱਤ ਜੋੜਨ ਨਾਲ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਤੇ ਹਰੇਕ ਕਿਸਮ ਦਾ ਡਰ ਨੱਸ ਜਾਂਦਾ ਹੈ। ਇਸ ਲਈ ਗੁਰੂ ਦੀ ਸਰਨ ਵਿਚ ਆ ਕੇ ਗੁਰੂ ਦੇ ਸ਼ਬਦ ਦੀ ਕਮਾਈ ਕਰਨੀ ਚਾਹੀਦੀ ਹੈ, ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨਾ ਚਾਹੀਦਾ ਹੈ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਮਨੁੱਖ ਦੇ ਮਨ ਵਿਚ ਵੱਸ ਜਾਂਦਾ ਹੈ। ਆਪਣੇ ਮਨ ਨੂੰ ਸਮਝਾਣਾ ਹੈ ਕਿ ਅਕਾਲ ਪੁਰਖੁ ਦਾ ਨਾਮੁ ਜਪ, ਕਿਉਂਕਿ ਨਾਮੁ ਜਪਣ ਨਾਲ ਹੀ ਆਤਮਕ ਆਨੰਦ ਮਿਲ ਸਕਦਾ ਹੈ। ਅਕਾਲ ਪੁਰਖੁ ਦੀ ਸਿਫਤ ਕਰਨ ਦੀ ਦਾਤਿ ਗੁਰੂ ਤੋਂ ਮਿਲਦੀ ਹੈ, ਇਸ ਲਈ ਪੂਰੇ ਗੁਰੂ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ। ਗੁਰੂ ਦੀ ਸਰਨ ਪਿਆਂ ਮਨੁੱਖ ਦਾ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ, ਉਸ ਮਨੁੱਖ ਨੂੰ ਅਕਾਲ ਪੁਰਖੁ ਮਿਲ ਪੈਂਦਾ ਹੈ। ਭਗਤ ਨਾਮੁ ਦੇਵ ਜੀ ਜਾਤ ਦਾ ਛੀਂਬਾ ਸੀ, ਭਗਤ ਕਬੀਰ ਜੀ ਜੁਲਾਹਾ ਸੀ, ਪਰੰਤੂ ਉਨ੍ਹਾਂ ਨੇ ਪੂਰੇ ਗੁਰੂ ਤੋਂ ਉੱਚੀ ਆਤਮਕ ਅਵਸਥਾ ਹਾਸਲ ਕੀਤੀ, ਤੇ ਉਹ ਅਕਾਲ ਪੁਰਖੁ ਦੇ ਨਾਲ ਸਾਂਝ ਪਾਣ ਵਾਲੇ ਬਣ ਗਏ, ਉਨ੍ਹਾਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਨਾਲ ਡੂੰਘੀ ਸਾਂਝ ਪਾ ਲਈ, ਤੇ ਆਪਣੇ ਅੰਦਰੋਂ ਹਉਮੈ ਦੂਰ ਕਰ ਲਿਆ।

***ਮਨ ਰੇ ਨਾਮੁ ਜਪਹੁ ਸੁਖੁ ਹੋਇ ॥ ਗੁਰੁ ਪੂਰਾ ਸਾਲਾਹੀਐ ਸਹਜਿ ਮਿਲੈ ਪ੍ਰਭੁ ਸੋਇ ॥੧॥ ਰਹਾਉ** ॥ (੬੨)*

ਅਕਾਲ ਪੁਰਖੁ ਦੇ ਭਗਤ ਉਸ ਦਾ ਨਾਮੁ ਜਪ ਕੇ ਇਉਂ ਹੋ ਜਾਂਦੇ ਹਨ, ਜਿਵੇਂ ਪਦਾਰਥ ਪਾਣੀ ਵਿਚ ਮਿਲ ਕੇ ਪਾਣੀ ਦਾ ਰੂਪ ਹੀ ਹੋ ਜਾਂਦੇ ਹਨ। ਸੰਤ ਜਨ ਆਪਣੇ ਵਿਚ ਮਨ ਅਕਾਲ ਪੁਰਖੁ ਨਾਲ ਇਸ ਤਰ੍ਹਾਂ ਪ੍ਰੀਤ ਲਾਉਂਦੇ ਹਨ, ਜਿਸ ਤਰ੍ਹਾਂ ਚਕੋਰ ਚੰਦ੍ਰਮਾ ਨੂੰ ਪਿਆਰ ਨਾਲ ਵੇਖਦਾ ਹੈ, ਜਿਵੇਂ ਭੌਰਾ ਕੌਲ ਫੁੱਲ ਨੂੰ ਵੇਖਦਾ ਹੈ। ਅਕਾਲ ਪੁਰਖੁ ਦਾ ਨਾਮੁ ਜਪ ਕੇ ਅਕਾਲ ਪੁਰਖੁ ਦੇ

ਸੇਵਕ ਅਕਾਲ ਪੁਰਖੁ ਦੇ ਨਾਮੁ ਵਿਚ ਹੀ ਲੀਨ ਹੋ ਜਾਂਦੇ ਹਨ। ਪਰੰਤੂ ਗੁਰੂ ਦੇ ਬਚਨਾਂ ਅਨੁਸਾਰ ਚਲ ਕੇ ਅਕਾਲ ਪੁਰਖੁ ਦਾ ਨਾਮੁ ਸਿਰਫ਼ ਉਸ ਮਨੁੱਖ ਨੇ ਹੀ ਜਪਿਆ ਹੈ, ਜਿਸ ਉਤੇ ਅਕਾਲ ਪੁਰਖੁ ਨੇ ਆਪ ਮਿਹਰ ਕੀਤੀ।

*ਨਟ ਮਹਲਾ ੪ ॥ ਰਾਮ ਜਪਿ ਜਨ ਰਾਮੈ ਨਾਮਿ ਰਲੇ ॥ ਰਾਮ ਨਾਮੁ ਜਪਿਓ ਗੁਰ ਬਚਨੀ ਹਰਿ ਧਾਰੀ ਹਰਿ ਕ੍ਰਿਪਲੇ ॥੧॥ ਰਹਾਉ ॥ (੯੭੫)*

ਜਗਤ ਵਿਚ ਚਾਰ ਕਿਸਮ ਦੀਆਂ ਮੁਕਤੀਆਂ ਮਿੱਥੀਆਂ ਗਈਆਂ ਹਨ, ਪਰੰਤੂ ਇਹ ਚਾਰੇ ਮੁਕਤੀਆਂ ਤੇ ਅਠਾਰਾਂ ਸਿੱਧੀਆਂ ਅਕਾਲ ਪੁਰਖੁ ਦੇ ਸ਼ਰਨੀ ਪਈਆਂ ਹੋਈਆਂ ਹਨ, ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਹੈ, ਉਸ ਨੂੰ ਹਰੇਕ ਕਿਸਮ ਦੀ ਮੁਕਤੀ ਮਿਲ ਜਾਂਦੀ ਹੈ, ਤੇ ਉਸ ਦੀ ਹਰ ਥਾਂ ਵਡਿਆਈ ਹੁੰਦੀ ਹੈ। ਬੇਅੰਤ ਮਨੁੱਖ ਜਿਨ੍ਹਾਂ ਨੇ ਅਕਾਲ ਪੁਰਖੁ ਦੇ ਨਾਮੁ ਨੂੰ ਚੇਤੇ ਕੀਤਾ, ਉਹ ਇਸ ਸੰਸਾਰ ਰੁਪੀ ਸਮੁੰਦਰ ਵਿਚ ਆਪਣਾ ਜੀਵਨ ਸਫਲ ਕਰ ਗਏ। ਜਿਸ ਜਿਸ ਮਨੁੱਖ ਨੇ ਆਪਣੇ ਗੁਰੂ ਦੀ ਸਿੱਖਿਆ ਅਨੁਸਾਰ ਚਲ ਕੇ ਸਾਧ ਸੰਗਤ ਕੀਤੀ, ਉਸ ਦਾ ਨਾਂ ਭਗਤ ਪੈ ਗਿਆ।

*ਰਾਜਾ ਰਾਮ ਜਪਤ ਕੋ ਕੋ ਨ ਤਰਿਓ ॥ ਗੁਰ ਉਪਦੇਸਿ ਸਾਧ ਕੀ ਸੰਗਤਿ ਭਗਤੁ ਭਗਤੁ ਤਾ ਕੋ ਨਾਮੁ ਪਰਿਓ ॥੧॥ ਰਹਾਉ ॥ (੧੧੦੫)*

ਜਿਹੜੀ ਕਾਰ ਅਕਾਲ ਪੁਰਖੁ ਨੂੰ ਪਸੰਦ ਆ ਜਾਏ, ਉਹੀ ਕਾਰ ਸੇਵਕ ਦਾ ਜਪ ਹੈ, ਤਪ ਹੈ, ਸੇਵਾ ਹੈ, ਤੇ ਚਾਕਰੀ ਹੈ। ਜਿਹੜਾ ਮਨੁੱਖ ਆਪਾ ਭਾਵ ਮਿਟਾਂ ਲੈਂਦਾ ਹੈ, ਉਸ ਨੂੰ ਅਕਾਲ ਪੁਰਖੁ ਆਪ ਹੀ ਮਿਹਰ ਕਰ ਕੇ ਆਪਣੇ ਨਾਲ ਮਿਲਾ ਲੈਂਦਾ ਹੈ। ਅਕਾਲ ਪੁਰਖੁ ਦੇ ਚਰਨਾਂ ਵਿਚ ਮਿਲਿਆ ਹੋਇਆ ਅਜਿਹਾ ਬੰਦਾ ਮੁੜ ਕਦੇ ਵਿਛੁੜਦਾ ਨਹੀਂ, ਤੇ ਉਸ ਦੀ ਆਤਮਾ ਅਕਾਲ ਪੁਰਖੁ ਦੀ ਜੋਤ ਨਾਲ ਇਕ ਮਿਕ ਹੋ ਜਾਂਦੀ ਹੈ। ਇਸ ਭੇਤ ਨੂੰ ਗੁਰੂ ਦੀ ਕਿਰਪਾ ਨਾਲ ਉਹੀ ਮਨੁੱਖ ਸਮਝਦਾ ਹੈ, ਜਿਸ ਨੂੰ ਅਕਾਲ ਪੁਰਖੁ ਆਪ ਸਮਝ ਬਖ਼ਸ਼ਦਾ ਹੈ।

*ਮਃ ੩ ॥ **ਸੋ ਜਪੁ ਤਪੁ ਸੇਵਾ ਚਾਕਰੀ ਜੋ ਖਸਮੈ ਭਾਵੈ** ॥ ਆਪੇ ਬਖਸੇ ਮੇਲਿ ਲਏ ਆਪਤੁ ਗਵਾਵੈ ॥ ਮਿਲਿਆ ਕਦੇ ਨ ਵੀਛੁੜੈ ਜੋਤੀ ਜੋਤਿ ਮਿਲਾਵੈ ॥ ਨਾਨਕ ਗੁਰ ਪਰਸਾਦੀ ਸੋ ਬੁਝਸੀ ਜਿਸੁ ਆਪਿ ਬੁਝਾਵੈ ॥੨॥ (੧੨੪੭)*

**ਉਪਰ ਲਿਖਿਆ ਸਬਦ ਸਪੱਸ਼ਟ ਤੌਰ ਤੇ ਸਮਝਾਂ ਰਿਹਾ ਹੈ ਕਿ ਜਪ, ਤਪ, ਤੇ ਸੇਵਾ ਦੀ ਪ੍ਰੀਭਾਸ਼ਾ ਆਪਣੀ ਮਤ ਜਾਂ ਲੋਕ ਰਾਏ ਅਨੁਸਾਰ ਨਹੀਂ ਬਣਾਨੀ ਹੈ, ਬਲਕਿ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝ ਕੇ ਤੇ ਉਸ ਅਨੁਸਾਰ ਚਲ ਕੇ ਕਰਨੀ ਹੈ।**

**ਇਸ ਲਈ ਨਾਮੁ ਜਪਣ ਜਾਂ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ ਸਿਰਫ ਇਹੀ ਹੈ ਕਿ, ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਸਮਝਣਾਂ ਹੈ, ਆਪਣੇ ਜੀਵਨ ਵਿਚ ਗੁਰਬਾਣੀ ਅਨੁਸਾਰ ਵਿਚਰਨਾ ਹੈ, ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝਣਾ ਹੈ, ਉਸ ਦੇ ਹੁਕਮੁ ਤੇ ਰਜ਼ਾ ਅਨੁਸਾਰ ਚਲਣਾਂ ਹੈ ਤਾਂ ਜੋ ਅਸੀਂ ਉਸ ਅਕਾਲ ਪੁਰਖੁ ਦੇ ਦਰ ਤੇ ਪਰਵਾਨ ਹੋ ਸਕੀਏ।**

*ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ (੧)*

**ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਅਕਾਲ ਪੁਰਖੁ ਦੇ ਨਾਮੁ ਜਪਣ ਲਈ ਸਾਨੂੰ ਗੁਰਬਾਣੀ ਨੂੰ ਸਮਝਣਾਂ ਹੈ, ਵੀਚਾਰਨਾ ਹੈ, ਤੇ ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਅਨੁਸਾਰ ਚਲ ਕੇ ਆਪਣਾ ਮਨੁੱਖਾ ਜੀਵਨ ਸਫਲ ਕਰਨਾ ਹੈ।**

- ਗੁਰੂ ਨਾਨਕ ਸਾਹਿਬ ਨੇ ਅਕਾਲ ਪੁਰਖ ਦੀ ਪਰਿਭਾਸ਼ਾ ਕਲਪਨਾਂ ਦੇ ਆਧਾਰ ਤੇ ਨਹੀਂ ਦਿਤੀ, ਬਲਕਿ ਪੂਰਨ, ਉਚੇ ਪੱਧਰ ਦੀ ਸਇੰਸ ਦੇ ਆਧਾਰ ਤੇ ਦਿੱਤੀ ਹੈ।
- ਗੁਰਬਾਣੀ ਨੂੰ ਧਿਆਨ ਨਾਲ ਸਮਝੀਏ ਤਾਂ ਪਤਾ ਲਗਦਾ ਹੈ ਕਿ ਗੁਰੂ ਗਰੰਥ ਸਾਹਿਬ ਵਿਚ ਅਕਾਲ ਪੁਰਖੁ ਦੇ ਗੁਣ ਹੀ ਸਮਝਾਏ ਹਨ।
- *"ੴ ਸਤਿਗੁਰ ਪ੍ਰਸਾਦਿ"*, ਅਕਾਲ ਪੁਰਖ ਦੀ ਪੂਰਨ ਪਰਿਭਾਸ਼ਾ "***ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥***" ਦਾ ਸੰਖੇਪ ਰੂਪ ਹੈ।
- ਗੁਰੂ ਗਰੰਥ ਸਾਹਿਬ ਵਿਚ *"ੴ ਸਤਿਗੁਰ ਪ੍ਰਸਾਦਿ"* ਬਾਣੀ ਦੇ ਸਿਰਲੇਖ ਦੇ ਤੌਰ ਤੇ ਲਗਭਗ ੫੨੨ ਵਾਰੀ ਆਇਆ ਹੈ। ਵਾਰ ਵਾਰ ਦਿਤੀ ਗਈ ਇਹ ਸਿਖਿਆ (***ੴ ਸਤਿਗੁਰ ਪ੍ਰਸਾਦਿ***), ਸਾਨੂੰ ਇਹੀ ਸਮਝਾਂਦੀ ਹੈ ਕਿ ਅਕਾਲ ਪੁਰਖ ਦੇ ਮਿਲਾਪ ਲਈ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਸਹਾਈ ਹੋ ਸਕਦੀ ਹੈ।
- ਗੁਰਬਾਣੀ ਦਾ ਰਵਾਇਤੀ ਗਾਇਨ ਨਹੀਂ ਬਲਕਿ ਹਿਰਦੇ ਤੋਂ ਗਾਇਨ ਕਰਨਾ ਹੈ, ਧਿਆਨ ਨਾਲ ਕੰਨਾਂ ਅਤੇ ਦਿਮਾਗ ਦੋਹਾਂ ਨਾਲ ਸੁਣਨਾਂ ਹੈ।

- ਗੁਰਬਾਣੀ ਵਾਰ ਵਾਰ ਵਿਚਾਰਨੀ ਹੈ ਤਾਂ ਜੋ ਠੀਕ ਤਰ੍ਹਾਂ ਸਮਝ ਆ ਸਕੇ, ਫਿਰ ਮੰਨਣੀ ਹੈ ਤੇ ਅਮਲੀ ਰੂਪ ਵਿਚ ਅਪਨਾਉਣੀ ਹੈ ਤਾਂ ਜੋ ਜੀਵਨ ਦੀ ਅਸਲੀਅਤ ਸਮਝ ਸਕੀਏ।
- ਜਿਸ ਮਨੁੱਖ ਦੇ ਹਿਰਦੇ ਵਿਚ ਅਕਾਲ ਪੁਰਖ ਦੇ ਨਾਮੁ ਦਾ ਥੋੜਾ ਜਿਹਾ ਕਿਨਕਾ ਵੀ ਵਸ ਜਾਂਦਾ ਹੈ, ਉਸ ਮਨੁੱਖ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
- ਅਕਾਲ ਪੁਰਖੁ ਦੇ ਪਿਆਰ ਵਿਚ ਪੂਰੀ ਤਰ੍ਹਾਂ ਲਿਵ ਲਗਾ ਕੇ ਅਜੇਹਾ ਨਾਮੁ ਜਪਣਾ ਹੈ, ਜਿਹੜਾਂ ਗੁਰਮੁਖਾਂ ਦੀ ਸੰਗਤਿ ਵਿਚ ਮਿਲਦਾ ਹੈ।
- ਗੁਰਸਿੱਖ ਸਾਰਾ ਦਿਨ ਆਪਣੀ ਕਿਰਤ ਕਰਦੇ ਹੋਇਆਂ ਹਮੇਸ਼ਾਂ, ਅਕਾਲ ਪੁਰਖੁ ਦਾ ਨਾਮੁ ਧਿਆਨ ਵਿਚ ਰੱਖਦਾ ਹੈ।
- ਗੁਰੂ ਦਾ ਸਿੱਖ ਸਿਰਫ ਆਪਣਾ ਭਲਾ ਹੀ ਨਹੀਂ, ਬਲਕਿ ਸਰਬੱਤ ਦਾ ਭਲਾ ਮੰਗਦਾ ਹੈ। ਇਸੇ ਲਈ ਗੁਰਸਿੱਖ ਆਪਣੇ ਨਾਮੁ ਜਪਣ ਦੇ ਨਾਲ ਨਾਲ, ਹੋਰਨਾਂ ਨੂੰ ਵੀ ਨਾਮੁ ਜਪਾਉਂਦਾ ਹੈ।
- ਜਿਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪਣੇ ਮਨ ਤੇ ਗਿਆਨ ਇੰਦ੍ਰਿਆਂ ਨੂੰ ਅਕਾਲ ਪੁਰਖੁ ਦੀ ਯਾਦ ਵਿਚ ਜੋੜ ਲੈਂਦਾ ਹੈ, ਉਹ ਵਿਕਾਰਾਂ ਤੋਂ ਬਚ ਜਾਂਦਾ ਹੈ, ਤੇ ਆਪਣਾ ਮਨੁੱਖਾ ਜਨਮ ਸਫਲ ਕਰ ਲੈਂਦਾ ਹੈ।
- ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਨੁੱਖਾ ਜੀਵਨ ਲਈ ਕੋਈ ਹੋਰ ਆਸਰਾ ਨਹੀਂ ਹੈ, ਪਰੰਤੂ ਅਕਾਲ ਪੁਰਖੁ ਦਾ ਨਾਮੁ ਵੱਡੀ ਕਿਸਮਤ ਨਾਲ ਗੁਰੂ ਦੁਆਰਾ ਹੀ ਮਿਲ ਸਕਦਾ ਹੈ।
- **ਖਾਲੀ ਮੂੰਹ ਨਾਲ ਬੋਲਣ ਨਾਲ ਨਾਮੁ ਜਪਣਾ ਨਹੀਂ ਹੋ ਸਕਦਾ। ਅਕਾਲ ਪੁਰਖੁ ਦੇ ਨਾਮੁ ਦਾ ਫਲ ਤਾਂ ਹੀ ਮਿਲਦਾ ਹੈ, ਜੇਕਰ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦਾ ਨਾਮੁ ਵੱਸ ਜਾਏ।**
- ਸਾਰਾ ਸੰਸਾਰ ਮੂੰਹ ਨਾਲ 'ਰਾਮ, ਰਾਮ' ਕਹਿੰਦਾ ਰਹਿੰਦਾ ਹੈ, ਪਰੰਤੂ ਇਸ ਤਰ੍ਹਾਂ ਕਰਨ ਨਾਲ 'ਰਾਮੁ' ਨਹੀਂ ਲੱਭਿਆ ਜਾ ਸਕਦਾ। ਉਹ ਬਹੁਤ ਵੱਡਾ ਹੈ, ਅਪਹੁੰਚ ਹੈ, ਅਤੁੱਲ ਹੈ, ਅਮੁਲ ਹੈ, ਤੇ ਕਿਸੇ ਥਾਂ ਤੋਂ ਮੁੱਲ ਖਰੀਦਿਆ ਨਹੀਂ ਜਾ ਸਕਦਾ। ਪਰੰਤੂ, ਇੱਕ ਤਰੀਕਾ ਹੈ, ਜੇਕਰ ਗੁਰੂ ਦੇ ਸ਼ਬਦ ਨਾਲ ਮਨ ਨੂੰ ਵਿੰਨ੍ਹਿਆ ਜਾਏ ਤਾਂ ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਮਨ ਵਿਚ ਆ ਵੱਸਦਾ ਹੈ।
- ਸੰਤ ਜਨਾਂ ਨਾਲ ਮਿਲ ਕੇ, ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦੇ ਰਹੋ, ਕਿਉਂਕਿ ਇਹ ਕੰਮ ਹੋਰ ਸਾਰੇ ਕੰਮਾਂ ਨਾਲੋਂ ਪਵਿਤਰ ਤੇ ਸਫਲ ਹੈ।
- ਜੇਕਰ ਮਨੁੱਖ ਸਿਰਫ ਰਵਾਇਤੀ ਤੌਰ ਤੇ ਧਰਮ ਦੇ ਅਸੂਲਾਂ ਤੇ ਰਸਮਾਂ ਨੂੰ ਪੂਰੀਆਂ ਕਰਨ ਲੱਗ ਪਵੇ ਤਾਂ ਫਿਰ ਉਹ ਇਹ ਨਹੀਂ ਵੇਖਦਾ ਕਿ ਦਿਲ ਵਿਚ ਭਲਾ ਕਰਨ ਲਈ ਕੋਈ ਤਬਦੀਲੀ ਆਈ ਹੈ ਕਿ ਨਹੀਂ।
- **ਅੱਜਕਲ ਸਾਡੇ ਗੁਰਦੁਆਰਾ ਸਾਹਿਬਾਂ ਵਿਚ ਜਿਆਦਾ ਤਰ ਰਵਾਇਤਾਂ ਹੀ ਹੋ ਰਹੀਆਂ ਹਨ, ਤੇ ਗੁਰਬਾਣੀ ਕੋਲੋ ਸੇਧ ਘਟ ਲਈ ਜਾ ਰਹੀ ਹੈ, ਉੱਚੇ ਉੱਚੇ ਸਪੀਕਰ ਲਗਾ ਕੇ ਸਮਾਗਮ ਕਰਨ ਦਾ ਕੋਈ ਲਾਭ ਨਹੀਂ, ਜੇਕਰ ਗੁਰਬਾਣੀ ਦੀ ਸਿਖਿਆ ਸਾਨੂੰ ਆਪਣੇ ਆਪ ਨੂੰ ਸਮਝ ਨਹੀਂ ਆਂਉਂਦੀ ਤੇ ਸਾਡੇ ਹਿਰਦੇ ਵਿਚ ਸਬਦ ਦੀ ਵੀਚਾਰ ਨਹੀਂ ਵੱਸਦੀ।**
- **ਆਪਣੇ ਮਨ ਵਿਚ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਨੂੰ ਯਾਦ ਕਰਨਾ ਹੈ, ਜੀਭ ਨਾਲ ਗੁਰੂ ਦੇ ਸਬਦ ਦੁਆਰਾ ਨਾਮੁ ਜਪਣਾ ਹੈ, ਅੱਖਾਂ ਨਾਲ ਸਤਿਗੁਰੂ ਨੂੰ ਆਪਣੇ ਹਿਰਦੇ ਵਿਚ ਵੇਖਣਾ ਹੈ, ਕੰਨਾਂ ਨਾਲ ਗੁਰੂ ਦੇ ਸਬਦ ਦੁਆਰਾ ਨਾਮੁ ਨੂੰ ਸੁਣਨਾ ਹੈ।**
- **ਮੂੰਹ ਨਾਲ ਬਾਹਰੋਂ ਬਾਹਰੋਂ ਤਾਂ ਹਰੇਕ ਮਨੁੱਖ ਅਕਾਲ ਪੁਰਖੁ ਦਾ ਦੁਨਿਆਵੀ ਨਾਂ ਉਚਾਰ ਲੈਂਦਾ ਹੈ, ਪਰ ਕੋਈ ਵਿਰਲੇ ਹੀ ਹੁੰਦੇ ਹਨ, ਜਿਹੜੇ ਕਿ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਆਪਣੇ ਹਿਰਦੇ ਵਿਚ ਵਸਾਂਦੇ ਹਨ।**
- ਆਪਣੇ ਆਪ ਨੂੰ ਟਿਕਾਓ ਵਿਚ ਲਿਆ ਕੇ, ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ, ਤਾਂ ਜੋ ਅਸੀਂ ਅਕਾਲ ਪੁਰਖੁ ਬਾਰੇ ਜਾਣ ਸਕੀਏ, ਤੇ ਉਸ ਦੀ ਰਚੀ ਹੋਈ ਕੁਦਰਤ ਲਈ ਆਪਣੇ ਅੰਦਰ ਪ੍ਰੇਮ ਪੈਦਾ ਕਰ ਸਕੀਏ।
- ਵੱਡੀ ਕਿਸਮਤ ਨਾਲ ਹੀ ਮਨੁੱਖ ਨੂੰ ਗੁਰੂ ਦੀ ਸੰਗਤਿ ਹਾਸਲ ਹੁੰਦੀ ਹੈ, ਜਿਸ ਸਦਕਾ ਮਨੁੱਖ ਦੇ ਅੰਦਰੋਂ ਖੋਟੀ ਬੁੱਧੀ ਨਾਸ ਹੋ ਜਾਂਦੀ ਹੈ।
- ਗੁਰੂ ਤੇਗ ਬਹਾਦਰ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖ ਦਾ ਨਿਵਾਸ ਸਾਡੇ ਹਿਰਦੇ ਅੰਦਰ ਹੈ, ਇਸ ਲਈ ਅਕਾਲ ਪੁਰਖ ਨੂੰ ਆਪਣੇ ਅੰਦਰੋਂ ਖੋਜਣਾਂ ਹੈ।
- ਮਨੁੱਖ ਦਾ ਮਨ ਸਦਾ ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਵਿਚ ਫਸਿਆ ਰਹਿੰਦਾ ਹੈ। ਪਰੰਤੂ ਜਦੋਂ ਉਹ ਗੁਰੂ ਦੀ ਸਰਨ ਵਿਚ ਆ ਜਾਂਦਾ ਹੈ ਤਾਂ, ਗੁਰੂ ਉਸ ਦੇ ਸਾਰੇ ਬੰਧਨ ਕੱਟ ਕੇ ਵਿਕਾਰਾਂ ਤੋਂ ਖ਼ਲਾਸੀ ਦਿਵਾ ਦਿੰਦਾ ਹੈ।
- ਅਕਾਲ ਪੁਰਖੁ ਦੇ ਦਰਸਨ ਕਰਨ ਲਈ ਨਿਮਾਣੇ ਹੋ ਕੇ ਗੁਰਮੁਖਾਂ ਦੇ ਚਰਨਾਂ ਤੇ ਢਹਿ ਪੈਣਾਂ ਚਾਹੀਦਾ ਹੈ, ਤੇ ਦਰਸਨ ਕਰਨ ਲਈ ਇਹੋ ਜਿਹੀ ਇਛਾ ਹੋਣੀ ਚਾਹੀਦੀ ਹੈ, ਜਿਸ ਤਰ੍ਹਾਂ ਇਕ ਮੱਛੀ ਨੂੰ ਪਾਣੀ ਦੀ ਪਿਆਸ ਲਈ ਹੁੰਦੀ ਹੈ।

- ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਇਸ ਮਨੁੱਖਾ ਜੀਵਨ ਵਿਚ ਬਹੁਤ ਸੁਖ ਤੇ ਆਨੰਦ ਮਿਲਦਾ ਹੈ ਅਤੇ ਪਰਲੋਕ ਵਿਚ ਵੀ ਅਕਾਲ ਪੁਰਖੁ ਦਾ ਨਾਮੁ ਜਿੰਦ ਦੇ ਕੰਮ ਆਉਂਦਾ ਹੈ।
- ਅਕਾਲ ਪੁਰਖੁ ਦਾ ਨਾਮੁ ਜਪ ਕੇ ਸੰਸਾਰ ਸਮੁੰਦਰ ਵਿਚੋਂ ਪਾਰ ਲੰਘਣ ਦੀ ਸਮਝ ਸਿਰਫ ਗੁਰੂ ਕੋਲੋਂ ਹੀ ਮਿਲ ਸਕਦੀ ਹੈ।
- ਅਕਾਲ ਪੁਰਖੁ ਦੀ ਸਿਫਤ ਕਰਨ ਦੀ ਦਾਤਿ ਗੁਰੂ ਤੋਂ ਮਿਲਦੀ ਹੈ, ਇਸ ਲਈ ਪੂਰੇ ਗੁਰੂ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ।
- ਗੁਰੂ ਦੀ ਸਰਨ ਪਿਆਂ ਮਨੁੱਖ ਦਾ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ, ਤੇ ਅਕਾਲ ਪੁਰਖੁ ਨਾਲ ਮਿਲਾਪ ਹੋ ਜਾਂਦਾ ਹੈ।
- ਅਕਾਲ ਪੁਰਖੁ ਦਾ ਨਾਮੁ ਜਪ ਕੇ ਅਕਾਲ ਪੁਰਖੁ ਦੇ ਸੇਵਕ ਅਕਾਲ ਪੁਰਖੁ ਦੇ ਨਾਮੁ ਵਿਚ ਹੀ ਲੀਨ ਹੋ ਜਾਂਦੇ ਹਨ।
- ਬੇਅੰਤ ਮਨੁੱਖ ਜਿਨ੍ਹਾਂ ਨੇ ਅਕਾਲ ਪੁਰਖੁ ਦੇ ਨਾਮੁ ਨੂੰ ਚੇਤੇ ਕੀਤਾ, ਉਹ ਇਸ ਸੰਸਾਰ ਰੂਪੀ ਸਮੁੰਦਰ ਵਿਚ ਆਪਣਾ ਜੀਵਨ ਸਫਲ ਕਰ ਗਏ। ਜਿਸ ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਅਨੁਸਾਰ ਚਲ ਕੇ ਸਾਧ ਸੰਗਤ ਕੀਤੀ, ਉਸ ਦਾ ਨਾਂ ਭਗਤ ਪੈ ਗਿਆ।
- ਜਿਹੜੀ ਕਾਰ ਅਕਾਲ ਪੁਰਖੁ ਨੂੰ ਪਸੰਦ ਆ ਜਾਏ, ਉਹੀ ਕਾਰ ਸੇਵਕ ਦਾ ਜਪ, ਤਪ, ਸੇਵਾ, ਤੇ ਚਾਕਰੀ ਹੈ। ਜਪ, ਤਪ, ਤੇ ਸੇਵਾ ਦੀ ਪ੍ਰੀਭਾਸ਼ਾ ਆਪਣੀ ਮਤ ਜਾਂ ਲੋਕ ਰਾਏ ਅਨੁਸਾਰ ਨਹੀਂ ਬਣਾਨੀ ਹੈ, ਬਲਕਿ ਗੁਰੂ ਦੀ ਕਿਰਪਾ ਨਾਲ ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝ ਕੇ ਤੇ ਉਸ ਅਨੁਸਾਰ ਚਲ ਕੇ ਕਰਨੀ ਹੈ।

**ਇਸ ਲਈ ਨਾਮੁ ਜਪਣ ਜਾਂ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ ਸਿਰਫ ਇਹੀ ਹੈ ਕਿ, ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਸਮਝਣਾਂ ਹੈ, ਆਪਣੇ ਜੀਵਨ ਵਿਚ ਗੁਰਬਾਣੀ ਅਨੁਸਾਰ ਵਿਚਰਨਾ ਹੈ, ਅਕਾਲ ਪੁਰਖੁ ਦੇ ਹੁਕਮੁ ਨੂੰ ਸਮਝਣਾ ਹੈ, ਤੇ ਉਸ ਦੇ ਹੁਕਮੁ ਤੇ ਰਜ਼ਾ ਅਨੁਸਾਰ ਚਲਣਾਂ ਹੈ।**

***ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ (੧)***

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਨਾਮੁ ਬਹੁਤ ਕੀਮਤੀ ਤੇ ਲਾਭਦਾਇਕ ਹੈ (ਨਾਮੁ, ਭਾਗ ੮)

## Naam is highly precious and has numerous advantages (Naam, Part 8)

ਮਨੁੱਖ ਦੇ ਜੀਵਨ ਵਿਚ ਪਦਾਰਥ ਦੀ ਬਹੁਤ ਮਹੱਤਤਾ ਹੈ। ਭਾਂਵੇ ਇਹ ਸਾਰੇ ਪਦਾਰਥ ਉਸ ਅਕਾਲ ਪੁਰਖੁ ਨੇ ਹੀ ਦਿਤੇ ਹਨ ਤਾਂ ਵੀ ਮਨੁੱਖ ਦੇ ਮਨ ਅੰਦਰ ਪਦਾਰਥਾਂ ਦੀ ਦੌੜ ਰਹਿੰਦੀ ਹੈ, ਤੇ ਇਹ ਸਭ ਕੁਝ ਦੇਣ ਵਾਲਾ ਦਾਤਾਰ ਉਸ ਨੂੰ ਅਕਸਰ ਭੁਲਿਆ ਰਹਿੰਦਾ ਹੈ, ਜਿਸ ਕਰਕੇ ਮਨੁੱਖ ਨੂੰ ਆਪਣੇ ਜੀਵਨ ਵਿਚ ਸੁਖ ਤੇ ਸ਼ਾਂਤੀ ਨਹੀਂ ਮਿਲਦੀ ਤੇ ਸਦਾ ਭਟਕਦਾ ਰਹਿੰਦਾ ਹੈ। ਜਿਤਨੇ ਵੀ ਰਾਜੇ ਮਹਾਰਾਜੇ ਜਾਂ ਧਨਾਢ ਵਿਅਕਤੀ ਹੋਏ ਹਨ, ਉਹ ਬਾਹਰੋਂ ਤਾਂ ਭਾਂਵੇਂ ਸੁਖੀ ਲਗਦੇ ਹੋਣ, ਪਰੰਤੂ ਅੰਦਰੋਂ ਬਹੁਤ ਦੁਖੀ ਹੁੰਦੇ ਸਨ। ਗਰੀਬ ਆਦਮੀ ਨੂੰ ਭਾਂਵੇਂ ਮਾਇਕ ਮੁਸ਼ਕਲਾਂ ਹੋਣ, ਪਰੰਤੂ ਅਮੀਰਾਂ ਦੇ ਮੁਕਾਬਲੇ ਜਿਆਦਾ ਸੁਖੀ ਤੇ ਸੰਤੁਸ਼ਟ ਹੋ ਸਕਦੇ ਹਨ। ਦੋਹਾਂ ਤਰ੍ਹਾਂ ਦੇ ਲੋਕਾਂ ਨੂੰ ਸੁਖ ਤੇ ਸ਼ਾਂਤੀ ਤਾਂ ਹੀ ਮਿਲ ਸਕਦੀ ਹੈ, ਜੇ ਕਰ ਉਨ੍ਹਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਵਸਦਾ ਰਹੇ ਤੇ ਉਹ ਆਤਮਿਕ ਅਡੋਲਤਾ ਵਿਚ ਟਿਕੇ ਰਹਿਣ।

ਜੇ ਕਰ ਅਸੀਂ ਆਪਣੇ ਮਨ ਵਿਚ ਧਿਆਨ ਨਾਲ ਵਿਚਾਰੀਏ ਤਾਂ ਮਨੁੱਖ ਆਪਣਾ ਹਰੇਕ ਕੰਮ ਆਪਣੇ ਹਉਮੈ ਦੇ ਆਸਰੇ ਹੀ ਕਰਦਾ ਹੈ। ਜੇ ਕਰ ਕੁਝ ਕਰਨ ਜਾਂ ਪਾਣ ਦੀ ਚਾਹਤ ਹੈ ਤਾਂ ਉਸ ਦਾ ਆਰੰਭ ਵੀ ਹਉਮੈ ਤੋਂ ਹੀ ਹੁੰਦਾ ਹੈ। ਪਰੰਤੂ ਜਦੋਂ ਇਸ ਹਉਮੈ ਕਰਕੇ ਅਸੀਂ ਆਪਣੇ ਆਪ ਨੂੰ ਸਭ ਕੁਝ ਸਮਝਣਾਂ ਸ਼ੁਰੂ ਕਰ ਦਿੰਦੇ ਹਾਂ, ਤਾਂ ਅਸੀਂ ਮੂਰਖ ਬਣ ਜਾਂਦੇ ਹਾਂ। ਇਹ ਦੁਨੀਆਵੀ ਮਾਇਆ ਦਾ ਧਨ ਮਨੁੱਖ ਦੇ ਮਨ ਵਿਚ ਬਹੁਤ ਹੰਕਾਰ ਪੈਦਾ ਕਰਦਾ ਹੈ, ਤੇ ਜਿਹੜਾ ਮਨੁੱਖ ਆਪਣੇ ਹੰਕਾਰ ਵਿਚ ਡੁੱਬਿਆ ਰਹਿੰਦਾ ਹੈ, ਉਹ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਆਦਰ ਪ੍ਰਾਪਤ ਨਹੀਂ ਕਰ ਸਕਦਾ। ਜੇ ਕਰ ਆਪਣੇ ਹਉਮੈ ਨੂੰ ਆਪਣੇ ਕਾਬੂ ਵਿਚ ਕਰ ਲਈਏ ਤਾਂ ਜੀਵਨ ਵਿਚ ਸਦਾ ਆਤਮਕ ਆਨੰਦ ਬਣਿਆ ਰਹਿ ਸਕਦਾ ਹੈ। ਅਕਾਲ ਪੁਰਖੁ ਜਿਸ ਮਨੁੱਖ ਨੂੰ ਆਪਣੇ ਸਦਾ ਥਿਰ ਰਹਿੰਣ ਵਾਲੇ ਨਾਮੁ ਵਿਚ ਜੋੜਦਾ ਹੈ, ਉਹੀ ਮਨੁੱਖ ਨਾਮੁ ਵਿਚ ਆਪਣੀ ਲਗਨ ਲਗਾਂਦਾ ਹੈ, ਅਤੇ ਜਿਹੜਾ ਮਨੁੱਖ ਨਾਮੁ ਵਿਚ ਜੁੜ ਜਾਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ।

ਮੂਰਖ ਤੇ ਅੰਜਾਣ ਲੋਕ ਸਿਰਫ਼ ਦੁਨੀਆਵੀ ਧਨ ਹੀ ਜੋੜਦੇ ਰਹਿੰਦੇ ਹਨ, ਜੋ ਕਿ ਨਾਸਵੰਤ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨਮੁੱਖ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਰਹਿੰਦੇ ਹਨ ਤੇ ਕੁਰਾਹੇ ਪਏ ਰਹਿੰਦੇ ਹਨ। ਮਾਇਆ ਦੇ ਧਨ ਨਾਲ ਸਦਾ ਦੁਖ ਹੀ ਮਿਲਦਾ ਹੈ। ਇਹ ਧਨ ਨਾ ਤਾਂ ਮਨੁੱਖ ਦੇ ਨਾਲ ਜਾਂਦਾ ਹੈ, ਤੇ, ਨਾ ਹੀ ਇਸ ਨੂੰ ਇਕੱਠਾ ਕਰਕੇ ਕੋਈ ਸੰਤੋਖ ਮਿਲਦਾ ਹੈ। ਜਿਹੜਾ ਮਨੁੱਖ ਗੁਰੂ ਦੀ ਮਤਿ ਅਨੁਸਾਰ ਚਲਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਪ੍ਰਾਪਤ ਕਰ ਲੈਂਦਾ ਹੈ। ਪਰੰਤੂ ਦੁਨੀਆਵੀ ਧਨ ਜੋ ਕਿ ਨਾਸਵੰਤ ਉਹ ਮਨੁੱਖ ਨੂੰ ਕਦੇ ਮਿਲ ਜਾਂਦਾ ਹੈ, ਤੇ ਕਦੇ ਹੱਥੋਂ ਨਿਕਲ ਜਾਂਦਾ ਹੈ। ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਵਾਲੀ ਗੁਰਬਾਣੀ ਸਦਾ ਹੀ ਆਤਮਕ ਜੀਵਨ ਦੇਣ ਵਾਲਾ ਨਾਮੁ ਵੰਡਦੀ ਹੈ, ਤੇ ਪੂਰੇ ਭਾਗਾਂ ਨਾਲ ਮਨੁੱਖ ਇਸ ਬਾਣੀ ਦੀ ਬਰਕਤਿ ਨਾਲ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਹੋ ਜਾਂਦਾ ਹੈ।

*ਧਨਾਸਰੀ ਮਹਲਾ ੩ ॥ ਕਾਚਾ ਧਨੁ ਸੰਚਹਿ ਮੂਰਖ ਗਾਵਾਰ ॥ ਮਨਮੁਖ ਭੂਲੇ ਅੰਧ ਗਾਵਾਰ ॥ ਬਿਖਿਆ ਕੈ ਧਨਿ ਸਦਾ ਦੁਖੁ ਹੋਇ ॥ ਨਾ ਸਾਥਿ ਜਾਇ ਨ ਪਰਾਪਤਿ ਹੋਇ ॥੧॥ ਸਾਚਾ ਧਨੁ ਗੁਰਮਤੀ ਪਾਏ ॥ ਕਾਚਾ ਧਨੁ ਫੁਨਿ ਆਵੈ ਜਾਏ ॥ ਰਹਾਉ ॥ (੬੬੫, ੬੬੬)*

ਇਹ ਬਿਲਕੁਲ ਨਹੀਂ ਦੱਸਿਆ ਜਾ ਸਕਦਾ ਕਿ ਅਕਾਲ ਪੁਰਖੁ ਦਾ ਨਾਮੁ ਕਿਸ ਕੀਮਤ ਨਾਲ ਮਿਲ ਸਕਦਾ ਹੈ, ਤੇ ਇਹ ਨਾਮੁ ਕਿਤਨੀ ਤਾਕਤ ਵਾਲਾ ਹੈ। ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦੇ ਨਾਮੁ ਵਿਚ ਆਪਣੀ ਸੁਰਤਿ ਜੋੜੀ ਹੋਈ ਹੈ, ਉਹ ਭਾਗਾਂ ਵਾਲੇ ਹਨ। ਜਿਹੜਾ ਮਨੁੱਖ ਗੁਰੂ ਦੀ ਮਤਿ ਗ੍ਰਹਿਣ ਕਰਦਾ ਹੈ, ਉਹ ਮਨੁੱਖ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦੇ ਗੁਣਾਂ ਦੀ ਵੀਚਾਰ ਆਪਣੇ ਅੰਦਰ ਵਸਾਈ ਰੱਖਦਾ ਹੈ। ਪਰੰਤੂ ਇਹ ਵੀਚਾਰ ਅਕਾਲ ਪੁਰਖੁ, ਉਸ ਮਨੁੱਖ ਨੂੰ ਹੀ ਦਿੰਦਾ ਹੈ, ਜਿਸ ਉਤੇ ਉਹ ਆਪ ਆਪਣੀ ਬਖ਼ਸ਼ਸ਼ ਕਰਦਾ ਹੈ। ਅਕਾਲ ਪੁਰਖੁ ਦਾ ਨਾਮੁ ਬਹੁਤ ਹੈਰਾਨ ਕਰਨ ਵਾਲਾ ਹੈ, ਪਰੰਤੂ ਇਹ ਨਾਮੁ ਅਕਾਲ ਪੁਰਖੁ ਆਪ ਹੀ ਕਿਸੇ ਵਡਭਾਗੀ ਗੁਰਮੁਖਿ ਨੂੰ ਸੁਣਾਂਦਾ ਹੈ। ਇਸ ਕਲਯੁਗ ਦੀ ਅਵਸਥਾ ਵਿਚ ਕੂੜ ਨਾਲ ਭਰੇ ਹੋਏ ਵਰਤਮਾਨ ਵਿਚ ਉਹੀ ਮਨੁੱਖ ਅਕਾਲ ਪੁਰਖੁ ਦਾ ਨਾਮੁ ਪ੍ਰਾਪਤ ਕਰਦਾ ਹੈ, ਜਿਹੜਾ ਗੁਰੂ ਦੇ ਸਨਮੁਖ ਰਹਿੰਦਾ ਹੈ।

*ਧਨਾਸਰੀ ਮਹਲਾ ੩ ॥ ਨਾਵੈ ਕੀ ਕੀਮਤਿ ਮਿਤਿ ਕਹੀ ਨ ਜਾਇ ॥ ਸੇ ਜਨ ਧੰਨੁ ਜਿਨ ਇਕ ਨਾਮਿ ਲਿਵ ਲਾਇ ॥ ਗੁਰਮਤਿ ਸਾਚੀ ਸਾਚਾ ਵੀਚਾਰੁ ॥ ਆਪੇ ਬਖਸੇ ਦੇ ਵੀਚਾਰੁ ॥੧॥ ਹਰਿ ਨਾਮੁ ਅਚਰਜੁ ਪ੍ਰਭੁ ਆਪਿ ਸੁਣਾਏ ॥ ਕਲੀ ਕਾਲ ਵਿਚਿ ਗੁਰਮੁਖਿ ਪਾਏ ॥੧॥ ਰਹਾਉ ॥ (੬੬੬)*

ਗੁਰੂ ਸਾਹਿਬ ਸਮਝਾਂਉਂਦੇ ਹਨ ਕਿ ਜਦੋਂ ਮੈਂ ਅਕਾਲ ਪੁਰਖ ਦਾ ਨਾਮੁ ਯਾਦ ਕਰਦਾ ਹਾਂ, ਤਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਰਹਿੰਦਾ ਹੈ। ਪਰੰਤੂ ਜਦੋਂ ਮੈਨੂੰ ਅਕਾਲ ਪੁਰਖ ਦਾ ਨਾਮੁ ਭੁੱਲ ਜਾਂਦਾ ਹੈ, ਤਾਂ ਮੇਰੀ ਆਤਮਕ ਮੌਤ ਹੋ ਜਾਂਦੀ ਹੈ। ਇਹ

ਸਭ ਕੁਝ ਪਤਾ ਹੁੰਦਿਆਂ ਹੋਇਆ ਵੀ ਆਮ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖ ਦਾ ਨਾਮੁ ਯਾਦ ਕਰਨਾ ਔਖਾ ਲਗਦਾ ਹੈ। ਜਿਸ ਮਨੁੱਖ ਦੇ ਅੰਦਰ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖ ਦੇ ਨਾਮੁ ਦੀ ਤਾਂਘ ਪੈਦਾ ਹੋ ਜਾਂਦੀ ਹੈ, ਉਸ ਤਾਂਘ ਦੀ ਬਰਕਤਿ ਨਾਲ, ਅਕਾਲ ਪੁਰਖੁ ਦਾ ਨਾਮੁ, ਭੋਜਨ ਦੀ ਤਰ੍ਹਾਂ ਖਾਣ ਨਾਲ, ਉਸ ਦੇ ਸਾਰੇ ਦੁਖ ਦੂਰ ਹੋ ਜਾਂਦੇ ਹਨ। ਮੁਸ਼ਕਲ ਸਮੇਂ ਅਕਸਰ ਮਨੁੱਖ ਆਪਣੀ ਮਾਂ ਨੂੰ ਯਾਦ ਕਰਦਾ ਹੈ, ਗੁਰੂ ਸਾਹਿਬ ਵੀ ਉਸੇ ਤਰ੍ਹਾਂ ਸੰਬੋਧਨ ਕਰਕੇ ਸਮਝਾਂਉਂਦੇ ਹਨ, ਕਿ ਹੇ ਮੇਰੀ ਮਾਂ! ਅਰਦਾਸ ਕਰ ਕਿ ਉਹ ਅਕਾਲ ਪੁਰਖ ਮੈਨੂੰ ਕਦੇ ਵੀ ਨਾ ਭੁੱਲੇ, ਕਿਉਂਕਿ ਅਕਾਲ ਪੁਰਖ ਸਦਾ ਕਾਇਮ ਰਹਿਣ ਵਾਲਾ ਹੈ ਤੇ ਅਕਾਲ ਪੁਰਖ ਦਾ ਨਾਮੁ ਵੀ ਸਦਾ ਕਾਇਮ ਰਹਿਣ ਵਾਲਾ ਹੈ। ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖ ਦੇ ਨਾਮੁ ਦੀ ਥੋੜੀ ਜਿਹੀ ਉਸਤਤ ਵੀ ਬਿਆਨ ਕਰ ਕੇ ਜੀਵ ਥੱਕ ਗਏ ਹਨ, ਕਿਉਂਕਿ ਅਕਾਲ ਪੁਰਖ ਦੀ ਉਪਮਾਂ ਬੇਅੰਤ ਹੈ, ਜਿਹੜੀ ਕਿ ਬਿਆਨ ਨਹੀਂ ਕੀਤੀ ਜਾ ਸਕਦੀ। ਕੋਈ ਵੀ ਜੀਵ ਇਹ ਨਹੀਂ ਦੱਸ ਸਕਿਆ ਕਿ ਅਕਾਲ ਪੁਰਖ ਦੇ ਬਰਾਬਰ ਦੀ ਕਿਹੜੀ ਹਸਤੀ ਹੈ। ਜੇਕਰ ਜਗਤ ਦੇ ਸਾਰੇ ਜੀਵ ਰਲ ਕੇ ਅਕਾਲ ਪੁਰਖ ਦੀ ਵਡਿਆਈ ਬਿਆਨ ਕਰਨ ਦਾ ਯਤਨ ਕਰਨ, ਤਾਂ ਵੀ ਉਹ ਅਕਾਲ ਪੁਰਖ ਆਪਣੇ ਅਸਲੇ ਨਾਲੋਂ ਵੱਡਾ ਨਹੀਂ ਹੋ ਜਾਂਦਾ ਤੇ, ਜੇ ਕੋਈ ਵੀ ਉਸ ਦੀ ਵਡਿਆਈ ਨਾ ਕਰੇ, ਤਾਂ ਵੀ ਉਹ ਅੱਗੇ ਨਾਲੋਂ ਘੱਟ ਨਹੀਂ ਜਾਂਦਾ। ਅਕਾਲ ਪੁਰਖ ਨੂੰ ਆਪਣੀ ਸੋਭਾ ਦਾ ਕੋਈ ਲਾਲਚ ਨਹੀਂ। ਉਹ ਅਕਾਲ ਪੁਰਖ ਨਾ ਕਦੇ ਮਰਦਾ ਹੈ, ਤੇ ਨਾ ਹੀ ਉਸ ਦੀ ਖ਼ਾਤਰ ਸੋਗ ਹੁੰਦਾ ਹੈ। ਉਸ ਦੀ ਵੱਡੀ ਖ਼ੂਬੀ ਇਹ ਹੈ, ਕਿ ਉਸ ਵਰਗਾ ਹੋਰ ਕੋਈ ਨਹੀਂ ਹੈ, ਉਸ ਵਰਗਾ ਅਜੇ ਤਕ ਨਾ ਕੋਈ ਹੋਇਆ ਹੈ, ਨਾ ਹੀ ਕਦੇ ਹੋਵੇਗਾ।

*ਆਸਾ ਮਹਲਾ ੧ ॥ **ਆਖਾ ਜੀਵਾ ਵਿਸਰੈ ਮਰਿ ਜਾਉ** ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ **ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ** ॥ (੯)*

ਜਿਹੜੇ ਮਨੁੱਖ ਅਕਾਲ ਪੁਰਖੁ ਦਾ ਨਾਮੁ ਉਚਾਰਦੇ ਹਨ, ਉਹ ਪਵਿਤਰ ਜੀਵਨ ਵਾਲੇ ਬਣ ਜਾਂਦੇ ਹਨ। ਜਿਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਦੇ ਹਨ, ਉਹ ਚੰਗੇ ਭਾਗਾਂ ਵਾਲੇ ਹੋ ਜਾਂਦੇ ਹਨ। ਜਿਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਆਪਣੀ ਹੱਥੀਂ ਲਿਖਦੇ ਹਨ, ਉਹ ਆਪਣੇ ਸਾਰੇ ਖ਼ਾਨਦਾਨ ਨੂੰ ਹੀ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘਾ ਲੈਂਦੇ ਹਨ। ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦਾ ਮਿਲਾਪ ਪ੍ਰਾਪਤ ਹੁੰਦਾ ਹੈ, ਉਹ ਅਕਾਲ ਪੁਰਖੁ ਦੇ ਨਾਮੁ ਦਾ ਆਨੰਦ ਮਾਣਦੇ ਹਨ, ਉਹ ਅਕਾਲ ਪੁਰਖੁ ਦੀ ਯਾਦ ਨੂੰ ਆਪਣੇ ਮਨ ਵਿਚ ਟਿਕਾ ਲੈਂਦੇ ਹਨ। ਜਿਸ ਉੱਤੇ ਅਕਾਲ ਪੁਰਖੁ ਨੇ ਪੂਰਨ ਕਿਰਪਾ ਕੀਤੀ, ਉਸ ਮਨੁੱਖ ਨੇ ਅਕਾਲ ਪੁਰਖੁ ਨੂੰ ਆਪਣੇ ਮਨ ਵਿਚ ਵਸਾ ਲਿਆ ਤੇ ਆਪਣਾ ਜੀਵਨ ਸੋਹਣਾ ਬਣਾ ਲਿਆ। ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਨੂੰ ਮਿਲਕੇ ਆਪਣੇ ਅੰਦਰੋਂ ਕਾਮ ਕ੍ਰੋਧ ਲੋਭ ਮੋਹ ਹੰਕਾਰ ਨੂੰ ਮਾਰ ਲਿਆ ਹੈ, ਉਨ੍ਹਾਂ ਦਾ ਆਤਮਕ ਜੀਵਨ ਸਫਲ ਹੋ ਜਾਂਦਾ ਹੈ। ਸਾਰੀ ਸ੍ਰਿਸ਼ਟੀ ਦੇ ਮਾਲਕ ਅਕਾਲ ਪੁਰਖੁ ਦਾ ਨਾਮੁ ਅਮੁੱਲ ਹੈ, ਜਿਸ ਦਾ ਅੰਦਾਜਾ ਨਹੀਂ ਲਗਾਇਆ ਜਾ ਸਕਦਾ ਹੈ, ਕੋਈ ਜੀਵ ਉਸ ਦੇ ਬਰਾਬਰ ਦੀ ਕੋਈ ਵੀ ਚੀਜ਼ ਨਹੀਂ ਦੱਸ ਸਕਦਾ। ਗੁਰੂ ਸਾਹਿਬ ਸਮਝਾਂਦੇ ਹਨ ਕਿ ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਭਾਗ ਜਾਗ ਜਾਂਦੇ ਹਨ, ਉਹ ਅਕਾਲ ਪੁਰਖੁ ਦੇ ਮਿਲਾਪ ਦਾ ਆਨੰਦ ਮਾਣਦੇ ਰਹਿੰਦੇ ਹਨ।

*ਡਖਣਾ ॥ **ਸਾਈ ਨਾਮੁ ਅਮੋਲੁ ਕੀਮ ਨ ਕੋਈ ਜਾਣਦੋ ॥ ਜਿਨਾ ਭਾਗ ਮਥਾਹਿ ਸੇ ਨਾਨਕ ਹਰਿਰੰਗੁ ਮਾਣਦੋ** ॥੧॥ (੮੧)*

ਅਕਾਲ ਪੁਰਖੁ ਦਾ ਨਾਮੁ ਇਕ ਅਜੇਹਾ ਅਨਮੋਲ ਖ਼ਜ਼ਾਨਾ ਹੈ, ਜਿਸ ਨੂੰ ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਵਿਚ ਆ ਕੇ ਜਾਣ ਸਕਦਾ ਹੈ, ਸਮਝ ਸਕਦਾ ਹੈ ਤੇ ਉਸ ਨਾਮੁ ਨਾਲ ਸਾਂਝ ਪਾ ਸਕਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ।

***ਹਰਿ ਕਾ ਨਾਮੁ ਨਿਧਾਨੁ ਹੈ ਕੋਈ ਗੁਰਮੁਖਿ ਜਾਣੈ** ॥ ਨਾਨਕ ਜਿਨ ਸਤਿਗੁਰੁ ਭੇਟਿਆ ਰੰਗਿ ਰਲੀਆ ਮਾਣੈ ॥੧੫॥ (੭੨੬)*

ਉਸ ਅਕਾਲ ਪੁਰਖੁ ਨੂੰ ਆਪਣੇ ਮਨ ਤੋਂ ਕਦੇ ਵੀ ਭੁਲਾਣਾ ਨਹੀਂ ਚਾਹੀਦਾ, ਜਿਸ ਦਾ ਸਿਮਰਨ ਕੀਤਿਆਂ ਸਾਰੇ ਦੁਖ ਦੂਰ ਹੋ ਜਾਂਦੇ ਹਨ, ਤੇ ਜਿਸ ਦੇ ਵੱਸ ਵਿਚ ਦੁਨੀਆ ਦੇ ਸਾਰੇ ਪਦਾਰਥ, ਸਾਰੇ ਫਲ ਤੇ ਸਾਰੇ ਆਤਮਕ ਗੁਣ ਹਨ, ਜਿਸ ਦਾ ਆਸਰਾ ਲਿਆਂ ਆਤਮਕ ਜੀਵਨ ਮਿਲ ਜਾਂਦਾ ਹੈ, ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਵਿਕਾਰਾਂ ਤੋਂ ਬਚਾਉ ਹੋ ਜਾਂਦਾ ਹੈ ਤੇ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਸੁਰਖ਼ਰੂ ਹੋ ਜਾਈਦਾ ਹੈ। ਇਸ ਲਈ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਜਪਦੇ ਰਹਿੰਣਾ ਚਾਹੀਦਾ ਹੈ, ਤਾਂ ਜੋ ਸਾਡੇ ਸਾਰੇ ਕੰਮ ਸਫਲ ਹੋ ਸਕਣ। ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ, ਮਨੁੱਖ ਦੇ ਅੰਦਰ ਉਸ ਅਕਾਲ ਪੁਰਖੁ ਵਰਗੇ ਗੁਣ ਪੈਦਾ ਹੋਣੇ ਸ਼ੁਰੂ ਹੋ ਜਾਂਦੇ ਹਨ, ਜਿਸ ਸਦਕਾ ਮਨੁੱਖ ਦੇ ਮੂੰਹ ਵਿਚੋਂ ਪਵਿਤਰ ਬੋਲ ਨਿਕਲਦੇ ਹਨ। ਦੁਨੀਆ ਵਿਚ ਅਸਲੀ ਭਰਾ ਜਾਂ ਮਿੱਤਰ ਉਹੀ ਮਨੁੱਖ ਹੈ, ਜਿਸ ਪਾਸੋਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣੀ ਜਾਏ।

*ਗਉੜੀ ਮਾਝ ਮਹਲਾ ੫ ॥ **ਹਰਿ ਰਾਮ ਰਾਮ ਰਾਮ ਰਾਮਾ ॥ ਜਪਿ ਪੂਰਨ ਹੋਏ ਕਾਮਾ ॥੧॥ ਰਹਾਉ ॥ ਰਾਮ ਗੋਬਿੰਦ ਜਪੇਦਿਆ ਹੋਆ ਮੁਖੁ ਪਵਿਤ੍ਰੁ ॥ ਹਰਿ ਜਸੁ ਸੁਣੀਐ ਜਿਸ ਤੇ ਸੋਈ ਭਾਈ ਮਿਤ੍ਰੁ** ॥੧॥ (੨੧੮)*

ਜਿਸ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਉਤਾਰਾ ਹੋ ਜਾਂਦਾ ਹੈ, ਉਸ ਦੇ ਨਾਮੁ ਨੂੰ ਆਦਰ ਸਤਿਕਾਰ ਨਾਲ ਆਪਣੇ ਹਿਰਦੇ ਵਿਚ ਵਸਾਈ ਰੱਖਣਾ ਚਾਹੀਦਾ ਹੈ। ਜਿਸ ਅਕਾਲ ਪੁਰਖੁ ਦੇ ਸਿਮਰਨ ਨਾਲ, ਮਾਇਆ ਦੇ

ਝਮੇਲੇ ਮਿਟ ਜਾਂਦੇ ਹਨ, ਵਿਕਾਰ ਮਨ ਉਤੇ ਪ੍ਰਭਾਵ ਨਹੀਂ ਪਾ ਸਕਦੇ, ਪਰਵਾਰਕ ਮੋਹ ਦੇ ਬੰਧਨ ਟੁੱਟ ਜਾਂਦੇ ਹਨ, ਮੂਰਖ ਮਨੁੱਖ ਵੀ ਸਿਆਣੇ ਬਣ ਜਾਂਦੇ ਹਨ, ਸਾਰੀ ਕੁਲ ਦਾ ਹੀ ਪਾਰ ਉਤਾਰਾ ਹੋ ਜਾਂਦਾ ਹੈ, ਉਸ ਅਕਾਲ ਪੁਰਖੁ ਨੂੰ ਸਦਾ ਨਮਸਕਾਰ ਕਰਦੇ ਰਹਿਣਾਂ ਚਾਹੀਦਾ ਹੈ। ਜਿਸ ਅਕਾਲ ਪੁਰਖੁ ਦੇ ਸਿਮਰਨ ਦੀ ਬਰਕਤ ਨਾਲ ਮਨੁੱਖ ਦੇ ਸਾਰੇ ਡਰ ਤੇ ਦੁਖ ਦੂਰ ਹੋ ਜਾਂਦੇ ਹਨ, ਹਰੇਕ ਤਰ੍ਹਾਂ ਦੀ ਬਿਪਤਾ ਮਨੁੱਖ ਦੇ ਸਿਰ ਤੋਂ ਟਲ ਜਾਂਦੀ ਹੈ, ਮਨੁੱਖ ਦੇ ਸਾਰੇ ਪਾਪ ਮੁੱਕ ਜਾਂਦੇ ਹਨ, ਕੋਈ ਦੁਖ ਕਲੇਸ਼ ਮਨੁੱਖ ਨੂੰ ਪੋਹ ਨਹੀਂ ਸਕਦਾ, ਅਜੇਹੇ ਅਕਾਲ ਪੁਰਖੁ ਅੱਗੇ ਸਦਾ ਸਿਰ ਨਿਵਾਂਦੇ ਰਹਿਣਾਂ ਚਾਹੀਦਾ ਹੈ। ਜਿਸ ਅਕਾਲ ਪੁਰਖੁ ਦੇ ਸਿਮਰਨ ਨਾਲ ਹਿਰਦਾ ਖਿੜਿਆ ਰਹਿੰਦਾ ਹੈ, ਮਾਇਆ ਵੀ ਦਾਸੀ ਬਣ ਜਾਂਦੀ ਹੈ, ਮਾਨੋ ਸਾਰੀਆਂ ਨਿਧੀਆਂ ਤੇ ਸਾਰੇ ਖ਼ਜ਼ਾਨੇ ਮਿਲ ਜਾਂਦੇ ਹਨ, ਤੇ ਅੰਤ ਵੇਲੇ ਮਨੁੱਖ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘ ਜਾਂਦਾ ਹੈ, ਉਸ ਅਕਾਲ ਪੁਰਖੁ ਨੂੰ ਸਦਾ ਸਿਮਰਦੇ ਰਹਿਣਾਂ ਚਾਹੀਦਾ ਹੈ। ਅਕਾਲ ਪੁਰਖੁ ਦਾ ਨਾਮੁ ਵਿਕਾਰੀਆਂ ਨੂੰ ਪਵਿਤਰ ਕਰਨ ਵਾਲਾ ਹੈ, ਕ੍ਰੋੜਾਂ ਭਗਤਾਂ ਦਾ ਉਦਾਰ ਕਰਨ ਵਾਲਾ ਹੈ। ਗੁਰੂ ਸਾਹਿਬ ਬੇਨਤੀ ਕਰ ਕੇ ਸਮਝਾਂਦੇ ਹਨ ਕਿ ਮੇਰਾ ਮੱਥਾ ਵੀ ਅਜੇਹੇ ਗੁਰਮੁਖਾਂ ਦੇ ਚਰਨਾਂ ਉਤੇ ਪਿਆ ਹੈ, ਮੈਂ ਨਿਮਾਣਾ ਵੀ ਅਕਾਲ ਪੁਰਖੁ ਦੇ ਦਾਸਾਂ ਦੇ ਦਾਸਾਂ ਦੀ ਸਰਨ ਵਿਚ ਆਇਆ ਹਾਂ, ਤਾਂ ਕਿ ਮੈਂਨੂੰ ਵੀ ਅਕਾਲ ਪੁਰਖੁ ਦਾ ਨਾਮੁ ਮਿਲ ਜਾਏ।

*ਮਾਲੀ ਗਉੜਾ ਮਹਲਾ ੫ ॥ **ਰਾਮ ਨਾਮ ਕਉ ਨਮਸਕਾਰ ॥ ਜਾਸੁ ਜਪਤ ਹੋਵਤ ਉਧਾਰ ॥੧॥ ਰਹਾਉ ॥** ਜਾ ਕੈ ਸਿਮਰਨਿ ਮਿਟਹਿ ਧੰਧ ॥ ਜਾ ਕੈ ਸਿਮਰਨਿ ਛੂਟਹਿ ਬੰਧ ॥ ਜਾ ਕੈ ਸਿਮਰਨਿ ਮੂਰਖ ਚਤੁਰ ॥ ਜਾ ਕੈ ਸਿਮਰਨਿ ਕੁਲਹ ਉਧਰ ॥੧॥ **ਜਾ ਕੈ ਸਿਮਰਨਿ ਭਉ ਦੁਖ ਹਰੈ ॥ ਜਾ ਕੈ ਸਿਮਰਨਿ ਅਪਦਾ ਟਰੈ ॥ ਜਾ ਕੈ ਸਿਮਰਨਿ ਮੁਚਤ ਪਾਪ ॥ ਜਾ ਕੈ ਸਿਮਰਨਿ ਨਹੀ ਸੰਤਾਪ ॥੨॥** ਜਾ ਕੈ ਸਿਮਰਨਿ ਰਿਦ ਬਿਗਾਸ ॥ ਜਾ ਕੈ ਸਿਮਰਨਿ ਕਵਲਾ ਦਾਸਿ ॥ ਜਾ ਕੈ ਸਿਮਰਨਿ ਨਿਧਿ ਨਿਧਾਨ ॥ ਜਾ ਕੈ ਸਿਮਰਨਿ ਤਰੇ ਨਿਦਾਨ ॥੩॥ ਪਤਿਤ ਪਾਵਨੁ ਨਾਮੁ ਹਰੀ ॥ ਕੋਟਿ ਭਗਤ ਉਧਾਰੁ ਕਰੀ ॥ ਹਰਿ ਦਾਸ ਦਾਸਾ ਦੀਨੁ ਸਰਨ ॥ ਨਾਨਕ ਮਾਥਾ ਸੰਤ ਚਰਨ ॥੪॥੨॥ (੯੮੬)*

ਅਕਾਲ ਪੁਰਖ ਪਰੇ ਤੋਂ ਪਰੇ ਹੈ, ਅਕਾਲ ਪੁਰਖ ਅਪਹੁੰਚ ਹੈ, ਅਕਾਲ ਪੁਰਖ ਤਕ ਗਿਆਨ ਇੰਦ੍ਰਿਆਂ ਦੁਆਰਾ ਨਹੀਂ ਪਹੁੰਚਿਆ ਜਾ ਸਕਦਾ। ਗੁਰੂ ਦੇ ਸ਼ਬਦ ਦੁਆਰਾ ਕੋਈ ਵਿਰਲਾ ਮਨੁੱਖ ਹੀ ਅਕਾਲ ਪੁਰਖ ਨੂੰ ਮਿਲਦਾ ਹੈ, ਤੇ ਉਸ ਦੇ ਅੰਦਰ ਅਕਾਲ ਪੁਰਖ ਦੇ ਨਾਮੁ ਦੀ ਕਦਰ ਪੈਦਾ ਹੁੰਦੀ ਹੈ। ਅਕਾਲ ਪੁਰਖ ਦੇ ਨਾਮੁ ਤੋਂ ਬਿਨਾ ਮਨੁੱਖ ਦੇ ਸਰੀਰ ਵਿਚ ਵਿਕਾਰਾਂ ਕਰਕੇ ਦੁਖ ਦਰਦ ਪੈਦਾ ਹੁੰਦੇ ਰਹਿੰਦੇ ਹਨ। ਜਦੋਂ ਮਨੁੱਖ ਨੂੰ ਗੁਰੂ ਮਿਲਦਾ ਹੈ, ਤਾਂ ਉਸ ਦੇ ਇਹ ਦੁਖ ਦੂਰ ਹੋ ਜਾਂਦੇ ਹਨ। ਗੁਰੂ ਨੂੰ ਮਿਲਣ ਤੋਂ ਬਿਨਾ ਮਨੁੱਖ ਉਹੀ ਕਰਮ ਕਰਦਾ ਹੈ, ਜਿਹੜੇ ਦੁਖ ਪੈਦਾ ਕਰਦੇ ਹਨ। ਇਸ ਤਰ੍ਹਾਂ ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਨੂੰ ਸਦਾ ਸਜ਼ਾ ਮਿਲਦੀ ਰਹਿੰਦੀ ਹੈ। ਅਕਾਲ ਪੁਰਖ ਦਾ ਨਾਮੁ ਇਕ ਐਸਾ ਅੰਮ੍ਰਿਤ ਹੈ, ਜੋ ਮਿੱਠਾ ਹੈ, ਤੇ ਬੜੇ ਰਸ ਵਾਲਾ ਹੈ। ਪਰੰਤੂ ਉਹੀ ਮਨੁੱਖ ਇਹ ਨਾਮੁ ਰੂਪੀ ਰਸ ਪੀਂਦਾ ਰਹਿੰਦਾ ਹੈ, ਜਿਸ ਨੂੰ ਅਕਾਲ ਪੁਰਖ ਆਪ ਪਿਲਾਂਦਾ ਹੈ। ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਅਕਾਲ ਪੁਰਖ ਦੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣਦਾ ਹੈ, ਤੇ ਅਕਾਲ ਪੁਰਖ ਦੇ ਨਾਮੁ ਵਿਚ ਆਪਣੇ ਆਪ ਨੂੰ ਰੰਗ ਕੇ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।

***ਹਰਿ ਕਾ ਨਾਮੁ ਮੀਠਾ ਅਤਿ ਰਸੁ ਹੋਇ ॥ ਪੀਵਤ ਰਹੈ ਪੀਆਏ ਸੋਇ*** *॥ ਗੁਰ ਕਿਰਪਾ ਤੇ ਹਰਿ ਰਸੁ ਪਾਏ ॥ ਨਾਨਕ ਨਾਮਿ ਰਤੇ ਗਤਿ ਪਾਏ ॥੪॥੩॥੪੨॥ (੩੬੧)*

ਸਾਰਾ ਸੰਸਾਰ ਮੂੰਹ ਨਾਲ 'ਰਾਮ, ਰਾਮ' ਕਹਿੰਦਾ ਰਹਿੰਦਾ ਹੈ, ਪਰੰਤੂ ਇਸ ਤਰ੍ਹਾਂ ਕਰਨ ਨਾਲ 'ਰਾਮੁ' ਨਹੀਂ ਲੱਭਿਆ ਜਾ ਸਕਦਾ। ਉਹ ਰਾਮੁ (ਅਕਾਲ ਪੁਰਖੁ) ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬਹੁਤ ਵੱਡਾ ਹੈ, ਅਤੁੱਲ ਹੈ ਤੇ ਤੋਲਿਆ ਨਹੀਂ ਜਾ ਸਕਦਾ, ਉਸ ਦੀ ਕੀਮਤਿ ਨਹੀਂ ਪਾਈ ਜਾ ਸਕਦੀ, ਤੇ ਕਿਸੇ ਥਾਂ ਤੋਂ ਮੁੱਲ ਖਰੀਦਿਆ ਨਹੀਂ ਜਾ ਸਕਦਾ। ਪਰੰਤੂ, ਇੱਕ ਤਰੀਕਾ ਹੈ, ਜੇਕਰ ਗੁਰੂ ਦੇ ਸ਼ਬਦ ਨਾਲ ਮਨ ਨੂੰ ਵਿੰਨ੍ਹਿਆ ਜਾਏ ਤਾਂ ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਮਨ ਵਿਚ ਆ ਵੱਸਦਾ ਹੈ। ਅਕਾਲ ਪੁਰਖੁ ਆਪ ਤਾਂ ਮਿਣਤੀ ਤੋਂ ਪਰੇ ਹੈ, ਪਰੰਤੂ ਸਤਿਗੁਰੁ ਦੀ ਕਿਰਪਾ ਨਾਲ ਇਹ ਸਮਝ ਆ ਜਾਂਦੀ ਹੈ ਕਿ ਅਕਾਲ ਪੁਰਖੁ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ, ਅਕਾਲ ਪੁਰਖੁ ਆਪ ਹੀ ਹਰ ਥਾਂ ਰਮਿਆ ਹੋਇਆ ਹੈ ਤੇ ਜੀਵ ਦੇ ਹਿਰਦੇ ਵਿਚ ਆ ਕੇ ਉਹ ਆਪ ਹੀ ਪਰਗਟ ਹੋ ਜਾਂਦਾ ਹੈ।

*ਸਲੋਕ ਮਃ ੩ ॥ **ਰਾਮੁ ਰਾਮੁ ਕਰਤਾ ਸਭੁ ਜਗੁ ਫਿਰੈ ਰਾਮੁ ਨ ਪਾਇਆ ਜਾਇ ॥ ਅਗਮੁ ਅਗੋਚਰੁ ਅਤਿ ਵਡਾ ਅਤੁਲੁ ਨ ਤੁਲਿਆ ਜਾਇ ॥ ਕੀਮਤਿ ਕਿਨੈ ਨ ਪਾਈਆ ਕਿਤੈ ਨ ਲਇਆ ਜਾਇ ॥ ਗੁਰ ਕੈ ਸਬਦਿ ਭੇਦਿਆ ਇਨ ਬਿਧਿ ਵਸਿਆ ਮਨਿ ਆਇ ॥** ਨਾਨਕ ਆਪਿ ਅਮੇਉ ਹੈ ਗੁਰ ਕਿਰਪਾ ਤੇ ਰਹਿਆ ਸਮਾਇ ॥ ਆਪੇ ਮਿਲਿਆ ਮਿਲਿ ਰਹਿਆ ਆਪੇ ਮਿਲਿਆ ਆਇ ॥੧॥ (੫੫੫)*

ਜੇ ਕਰ ਕੋਈ ਮਨੁੱਖ ਸਿਰ ਪਰਨੇ ਹੋ ਕੇ ਸਾਰੀਆਂ ਧਰਤੀਆਂ ਤੇ ਧਰਤੀ ਦੇ ਸਾਰੇ ਹਿੱਸਿਆਂ ਤੇ ਫਿਰਦਾ ਰਹੇ, ਜੇ ਕਰ ਇਕ ਪੈਰ ਦੇ ਭਾਰ ਤੇ ਖੜਾ ਹੋ ਕੇ ਧਿਆਨ ਧਰਦਾ ਰਹੇ, ਜੇ ਕਰ ਉਹ ਆਪਣੇ ਪ੍ਰਾਣ ਰੋਕ ਕੇ ਮਨ ਵਿਚ ਜਪ ਕਰਦਾ ਰਹੇ, ਜੇ ਕਰ ਆਪਣਾ ਸਿਰ ਧੌਣ ਦੇ ਹੇਠ ਰੱਖੇ, ਭਾਵ, ਜੇ ਸ਼ੀਰਸ਼ਆਸਣ ਕਰ ਕੇ ਸਿਰ ਭਾਰ ਖੜਾ ਰਹੇ, ਤਾਂ ਇਹ ਸਵਾਲ ਵੀ ਪੈਦਾ ਹੁੰਦਾ ਹੈ, ਕਿ

ਇਨ੍ਹਾਂ ਸਭ ਕਿਰਿਆਵਾਂ ਵਿਚ ਉਹ ਮਨੁੱਖ ਕਿਸ ਉਤੇ ਆਪਣੀ ਟੇਕ ਰੱਖਦਾ ਹੈ? ਕਿਸ ਉੱਦਮ ਨੂੰ ਉਹ ਆਪਣਾ ਤਾਣ ਸਮਝਦਾ ਹੈ? ਕਿਉਂਕਿ ਇਹ ਸਭ ਕੁਝ ਅਕਾਲ ਪੁਰਖੁ ਦੇ ਸਾਹਮਣੇ ਤਾਂ ਇਕ ਤੁੱਛ ਦੇ ਬਰਾਬਰ ਹਨ। ਜੇ ਕਰ ਇਹ ਮਨੁੱਖਾ ਸਰੀਰ ਹੀ ਉਸ ਅਕਾਲ ਪੁਰਖੁ ਦਾ ਦਿਤਾ ਹੋਇਆ ਹੈ ਤਾਂ ਇਹ ਸਭ ਕਿਰਿਆਵਾਂ ਅਤੇ ਆਸਰੇ ਉਸ ਦੇ ਸਾਹਮਣੇ ਬਹੁਤ ਕਮਜ਼ੋਰ ਹਨ। ਗੁਰੂ ਨਾਨਕ ਸਾਹਿਬ ਸਮਝਾਂਦੇ ਹਨ, ਕਿ ਇਹ ਗੱਲ ਬਿਲਕੁਲ ਨਹੀਂ ਕਹੀ ਜਾ ਸਕਦੀ, ਕਿ ਅਕਾਲ ਪੁਰਖੁ ਕਿਸ ਨੂੰ ਮਾਣ ਬਖ਼ਸ਼ਦਾ ਹੈ। ਅਕਾਲ ਪੁਰਖੁ ਸਭ ਜੀਵਾਂ ਨੂੰ ਆਪਣੇ ਹੁਕਮੁ ਵਿਚ ਰਖਦਾ ਹੈ, ਪਰੰਤੂ ਮੂਰਖ ਮਨੁੱਖ ਆਪਣੇ ਆਪ ਨੂੰ ਵੱਡਾ ਸਮਝਣ ਲੱਗ ਪੈਂਦਾ ਹੈ।

***ਸਲੋਕ ਮਃ ੧ ॥ ਪੁਰੀਆ ਖੰਡਾ ਸਿਰਿ ਕਰੇ ਇਕ ਪੈਰਿ ਧਿਆਏ ॥ ਪਉਣੁ ਮਾਰਿ ਮਨਿ ਜਪੁ ਕਰੇ ਸਿਰੁ ਮੁੰਡੀ ਤਲੈ ਦੇਇ ॥ ਕਿਸੁ ਉਪਰਿ ਓਹੁ ਟਿਕ ਟਿਕੈ ਕਿਸ ਨੋ ਜੋਰੁ ਕਰੇਇ ॥ ਕਿਸ ਨੋ ਕਹੀਐ ਨਾਨਕਾ ਕਿਸ ਨੋ ਕਰਤਾ ਦੇਇ ॥ ਹੁਕਮਿ ਰਹਾਏ ਆਪਣੈ ਮੂਰਖੁ ਆਪੁ ਗਣੇਇ ॥੧॥ (੧੨੪੧)***

ਜਿਸ ਮਨੁੱਖ ਦਾ ਮਨ ਹਰ ਵੇਲੇ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਉਸ ਮਨੁੱਖ ਨੂੰ ਅਕਾਲ ਪੁਰਖੁ ਦਾ ਨਾਮੁ ਸਦਾ ਭੁੱਲਿਆ ਰਹਿੰਦਾ ਹੈ। ਅਕਾਲ ਪੁਰਖੁ ਦੇ ਭਜਨ ਤੋਂ ਬਿਨਾ ਅਜੇਹੇ ਮਨੁੱਖ ਦਾ ਜੀਊਣਾ ਕਿਸ ਕੰਮ ਆ ਸਕਦਾ ਹੈ? ਮਾਇਆ ਦੇ ਮੋਹ ਵਿਚ ਫਸਿਆ ਮਨੁੱਖ ਆਤਮਕ ਜੀਵਨ ਵਲੋਂ ਅੰਨ੍ਹਾ ਹੋਇਆ ਰਹਿੰਦਾ ਹੈ, ਤੇ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਨਹੀਂ ਕਰਦਾ। ਅਕਾਲ ਪੁਰਖੁ ਦੇ ਭਜਨ ਤੋਂ ਬਿਨਾ ਅਜੇਹੇ ਮਨੁੱਖ ਦੇ ਗਲ ਵਿਚ ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ।

***ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥ ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ॥੩੦॥ ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥੩੧॥ (੧੪੨੮)***

ਸਾਜ਼ਾਂ ਤੋਂ ਬਿਨਾ ਨਾਚ ਫਬਦਾ ਨਹੀਂ। ਗਲੇ ਤੋਂ ਬਿਨਾ ਕੋਈ ਗਵਈਆ ਗਾ ਨਹੀਂ ਸਕਦਾ। ਤੰਦੀ ਤੋਂ ਬਿਨਾ ਰਬਾਬ ਨਹੀਂ ਵੱਜ ਸਕਦੀ। **ਇਸੇ ਤਰ੍ਹਾਂ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਦੁਨੀਆ ਦਾਰੀ ਵਾਲੇ ਹੋਰ ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ।** ਜੀਭ ਤੋਂ ਬਿਨਾ ਕੋਈ ਬੋਲ ਨਹੀਂ ਸਕਦਾ, ਕੰਨਾਂ ਤੋਂ ਬਿਨਾ ਕੋਈ ਸੁਣ ਨਹੀਂ ਸਕਦਾ। ਅੱਖਾਂ ਤੋਂ ਬਿਨਾ ਕੋਈ ਵੇਖ ਨਹੀਂ ਸਕਦਾ। ਇਸੇ ਤਰ੍ਹਾਂ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਨੁੱਖ ਦੀ ਕੋਈ ਪੁੱਛ ਗਿਛ ਨਹੀਂ ਹੋ ਸਕਦੀ। ਵਿੱਦਿਆ ਪ੍ਰਾਪਤ ਕਰਨ ਤੋਂ ਬਿਨਾ ਕੋਈ ਪੰਡਿਤ ਨਹੀਂ ਬਣ ਸਕਦਾ। ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਦਾ ਮਨ ਕਿਤੇ ਟਿਕ ਨਹੀਂ ਸਕਦਾ। ਇਹੀ ਕਾਰਨ ਹੈ ਕਿ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਸਾਰਾ ਜਗਤ ਝੱਲਾ ਹੋਇਆ ਫਿਰਦਾ ਹੈ। ਗੁਰੂ ਦੇ ਉਪਦੇਸ਼ ਤੋਂ ਬਿਨਾ ਮਨੁੱਖ ਨੂੰ ਆਤਮਕ ਜੀਵਨ ਦੀ ਸੋਝੀ ਨਹੀਂ ਹੋ ਸਕਦੀ। ਅਕਾਲ ਪੁਰਖੁ ਦਾ ਡਰ ਤੇ ਅਦਬ ਹਿਰਦੇ ਵਿਚ ਰੱਖਣ ਤੋਂ ਬਿਨਾ ਮਨੁੱਖ ਦਾ ਕਿਸੇ ਤਰ੍ਹਾਂ ਦਾ ਕਹਿਣਾਂ ਜਾਂ ਪ੍ਰਚਾਰ ਕਰਨਾ ਵਿਅਰਥ ਹੋ ਜਾਂਦਾ ਹੈ। **ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਕੌਣ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘ ਸਕਦਾ ਹੈ ? ਗੁਰੂ ਦੀ ਸਰਨ ਵਿਚ ਆਉਂਣ ਤੋਂ ਬਿਨਾ ਕਿਵੇਂ ਕੋਈ ਇਸ ਭਵ ਸਾਗਰ ਵਿਚੋਂ ਪਾਰ ਲੰਘ ਸਕਦਾ ਹੈ ?**

***ਭੈਰਉ ਮਹਲਾ ੫ ॥ ਬਿਨੁ ਬਾਜੇ ਕੈਸੋ ਨਿਰਤਿਕਾਰੀ ॥ ਬਿਨੁ ਕੰਠੈ ਕੈਸੇ ਗਾਵਨਹਾਰੀ ॥ ਜੀਲ ਬਿਨਾ ਕੈਸੇ ਬਜੈ ਰਬਾਬ ॥ ਨਾਮ ਬਿਨਾ ਬਿਰਥੇ ਸਭਿ ਕਾਜ ॥੧॥ ਨਾਮ ਬਿਨਾ ਕਹਹੁ ਕੋ ਤਰਿਆ ॥ ਬਿਨੁ ਸਤਿਗੁਰ ਕੈਸੇ ਪਾਰਿ ਪਰਿਆ ॥੧॥ ਰਹਾਉ ॥ (੧੧੪੦)***

ਅਕਾਲ ਪੁਰਖੁ ਨੇ ਆਪ ਹੀ ਮਾਇਆ ਦਾ ਮੋਹ ਪੈਦਾ ਕੀਤਾ ਹੈ, ਤੇ ਉਹ ਆਪ ਹੀ ਜੀਵਾਂ ਨੂੰ ਮਾਇਆ ਦੀ ਭਟਕਣਾ ਵਿਚ ਪਾ ਦਿੰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਿੱਥੇ ਹੋਏ ਧਾਰਮਿਕ ਕਰਮ ਕਾਂਡ ਕਰਦੇ ਰਹਿੰਦੇ ਹਨ, ਤੇ ਇਹ ਨਹੀਂ ਸਮਝਦੇ ਕਿ ਅਸੀਂ ਕੁਰਾਹੇ ਪਏ ਹੋਏ ਹਾਂ। ਅਜੇਹੇ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ। ਸਤਿਗੁਰੂ ਦੀ ਬਾਣੀ ਇਸ ਮਨੁੱਖਾ ਜੀਵਨ ਦੇ ਰਸਤੇ ਵਿਚ ਚਾਨਣ ਦਾ ਕੰਮ ਕਰਦੀ ਹੈ ਤੇ ਇਹ ਬਾਣੀ ਅਕਾਲ ਪੁਰਖੁ ਦੀ ਮਿਹਰ ਨਾਲ ਹੀ ਮਨੁੱਖ ਦੇ ਮਨ ਵਿਚ ਵਸਦੀ ਹੈ। ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਚਰਨਾਂ ਵਿਚ ਚਿੱਤ ਜੋੜਨ ਨਾਲ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਤੇ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ। ਇਸ ਲਈ ਗੁਰੂ ਦੀ ਸਰਨ ਵਿਚ ਆ ਕੇ ਗੁਰੂ ਦੇ ਸਬਦ ਦੀ ਕਮਾਈ ਕਰਨੀ ਚਾਹੀਦੀ ਹੈ, ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨਾ ਚਾਹੀਦਾ ਹੈ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਵਿਚ ਵੱਸ ਜਾਂਦਾ ਹੈ। ਆਪਣੇ ਮਨ ਨੂੰ ਸਮਝਾਣਾ ਹੈ, ਕਿ ਅਕਾਲ ਪੁਰਖੁ ਦਾ ਨਾਮੁ ਜਪ, ਕਿਉਂਕਿ ਨਾਮੁ ਜਪਣ ਨਾਲ ਹੀ ਆਤਮਕ ਆਨੰਦ ਮਿਲ ਸਕਦਾ ਹੈ। ਅਕਾਲ ਪੁਰਖੁ ਦੀ ਸਿਫਤ ਕਰਨ ਦੀ ਦਾਤਿ ਗੁਰੂ ਕੋਲੋ ਮਿਲਦੀ ਹੈ, ਇਸ ਲਈ ਪੂਰੇ ਗੁਰੂ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ। ਗੁਰੂ ਦੀ ਸਰਨ ਵਿਚ ਆਂਣ ਨਾਲ ਮਨੁੱਖ ਦਾ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ, ਤੇ ਉਸ ਮਨੁੱਖ ਨੂੰ ਅਕਾਲ ਪੁਰਖੁ ਮਿਲ ਜਾਂਦਾ ਹੈ। ਭਗਤ ਨਾਮੁ ਦੇਵ ਜੀ ਜਾਤ ਦਾ ਛੀਂਬਾ ਸੀ, ਭਗਤ ਕਬੀਰ ਜੀ ਜੁਲਾਹਾ ਸੀ, ਪਰੰਤੂ ਉਨ੍ਹਾਂ ਨੇ ਪੂਰੇ ਗੁਰੂ ਤੋਂ ਉੱਚੀ ਆਤਮਕ ਅਵਸਥਾ ਹਾਸਲ ਕੀਤੀ, ਤੇ ਉਹ ਅਕਾਲ ਪੁਰਖੁ ਦੇ ਨਾਲ ਸਾਂਝ ਪਾਣ ਵਾਲੇ ਬਣ ਗਏ, ਉਨ੍ਹਾਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਨਾਲ ਡੂੰਘੀ ਸਾਂਝ ਪਾ ਲਈ, ਤੇ ਆਪਣੇ ਅੰਦਰੋਂ ਹਉਮੈ ਦੂਰ ਕਰ ਲਿਆ।

***ਮਨ ਰੇ ਨਾਮੁ ਜਪਹੁ ਸੁਖੁ ਹੋਇ ॥ ਗੁਰੁ ਪੂਰਾ ਸਾਲਾਹੀਐ ਸਹਜਿ ਮਿਲੈ ਪ੍ਰਭੁ ਸੋਇ ॥੧॥ ਰਹਾਉ ॥ (੬੭)***

**ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਅਕਾਲ ਪੁਰਖੁ ਦਾ ਨਾਮੁ ਬਹੁਤ ਕੀਮਤੀ, ਅਨਮੋਲਕ ਤੇ ਲਾਭਦਇਕ ਹੈ। ਅਸੀਂ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪ ਕੇ, ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਅਨੁਸਾਰ ਚਲਣ ਦੀ ਜਾਚ ਸਿਖ ਸਕਦੇ ਹਾਂ, ਤੇ ਆਪਣਾ ਮਨੁੱਖਾ ਜੀਵਨ ਸਫਲ ਕਰ ਸਕਦੇ ਹਾਂ।**

- ਮਨੁੱਖ ਦੇ ਮਨ ਅੰਦਰ ਪਦਾਰਥਾਂ ਦੀ ਦੌੜ ਰਹਿੰਦੀ ਹੈ, ਤੇ ਇਹ ਸਭ ਕੁਝ ਦੇਣ ਵਾਲਾ ਦਾਤਾਰ ਉਸ ਨੂੰ ਅਕਸਰ ਭੁਲਿਆ ਰਹਿੰਦਾ ਹੈ।
- ਜਿਹੜਾ ਮਨੁੱਖ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਜਾਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ।
- ਜਿਹੜਾ ਮਨੁੱਖ ਗੁਰੂ ਦੀ ਮਤਿ ਅਨੁਸਾਰ ਚਲਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦਾ ਨਾਮੁ ਰੂਪੀ ਧਨ ਪ੍ਰਾਪਤ ਕਰ ਲੈਂਦਾ ਹੈ।
- ਅਕਾਲ ਪੁਰਖੁ ਦਾ ਨਾਮੁ ਬਹੁਤ ਹੈਰਾਨ ਕਰਨ ਵਾਲਾ ਹੈ, ਪਰੰਤੂ ਇਹ ਨਾਮੁ ਅਕਾਲ ਪੁਰਖੁ ਆਪ ਹੀ ਕਿਸੇ ਵਡਭਾਗੀ ਗੁਰਮੁਖਿ ਨੂੰ ਸੁਣਾਂਦਾ ਹੈ।
- ਗੁਰੂ ਸਾਹਿਬ ਸਮਝਾਂਉਂਦੇ ਹਨ, ਕਿ ਹੇ ਮੇਰੀ ਮਾਂ! ਅਰਦਾਸ ਕਰ ਕਿ ਉਹ ਅਕਾਲ ਪੁਰਖ ਮੈਨੂੰ ਕਦੇ ਵੀ ਨਾ ਭੁੱਲੇ, ਕਿਉਂਕਿ ਅਕਾਲ ਪੁਰਖ ਸਦਾ ਕਾਇਮ ਰਹਿਣ ਵਾਲਾ ਹੈ ਤੇ ਅਕਾਲ ਪੁਰਖ ਦਾ ਨਾਮੁ ਵੀ ਸਦਾ ਕਾਇਮ ਰਹਿਣ ਵਾਲਾ ਹੈ।
- ਜਿਹੜੇ ਮਨੁੱਖ ਅਕਾਲ ਪੁਰਖੁ ਦਾ ਨਾਮੁ ਉਚਾਰਦੇ ਹਨ, ਉਹ ਪਵਿਤਰ ਜੀਵਨ ਵਾਲੇ ਬਣ ਜਾਂਦੇ ਹਨ।
- ਜਿਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣਦੇ ਹਨ, ਉਹ ਚੰਗੇ ਭਾਗਾਂ ਵਾਲੇ ਹੋ ਜਾਂਦੇ ਹਨ।
- ਜਿਹੜੇ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਆਪਣੀ ਹੱਥੀਂ ਲਿਖਦੇ ਹਨ, ਉਹ ਆਪਣੇ ਸਾਰੇ ਖ਼ਾਨਦਾਨ ਨੂੰ ਹੀ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘਾ ਲੈਂਦੇ ਹਨ।
- ਅਕਾਲ ਪੁਰਖੁ ਦਾ ਨਾਮੁ ਅਮੁੱਲ ਹੈ, ਜਿਸ ਦਾ ਅੰਦਾਜਾ ਨਹੀਂ ਲਗਾਇਆ ਜਾ ਸਕਦਾ ਹੈ, ਕੋਈ ਜੀਵ ਉਸ ਦੇ ਬਰਾਬਰ ਦੀ ਕੋਈ ਵੀ ਚੀਜ਼ ਨਹੀਂ ਦੱਸ ਸਕਦਾ।
- ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਭਾਗ ਜਾਗ ਜਾਂਦੇ ਹਨ, ਉਹ ਅਕਾਲ ਪੁਰਖੁ ਦੇ ਮਿਲਾਪ ਦਾ ਆਨੰਦ ਮਾਣਦੇ ਰਹਿੰਦੇ ਹਨ।
- ਅਕਾਲ ਪੁਰਖੁ ਦਾ ਨਾਮੁ ਇਕ ਅਜੇਹਾ ਅਨਮੋਲ ਖ਼ਜ਼ਾਨਾ ਹੈ, ਜਿਸ ਨੂੰ ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਵਿਚ ਆ ਕੇ ਜਾਣ ਸਕਦਾ ਹੈ, ਸਮਝ ਸਕਦਾ ਹੈ ਤੇ ਉਸ ਨਾਮੁ ਨਾਲ ਸਾਂਝ ਪਾ ਸਕਦਾ ਹੈ।
- ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ ਅਕਾਲ ਪੁਰਖੁ ਦੇ ਨਾਮੁ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ।
- ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਜਪਦੇ ਰਹਿੰਣਾ ਚਾਹੀਦਾ ਹੈ, ਤਾਂ ਜੋ ਸਾਡੇ ਸਾਰੇ ਕੰਮ ਸਫਲ ਹੋ ਸਕਣ।
- ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਣ ਨਾਲ, ਮਨੁੱਖ ਦੇ ਅੰਦਰ ਉਸ ਅਕਾਲ ਪੁਰਖੁ ਵਰਗੇ ਗੁਣ ਪੈਦਾ ਹੋਣੇ ਸ਼ੁਰੂ ਹੋ ਜਾਂਦੇ ਹਨ, ਜਿਸ ਸਦਕਾ ਮਨੁੱਖ ਦੇ ਮੂੰਹ ਵਿਚੋਂ ਪਵਿਤਰ ਬੋਲ ਨਿਕਲਦੇ ਹਨ।
- ਦੁਨੀਆ ਵਿਚ ਅਸਲੀ ਭਰਾ ਜਾਂ ਮਿੱਤਰ ਉਹੀ ਹੈ, ਜਿਸ ਪਾਸੋਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਸੁਣੀ ਜਾਏ।
- ਜਿਸ ਅਕਾਲ ਪੁਰਖੁ ਦੇ ਸਿਮਰਨ ਨਾਲ ਹਿਰਦਾ ਖਿੜਿਆ ਰਹਿੰਦਾ ਹੈ, ਮਾਇਆ ਵੀ ਦਾਸੀ ਬਣ ਜਾਂਦੀ ਹੈ, ਮਾਨੋ ਸਾਰੀਆਂ ਨਿਧੀਆਂ ਤੇ ਸਾਰੇ ਖ਼ਜ਼ਾਨੇ ਮਿਲ ਜਾਂਦੇ ਹਨ, ਤੇ ਅੰਤ ਵੇਲੇ ਮਨੁੱਖ ਸੰਸਾਰ ਰੂਪੀ ਸਮੁੰਦਰ ਵਿਚੋਂ ਪਾਰ ਲੰਘ ਜਾਂਦਾ ਹੈ, ਉਸ ਅਕਾਲ ਪੁਰਖੁ ਨੂੰ ਸਦਾ ਸਿਮਰਦੇ ਰਹਿਣਾਂ ਚਾਹੀਦਾ ਹੈ।
- ਅਕਾਲ ਪੁਰਖ ਦਾ ਨਾਮੁ ਇਕ ਐਸਾ ਅੰਮ੍ਰਿਤ ਹੈ, ਜੋ ਮਿੱਠਾ ਹੈ, ਤੇ ਬੜੇ ਰਸ ਵਾਲਾ ਹੈ। ਪਰੰਤੂ ਉਹੀ ਮਨੁੱਖ ਇਹ ਨਾਮੁ ਰੂਪੀ ਰਸ ਪੀਂਦਾ ਰਹਿੰਦਾ ਹੈ, ਜਿਸ ਨੂੰ ਅਕਾਲ ਪੁਰਖ ਆਪ ਪਿਲਾਂਦਾ ਹੈ।
- ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਅਕਾਲ ਪੁਰਖ ਦੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣਦਾ ਹੈ, ਤੇ ਅਕਾਲ ਪੁਰਖ ਦੇ ਨਾਮੁ ਵਿਚ ਆਪਣੇ ਆਪ ਨੂੰ ਰੰਗ ਕੇ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।
- ਸਾਰਾ ਸੰਸਾਰ ਮੂੰਹ ਨਾਲ 'ਰਾਮ, ਰਾਮ' ਕਹਿੰਦਾ ਰਹਿੰਦਾ ਹੈ, ਪਰੰਤੂ ਇਸ ਤਰ੍ਹਾਂ ਕਰਨ ਨਾਲ 'ਰਾਮੁ' ਨਹੀਂ ਲੱਭਿਆ ਜਾ ਸਕਦਾ।
- ਅਕਾਲ ਪੁਰਖੁ ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬਹੁਤ ਵੱਡਾ ਹੈ, ਅਤੁੱਲ ਹੈ ਤੇ ਤੋਲਿਆ ਨਹੀਂ ਜਾ ਸਕਦਾ, ਉਸ ਦੀ ਕੀਮਤਿ ਨਹੀਂ ਪਾਈ ਜਾ ਸਕਦੀ, ਤੇ ਕਿਸੇ ਥਾਂ ਤੋਂ ਮੁੱਲ ਖਰੀਦਿਆ ਨਹੀਂ ਜਾ ਸਕਦਾ।
- ਅਕਾਲ ਪੁਰਖੁ ਆਪ ਤਾਂ ਮਿਣਤੀ ਤੋਂ ਪਰੇ ਹੈ, ਪਰੰਤੂ ਸਤਿਗੁਰੂ ਦੀ ਕਿਰਪਾ ਨਾਲ ਇਹ ਸਮਝ ਆ ਜਾਂਦੀ ਹੈ ਕਿ ਅਕਾਲ ਪੁਰਖੁ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ।
- ਜੇ ਕਰ ਇਹ ਮਨੁੱਖਾ ਸਰੀਰ ਹੀ ਉਸ ਅਕਾਲ ਪੁਰਖੁ ਦਾ ਦਿਤਾ ਹੋਇਆ ਹੈ ਤਾਂ ਸਭ ਸਰੀਰਕ ਕਿਰਿਆਵਾਂ, ਕਰਮਕਾਂਡ ਅਤੇ ਮਨੁੱਖਾਂ ਦੀ ਟੇਕ ਉਸ ਦੇ ਸਾਹਮਣੇ ਬਹੁਤ ਕਮਜ਼ੋਰ ਹਨ।

- ਅਕਾਲ ਪੁਰਖੁ ਸਭ ਜੀਵਾਂ ਨੂੰ ਆਪਣੇ ਹੁਕਮੁ ਵਿਚ ਰਖਦਾ ਹੈ, ਪਰੰਤੂ ਮੂਰਖ ਮਨੁੱਖ ਆਪਣੇ ਆਪ ਨੂੰ ਵੱਡਾ ਸਮਝਣ ਲੱਗ ਪੈਂਦਾ ਹੈ।
- ਮਾਇਆ ਦੇ ਮੋਹ ਵਿਚ ਫਸਿਆ ਮਨੁੱਖ ਆਤਮਕ ਜੀਵਨ ਵਲੋਂ ਅੰਨ੍ਹਾ ਹੋਇਆ ਰਹਿੰਦਾ ਹੈ, ਤੇ ਅਕਾਲ ਪੁਰਖੁ ਦਾ ਨਾਮੁ ਚੇਤੇ ਨਹੀਂ ਕਰਦਾ, ਜਿਸ ਕਰਕੇ ਅਜੇਹੇ ਮਨੁੱਖ ਦੇ ਗਲ ਵਿਚ ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ।
- ਗੁਰੂ ਦੀ ਸਰਨ ਵਿਚ ਆਉਂਣ ਤੋਂ ਬਿਨਾ ਕਿਵੇਂ ਕੋਈ ਇਸ ਭਵ ਸਾਗਰ ਵਿਚੋਂ ਪਾਰ ਨਹੀਂ ਲੰਘ ਸਕਦਾ ਹੈ।
- ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਿੱਥੇ ਹੋਏ ਧਾਰਮਿਕ ਕਰਮ ਕਾਂਡ ਕਰਦੇ ਰਹਿੰਦੇ ਹਨ, ਤੇ ਇਹ ਨਹੀਂ ਸਮਝਦੇ ਕਿ ਅਸੀਂ ਕੁਰਾਹੇ ਪਏ ਹੋਏ ਹਾਂ, ਅਜੇਹੇ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ।
- ਗੁਰੂ ਦੀ ਸਰਨ ਵਿਚ ਆ ਕੇ ਗੁਰੂ ਦੇ ਸਬਦ ਦੀ ਕਮਾਈ ਕਰਨੀ ਚਾਹੀਦੀ ਹੈ, ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨਾ ਚਾਹੀਦਾ ਹੈ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਵਿਚ ਵੱਸ ਜਾਂਦਾ ਹੈ।

*ਮਨ ਰੇ ਨਾਮੁ ਜਪਹੁ ਸੁਖੁ ਹੋਇ ॥ ਗੁਰੁ ਪੂਰਾ ਸਾਲਾਹੀਐ ਸਹਜਿ ਮਿਲੈ ਪ੍ਰਭੁ ਸੋਇ ॥੧॥ ਰਹਾਉ ॥ (੬੭)*

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਹਰਿ ਕਾ ਨਾਮੁ ਹੈ (ਨਾਮੁ, ਭਾਗ ੯)

# Amrit is Naam of Akal Purkh according to Guru Granth Sahib (Naam, Part 9)

ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੇ ਆਧਾਰ ਤੇ ਨਾਮੁ ਸਬੰਧੀ ਪਹਿਲਾਂ ਸਾਂਝੇ ਕੀਤੇ ਗਏ ਲੇਖ (ਨਾਮੁ, ਭਾਗ ੧ ਤੋਂ ੮) ਸਾਨੂੰ ਵਾਰ ਵਾਰ ਇਹੀ ਸਮਝਾ ਰਹੇ ਹਨ, ਕਿ ਸਿੱਖ ਧਰਮ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਕੋਈ ਦੁਨਿਆਵੀ ਨਾਂ ਦੀ ਤਰ੍ਹਾਂ ਨਹੀਂ ਹੈ, ਜਿਸ ਲਈ ਕੋਈ ਮਿਥੇ ਗਏ ਅੱਖਰ ਜਾਂ ਸਬਦ ਦਾ ਰਟਨ ਕਰਦੇ ਰਹਿਣਾਂ ਹੈ। ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ। ਸਿੱਖ ਧਰਮ ਅਨੁਸਾਰ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਹੀ ਨਾਮੁ ਹੈ। ਅਕਾਲ ਪੁਰਖੁ ਦਾ ਨਾਮੁ ਹਰੇਕ ਥਾਂ ਤੇ ਵਰਤ ਰਿਹਾ ਹੈ, ਹਰ ਸਮੇਂ ਲਗਾਤਾਰ ਵਰਤ ਰਿਹਾ ਹੈ, ਹਰੇਕ ਜੀਵ ਨਾਮੁ ਦੇ ਆਸਰੇ ਤੇ ਨਾਮੁ ਅਨੁਸਾਰ ਚਲ ਰਿਹਾ ਹੈ, ਦੁਨੀਆ ਦੇ ਸਾਰੇ ਪਦਾਰਥ ਨਾਮੁ ਦੇ ਆਸਰੇ ਟਿਕੇ ਹੋਏ ਹਨ। ਨਾਮੁ ਪ੍ਰਾਪਤ ਕਰਨ ਦਾ ਭਾਵ ਹੈ ਕਿ ਅਕਾਲ ਪੁਰਖੁ ਦੇ ਹੁਕਮੁ, ਸਿਸਟਮ, ਰਚਨਾ, ਅਸੂਲਾਂ ਬਾਰੇ ਜਾਣਕਾਰੀ ਹਾਸਲ ਕਰਨਾ ਤੇ ਉਸ ਦੀ ਕੁਦਰਤ ਨਾਲ ਆਪਣੇ ਅੰਦਰ ਪ੍ਰੇਮ ਤੇ ਸਤਿਕਾਰ ਪੈਦਾ ਕਰਨਾ।

http://www.geocities.ws/sarbjitsingh/GurbaniIndexGurmukhi.htm (Naam, Part 1 to 8)

ਜੇਕਰ ਸਿੱਖ ਇਤਿਹਾਸ ਨੂੰ ਵੇਖੀਏ ਤਾਂ ਸਮਾਂ ਪਾ ਬਹੁਤ ਸਾਰੇ ਸਬਦਾਂ ਦੇ ਅਰਥ ਬਦਲ ਦਿਤੇ ਗਏ ਹਨ, ਜਿਨ੍ਹਾਂ ਕਰਕੇ ਅੱਜਕਲ ਦੇ ਲੋਕਾਂ ਨੂੰ ਅਕਸਰ ਭੁਲੇਖੇ ਪੈਂਦੇ ਰਹਿੰਦੇ ਹਨ। ਗੁਰਬਾਣੀ ਅਨੁਸਾਰ ਨਾਮੁ ਦਾ ਭਾਵ ਕੁਝ ਹੋਰ ਹੈ ਤੇ ਲੋਕਾਂ ਨੇ ਏਕਾ ਸਬਦੀ ਦੀ ਤਰ੍ਹਾਂ "ਵਾਹਿਗੁਰੂ" ਸਬਦ ਦੇ ਰਟਨ ਨੂੰ ਨਾਂ ਬਣਾ ਦਿਤਾ ਹੈ। ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਕਿਤੇ ਵੀ ਸਪੱਸ਼ਟ ਕਰਕੇ ਨਹੀਂ ਕਿਹਾ ਕਿ ਕੋਈ ਇਕ ਅੱਖਰ ਜਾਂ ਸਬਦ ਅਕਾਲ ਪੁਰਖੁ ਦਾ ਨਾਂ ਹੈ, ਕਿਉਂਕਿ ਅਕਾਲ ਪੁਰਖੁ ਨੂੰ ਸੀਮਿਤ ਨਹੀਂ ਕੀਤਾ ਜਾ ਸਕਦਾ। ਗੁਰੂ ਸਾਹਿਬਾਂ ਨੇ ਏਕਾ ਸਬਦੀ ਵਾਲਿਆਂ ਨੂੰ ਵੀ ਗੁਰਬਾਣੀ ਅਨੁਸਾਰ ਪ੍ਰਵਾਨ ਨਹੀਂ ਕੀਤਾ ਹੈ "***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ***" (੬੫੪)। ਹਾਂ ਅਸੀਂ ਆਪਸੀ ਸਮਝ, ਸਹੂਲਤ ਤੇ ਸਾਂਝ ਕਰਨ ਲਈ ਦੋ ਅੱਖਰੀ ਸਬਦ "**ਅਕਾਲ ਪੁਰਖੁ**" ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ੨ ਵਾਰੀ ਵਰਤਿਆ ਹੈ।

ਹਰੇਕ ਸਿੱਖ ਲਈ ਨਾਮੁ (ਅੰਮ੍ਰਿਤ), ਮਨ ਅਤੇ ਤਨ ਦੋਵਾਂ ਲਈ ਜਰੂਰੀ ਹੈ। ਮਨ ਅਤੇ ਆਤਮਿਕ ਜੀਵਨ ਲਈ ਗੁਰਬਾਣੀ ਦਾ ਅੰਮ੍ਰਿਤ ਜਰੂਰੀ ਹੈ। ਤਨ ਲਈ ਅਤੇ ਗੁਰੂ ਨਾਲ ਪ੍ਰਣ ਕਰਨ ਲਈ, ਖੰਡੇ ਬਾਟੇ ਕੀ ਪਾਹੁਲ ਜਰੂਰੀ ਹੈ। ਜਿਸ ਤਰ੍ਹਾਂ ਸਕੂਲ ਵਿਚ ਦੁਨਿਆਵੀ ਸਿਖਿਆ ਲੈਣ ਲਈ, ਪੜ੍ਹਾਈ ਸ਼ੁਰੂ ਕਰਨ ਤੋਂ ਪਹਿਲਾਂ ਫਾਰਮ ਭਰ ਕੇ ਦਾਖਲਾ ਲੈਣਾਂ ਜਰੂਰੀ ਹੈ। ਇਸੇ ਤਰ੍ਹਾਂ ਗੁਰੂ ਘਰ ਵਿਚ ਦਾਖਲਾ ਲੈਣ ਲਈ ਖੰਡੇ ਬਾਟੇ ਕੀ ਪਾਹੁਲ ਬਹੁਤ ਜਰੂਰੀ ਹੈ। ਇਸ ਦਾ ਸਬੰਧ ਸਿਰਫ ਸੰਸਾਰਕ ਰਿਵਾਇਤ ਤਕ ਹੀ ਸੀਮਿਤ ਨਹੀਂ ਹੈ, ਬਲਕਿ ਗੁਰੂ ਨਾਲ ਪ੍ਰਣ ਕਰਨਾ ਹੈ ਕਿ ਅਸੀਂ ਜਪੁਜੀ ਸਾਹਿਬ ਦੀ ਪਹਿਲੀ ਪਉੜੀ ਵਿਚ ਸਿੱਖ ਧਰਮ ਦੇ ਦੱਸੇ ਗਏ ਸਿਧਾਂਤ, '***ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ***' ਅਨੁਸਾਰ ਜੀਵਨ ਬਤੀਤ ਕਰਾਂਗੇ। ਹਰੇਕ ਧਰਮ ਦੀ ਆਪਣੀ ਆਪਣੀ ਰਿਵਾਇਤ ਹੁੰਦੀ ਹੈ। ਧਰਮ ਵਿਚ ਦਾਖਲੇ ਵਾਸਤੇ ਹਿੰਦੂ ਲਈ ਜਨੇਊ, ਮੁਸਲਮਾਨ ਲਈ ਸੁਨੱਤ ਅਤੇ ਕਰਿਸ਼ਚੀਅਨ ਲਈ ਬਾਪੀਟਿਜ਼ਮ ਜਰੂਰੀ ਹੈ। ਇਸੇ ਤਰ੍ਹਾਂ ਸਿੱਖ ਧਰਮ ਵਿਚ ਦਾਖਲੇ ਲਈ, ਖੰਡੇ ਬਾਟੇ ਕੀ ਪਾਹੁਲ ਜਰੂਰੀ ਹੈ। ਪਹਿਲੇ ਗੁਰੂ ਸਾਹਿਬਾਂ ਦੇ ਸਮੇਂ ਚਰਨ ਪਾਹੁਲ ਦੀ ਰੀਤ ਸੀ। ਗੁਰੂ ਗੋਬਿੰਦ ਸਿੰਘ ਸਾਹਿਬ ਨੇ ੧੬੯੯ ਨੂੰ ਵਿਸਾਖੀ ਵਾਲੇ ਦਿਨ ਖਾਲਸਾ ਪੰਥ ਦੀ ਸਾਜਨਾ ਕੀਤੀ। ਕਿਉਕਿ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਗੁਰਗੱਦੀ ਪੂਰਨ ਤੌਰ ਤੇ ਸ਼ਬਦ ਗੁਰੂ, ਗੁਰੂ ਗਰੰਥ ਸਾਹਿਬ ਨੂੰ ਦੇਣੀ ਸੀ। ਇਸ ਲਈ ਉਨ੍ਹਾਂ ਨੇ ਚਰਨ ਪਾਹੁਲ ਦੀ ਰੀਤ ਬਦਲ ਕੇ ਖੰਡੇ ਬਾਟੇ ਦੀ ਰਿਵਾਇਤ ਸ਼ੁਰੂ ਕੀਤੀ। ਪੰਜ ਪਿਆਰੇ ਸਾਜਣ ਤੋਂ ਬਾਅਦ, ਗੁਰੂ ਜੀ ਉਨ੍ਹਾਂ ਅੱਗੇ ਹੱਥ ਜੋੜ ਕੇ ਆਪ ਖੜੇ ਹੋ ਗਏ ਅਤੇ ਬੇਨਤੀ ਕੀਤੀ, ਕਿ ਇਹ ਖੰਡੇ ਬਾਟੇ ਕੀ ਪਾਹੁਲ ਮੈਨੂੰ ਵੀ ਬਖ਼ਸ਼ੋ।

***ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ॥ ਸੰਗਤਿ ਕੀਨੀ ਖਾਲਸਾ ਮਨਮੁਖੀ ਦੁਹੇਲਾ॥ ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰੁ ਚੇਲਾ ॥੧॥*** *(੪੧-੧-੮)*

ਜਿਸ ਤਰ੍ਹਾਂ ਲੋਕਾਂ ਨੂੰ ਨਾਮੁ ਸਬੰਧੀ ਭੁਲੇਖਾ ਪਿਆ ਹੋਇਆ ਹੈ, ਠੀਕ ਉਸੇ ਤਰ੍ਹਾਂ ਸਾਨੂੰ ਅੰਮ੍ਰਿਤੁ ਸਬੰਧੀ ਵੀ ਬਹੁਤ ਭੁਲੇਖਾ ਪਿਆ ਹੋਇਆ ਹੈ। ਜਿਸ ਤਰ੍ਹਾਂ ਕਿ ਭਾਈ ਗੁਰਦਾਸ ਦੂਜਾ ਦੀ ਰਚਨਾਂ ਤੋਂ ਸੰਕੇਤ ਮਿਲਦਾ ਹੈ ਕਿ ਗੁਰੂ ਘਰ ਵਿਚ ਦਾਖਲਾ ਲੈਣ ਲਈ ਖੰਡੇ ਬਾਟੇ ਕੀ ਪਾਹੁਲ (ਖੰਡਧਾਰ) ਜਰੂਰੀ ਹੈ। ਸਮਾਂ ਪਾ ਕੇ ਲੋਕਾਂ ਨੇ ਖੰਡੇ ਬਾਟੇ ਕੀ ਪਾਹੁਲ ਨੂੰ ਅੰਮ੍ਰਿਤੁ ਛਕਣ ਦਾ ਨਾਂ ਦੇ

ਦਿਤਾ ਹੈ। ਜਦੋਂ ਕਿ ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ ਕਿ "**ਅੰਮ੍ਰਿਤੁ ਹਰਿ ਕਾ ਨਾਮੁ**" ਹੈ। ਆਓ ਜਰਾ ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਸਬੰਧੀ ਸਮਝਣ ਦਾ ਯਤਨ ਕਰੀਏ।

ਜੇਕਰ ਗਿਣਤੀ ਦੇ ਹਿਸਾਬ ਨਾਲ ਹੀ ਵੇਖਿਆ ਜਾਵੇ ਤਾਂ **ਅੰਮ੍ਰਿਤੁ ਹਰਿ ਕਾ ਨਾਮੁ** ਗੁਰੂ ਗਰੰਥ ਸਾਹਿਬ ਵਿਚ ਪੰਜ ਵਾਰੀ ਆਇਆ ਹੈ, **ਅੰਮ੍ਰਿਤੁ ਹਰਿ ਕਾ ਨਾਉ** ਵੀ ਪੰਜ ਵਾਰੀ ਆਇਆ ਹੈ, ਤੇ **ਅੰਮ੍ਰਿਤੁ ਹਰਿ ਕਾ ਨਾਮਾ** ਇਕ ਵਾਰੀ ਆਇਆ ਹੈ। ਗੁਰੂ ਗਰੰਥ ਸਾਹਿਬ ਵਿਚ ਇਤਨੀ ਵਾਰੀ ਸਮਝਾਂਣ ਦੇ ਬਾਅਦ ਵੀ ਜੇਕਰ ਅਸੀਂ **ਖੰਡੇ ਬਾਟੇ ਕੀ ਪਾਹੁਲ** ਤੇ **ਅੰਮ੍ਰਿਤੁ** ਵਿਚ ਕੋਈ ਫਰਕ ਨਹੀਂ ਸਮਝ ਸਕੇ ਤਾਂ ਕਹਿਣਾਂ ਪਵੇਗਾ ਕਿ ਜਾਂ ਤਾਂ ਅਸੀਂ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹਦੇ ਹੀ ਨਹੀਂ, ਤੇ ਜਾਂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਵਿਚਰਨ ਤੋਂ ਇਨਕਾਰੀ ਹੋ ਚੁਕੇ ਹਾਂ। ਗੁਰੂ ਗਰੰਥ ਸਾਹਿਬ ਅੱਗੇ ਅਰਦਾਸਾਂ ਵੀ ਬਹੁਤ ਵਾਰੀ ਕਰੀਏ, ਚੜ੍ਹਾਵੇ ਵੀ ਬਹੁਤ ਚੜ੍ਹਾਈਏ ਪਰੰਤੂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਚਲੀਏ ਬਿਲਕੁਲ ਨਾ, ਤਾਂ ਫਿਰ ਸਾਡੀ ਅਰਦਾਸ ਕਿਸ ਤਰ੍ਹਾਂ ਪ੍ਰਵਾਨ ਹੋ ਸਕਦੀ ਹੈ, ਸਾਡਾ ਭਲਾ ਕਿਸ ਤਰ੍ਹਾਂ ਹੋ ਸਕਦਾ ਹੈ?

ਹਿਰਦੇ ਨੂੰ ਮਾਇਆ ਦੇ ਮੋਹ ਵਿਚ ਗੰਦਾ ਕਰ ਕੇ ਤੇ ਫਿਰ ਆਪਣੇ ਸਰੀਰ ਨੂੰ ਤੀਰਥਾਂ ਉਪਰ ਲਿਜਾ ਕੇ ਇਸ਼ਨਾਨ ਕਰਨ ਨਾਲ ਕੋਈ ਲਾਭ ਨਹੀਂ ਹੋ ਸਕਦਾ। ਉਹੀ ਮਨੁੱਖ ਨ੍ਹਾਤਾ ਹੋਇਆ ਤੇ ਪਵਿਤ੍ਰ ਹੈ, ਜਿਹੜਾ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦੇ ਨਾਮੁ ਦੀ ਕਮਾਈ ਕਰਦਾ ਹੈ। ਪਰ ਅਕਾਲ ਪੁਰਖੁ ਦੇ ਹੁਕਮੁ ਤੋਂ ਬਿਨਾ ਮਨੁੱਖ ਦੀ ਸੁਰਤਿ ਕੂੜ ਵਿਚੋਂ ਨਿਕਲ ਕੇ ਉੱਚੀ ਅਵਸਥਾ ਵਾਲੀ ਨਹੀਂ ਹੋ ਸਕਦੀ। ਨਿਰੀਆਂ ਜ਼ਬਾਨੀ ਗਿਆਨ ਦੀਆਂ ਗੱਲਾਂ ਕਰਨ ਨਾਲ ਤਾਂ ਸਗੋਂ ਆਪਣਾ ਆਤਮਕ ਜੀਵਨ ਹੋਰ ਵੀ ਖ਼ਰਾਬ ਹੋ ਜਾਂਦਾ ਹੈ। ਆਪਣੀ ਸੁਰਤਿ ਵਿਚ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਟਿਕਾਉਣੀ ਚਾਹੀਦੀ ਹੈ। ਇਹ ਸਿਫ਼ਤਿ ਸਾਲਾਹ ਅਕਾਲ ਪੁਰਖੁ ਦੀ ਆਪਣੀ ਬਖ਼ਸ਼ਸ਼ ਹੈ, ਜਦੋਂ ਅਕਾਲ ਪੁਰਖੁ ਆਪ ਪ੍ਰੇਰਨਾ ਕਰਦਾ ਹੈ ਤਾਂ ਹੀ ਮਨੁੱਖ ਉਸ ਦੀ ਸਿਫ਼ਤਿ ਸਾਲਾਹ ਕਰ ਸਕਦਾ ਹੈ। **ਅਕਾਲ ਪੁਰਖੁ ਦੀ ਮੇਹਰ ਨਾਲ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਮਨ ਨੂੰ ਪਿਆਰਾ ਲੱਗਦਾ ਹੈ।** ਜਦੋਂ ਅਕਾਲ ਪੁਰਖੁ ਦਾ ਨਾਮੁ ਮਨ ਨੂੰ ਮਿੱਠਾ ਲੱਗਦਾ ਹੈ ਤਾਂ ਉਸ ਮਨੁੱਖ ਦੇ ਮਨ ਅੰਦਰੋਂ ਦੁਖਾਂ ਦਾ ਡੇਰਾ ਆਪਣੇ ਆਪ ਚੁੱਕਿਆ ਜਾਂਦਾ ਹੈ। ਜਦੋਂ ਅਕਾਲ ਪੁਰਖੁ ਹੁਕਮੁ ਕਰਦਾ ਤਾਂ ਉਦੋਂ ਹੀ ਮਨੁੱਖ ਦੇ ਮਨ ਵਿਚ ਆਤਮਕ ਆਨੰਦ ਆ ਕੇ ਵੱਸ ਸਕਦਾ ਹੈ। ਜਿਸ ਅਕਾਲ ਪੁਰਖੁ ਨੇ ਆਪਣੇ ਆਪ ਨੂੰ ਆਪ ਹੀ ਜਗਤ ਦੇ ਰੂਪ ਵਿਚ ਪਰਗਟ ਕੀਤਾ ਹੋਇਆ ਹੈ, ਉਸ ਦੀ ਮਿਹਰ ਦੀ ਨਜਰ ਨਾਲ ਹੀ ਮਨੁੱਖ ਨੂੰ ਅਰਦਾਸ ਕਰਨ ਦੀ ਪ੍ਰੇਰਨਾ ਮਿਲਦੀ ਹੈ, ਤੇ ਤਾਂ ਹੀ ਉਸ ਦੀ ਸਿਫ਼ਤਿ ਸਾਲਾਹ ਕਰ ਸਕਦਾ ਹੈ। ਜਦੋਂ ਅਕਾਲ ਪੁਰਖੁ ਆਪਣੀ ਮੇਹਰ ਦੀ ਨਜ਼ਰ ਕਰਦਾ ਹੈ ਤਾਂ ਹੀ ਮਨੁੱਖ ਉਸ ਦੀ ਸਿਫ਼ਤਿ ਸਾਲਾਹ ਕਰਨ ਲਈ ਅਰਦਾਸ ਕਰਦਾ ਹੈ।

*ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥ **ਅੰਮ੍ਰਿਤੁ ਹਰਿ ਕਾ ਨਾਮੁ ਮੇਰੈ ਮਨਿ ਭਾਇਆ** ॥ ਨਾਮੁ ਮੀਠਾ ਮਨਹਿ ਲਾਗਾ ਦੂਖਿ ਡੇਰਾ ਢਾਹਿਆ ॥ ਸੂਖੁ ਮਨ ਮਹਿ ਆਇ ਵਸਿਆ ਜਾਮਿ ਤੈ ਫੁਰਮਾਇਆ ॥ ਨਦਰਿ ਤੁਧੁ ਅਰਦਾਸਿ ਮੇਰੀ ਜਿੰਨਿ ਆਪੁ ਉਪਾਇਆ ॥ ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ ॥੨॥ (੫੬੫, ੫੬੬)*

ਸਤਿਗੁਰੂ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ, ਜਿਸ ਦੀ ਸੰਗਤਿ ਵਿਚ ਰਹਿ ਕੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕੀਤੀ ਜਾ ਸਕਦੀ ਹੈ। ਗੁਰੂ ਦੀ ਸੰਗਤਿ ਵਿਚ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਸਿਮਰਿਆ ਜਾ ਸਕਦਾ ਹੈ। ਇਸ ਲਈ ਗੁਰੂ ਦੀ ਸੰਗਤਿ ਵਿਚ ਰਹਿ ਕੇ ਇਕ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਚਾਹੀਦਾ ਹੈ, ਕਿਉਂਕਿ ਨਾਮੁ ਦੀ ਬਰਕਤਿ ਨਾਲ ਹੀ ਜਨਮ ਮਰਨ ਦਾ ਦੁਖ ਦੂਰ ਹੋ ਸਕਦਾ ਹੈ। ਜਿਸ ਮਨੁੱਖ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਸਿਮਰਨ ਕਰਨ ਵਾਸਤੇ ਬਖ਼ਸ਼ਸ਼ ਦਾ ਲੇਖ ਲਿਖਿਆ ਹੁੰਦਾ ਹੈ, ਉਹੀ ਸਦਾ ਥਿਰ ਅਕਾਲ ਪੁਰਖੁ ਦੇ ਨਾਮੁ ਦੀ ਸਿੱਖਿਆ ਗ੍ਰਹਿਣ ਕਰਦਾ ਰਹਿੰਦਾ ਹੈ, ਤੇ ਫਿਰ ਉਸ ਮਨੁੱਖ ਦੀ ਆਤਮਕ ਮੌਤ ਦੀ ਫਾਹੀ ਕੱਟੀ ਜਾਂਦੀ ਹੈ। ਸਿਮਰਨ ਦੀ ਬਰਕਤਿ ਨਾਲ ਸਾਰੇ ਡਰ ਤੇ ਭਰਮ ਦੂਰ ਹੋ ਜਾਂਦੇ ਹਨ, ਮਨ ਵਿਚ ਬੱਝੀਆਂ ਹੋਈਆਂ ਵਿਕਾਰਾਂ ਤੇ ਅਗਿਆਨਤਾ ਦੀਆਂ ਗੰਢਾਂ ਖੁਲ੍ਹ ਜਾਂਦੀਆਂ ਹਨ, ਤੇ ਫਿਰ ਉਹ ਮਨੁੱਖ ਆਤਮਕ ਮੌਤ ਸਹੇੜਨ ਵਾਲੇ ਰਸਤੇ ਉਤੇ ਬਿਲਕੁਲ ਨਹੀਂ ਚਲਦਾ। ਗੁਰੂ ਸਾਹਿਬ ਸਮਝਾਂਦੇ ਹਨ ਕਿ ਸਦਾ ਬੇਨਤੀ ਕਰਦੇ ਰਹਿੰਣਾਂ ਚਾਹੀਦਾ ਹੈ, ਕਿ ਹੇ ਅਕਾਲ ਪੁਰਖੁ ਸਾਡੇ ਤੇ ਕਿਰਪਾ ਕਰੋ ਤਾਂ ਜੋ ਅਸੀਂ ਜੀਵ ਤੇਰੀ ਸਿਫ਼ਤਿ ਸਾਲਾਹ ਕਰਦੇ ਰਹੀਏ।

*ਧਨਾਸਰੀ ਮਹਲਾ ੫ ਛੰਤ ॥ ੧ੴ ਸਤਿਗੁਰ ਪ੍ਰਸਾਦਿ ॥ ਸਤਿਗੁਰ ਦੀਨ ਦਇਆਲ ਜਿਸੁ ਸੰਗਿ ਹਰਿ ਗਾਵੀਐ ਜੀਉ ॥ **ਅੰਮ੍ਰਿਤੁ ਹਰਿ ਕਾ ਨਾਮੁ ਸਾਧਸੰਗਿ ਰਾਵੀਐ ਜੀਉ** ॥ ਭਜੁ ਸੰਗਿ ਸਾਧੂ ਇਕੁ ਅਰਾਧੂ ਜਨਮ ਮਰਨ ਦੁਖ ਨਾਸਏ ॥ ਧੁਰਿ ਕਰਮੁ ਲਿਖਿਆ ਸਾਚੁ ਸਿਖਿਆ ਕਟੀ ਜਮ ਕੀ ਫਾਸਏ ॥ ਭੈ ਭਰਮ ਨਾਠੇ ਛੁਟੀ ਗਾਠੇ ਜਮ ਪੰਥਿ ਮੂਲਿ ਨ ਆਵੀਐ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਸਦਾ ਹਰਿ ਗੁਣ ਗਾਵੀਐ ॥੧॥ (੬੯੧)*

ਜੇਹੜੇ ਮਨੁੱਖ ਵੇਦ ਪੁਰਾਣ ਸਿੰਮ੍ਰਿਤੀਆਂ ਆਦਿਕ ਧਰਮ ਪੁਸਤਕਾਂ ਪੜ੍ਹ ਕੇ ਨਾਮੁ ਨੂੰ ਲਾਂਭੇ ਛੱਡ ਕੇ ਕਰਮ ਕਾਂਡ ਆਦਿਕ ਦਾ ਉਪਦੇਸ਼ ਉੱਚੀ ਉੱਚੀ ਸੁਣਾਂਦੇ ਰਹਿੰਦੇ ਹਨ, ਉਹ ਮਨੁੱਖ ਥੋਥੀਆਂ ਗੱਲਾਂ ਕਰਦੇ ਹਨ। ਅਜੇਹੇ ਲੋਕ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਝੂਠਾ ਪਰਚਾਰ ਹੀ ਕਰਦੇ ਰਹਿੰਦੇ ਹਨ। ਅਕਾਲ ਪੁਰਖੁ ਦੇ ਨਾਮੁ ਤੋਂ ਵਿਛੁੜੇ ਹੋਏ ਮਨੁੱਖ ਮਾਇਆ ਦੇ ਝਮੇਲਿਆਂ ਵਿਚ, ਮੋਹ

ਦੇ ਬੰਧਨਾਂ ਵਿਚ, ਥੋਥੀਆਂ ਗੱਲਾਂ ਦੇ ਵਾਦ ਵਿਵਾਦ ਵਿਚ, ਤੇ ਆਪਣੇ ਹੰਕਾਰ ਵਿਚ ਫਸ ਕੇ ਦੁਖੀ ਹੁੰਦੇ ਰਹਿੰਦੇ ਹਨ। ਅਸਲੀਅਤ ਇਹ ਹੈ ਕਿ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ ਤੇ ਨਾਮੁ ਤੋਂ ਵਾਂਝੇ ਰਹਿਣ ਵਾਲੇ ਆਪਣੇ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦੇ ਹਨ। ਅਕਾਲ ਪੁਰਖੁ ਦੇ ਨਾਮੁ ਦਾ ਬੇਅੰਤ ਖ਼ਜ਼ਾਨਾ ਅਕਾਲ ਪੁਰਖੁ ਦੇ ਭਗਤਾਂ ਦੇ ਹਿਰਦੇ ਵਿਚ ਵੱਸਦਾ ਹੈ। ਗੁਰੂ ਦੀ ਸੰਗਤਿ ਵਿਚ ਨਾਮੁ ਜਪਣ ਨਾਲ ਜਨਮ ਮਰਨ ਦੇ ਦੁਖ ਤੇ ਮੋਹ ਆਦਿਕ ਹਰੇਕ ਤਰ੍ਹਾਂ ਦੇ ਕਲੇਸ਼ ਦੂਰ ਹੋ ਜਾਂਦੇ ਹਨ। ਜਿਨ੍ਹਾਂ ਮਨੁੱਖਾਂ ਉਤੇ ਅਕਾਲ ਪੁਰਖੁ ਦਇਆਵਾਨ ਹੁੰਦਾ ਹੈ, ਉਨ੍ਹਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਹ ਮਨੁੱਖ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਪੀਂਦੇ ਰਹਿੰਦੇ ਹਨ। ਕ੍ਰੋੜਾਂ ਅਸੰਖਾਂ ਤੇ ਅਨੇਕਾਂ ਹੀ ਪ੍ਰਾਣੀ ਅਕਾਲ ਪੁਰਖੁ ਦੀ ਭਾਲ ਕਰਦੇ ਰਹਿੰਦੇ ਹਨ, ਪਰੰਤੂ ਜਿਸ ਮਨੁੱਖ ਨੂੰ ਅਕਾਲ ਪੁਰਖੁ ਆਪ ਸੋਝੀ ਬਖ਼ਸ਼ਦਾ ਹੈ, ਉਸੇ ਮਨੁੱਖ ਨੂੰ ਅਕਾਲ ਪੁਰਖੁ ਦੀ ਨੇੜਤਾ ਮਿਲਦੀ ਹੈ। ਇਸ ਲਈ ਅਕਾਲ ਪੁਰਖੁ ਦੇ ਚਰਨਾਂ ਵਿਚ ਇਹੀ ਅਰਦਾਸ ਕਰਨੀ ਹੈ, ਹੇ ਦਾਤਾਰ ! ਮੇਰੇ ਅੰਦਰ ਅਜੇਹੀ ਇਛਾ ਪੈਦਾ ਕਰੋ ਕਿ ਮੈਂ ਦਿਨ ਰਾਤ ਸਦਾ ਆਪ ਦੇ ਗੁਣ ਗਾਇਨ ਕਰਦਾ ਰਹਾਂ, ਤੇ ਮੈਨੂੰ ਆਪਣਾ ਨਾਮੁ ਬਖ਼ਸ਼ੋ ਤਾਂ ਜੋ ਮੈਂ ਤੁਹਾਨੂੰ ਕਦੇ ਵੀ ਆਪਣੇ ਚਿਤ ਵਿਚੋਂ ਨਾ ਭੁਲਾਵਾਂ।

*ਜਿਨ੍ ਕਉ ਭਏ ਦਇਆਲ ਤਿਨ੍ ਸਾਧੂ ਸੰਗੁ ਭਇਆ ॥ **ਅੰਮ੍ਰਿਤੁ ਹਰਿ ਕਾ ਨਾਮੁ ਤਿਨ੍ਹੀ ਜਨੀ ਜਪਿ ਲਇਆ** ॥੬॥ ਖੋਜਹਿ ਕੋਟਿ ਅਸੰਖ ਬਹੁਤੁ ਅਨੰਤ ਕੇ ॥ ਜਿਸੁ ਬੁਝਾਏ ਆਪਿ ਨੇੜਾ ਤਿਸੁ ਹੇ ॥੭॥ **ਵਿਸਰੁ ਨਾਹੀ ਦਾਤਾਰ ਆਪਣਾ ਨਾਮੁ ਦੇਹੁ ॥ ਗੁਣ ਗਾਵਾ ਦਿਨੁ ਰਾਤਿ ਨਾਨਕ ਚਾਉ ਏਹੁ** ॥੮॥੨॥੫॥੧੬॥ (੭੬੧-੭੬੨)*

ਇਸ ਜਗਤ ਦੇ ਕਈ ਲੋਕ ਵੀ ਪਪੀਹੇ ਦੀ ਤਰ੍ਹਾਂ, ਆਮ ਪਾਣੀ ਨੂੰ ਹੀ **ਅੰਮ੍ਰਿਤੁ-ਨਾਮੁ** ਸਮਝ ਕੇ ਇਕ ਦੂਜੇ ਦੇ ਪਿਛੇ ਲਗ ਕੇ ਪੀਣ ਲਈ ਤੁਰ ਪੈਂਦੇ ਹਨ। ਇਹ ਪਪੀਹਾ ਇਕ ਜੀਵ ਹੈ, ਜਿਸ ਦਾ ਸੁਭਾਉ ਇਕ ਪਸੂ ਦੀ ਤਰ੍ਹਾਂ ਹੈ, ਜਿਸ ਕਰਕੇ ਉਹ ਸਿਰਫ ਦੁਨਿਆਵੀ ਮੀਂਹ ਦੀ ਬੂੰਦ ਨੂੰ ਹੀ ਲੋਚਦਾ ਰਹਿੰਦਾ ਹੈ। ਇਸ ਲਈ ਇਸ ਸਬਦ ਵਿਚ ਵਰਤੇ ਗਏ ਪਪੀਹਾ ਲਫ਼ਜ਼ ਸੁਣ ਕੇ ਇਹ ਭੁਲੇਖਾ ਨਹੀਂ ਖਾਣਾਂ ਹੈ ਕਿ ਦੁਨਿਆਵੀ ਪਾਣੀ ਹੀ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਇਸ ਲਈ ਹਮੇਸ਼ਾਂ ਸੁਚੇਤ ਰਹਿੰਣਾਂ ਹੈ ਤੇ ਧਿਆਨ ਵਿਚ ਰੱਖਣਾ ਹੈ ਕਿ ਸਿਰਫ ਅਕਾਲ ਪੁਰਖੁ ਦਾ ਨਾਮੁ ਹੀ ਐਸਾ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਨੁੱਖ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਮਿਟ ਸਕਦੀ ਹੈ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ **ਨਾਮੁ (ਅੰਮ੍ਰਿਤੁ)** ਪੀਤਾ ਹੈ, ਉਨ੍ਹਾਂ ਨੂੰ ਮੁੜ ਕੇ ਮਾਇਆ ਦੀ ਤ੍ਰਿਸ਼ਨਾ ਨਹੀਂ ਰਹਿੰਦੀ।

*ਸਲੋਕ ਮਃ ੩ ॥ ਬਾਬੀਹਾ ਏਹੁ ਜਗਤੁ ਹੈ ਮਤ ਕੋ ਭਰਮਿ ਭੁਲਾਇ ॥ ਇਹੁ ਬਾਬੀਂਹਾ ਪਸੂ ਹੈ ਇਸ ਨੋ ਬੂਝਣੁ ਨਾਹਿ ॥ **ਅੰਮ੍ਰਿਤੁ ਹਰਿ ਕਾ ਨਾਮੁ ਹੈ ਜਿਤੁ ਪੀਤੈ ਤਿਖ ਜਾਇ** ॥ ਨਾਨਕ ਗੁਰਮੁਖਿ ਜਿਨ੍ ਪੀਆ ਤਿਨ੍ ਬਹੁੜਿ ਨ ਲਾਗੀ ਆਇ ॥੧॥ (੧੨੮੩)*

ਇਸ ਸੰਸਾਰ ਰੁਪੀ ਸਮੁੰਦਰ ਤੋਂ ਪਾਰ ਲੰਘਣਾ ਬਹੁਤ ਔਖਾ ਹੈ, ਪਰ ਜਿਸ ਮਨੁੱਖ ਨੇ ਬੇਅੰਤ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਸ਼ੁਰੂ ਕਰ ਦਿੱਤਾ, ਗੁਰੂ ਨੇ ਉਸ ਨੂੰ ਸੰਸਾਰ ਰੁਪੀ ਸਮੁੰਦਰ ਤੋਂ ਪਾਰ ਲੰਘਾ ਦਿੱਤਾ, ਗੁਰੂ ਨੇ ਉਸ ਨੂੰ ਪੂਰਨ ਅਕਾਲ ਪੁਰਖੁ ਨਾਲ ਜੋੜ ਦਿੱਤਾ। ਜਦੋਂ ਉਸ ਮਨੁੱਖ ਨੇ ਪੂਰਨ ਅਕਾਲ ਪੁਰਖੁ ਦਾ ਮਿਲਾਪ ਹਾਸਲ ਕਰ ਲਿਆ, ਤਾਂ ਫਿਰ ਉਸ ਦਾ ਜਨਮ ਮਰਨ ਦਾ ਗੇੜ ਵੀ ਮੁੱਕ ਗਿਆ। ਇਹ ਹਮੇਸ਼ਾਂ ਧਿਆਨ ਵਿਚ ਰੱਖਣਾ ਹੈ ਕਿ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਸਿਰਫ ਗੁਰੂ ਤੋਂ ਹੀ ਮਿਲਦਾ ਹੈ।

*ਕਹੁ ਨਾਨਕ ਬੇਅੰਤੁ ਬੇਅੰਤੁ ਧਿਆਇਆ ॥ ਦੁਤਰੁ ਇਹੁ ਸੰਸਾਰੁ ਸਤਿਗੁਰੂ ਤਰਾਇਆ ॥ ਮਿਟਿਆ ਆਵਾ ਗਉਣੁ ਜਾਂ ਪੂਰਾ ਪਾਇਆ ॥ **ਹਰਿਹਾਂ ਅੰਮ੍ਰਿਤੁ ਹਰਿ ਕਾ ਨਾਮੁ ਸਤਿਗੁਰ ਤੇ ਪਾਇਆ** ॥੬॥ (੧੩੬੨)*

ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਸਾਧ ਸੰਗਤਿ ਵਿਚ ਰਹਿ ਕੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪ ਤਾਂ ਜੋ ਮਨ ਚਾਹੇ ਫਲ ਪ੍ਰਾਪਤ ਕਰ ਸਕੇ ਤੇ ਆਪਣੇ ਦੁਖਾਂ ਕਲੇਸ਼ਾਂ ਨੂੰ ਦੂਰ ਕਰ ਸਕੇ। ਜਿਸ ਮਨੋਰਥ ਵਾਸਤੇ ਇਹ ਮਨੁੱਖਾ ਜਨਮ ਹਾਸਲ ਕੀਤਾ ਹੈ, ਉਸ ਮਨੋਰਥ ਨੂੰ ਪੂਰਾ ਕਰਨ ਦਾ ਉਪਰਾਲਾ ਕਰ। ਜਿਸ ਮਨੁੱਖ ਦੀ ਪ੍ਰੀਤਿ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਨਾਲ ਬਣ ਜਾਂਦੀ ਹੈ, ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਵੀ ਪਵਿਤ੍ਰ ਹੋ ਜਾਂਦਾ ਹੈ, ਉਸ ਦੀਆਂ ਸਾਰੀਆਂ ਗਿਆਨ ਇੰਦ੍ਰੀਆਂ ਵਿਕਾਰਾਂ ਵਲੋਂ ਹਟ ਜਾਂਦੀਆਂ ਹਨ। ਅਕਾਲ ਪੁਰਖੁ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਹੀ ਅਸਲੀ ਰਤਨ ਜਵਾਹਰ ਤੇ ਮੋਤੀ ਹੈ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਦੀ ਬਰਕਤਿ ਨਾਲ ਹੀ ਸੁਖ, ਆਤਮਕ ਅਡੋਲਤਾ ਤੇ ਆਨੰਦ ਦੇ ਰਸ ਪ੍ਰਾਪਤ ਹੁੰਦੇ ਹਨ, ਇਸ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਣਾਂ ਚਾਹੀਦਾ ਹੈ।

*ਰਤਨ ਜਵੇਹਰ ਮਾਣਿਕਾ ਅੰਮ੍ਰਿਤੁ ਹਰਿ ਕਾ ਨਾਉ ॥ ਸੁਖ ਸਹਜ ਆਨੰਦ ਰਸ ਜਨ ਨਾਨਕ ਹਰਿ ਗੁਣ ਗਾਉ* ॥੪॥੧੭॥੮੭॥ (੪੮)

ਜਿਸ ਮਨੁੱਖ ਉਤੇ ਅਕਾਲ ਪੁਰਖੁ ਦੀ ਮੇਹਰ ਦੀ ਨਜ਼ਰ ਹੋ ਜਾਂਦੀ ਹੈ, ਉਸ ਨੂੰ ਬਖ਼ਸ਼ਸ਼ ਵਜੋਂ ਉਸ ਦਾ ਨਾਮੁ ਮਿਲ ਜਾਂਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਬਖ਼ਸ਼ਸ਼ ਦਾ ਲੇਖ ਧੁਰ ਤੋਂ ਹੀ ਲਿਖਿਆ ਮਿਲ ਜਾਂਦਾ ਹੈ, ਉਨ੍ਹਾਂ ਨੂੰ ਗੁਰੂ ਆ ਕੇ ਮਿਲ

ਪੈਂਦਾ ਹੈ। ਗੁਰੂ ਉਨ੍ਹਾਂ ਨੂੰ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਸਿੱਖਿਆ ਵਜੋਂ ਦੇਂਦਾ ਹੈ, ਅਜੇਹੇ ਮਨੁੱਖ ਜੀਵਨ ਦੇ ਸਫ਼ਰ ਵਿਚ ਗੁਰੂ ਦੇ ਦੱਸੇ ਹੋਏ ਮਾਰਗ ਅਨੁਸਾਰ ਚਲਦੇ ਹਨ, ਤੇ ਕਿਸੇ ਹੋਰ ਪਾਸੇ ਵੱਲ ਭਟਕਦੇ ਨਹੀਂ ਫਿਰਦੇ।

*ਤਿਨ੍ਹਾ ਮਿਲਿਆ ਗੁਰੁ ਆਇ ਜਿਨ ਕਉ ਲੀਖਿਆ ॥ **ਅੰਮ੍ਰਿਤੁ ਹਰਿ ਕਾ ਨਾਉ ਦੇਵੈ ਦੀਖਿਆ** ॥ ਚਾਲਹਿ ਸਤਿਗੁਰ ਭਾਇ ਭਵਹਿ ਨ ਭੀਖਿਆ ॥੨॥ (੨੨੯)*

ਉਹੀ ਹਿਰਦਾ ਪਵਿੱਤ੍ਰ ਹੈ, ਜਿਹੜਾ ਉਸ ਅਕਾਲ ਪੁਰਖੁ ਨੂੰ ਚੰਗਾ ਲੱਗਦਾ ਹੈ। ਜੇਕਰ ਮਨੁੱਖ ਦਾ ਹਿਰਦਾ ਅੰਦਰੋਂ ਵਿਕਾਰਾਂ ਨਾਲ ਬਹੁਤ ਗੰਦਾ ਹੋਇਆ ਪਿਆ ਹੈ ਤਾਂ ਸਰੀਰ ਨੂੰ ਬਾਹਰੋਂ ਤੀਰਥਾਂ ਤੇ ਜਾ ਕੇ ਇਸ਼ਨਾਨ ਕਰਵਾਉਂਣ ਨਾਲ ਉਸ ਦਾ ਹਿਰਦਾ ਅੰਦਰੋਂ ਸਾਫ ਨਹੀਂ ਹੋ ਸਕਦਾ। ਜੇਕਰ ਗੁਰੂ ਦੇ ਦਰ ਤੇ ਆਪਣੇ ਆਪ ਨੂੰ ਇਕ ਨਿਮਾਣੇ ਦੀ ਤਰ੍ਹਾਂ ਗੁਰੂ ਦੀ ਮਤ ਲੈਂਣ ਲਈ ਪੇਸ਼ ਕਰੀਏ, ਤਾਂ ਹੀ ਹਿਰਦੇ ਨੂੰ ਪਵਿਤ੍ਰ ਕਰਨ ਲਈ ਸੋਝੀ ਮਿਲ ਸਕਦੀ ਹੈ। ਸਬਦ ਗੁਰੂ ਦੇ ਦਰ ਤੇ ਰਹਿ ਕੇ ਹੀ ਵਿਕਾਰਾਂ ਦੀ ਮੈਲ ਧੋਣ ਨਾਲ ਮਨੁੱਖ ਦਾ ਹਿਰਦਾ ਪਵਿਤ੍ਰ ਹੋ ਸਕਦਾ ਹੈ। ਜੇਕਰ ਗੁਰੂ ਦੇ ਦਰ ਤੇ ਟਿਕੇ ਰਹੀਏ ਤਾਂ ਅਕਾਲ ਪੁਰਖੁ ਆਪ ਹੀ ਇਹ ਵਿਚਾਰਨ ਦੀ ਸਮਝ ਬਖ਼ਸ਼ਦਾ ਹੈ ਕਿ ਅਸੀਂ ਚੰਗੇ ਹਾਂ ਜਾਂ ਮੰਦੇ ਹਾਂ; ਕੀ ਠੀਕ ਹੈ ਤੇ ਕੀ ਗਲਤ ਹੈ, ਉਸ ਬਾਰੇ ਸੋਝੀ ਮਿਲ ਜਾਂਦੀ ਹੈ। ਜੇਕਰ ਇਸ ਮਨੁੱਖਾ ਜੀਵਨ ਦੇ ਸਮੇਂ ਵਿਚ ਗੁਰੂ ਦਾ ਆਸਰਾ ਨਹੀਂ ਲਿਆ ਤਾਂ ਕੋਈ ਜੀਵ ਇਹ ਨਾ ਸਮਝ ਲਏ ਕਿ ਇਥੋਂ ਖ਼ਾਲੀ ਹੱਥ ਜਾ ਕੇ ਅੱਗੇ ਪਰਲੋਕ ਵਿਚ ਜੀਵਨ ਪਵਿਤ੍ਰ ਕਰਨ ਲਈ ਸੂਝ ਮਿਲ ਸਕੇਗੀ। ਇਹ ਇਕ ਕੁਦਰਤ ਦਾ ਨਿਯਮ ਹੈ ਕਿ ਮਨੁੱਖ ਇਸ ਜਨਮ ਵਿਚ ਜਿਸ ਤਰ੍ਹਾਂ ਦੇ ਕਰਮ ਕਰਦਾ ਹੈ, ਉਹ ਆਪਣੇ ਕਰਮਾਂ ਅਨੁਸਾਰ ਉਸੇ ਤਰ੍ਹਾਂ ਦਾ ਬਣ ਜਾਂਦਾ ਹੈ, ਤੇ ਉਸ ਦੇ ਕਰਮਾਂ ਅਨੁਸਾਰ ਹੀ ਉਸ ਨੂੰ ਫਲ ਮਿਲਦਾ ਹੈ। ਜਿਹੜਾ ਮਨੁੱਖ ਨਿਮਾਣਾਂ ਹੋ ਕੇ ਗੁਰੂ ਦੇ ਦਰ ਤੇ ਡਿੱਗ ਪੈਂਦਾ ਹੈ, ਅਕਾਲ ਪੁਰਖੁ ਉਸ ਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ **ਨਾਮੁ (ਅੰਮ੍ਰਿਤੁ)** ਆਪ ਬਖ਼ਸ਼ਦਾ ਹੈ। ਜਿਸ ਮਨੁੱਖ ਨੂੰ ਨਾਮੁ ਦੀ ਇਹ ਦਾਤ ਮਿਲ ਜਾਂਦੀ ਹੈ, ਉਹ ਆਪਣਾ ਮਨੁੱਖਾ ਜਨਮ ਸਵਾਰ ਕੇ, ਇਥੋਂ ਇੱਜ਼ਤ ਖੱਟ ਕੇ ਅੱਗੇ ਜਾਂਦਾ ਹੈ, ਤੇ ਉਹ ਆਪਣੀ ਸੋਭਾ ਦਾ ਵਾਜਾ ਇਥੇ ਵਜਾ ਜਾਂਦਾ ਹੈ। ਵਿਚਾਰਾ ਮਨੁੱਖ ਕੀ ਕਰ ਸਕਦਾ ਹੈ, ਅਕਾਲ ਪੁਰਖੁ ਤਾਂ ਆਪ ਹੀ ਤਿੰਨਾਂ ਲੋਕਾਂ ਵਿਚ ਉਸ ਮਨੁੱਖ ਦੀ ਸੋਭਾ ਖਿਲਾਰ ਦਿੰਦਾ ਹੈ। ਉਹ ਮਨੁੱਖ ਆਪ ਸਦਾ ਆਨੰਦ ਦੀ ਅਵਸਥਾ ਵਿਚ ਪ੍ਰਸੰਨ ਚਿਤ ਹੋ ਕੇ ਰਹਿੰਦਾ ਹੈ, ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਵੀ ਤਾਰ ਲੈਂਦਾ ਹੈ।

*ਸੂਹੀ ਮਹਲਾ ੧ ॥ ਭਾਂਡਾ ਹਛਾ ਸੋਇ ਜੋ ਤਿਸੁ ਭਾਵਸੀ ॥ ਭਾਂਡਾ ਅਤਿ ਮਲੀਣੁ ਧੋਤਾ ਹਛਾ ਨ ਹੋਇਸੀ ॥ ਗੁਰੂ ਦੁਆਰੈ ਹੋਇ ਸੋਝੀ ਪਾਇਸੀ ॥ ਏਤੁ ਦੁਆਰੈ ਧੋਇ ਹਛਾ ਹੋਇਸੀ ॥ ਮੈਲੇ ਹਛੇ ਕਾ ਵੀਚਾਰੁ ਆਪਿ ਵਰਤਾਇਸੀ ॥ ਮਤੁ ਕੋ ਜਾਣੈ ਜਾਇ ਅਗੈ ਪਾਇਸੀ ॥ ਜੇਹੇ ਕਰਮ ਕਮਾਇ ਤੇਹਾ ਹੋਇਸੀ ॥ **ਅੰਮ੍ਰਿਤੁ ਹਰਿ ਕਾ ਨਾਉ ਆਪਿ ਵਰਤਾਇਸੀ** ॥ ਚਲਿਆ ਪਤਿ ਸਿਉ ਜਨਮੁ ਸਵਾਰਿ ਵਾਜਾ ਵਾਇਸੀ ॥ ਮਾਣਸੁ ਕਿਆ ਵੇਚਾਰਾ ਤਿਹੁ ਲੋਕ ਸੁਣਾਇਸੀ ॥ ਨਾਨਕ ਆਪਿ ਨਿਹਾਲ ਸਭਿ ਕੁਲ ਤਾਰਸੀ ॥੧॥੪॥੬॥ (੭੩੦)*

**ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਹੀ ਅੰਮ੍ਰਿਤ ਦਾ ਸੁਆਦ ਦੇਣ ਵਾਲੀ ਹੈ, ਤੇ ਇਹ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੈ।** ਇਸ ਲਈ ਸਤਿਗੁਰੂ ਦੀ ਅੰਮ੍ਰਿਤ ਬਾਣੀ ਦੁਆਰਾ ਅਕਾਲ ਪੁਰਖੁ ਦੇ ਨਾਮੁ ਨੂੰ ਮਨ ਵਿਚ, ਸਰੀਰ ਵਿਚ, ਹਿਰਦੇ ਵਿਚ, ਅੱਠੇ ਪਹਿਰ ਯਾਦ ਕਰਦਾ ਰਹੋ ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦਾ ਰਹੋ। **ਗੁਰੂ ਸਾਹਿਬ ਆਪਣੇ ਗੁਰਸਿੱਖਾਂ ਨੂੰ ਸਮਝਾਂਦੇ ਹਨ ਕਿ ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਉਪਦੇਸ਼ ਸੁਣੋ।** ਜੇਕਰ ਮਨ ਵਿਚ ਅਕਾਲ ਪੁਰਖੁ ਦਾ ਪਿਆਰ ਟਿਕਾ ਲਓਗੇ ਤਾਂ, ਇਹ ਮਨੁੱਖਾ ਜੀਵਨ ਰੂਪੀ ਕੀਮਤੀ ਦਾਤ ਸਫਲ ਹੋ ਜਾਇਗੀ। ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਦੁਖ ਦੂਰ ਹੋ ਜਾਂਦਾ ਹੈ, ਸੁਖ, ਆਤਮਕ ਅਡੋਲਤਾ ਤੇ ਬੇਅੰਤ ਆਨੰਦ ਪ੍ਰਾਪਤ ਹੁੰਦਾ ਹੈ। ਅਕਾਲ ਪੁਰਖੁ ਦਾ ਨਾਮੁ ਜਪਣ ਨਾਲ ਇਸ ਲੋਕ ਵਿਚ ਸੁਖ ਪੈਦਾ ਹੁੰਦਾ ਹੈ, ਤੇ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਵੀ ਥਾਂ ਮਿਲਦੀ ਹੈ।

*ਸਲੋਕ ਮਃ ੫ ॥ **ਅੰਮ੍ਰਿਤ ਬਾਣੀ ਅਮਿਉ ਰਸੁ ਅੰਮ੍ਰਿਤੁ ਹਰਿ ਕਾ ਨਾਉ** ॥ ਮਨਿ ਤਨਿ ਹਿਰਦੈ ਸਿਮਰਿ ਹਰਿ ਆਠ ਪਹਰ ਗੁਣ ਗਾਉ ॥ ਉਪਦੇਸੁ ਸੁਣਹੁ ਤੁਮ ਗੁਰਸਿਖਹੁ ਸਚਾ ਇਹੈ ਸੁਆਉ ॥ ਜਨਮੁ ਪਦਾਰਥੁ ਸਫਲੁ ਹੋਇ ਮਨ ਮਹਿ ਲਾਇਹੁ ਭਾਉ ॥ ਸੁਖ ਸਹਜ ਆਨਦੁ ਘਣਾ ਪ੍ਰਭ ਜਪਤਿਆ ਦੁਖੁ ਜਾਇ ॥ ਨਾਨਕ ਨਾਮੁ ਜਪਤ ਸੁਖੁ ਊਪਜੈ ਦਰਗਹ ਪਾਈਐ ਥਾਉ ॥੧॥ (੯੬੩)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਮੈਂ ਤਾਂ ਸਦਾ ਅਕਾਲ ਪੁਰਖੁ ਦੇ ਚਰਨਾਂ ਵਿਚ ਧਿਆਨ ਧਰਦਾ ਹਾਂ, ਕਿਉਂਕਿ ਇਹੀ ਮੇਰੇ ਲਈ ਬੈਕੁੰਠ ਹੈ। ਗੁਰੂ ਦੀ ਸੰਗਤਿ ਵਿਚ ਟਿਕੇ ਰਹਿਣਾ ਹੀ ਮੇਰੇ ਵਾਸਤੇ ਚੌਹਾਂ ਪਦਾਰਥਾਂ ਵਿਚੋਂ ਸ੍ਰੇਸ਼ਟ ਮੁਕਤੀ ਦਾ ਪਦਾਰਥ ਹੈ। ਅਕਾਲ ਪੁਰਖੁ ਦਾ ਨਾਮੁ ਹੀ ਮੇਰੇ ਲਈ ਆਤਮਕ ਜੀਵਨ ਦੇਣ ਵਾਲਾ ਜਲ **(ਅੰਮ੍ਰਿਤੁ)** ਹੈ।

*ਸਾਰਗ ਮਹਲਾ ੫ ॥ **ਬੈਕੁੰਠ ਗੋਬਿੰਦ ਚਰਨ ਨਿਤ ਧਿਆਉ ॥ ਮੁਕਤਿ ਪਦਾਰਥੁ ਸਾਧੂ ਸੰਗਤਿ ਅੰਮ੍ਰਿਤੁ ਹਰਿ ਕਾ ਨਾਉ ॥੧॥ ਰਹਾਉ** ॥ (੧੨੨੦, ੧੨੨੧)*

ਅਕਾਲ ਪੁਰਖੁ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਆਪਣੇ ਤਖ਼ਤ ਉਤੇ ਟਿਕਿਆ ਰਹਿਣ ਵਾਲਾ ਹੈ। ਸਿਰਫ਼ ਉਸ ਦਾ ਦਰਬਾਰ ਹੀ ਸਦਾ ਕਾਇਮ ਰਹਿਣ ਵਾਲਾ ਹੈ। ਇਸ ਲਈ ਮੈਂਨੂੰ ਅਕਾਲ ਪੁਰਖੁ ਦੇ ਆਸਰੇ ਦਾ ਹੀ ਮਾਣ ਹੈ। ਅਕਾਲ ਪੁਰਖੁ ਹੀ ਸਭ ਦੇ ਦਿਲਾਂ ਦੀ ਜਾਨਣ ਵਾਲਾ ਮਾਲਕ ਹੈ, ਸਿਆਣਾ ਹੈ ਤੇ ਸੁਜਾਨ ਹੈ। ਅਕਾਲ ਪੁਰਖੁ ਸਿਆਣਾ ਹੈ, ਸੁਜਾਣ ਹੈ, ਸਦਾ ਮੰਨਿਆ ਪਰਮੰਨਿਆ ਹੈ ਤੇ ਉਸ ਦਾ ਨਾਮੁ ਆਤਮਕ ਜੀਵਨ ਦੇਣ ਵਾਲਾ **(ਅੰਮ੍ਰਿਤੁ)** ਹੈ। ਜਿਨ੍ਹਾਂ ਮਨੁੱਖਾਂ ਦੇ ਭਾਗ ਜਾਗ ਜਾਂਦੇ ਹਨ, ਉਹ ਅਕਾਲ ਪੁਰਖੁ ਦਾ ਨਾਮੁ ਅੰਮ੍ਰਿਤ ਚੱਖ ਕੇ ਮਾਇਆ ਦੀ ਭੁੱਖ ਵਲੋਂ ਰੱਜ ਜਾਂਦੇ ਹਨ।

*ਮਾਣੋ ਪ੍ਰਭ ਮਾਣੋ ਮੇਰੇ ਪ੍ਰਭ ਕਾ ਮਾਣੋ ॥ ਜਾਣੋ ਪ੍ਰਭੁ ਜਾਣੋ ਸੁਆਮੀ ਸੁਘੜੁ ਸੁਜਾਣੋ ॥ **ਸੁਘੜ ਸੁਜਾਨਾ ਸਦ ਪਰਧਾਨਾ ਅੰਮ੍ਰਿਤੁ ਹਰਿ ਕਾ ਨਾਮਾ** ॥ (੯੨੪*

ਗੁਰੂ ਸਾਹਿਬ ਸਮਝਾਂਦੇ ਹਨ ਕਿ ਚੌਰਾਸੀ ਲੱਖ ਜੂਨਾਂ ਵਿਚ ਭੌਂਦਿਆਂ ਭੌਂਦਿਆਂ ਹੁਣ ਤੈਨੂੰ ਕੀਮਤੀ ਮਨੁੱਖਾ ਜਨਮ ਮਿਲਿਆ ਹੈ। ਜਿਸ ਘਰ ਵਿਚ ਤੂੰ ਸਦਾ ਰਹਿਣਾ ਤੇ ਵੱਸਣਾ ਹੈ, ਉਹ ਘਰ ਕਦੇ ਤੇਰੇ ਚਿੱਤ ਚੇਤੇ ਵਿਚ ਨਹੀਂ ਆਇਆ। ਉਸ ਅਕਾਲ ਪੁਰਖੁ ਦੀ ਕਦੇ ਸਿਫ਼ਤਿ ਸਾਲਾਹ ਨਹੀਂ ਕੀਤੀ, ਜਿਹੜਾ ਸਦਾ ਕਾਇਮ ਰਹਿਣ ਵਾਲਾ ਹੈ, ਅਬਿਨਾਸੀ ਹੈ, ਜਿੰਦ ਦੇਣ ਵਾਲਾ ਹੈ ਤੇ ਸਾਰੇ ਸੁਖ ਦੇਣ ਵਾਲਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਹੇ ਮੇਰੇ ਮੂਰਖ ਮਨ ਤੂੰ ਨਾਸਵੰਤ ਪਦਾਰਥਾਂ ਦੇ ਸੁਆਦ ਵਿਚ ਫਸਿਆ ਰਹਿੰਦਾ ਹੈਂ। ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮੁ **(ਅੰਮ੍ਰਿਤੁ)** ਤੇਰੇ ਅੰਦਰ ਵੱਸਿਆ ਹੋਇਆ ਹੈ, ਤੂੰ ਉਸ **ਅੰਮ੍ਰਿਤੁ** ਨੂੰ ਛੱਡ ਕੇ ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਨਾਲ ਚੰਬੜਿਆ ਹੋਇਆ ਹੈ।

***ਰੇ ਮੂੜੇ ਤੂ ਹੋਛੈ ਰਸਿ ਲਪਟਾਇਓ ॥ ਅੰਮ੍ਰਿਤੁ ਸੰਗਿ ਬਸਤੁ ਹੈ ਤੇਰੈ ਬਿਖਿਆ ਸਿਉ ਉਰਝਾਇਓ ॥੧॥ ਰਹਾਉ ॥** (੧੦੧੭)*

ਅਕਾਲ ਪੁਰਖੁ ਦਾ ਨਾਮੁ ਇਕ ਅਜੇਹਾ ਕੀਮਤੀ ਪਦਾਰਥ ਹੈ, ਜਿਹੜਾ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਪਰੇ ਤੇ ਵੱਖਰਾ ਹੀ ਰਹਿੰਦਾ ਹੈ, ਜੋਗ ਸਾਧਨਾਂ ਕਰਨ ਨਾਲ ਜਾਂ ਜੋਗ ਸਾਧਨ ਕਰਨ ਵਾਲਿਆਂ ਨੂੰ ਵੀ ਅਕਾਲ ਪੁਰਖੁ ਦਾ ਕੀਮਤੀ ਨਾਮੁ ਨਹੀਂ ਮਿਲਦਾ ਹੈ। ਗੁਰੂ ਦੇ ਖ਼ਜ਼ਾਨੇ ਵਿਚ ਹੀ ਅਕਾਲ ਪੁਰਖੁ ਦਾ ਨਾਮੁ ਇਕ ਅਜੇਹੀ ਕੀਮਤੀ ਚੀਜ਼ ਹੈ, ਜਿਸ ਤਕ ਮਨੁੱਖ ਦੀਆਂ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਅਕਾਲ ਪੁਰਖੁ ਦੇ ਆਤਮਕ ਜੀਵਨ ਦੇਣ ਵਾਲੇ ਨਾਮੁ **(ਅੰਮ੍ਰਿਤੁ)** ਦੀ ਕੋਠੜੀ, ਜੋ ਕਿ ਕੀਮਤੀ ਪਦਾਰਥਾ ਨਾਲ ਨਕੋ ਨਕ ਭਰੀ ਹੋਈ ਹੈ, ਉਹ ਸਿਰਫ ਗੁਰੂ ਦੇ ਖ਼ਜ਼ਾਨੇ ਵਿਚੋ ਹੀ ਮਿਲ ਸਕਦੀ ਹੈ।

*ਰਾਮਕਲੀ ਮਹਲਾ ੫ ॥ **ਤ੍ਰੈ ਗੁਣ ਰਹਤ ਰਹੈ ਨਿਰਾਰੀ ਸਾਧਿਕ ਸਿਧ ਨ ਜਾਨੈ ॥ ਰਤਨ ਕੋਠੜੀ ਅੰਮ੍ਰਿਤ ਸੰਪੂਰਨ ਸਤਿਗੁਰ ਕੈ ਖਜਾਨੈ** ॥੧॥ (੮੮੩)*

ਜਿਨ੍ਹਾਂ ਮਨੁੱਖਾਂ ਨੂੰ ਅਕਾਲ ਪੁਰਖੁ ਦਾ ਨਾਮੁ ਧਨ ਪ੍ਰਾਪਤ ਹੁੰਦਾ ਹੈ, ਉਨ੍ਹਾਂ ਨੂੰ ਮਾਨੋ ਸਾਰੇ ਸੋਹਣੇ ਪਦਾਰਥ ਮਿਲ ਜਾਂਦੇ ਹਨ। ਸਭ ਦੇ ਮਾਲਕ ਅਕਾਲ ਪੁਰਖੁ ਦੇ ਸੋਹਣੇ ਚਰਨ ਭਗਤ ਜਨਾਂ ਦੇ ਮਨ ਵਾਸਤੇ ਨਿਵਾਸ ਅਸਥਾਨ ਹੁੰਦੇ ਹਨ, ਤੇ ਭਗਤ ਜਨ ਅਕਾਲ ਪੁਰਖੁ ਦੇ ਚਰਨਾਂ ਵਿਚ ਟਿਕੇ ਰਹਿਣ ਦੀ ਆਸ ਰੱਖ ਕੇ ਆਪਣਾ ਮਨੁੱਖਾ ਜੀਵਨ ਸਫਲ ਕਰਦੇ ਰਹਿੰਦੇ ਹਨ। ਭਗਤ ਜਨ ਆਪਣੇ ਮਨ ਤੇ ਸਰੀਰ ਦੁਆਰਾ ਅਕਾਲ ਪੁਰਖੁ ਦਾ ਨਾਮੁ ਸਿਮਰ ਸਿਮਰ ਕੇ, ਉਸ ਦੇ ਨਾਮੁ ਵਿਚ ਮਸਤ ਰਹਿੰਦੇ ਹਨ, ਤੇ, ਆਤਮਕ ਜੀਵਨ ਦੇਣ ਵਾਲਾ ਨਾਮੁ **(ਅੰਮ੍ਰਿਤੁ)** ਸਦਾ ਪੀਂਦੇ ਰਹਿੰਦੇ ਹਨ। ਭਗਤ ਜਨ ਸਦਾ ਨਾਮੁ ਅੰਮ੍ਰਿਤ ਪੀਂਦੇ ਰਹਿੰਦੇ ਹਨ ਤੇ ਵਿਸ਼ਿਆਂ ਵਿਕਾਰਾਂ ਵਲੋਂ ਸਦਾ ਅਡੋਲ ਚਿੱਤ ਟਿਕੇ ਰਹਿੰਦੇ ਹਨ। ਅਕਾਲ ਪੁਰਖੁ ਦੇ ਨਾਮੁ ਦੀ ਬਰਕਤਿ ਨਾਲ ਭਗਤ ਜਨਾਂ ਨੇ ਵਿਸ਼ਿਆਂ ਵਿਕਾਰਾਂ ਦੇ ਪਾਣੀ ਨੂੰ ਬੇਸੁਆਦ ਜਾਣ ਲਿਆ ਹੈ। ਭਗਤ ਜਨਾਂ ਉੱਤੇ ਸਭ ਦੀ ਪਾਲਣਾ ਕਰਨ ਵਾਲੇ ਅਕਾਲ ਪੁਰਖੁ ਕਿਰਪਾ ਕਰਦੇ ਰਹਿੰਦੇ ਹਨ, ਤੇ ਸਾਧ ਸੰਗਤਿ ਵਿਚ ਰਹਿ ਕੇ ਉਨ੍ਹਾਂ ਦਾ ਮਨ ਅਕਾਲ ਪੁਰਖੁ ਦੇ ਨਾਮੁ ਦੇ ਖ਼ਜ਼ਾਨੇ ਦਾ ਆਨੰਦ ਮਾਣਦਾ ਰਹਿੰਦਾ ਹੈ। ਭਗਤ ਜਨ ਅਕਾਲ ਪੁਰਖੁ ਦੇ ਸ੍ਰੇਸ਼ਟ ਨਾਮੁ ਨੂੰ ਆਪਣੇ ਮਨ ਵਿਚ ਪ੍ਰੋਈ ਰੱਖਦੇ ਹਨ, ਅਕਾਲ ਪੁਰਖੁ ਦਾ ਨਾਮੁ ਹੀ ਉਨ੍ਹਾਂ ਵਾਸਤੇ ਸਭ ਤੋਂ ਸ੍ਰੇਸ਼ਟ ਧਨ ਹੈ, ਨਾਮੁ ਵਿਚੋਂ ਹੀ ਉਹ ਅਨੇਕਾਂ ਆਤਮਕ ਸੁਖ ਆਨੰਦ ਮਾਣਦੇ ਹਨ। ਭਗਤ ਜਨਾਂ ਨੂੰ ਅਕਾਲ ਪੁਰਖੁ ਦਾ ਨਾਮੁ, ਜੋ ਕਿ ਪ੍ਰਾਣਾਂ ਦਾ ਆਸਰਾ ਹੈ, ਉਹ ਰਤਾ ਜਿਨ੍ਹੇ ਸਮੇਂ ਲਈ ਵੀ ਨਹੀਂ ਭੁੱਲਦਾ ਤੇ ਉਹ ਅਕਾਲ ਪੁਰਖੁ ਦੇ ਨਾਮੁ ਨੂੰ ਹਰ ਵੇਲੇ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ।

*ਛੰਤੁ ॥ ਸੁੰਦਰ ਸੁਆਮੀ ਧਾਮ ਭਗਤਹ ਬਿਸ੍ਰਾਮ ਆਸਾ ਲਗਿ ਜੀਵਤੇ ਜੀਉ ॥ ਮਨਿ ਤਨੇ ਗਲਤਾਨ ਸਿਮਰਤ ਪ੍ਰਭ ਨਾਮ ਹਰਿ ਅੰਮ੍ਰਿਤੁ ਪੀਵਤੇ ਜੀਉ ॥ **ਅੰਮ੍ਰਿਤੁ ਹਰਿ ਪੀਵਤੇ ਸਦਾ ਥਿਰੁ ਥੀਵਤੇ ਬਿਖੈ ਬਨੁ ਫੀਕਾ ਜਾਨਿਆ** ॥ ਭਏ ਕਿਰਪਾਲ ਗੋਪਾਲ ਪ੍ਰਭ ਮੇਰੇ ਸਾਧਸੰਗਤਿ ਨਿਧਿ ਮਾਨਿਆ ॥ ਸਰਬਸੋ ਸੂਖ ਆਨੰਦ ਘਨ ਪਿਆਰੇ ਹਰਿ ਰਤਨੁ ਮਨ ਅੰਤਰਿ ਸੀਵਤੇ ॥ ਇਕੁ ਤਿਲੁ ਨਹੀ ਵਿਸਰੈ ਪ੍ਰਾਨ ਆਧਾਰਾ ਜਪਿ ਜਪਿ ਨਾਨਕ ਜੀਵਤੇ ॥੩॥ (੮੦, ੮੧)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦੇ ਸੰਤ ਜਨਾਂ ਨੂੰ ਆਪਣੇ ਭਰਾ ਬਣਾ ਕੇ ਬੇਨਤੀ ਕਰਨੀ ਚਾਹੀਦੀ ਹੈ, ਕਿ ਮੈਨੂੰ ਮਿਲੋ, ਮੈਨੂੰ ਮੇਰੇ ਹਰੀ ਅਕਾਲ ਪੁਰਖੁ ਦੀ ਦੱਸ ਪਾਵੋ, ਮੈਨੂੰ ਉਸ ਦੇ ਦੀਦਾਰ ਦੀ ਭੁੱਖ ਲੱਗੀ ਹੋਈ ਹੈ। ਸਾਰੇ ਜਗਤ ਦੇ ਜੀਵਨ ਦਾਤੇ ਅਕਾਲ ਪੁਰਖੁ ਅੱਗੇ ਇਹੀ ਬੇਨਤੀ ਕਰਨੀ ਹੈ, ਕਿ ਮੇਰੀ ਇਹ ਸਰਧਾ ਪੂਰੀ ਕਰ ਦਿਓ ਕਿ ਤੇਰੇ ਦੀਦਾਰ ਵਿਚ ਲੀਨ ਹੋ ਕੇ, ਮੇਰਾ ਮਨ ਤੇਰੇ ਨਾਮੁ ਅੰਮ੍ਰਿਤ ਨਾਲ ਚੰਗੀ ਤਰ੍ਹਾਂ ਭਿਜ ਜਾਏ। ਮੇਰਾ ਮਨ ਇਹੀ ਲੋਚਦਾ ਹੈ, ਕਿ ਸਾਧ ਸੰਗਤਿ ਵਿਚ ਮਿਲ ਬੈਠ ਕੇ ਮੈਂ

ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰਾਂ, ਕਿਉਂਕਿ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀਆਂ ਗੱਲਾਂ ਮੇਰੇ ਮਨ ਨੂੰ ਪਿਆਰੀਆਂ ਲੱਗਦੀਆਂ ਹਨ। ਆਤਮਕ ਜੀਵਨ ਦੇਣ ਵਾਲਾ ਅਕਾਲ ਪੁਰਖੁ ਦਾ ਨਾਮੁ **(ਅੰਮ੍ਰਿਤੁ)** ਮੇਰੇ ਮਨ ਨੂੰ ਚੰਗਾ ਲਗਦਾ ਹੈ ਤੇ ਇਹ ਨਾਮੁ **(ਅੰਮ੍ਰਿਤੁ)** ਸਤਿਗੁਰੂ ਨੂੰ ਮਿਲ ਕੇ ਹੀ ਪੀਤਾ ਜਾ ਸਕਦਾ ਹੈ। ਵੱਡੇ ਭਾਗਾਂ ਵਾਲੇ ਮਨੁੱਖ ਅਕਾਲ ਪੁਰਖੁ ਦਾ ਮਿਲਾਪ ਕਰਾਣ ਵਾਲੀ ਸਾਧ ਸੰਗਤਿ ਪ੍ਰਾਪਤ ਕਰਦੇ ਹਨ। ਪਰੰਤੂ ਅਭਾਗੇ ਲੋਕ ਭਰਮਾਂ ਕਰਕੇ ਭਟਕਦੇ ਰਹਿੰਦੇ ਹਨ ਤੇ ਵਿਕਾਰਾਂ ਦੀਆਂ ਚੋਟਾਂ ਖਾਂਦੇ ਰਹਿੰਦੇ ਹਨ। ਚੰਗੀ ਕਿਸਮਤ ਤੋਂ ਬਿਨਾ ਸਾਧ ਸੰਗਤਿ ਨਹੀਂ ਮਿਲਦੀ ਤੇ ਸਾਧ ਸੰਗਤਿ ਤੋਂ ਬਿਨਾ ਮਨੁੱਖ ਦਾ ਮਨ ਵਿਕਾਰਾਂ ਦੀ ਮੈਲ ਨਾਲ ਭਰਿਆ ਰਹਿੰਦਾ ਹੈ। ਇਸ ਲਈ ਜਗਤ ਨੂੰ ਜੀਵਨ ਦੇਣ ਵਾਲੇ ਪਿਆਰੇ ਅਕਾਲ ਪੁਰਖੁ ਅੱਗੇ ਇਹੀ ਬੇਨਤੀ ਕਰਨੀ ਹੈ ਕਿ ਮੈਨੂੰ ਆ ਕੇ ਮਿਲੋ, ਤੇ ਆਪਣੇ ਮਨ ਵਿਚ ਦਇਆ ਧਾਰ ਕੇ ਮੈਨੂੰ ਆਪਣਾ ਨਾਮੁ ਦਿਓ। ਗੁਰੂ ਦੀ ਮਤਿ ਸਦਕਾ ਜਿਸ ਮਨੁੱਖ ਦੇ ਮਨ ਨੂੰ ਅਕਾਲ ਪੁਰਖੁ ਦਾ ਨਾਮੁ ਮਿੱਠਾ ਤੇ ਪਿਆਰਾ ਲੱਗਦਾ ਹੈ, ਉਸ ਦਾ ਮਨ ਸਦਾ ਨਾਮੁ **(ਅੰਮ੍ਰਿਤੁ)** ਵਿਚ ਹੀ ਭਿੱਜਿਆ ਰਹਿੰਦਾ ਹੈ।

*ਮਾਝ ਮਹਲਾ ੪ ॥ ਹਰਿ ਜਨ ਸੰਤ ਮਿਲਹੁ ਮੇਰੇ ਭਾਈ ॥ ਮੇਰਾ ਹਰਿ ਪ੍ਰਭੁ ਦਸਹੁ ਮੈ ਭੁਖ ਲਗਾਈ ॥ ਮੇਰੀ ਸਰਧਾ ਪੂਰਿ ਜਗਜੀਵਨ ਦਾਤੇ ਮਿਲਿ ਹਰਿ ਦਰਸਨਿ ਮਨੁ ਭੀਜੈ ਜੀਉ ॥੧॥ ਮਿਲਿ ਸਤਸੰਗਿ ਬੋਲੀ ਹਰਿ ਬਾਣੀ ॥ ਹਰਿ ਹਰਿ ਕਥਾ ਮੇਰੈ ਮਨਿ ਭਾਣੀ ॥ **ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ** ॥੨॥ ਵਡਭਾਗੀ ਹਰਿ ਸੰਗਤਿ ਪਾਵਹਿ ॥ ਭਾਗਹੀਨ ਭ੍ਰਮਿ ਚੋਟਾ ਖਾਵਹਿ ॥ ਬਿਨੁ ਭਾਗਾ ਸਤਸੰਗੁ ਨ ਲਭੈ ਬਿਨੁ ਸੰਗਤਿ ਮੈਲੁ ਭਰੀਜੈ ਜੀਉ ॥੩॥ ਮੈ ਆਇ ਮਿਲਹੁ ਜਗਜੀਵਨ ਪਿਆਰੇ ॥ ਹਰਿ ਹਰਿ ਨਾਮੁ ਦਇਆ ਮਨਿ ਧਾਰੇ ॥ ਗੁਰਮਤਿ ਨਾਮੁ ਮੀਠਾ ਮਨਿ ਭਾਇਆ ਜਨ ਨਾਨਕ ਨਾਮਿ ਮਨੁ ਭੀਜੈ ਜੀਉ ॥੪॥੪॥*

*(੯੫)*

ਗੁਰੂ ਸਾਹਿਬ ਸਮਝਾਂਦੇ ਹਨ ਕਿ ਅਕਾਲ ਪੁਰਖੁ ਦਾ ਨਾਮੁ ਅੰਮ੍ਰਿਤ ਰੂਪੀ ਖ਼ਜ਼ਾਨਾ ਹੈ, ਇਸ ਅੰਮ੍ਰਿਤ ਨੂੰ ਸਤਿਸੰਗ ਵਿਚ ਮਿਲ ਕੇ ਪੀਵੋ। ਉਸ ਨਾਮੁ **(ਅੰਮ੍ਰਿਤੁ)** ਨੂੰ ਸਿਮਰਿਆਂ ਹੀ ਸੁਖ ਮਿਲਦਾ ਹੈ, ਤੇ ਮਾਇਆ ਦੀ ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ। ਇਸ ਲਈ ਗੁਰੂ ਅਕਾਲ ਪੁਰਖ ਦੀ ਸੇਵਾ ਕਰ, ਫਿਰ ਮਾਇਆ ਦੀ ਕੋਈ ਭੁਖ ਨਹੀਂ ਰਹਿ ਜਾਵੇਗੀ। ਨਾਮੁ **(ਅੰਮ੍ਰਿਤੁ)** ਨੂੰ ਸਿਮਰਨ ਨਾਲ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਤੇ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ। ਗੁਰੂ ਸਾਹਿਬ ਬੇਨਤੀ ਕਰਕੇ ਸਮਝਾਂਦੇ ਹਨ, ਕਿ ਹੇ ਅਕਾਲ ਪੁਰਖੁ ! ਤੇਰੇ ਬਰਾਬਰ ਦਾ ਤੂੰ ਆਪ ਹੀ ਹੋ ਸਕਦਾ ਹੈ। ਇਸ ਲਈ ਨਾਮੁ **(ਅੰਮ੍ਰਿਤੁ)** ਦੀ ਦਾਤ ਲੈਣ ਲਈ, ਉਸ ਅਕਾਲ ਪੁਰਖ ਦੀ ਸ਼ਰਨ ਵਿਚ ਪੈਣਾ ਚਾਹੀਦਾ ਹੈ।

*ਸਲੋਕ ਮਃ ੫ ॥ ਪਉੜੀ ॥ **ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ ॥** ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ ॥ ਕਰਿ ਸੇਵਾ ਪਾਰਬ੍ਰਹਮ ਗੁਰ ਭੁਖ ਰਹੈ ਨ ਕਾਈ ॥ ਸਗਲ ਮਨੋਰਥ ਪੁੰਨਿਆ ਅਮਰਾ ਪਦੁ ਪਾਈ ॥ ਤੁਧੁ ਜੇਵਡੁ ਤੂਹੈ ਪਾਰਬ੍ਰਹਮ ਨਾਨਕ ਸਰਣਾਈ ॥੩॥ (੩੧੮)*

ਨਾਮੁ ਰੂਪੀ ਅੰਮ੍ਰਿਤ ਹਰੇਕ ਜੀਵ ਦੇ ਹਿਰਦੇ ਰੂਪੀ ਘਰ ਵਿਚ ਹੀ ਭਰਿਆ ਹੋਇਆ ਹੈ, ਪਰੰਤੂ ਮਨਮੁਖਾਂ ਨੂੰ ਉਸ ਦਾ ਸੁਆਦ ਨਹੀਂ ਚੰਗਾ ਲਗਦਾ ਹੈ। ਇਹ ਬਿਲਕੁਲ ਉਸੇ ਤਰ੍ਹਾਂ ਹੈ ਜਿਸ ਤਰ੍ਹਾਂ ਕਸਤੂਰੀ ਤਾਂ ਹਿਰਨ ਦੀ ਆਪਣੀ ਨਾਭੀ ਵਿਚ ਹੈ, ਪਰੰਤੂ ਹਿਰਨ ਇਹ ਨਹੀਂ ਸਮਝਦਾ ਕਿ ਕਸਤੂਰੀ ਉਸ ਦੀ ਆਪਣੀ ਨਾਭੀ ਵਿਚ ਹੀ ਹੈ, ਜਿਸ ਕਰਕੇ ਉਹ ਭਰਮ ਵਿਚ ਭੁਲਿਆ ਹੋਇਆ ਇਧਰ ਉਧਰ ਭਟਕਦਾ ਰਹਿੰਦਾ ਹੈ। ਠੀਕ ਉਸੇ ਤਰ੍ਹਾਂ ਇਕ ਮਨਮੁਖ ਦੀ ਹਾਲਤ ਹੁੰਦੀ ਹੈ। ਨਾਮੁ ਅੰਮ੍ਰਿਤ ਜੋ ਕਿ ਉਸ ਦੇ ਆਪਣੇ ਅੰਦਰ ਹੈ, ਉਸ ਨੂੰ ਛੱਡ ਕੇ ਉਹ ਮਨਮੁਖ ਵਿਕਾਰਾਂ ਦਾ ਜਹਿਰ ਇਕੱਠਾ ਕਰਦਾ ਰਹਿੰਦਾ ਹੈ। ਪਰੰਤੂ ਉਸ ਮਨੁੱਖ ਦੇ ਵੀ ਕੀ ਵੱਸ ਵਿਚ ਹੈ, ਕਰਤਾਰ ਨੇ ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ, ਉਸ ਨੂੰ ਆਪ ਹੀ ਖੁੰਝਾਇਆ ਹੋਇਆ ਹੈ। ਵਿਰਲੇ ਗੁਰਮੁਖਾਂ ਨੂੰ ਹੀ ਅਜੇਹੀ ਸਮਝ ਪੈਂਦੀ ਹੈ, ਤੇ ਉਨ੍ਹਾਂ ਨੂੰ ਆਪਣੇ ਹਿਰਦੇ ਵਿਚ ਹੀ ਅਕਾਲ ਪੁਰਖੁ ਦਿੱਸ ਪੈਂਦਾ ਹੈ। ਫਿਰ ਉਨ੍ਹਾਂ ਦੇ ਮਨ ਤੇ ਸਰੀਰ ਠੰਢੇ ਠਾਰ ਹੋ ਜਾਂਦੇ ਹਨ ਤੇ ਜੀਭ ਨਾਲ ਅਕਾਲ ਪੁਰਖੁ ਦਾ ਨਾਮੁ ਜਪ ਜਪ ਕੇ, ਉਨ੍ਹਾਂ ਨੂੰ ਨਾਮੁ **(ਅੰਮ੍ਰਿਤੁ)** ਦਾ ਸੁਆਦ ਆ ਜਾਂਦਾ ਹੈ। ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮੁ **(ਅੰਮ੍ਰਿਤੁ)** ਦਾ ਅੰਕੁਰ ਹਿਰਦੇ ਵਿਚ ਉੱਗਦਾ ਹੈ ਤੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਨਾਲ ਮੇਲ ਹੁੰਦਾ ਹੈ। ਸਤਿਗੁਰੂ ਦੇ ਸ਼ਬਦ ਤੋਂ ਬਿਨਾ ਸਾਰਾ ਸੰਸਾਰ ਪਾਗਲ ਹੋਇਆ ਪਿਆ ਹੈ ਤੇ ਮਨੁੱਖਾ ਜਨਮ ਵਿਅਰਥ ਗਵਾ ਰਿਹਾ ਹੈ। ਗੁਰੂ ਸਾਹਿਬ ਸਮਝਾਂਦੇ ਹਨ ਕਿ ਗੁਰੂ ਦਾ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਨਾਮੁ **(ਅੰਮ੍ਰਿਤੁ)** ਹੈ, ਜੋ ਸਤਿਗੁਰੂ ਦੇ ਸਨਮੁਖ ਰਹਿੰਣ ਵਾਲੇ ਗੁਰਮੁਖਾਂ ਨੂੰ ਮਿਲਦਾ ਹੈ।

*ਮਃ ੩ ॥ ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ ॥ ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ ॥ ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ ॥ ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ ॥ ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ ॥ **ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ ॥ ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ ॥ ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ** ॥੨॥*

*(੬੪੪)*

ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਮਨੁੱਖ ਆਪਣਾ ਆਤਮਕ ਜੀਵਨ ਸੋਹਣਾ ਬਣਾ ਸਕਦਾ ਹੈ। ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲੀ **(ਅੰਮ੍ਰਿਤੁ)** ਬਾਣੀ ਹੈ, ਤੇ ਇਸ ਗੁਰਬਾਣੀ ਨਾਲ ਜੁੜ ਕੇ ਹਰ ਵੇਲੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਚਾਹੀਦਾ ਹੈ। ਜਿਸ ਮਨੁੱਖ ਦੇ ਹਿਰਦੇ ਅੰਦਰ ਸਦਾ ਕਾਇਮ ਰਹਿਣ ਵਾਲਾ ਅਕਾਲ ਪੁਰਖੁ ਵੱਸ ਜਾਂਦਾ ਹੈ, ਫਿਰ ਉਸ ਮਨੁੱਖ ਦਾ ਹਿਰਦਾ ਪਵਿਤਰ ਹੋ ਜਾਂਦਾ ਹੈ। ਅਜੇਹੇ ਸੇਵਕ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੀ ਸੇਵਾ ਭਗਤੀ ਕਰਦੇ ਹਨ, ਸਿਫ਼ਤਿ ਸਾਲਾਹ ਕਰਦੇ ਹਨ, ਤੇ ਅਕਾਲ ਪੁਰਖੁ ਦੇ ਪ੍ਰੇਮ ਰੰਗ ਵਿਚ ਮਸਤ ਹੋ ਕੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ।

*__ਗੁਰ ਕਾ ਸਬਦੁ ਅੰਮ੍ਰਿਤ ਹੈ ਬਾਣੀ__ ॥ ਅਨਦਿਨੁ ਹਰਿ ਕਾ ਨਾਮੁ ਵਖਾਣੀ ॥ ਹਰਿ ਹਰਿ ਸਚਾ ਵਸੈ ਘਟ ਅੰਤਰਿ ਸੋ ਘਟੁ ਨਿਰਮਲੁ ਤਾਹਾ ਹੇ ॥੧੦॥ (੧੦੫੭)*

**ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਅੰਮ੍ਰਿਤੁ ਅਕਾਲ ਪੁਰਖੁ ਦਾ ਨਾਮੁ ਹੀ ਹੈ ਤੇ ਇਹ ਨਾਮੁ (ਅੰਮ੍ਰਿਤੁ) ਸਤਿਗੁਰੂ ਨੂੰ ਮਿਲ ਕੇ ਹੀ ਪੀਤਾ ਜਾ ਸਕਦਾ ਹੈ। ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਹੀ ਅੰਮ੍ਰਿਤ ਦਾ ਸੁਆਦ ਦੇਣ ਵਾਲੀ ਹੈ, ਤੇ ਇਹ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੈ। ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਉਪਦੇਸ਼ ਸੁਣੋ। ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮੁ (ਅੰਮ੍ਰਿਤੁ) ਦਾ ਅੰਕੁਰ ਹਿਰਦੇ ਵਿਚ ਉੱਗਦਾ ਹੈ ਤੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਨਾਲ ਮੇਲ ਹੁੰਦਾ ਹੈ।**

- ਗੁਰੂ ਗਰੰਥ ਸਾਹਿਬ ਅਨੁਸਾਰ ਅਕਾਲ ਪੁਰਖੁ ਦਾ ਨਾਮੁ ਹੁਕਮੁ ਹੈ, ਸਬਦ ਹੈ, ਸਚੁ ਹੈ, ਬਹੁਤ ਮਿਠਾ ਹੈ, ਰਸੁ ਵਾਲਾ ਹੈ, ਅੰਮ੍ਰਿਤ ਹੈ, ਨਿਰਮਲੁ ਜਲ ਦੀ ਤਰ੍ਹਾਂ ਹੈ, ਗੁਪਤ ਰੂਪ ਵਿਚ ਵਰਤ ਰਿਹਾ ਹੈ ਤੇ ਗੁਰਮੁਖਾਂ ਦੇ ਹਿਰਦੇ ਵਿਚ ਪ੍ਰਗਟ ਵੀ ਹੋ ਰਿਹਾ ਹੈ।
- ਗੁਰੂ ਸਾਹਿਬਾਂ ਨੇ ਗੁਰੂ ਗਰੰਥ ਸਾਹਿਬ ਵਿਚ ਕਿਤੇ ਵੀ ਸਪੱਸ਼ਟ ਕਰਕੇ ਨਹੀਂ ਕਿਹਾ ਕਿ ਕੋਈ ਇਕ ਅੱਖਰ ਜਾਂ ਸਬਦ ਅਕਾਲ ਪੁਰਖੁ ਦਾ ਨਾਂ ਹੈ, ਕਿਉਂਕਿ ਅਕਾਲ ਪੁਰਖੁ ਨੂੰ ਸੀਮਿਤ ਨਹੀਂ ਕੀਤਾ ਜਾ ਸਕਦਾ।
- ਗੁਰੂ ਸਾਹਿਬਾਂ ਨੇ ਏਕਾ ਸਬਦੀ ਵਾਲਿਆਂ ਨੂੰ ਵੀ ਗੁਰਬਾਣੀ ਅਨੁਸਾਰ ਪ੍ਰਵਾਨ ਨਹੀਂ ਕੀਤਾ ਹੈ "***ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ***" (੬੫੪)।
- ਅਸੀਂ ਆਪਸੀ ਸਮਝ, ਸਹੂਲਤ ਤੇ ਸਾਂਝ ਕਰਨ ਲਈ ਦੋ ਅੱਖਰੀ ਸਬਦ "**ਅਕਾਲ ਪੁਰਖੁ**" ਵਰਤ ਸਕਦੇ ਹਾਂ, ਜਿਸ ਤਰ੍ਹਾਂ ਕਿ ਗੁਰੂ ਸਾਹਿਬਾਂ ਨੇ ਵੀ ਗੁਰੂ ਗਰੰਥ ਸਾਹਿਬ ਵਿਚ ੨ ਵਾਰੀ ਵਰਤਿਆ ਹੈ।
- ਜਿਸ ਤਰ੍ਹਾਂ ਸਕੂਲ ਵਿਚ ਦੁਨਿਆਵੀ ਸਿਖਿਆ ਲੈਣ ਲਈ, ਪੜ੍ਹਾਈ ਸ਼ੁਰੂ ਕਰਨ ਤੋਂ ਪਹਿਲਾਂ ਫਾਰਮ ਭਰ ਕੇ ਦਾਖਲਾ ਲੈਣਾਂ ਜਰੂਰੀ ਹੈ, ਇਸੇ ਤਰ੍ਹਾਂ ਗੁਰੂ ਘਰ ਵਿਚ ਦਾਖਲਾ ਲੈਣ ਲਈ ਖੰਡੇ ਬਾਟੇ ਕੀ ਪਾਹੁਲ ਬਹੁਤ ਜਰੂਰੀ ਹੈ।
- ਜੁਗੋ ਜੁਗ ਅਟੱਲ ਗੁਰੂ ਗਰੰਥ ਸਾਹਿਬ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ ਕਿ "**ਅੰਮ੍ਰਿਤੁ ਹਰਿ ਕਾ ਨਾਮੁ**" ਹੈ।
- ਗੁਰੂ ਗਰੰਥ ਸਾਹਿਬ ਵਿਚ ਇਤਨੀ ਵਾਰੀ ਸਮਝਾਣ ਦੇ ਬਾਅਦ ਵੀ ਜੇਕਰ ਅਸੀਂ **ਖੰਡੇ ਬਾਟੇ ਕੀ ਪਾਹੁਲ** ਤੇ **ਅੰਮ੍ਰਿਤੁ** ਵਿਚ ਕੋਈ ਫਰਕ ਨਹੀਂ ਸਮਝ ਸਕੇ ਤਾਂ ਕਹਿਣਾਂ ਪਵੇਗਾ ਕਿ ਜਾਂ ਤਾਂ ਅਸੀਂ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਨੂੰ ਪੜ੍ਹਦੇ ਹੀ ਨਹੀਂ, ਤੇ ਜਾਂ ਗੁਰੂ ਗਰੰਥ ਸਾਹਿਬ ਅਨੁਸਾਰ ਆਪਣੇ ਜੀਵਨ ਵਿਚ ਵਿਚਰਨ ਤੋਂ ਇਨਕਾਰੀ ਹੋ ਚੁਕੇ ਹਾਂ।
- **ਅਕਾਲ ਪੁਰਖੁ ਦੀ ਮੇਹਰ ਨਾਲ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਮਨ ਨੂੰ ਪਿਆਰਾ ਲੱਗਦਾ ਹੈ।**
- ਗੁਰੂ ਦੀ ਸੰਗਤਿ ਵਿਚ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਸਿਮਰਿਆ ਜਾ ਸਕਦਾ ਹੈ।
- ਅਕਾਲ ਪੁਰਖੁ ਦੇ ਚਰਨਾਂ ਵਿਚ ਇਹੀ ਅਰਦਾਸ ਕਰਨੀ ਹੈ, ਹੇ ਦਾਤਾਰ ! ਮੇਰੇ ਅੰਦਰ ਅਜੇਹੀ ਇਛਾ ਪੈਦਾ ਕਰੋ ਕਿ ਮੈਂ ਦਿਨ ਰਾਤ ਸਦਾ ਆਪ ਦੇ ਗੁਣ ਗਾਇਨ ਕਰਦਾ ਰਹਾਂ।
- ਇਸ ਜਗਤ ਦੇ ਕਈ ਲੋਕ ਵੀ ਪਪੀਹੇ ਦੀ ਤਰ੍ਹਾਂ, ਆਮ ਪਾਣੀ ਨੂੰ ਹੀ **ਅੰਮ੍ਰਿਤੁ-ਨਾਮੁ** ਸਮਝ ਕੇ ਇਕ ਦੂਜੇ ਦੇ ਪਿਛੇ ਲਗ ਕੇ ਪੀਣ ਲਈ ਤੁਰ ਪੈਂਦੇ ਹਨ। ਸਿਰਫ ਅਕਾਲ ਪੁਰਖੁ ਦਾ ਨਾਮੁ ਹੀ ਐਸਾ ਅੰਮ੍ਰਿਤ ਹੈ, ਜਿਸ ਨੂੰ ਪੀਤਿਆਂ ਮਨੁੱਖ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਮਿਟ ਸਕਦੀ ਹੈ।
- ਇਹ ਹਮੇਸ਼ਾਂ ਧਿਆਨ ਵਿਚ ਰੱਖਣਾ ਹੈ ਕਿ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ **ਨਾਮੁ (ਅੰਮ੍ਰਿਤੁ)** ਸਿਰਫ ਗੁਰੂ ਤੋਂ ਹੀ ਮਿਲਦਾ ਹੈ।

- ਅਕਾਲ ਪੁਰਖੁ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੀ ਅਸਲੀ ਰਤਨ ਜਵਾਹਰ ਤੇ ਮੋਤੀ ਹੈ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਦੀ ਬਰਕਤਿ ਨਾਲ ਹੀ ਸੁਖ, ਆਤਮਕ ਅਡੋਲਤਾ ਤੇ ਆਨੰਦ ਦੇ ਰਸ ਪ੍ਰਾਪਤ ਹੁੰਦੇ ਹਨ।
- ਗੁਰੂ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਸਿੱਖਿਆ ਵਜੋਂ ਦੇਂਦਾ ਹੈ, ਅਜੇਹੇ ਮਨੁੱਖ ਜੀਵਨ ਦੇ ਸਫ਼ਰ ਵਿਚ ਗੁਰੂ ਦੇ ਦੱਸੇ ਹੋਏ ਮਾਰਗ ਅਨੁਸਾਰ ਚਲਦੇ ਹਨ, ਤੇ ਕਿਸੇ ਹੋਰ ਪਾਸੇ ਵੱਲ ਭਟਕਦੇ ਨਹੀਂ ਫਿਰਦੇ।
- ਸਬਦ ਗੁਰੂ ਦੇ ਦਰ ਤੇ ਰਹਿ ਕੇ ਹੀ ਵਿਕਾਰਾਂ ਦੀ ਮੈਲ ਧੋਣ ਨਾਲ ਮਨੁੱਖ ਦਾ ਹਿਰਦਾ ਪਵਿਤ੍ਰ ਹੋ ਸਕਦਾ ਹੈ।
- ਜਿਹੜਾ ਮਨੁੱਖ ਨਿਮਾਣਾਂ ਹੋ ਕੇ ਗੁਰੂ ਦੇ ਦਰ ਤੇ ਡਿੱਗ ਪੈਂਦਾ ਹੈ, ਅਕਾਲ ਪੁਰਖੁ ਉਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਆਪ ਬਖ਼ਸ਼ਦਾ ਹੈ।
- **ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਹੀ ਅੰਮ੍ਰਿਤ ਦਾ ਸੁਆਦ ਦੇਣ ਵਾਲੀ ਹੈ, ਤੇ ਇਹ ਹੀ ਅਕਾਲ ਪੁਰਖੁ ਦਾ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੈ।**
- **ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਉਪਦੇਸ਼ ਸੁਣੋ।**
- ਅਕਾਲ ਪੁਰਖੁ ਸਿਆਣਾ ਹੈ, ਸੁਜਾਣ ਹੈ, ਸਦਾ ਮੰਨਿਆ ਪਰਮੰਨਿਆ ਹੈ ਤੇ ਉਸ ਦਾ ਨਾਮੁ ਆਤਮਕ ਜੀਵਨ ਦੇਣ ਵਾਲਾ ਅੰਮ੍ਰਿਤੁ ਹੈ।
- ਗੁਰੂ ਸਾਹਿਬ ਮਨ ਨੂੰ ਸਮਝਾਂਦੇ ਹਨ ਕਿ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਤੇਰੇ ਅੰਦਰ ਵੱਸਿਆ ਹੋਇਆ ਹੈ, ਤੂੰ ਉਸ ਅੰਮ੍ਰਿਤੁ ਨੂੰ ਛੱਡ ਕੇ ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਨਾਲ ਚੰਬੜਿਆ ਹੋਇਆ ਹੈ।
- ਗੁਰੂ ਦੇ ਖ਼ਜ਼ਾਨੇ ਵਿਚ ਹੀ ਅਕਾਲ ਪੁਰਖੁ ਦਾ ਨਾਮੁ ਇਕ ਅਜੇਹੀ ਕੀਮਤੀ ਚੀਜ਼ ਹੈ, ਜਿਸ ਤਕ ਮਨੁੱਖ ਦੀਆਂ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਅਕਾਲ ਪੁਰਖੁ ਦੇ ਆਤਮਕ ਜੀਵਨ ਦੇਣ ਵਾਲੇ ਨਾਮੁ (ਅੰਮ੍ਰਿਤੁ) ਦੀ ਕੋਠੜੀ ਜੋ ਕਿ ਕੀਮਤੀ ਪਦਾਰਥਾ ਨਾਲ ਨਕੋ ਨਕ ਭਰੀ ਹੋਈ ਹੈ, ਉਹ ਸਿਰਫ ਗੁਰੂ ਦੇ ਖ਼ਜ਼ਾਨੇ ਵਿਚੋ ਹੀ ਮਿਲ ਸਕਦੀ ਹੈ।
- ਭਗਤ ਜਨ ਆਪਣੇ ਮਨ ਤੇ ਸਰੀਰ ਦੁਆਰਾ ਅਕਾਲ ਪੁਰਖੁ ਦਾ ਨਾਮੁ ਸਿਮਰ ਸਿਮਰ ਕੇ, ਉਸ ਦੇ ਨਾਮੁ ਵਿਚ ਮਸਤ ਰਹਿੰਦੇ ਹਨ, ਤੇ, ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਸਦਾ ਪੀਂਦੇ ਰਹਿੰਦੇ ਹਨ।
- ਗੁਰੂ ਸਾਹਿਬ ਸਮਝਾਂਦੇ ਹਨ ਕਿ ਆਤਮਕ ਜੀਵਨ ਦੇਣ ਵਾਲਾ ਅਕਾਲ ਪੁਰਖੁ ਦਾ ਨਾਮੁ (ਅੰਮ੍ਰਿਤੁ) ਮੇਰੇ ਮਨ ਨੂੰ ਚੰਗਾ ਲਗਦਾ ਹੈ ਤੇ ਇਹ ਨਾਮੁ (ਅੰਮ੍ਰਿਤੁ) ਸਤਿਗੁਰੂ ਨੂੰ ਮਿਲ ਕੇ ਹੀ ਪੀਤਾ ਜਾ ਸਕਦਾ ਹੈ।
- ਗੁਰੂ ਦੀ ਮਤਿ ਸਦਕਾ ਜਿਸ ਮਨੁੱਖ ਦੇ ਮਨ ਨੂੰ ਅਕਾਲ ਪੁਰਖੁ ਦਾ ਨਾਮੁ ਮਿੱਠਾ ਤੇ ਪਿਆਰਾ ਲੱਗਦਾ ਹੈ, ਉਸ ਦਾ ਮਨ ਸਦਾ ਨਾਮੁ (ਅੰਮ੍ਰਿਤੁ) ਵਿਚ ਭਿੱਜਿਆ ਰਹਿੰਦਾ ਹੈ।
- ਨਾਮੁ (ਅੰਮ੍ਰਿਤੁ) ਨੂੰ ਸਿਮਰਨ ਨਾਲ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਤੇ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ। ਇਸ ਲਈ ਅਕਾਲ ਪੁਰਖੁ ਦੇ ਨਾਮੁ ਅੰਮ੍ਰਿਤ ਰੂਪੀ ਖ਼ਜ਼ਾਨੇ ਨੂੰ ਸਤਿਸੰਗ ਵਿਚ ਮਿਲ ਕੇ ਪੀਵੋ।
- ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮੁ (ਅੰਮ੍ਰਿਤੁ) ਦਾ ਅੰਕੁਰ ਹਿਰਦੇ ਵਿਚ ਉੱਗਦਾ ਹੈ ਤੇ ਸ਼ਬਦ ਦੁਆਰਾ ਹੀ ਅਕਾਲ ਪੁਰਖੁ ਨਾਲ ਮੇਲ ਹੁੰਦਾ ਹੈ।
- ਗੁਰੂ ਦਾ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੈ, ਜੋ ਸਤਿਗੁਰੂ ਦੇ ਸਨਮੁਖ ਰਹਿੰਣ ਵਾਲੇ ਗੁਰਮੁਖਾਂ ਨੂੰ ਮਿਲਦਾ ਹੈ।

ਜੇਕਰ ਅਸੀਂ ਹਰ ਰੋਜ਼ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਹੀ ਗੁਣ ਗਾਇਨ ਕਰਾਂਗੇ ਤਾਂ ਇਹ ਗੁਣ ਸਾਡੇ ਅੰਦਰ ਵੀ ਆਪਣੇ ਆਪ ਆਉਂਣੇ ਸ਼ੁਰੂ ਹੋ ਜਾਣਗੇ। ਜਦੋਂ ਅਸੀਂ ਇਹ ਗੁਣ ਦੂਸਰਿਆਂ ਨਾਲ ਸੰਗਤੀ ਰੂਪ ਵਿਚ ਸਾਂਝੇ ਕਰਾਂਗੇ ਤਾਂ ਇਸ ਵਿਚ ਹੋਰ ਵਾਧਾ ਹੋਣ ਲਗ ਪਵੇਗਾ ਤੇ ਨਾਮੁ (ਅੰਮ੍ਰਿਤੁ) ਦੀ ਦਾਤ ਪ੍ਰਾਪਤ ਹੋਣ ਲਗ ਪਵੇਗੀ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਲਈ ਕੀ ਕਰਨਾ ਚਾਹੀਦਾ ਹੈ (ਨਾਮੁ, ਭਾਗ ੧੦)

# What we should do for Naam Japna according to Guru Granth Sahib (Naam, Part 10)

ਆਮ ਲੋਕਾਂ ਵਿਚ ਨਾਮੁ ਜਪਣ ਦਾ ਭਾਵ ਹੈ ਕਿ ਕਿਸੇ ਨਾਂ ਜਾਂ ਅੱਖਰ ਦਾ ਰਟਨ ਕਰੀ ਜਾਣਾਂ ਹੈ, ਜਦੋਂ ਕਿ ਗੁਰਬਾਣੀ ਅਨੁਸਾਰ ਅਜੇਹਾ ਰਟਨ ਪ੍ਰਵਾਨ ਨਹੀਂ। ਇਸ ਤਰ੍ਹਾਂ ਦੇ ਪ੍ਰਚਾਰ ਦਾ ਕਾਰਨ ਇਹ ਹੈ ਕਿ ਸਾਨੂੰ ਦੂਸਰੇ ਧਰਮਾਂ ਦੀਆਂ ਰਵਾਇਤਾਂ ਬਾਰੇ ਗਿਆਨ ਤਾਂ ਬਹੁਤ ਹੈ, ਪਰੰਤੂ ਅਸੀਂ ਕਦੇ ਵੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਅੰਮ੍ਰਿਤ ਰੂਪੀ ਬਾਣੀ ਵਿਚੋਂ ਆਪਣੇ ਸ਼ੰਕਿਆਂ ਦਾ ਨਿਵਾਰਨ ਕਰਨ ਲਈ ਉਪਰਾਲਾ ਜਾਂ ਖੋਜ ਕਰਨ ਦੀ ਕੋਸ਼ਿਸ ਨਹੀਂ ਕਰਦੇ। ਆਮ ਲੋਕਾਂ ਨੂੰ ਡੇਰੇ ਵਾਲੇ ਬਾਬਿਆਂ ਦੀਆਂ ਕਹਾਣੀਆਂ ਬੜੀਆਂ ਸੁਆਦਲੀਆਂ ਲੱਗਦੀਆਂ ਹਨ, ਕਿਉਂਕਿ ਉਨ੍ਹਾਂ ਦੇ ਤਰੀਕੇ ਜਿਆਦਾ ਆਸਾਨ ਤੇ ਸਿਧੇ ਹੁੰਦੇ ਹਨ, ਜਿਸ ਕਰਕੇ ਲੋਕਾਂ ਨੂੰ ਉਨ੍ਹਾਂ ਉਪਰ ਪੂਰਾ ਭਰੋਸਾ ਬਣ ਜਾਂਦਾ ਹੈ, ਤੇ ਉਹ ਲੋਕਾਂ ਦਾ ਵਿਸ਼ਵਾਸ ਜਿਤਣ ਵਿਚ ਕਾਮਯਾਬ ਵੀ ਹੋ ਜਾਂਦੇ ਹਨ। ਇਹੀ ਕਾਰਨ ਹੈ ਕਿ ਆਮ ਲੋਕ ਅਕਸਰ ਗੁਮਰਾਹ ਹੁੰਦੇ ਰਹਿੰਦੇ ਹਨ।




ਗੁਰਬਾਣੀ ਤਾਂ ਸਾਨੂੰ ਸਪੱਸ਼ਟ ਕਰਕੇ ਸਮਝਾਂਦੀ ਹੈ ਕਿ ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਮਨੁੱਖ ਦੇ ਜੀਵਨ ਵਿਚ ਹਨੇਰਾ ਹੀ ਹਨੇਰਾ ਹੈ, ਤੇ ਗੁਰੂ ਤੋਂ ਬਿਨਾ ਸਹੀ ਜੀਵਨ ਦੀ ਸਮਝ ਵੀ ਨਹੀਂ ਆ ਸਕਦੀ। ਗੁਰੂ ਤੋਂ ਬਿਨਾ ਮਨੁੱਖ ਦੀ ਸੁਰਤਿ ਉੱਚੀ ਨਹੀਂ ਹੁੰਦੀ ਤੇ ਜੀਵਨ ਵਿਚ ਸਫਲਤਾ ਵੀ ਪ੍ਰਾਪਤ ਨਹੀਂ ਹੁੰਦੀ, ਗੁਰੂ ਤੋਂ ਬਿਨਾ ਵਿਕਾਰਾਂ ਤੋਂ ਖਲਾਸੀ ਨਹੀਂ ਮਿਲਦੀ। ਕਵੀ ਨਲ੍ਹ ਜੀ ਆਪਣੇ ਮਨ ਨੂੰ ਸਮਝਾਂਦੇ ਹਨ, ਕਿ ਹੇ ਮੇਰੇ ਮਨ! ਸਤਿਗੁਰੂ ਦੀ ਸਰਨ ਵਿਚ ਆ ਕੇ ਸਦਾ ਥਿਰ ਰਹਿਣ ਵਾਲੇ ਸੱਚੇ ਅਕਾਲ ਪੁਰਖ ਬਾਰੇ ਵਿਚਾਰ ਕਰ ਤੇ ਉਸ ਨੂੰ ਸਦਾ ਯਾਦ ਕਰਦਾ ਰਹਿ। ਸਦਾ ਸ਼ਬਦ ਗੁਰੂ ਦੀ ਸਰਨ ਵਿਚ ਪਿਆ ਰਹਿ, ਇਸ ਤਰ੍ਹਾਂ ਕਰਨ ਨਾਲ ਤੇਰੇ ਸਾਰੇ ਪਾਪ ਕੱਟੇ ਜਾਣਗੇ। ਆਪਣੀਆਂ ਅੱਖਾਂ ਵਿਚ, ਆਪਣੇ ਬੋਲਾਂ ਵਿਚ, ਕੇਵਲ ਗੁਰੂ ਨੂੰ ਵਸਾਓ, ਕਿਉਂਕਿ ਗੁਰੂ ਸਦਾ ਲਈ ਥਿਰ ਰਹਿਣ ਵਾਲਾ ਹੈ। ਜਿਸ ਮਨੁੱਖ ਨੇ ਸਤਿਗੁਰੂ ਦੇ ਦਰਸ਼ਨ ਨਹੀਂ ਕੀਤੇ, ਤੇ ਜਿਹੜਾ ਮਨੁੱਖ ਸਤਿਗੁਰੂ ਦੀ ਸਰਨ ਨਹੀਂ ਪਿਆ, ਉਸ ਦਾ ਇਸ ਸੰਸਾਰ ਵਿਚ ਆਣਾਂ ਅਸਫਲ ਹੋ ਜਾਂਦਾ ਹੈ।

*ਗੁਰ ਬਿਨੁ ਘੋਰੁ ਅੰਧਾਰੁ ਗੁਰੂ ਬਿਨੁ ਸਮਝ ਨ ਆਵੈ ॥ ਗੁਰ ਬਿਨੁ ਸੁਰਤਿ ਨ ਸਿਧਿ ਗੁਰੂ ਬਿਨੁ ਮੁਕਤਿ ਨ ਪਾਵੈ ॥* ***ਗੁਰੁ ਕਰੁ ਸਚੁ ਬੀਚਾਰੁ ਗੁਰੂ ਕਰੁ ਰੇ ਮਨ ਮੇਰੇ ॥ ਗੁਰੁ ਕਰੁ ਸਬਦ ਸਪੁੰਨ ਅਘਨ ਕਟਹਿ ਸਭ ਤੇਰੇ ॥*** *ਗੁਰੁ ਨਯਣਿ ਬਯਣਿ ਗੁਰੁ ਗੁਰੁ ਕਰਹੁ ਗੁਰੂ ਸਤਿ ਕਵਿ ਨਲ੍ਯ ਕਹਿ ॥* ***ਜਿਨਿ ਗੁਰੂ ਨ ਦੇਖਿਅਉ ਨਹੁ ਕੀਅਉ ਤੇ ਅਕਯਥ ਸੰਸਾਰ ਮਹਿ*** *॥੪॥੮॥ (੧੩੯੯)*

ਜਦੋਂ ਕੋਈ ਮਨੁੱਖ ਆਪਣੇ ਦੁਖ ਦਰਦ ਕਿਸੇ ਹੋਰ ਦੂਸਰੇ ਨਾਲ ਸਾਂਝੇ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਅਕਸਰ ਉਹ ਦੂਸਰਾ ਮਨੁੱਖ ਸਗੋਂ ਆਪਣੇ ਅਨੇਕਾਂ ਦੁਖ ਦਰਦ ਵਾਪਿਸ ਸੁਣਾਣ ਲਗ ਪੈਂਦਾ ਹੈ। ਦੁਨੀਆ ਵਾਲੇ ਇਹ ਸਾਕ ਸਬੰਧੀ, ਮਿੱਤਰ, ਭਰਾ ਜਿਹੜੇ ਵੀ ਦਿਸਦੇ ਹਨ, ਉਹ ਸਭ ਆਪੋ ਆਪਣੇ ਮਨੋਰਥ ਵਾਸਤੇ ਹੀ ਮਿਲਦੇ ਹਨ। ਇਸ ਲਈ ਆਪਣਾ ਹਰੇਕ ਦੁਖ ਦਰਦ ਆਪਣੇ ਅਸਲੀ ਮਾਲਕ, ਅਕਾਲ ਪੁਰਖੁ ਨੂੰ ਹੀ ਬਿਆਨ ਕਰਨਾ ਚਾਹੀਦਾ ਹੈ, ਕਿਉਂਕਿ ਉਹ ਸਾਰੇ ਦੁਖਾਂ ਨੂੰ ਦੂਰ ਕਰ ਸਕਦਾ ਹੈ। ਜਿਹੜਾ ਅਕਾਲ ਪੁਰਖੁ ਇਕ ਖਿਨ ਵਿਚ ਸਾਰੇ ਪਾਪਾਂ ਦਾ ਨਾਸ ਕਰ ਸਕਦਾ ਹੈ, ਉਸ ਨੂੰ ਸਦਾ ਯਾਦ ਕਰਦੇ ਰਹਿਣਾਂ ਚਾਹੀਦਾ ਹੈ, ਉਸ ਦਾ ਧਿਆਨ ਆਪਣੇ ਮਨ ਵਿਚ ਰੱਖਣਾਂ ਚਾਹੀਦਾ ਹੈ। ਗੁਰੂ ਸਾਹਿਬ ਆਪਣੇ ਮਨ ਨੂੰ ਸੰਬੋਧਨ ਕਰਕੇ ਸਮਝਾਂਦੇ ਹਨ ਕਿ ਹੇ ਮੇਰੇ ਮਨ! ਸਦਾ ਅਕਾਲ ਪੁਰਖੁ ਉਤੇ ਭਰੋਸਾ ਰੱਖ, ਕਿਉਂਕਿ, ਅਸੀਂ ਜਿੱਥੇ ਵੀ ਜਾਈਏ, ਉਹ ਮਾਲਕ ਅਕਾਲ ਪੁਰਖੁ ਸਦਾ ਸਾਡੇ ਅੰਗ ਸੰਗ ਰਹਿੰਦਾ ਹੈ, ਤੇ, ਉਹ ਅਕਾਲ ਪੁਰਖੁ ਆਪਣੇ ਦਾਸਾਂ ਦੀ ਤੇ ਆਪਣੇ ਸੇਵਕਾਂ ਦੀ ਇੱਜ਼ਤ ਆਪ ਰੱਖਦਾ ਹੈ।

***ਮੇਰੇ ਮਨ ਹਰਿ ਊਪਰਿ ਕੀਜੈ ਭਰਵਾਸਾ ॥ ਜਹ ਜਾਈਐ ਤਹ ਨਾਲਿ ਮੇਰਾ ਸੁਆਮੀ ਹਰਿ ਅਪਨੀ ਪੈਜ ਰਖੈ ਜਨ ਦਾਸਾ ॥੧॥ ਰਹਾਉ ॥*** *(੮੬੦)*

ਸਤਿਗੁਰੂ ਮਨ ਦੀਆਂ ਇੱਛਾਂ ਪੂਰੀਆਂ ਕਰਨ ਵਾਲਾ ਤੀਰਥ ਹੈ, ਪਰੰਤੂ ਇਹ ਸਮਝ ਉਸ ਮਨੁੱਖ ਨੂੰ ਆਉਂਦੀ ਹੈ, ਜਿਸ ਨੂੰ ਗੁਰੂ ਆਪ ਸਮਝਾਏ। ਫਿਰ ਉਹ ਮਨੁੱਖ ਜੋ ਚਾਹੁੰਦਾ ਹੈ, ਗੁਰੂ ਪਾਸੋਂ ਫਲ ਹਾਸਲ ਕਰ ਸਕਦਾ ਹੈ। ਪਰੰਤੂ ਇਹ ਧਿਆਨ ਵਿਚ ਰੱਖਣਾਂ ਹੈ, ਕਿ ਗੁਰੂ ਪਾਸੋਂ ਨਾਮੁ ਦੀ ਦਾਤ ਹੀ ਮੰਗਣੀ ਚਾਹੀਦੀ ਹੈ, ਕਿਉਂਕਿ ਨਾਮੁ ਵਿਚ ਜੁੜਿਆ ਹੀ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਸਕਦਾ ਹੈ। ਇਸ ਲਈ ਇਕਾਗਰ ਚਿੱਤ ਹੋ ਕੇ ਪ੍ਰੇਮ ਨਾਲ ਆਪਣੇ ਸਤਿਗੁਰੂ ਦੀ ਸਰਨ ਵਿਚ ਆਉਣਾ ਹੈ। ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਦੀ ਸਰਨ ਲੈ ਲਈ, ਉਨ੍ਹਾਂ ਦੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਦਾ ਰਸ ਸਮਾ ਜਾਂਦਾ ਹੈ, ਤੇ ਉਨ੍ਹਾਂ ਦੇ ਮਨ ਅੰਦਰੋਂ ਹੰਕਾਰ ਦੂਰ ਹੋ ਜਾਂਦਾ ਹੈ। ਪਰੰਤੂ ਜਗਤ ਵਿਚ ਅਜੇਹੇ ਬੰਦੇ ਵਿਰਲੇ ਹੀ ਹਨ, ਜਿਹੜੇ ਸਤਿਗੁਰੂ ਦੀ ਸਰਨ ਲੈਂਦੇ ਹਨ, ਤੇ ਹਉਮੈ ਨੂੰ ਮਾਰ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਟਿਕਾ ਲੈਂਦੇ ਹਨ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ, ਕਿ ਅਕਾਲ ਪੁਰਖੁ ਦੇ ਨਾਮੁ ਦਾ ਸੁਆਦ ਚੱਖ, ਤਾਂ ਜੋ ਤੇਰੀ ਮਾਇਆ ਲਈ ਤ੍ਰਿਸ਼ਨਾ ਦੂਰ ਹੋ ਜਾਵੇ। ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੇ ਨਾਮੁ ਦਾ ਰਸ ਚਖ ਲਿਆ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।

***ਮਨ ਮੇਰੇ ਹਰਿ ਰਸੁ ਚਾਖੁ ਤਿਖ ਜਾਇ ॥ ਜਿਨੀ ਗੁਰਮੁਖਿ ਚਾਖਿਆ ਸਹਜੇ ਰਹੇ ਸਮਾਇ ॥੧॥ ਰਹਾਉ ॥*** *(੨੬)*

ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਦਾ ਨਾਮੁ ਸੁਣ ਕੇ ਮੰਨ ਲਿਆ ਹੈ, ਉਨ੍ਹਾਂ ਦਾ ਆਪਣੀ ਅੰਤਰ ਆਤਮਾ ਵਿਚ ਅਕਾਲ ਪੁਰਖੁ ਦਾ ਨਿਵਾਸ ਬਣਿਆ ਰਹਿੰਦਾ ਹੈ, ਤੇ ਮਨ ਬਾਹਰ ਭਟਕਣੋਂ ਹਟ ਜਾਂਦਾ ਹੈ। ਜਿਹੜੇ ਬੰਦੇ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ, ਉਹ ਪਵਿਤਰ ਆਚਰਨ ਵਾਲੇ ਹੋ ਜਾਂਦੇ ਹਨ, ਉਨ੍ਹਾਂ ਦੇ ਹਿਰਦੇ ਵਿਚ ਗਿਆਨ ਦਾ ਚਾਨਣ ਹੋ ਜਾਂਦਾ ਹੈ, ਤੇ ਉਨ੍ਹਾਂ ਨੂੰ ਸਹੀ ਜੀਵਨ ਜੀਉਣ ਦੀ ਜਾਚ ਆ ਜਾਂਦੀ ਹੈ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮਤਿ ਲੈ ਕੇ ਉਸ ਸਰਬ ਵਿਆਪਕ ਅਕਾਲ ਪੁਰਖੁ ਨੂੰ ਪਛਾਣ ਲਿਆ ਹੈ, ਉਹ ਫਿਰ ਉਸ ਅਕਾਲ ਪੁਰਖੁ ਨੂੰ ਸਦਾ ਆਪਣੇ ਅੰਗ ਸੰਗ ਵੇਖਦੇ ਹਨ। ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਅਜੇਹੇ ਗੁਣਾਂ ਤੋਂ ਸੱਖਣੇ ਰਹਿੰਦੇ ਹਨ, ਉਹ ਅਕਾਲ ਪੁਰਖੁ ਦੇ ਨਾਮੁ ਤੋਂ ਬਿਨਾ ਮਾਇਆ ਦੇ ਝਮੇਲਿਆਂ ਵਿਚ ਫਸ ਕੇ ਆਤਮਕ ਮੌਤ ਸਹੇੜ ਲੈਂਦੇ ਹਨ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਸੁਣ ਕੇ ਮੰਨ ਲਿਆ ਹੈ, ਉਹ ਅਕਾਲ ਪੁਰਖੁ ਨੂੰ ਹਰ ਵੇਲੇ ਆਪਣੇ ਮਨ ਵਿਚ ਵਸਾਈ ਰੱਖਦੇ ਹਨ। ਅਕਾਲ ਪੁਰਖੁ ਦੀ ਭਗਤੀ ਵਿਚ ਰੰਗੇ ਹੋਏ ਮਨੁੱਖਾਂ ਦਾ ਮਨ ਪਵਿਤਰ ਹੋ ਜਾਂਦਾ ਹੈ, ਤੇ ਸਰੀਰ ਵੀ ਪਵਿਤਰ ਹੋ ਜਾਂਦਾ ਹੈ, ਉਨ੍ਹਾਂ ਦੀ ਘਾਲਣਾਂ ਅਕਾਲ ਪੁਰਖੁ ਦੇ ਦਰ ਤੇ ਕਬੂਲ ਹੋ ਜਾਂਦੀ ਹੈ। ਗੁਰੂ ਸਾਹਿਬ ਆਪਣੇ ਮਨ ਨੂੰ ਸਮਝਾਂਦੇ ਹਨ ਕਿ ਹੇ ਮੇਰੇ ਮਨ! ਅਕਾਲ ਪੁਰਖੁ ਦੇ ਪਵਿਤਰ ਨਾਮ ਨੂੰ ਹਮੇਸ਼ਾਂ ਧਿਆਇਆ ਕਰ। ਜਿਨ੍ਹਾਂ ਮਨੁੱਖਾਂ ਨੂੰ ਆਪਣੇ ਮੱਥੇ ਉੱਤੇ ਧੁਰੋਂ ਅਕਾਲ ਪੁਰਖੁ ਦੀ ਹਜ਼ੂਰੀ ਵਿਚੋਂ ਸਿਮਰਨ ਦਾ ਲੇਖ ਲਿਖਿਆ ਮਿਲ ਜਾਂਦਾ ਹੈ, ਉਹ ਗੁਰੂ ਦੀ ਸਰਨ ਪੈ ਕੇ ਅਕਾਲ ਪੁਰਖੁ ਦੀ ਯਾਦ ਵਿਚ ਆਪਣੀ ਸੁਰਤਿ ਜੋੜੀ ਰੱਖਦੇ ਹਨ।

***ਮਨ ਮੇਰੇ ਹਰਿ ਹਰਿ ਨਿਰਮਲੁ ਧਿਆਇ ॥ ਧੁਰਿ ਮਸਤਕਿ ਜਿਨ ਕਉ ਲਿਖਿਆ ਸੇ ਗੁਰਮੁਖਿ ਰਹੇ ਲਿਵ ਲਾਇ ॥੧॥ ਰਹਾਉ ॥*** *(੨੭,੨੮)*

ਮਨੁੱਖ ਆਪਣੇ ਸਰੀਰ ਨੂੰ ਵੱਸ ਵਿਚ ਰੱਖਣ ਲਈ ਅਨੇਕਾਂ ਤਰ੍ਹਾਂ ਦੇ ਤਪ ਤੇ ਯਤਨ ਕਰਦਾ ਰਹਿੰਦਾ ਹੈ, ਪਰੰਤੂ ਇਸ ਤਰ੍ਹਾਂ ਕਰਨ ਨਾਲ ਉਸ ਦੇ ਮਨ ਅੰਦਰੋਂ ਹਉਮੈ ਦੂਰ ਨਹੀਂ ਹੁੰਦੀ। ਅਜੇਹੇ ਮਿੱਥੇ ਹੋਏ ਧਾਰਮਿਕ ਕਰਮ ਕਰਨ ਨਾਲ ਅਕਾਲ ਪੁਰਖੁ ਦੇ ਨਾਮੁ ਦੀ ਪ੍ਰਾਪਤੀ ਨਹੀਂ ਹੋ ਸਕਦੀ। ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਦੁਨੀਆ ਦੀ ਕਿਰਤ ਵਿਹਾਰ ਕਰਦਾ ਹੋਇਆ

ਵਿਕਾਰਾਂ ਵਲੋਂ ਬਚਿਆ ਰਹਿੰਦਾ ਹੈ, ਉਸ ਦੇ ਮਨ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਸਕਦਾ ਹੈ। ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੇ ਮੋਹ ਉੱਪਰ ਕਾਬੂ ਪਾ ਲੈਂਦਾ ਹੈ, ਉਹ ਸੰਸਾਰ ਰੂਪੀ ਸਮੁੰਦਰ ਵਿਚ ਡੁੱਬਣੋਂ ਬਚ ਜਾਂਦਾ ਹੈ, ਤੇ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਰਸਤਾ ਲੱਭ ਲੈਂਦਾ ਹੈ। ਗੁਰੂ ਸਾਹਿਬ ਆਪਣੇ ਮਨ ਨੂੰ ਸਮਝਾਂਦੇ ਹਨ ਕਿ ਹੇ ਮੇਰੇ ਮਨ! ਮੇਰੀ ਗੱਲ ਧਿਆਨ ਨਾਲ ਸੁਣ ਤੇ ਸਦਾ ਸਤਿਗੁਰੂ ਦੀ ਸਰਨ ਵਿਚ ਪਿਆ ਰਹਿ। ਗੁਰੂ ਦੀ ਕਿਰਪਾ ਨਾਲ ਹੀ ਮਾਇਆ ਦੇ ਪ੍ਰਭਾਵ ਤੋਂ ਬਚ ਸਕਦੇ ਹਾਂ ਤੇ ਇਸ ਜ਼ਹਿਰ ਦੀ ਤਰ੍ਹਾਂ ਭਰੇ ਹੋਏ ਸੰਸਾਰ ਰੂਪੀ ਸਮੁੰਦਰ ਵਿਚੋਂ ਗੁਰੂ ਦੇ ਸ਼ਬਦ ਦੁਆਰਾ ਹੀ ਤਰ ਕੇ ਪਾਰ ਹੋ ਸਕਦੇ ਹਾਂ।

*ਸੁਣਿ ਮਨ ਮੇਰੇ ਭਜੁ ਸਤਗੁਰ ਸਰਣਾ ॥ ਗੁਰ ਪਰਸਾਦੀ ਛੁਟੀਐ ਬਿਖੁ ਭਵਜਲੁ ਸਬਦਿ ਗੁਰ ਤਰਣਾ ॥੧॥ ਰਹਾਉ ॥ (੩੩)*

ਗੁਰੂ ਦਾ ਹੁਕਮੁ ਮੰਨਣਾ ਇਕ ਐਸੀ ਸੇਵਾ ਹੈ, ਜਿਸ ਦੀ ਬਰਕਤਿ ਨਾਲ ਅਕਾਲ ਪੁਰਖੁ ਦਾ ਨਾਮੁ ਮਨ ਵਿਚ ਵੱਸ ਸਕਦਾ ਹੈ। ਅਕਾਲ ਪੁਰਖੁ ਦੇ ਨਾਮੁ ਦੁਆਰਾ ਹੀ ਆਤਮਕ ਆਨੰਦ ਮਿਲਦਾ ਹੈ, ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੁਆਰਾ ਆਤਮਕ ਜੀਵਨ ਸੋਹਣਾ ਬਣ ਸਕਦਾ ਹੈ। ਗੁਰੂ ਦੇ ਸ਼ਬਦ ਦੀ ਮਿਹਰ ਸਦਕਾ ਮਨੁੱਖ ਨੂੰ ਅਕਾਲ ਪੁਰਖੁ ਹਰ ਥਾਂ ਵਿਆਪਕ ਦਿੱਸਦਾ ਹੈ, ਉਸ ਨੂੰ ਯਕੀਨ ਹੋ ਜਾਂਦਾ ਹੈ, ਕਿ ਅਕਾਲ ਪੁਰਖੁ ਸਦਾ ਹਾਜ਼ਰ ਨਾਜ਼ਰ ਹੈ, ਤੇ ਸਭ ਜੀਵਾਂ ਦੀ ਸੰਭਾਲ, ਉਹ ਆਪ ਹੀ ਕਰ ਰਿਹਾ ਹੈ। ਅਜੇਹੇ ਮਨੁੱਖਾਂ ਦਾ ਮਨ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਰੰਗਿਆ ਰਹਿੰਦਾ ਹੈ, ਤੇ ਉਨ੍ਹਾਂ ਦੇ ਸਰੀਰ ਵਿਚੋਂ ਵਿਕਾਰ ਮਿੱਟ ਜਾਂਦੇ ਹਨ। ਜਿਹੜੇ ਮਨੁੱਖ ਮਾਇਆ ਦੇ ਮੋਹ ਦੀ ਨੀਂਦ ਵਿਚ ਸੁਤੇ ਰਹਿੰਦੇ ਹਨ, ਉਹ ਆਪਣੇ ਆਤਮਕ ਜੀਵਨ ਦੀ ਪੂੰਜੀ ਲੁਟਾ ਲੈਂਦੇ ਹਨ। ਗੁਰੂ ਸਾਹਿਬ ਆਪਣੇ ਮਨ ਨੂੰ ਸਮਝਾਂਦੇ ਹਨ ਕਿ ਹੇ ਮੇਰੇ ਮਨ! ਹਰ ਵੇਲੇ ਵਿਕਾਰਾਂ ਦੇ ਹੱਲਿਆਂ ਵੱਲੋਂ ਸੁਚੇਤ ਰਹਿ, ਤੇ ਸਦਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਿਆ ਕਰ। ਇਸ ਤਰ੍ਹਾਂ ਕਰਨ ਨਾਲ ਆਪਣੇ ਆਤਮਕ ਜੀਵਨ ਦੀ ਫ਼ਸਲ ਨੂੰ ਇਨ੍ਹਾਂ ਵਿਕਾਰਾਂ ਤੋਂ ਬਚਾ ਸਕੇਂਗਾ, ਨਹੀਂ ਤਾਂ ਜਦੋਂ ਅੰਤ ਸਮੇਂ ਨੂੰ ਤੇਰੇ ਜੀਵਨ ਦੇ ਖੇਤ ਵਿਚ ਕੂੰਜ ਆ ਪਏਗੀ ਭਾਵ, ਬਿਰਧ ਅਵਸਥਾ ਆ ਜਾਵੇਗੀ, ਤੇ ਫਿਰ ਤੂੰ ਆਪਣੇ ਆਪ ਦਾ ਬਚਾਅ ਨਹੀਂ ਕਰ ਸਕੇਂਗਾ।

*ਮਨ ਮੇਰੇ ਅਨਦਿਨੁ ਜਾਗੁ ਹਰਿ ਚੇਤਿ ॥ ਆਪਣੀ ਖੇਤੀ ਰਖਿ ਲੈ ਕੂੰਜ ਪੜੈਗੀ ਖੇਤਿ ॥੧॥ ਰਹਾਉ ॥ (੩੪, ੩੫)*

ਗੁਣ ਧਾਰਨ ਕਰਨ ਵਾਲੀ ਜੀਵ ਇਸਤ੍ਰੀ ਤ੍ਰਿਸ਼ਨਾ ਤੇ ਵਿਕਾਰਾਂ ਨੂੰ ਤਿਆਗ ਕੇ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਲੱਭ ਲੈਂਦੀ ਹੈ। ਉਸ ਦਾ ਮਨ ਗੁਰੂ ਦੇ ਸ਼ਬਦ ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਜੀਭ ਅਕਾਲ ਪੁਰਖੁ ਦੇ ਪ੍ਰੇਮ ਪਿਆਰ ਵਿਚ ਉਸ ਦੇ ਗੁਣ ਗਾਇਨ ਕਰਦੀ ਰਹਿੰਦੀ ਹੈ। ਆਪਣੇ ਮਨ ਵਿਚ ਵਿਚਾਰ ਕਰ ਕੇ ਵੇਖ ਲਵੋ, ਕਿ ਸਤਿਗੁਰੂ ਦੀ ਸਰਨ ਵਿਚ ਆਣ ਤੋਂ ਬਿਨਾ ਕਿਸੇ ਨੇ ਵੀ ਅਕਾਲ ਪੁਰਖੁ ਨੂੰ ਨਹੀਂ ਲੱਭਿਆ, ਕਿਉਂਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜਦੋਂ ਤਕ ਗੁਰੂ ਦੇ ਸ਼ਬਦ ਨਾਲ ਪਿਆਰ ਨਹੀਂ ਪਾਂਦਾ, ਉਸ ਦੇ ਮਨ ਅੰਦਰੋਂ ਵਿਕਾਰਾਂ ਦੀ ਮੈਲ ਨਹੀਂ ਉਤਰਦੀ। ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਪ੍ਰੇਮ ਵਿਚ ਰੰਗੇ ਰਹਿੰਦੇ ਹਨ, ਉਨ੍ਹਾਂ ਨੂੰ ਅਕਾਲ ਪੁਰਖੁ ਮਿਲ ਪੈਂਦਾ ਹੈ ਤੇ ਅੰਗ ਸੰਗ ਵੱਸਦਾ ਦਿੱਖਾਈ ਦਿੰਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਸਤਿਗੁਰੂ ਦੀ ਰਜ਼ਾ ਵਿਚ ਤੁਰ, ਗੁਰੂ ਦੀ ਰਜ਼ਾ ਵਿਚ ਤੁਰਨ ਸਦਕਾ ਤੂੰ ਆਪਣੇ ਅੰਤਰ ਆਤਮੇ ਵਿਚ ਟਿਕਿਆ ਰਹੇਂਗਾ, ਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤੁ ਪੀਂਦਾ ਰਹੇਂਗਾ, ਜਿਸ ਦੀ ਬਰਕਤ ਨਾਲ ਸੁਖਾਂ ਦਾ ਟਿਕਾਣਾ ਲੱਭ ਸਕੇਂਗਾ।

*ਸਿਰੀਰਾਗੁ ਮਹਲਾ ੩ ॥ ਗੁਣਵੰਤੀ ਸਚੁ ਪਾਇਆ ਤ੍ਰਿਸਨਾ ਤਜਿ ਵਿਕਾਰ ॥ ਗੁਰ ਸਬਦੀ ਮਨੁ ਰੰਗਿਆ ਰਸਨਾ ਪ੍ਰੇਮ ਪਿਆਰਿ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਕਰਿ ਵੇਖਹੁ ਮਨਿ ਵੀਚਾਰਿ ॥ ਮਨਮੁਖ ਮੈਲੁ ਨ ਉਤਰੈ ਜਿਚਰੁ ਗੁਰ ਸਬਦਿ ਨ ਕਰੇ ਪਿਆਰੁ ॥੧॥ ਮਨ ਮੇਰੇ ਸਤਿਗੁਰ ਕੈ ਭਾਣੈ ਚਲੁ ॥ ਨਿਜ ਘਰਿ ਵਸਹਿ ਅੰਮ੍ਰਿਤੁ ਪੀਵਹਿ ਤਾ ਸੁਖ ਲਹਹਿ ਮਹਲੁ ॥੧॥ ਰਹਾਉ ॥ (੩੬,੩੭)*

ਅਕਾਲ ਪੁਰਖੁ ਜਦੋਂ ਆਪ ਦਿਆਲ ਹੁੰਦਾ ਹੈ, ਤਾਂ ਉਹ ਆਪ ਹੀ ਸਹੀ ਜੀਵਨ ਦੀ ਸੂਝ ਬਖ਼ਸ਼ਦਾ ਹੈ। ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਗੁਰੂ ਦੀ ਮੱਤ ਦੁਆਰਾ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ, ਉਹ ਮਨੁੱਖ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ। ਅਕਾਲ ਪੁਰਖੁ ਆਪ ਹੀ ਆਪਣੇ ਹੁਕਮੁ ਅਨੁਸਾਰ ਹਰੇਕ ਸਰੀਰ ਵਿਚ ਵੱਸਦਾ ਹੈ, ਤੇ ਆਪਣੇ ਹੁਕਮੁ ਵਿਚ ਹੀ ਜੀਵਾਂ ਦੀ ਸੰਭਾਲ ਕਰਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਹੇ ਮੇਰੇ ਮਨ! ਗੁਰੂ ਦੇ ਹੁਕਮੁ ਵਿਚ ਤੁਰ। ਜਿਹੜਾ ਮਨੁੱਖ ਗੁਰੂ ਦਾ ਹੁਕਮੁ ਮੰਨਦਾ ਹੈ, ਉਸ ਦਾ ਮਨ, ਤੇ ਸਰੀਰ ਸ਼ਾਂਤ ਹੋ ਜਾਂਦਾ ਹੈ, ਤੇ ਉਸ ਦੇ ਮਨ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ।

*ਮਨ ਮੇਰੇ ਗੁਰ ਕੀ ਮੰਨਿ ਲੈ ਰਜਾਇ ॥ ਮਨੁ ਤਨੁ ਸੀਤਲੁ ਸਭੁ ਥੀਐ ਨਾਮੁ ਵਸੈ ਮਨਿ ਆਇ ॥੧॥ ਰਹਾਉ ॥ (੩੭)*

ਜੇ ਸੁਖ ਦੇਣ ਵਾਲਾ ਅਕਾਲ ਪੁਰਖੁ ਮਨ ਵਿਚ ਵੱਸ ਜਾਏ, ਤਾਂ ਦੁਨੀਆ ਦੇ ਦੁਖ ਜ਼ੋਰ ਨਹੀਂ ਪਾ ਸਕਦੇ। ਜਦੋਂ ਹਿਰਦੇ ਵਿਚ ਉਹ ਅਕਾਲ ਪੁਰਖੁ ਵੱਸ ਜਾਂਦਾ ਹੈ, ਤਾਂ ਕਿਸੇ ਵੀ ਕੰਮ ਵਿਚ ਲੱਗੀਏ, ਆਤਮਕ ਜੀਵਨ ਕਦੇ ਕਮਜ਼ੋਰ ਨਹੀਂ ਹੁੰਦਾ। ਜਦੋਂ ਮਨੁੱਖ ਦਾ ਮਨ ਇਕ ਅਕਾਲ ਪੁਰਖੁ ਦੀ ਯਾਦ ਵਿਚ ਲੀਨ ਹੋ ਜਾਂਦਾ ਹੈ, ਤਾਂ ਉਸ ਦਾ ਮਨ ਮਾਇਆ ਵਾਲੇ ਪਾਸੇ ਡੋਲਣੋਂ ਹਟ ਜਾਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਂਣਾ ਹੈ ਕਿ ਸਾਰੀ ਸ੍ਰਿਸ਼ਟੀ ਦੇ ਕਰਤੇ ਅਕਾਲ ਪੁਰਖੁ ਦੀ ਸਿਫ਼ਤਿ-ਸਾਲਾਹ ਕਰ। ਪਰੰਤੂ ਇਹ ਧਿਆਨ

ਵਿਚ ਰੱਖਣਾ ਹੈ ਕਿ ਸਿਫ਼ਤਿ ਸਾਲਾਹ ਦੀ ਦਾਤਿ ਸਿਰਫ ਗੁਰੂ ਪਾਸੋਂ ਹੀ ਮਿਲਦੀ ਹੈ, ਸੋ ਤੂੰ ਸਾਰੀਆਂ ਚਤੁਰਾਈਆਂ ਛੱਡ ਕੇ ਗੁਰੂ ਦੇ ਚਰਨਾਂ ਤੇ ਢਹਿ ਪਓ।

*ਮਨ ਮੇਰੇ ਕਰਤੇ ਨੋ ਸਾਲਾਹਿ ॥ ਸਭੇ ਛਡਿ ਸਿਆਣਪਾ ਗੁਰ ਕੀ ਪੈਰੀ ਪਾਹਿ ॥੧॥ ਰਹਾਉ ॥ (੪੩,੪੪)*

ਅਕਾਲ ਪੁਰਖੁ ਸਭ ਪਾਤਿਸ਼ਾਹਾਂ ਦਾ ਪਾਤਿਸ਼ਾਹ ਹੈ, ਇਸ ਲਈ ਸਦਾ ਉਸ ਦੇ ਚਰਨਾਂ ਦਾ ਧਿਆਨ ਧਰਨਾ ਚਾਹੀਦਾ ਹੈ। ਸਿਰਫ਼ ਉਸ ਅਕਾਲ ਪੁਰਖੁ ਦੀ ਸਹਾਇਤਾ ਦੀ ਆਸ ਰੱਖਣੀ ਚਾਹੀਦੀ ਹੈ, ਜਿਹੜਾ ਸਭ ਜੀਵਾਂ ਦੀ ਪਾਲਣਾ ਕਰਨ ਵਾਲਾ ਹੈ। ਆਪਣੇ ਮਨ ਨੂੰ ਸਮਝਾਣਾ ਹੈ ਕਿ ਆਨੰਦ ਨਾਲ ਤੇ ਆਤਮਕ ਅਡੋਲਤਾ ਵਿਚ ਟਿਕ ਕੇ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦੇ ਰਹਿਣਾ ਚਾਹੀਦਾ ਹੈ। ਅੱਠੇ ਪਹਰ ਅਕਾਲ ਪੁਰਖੁ ਦਾ ਨਾਮੁ, ਆਪਣੇ ਚਿਤ ਵਿਚ ਵਸਾ ਕੇ ਰੱਖਣਾ ਚਾਹੀਦਾ ਹੈ ਤੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿਣਾ ਚਾਹੀਦਾ ਹੈ।

*ਮਨ ਮੇਰੇ ਸੁਖ ਸਹਜ ਸੇਤੀ ਜਪਿ ਨਾਉ ॥ ਆਠ ਪਹਰ ਪ੍ਰਭੁ ਧਿਆਇ ਤੂੰ ਗੁਣ ਗੋਇੰਦ ਨਿਤ ਗਾਉ ॥੧॥ ਰਹਾਉ ॥ (੪੪)*

ਅਕਾਲ ਪੁਰਖੁ ਹੀ ਅਸਲ ਭਰਾ, ਮਿੱਤਰ, ਮਾਂ ਤੇ ਪਿਓ ਹੈ, ਕਿਉਂਕਿ ਅਸਲੀ ਪਾਲਣਹਾਰ ਸਿਰਫ਼ ਅਕਾਲ ਪੁਰਖੁ ਆਪ ਹੀ ਹੈ। ਆਪਣੇ ਮਨ ਵਿਚ ਉਸ ਅਕਾਲ ਪੁਰਖੁ ਦਾ ਆਸਰਾ ਰੱਖਣਾ ਚਾਹੀਦਾ ਹੈ, ਜਿਸ ਨੇ ਇਹ ਜਿੰਦ ਤੇ ਸਰੀਰ ਦਿੱਤਾ ਹੈ ਤੇ ਜੀਵ ਨੂੰ ਵਿਕਾਰ ਤੋਂ ਬਚਾਣ ਵਾਲਾ ਹੈ। ਇਹੀ ਅਰਦਾਸ ਕਰਨੀ ਹੈ ਕਿ ਸਭ ਕੁਝ ਆਪਣੇ ਵੱਸ ਵਿਚ ਰੱਖਣ ਵਾਲਾ ਅਕਾਲ ਪੁਰਖੁ ਮਨ ਵਿਚੋਂ ਕਦੇ ਵੀ ਨਾ ਭੁੱਲੇ। ਜਿਹੜਾ ਮਨੁੱਖ ਪੂਰੇ ਗੁਰੂ ਦੁਆਰਾ ਅਕਾਲ ਪੁਰਖੁ ਨੂੰ ਯਾਦ ਕਰਦਾ ਰਹਿੰਦਾ ਹੈ, ਉਹ ਸਭ ਗੁਣਾਂ ਨਾਲ ਮੁਕੰਮਲ ਹੋ ਜਾਂਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਹੋਰ ਸਭ ਤਰ੍ਹਾਂ ਦੇ ਉਪਾਵ ਤਿਆਗ ਦੇ। ਸਿਰਫ਼ ਪੂਰੇ ਗੁਰੂ ਨੂੰ ਸਦਾ ਚੇਤੇ ਰੱਖ, ਸਿਰਫ਼ ਗੁਰੂ ਦੇ ਸ਼ਬਦ ਦਾ ਆਸਰਾ ਲੈ, ਤੇ ਇਕ ਅਕਾਲ ਪੁਰਖੁ ਦੇ ਚਰਨਾਂ ਦੀ ਲਗਨ ਆਪਣੇ ਹਿਰਦੇ ਅੰਦਰ ਲਗਾਈ ਰੱਖ।

*ਮਨ ਮੇਰੇ ਸਗਲ ਉਪਾਵ ਤਿਆਗੁ ॥ ਗੁਰੁ ਪੂਰਾ ਆਰਾਧਿ ਨਿਤ ਇਕਸੁ ਕੀ ਲਿਵ ਲਾਗੁ ॥੧॥ ਰਹਾਉ ॥ (੪੫)*

ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਨਾਲ ਆਪਣਾ ਮਨ ਜੋੜ ਲਿਆ, ਉਨ੍ਹਾਂ ਦੇ ਅੰਦਰ ਸਾਰੇ ਗੁਣ ਪੈਦਾ ਹੋ ਜਾਂਦੇ ਹਨ, ਤੇ ਉਹ ਲੋਕ ਪਰਲੋਕ ਵਿਚ ਮੰਨੇ ਪਰਮੰਨੇ ਹੋ ਜਾਂਦੇ ਹਨ। ਸਾਧ ਸੰਗਤਿ ਵਿਚ ਰਹਿ ਕੇ ਉਨ੍ਹਾਂ ਦਾ ਜਨਮ ਮਰਨ ਦਾ ਡਰ ਦੂਰ ਹੋ ਜਾਂਦਾ ਹੈ, ਉਹ ਪਵਿਤਰ ਜੀਵਨ ਵਾਲੇ ਬਣ ਜਾਂਦੇ ਹਨ, ਤੇ ਹਰ ਥਾਂ ਆਦਰ ਪਾਂਦੇ ਹਨ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਸਿਰਫ਼ ਇਕ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਿਆ ਕਰ। ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਸਾਰੇ ਸ੍ਰੇਸ਼ਟ ਸੁਖ ਪੈਦਾ ਹੋ ਜਾਂਦੇ ਹਨ, ਤੇ ਉਹ ਅਕਾਲ ਪੁਰਖੁ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ।

*ਮਨ ਮੇਰੇ ਏਕੋ ਨਾਮੁ ਧਿਆਇ ॥ ਸਰਬ ਸੁਖਾ ਸੁਖ ਉਪਜਹਿ ਦਰਗਹ ਪੈਧਾ ਜਾਇ ॥੧॥ ਰਹਾਉ ॥ (੪੫)*

ਅਕਾਲ ਪੁਰਖੁ ਦੇ ਗੁਣ ਸਾਰੇ ਔਗੁਣਾਂ ਨੂੰ ਕੱਟਣ ਦੀ ਸਮਰੱਥਾ ਰੱਖਦੇ ਹਨ, ਇਸ ਲਈ ਸਦਾ ਅਕਾਲ ਪੁਰਖੁ ਦੇ ਗੁਣ ਗਾਂਦੇ ਰਹਿਣਾ ਚਾਹੀਦਾ ਹੈ। ਅਕਾਲ ਪੁਰਖੁ ਦੀ ਪਾਤਿਸ਼ਾਹੀ ਸਦਾ ਕਾਇਮ ਰਹਿਣ ਵਾਲੀ ਹੈ, ਅਕਾਲ ਪੁਰਖੁ ਦਾ ਹੁਕਮੁ ਅੱਟਲ ਹੈ, ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਦਾ ਥਾਂ ਵੀ ਸਦਾ ਕਾਇਮ ਰਹਿਣ ਵਾਲਾ ਹੈ। ਇਸ ਲਈ ਅਕਾਲ ਪੁਰਖੁ ਦਾ ਨਾਮੁ ਹਮੇਸ਼ਾਂ ਯਾਦ ਕਰਦੇ ਰਹਿਣਾ ਚਾਹੀਦਾ ਹੈ। ਗੁਰੂ ਸਾਹਿਬ ਆਪਣੇ ਮਨ ਨੂੰ ਸਮਝਾਂਦੇ ਹਨ ਕਿ ਹੇ ਮੇਰੇ ਮਨ! ਸਬਦ ਗੁਰੂ ਦੀ ਦੱਸੀ ਹੋਈ ਸੇਵਾ ਨੂੰ ਧਿਆਨ ਨਾਲ ਸੰਭਾਲ ਕੇ ਰੱਖ, ਤੇ ਅਕਾਲ ਪੁਰਖੁ ਨੂੰ ਅੱਖ ਦੇ ਫੋਰ ਜਿਤਨੇ ਸਮੇਂ ਵਾਸਤੇ ਵੀ ਆਪਣੇ ਮਨ ਤੋਂ ਨਾ ਵਿਸਾਰ। ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਅਕਾਲ ਪੁਰਖੁ ਉਸ ਉੱਤੇ ਆਪਣੀ ਮਿਹਰ ਕਰਦਾ ਹੈ।

*ਮਨ ਮੇਰੇ ਸਤਿਗੁਰ ਸੇਵਾ ਸਾਰੁ ॥ ਕਰੇ ਦਇਆ ਪ੍ਰਭੁ ਆਪਣੀ ਇਕ ਨਿਮਖ ਨ ਮਨਹੁ ਵਿਸਾਰੁ ॥ ਰਹਾਉ ॥ (੪੮)*

ਆਪਣੇ ਮਨ ਨੂੰ ਸਮਝਾਣਾ ਹੈ ਕਿ ਸਾਧ ਸੰਗਤਿ ਵਿਚ ਰਹਿ ਕੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪ ਤਾਂ ਜੋ ਮਨ ਚਾਹੇ ਫਲ ਪ੍ਰਾਪਤ ਕਰ ਸਕੇ ਤੇ ਆਪਣੇ ਦੁਖਾਂ ਕਲੇਸ਼ਾਂ ਨੂੰ ਦੂਰ ਕਰ ਸਕੇ। ਜਿਸ ਮਨੋਰਥ ਵਾਸਤੇ ਇਹ ਮਨੁੱਖਾ ਜਨਮ ਹਾਸਲ ਕੀਤਾ ਹੈ, ਉਸ ਮਨੋਰਥ ਨੂੰ ਪੂਰਾ ਕਰਨ ਦੇ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ। ਜਿਸ ਮਨੁੱਖ ਦੀ ਪ੍ਰੀਤ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਨਾਲ ਬਣ ਜਾਂਦੀ ਹੈ, ਉਸ ਦਾ ਮਨ ਪਵਿਤਰ ਹੋ ਜਾਂਦਾ ਹੈ, ਉਸ ਦਾ ਸਰੀਰ ਵੀ ਪਵਿਤਰ ਹੋ ਜਾਂਦਾ ਹੈ, ਤੇ ਉਸ ਦੀਆਂ ਸਾਰੀਆਂ ਗਿਆਨ ਇੰਦ੍ਰੀਆਂ ਵਿਕਾਰਾਂ ਵਲੋਂ ਹਟ ਜਾਂਦੀਆਂ ਹਨ। ਅਕਾਲ ਪੁਰਖੁ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੀ ਅਸਲੀ ਰਤਨ ਜਵਾਹਰ ਤੇ ਮੋਤੀ ਹੈ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਦੀ ਬਰਕਤ ਨਾਲ ਹੀ ਸੁਖ, ਆਤਮਕ ਅਡੋਲਤਾ ਤੇ ਆਨੰਦ ਦੇ ਰਸ ਪ੍ਰਾਪਤ ਹੋ ਸਕਦੇ ਹਨ, ਇਸ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿਣਾ ਚਾਹੀਦਾ ਹੈ।

*ਰਤਨ ਜਵੇਹਰ ਮਾਣਿਕਾ ਅੰਮ੍ਰਿਤੁ ਹਰਿ ਕਾ ਨਾਉ ॥ ਸੁਖ ਸਹਜ ਆਨੰਦ ਰਸ ਜਨ ਨਾਨਕ ਹਰਿ ਗੁਣ ਗਾਉ ॥੪॥੧੭॥੮੭॥*
*(੪੮)*

ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦਾ ਉਪਦੇਸ਼ ਵੱਸ ਜਾਂਦਾ ਹੈ, ਉਸ ਨੂੰ ਕੋਈ ਦੁਖ, ਕਲੇਸ਼ ਜਾਂ ਡਰ ਪੋਹ ਨਹੀਂ ਸਕਦਾ। ਲੋਕ ਕ੍ਰੋੜਾਂ ਹੀ ਹੋਰ ਹੋਰ ਜਤਨ ਕਰ ਕੇ ਥੱਕ ਜਾਂਦੇ ਹਨ, ਪਰ ਗੁਰੂ ਦੀ ਸਰਨ ਵਿਚ ਆਣ ਤੋਂ ਬਿਨਾ ਮਨੁੱਖ ਸੰਸਾਰ ਰੁਪੀ ਸਮੁੰਦਰ ਤੋਂ ਪਾਰ ਨਹੀਂ ਲੰਘ ਸਕਦਾ। ਇਸ ਲਈ ਆਪਣੇ ਮਨ ਵਿਚ ਗੁਰੂ ਦੇ ਚਰਨ ਟਿਕਾਈ ਰੱਖ ਭਾਵ, ਹਉਮੈ ਛੱਡ ਕੇ ਸਬਦ ਗੁਰੂ ਵਿਚ ਆਪਣੀ ਸਰਧਾ ਬਣਾ। ਆਪਣੀਆਂ ਸਾਰੀਆਂ ਚਤੁਰਾਈਆਂ ਛੱਡ ਦੇ। ਗੁਰੂ ਦੇ ਸ਼ਬਦ ਦੁਆਰਾ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਵਿਚ ਆਪਣੀ ਸੁਰਤਿ ਨੂੰ ਜੋੜ।

*ਗੁਰ ਕੇ ਚਰਨ ਮਨ ਮਹਿ ਧਿਆਇ ॥ ਛੋਡਿ ਸਗਲ ਸਿਆਣਪਾ ਸਾਚਿ ਸਬਦਿ ਲਿਵ ਲਾਇ ॥੧॥ ਰਹਾਉ ॥ (੫੧)*

ਜਿਹੜੇ ਮਨੁੱਖ ਆਪਣੇ ਮਨ ਦੁਆਰਾ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਹੋ ਜਾਂਦੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦੀ ਹਜ਼ੂਰੀ ਵਿਚ ਰਹਿੰਦੇ ਹਨ, ਤੇ ਉਸ ਅਕਾਲ ਪੁਰਖੁ ਦਾ ਰੂਪ ਹੋ ਜਾਂਦੇ ਹਨ। ਪਰ ਇਸ ਜਗਤ ਦੇ ਜਿਆਦਾ ਤਰ ਲੋਕ ਆਪਣੇ ਮਨ ਦੇ ਪਿੱਛੇ ਤੁਰ ਕੇ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ ਤੇ ਅਕਾਲ ਪੁਰਖੁ ਨੂੰ ਚੇਤੇ ਨਹੀਂ ਕਰਦੇ। ਅਕਾਲ ਪੁਰਖੁ ਆਪਣੀ ਮਿਹਰ ਕਰ ਕੇ ਜਿਸ ਮਨੁੱਖ ਨੂੰ ਗੁਰੂ ਦੇ ਸਬਦ ਨਾਲ ਮਿਲਾਂਦਾ ਹੈ, ਉਹ ਮਨੁੱਖ ਮਾਇਆ ਦਾ ਮੋਹ ਛੱਡ ਕੇ ਕੇਵਲ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹਿੰਦਾ ਹੈ, ਤੇ, ਆਪਣੇ ਅੰਦਰੋਂ ਮਾਇਆ ਕਰਕੇ ਪੈਦਾ ਹੋਣ ਵਾਲੀ ਭਟਕਣਾ ਦੂਰ ਕਰ ਲੈਂਦਾ ਹੈ। ਇਸ ਲਈ ਹੇ ਮੇਰੇ ਮਨ! ਗੁਰੂ ਦੀ ਸਿੱਖਿਆ ਨੂੰ ਧਿਆਨ ਨਾਲ ਸੁਣ, ਗੁਰੂ ਦੇ ਸ਼ਬਦ ਨੂੰ ਆਪਣੇ ਸੋਚ ਮੰਡਲ ਵਿਚ ਚੰਗੀ ਤਰ੍ਹਾਂ ਵੀਚਾਰ ਤੇ ਅੰਦਰ ਵਸਾ ਕੇ ਰੱਖ। ਜੇ ਤੂੰ ਅਕਾਲ ਪੁਰਖੁ ਦਾ ਨਾਮੁ ਜਪਦਾ ਰਹੇਗਾ, ਤਾਂ ਸੰਸਾਰ ਰੁਪੀ ਸਮੁੰਦਰ ਤੋਂ ਪਾਰ ਲੰਘ ਸਕੇਗਾ।

*ਸੁਣਿ ਮਨ ਮੇਰੇ ਸਬਦੁ ਵੀਚਾਰਿ ॥ ਰਾਮ ਜਪਹੁ ਭਵਜਲੁ ਉਤਰਹੁ ਪਾਰਿ ॥੧॥ ਰਹਾਉ ॥ (੧੬੧)*

ਜਿਹੜੇ ਮਨੁੱਖ ਗੁਰੂ ਦੀ ਸਰਨ ਵਿਚ ਆ ਜਾਂਦੇ ਹਨ, ਉਹ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰ ਕੇ ਹੋਰਨਾਂ ਨੂੰ ਵੀ ਸੁਣਾਂਦੇ ਰਹਿੰਦੇ ਹਨ। ਗੁਰੂ ਦੀ ਸਰਨ ਵਿਚ ਆ ਕੇ ਅਜੇਹੇ ਮਨੁੱਖ ਅਕਾਲ ਪੁਰਖੁ ਦੇ ਨਾਮੁ ਵਿਚ ਰੰਗੇ ਰਹਿੰਦੇ ਹਨ, ਤੇ ਉਨ੍ਹਾਂ ਦਾ ਜੀਵਨ ਪਵਿਤਰ ਹੋ ਜਾਂਦਾ ਹੈ। ਇਸ ਲਈ ਹੇ ਮੇਰੇ ਮਨ! ਸਬਦ ਗੁਰੂ ਦੀ ਦੱਸੀ ਸਿੱਖਿਆ ਉਤੇ ਸ਼ੱਕ ਨਹੀਂ ਕਰਨਾ ਚਾਹੀਦਾ, ਗੁਰੂ ਦੀ ਦੱਸੀ ਸੇਵਾ ਭਗਤੀ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮੁ ਅੰਮ੍ਰਿਤੁ ਪੀਣਾ ਚਾਹੀਦਾ ਹੈ।

*ਏ ਮਨ ਮੇਰੇ ਭਰਮੁ ਨ ਕੀਜੈ ॥ ਗੁਰਮੁਖਿ ਸੇਵਾ ਅੰਮ੍ਰਿਤ ਰਸੁ ਪੀਜੈ ॥੧॥ ਰਹਾਉ ॥ (੧੬੧, ੧੬੨)*

ਉਸ ਅਕਾਲ ਪੁਰਖੁ ਦੀ ਸਰਨ ਪਿਆਂ ਕੋਈ ਡਰ ਨਹੀਂ ਪੋਹ ਸਕਦਾ, ਕੋਈ ਚਿੰਤਾ ਨਹੀਂ ਵਿਆਪ ਸਕਦੀ। ਇਸ ਲਈ ਆਪਣੀ ਮਤ ਤਿਆਗ ਕੇ, ਸਤਿਗੁਰੂ ਦੇ ਉਪਦੇਸ਼ ਨੂੰ ਆਪਣੇ ਮਨ ਵਿਚ ਟਿਕਾ ਕੇ ਰੱਖਣਾ ਚਾਹੀਦਾ ਹੈ। ਆਪਣੇ ਮਨ ਨੂੰ ਸਮਝਾਣਾ ਹੈ, ਕਿ ਹੇ ਮੇਰੇ ਮਨ! ਅਕਾਲ ਪੁਰਖੁ ਦੇ ਪ੍ਰੇਮ ਵਿਚ ਚੰਗੀ ਤਰ੍ਹਾਂ ਲੀਨ ਹੋ ਕੇ ਅਕਾਲ ਪੁਰਖੁ ਦਾ ਨਾਮੁ ਜਪ, ਉਹ ਨਾਮੁ ਤੇਰੇ ਸਰੀਰ ਰੁਪੀ ਘਰ ਵਿਚ, ਹਿਰਦੇ ਵਿਚ, ਤੇ ਬਾਹਰ ਹਰ ਥਾਂ, ਸਦਾ ਤੇਰੇ ਨਾਲ ਰਹਿੰਦਾ ਹੈ। ਆਪਣੇ ਮਨ ਵਿਚ ਉਸ ਅਕਾਲ ਪੁਰਖੁ ਦਾ ਆਸਰਾ ਰੱਖ, ਤੇ ਗੁਰੂ ਦੇ ਸ਼ਬਦ ਦਾ ਆਨੰਦ ਮਾਣ, ਕਿਉਂਕਿ ਗੁਰੂ ਦਾ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਅੰਮ੍ਰਿਤ ਭਰਭੂਰ ਰਸ ਹੈ। ਅਕਾਲ ਪੁਰਖੁ ਨੂੰ ਭੁਲਾ ਕੇ ਹੋਰ ਦੂਸਰੇ ਉੱਦਮ ਕਿਸੇ ਕੰਮ ਨਹੀਂ ਆ ਸਕਦੇ, ਇਸ ਲਈ ਅਕਾਲ ਪੁਰਖੁ ਦੀ ਸਰਨ ਵਿਚ ਪਿਆ ਰਹਿ, ਕਿਉਂਕਿ ਉਹ ਅਕਾਲ ਪੁਰਖੁ ਆਪਣੀ ਮਿਹਰ ਕਰ ਕੇ ਜੀਵ ਦੀ ਇੱਜ਼ਤ ਵੀ ਆਪ ਹੀ ਰੱਖਦਾ ਹੈ।

*ਜਪਿ ਮਨ ਮੇਰੇ ਰਾਮ ਰਾਮ ਰੰਗਿ ॥ ਘਰਿ ਬਾਹਰਿ ਤੇਰੈ ਸਦ ਸੰਗਿ ॥੧॥ ਰਹਾਉ ॥ ਤਿਸ ਕੀ ਟੇਕ ਮਨੈ ਮਹਿ ਰਾਖੁ ॥ ਗੁਰ ਕਾ ਸਬਦੁ ਅੰਮ੍ਰਿਤ ਰਸੁ ਚਾਖੁ ॥ ਅਵਰਿ ਜਤਨ ਕਹਹੁ ਕਉਨ ਕਾਜ ॥ ਕਰਿ ਕਿਰਪਾ ਰਾਖੈ ਆਪਿ ਲਾਜ ॥੨॥ (੧੭੭,੧੭੮)*

ਆਪਣੇ ਮਨ ਨੂੰ ਸਮਝਾਣਾ ਹੈ ਕਿ ਉਸ ਅਕਾਲ ਪੁਰਖੁ ਦੀ ਸਿਫਤਿ ਸਾਲਾਹ ਦੀ ਬਾਣੀ ਜਪਿਆ ਕਰ, ਜਿਸ ਨਾਲ ਹਰੇਕ ਕਿਸਮ ਦੇ ਦੁਖ ਦਰਦ ਦੂਰ ਹੋ ਜਾਂਦੇ ਹਨ, ਆਤਮਕ ਆਨੰਦ ਮਿਲਦਾ ਹੈ, ਤੇ, ਅਕਾਲ ਪੁਰਖੁ ਦਾ ਅਮੋਲਕ ਨਾਮੁ ਮਨ ਵਿਚ ਵੱਸ ਜਾਂਦਾ ਹੈ। ਇਸ ਲਈ ਹਮੇਸ਼ਾਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰਿਆ ਕਰ। ਇਸ ਗੁਰਬਾਣੀ ਦੁਆਰਾ ਹੀ ਸੰਤ ਜਨ ਆਪਣੀ ਜੀਭ ਨਾਲ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ।

*ਜਪਿ ਮਨ ਮੇਰੇ ਗੋਵਿੰਦ ਕੀ ਬਾਣੀ ॥ ਸਾਧੂ ਜਨ ਰਾਮੁ ਰਸਨ ਵਖਾਣੀ ॥੧॥ ਰਹਾਉ ॥ (੧੯੨)*

ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨ ਨਾਲ ਮਾਇਆ ਦਾ ਪ੍ਰਭਾਵ ਘਟ ਜਾਂਦਾ ਹੈ, ਤੇ ਮਨ ਅੰਦਰ ਸਾਰੇ ਸੁਖ ਵੱਸਣੇ ਸ਼ੁਰੂ ਹੋ ਜਾਂਦੇ ਹਨ। ਇਸ ਲਈ ਪੂਰੇ ਗੁਰੂ ਦਾ ਪਵਿਤਰ ਉਪਦੇਸ਼ ਲੈ ਕੇ, ਦਿਨ ਰਾਤ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ। ਆਪਣੇ ਮਨ ਨੂੰ ਸਮਝਾਣਾ ਹੈ ਕਿ ਹੇ ਮੇਰੇ ਮਨ! ਇਕ ਅਕਾਲ ਪੁਰਖੁ ਦਾ ਹੀ ਨਾਮੁ ਚੇਤੇ ਕਰਿਆ ਕਰ। ਇਹ ਨਾਮੁ ਹੀ ਤੇਰੀ ਜਿੰਦ ਦੇ ਕੰਮ ਆਵੇਗਾ, ਤੇ ਜਿੰਦ ਦੇ ਨਾਲ ਸਦਾ ਨਿਭੇਗਾ।

*ਭਜੁ ਮਨ ਮੇਰੇ ਏਕੋ ਨਾਮ ॥ ਜੀਅ ਤੇਰੇ ਕੈ ਆਵੈ ਕਾਮ ॥੧॥ ਰਹਾਉ ॥ (੧੯੩)*

ਗੁਰੂ ਸਾਹਿਬ ਸਿਖਿਆ ਦਿੰਦੇ ਹਨ ਕਿ ਆਪਣੇ ਮਨ ਨੂੰ ਸਮਝਾਣਾ ਹੈ ਕਿ ਹੇ ਮੇਰੇ ਮਨ! ਮੈਂ ਤੈਨੂੰ ਸੱਚੀ ਗੱਲ ਦੱਸਦਾ ਹਾਂ, ਇਸ ਨੂੰ ਧਿਆਨ ਨਾਲ ਸੁਣ ਤੇ ਸਦਾ ਅਕਾਲ ਪੁਰਖੁ ਦੀ ਸਰਨ ਵਿਚ ਪਿਆ ਰਹਿ। ਅਕਾਲ ਪੁਰਖੁ ਚਲਾਕੀਆਂ ਨਾਲ ਖੁਸ਼ ਨਹੀਂ

ਹੁੰਦਾ, ਭਾਂਵੇਂ ਹਜ਼ਾਰਾਂ ਕਿਸਮ ਦੀਆਂ ਚਲਾਕੀਆਂ ਕਰ ਲਵੋ, ਪਰੰਤੂ ਇੱਕ ਚਲਾਕੀ ਵੀ ਸਹਾਈ ਨਹੀਂ ਹੋ ਸਕਦੀ। ਜੇਕਰ ਸਾਰੀਆਂ ਦਲੀਲਾਂ ਤੇ ਸਿਆਣਪਾਂ ਛੱਡ ਕੇ ਸਬਦ ਗੁਰੂ ਦਾ ਆਸਰਾ ਲਏਂਗਾ, ਤਾਂ ਅਕਾਲ ਪੁਰਖੁ ਤੈਨੂੰ ਆਪਣੇ ਚਰਨਾਂ ਵਿਚ ਜੋੜ ਲਏਗਾ।

*ਸਲੋਕੁ ॥ ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ ॥ ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ ॥ (੨੬੦)*

ਆਪਣੇ ਮਨ ਅੰਦਰ ਅਕਾਲ ਪੁਰਖ ਦੀ ਸਿਫਤਿ ਸਾਲਾਹ ਕਰ। ਹਮੇਸ਼ਾਂ ਮਨ ਦੇ ਅੰਦਰ ਸੱਚਾ ਵਿਹਾਰ ਕਰ ਤੇ ਦੂਸਰਿਆਂ ਦਾ ਭਲਾ ਸੋਚ। ਜੀਭ ਨਾਲ ਮਿੱਠੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣ, ਇਸ ਤਰ੍ਹਾਂ ਕਰਕੇ ਆਪਣੇ ਜੀਵਨ ਨੂੰ ਸਦਾ ਲਈ ਸੁਖੀ ਕਰ ਸਕੇਂਗਾ। ਅੱਖਾਂ ਨਾਲ ਅਕਾਲ ਪੁਰਖ ਦਾ ਰਚਿਆ ਹੋਇਆ ਜਗਤ ਤਮਾਸ਼ਾ ਵੇਖ, ਗੁਰੂ ਦੀ ਸੰਗਤਿ ਵਿਚ ਟਿਕਿਆਂ ਪਰਵਾਰ ਦਾ ਮੋਹ ਤੇ ਹੋਰ ਵਿਕਾਰ ਮਨ ਵਿਚੋਂ ਮਿਟ ਸਕਦੇ ਹਨ। ਪੈਰਾਂ ਨਾਲ ਗੁਰੂ ਦੇ ਦੱਸੇ ਮਾਰਗ ਅਨੁਸਾਰ ਚੱਲ, ਭਾਵ ਅਕਾਲ ਪੁਰਖੁ ਦੇ ਹੁਕਮੁ ਤੇ ਰਜਾ ਵਿਚ ਰਹਿੰਦੇ ਹੋਏ ਗੁਰਮਤਿ ਅਨੁਸਾਰ ਜੀਵਨ ਬਤੀਤ ਕਰ। ਜੇਕਰ ਅਕਾਲ ਪੁਰਖੁ ਦੇ ਨਾਮੁ ਨੂੰ ਰਤਾ ਭਰ ਵੀ ਜਪ ਲਈਏ ਤਾਂ ਮਨ ਵਿਚੋਂ ਪਾਪ ਦੂਰ ਹੋ ਜਾਂਦੇ ਹਨ। ਹੱਥਾਂ ਨਾਲ ਗੁਰੂ ਦੀ ਦੱਸੀ ਹੋਈ ਸਿਖਿਆ ਅਨੁਸਾਰ ਕੰਮ ਕਰ ਤੇ ਕੰਨ ਨਾਲ ਅਕਾਲ ਪੁਰਖ ਦੀ ਸਿਫਤਿ ਸਾਲਾਹ ਦੀ ਬਾਣੀ ਨੂੰ ਸੁਣ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦੀ ਦਰਗਾਹ ਵਿਚ ਪਰਵਾਨ ਹੋ ਸਕੇਗਾ।

*ਉਸਤਤਿ ਮਨ ਮਹਿ ਕਰਿ ਨਿਰੰਕਾਰ ॥ ਕਰਿ ਮਨ ਮੇਰੇ ਸਤਿ ਬਿਉਹਾਰ ॥ ਨਿਰਮਲ ਰਸਨਾ ਅੰਮ੍ਰਿਤੁ ਪੀਉ ॥ ਸਦਾ ਸੁਹੇਲਾ ਕਰਿ ਲੇਹਿ ਜੀਉ ॥ ਨੈਨਹੁ ਪੇਖੁ ਠਾਕੁਰ ਕਾ ਰੰਗੁ ॥ ਸਾਧਸੰਗਿ ਬਿਨਸੈ ਸਭ ਸੰਗੁ ॥ ਚਰਨ ਚਲਉ ਮਾਰਗਿ ਗੋਬਿੰਦ ॥ ਮਿਟਹਿ ਪਾਪ ਜਪੀਐ ਹਰਿ ਬਿੰਦ ॥ ਕਰ ਹਰਿ ਕਰਮ ਸ੍ਰਵਨਿ ਹਰਿ ਕਥਾ ॥ ਹਰਿ ਦਰਗਹ ਨਾਨਕ ਊਜਲ ਮਥਾ ॥੨॥ (੨੮੧)*

ਸਬਦ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਮਨ ਵਿਚ ਵਸਾਣ ਨਾਲ ਮਨ ਦੇ ਭਰਮ ਤੇ ਭਟਕਣਾ ਦੂਰ ਹੋ ਸਕਦੀ ਹੈ। ਗੁਰੂ ਦੇ ਸ਼ਬਦ ਨੂੰ ਚੰਗੀ ਤਰ੍ਹਾਂ ਸਮਝ ਵਿਚਾਰ ਕੇ ਸਦਾ ਟਿਕੇ ਰਹਿਣ ਨਾਲ ਆਤਮਕ ਆਨੰਦ ਮਾਣ ਸਕਦੇ ਹਾਂ। ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿੰਣ ਨਾਲ ਤ੍ਰਿਸ਼ਨਾ ਦੀ ਅੱਗ ਮਿਟ ਜਾਂਦੀ ਹੈ ਤੇ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਗੁਰੂ ਦੀ ਸਰਨ ਪਿਆਂ ਹੀ ਅਕਾਲ ਪੁਰਖੁ ਦਾ ਨਾਮੁ ਮਿਲ ਸਕਦਾ ਹੈ, ਤੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੀ ਕਦਰ ਬਾਰੇ ਸਮਝ ਆ ਸਕਦੀ ਹੈ। ਇਸ ਲਈ ਹੇ ਮੇਰੇ ਮਨ! ਗੁਰਬਾਣੀ ਦੁਆਰਾ ਅਕਾਲ ਪੁਰਖੁ ਬਾਰੇ ਅਸਲੀਅਤ ਤੇ ਉਸ ਦੀ ਜਾਣ ਪਛਾਣ ਬਾਰੇ ਗਿਆਨ ਦੀਆਂ ਗੱਲ ਸੁਣ। ਸਭ ਦੀ ਲੋੜ ਅਨੁਸਾਰ ਪਦਾਰਥ ਦੇਣ ਵਾਲੇ ਅਕਾਲ ਪੁਰਖੁ ਦੀ ਸਮਰੱਥਾ ਇਤਨੀ ਹੈ ਕਿ ਉਹ ਹਰੇਕ ਤਰ੍ਹਾਂ ਦਾ ਢੰਗ ਜਾਣਦਾ ਹੈ। ਅਕਾਲ ਪੁਰਖੁ ਦਾ ਨਾਮੁ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਜੋ ਕਿ ਗੁਰੂ ਦੀ ਸਰਨ ਪਿਆਂ ਹੀ ਮਿਲ ਸਕਦਾ ਹੈ।

*ਸੁਣਿ ਮਨ ਮੇਰੇ ਤਤੁ ਗਿਆਨੁ ॥ ਦੇਵਣ ਵਾਲਾ ਸਭ ਬਿਧਿ ਜਾਣੈ ਗੁਰਮੁਖਿ ਪਾਈਐ ਨਾਮੁ ਨਿਧਾਨੁ ॥੧॥ ਰਹਾਉ ॥ (੪੨੩)*

ਜੇ ਮਨੁੱਖ ਦਾ ਮਨ ਵਿਕਾਰਾਂ ਦੀ ਮੈਲ ਨਾਲ ਭਰਿਆ ਰਹੇ ਤਾਂ ਉਤਨਾ ਚਿਰ ਮਨੁੱਖ ਜੋ ਕੁਝ ਵੀ ਕਰਦਾ ਹੈ, ਸਭ ਕੁਝ ਵਿਕਾਰਾਂ ਵਾਲਾ ਕੰਮ ਹੀ ਕਰਦਾ ਹੈ। ਸਰੀਰ ਨੂੰ ਤੀਰਥਾਂ ਤੇ ਜਾ ਕੇ ਬਾਹਰੋਂ ਇਸ਼ਨਾਨ ਕਰਾਣ ਨਾਲ ਸਰੀਰ ਬਾਹਰੋਂ ਤਾਂ ਸਾਫ ਹੋ ਸਕਦਾ ਹੈ, ਪਰੰਤੂ ਮਨ ਪਵਿਤਰ ਨਹੀਂ ਹੋ ਸਕਦਾ। ਸੰਸਾਰ ਦੇ ਬਹੁਤ ਸਾਰੇ ਲੋਕ ਅਜੇਹੇ ਭਰਮ ਭੁਲੇਖਿਆਂ ਵਿਚ ਪੈ ਕੇ ਕੁਰਾਹੇ ਪਏ ਹੋਏ ਹਨ, ਕਿ ਤੀਰਥਾਂ ਤੇ ਜਾ ਕੇ ਇਸ਼ਨਾਨ ਕਰਨ ਨਾਲ ਮਨ ਪਵਿਤਰ ਹੋ ਜਾਂਦਾ ਹੈ। ਕੋਈ ਵਿਰਲਾ ਮਨੁੱਖ ਹੀ ਇਸ ਸੱਚਾਈ ਨੂੰ ਸਮਝਦਾ ਹੈ। ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ, ਉਸ ਦੇ ਮਨ ਅੰਦਰੋਂ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਤੇ ਉਸ ਦਾ ਮਨ ਪਵਿਤਰ ਹੋ ਜਾਂਦਾ ਹੈ। ਇਸ ਲਈ ਹੇ ਮੇਰੇ ਮਨ! ਤੂੰ ਵਿਕਾਰਾਂ ਤੋਂ ਬਚਣ ਲਈ ਸਿਰਫ਼ ਅਕਾਲ ਪੁਰਖੁ ਦਾ ਨਾਮੁ ਜਪਿਆ ਕਰ। ਅਕਾਲ ਪੁਰਖੁ ਦਾ ਇਹ ਨਾਮੁ ਰੂਪੀ ਖ਼ਜ਼ਾਨਾ ਮੈਨੂੰ ਗੁਰੂ ਨੇ ਬਖ਼ਸ਼ਿਆ ਹੈ।

*ਵਡਹੰਸੁ ਮਹਲਾ ੩ ਘਰੁ ੧ ॥ ੧ੴ ਸਤਿਗੁਰ ਪ੍ਰਸਾਦਿ ॥ ਮਨਿ ਮੈਲੈ ਸਭੁ ਕਿਛੁ ਮੈਲਾ ਤਨਿ ਧੋਤੈ ਮਨੁ ਹਛਾ ਨ ਹੋਇ ॥ ਇਹੁ ਜਗਤੁ ਭਰਮਿ ਭੁਲਾਇਆ ਵਿਰਲਾ ਬੂਝੈ ਕੋਇ ॥੧॥ ਜਪਿ ਮਨ ਮੇਰੇ ਤੂ ਏਕੋ ਨਾਮੁ ॥ ਸਤਿਗੁਰ ਦੀਆ ਮੋ ਕਉ ਏਹੁ ਨਿਧਾਨੁ ॥੧॥ ਰਹਾਉ ॥ (੫੫੮)*

ਆਤਮਕ ਜੀਵਨ ਦੇ ਰਸਤੇ ਵਿਚ ਮਾਇਆ ਦਾ ਮੋਹ ਮਾਨੋ ਇਕ ਘੁੱਪ ਹਨੇਰੇ ਦੀ ਤਰ੍ਹਾਂ ਹੈ, ਗੁਰੂ ਦੀ ਸਰਨ ਵਿਚ ਪੈਣ ਤੋਂ ਬਿਨਾ ਇਸ ਮਾਇਆ ਦੇ ਹਨੇਰੇ ਵਿਚੋਂ ਬਾਹਰ ਨਿਕਲਣ ਲਈ ਆਤਮਕ ਜੀਵਨ ਲਈ ਗਿਆਨ ਨਹੀਂ ਮਿਲ ਸਕਦਾ। ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ, ਉਨ੍ਹਾਂ ਨੂੰ ਸੋਝੀ ਪ੍ਰਾਪਤ ਹੋ ਜਾਂਦੀ ਹੈ, ਨਹੀਂ ਤਾਂ ਜਿਆਦਾ ਤਰ ਲੋਕ ਮਾਇਆ ਦੇ ਮੋਹ ਵਿਚ ਫਸ ਕੇ ਖ਼ੁਆਰ ਹੁੰਦੇ ਰਹਿੰਦੇ ਹਨ। ਗੁਰੂ ਦਾ ਸ਼ਬਦ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਰੌਸ਼ਨੀ ਪੈਦਾ ਕਰਦਾ ਹੈ, ਤੇ ਉਸ ਨੂੰ ਅਕਾਲ ਪੁਰਖੁ ਦੇ ਚਰਨਾਂ ਵਿਚ ਜੋੜ ਸਕਦਾ ਹੈ। ਇਸ ਲਈ ਹੇ ਮੇਰੇ ਮਨ! ਗੁਰੂ ਦੀ ਮਤਿ ਅਨੁਸਾਰ ਜੀਵਨ ਦੇ ਰਸਤੇ ਤੇ ਚੱਲ। ਜੇ ਤੂੰ ਸਦਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹੇਗਾ ਤਾਂ ਮਾਇਆ ਦੇ ਬੰਧਨਾਂ ਤੋਂ ਖਲਾਸੀ ਪਾਣ ਦਾ ਰਸਤਾ ਵੀ ਲੱਭ ਲਏਂਗਾ।

*ਵਡਹੰਸੁ ਮਹਲਾ ੩ ॥ **ਮਾਇਆ ਮੋਹੁ ਗੁਬਾਰੁ ਹੈ ਗੁਰ ਬਿਨੁ ਗਿਆਨੁ ਨ ਹੋਈ ॥ ਸਬਦਿ ਲਗੇ ਤਿਨ ਬੁਝਿਆ ਦੂਜੈ ਪਰਜ ਵਿਗੋਈ** ॥੧॥ **ਮਨ ਮੇਰੇ ਗੁਰਮਤਿ ਕਰਣੀ ਸਾਰੁ ॥ ਸਦਾ ਸਦਾ ਹਰਿ ਪ੍ਰਭੁ ਰਵਹਿ ਤਾ ਪਾਵਹਿ ਮੋਖ ਦੁਆਰੁ ॥੧॥ ਰਹਾਉ ॥** (੫੫੯)*

ਹਉਮੈ ਦਾ ਅਕਾਲ ਪੁਰਖੁ ਦੇ ਨਾਮੁ ਨਾਲ ਵੈਰ ਵਿਰੋਧ ਹੈ, ਇਹ ਦੋਵੇਂ ਇਕੱਠੇ ਹਿਰਦੇ ਵਿਚ ਨਹੀਂ ਰਹਿ ਸਕਦੇ। ਹਉਮੈ ਵਿਚ ਟਿਕੇ ਰਹਿਣ ਨਾਲ ਅਕਾਲ ਪੁਰਖੁ ਦੀ ਸੇਵਾ ਭਗਤੀ ਨਹੀਂ ਹੋ ਸਕਦੀ। ਜਦੋਂ ਮਨੁੱਖ ਹਉਮੈ ਵਿਚ ਟਿਕਿਆ ਰਹਿੰਦਾ ਹੈ ਤਾਂ ਅਕਸਰ ਦੂਸਰੇ ਦੀ ਚੰਗੀ ਗੱਲ ਜਾਂ ਸਿਖਿਆ ਘਟ ਹੀ ਸੁਣਦਾ ਹੈ, ਤੇ ਆਪਣੇ ਆਪ ਨੂੰ ਹੀ ਜਿਆਦਾ ਤਰ ਠੀਕ ਸਮਝਦਾ ਹੈ। ਅਜੇਹੇ ਲੋਕ ਗੁਰਬਾਣੀ ਵਿਚ ਗੁਰੂ ਸਾਹਿਬ ਦੀਆਂ ਦਿੱਤੀਆਂ ਗਈਆਂ ਸਿਖਿਆਵਾਂ ਵਲ ਵੀ ਧਿਆਨ ਨਹੀਂ ਦਿੰਦੇ ਤੇ ਆਪਣੀਆਂ ਰਵਾਇਤਾਂ ਜਾਂ ਹੰਕਾਰ ਵਿਚ ਹੀ ਮਸਤ ਰਹਿੰਦੇ ਹਨ। ਅਜੇਹੇ ਮਨੁੱਖਾਂ ਦੇ ਮਨ ਅੰਦਰ ਗੁਰੂ ਦੀ ਮਤ ਨਹੀਂ ਜਾ ਸਕਦੀ, ਜਿਸ ਕਰਕੇ ਉਹ ਗਿਆਨ ਹੀਣ ਹੀ ਰਹਿੰਦੇ ਹਨ। ਹਉਮੈ ਦੇ ਘੁੱਪ ਹਨੇਰੇ ਵਿਚ ਅਕਾਲ ਪੁਰਖੁ ਦੀ ਭਗਤੀ ਨਹੀਂ ਹੋ ਸਕਦੀ, ਤੇ ਨਾ ਹੀ ਅਕਾਲ ਪੁਰਖੁ ਦੇ ਹੁਕਮੁ ਤੇ ਰਜ਼ਾ ਨੂੰ ਸਮਝਿਆ ਜਾ ਸਕਦਾ ਹੈ। ਪਰ ਜੇ ਗੁਰੂ ਮਿਲ ਪਏ ਭਾਵ ਗੁਰਬਾਣੀ ਲਈ ਪ੍ਰੇਮ ਤੇ ਸਤਿਕਾਰ ਪੈਦਾ ਹੋ ਜਾਵੇ ਤਾਂ ਮਨੁੱਖ ਦੇ ਮਨ ਅੰਦਰੋਂ ਹਉਮੈ ਦੂਰ ਹੋ ਸਕਦਾ ਹੈ, ਤੇ ਅਕਾਲ ਪੁਰਖੁ ਦਾ ਨਾਮੁ ਮਨੁੱਖ ਦੇ ਮਨ ਵਿਚ ਵੱਸ ਸਕਦਾ ਹੈ। ਇਸ ਲਈ ਹੇ ਮੇਰੇ ਮਨ! ਤੂੰ ਆਪਣੇ ਅੰਦਰ ਗੁਰੂ ਦਾ ਸ਼ਬਦ ਵਸਾਣ ਦੀ ਕਮਾਈ ਕਰ ਤੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨ ਲਈ ਉਪਰਾਲਾ ਕਰਦਾ ਰਹਿ। ਜੇਕਰ ਤੂੰ ਗੁਰੂ ਦਾ ਹੁਕਮੁ ਮੰਨੇਂਗਾ, ਤਾਂ ਤੈਨੂੰ ਅਕਾਲ ਪੁਰਖੁ ਦਾ ਮਿਲਾਪ ਹੋ ਜਾਵੇਗਾ, ਤੇ ਤੇਰੇ ਅੰਦਰੋਂ ਹਉਮੈ ਦੂਰ ਹੋ ਜਾਵੇਗਾ।

*ਵਡਹੰਸੁ ਮਹਲਾ ੩ ॥ **ਹਉਮੈ ਨਾਵੈ ਨਾਲਿ ਵਿਰੋਧੁ ਹੈ ਦੁਇ ਨ ਵਸਹਿ ਇਕ ਠਾਇ ॥ ਹਉਮੈ ਵਿਚਿ ਸੇਵਾ ਨ ਹੋਵਈ ਤਾ ਮਨੁ ਬਿਰਥਾ ਜਾਇ** ॥੧॥ **ਹਰਿ ਚੇਤਿ ਮਨ ਮੇਰੇ ਤੂ ਗੁਰ ਕਾ ਸਬਦੁ ਕਮਾਇ ॥ ਹੁਕਮੁ ਮੰਨਹਿ ਤਾ ਹਰਿ ਮਿਲੈ ਤਾ ਵਿਚਹੁ ਹਉਮੈ ਜਾਇ ॥ ਰਹਾਉ ॥** (੫੬੦)*

ਜਿਹੜੇ ਮਨੁੱਖ ਗੁਰੂ ਦੀ ਸਰਨ ਵਿਚ ਪੈ ਕੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਸੱਚੀ ਬਾਣੀ ਆਪਣੇ ਹਿਰਦੇ ਵਿਚ ਵਸਾ ਲੈਂਦੇ ਹਨ, ਉਨ੍ਹਾਂ ਦੇ ਮਨ ਅੰਦਰ ਅਕਾਲ ਪੁਰਖੁ ਦੇ ਨਾਮੁ ਦੀ ਧੁੰਨ ਸਦਾ ਚੱਲਦੀ ਰਹਿੰਦੀ ਹੈ। ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਨ ਵਾਲੇ ਗੁਰੂ ਦੇ ਸ਼ਬਦ ਦੀ ਵੀਚਾਰ ਅਜੇਹੇ ਮਨੁੱਖ ਦੇ ਜੀਵਨ ਦਾ ਧੁਰਾ ਬਣ ਜਾਂਦੀ ਹੈ, ਜਿਸ ਸਦਕਾ ਉਹ ਮਨੱਖ ਹਰ ਵੇਲੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦਾ ਰਹਿੰਦਾ ਹਾਂ। ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਹੜੇ ਕਿ ਸਦਾ ਦਿਨ ਰਾਤ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿੰਦੇ ਹਨ। ਇਸ ਲਈ ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦੇ ਨਾਮੁ ਤੋਂ ਸਦਕੇ ਜਾਇਆ ਕਰ। ਪਰ ਇਹ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਦਾ ਨਾਮੁ ਤੂੰ ਤਾਂ ਹੀ ਹਾਸਲ ਕਰ ਸਕੇਂਗਾ, ਜੇਕਰ ਤੂੰ ਅਕਾਲ ਪੁਰਖੁ ਦੇ ਸੇਵਕਾਂ ਦਾ ਵੀ ਸੇਵਕ ਬਣਿਆ ਰਹੇਂਗਾ।

*ਵਡਹੰਸੁ ਮਹਲਾ ੩ ਅਸਟਪਦੀਆ ॥ ੴ ਸਤਿਗੁਰ ਪ੍ਰਸਾਦਿ ॥ ਸਚੀ ਬਾਣੀ ਸਚੁ ਧੁਨਿ ਸਚੁ ਸਬਦੁ ਵੀਚਾਰਾ ॥ ਅਨਦਿਨੁ ਸਚੁ ਸਲਾਹਣਾ ਧਨੁ ਧਨੁ ਵਡਭਾਗ ਹਮਾਰਾ ॥੧॥ **ਮਨ ਮੇਰੇ ਸਾਚੇ ਨਾਮ ਵਿਟਹੁ ਬਲਿ ਜਾਉ ॥ ਦਾਸਨਿ ਦਾਸਾ ਹੋਇ ਰਹਹਿ ਤਾ ਪਾਵਹਿ ਸਚਾ ਨਾਉ ॥੧॥ ਰਹਾਉ ॥** (੫੬੪,੫੬੫)*

ਜਦੋਂ ਕੋਈ ਮਨੁੱਖ ਅਕਾਲ ਪੁਰਖੁ ਨੂੰ ਚੰਗਾ ਲੱਗਦਾ ਹੈ, ਤਾਂ ਉਹ ਮਨੁੱਖ ਅਕਾਲ ਪੁਰਖੁ ਦੀ ਮੇਹਰ ਸਦਕਾ ਸਿਫ਼ਤਿ ਸਾਲਾਹ ਕਰਨ ਦਾ ਫਲ ਪ੍ਰਾਪਤ ਕਰਦਾ ਰਹਿੰਦਾ ਹੈ। ਜਿਸ ਮਨੁੱਖ ਦੇ ਮਨ ਅੰਦਰ ਸਤਿਗੁਰੂ ਦੀ ਸਿਫ਼ਤਿ ਸਾਲਾਹ ਕਰਨ ਵਾਲੀ ਸਿੱਖਿਆ ਦੀ ਜੋਤਿ ਜਗ ਜਾਂਦੀ ਹੈ, ਉਸ ਦੇ ਅੰਦਰੋਂ ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਹੈ ਤੇ ਉਹ ਮਨੁੱਖ ਮਾਇਆ ਪਿਛੇ ਭਟਕਣਾ ਤਿਆਗ ਦੇਂਦਾ ਹੈ। ਜਿਸ ਮਨੁੱਖ ਨੇ ਗੁਰੂ ਦੇ ਬਚਨਾਂ ਅਨੁਸਾਰ ਚਲ ਕੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਖ਼ਜ਼ਾਨਾ ਲੱਭ ਲਿਆ, ਉਹ ਮਨੁੱਖ ਉਸ ਨਾਮੁ ਰੂਪੀ ਖ਼ਜ਼ਾਨੇ ਦੀ ਬਰਕਤਿ ਨਾਲ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦੀ ਯਾਦ ਵਿਚ ਟਿਕਿਆ ਰਹਿੰਦਾ ਹੈ।

***ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ ਰਹਾਉ ॥** (੫੬੯)*

ਇਸ ਸਰੀਰ ਵਿਚ ਕਾਮ ਕ੍ਰੋਧ ਲੋਭ ਮੋਹ ਅਹੰਕਾਰ ਪੰਜ ਚੋਰ ਵੱਸਦੇ ਹਨ, ਜਿਹੜੇ ਮਨੁੱਖ ਦੇ ਅੰਦਰੋਂ ਆਤਮਕ ਜੀਵਨ ਦੇਣ ਵਾਲਾ ਨਾਮੁ ਧਨ ਲੁੱਟਦੇ ਰਹਿੰਦੇ ਹਨ, ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਗੁਰੂ ਦੇ ਸ਼ਬਦ ਦੀ ਸਿਖਿਆ ਵੱਲ ਧਿਆਨ ਨਹੀਂ ਦਿੰਦੇ, ਤੇ ਸਭ ਕੁਝ ਲੁਟਾ ਕੇ ਦੁਖੀ ਹੁੰਦੇ ਰਹਿੰਦੇ ਹਨ। ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਤੇ ਅਕਾਲ ਪੁਰਖੁ ਦੀ ਮੇਹਰ ਸਦਕਾ ਸੁਖੀ ਰਹਿੰਦਾ ਹੈ। ਇਸ ਲਈ ਹੇ ਮੇਰੇ ਮਨ ਹਮੇਸ਼ਾਂ ਧਿਆਨ ਵਿਚ ਰੱਖ ਕਿ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨ ਨਾਲ ਹੀ ਅਕਾਲ ਪੁਰਖੁ ਮਿਲ ਸਕਦਾ ਹੈ। ਗੁਰੂ ਦੇ ਸ਼ਬਦ ਤੋਂ ਬਿਨਾ ਜਗਤ ਕੁਰਾਹੇ ਪਿਆ ਹੋਇਆ ਹੈ ਤੇ ਭਟਕ ਰਿਹਾ ਹੈ, ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਦਰਗਾਹ ਵਿਚ ਸਜਾ ਮਿਲਦੀ ਰਹਿੰਦੀ ਹੈ।

*ਮਨ ਮੇਰੇ ਗੁਰ ਸਬਦੀ ਹਰਿ ਪਾਇਆ ਜਾਇ ॥ ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ ॥ ਰਹਾਉ ॥* (੬੦੦)

ਆਪਣੇ ਮਨ ਨੂੰ ਸਮਝਾਣਾ ਹੈ ਕਿ ਅਕਾਲ ਪੁਰਖੁ ਨਾਲ ਇਹੋ ਜਿਹਾ ਪਿਆਰ ਬਣਾ ਕਿ ਗੁਰਬਾਣੀ ਦੁਆਰਾ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹੇ, ਤਾਂ ਜੋ ਅਕਾਲ ਪੁਰਖੁ ਨੂੰ ਅੱਠੇ ਪਹਿਰ ਭਾਵ ਹਰ ਵੇਲੇ ਆਪਣੇ ਨੇੜੇ ਵੱਸਦਾ ਸਮਝ ਸਕੇਂ।

*ਐਸੀ ਪ੍ਰੀਤਿ ਕਰਹੁ ਮਨ ਮੇਰੇ ॥ ਆਠ ਪਹਰ ਪ੍ਰਭ ਜਾਨਹੁ ਨੇਰੇ ॥੧॥ ਰਹਾਉ ॥* (੮੦੭)

ਅਕਾਲ ਪੁਰਖੁ ਆਪ ਸਭ ਨੂੰ ਆਸਰਾ ਦੇਣ ਵਾਲਾ ਹੈ, ਇਸ ਲਈ ਕਿਸੇ ਹੋਰ ਮਨੁੱਖ ਦਾ ਓਟ ਤੇ ਆਸਰਾ ਰੱਖਣਾ ਵਿਅਰਥ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਯਾਦ ਰੱਖਦਾ ਹੈ, ਗੁਰੂ ਉਸ ਨੂੰ ਆਨੰਦ ਦੇਣ ਵਾਲੇ ਅਕਾਲ ਪੁਰਖੁ ਦੇ ਦਰਸ਼ਨ ਕਰਾ ਦਿੰਦਾ ਹੈ। ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ ਅੰਤ ਨੂੰ ਅਕਾਲ ਪੁਰਖੁ ਹੀ ਰੱਖਿਆ ਕਰ ਸਕਣ ਵਾਲਾ ਹੈ। ਪਰੰਤੂ ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਤੇ ਆਪਣੇ ਅੰਦਰੋਂ ਹੰਕਾਰ ਦੂਰ ਕਰ ਕੇ ਹੀ ਅਕਾਲ ਪੁਰਖੁ ਨੂੰ ਮਿਲਿਆ ਜਾ ਸਕਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਤੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਿਹਾ ਕਰ। ਤੇਰਾ ਇਹ ਮਨੁੱਖਾ ਜਨਮ ਸਫਲ ਕਰਨ ਦਾ ਕਾਰਜ ਇਕ ਦਿਨ ਜ਼ਰੂਰ ਪੂਰਾ ਹੋ ਜਾਵੇਗਾ।

*ਏਕੋ ਨਾਮੁ ਧਿਆਇ ਮਨ ਮੇਰੇ ॥ ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ ਹਰਿ ਗੁਣ ਗਾਇ ਮਨ ਮੇਰੇ ॥੧॥ ਰਹਾਉ ॥* (੮੯੬)

ਜਿਸ ਮਨੁੱਖ ਦੇ ਅੰਦਰ ਗੁਰੂ ਦੇ ਸਬਦ ਦੁਆਰਾ ਅਕਾਲ ਪੁਰਖੁ ਦਾ ਨਾਮੁ ਪਰਗਟ ਹੋ ਜਾਂਦਾ ਹੈ, ਉਹ ਹਰ ਵੇਲੇ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ। ਗੁਰੂ ਅਕਾਲ ਪੁਰਖੁ ਦੇ ਨਾਮੁ ਦੀ ਦਾਤ ਦੇਣ ਵਾਲਾ ਹੈ, ਜਿਸ ਮਨੁੱਖ ਨੇ ਗੁਰੂ ਦਾ ਆਸਰਾ ਲੈ ਲਿਆ, ਉਹ ਸਦਾ ਆਨੰਦ ਮਾਣਦਾ ਰਹਿੰਦਾ ਹੈ। ਇਸ ਲਈ ਹੇ ਮੇਰੇ ਮਨ! ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਜੀਵਨ ਦਾ ਆਸਰਾ ਬਣਾ, ਕਿਉਂਕਿ ਅਕਾਲ ਪੁਰਖੁ ਹਰੇਕ ਦੀਆਂ ਇੱਛਾ ਪੂਰੀਆਂ ਕਰਨ ਵਾਲਾ ਹੈ। ਜਿਹੜਾ ਮਨੁੱਖ ਅਕਾਲ ਪੁਰਖੁ ਦੇ ਨਾਮੁ ਨੂੰ ਆਪਣਾ ਆਸਰਾ ਬਣਾ ਲੈਂਦਾ ਹੈ, ਉਹ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।

*ਮਨ ਮੇਰੇ ਰਾਮ ਨਾਮੁ ਆਧਾਰੁ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸਭ ਇਛ ਪੁਜਾਵਣਹਾਰੁ ॥੧॥ ਰਹਾਉ ॥* (੧੧੩੨)

ਗੁਰੂ ਦੇ ਸ਼ਬਦ ਦੁਆਰਾ ਇਹ ਪਤਾ ਲਗਦਾ ਹੈ, ਕਿ ਅਕਾਲ ਪੁਰਖੁ ਬੜੇ ਡੂੰਘੇ ਜਿਗਰੇ ਵਾਲਾ ਹੈ ਤੇ ਸਾਰੇ ਗੁਣਾਂ ਦਾ ਖਜ਼ਾਨਾ ਹੈ। ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹੀ ਮਨੁੱਖ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਤੇ ਵਿਕਾਰਾਂ ਤੋਂ ਖਲਾਸੀ ਪਾਣ ਲਈ ਰਸਤਾ ਲੱਭਦਾ ਹੈ। ਪਰੰਤੂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਕਰਕੇ ਭਟਕਦੇ ਰਹਿੰਦੇ ਹਨ, ਤੇ ਕੁਰਾਹੇ ਪਏ ਰਹਿੰਦੇ ਹਨ, ਉਨ੍ਹਾਂ ਨੂੰ ਆਤਮਕ ਜੀਵਨ ਬਾਰੇ ਸਹੀ ਵਿਚਾਰ ਨਹੀਂ ਸੁੱਝਦੀ। ਇਸ ਲਈ ਹੇ ਮੇਰੇ ਮਨ! ਹਮੇਸ਼ਾਂ ਧਿਆਨ ਵਿਚ ਰੱਖ ਕਿ ਜਿਸ ਮਨੁੱਖ ਉੱਤੇ ਅਕਾਲ ਪੁਰਖੁ ਆਪਣੀ ਮਿਹਰ ਦੀ ਨਦਰ ਕਰਦਾ ਹੈ, ਉਹੀ ਮਨੁੱਖ ਅਕਾਲ ਪੁਰਖੁ ਦੀ ਕਦੇ ਨਾ ਮੁੱਕ ਸਕਣ ਵਾਲੀ ਸਿਫ਼ਤਿ ਸਾਲਾਹ ਦੀ ਦਾਤ ਤੇ ਅਕਥ ਕਹਾਣੀਆਂ ਬਾਰੇ ਗਿਆਨ ਹਾਸਲ ਕਰਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲੇ ਗੁਰਮੁਖਿ ਹੀ ਸਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਕਦਰ ਸਮਝਦੇ ਹਨ।

*ਸਾਰਗ ਮਹਲਾ ੩ ॥ ਮਨ ਮੇਰੇ ਹਰਿ ਕੀ ਅਕਥ ਕਹਾਣੀ ॥ ਹਰਿ ਨਦਰਿ ਕਰੇ ਸੋਈ ਜਨੁ ਪਾਏ ਗੁਰਮੁਖਿ ਵਿਰਲੈ ਜਾਣੀ ॥੧॥ ਰਹਾਉ ॥* (੧੨੩੪,੧੨੩੫)

ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖੁ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਿਆ, ਉਨ੍ਹਾਂ ਨੇ ਆਪਣੇ ਅੰਦਰੋਂ ਹਉਮੈ ਨੂੰ ਮੁਕਾ ਕੇ ਅਕਾਲ ਪੁਰਖੁ ਦੇ ਨਾਮੁ ਨੂੰ ਸਦਾ ਲਈ ਆਪਣੇ ਮਨ ਵਿਚ ਵਸਾ ਲਿਆ। ਉਹੀ ਮਨੁੱਖ ਜੀਵਨ ਦੇ ਸਹੀ ਰਸਤੇ ਨੂੰ ਸਮਝਦਾ ਹੈ, ਜਿਸ ਨੂੰ ਅਕਾਲ ਪੁਰਖੁ ਆਪ ਸੂਝ ਬਖ਼ਸ਼ਦਾ ਹੈ, ਤੇ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ। ਅਜੇਹਾ ਮਨੁੱਖ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਤੇ ਸਦਾ ਥਿਰ ਰਹਿੰਣ ਵਾਲੇ ਅਕਾਲ ਪੁਰਖੁ ਵਿਚ ਆਪਣੀ ਸੁਰਤਿ ਜੋੜੀ ਰੱਖਦਾ ਹੈ। ਇਸ ਲਈ ਆਪਣੇ ਮਨ ਨੂੰ ਸਮਝਾਣਾ ਹੈ ਕਿ ਅਕਾਲ ਪੁਰਖੁ ਦਾ ਨਾਮੁ ਇਕ ਇਕ ਖਿਨ, ਭਾਵ ਸਦਾ ਯਾਦ ਕਰਦਾ ਰਿਹਾ ਕਰ। ਇਸ ਤਰ੍ਹਾਂ ਕਰਨ ਨਾਲ ਗੁਰੂ ਦੇ ਬਖ਼ਸ਼ੇ ਸ਼ਬਦ ਦਾ ਆਨੰਦ ਤੇਰੇ ਅੰਦਰ ਕਾਇਮ ਰਹੇਗਾ ਤੇ ਅਕਾਲ ਪੁਰਖੁ ਦੇ ਨਾਮੁ ਦਾ ਸਾਥ ਤੇਰੇ ਨਾਲ ਸਦਾ ਬਣਿਆ ਰਹੇਗਾ।

*ਮਨ ਮੇਰੇ ਖਿਨੁ ਖਿਨੁ ਨਾਮੁ ਸਮ੍ਹਾਲਿ ॥ ਗੁਰ ਕੀ ਦਾਤਿ ਸਬਦ ਸੁਖੁ ਅੰਤਰਿ ਸਦਾ ਨਿਬਹੈ ਤੇਰੈ ਨਾਲਿ ॥੧॥ ਰਹਾਉ ॥* (੧੨੫੯)

ਅਕਾਲ ਪੁਰਖੁ ਹਰੇਕ ਸਰੀਰ ਵਿਚ ਸਮਾਇਆ ਹੋਇਆ ਹੈ, ਇਹ ਜਿੰਦ, ਸਰੀਰ, ਪ੍ਰਾਣ ਤੇ ਸਾਰੇ ਅੰਗ ਉਸ ਦੇ ਹੀ ਦਿੱਤੇ ਹੋਏ ਹਨ। ਜਿਨ੍ਹਾਂ ਮਨੁੱਖਾਂ ਦੀ ਲਗਨ ਇਕ ਅਕਾਲ ਪੁਰਖੁ ਨਾਲ ਲੱਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦੇ ਹਨ। ਕ੍ਰੋੜਾਂ ਵਿਚੋਂ ਜਿਸ ਕਿਸੇ ਵਿਰਲੇ ਮਨੁੱਖ ਨੂੰ ਗੁਰੂ ਆਤਮਕ ਜੀਵਨ ਦੀ ਸੂਝ ਬਖ਼ਸ਼ਦਾ ਹੈ, ਫਿਰ ਉਹ ਮਨੁੱਖ ਜਿਧਰ ਵੀ ਵੇਖਦਾ ਹਾਂ, ਉਸ ਨੂੰ ਉਧਰ ਹੀ ਸਭ ਵਿਚ ਇਕ ਅਕਾਲ ਪੁਰਖੁ ਵੱਸਦਾ ਵਿਖਾਈ ਦਿੰਦਾ ਹੈ। ਇਸ ਲਈ ਹੇ ਮੇਰੇ ਮਨ! ਸਦਾ ਅਕਾਲ ਪੁਰਖੁ ਦੇ ਨਾਮੁ ਵਿਚ ਲਗਨ ਲਗਾਈ ਰੱਖ। ਅਕਾਲ ਪੁਰਖੁ ਇਨ੍ਹਾਂ ਅੱਖਾਂ ਨਾਲ ਵਿਖਾਈ ਨਹੀਂ ਦਿੰਦਾ, ਉਸ ਤਕ ਗਿਆਨ ਇੰਦ੍ਰਿਆਂ ਦੀ

ਪਹੁੰਚ ਨਹੀਂ ਹੋ ਸਕਦੀ, ਉਹ ਬੇਅੰਤ ਹੀ ਬੇਅੰਤ ਹੈ, ਸਾਰੀ ਸ੍ਰਿਸ਼ਟੀ ਦਾ ਰਚਨਹਾਰ ਹੈ, ਇਸ ਲਈ ਉਸ ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਦੁਆਰਾ ਸਦਾ ਧਿਆਉਂਦੇ ਰਹਿਣਾ ਚਾਹੀਦਾ ਹੈ।

*ਮਨ ਮੇਰੇ ਨਾਮਿ ਰਹਉ ਲਿਵ ਲਾਈ ॥ ਅਦਿਸਟੁ ਅਗੋਚਰੁ ਅਪਰੰਪਰੁ ਕਰਤਾ ਗੁਰ ਕੈ ਸਬਦਿ ਹਰਿ ਧਿਆਈ ॥੧॥ ਰਹਾਉ ॥ (੧੨੬੦)*

ਸਭ ਵਿਚ ਵੱਸਣ ਵਾਲੇ ਤੇ ਨਾ ਵਿਖਾਈ ਦੇਣ ਵਾਲੇ ਅਕਾਲ ਪੁਰਖੁ ਨਾਲ ਸਿਰਫ ਗੁਰੂ ਦੁਆਰਾ ਹੀ ਸਬੰਧ ਬਣਾਇਆ ਜਾ ਸਕਦਾ ਹੈ। ਇਸ ਲਈ ਕਹਿ ਸਕਦੇ ਹਾਂ ਕਿ ਗੁਰੂ ਅਕਾਲ ਪੁਰਖੁ ਦਾ ਰੂਪ ਹੈ, ਜੰਮਣ ਮਰਨ ਦੇ ਗੇੜ, ਤੇ ਦੁਖਾਂ ਤੋਂ ਬਚਾਣ ਵਾਲਾ ਹੈ। ਜਿਹੜਾ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ, ਉਹ ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਜ਼ਹਿਰ ਨੂੰ ਵਾਰ ਵਾਰ ਨਹੀਂ ਚੱਖਦਾ। ਗੁਰੂ ਦੀ ਸਰਨ ਵਿਚ ਪਏ ਰਹਿਣ ਨਾਲ ਬਹੁਤ ਸਾਰੇ ਖ਼ਜ਼ਾਨੇ ਮਿਲ ਸਕਦੇ ਹਨ, ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦੀ ਦਰਗਾਹ ਵਿਚ ਆਦਰ ਮਿਲ ਸਕਦਾ ਹੈ। ਜਿਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਉਸ ਦੇ ਭਰਮ, ਡਰ, ਹਰੇਕ ਤਰ੍ਹਾਂ ਦਾ ਦੁਖ ਦਰਦ, ਸਭ ਦੂਰ ਹੋ ਜਾਂਦੇ ਹਨ। ਇਸ ਲਈ ਹੇ ਮੇਰੇ ਮਨ! ਪੂਰੇ ਗੁਰੂ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਿਆ ਕਰ। ਗੁਰੂ ਦੀ ਸਰਨ ਵਿਚ ਪੈ ਕੇ ਦਿਨ ਰਾਤ ਅਕਾਲ ਪੁਰਖੁ ਦਾ ਨਾਮੁ ਜਪਿਆ ਕਰ, ਕਿਉਂਕਿ ਇਹੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ। ਜਿਹੜਾ ਮਨੁੱਖ ਪੂਰੇ ਗੁਰੂ ਦੁਆਰਾ ਅਕਾਲ ਪੁਰਖੁ ਦਾ ਨਾਮੁ ਜਪਦਾ ਹੈ, ਉਹ ਮਨ ਚਾਹੇ ਫਲ ਪ੍ਰਾਪਤ ਕਰ ਲੈਂਦਾ ਹੈ।

*ਮਲਾਰ ਮਹਲਾ ੫ ॥ ਗੁਰ ਸਰਣਾਈ ਸਗਲ ਨਿਧਾਨ ॥ ਸਾਚੀ ਦਰਗਹਿ ਪਾਈਐ ਮਾਨੁ ॥ ਭ੍ਰਮ ਭਉ ਦੂਖੁ ਦਰਦੁ ਸਭੁ ਜਾਇ ॥ ਸਾਧਸੰਗਿ ਸਦ ਹਰਿ ਗੁਣ ਗਾਇ ॥ ਮਨ ਮੇਰੇ ਗੁਰੁ ਪੂਰਾ ਸਾਲਾਹਿ ॥ ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ ॥੧॥ ਰਹਾਉ ॥ (੧੨੭੧)*

ਆਪਣੇ ਮੂਰਖ ਮਨ ਨੂੰ ਸਮਝਾਣਾ ਹੈ ਕਿ ਇਸ ਜਗਤ ਵਿਚ ਜਨਮ ਮਰਨ ਦਾ ਸਿਲਸਲਾ ਚਲਦਾ ਰਹਿਣਾਂ ਹੈ, ਇਸ ਲਈ ਅਕਾਲ ਪੁਰਖੁ ਅਗੇ ਇਹੀ ਬੇਨਤੀ ਕਰਨੀ ਹੈ ਕਿ ਮੈਨੂੰ ਗੁਰੂ ਨਾਲ ਮਿਲਾ ਦਿਉ ਤਾਂ ਜੋ ਮੈਂ ਅਕਾਲ ਪੁਰਖੁ ਦੇ ਨਾਮੁ ਵਿਚ ਲੀਨ ਰਹਿ ਸਕਾ। ਇਹ ਨਾਮੁ ਅਕਾਲ ਪੁਰਖੁ ਦੀ ਆਪਣੀ ਮਲਕੀਅਤ ਹੈ, ਉਹੀ ਜਾਣਦਾ ਹੈ ਕਿ ਇਹ ਵਸਤੂ ਕਿਸ ਨੂੰ ਦੇਣੀ ਹੈ। ਜਿਸ ਜੀਵ ਨੂੰ ਅਕਾਲ ਪੁਰਖੁ ਇਹ ਦਾਤ ਦਿੰਦਾ ਹੈ, ਉਹੀ ਇਸ ਨੂੰ ਲੈ ਸਕਦਾ ਹੈ। ਇਹ ਨਾਮੁ ਅਕਾਲ ਪੁਰਖੁ ਦੀ ਐਸੀ ਸੁੰਦਰ ਵਸਤੂ ਹੈ, ਕਿ ਜਗਤ ਵਿਚ ਇਸ ਵਰਗੀ ਹੋਰ ਕੋਈ ਵਸਤੂ ਨਹੀਂ। ਕਿਸੇ ਤਰ੍ਹਾਂ ਦੀ ਵੀ ਚਤੁਰਾਈ, ਸਿਆਣਪ ਜਾਂ ਮਨੁੱਖ ਦੀਆਂ ਗਿਆਨ ਇੰਦ੍ਰਿਆਂ ਦੁਆਰਾ ਇਸ ਤਕ ਪਹੁੰਚ ਨਹੀਂ ਹੋ ਸਕਦੀ। ਸਿਰਫ ਪੂਰਾ ਗੁਰੂ ਹੀ ਅਦ੍ਰਿਸ਼ਟ ਅਕਾਲ ਪੁਰਖੁ ਦਾ ਦੀਦਾਰ ਕਰਾ ਸਕਦਾ ਹੈ। ਜਿਹੜਾ ਮਨੁੱਖ ਇਸ ਨਾਮੁ ਰੂਪੀ ਵਸਤੂ ਨੂੰ ਚੱਖਦਾ ਹੈ, ਉਹੀ ਇਸ ਦਾ ਸੁਆਦ ਜਾਣ ਸਕਦਾ ਹੈ। ਜਿਸ ਤਰ੍ਹਾਂ ਕਿ ਇਕ ਗੁੰਗਾ ਮਿਠਿਆਈ ਖਾ ਕੇ ਉਸ ਦਾ ਸਵਾਦ ਨਹੀਂ ਦੱਸ ਸਕਦਾ, ਠੀਕ ਉਸੇ ਤਰ੍ਹਾਂ ਉਹ ਮਨੁੱਖ ਵੀ ਨਾਮੁ ਦੇ ਸੁਆਦ ਬਾਰੇ ਬਿਆਨ ਨਹੀਂ ਕਰ ਸਕਦਾ। ਜੇਕਰ ਕਿਸੇ ਨੂੰ ਇਹ ਨਾਮੁ ਰੂਪੀ ਰਤਨ ਪ੍ਰਾਪਤ ਹੋ ਜਾਵੇ, ਤੇ ਉਹ ਮਨੁੱਖ ਇਸ ਰਤਨ ਨੂੰ ਆਪਣੇ ਅੰਦਰ ਲੁਕਾ ਕੇ ਰੱਖਣਾ ਚਾਹੇ, ਤਾਂ ਵੀ ਇਹ ਰਤਨ ਲੁਕਾਣ ਨਾਲ ਲੁਕਦਾ ਨਹੀਂ, ਕਿਉਂਕਿ ਉਸ ਮਨੁੱਖ ਦੇ ਆਤਮਕ ਜੀਵਨ ਤੋਂ ਇਸ ਰਤਨ ਨੂੰ ਪ੍ਰਾਪਤ ਕਰਨ ਦੇ ਲੱਛਣ ਦਿੱਸ ਪੈਂਦੇ ਹਨ। ਇਸ ਲਈ ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਆਪਣੇ ਦਾਸ ਨੂੰ ਅਜੇਹੀ ਇੱਜ਼ਤ ਬਖ਼ਸ਼ੋ ਕਿ ਉਹ ਸਦਾ ਅਕਾਲ ਪੁਰਖੁ ਦੀ ਸ਼ਰਨ ਵਿਚ ਪਿਆ ਰਹੇ ਤੇ ਗੁਰੂ ਦੀ ਮਤਿ ਦੁਆਰਾ ਆਪਣੇ ਅੰਦਰ ਅਕਾਲ ਪੁਰਖੁ ਦਾ ਨਾਮੁ ਪਰਗਟ ਕਰਦਾ ਰਹੇ।

*ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ ॥ ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ ॥ ਰਹਾਉ ॥ (੬੦੭)*

ਗੁਰਬਾਣੀ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ, ਕਿ ਗੁਰ ਸਬਦ ਦੁਆਰਾ, ਸੱਚੀ ਬਾਣੀ ਦੁਆਰਾ, ਆਪਣੇ ਹਿਰਦੇ ਨਾਲ ਉਸ ਸਚੇ ਅਕਾਲ ਪੁਰਖੁ ਦੀ ਵਾਹੁ ਵਾਹੁ ਕਰਨੀ ਹੈ, ਉਸ ਦੀ ਉਸਤਤ ਕਰਨੀ ਹੈ, ਉਸ ਦੇ ਗੁਣ ਗਾਇਨ ਕਰਨੇ ਹਨ, ਤਾਂ ਜੋ ਉਸ ਅਕਾਲ ਪੁਰਖੁ ਦਾ ਮਿਲਾਪ ਹੋ ਸਕੇ, ਉਸ ਦੀ ਬਖਸ਼ਸ ਮਿਲ ਸਕੇ, ਜਮਾਂ ਤੋਂ ਛੁਟਕਾਰਾ ਮਿਲ ਸਕੇ, ਉਸ ਦੇ ਦਰ ਤੇ ਸੋਭਾ ਮਿਲ ਸਕੇ, ਤੇ ਸਾਡਾ ਮਨੁੱਖਾ ਜੀਵਨ ਸਫਲ ਹੋ ਸਕੇ। ਵਾਹੁ ਵਾਹੁ ਸਬਦ ਗੁਰੂ ਗਰੰਥ ਸਾਹਿਬ ਵਿਚ ਬਹੁਤ ਵਾਰੀ ਆਇਆ ਹੈ। ਕੁਝ ਕੁ ਸਬਦ ਉਦਾਹਰਣ ਲਈ ਸਾਂਝੇ ਕੀਤੇ ਗਏ ਹਨ।

*ਸਉਦੇ ਵਾਹੁ ਵਾਹੁ ਉਚਰਹਿ ਉਠਦੇ ਭੀ ਵਾਹੁ ਕਰੇਨਿ ॥ ਨਾਨਕ ਤੇ ਮੁਖ ਉਜਲੇ ਜਿ ਨਿਤ ਉਠਿ ਸੰਮਾਲੇਨਿ ॥੧॥ (੩੧੨,੩੧੩)*

*ਸਲੋਕੁ ਮਃ ੩ ॥ ਵਾਹੁ ਵਾਹੁ ਆਪਿ ਅਖਾਇਦਾ ਗੁਰ ਸਬਦੀ ਸਚੁ ਸੋਇ ॥ ਵਾਹੁ ਵਾਹੁ ਸਿਫਤਿ ਸਲਾਹ ਹੈ ਗੁਰਮੁਖਿ ਬੂਝੈ ਕੋਇ ॥ ਵਾਹੁ ਵਾਹੁ ਬਾਣੀ ਸਚੁ ਹੈ ਸਚਿ ਮਿਲਾਵਾ ਹੋਇ ॥ ਨਾਨਕ ਵਾਹੁ ਵਾਹੁ ਕਰਤਿਆ ਪ੍ਰਭੁ ਪਾਇਆ ਕਰਮਿ ਪਰਾਪਤਿ ਹੋਇ ॥੧॥*

*ਵਾਹੁ ਵਾਹੁ ਕਰਹਿ ਸੇਈ ਜਨ ਸੋਹਣੇ ਤਿਨ੍ ਕਉ ਪਰਜਾ ਪੂਜਣ ਆਈ ॥ ਵਾਹੁ ਵਾਹੁ ਕਰਮਿ ਪਰਾਪਤਿ ਹੋਵੈ ਨਾਨਕ ਦਰਿ ਸਚੈ ਸੋਭਾ ਪਾਈ ॥੨॥ (੫੧੪)*

*ਵਾਹੁ ਵਾਹੁ ਬਾਣੀ ਸਚੁ ਹੈ ਗੁਰਮੁਖਿ ਲਧੀ ਭਾਲਿ ॥ ਵਾਹੁ ਵਾਹੁ ਸਬਦੇ ਉਚਰੈ ਵਾਹੁ ਵਾਹੁ ਹਿਰਦੈ ਨਾਲਿ ॥ ਵਾਹੁ ਵਾਹੁ ਕਰਤਿਆ ਹਰਿ ਪਾਇਆ ਸਹਜੇ ਗੁਰਮੁਖਿ ਭਾਲਿ ॥ ਸੇ ਵਡਭਾਗੀ ਨਾਨਕਾ ਹਰਿ ਹਰਿ ਰਿਦੈ ਸਮਾਲਿ ॥੨॥ (੫੧੪)*

*ਸਲੋਕੁ ਮਃ ੩ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਸਚਾ ਗਹਿਰ ਗੰਭੀਰੁ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਗੁਣਦਾਤਾ ਮਤਿ ਧੀਰੁ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਸਭ ਮਹਿ ਰਹਿਆ ਸਮਾਇ ॥ ਵਾਹੁ ਵਾਹੁ ਤਿਸ ਨੋ ਆਖੀਐ ਜਿ ਦੇਦਾ ਰਿਜਕੁ ਸਬਾਹਿ ॥ ਨਾਨਕ ਵਾਹੁ ਵਾਹੁ ਇਕੋ ਕਰਿ ਸਾਲਾਹੀਐ ਜਿ ਸਤਿਗੁਰ ਦੀਆ ਦਿਖਾਇ ॥੧॥ (੫੧੫)*

*ਮਃ ੩ ॥ ਵਾਹੁ ਵਾਹੁ ਸਾਹਿਬੁ ਸਚੁ ਹੈ ਅੰਮ੍ਰਿਤੁ ਜਾ ਕਾ ਨਾਉ ॥ ਜਿਨਿ ਸੇਵਿਆ ਤਿਨਿ ਫਲੁ ਪਾਇਆ ਹਉ ਤਿਨ ਬਲਿਹਾਰੈ ਜਾਉ ॥ ਵਾਹੁ ਵਾਹੁ ਗੁਣੀ ਨਿਧਾਨੁ ਹੈ ਜਿਸ ਨੋ ਦੇਇ ਸੁ ਖਾਇ ॥ ਵਾਹੁ ਵਾਹੁ ਜਲਿ ਥਲਿ ਭਰਪੂਰੁ ਹੈ ਗੁਰਮੁਖਿ ਪਾਇਆ ਜਾਇ ॥ ਵਾਹੁ ਵਾਹੁ ਗੁਰਸਿਖ ਨਿਤ ਸਭ ਕਰਹੁ ਗੁਰ ਪੂਰੇ ਵਾਹੁ ਵਾਹੁ ਭਾਵੈ ॥ ਨਾਨਕ ਵਾਹੁ ਵਾਹੁ ਜੋ ਮਨਿ ਚਿਤਿ ਕਰੇ ਤਿਸੁ ਜਮਕੰਕਰੁ ਨੇੜਿ ਨ ਆਵੈ ॥੨॥ (੫੧੫)*

ਗੁਰਬਾਣੀ ਵਿਚ ਸਿਰਫ ਅਕਾਲ ਪੁਰਖੁ ਦੇ ਹੀ ਗੁਣ ਗਾਇਨ ਕੀਤੇ ਗਏ ਹਨ। ਜਦੋਂ ਅਸੀਂ ਹਰ ਰੋਜ਼ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੁਆਰਾ ਇਹ ਗੁਣ ਗਾਇਨ ਕਰਾਂਗੇ ਤਾਂ ਇਹ ਗੁਣ ਆਪਣੇ ਆਪ ਸਾਡੇ ਵਿਚ ਵੀ ਆਉਂਣੇ ਸ਼ੁਰੂ ਹੋ ਜਾਣਗੇ। ਜਦੋਂ ਅਸੀਂ ਇਹ ਗੁਣ ਸੰਗਤੀ ਰੂਪ ਦੂਸਰਿਆਂ ਨਾਲ ਸਾਂਝੇ ਕਰਦੇ ਹਾਂ ਤਾਂ ਇਸ ਵਿਚ ਹੋਰ ਵਾਧਾ ਹੋਣਾ ਸ਼ੁਰੂ ਹੋ ਜਾਂਦਾ ਹੈ। ਇਹੀ ਇਕ ਤਰੀਕਾ ਹੈ, ਜਿਸ ਨਾਲ ਅਸੀਂ ਆਪਣਾ ਭਲਾ ਕਰ ਸਕਦੇ ਹਾਂ ਤੇ ਨਾਲ ਦੀ ਨਾਲ ਪੂਰੀ ਮਨੁੱਖਤਾ ਦਾ ਭਲਾ ਵੀ ਕਰ ਸਕਦੇ ਹਾਂ।

*ਸਲੋਕੁ ਮਃ ੩ ॥ ਵਾਹੁ ਵਾਹੁ ਬਾਣੀ ਨਿਰੰਕਾਰ ਹੈ ਤਿਸੁ ਜੇਵਡੁ ਅਵਰੁ ਨ ਕੋਇ ॥ ਵਾਹੁ ਵਾਹੁ ਅਗਮ ਅਥਾਹੁ ਹੈ ਵਾਹੁ ਵਾਹੁ ਸਚਾ ਸੋਇ ॥ ਵਾਹੁ ਵਾਹੁ ਵੇਪਰਵਾਹੁ ਹੈ ਵਾਹੁ ਵਾਹੁ ਕਰੇ ਸੁ ਹੋਇ ॥ ਵਾਹੁ ਵਾਹੁ ਅੰਮ੍ਰਿਤ ਨਾਮੁ ਹੈ ਗੁਰਮੁਖਿ ਪਾਵੈ ਕੋਇ ॥ ਵਾਹੁ ਵਾਹੁ ਕਰਮੀ ਪਾਈਐ ਆਪਿ ਦਇਆ ਕਰਿ ਦੇਇ ॥ ਨਾਨਕ ਵਾਹੁ ਵਾਹੁ ਗੁਰਮੁਖਿ ਪਾਈਐ ਅਨਦਿਨੁ ਨਾਮੁ ਲਏਇ ॥੧॥ (੫੧੫,੫੧੬)*

ਜੇ ਕਰ ਗੁਰਬਾਣੀ ਦੀਆਂ ਸਿਖਿਆਵਾਂ, ਨੂੰ ਇਕੱਠਾ ਕਰੀਏ ਤਾਂ ਅਸੀਂ ਸੰਖੇਪ ਵਿਚ ਕਹਿ ਸਕਦੇ ਹਾਂ ਕਿ ਗੁਰਬਾਣੀ ਦੇ ਜਿਆਦਾ ਤਰ ਸਬਦਾਂ ਵਿਚ ਇਹੀ ਸਿਖਿਆ ਦਿਤੀ ਗਈ ਹੈ ਕਿ ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਦੁਆਰਾ ਸਦਾ ਧਿਆਉਂਦੇ ਰਹਿਣਾਂ ਹੈ। ਅਕਾਲ ਪੁਰਖੁ ਦੇ ਨਾਮੁ ਵਿਚ ਲਗਨ ਲਗਾਣ ਲਈ ਗੁਰੂ ਦੇ ਸ਼ਬਦ ਦਾ ਓਟ ਆਸਰਾ ਲੈਂਣਾਂ ਹੈ, ਕਿਉਂਕਿ ਅਕਾਲ ਪੁਰਖੁ ਦੇ ਨਾਮੁ ਦੀ ਪ੍ਰਾਪਤੀ ਗੁਰੂ ਦੇ ਸ਼ਬਦ ਦੁਆਰਾ ਹੀ ਹੋ ਸਕਦੀ ਹੈ। ਜੀਵਨ ਦਾ ਅਸਲ ਮਨੋਰਥ ਇਹੀ ਹੈ, ਕਿ ਗੁਰਬਾਣੀ ਦੁਆਰਾ ਸਤਿਗੁਰੂ ਦੇ ਸ਼ਬਦ ਦਾ ਉਪਦੇਸ਼ ਸੁਣਦੇ ਰਹਿਣਾ ਹੈ, ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾ ਹੈ, ਸਤਿਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੇ ਨਾਮੁ ਦਾ ਅੰਕੁਰ ਹਿਰਦੇ ਵਿਚ ਉੱਗਾਣਾ ਹੈ, ਤਾਂ ਜੋ ਗੁਰੂ ਦੇ ਸ਼ਬਦ ਦੁਆਰਾ ਸਾਡੇ ਤੇ ਅਕਾਲ ਪੁਰਖੁ ਵਿਚ ਬਣੀ ਕੂੜ ਦੀ ਪਾਲ ਟੁਟ ਸਕੇ ਤੇ ਅਕਾਲ ਪੁਰਖੁ ਨਾਲ ਮਿਲਾਪ ਹੋ ਸਕੇ।

- ਗੁਰਬਾਣੀ ਅਨੁਸਾਰ ਨਾਮੁ ਜਪਣ ਲਈ ਸਤਿਗੁਰੂ ਦੀ ਸਰਨ ਵਿਚ ਆ ਕੇ ਸਦਾ ਥਿਰ ਰਹਿਣ ਵਾਲੇ ਸੱਚੇ ਅਕਾਲ ਪੁਰਖ ਬਾਰੇ ਵਿਚਾਰ ਕਰਨੀ ਹੈ, ਤੇ ਉਸ ਨੂੰ ਸ਼ਬਦ ਗੁਰੂ ਦੁਆਰਾ ਸਦਾ ਯਾਦ ਕਰਦੇ ਰਹਿਣਾ ਹੈ, ਇਸ ਤਰ੍ਹਾਂ ਕਰਨ ਨਾਲ ਸਾਰੇ ਪਾਪ ਕੱਟੇ ਜਾ ਸਕਦੇ ਹਨ
- ਆਪਣੀਆਂ ਅੱਖ ਵਿਚ, ਆਪਣੇ ਬੋਲਾਂ ਵਿਚ, ਕੇਵਲ ਗੁਰੂ ਨੂੰ ਵਸਾਓ, ਕਿਉਂਕਿ ਗੁਰੂ ਸਦਾ ਲਈ ਥਿਰ ਰਹਿਣ ਵਾਲਾ ਹੈ
- ਸਬਦ ਗੁਰੂ ਦੀ ਸੇਵਾ ਕਰ ਕੇ ਤੇ ਗੁਰੂ ਦੇ ਬਚਨਾਂ ਨੂੰ ਆਪਣੇ ਕੰਨਾਂ ਨਾਲ ਸੁਣ ਕੇ ਹੀ ਪਾਰ ਉਤਰਾ ਹੋ ਸਕਦਾ ਹੈ, ਨਾਮੁ ਗੁਰੂ ਦੁਆਰਾ ਮਿਲਦਾ ਹੈ, ਇਸ ਲਈ ਹੋਰ ਸਭ ਸੁਆਦ ਛੱਡ ਦੇ ਤੇ ਹਮੇਸ਼ਾਂ ਗੁਰੂ ਨੂੰ ਹੀ ਜਪਿਆ ਕਰੋ
- ਸਦਾ ਅਕਾਲ ਪੁਰਖੁ ਉਤੇ ਭਰੋਸਾ ਰੱਖਣਾ ਚਾਹੀਦਾ ਹੈ, ਕਿਉਂਕਿ, ਅਸੀਂ ਜਿੱਥੇ ਵੀ ਜਾਈਏ, ਉਹ ਮਾਲਕ ਅਕਾਲ ਪੁਰਖੁ ਸਦਾ ਸਾਡੇ ਅੰਗ ਸੰਗ ਰਹਿੰਦਾ ਹੈ, ਤੇ, ਉਹ ਅਕਾਲ ਪੁਰਖੁ ਆਪਣੇ ਸੇਵਕਾਂ ਦੀ ਇੱਜ਼ਤ ਆਪ ਰੱਖਦਾ ਹੈ
- ਜਗਤ ਵਿਚ ਅਜੇਹੇ ਬੰਦੇ ਵਿਰਲੇ ਹੀ ਹਨ, ਜਿਹੜੇ ਸਤਿਗੁਰੂ ਦੀ ਸਰਨ ਲੈਂਦੇ ਹਨ, ਤੇ ਹਉਮੈ ਨੂੰ ਮਾਰ ਕੇ ਆਪਣੇ ਹਿਰਦੇ ਵਿਚ ਅਕਾਲ ਪੁਰਖੁ ਦੇ ਨਾਮੁ ਨੂੰ ਟਿਕਾ ਲੈਂਦੇ ਹਨ; ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਵਿਚ ਆ ਕੇ ਅਕਾਲ ਪੁਰਖੁ ਦੇ ਨਾਮੁ ਦਾ ਰਸ ਚਖ ਲਿਆ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ

- ਜਿਨ੍ਹਾਂ ਮਨੁੱਖਾਂ ਨੂੰ ਆਪਣੇ ਮੱਥੇ ਉੱਤੇ ਧੁਰੋਂ ਅਕਾਲ ਪੁਰਖੁ ਦੀ ਹਜ਼ੂਰੀ ਵਿਚੋਂ ਸਿਮਰਨ ਦਾ ਲੇਖ ਲਿਖਿਆ ਮਿਲ ਜਾਂਦਾ ਹੈ, ਉਹ ਗੁਰੂ ਦੀ ਸਰਨ ਪੈ ਕੇ ਅਕਾਲ ਪੁਰਖੁ ਦੀ ਯਾਦ ਵਿਚ ਆਪਣੀ ਸੁਰਤਿ ਜੋੜੀ ਰੱਖਦੇ ਹਨ
- ਗੁਰੂ ਦੀ ਕਿਰਪਾ ਨਾਲ ਹੀ ਮਾਇਆ ਦੇ ਪ੍ਰਭਾਵ ਤੋਂ ਬਚ ਸਕਦੇ ਹਾਂ ਤੇ ਇਸ ਜ਼ਹਿਰ ਦੀ ਤਰ੍ਹਾਂ ਭਰੇ ਹੋਏ ਸੰਸਾਰ ਰੂਪੀ ਸਮੁੰਦਰ ਵਿਚੋਂ ਗੁਰੂ ਦੇ ਸ਼ਬਦ ਦੁਆਰਾ ਹੀ ਤਰ ਕੇ ਪਾਰ ਹੋ ਸਕਦੇ ਹਾਂ
- ਹਰ ਵੇਲੇ ਵਿਕਾਰਾਂ ਦੇ ਹੱਲਿਆਂ ਵੱਲੋਂ ਸੁਚੇਤ ਰਹਿਣਾ ਹੈ, ਤੇ ਸਦਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨਾ ਹੈ, ਇਸ ਤਰ੍ਹਾਂ ਕਰਨ ਨਾਲ ਆਪਣੇ ਆਤਮਕ ਜੀਵਨ ਦੀ ਫ਼ਸਲ ਨੂੰ ਵਿਕਾਰਾਂ ਤੋਂ ਬਚਾ ਸਕਦੇ ਹਾਂ, ਨਹੀਂ ਤਾਂ ਜਦੋਂ ਅੰਤ ਸਮੇਂ ਨੂੰ ਜਦੋਂ ਬਿਰਧ ਅਵਸਥਾ ਆ ਜਾਵੇਗੀ, ਤੇ ਫਿਰ ਆਪਣੇ ਆਪ ਦਾ ਬਚਾਅ ਨਹੀਂ ਕਰ ਸਕਾਂਗੇ
- ਸਤਿਗੁਰੂ ਦੀ ਰਜ਼ਾ ਵਿਚ ਤੁਰਨ ਸਦਕਾ ਮਨੁੱਖ ਆਪਣੇ ਅੰਤਰ ਆਤਮੇ ਵਿਚ ਟਿਕਿਆ ਰਹਿ ਸਕਦਾ ਹੈ, ਤੇ ਆਤਮਕ ਜੀਵਨ ਦੇਣ ਵਾਲਾ ਨਾਮੁ ਰੂਪੀ ਅੰਮ੍ਰਿਤੁ ਪੀ ਕੇ ਸੁਖਾਂ ਦਾ ਟਿਕਾਣਾ ਲੱਭ ਸਕਦਾ ਹੈ
- ਆਪਣੇ ਮਨ ਨੂੰ ਸਮਝਾਣਾ ਹੈ ਕਿ ਗੁਰੂ ਦੇ ਹੁਕਮੁ ਵਿਚ ਤੁਰ, ਜਿਹੜਾ ਮਨੁੱਖ ਗੁਰੂ ਦਾ ਹੁਕਮੁ ਮੰਨਦਾ ਹੈ, ਉਸ ਦਾ ਮਨ, ਤੇ ਸਰੀਰ ਸ਼ਾਂਤ ਹੋ ਜਾਂਦਾ ਹੈ, ਤੇ ਉਸ ਦੇ ਮਨ ਵਿਚ ਅਕਾਲ ਪੁਰਖੁ ਦਾ ਨਾਮੁ ਵੱਸ ਜਾਂਦਾ ਹੈ
- ਇਹ ਧਿਆਨ ਵਿਚ ਰੱਖਣਾ ਹੈ ਕਿ ਸਿਫ਼ਤਿ ਸਾਲਾਹ ਦੀ ਦਾਤਿ ਸਿਰਫ ਗੁਰੂ ਪਾਸੋਂ ਹੀ ਮਿਲਦੀ ਹੈ, ਸੋ ਤੂੰ ਸਾਰੀਆਂ ਚਤੁਰਾਈਆਂ ਛੱਡ ਕੇ ਗੁਰੂ ਦੇ ਚਰਨਾਂ ਤੇ ਢਹਿ ਪਉ
- ਅੱਠੇ ਪਹਰ ਅਕਾਲ ਪੁਰਖੁ ਦਾ ਨਾਮੁ, ਆਪਣੇ ਚਿਤ ਵਿਚ ਵਸਾ ਕੇ ਰੱਖਣਾ ਚਾਹੀਦਾ ਹੈ ਤੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿਣਾ ਚਾਹੀਦਾ ਹੈ
- ਸਿਰਫ਼ ਪੂਰੇ ਗੁਰੂ ਨੂੰ ਸਦਾ ਚੇਤੇ ਰੱਖ, ਸਿਰਫ਼ ਗੁਰੂ ਦੇ ਸ਼ਬਦ ਦਾ ਆਸਰਾ ਲੈ, ਤੇ ਇਕ ਅਕਾਲ ਪੁਰਖੁ ਦੇ ਚਰਨਾਂ ਦੀ ਲਗਨ ਆਪਣੇ ਹਿਰਦੇ ਅੰਦਰ ਲਗਾਈ ਰੱਖ
- ਜਿਹੜਾ ਮਨੁੱਖ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਸਾਰੇ ਸ੍ਰੇਸ਼ਟ ਸੁਖ ਪੈਦਾ ਹੋ ਜਾਂਦੇ ਹਨ, ਤੇ ਉਹ ਅਕਾਲ ਪੁਰਖੁ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ
- ਸਬਦ ਗੁਰੂ ਦੀ ਦੱਸੀ ਹੋਈ ਸੇਵਾ ਨੂੰ ਧਿਆਨ ਨਾਲ ਸੰਭਾਲ ਕੇ ਰੱਖ, ਤੇ ਅਕਾਲ ਪੁਰਖੁ ਨੂੰ ਅੱਖ ਦੇ ਫੋਰ ਜਿਤਨੇ ਸਮੇਂ ਵਾਸਤੇ ਵੀ ਆਪਣੇ ਮਨ ਤੋਂ ਨਾ ਵਿਸਾਰ
- ਅਕਾਲ ਪੁਰਖੁ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮੁ (ਅੰਮ੍ਰਿਤੁ) ਹੀ ਅਸਲੀ ਰਤਨ ਜਵਾਹਰ ਤੇ ਮੋਤੀ ਹੈ, ਇਸ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿਣਾ ਚਾਹੀਦਾ ਹੈ
- ਹਉਮੈ ਛੱਡ ਕੇ, ਸਬਦ ਗੁਰੂ ਵਿਚ ਆਪਣੀ ਸਰਧਾ ਬਣਾ, ਆਪਣੀਆਂ ਸਾਰੀਆਂ ਚਤੁਰਾਈਆਂ ਛੱਡ ਦੇ, ਗੁਰੂ ਦੇ ਸ਼ਬਦ ਦੁਆਰਾ ਸਦਾ ਥਿਰ ਰਹਿਣ ਵਾਲੇ ਅਕਾਲ ਪੁਰਖੁ ਵਿਚ ਆਪਣੀ ਸੁਰਤਿ ਨੂੰ ਜੋੜ
- ਗੁਰੂ ਦੀ ਸਿੱਖਿਆ ਨੂੰ ਧਿਆਨ ਨਾਲ ਸੁਣ, ਗੁਰੂ ਦੇ ਸ਼ਬਦ ਨੂੰ ਆਪਣੇ ਸੋਚ ਮੰਡਲ ਵਿਚ ਚੰਗੀ ਤਰ੍ਹਾਂ ਵੀਚਾਰ ਤੇ ਅੰਦਰ ਵਸਾ ਕੇ ਰੱਖ, ਜੇ ਤੂੰ ਅਕਾਲ ਪੁਰਖੁ ਦਾ ਨਾਮੁ ਜਪਦਾ ਰਹੇਗਾ, ਤਾਂ ਸੰਸਾਰ ਰੂਪੀ ਸਮੁੰਦਰ ਤੋਂ ਪਾਰ ਲੰਘ ਸਕੇਗਾ
- ਸਬਦ ਗੁਰੂ ਦੀ ਦੱਸੀ ਸਿੱਖਿਆ ਉਤੇ ਸ਼ੱਕ ਨਹੀਂ ਕਰਨਾ ਚਾਹੀਦਾ, ਗੁਰੂ ਦੀ ਦੱਸੀ ਸੇਵਾ ਭਗਤੀ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮੁ ਅੰਮ੍ਰਿਤੁ ਪੀਣਾ ਚਾਹੀਦਾ ਹੈ
- ਆਪਣੇ ਮਨ ਵਿਚ ਉਸ ਅਕਾਲ ਪੁਰਖੁ ਦਾ ਆਸਰਾ ਰੱਖ, ਤੇ ਗੁਰੂ ਦੇ ਸ਼ਬਦ ਦਾ ਆਨੰਦ ਮਾਣ, ਕਿਉਂਕਿ ਗੁਰੂ ਦਾ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਅੰਮ੍ਰਿਤ ਭਰਭੂਰ ਰਸ ਹੈ
- ਹਮੇਸ਼ਾਂ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਬਾਣੀ ਉੱਚਾਰਿਆ ਕਰ, ਇਸ ਗੁਰਬਾਣੀ ਦੁਆਰਾ ਹੀ ਸੰਤ ਜਨ ਆਪਣੀ ਜੀਭ ਨਾਲ ਅਕਾਲ ਪੁਰਖੁ ਦੇ ਗੁਣ ਗਾਇਨ ਕਰਦੇ ਰਹਿੰਦੇ ਹਨ
- ਆਪਣੇ ਮਨ ਨੂੰ ਸਮਝਾਣਾ ਹੈ ਕਿ ਇਕ ਅਕਾਲ ਪੁਰਖੁ ਦਾ ਹੀ ਨਾਮੁ ਚੇਤੇ ਕਰਿਆ ਕਰ, ਇਹ ਨਾਮੁ ਹੀ ਤੇਰੀ ਜਿੰਦ ਦੇ ਕੰਮ ਆਵੇਗਾ, ਤੇ ਜਿੰਦ ਦੇ ਨਾਲ ਸਦਾ ਨਿਭੇਗਾ
- ਅਕਾਲ ਪੁਰਖੁ ਚਲਾਕੀਆਂ ਨਾਲ ਖ਼ੁਸ਼ ਨਹੀਂ ਹੁੰਦਾ, ਭਾਂਵੇਂ ਹਜ਼ਾਰਾਂ ਕਿਸਮ ਦੀਆਂ ਚਲਾਕੀਆਂ ਕਰ ਲਵੋ, ਜੇਕਰ ਸਾਰੀਆਂ ਦਲੀਲਾਂ ਤੇ ਸਿਆਣਪਾਂ ਛੱਡ ਕੇ ਸਬਦ ਗੁਰੂ ਦਾ ਆਸਰਾ ਲਏਂਗਾ, ਤਾਂ ਅਕਾਲ ਪੁਰਖੁ ਤੈਨੂੰ ਆਪਣੇ ਚਰਨਾਂ ਵਿਚ ਜੋੜ ਲਏਗਾ
- ਜੀਭ ਨਾਲ ਮਿੱਠੇ ਨਾਮੁ ਰੂਪੀ ਅੰਮ੍ਰਿਤ ਦਾ ਆਨੰਦ ਮਾਣ, ਇਸ ਤਰ੍ਹਾਂ ਕਰਕੇ ਆਪਣੇ ਜੀਵਨ ਨੂੰ ਸਦਾ ਲਈ ਸੁਖੀ ਕਰ ਸਕੇਂਗਾ
- ਅੱਖਾਂ ਨਾਲ ਅਕਾਲ ਪੁਰਖ ਦਾ ਰਚਿਆ ਹੋਇਆ ਜਗਤ ਤਮਾਸ਼ਾ ਵੇਖ, ਗੁਰੂ ਦੀ ਸੰਗਤਿ ਵਿਚ ਟਿਕਿਆਂ ਪਰਵਾਰ ਦਾ ਮੋਹ ਤੇ ਹੋਰ ਵਿਕਾਰ ਮਨ ਵਿਚੋਂ ਮਿਟ ਸਕਦੇ ਹਨ

- ਪੈਰਾਂ ਨਾਲ ਗੁਰੂ ਦੇ ਦੱਸੇ ਮਾਰਗ ਅਨੁਸਾਰ ਚਲ, ਹੱਥਾਂ ਨਾਲ ਗੁਰੂ ਦੀ ਦੱਸੀ ਹੋਈ ਸਿਖਿਆ ਅਨੁਸਾਰ ਕੰਮ ਕਰ ਤੇ ਕੰਨ ਨਾਲ ਅਕਾਲ ਪੁਰਖ ਦੀ ਸਿਫਤਿ ਸਾਲਾਹ ਦੀ ਬਾਣੀ ਨੂੰ ਸੁਣ, ਇਸ ਤਰ੍ਹਾਂ ਕਰਨ ਨਾਲ ਅਕਾਲ ਪੁਰਖੁ ਦੀ ਦਰਗਾਹ ਵਿਚ ਪਰਵਾਨ ਹੋ ਸਕੇਗਾ
- ਗੁਰਬਾਣੀ ਦੁਆਰਾ ਅਕਾਲ ਪੁਰਖੁ ਬਾਰੇ ਅਸਲੀਅਤ ਤੇ ਉਸ ਦੀ ਜਾਣ ਪਛਾਣ ਬਾਰੇ ਗਿਆਨ ਦੀਆਂ ਗੱਲ ਸੁਣ
- ਸਰੀਰ ਨੂੰ ਤੀਰਥਾਂ ਤੇ ਜਾ ਕੇ ਬਾਹਰੋਂ ਇਸ਼ਨਾਨ ਕਰਾਣ ਨਾਲ ਸਰੀਰ ਬਾਹਰੋਂ ਤਾਂ ਸਾਫ ਹੋ ਸਕਦਾ ਹੈ, ਪਰੰਤੂ ਮਨ ਪਵਿਤਰ ਨਹੀਂ ਹੋ ਸਕਦਾ; ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ, ਉਸ ਦੇ ਮਨ ਅੰਦਰੋਂ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਤੇ ਉਸ ਦਾ ਮਨ ਪਵਿਤਰ ਹੋ ਜਾਂਦਾ ਹੈ; ਵਿਕਾਰਾਂ ਤੋਂ ਬਚਣ ਲਈ ਸਿਰਫ਼ ਅਕਾਲ ਪੁਰਖੁ ਦਾ ਨਾਮੁ ਜਪਿਆ ਕਰ, ਅਕਾਲ ਪੁਰਖੁ ਦਾ ਇਹ ਨਾਮੁ ਰੂਪੀ ਖ਼ਜ਼ਾਨਾ ਗੁਰੂ ਕੋਲੋ ਮਿਲਦਾ ਹੈ
- ਗੁਰੂ ਦੀ ਮੱਤ ਅਨੁਸਾਰ ਜੀਵਨ ਦੇ ਰਸਤੇ ਤੇ ਚੱਲ, ਜੇ ਤੂੰ ਸਦਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਦਾ ਰਹੇਗਾ ਤਾਂ ਮਾਇਆ ਦੇ ਬੰਧਨਾਂ ਤੋਂ ਖਲਾਸੀ ਪਾਣ ਦਾ ਰਸਤਾ ਵੀ ਲੱਭ ਲਏਂਗਾ
- ਆਪਣੇ ਅੰਦਰ ਗੁਰੂ ਦਾ ਸ਼ਬਦ ਵਸਾਣ ਦੀ ਕਮਾਈ ਕਰ ਤੇ ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਚੇਤੇ ਕਰਨ ਲਈ ਉਪਰਾਲਾ ਕਰਦਾ ਰਹਿ; ਜੇਕਰ ਤੂੰ ਗੁਰੂ ਦਾ ਹੁਕਮੁ ਮੰਨੇਂਗਾ, ਤਾਂ ਤੈਨੂੰ ਅਕਾਲ ਪੁਰਖੁ ਦਾ ਮਿਲਾਪ ਹੋ ਜਾਵੇਗਾ, ਤੇ ਤੇਰੇ ਅੰਦਰੋਂ ਹਉਮੈ ਦੂਰ ਹੋ ਜਾਵੇਗੀ
- ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਹੜੇ ਦਿਨ ਰਾਤ ਗੁਰੂ ਦੇ ਸ਼ਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਕਰਦੇ ਰਹਿੰਦੇ ਹਨ
- ਜਿਸ ਮਨੁੱਖ ਨੇ ਗੁਰੂ ਦੇ ਬਚਨਾਂ ਅਨੁਸਾਰ ਚਲ ਕੇ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦਾ ਖ਼ਜ਼ਾਨਾ ਲੱਭ ਲਿਆ, ਉਹ ਮਨੁੱਖ ਨਾਮੁ ਰੂਪੀ ਖ਼ਜ਼ਾਨੇ ਦੀ ਬਰਕਤਿ ਨਾਲ ਸਦਾ ਕਾਇਮ ਰਹਿਣ ਵਾਲੇ ਅਕਾਲ ਪੁਰਖੁ ਦੀ ਯਾਦ ਵਿਚ ਟਿਕਿਆ ਰਹਿੰਦਾ ਹੈ
- ਗੁਰੂ ਦੇ ਸ਼ਬਦ ਤੋਂ ਬਿਨਾ ਜਗਤ ਕੁਰਾਹੇ ਪਿਆ ਹੋਇਆ ਹੈ, ਤੇ ਭਟਕ ਰਿਹਾ ਹੈ, ਅਜੇਹੇ ਮਨੁੱਖਾਂ ਨੂੰ ਅਕਾਲ ਪੁਰਖੁ ਦੀ ਦਰਗਾਹ ਵਿਚ ਸਜਾ ਮਿਲਦੀ ਰਹਿੰਦੀ ਹੈ
- ਆਪਣੇ ਮਨ ਨੂੰ ਸਮਝਾਣਾ ਹੈ ਕਿ ਅਕਾਲ ਪੁਰਖੁ ਨਾਲ ਇਹੋ ਜਿਹਾ ਪਿਆਰ ਬਣਾ ਕਿ ਗੁਰਬਾਣੀ ਦੁਆਰਾ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹੇ, ਤਾਂ ਜੋ ਅਕਾਲ ਪੁਰਖੁ ਨੂੰ ਅੱਠੇ ਪਹਿਰ ਭਾਵ ਹਰ ਵੇਲੇ ਆਪਣੇ ਨੇੜੇ ਵੱਸਦਾ ਸਮਝ ਸਕੇ
- ਆਪਣੇ ਮਨ ਨੂੰ ਸਮਝਾਣਾ ਹੈ ਕਿ ਸਿਰਫ਼ ਅਕਾਲ ਪੁਰਖੁ ਦਾ ਨਾਮੁ ਯਾਦ ਕਰਿਆ ਕਰ, ਤੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਿਹਾ ਕਰ, ਤੇਰਾ ਇਹ ਮਨੁੱਖਾ ਜਨਮ ਸਫਲ ਕਰਨ ਦਾ ਕਾਰਜ ਇਕ ਦਿਨ ਜ਼ਰੂਰ ਪੂਰਾ ਹੋ ਜਾਵੇਗਾ
- ਅਕਾਲ ਪੁਰਖੁ ਦੇ ਨਾਮੁ ਨੂੰ ਆਪਣੇ ਜੀਵਨ ਦਾ ਆਸਰਾ ਬਣਾ, ਕਿਉਂਕਿ ਅਕਾਲ ਪੁਰਖੁ ਹਰੇਕ ਦੀਆਂ ਇੱਛਾ ਪੂਰੀਆਂ ਕਰਨ ਵਾਲਾ ਹੈ
- ਹਮੇਸ਼ਾਂ ਧਿਆਨ ਵਿਚ ਰੱਖ ਕਿ ਜਿਸ ਮਨੁੱਖ ਉੱਤੇ ਅਕਾਲ ਪੁਰਖੁ ਆਪਣੀ ਮਿਹਰ ਦੀ ਨਦਰ ਕਰਦਾ ਹੈ, ਉਹੀ ਮਨੁੱਖ ਅਕਾਲ ਪੁਰਖੁ ਦੀ ਕਦੇ ਨਾ ਮੁੱਕ ਸਕਣ ਵਾਲੀ ਸਿਫ਼ਤਿ ਸਾਲਾਹ ਦੀ ਦਾਤ ਤੇ ਅਕਥ ਕਹਾਣੀਆਂ ਬਾਰੇ ਗਿਆਨ ਹਾਸਲ ਕਰਦਾ ਹੈ
- ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲੇ ਗੁਰਮੁਖਿ ਹੀ ਸਬਦ ਦੁਆਰਾ ਅਕਾਲ ਪੁਰਖੁ ਦੀ ਸਿਫ਼ਤਿ ਸਾਲਾਹ ਦੀ ਕਦਰ ਸਮਝਦੇ ਹਨ
- ਅਕਾਲ ਪੁਰਖੁ ਦਾ ਨਾਮੁ ਇਕ ਇਕ ਖਿਨ, ਭਾਵ ਸਦਾ ਯਾਦ ਕਰਦਾ ਰਿਹਾ ਕਰ, ਇਸ ਤਰ੍ਹਾਂ ਕਰਨ ਨਾਲ ਗੁਰੂ ਦੇ ਬਖ਼ਸ਼ੇ ਸ਼ਬਦ ਦਾ ਆਨੰਦ ਤੇਰੇ ਅੰਦਰ ਕਾਇਮ ਰਹੇਗਾ ਤੇ ਅਕਾਲ ਪੁਰਖੁ ਦੇ ਨਾਮੁ ਦਾ ਸਾਥ ਤੇਰੇ ਨਾਲ ਸਦਾ ਬਣਿਆ ਰਹੇਗਾ
- ਅਕਾਲ ਪੁਰਖੁ ਇਨ੍ਹਾਂ ਅੱਖਾਂ ਨਾਲ ਵਿਖਾਈ ਨਹੀਂ ਦਿੰਦਾ, ਉਸ ਤਕ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਇਸ ਲਈ ਉਸ ਅਕਾਲ ਪੁਰਖੁ ਨੂੰ ਗੁਰੂ ਦੇ ਸ਼ਬਦ ਦੁਆਰਾ ਸਦਾ ਧਿਆਉਂਦੇ ਰਹਿਣਾ ਚਾਹੀਦਾ ਹੈ
- ਜਿਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਸਦਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਦਾ ਰਹਿੰਦਾ ਹੈ, ਉਸ ਦੇ ਭਰਮ, ਡਰ, ਹਰੇਕ ਤਰ੍ਹਾਂ ਦਾ ਦੁਖ ਦਰਦ, ਸਭ ਦੂਰ ਹੋ ਜਾਂਦੇ ਹਨ ਤੇ ਉਹ ਮਨ ਚਾਹੇ ਫਲ ਪ੍ਰਾਪਤ ਕਰ ਲੈਂਦਾ ਹੈ
- ਜਿਹੜਾ ਮਨੁੱਖ ਇਸ ਨਾਮੁ ਰੂਪੀ ਵਸਤੂ ਨੂੰ ਚੱਖਦਾ ਹੈ, ਉਹੀ ਇਸ ਦਾ ਸੁਆਦ ਜਾਣ ਸਕਦਾ ਹੈ; ਜਿਸ ਤਰ੍ਹਾਂ ਕਿ ਇਕ ਗੁੰਗਾ ਮਿਠਿਆਈ ਖਾ ਕੇ ਉਸ ਦਾ ਸਵਾਦ ਨਹੀਂ ਦੱਸ ਸਕਦਾ, ਠੀਕ ਉਸੇ ਤਰ੍ਹਾਂ ਉਹ ਮਨੁੱਖ ਵੀ ਨਾਮੁ ਦੇ ਸੁਆਦ ਬਾਰੇ ਬਿਆਨ ਨਹੀਂ ਕਰ ਸਕਦਾ
- ਅਕਾਲ ਪੁਰਖੁ ਅੱਗੇ ਇਹੀ ਅਰਦਾਸ ਕਰਨੀ ਹੈ ਕਿ ਆਪਣੇ ਦਾਸ ਨੂੰ ਅਜੇਹੀ ਇੱਜ਼ਤ ਬਖ਼ਸ਼ੋ ਕਿ ਉਹ ਸਦਾ ਅਕਾਲ ਪੁਰਖੁ ਦੀ ਸ਼ਰਨ ਵਿਚ ਪਿਆ ਰਹੇ ਤੇ ਗੁਰੂ ਦੀ ਮਤਿ ਦੁਆਰਾ ਆਪਣੇ ਅੰਦਰ ਅਕਾਲ ਪੁਰਖੁ ਦਾ ਨਾਮੁ ਪਰਗਟ ਕਰਦਾ ਰਹੇ
- ਗੁਰਬਾਣੀ ਵਿਚ ਸਿਰਫ ਅਕਾਲ ਪੁਰਖੁ ਦੇ ਹੀ ਗੁਣ ਗਾਇਨ ਕੀਤੇ ਗਏ ਹਨ; ਜਦੋਂ ਅਸੀ ਹਰ ਰੋਜ਼ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦੁਆਰਾ ਇਹ ਗੁਣ ਗਾਇਨ ਕਰਾਂਗੇ ਤਾਂ ਇਹ ਗੁਣ ਆਪਣੇ ਆਪ ਸਾਡੇ ਵਿਚ ਵੀ ਆਉਂਣੇ ਸ਼ੁਰੂ ਹੋ ਜਾਣਗੇ

ਗੁਰਬਾਣੀ ਵਿਚ ਵਾਰ ਵਾਰ ਇਹੀ ਸਮਝਾਇਆ ਗਿਆ ਹੈ ਕਿ ਗੁਰ ਸਬਦ ਦੁਆਰਾ, ਸੱਚੀ ਬਾਣੀ ਦੁਆਰਾ, ਆਪਣੇ ਹਿਰਦੇ ਨਾਲ ਉਸ ਸੱਚੇ ਅਕਾਲ ਪੁਰਖੁ ਦੀ ਵਾਹੁ ਵਾਹੁ ਕਰਨੀ ਹੈ, ਉਸ ਦੀ ਉਸਤਤ ਕਰਨੀ ਹੈ, ਉਸ ਦੇ ਗੁਣ ਗਾਇਨ ਕਰਨੇ ਹਨ, ਤਾਂ ਜੋ ਉਸ ਅਕਾਲ ਪੁਰਖੁ ਦਾ ਮਿਲਾਪ ਹੋ ਸਕੇ, ਉਸ ਦੀ ਬਖਸ਼ਸ਼ ਮਿਲ ਸਕੇ, ਜਮਾਂ ਤੋਂ ਛੁਟਕਾਰਾ ਮਿਲ ਸਕੇ, ਉਸ ਦੇ ਦਰ ਤੇ ਸ਼ੋਭਾ ਮਿਲ ਸਕੇ, ਤੇ ਸਾਡਾ ਮਨੁੱਖਾ ਜੀਵਨ ਸਫਲ ਹੋ ਸਕੇ।

**"ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ"**

ਤਤਕਰਾ

# ਗੁਰੂ ਗਰੰਥ ਸਾਹਿਬ ਵਿਚ ਅੰਕਿਤ ਸਿਖਿਆ ਅਨੁਸਾਰ ਗੁਰਮੁਖੀ ਤੇ ਅੰਗਰੇਜ਼ੀ ਲੇਖਾਂ ਦੀ ਸੂਚੀ

| ਵਿਸ਼ਾ (ਗੁਰਮੁਖੀ) | Subject | Link | Link |
|---|---|---|---|
| | | | |
| ਗੁਰੂ ਨਾਨਕ ਸਾਹਿਬ | Guru Nanak Sahib | Link | Link |
| ਗੁਰੂ ਨਾਨਕ ਸਾਹਿਬ ਨੂੰ ਤਾਂ ੧੦੦ ਤੋਂ ਵੱਧ ਭਾਸ਼ਾਵਾਂ ਦਾ ਗਿਆਨ ਸੀ, ਸਾਨੂੰ ਕਿਨਾਂ ਕੁ ਹੈ ? | Guru Nanak Sahib knew more than hundred languages. How much do we know? | http://www.geocities.ws/sarbjitsingh/Bani5111GurMag20121124.pdf, | http://www.sikhmarg.com/2012/1125-nanak-gian.html, |
| ਕੀ ਪੰਦਰਾਂ ਭਗਤ, ਜਿਨ੍ਹਾਂ ਦੀ ਬਾਣੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਹੈ, ਉਹ ਗੁਰੂ ਨਾਨਕ ਸਾਹਿਬ ਤੋਂ ਪਹਿਲਾਂ ਹੋਏ ਸਨ, ਸਮਕਾਲੀ ਸਨ, ਜਾਂ ਗੁਰੂ ਨਾਨਕ ਸਾਹਿਬ ਤੋਂ ਬਾਅਦ ਹੋਏ ਸਨ? | Whether the fifteen Bhagat's whose Bani is present in Guru Granth Sahib were born before Guru Nanak Sahib, during that period or after Guru Nanak Sahib? | http://www.geocities.ws/sarbjitsingh/Bani6010GurMag20140401Version.pdf, | http://www.sikhmarg.com/2008/0706-bhagat-sumkali.html |
| ਗੁਰੂ ਨਾਨਕ ਸਾਹਿਬ, ਗੁਰੂ ਅੰਗਦ ਸਾਹਿਬ ਤੇ ਗੁਰੂ ਅਰਜਨ ਸਾਹਿਬ ਦੇ ਨਾਮ ਨਾਲ ਦੇਵ ਦੀ ਵਰਤੋਂ | Use of Dev along with the name of Guru Nanak Sahib, Guru Angad Sahib and Guru Arjan Sahib | http://www.geocities.ws/sarbjitsingh/Bani5115GurMag200706.pdf | http://www.sikhmarg.com/2007/0624-nanakdev-or-sahib.html |
| | | | |
| ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ (ਭਾਗ ੧ ਤੋਂ ੧੦) | Naam according to Guru Granth Sahib (Part 1 to 10) | Link | Link |
| ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਕੀ ਹੈ (ਨਾਮੁ, ਭਾਗ ੧) | What is Naam according to Guru Granth Sahib (Naam, Part 1) | http://www.geocities.ws/sarbjitsingh/Bani2510GurMagPart01D20141220.pdf, | http://www.sikhmarg.com/2014/1221-naam.html, |
| ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਦੀ ਲੋੜ ਅਤੇ ਲਾਭ (ਨਾਮੁ, ਭਾਗ ੨) | Need and rewards of Naam according to Guru Granth Sahib (Naam, Part 2) | http://www.geocities.ws/sarbjitsingh/Bani2510GurMagPart02D20150108.pdf, | http://www.sikhmarg.com/2015/0111-naam.html, http://www.singhsabhacanada.com/?p=85497, |
| ਅਕਾਲ ਪੁਰਖੁ ਦਾ ਨਾਮੁ ਜਪਣ ਲਈ ਗੁਰਬਾਣੀ ਦੁਆਰਾ ਅਕਾਲ ਪੁਰਖੁ ਦੇ ਗੁਣ ਗਾਇਨ ਕਰਨੇ ਤੇ ਵੀਚਾਰਨੇ ਜਰੂਰੀ ਹਨ (ਨਾਮੁ, ਭਾਗ ੩) | Studying the qualities and capabilities of Akal Purkh through Gurbani are required for the recition of His Naam (Naam, Part 3) | http://www.geocities.ws/sarbjitsingh/Bani2510GurMagPart03D20150221.pdf, | http://www.sikhmarg.com/2015/0222-naam-japan.html, |
| ਅਕਾਲ ਪੁਰਖੁ ਦਾ ਕਦੋਂ ਨਾਮੁ ਜਪਣਾ ਚਾਹੀਦਾ ਹੈ ਜਾਂ ਕਿਸ ਵੇਲੇ ਉਸ ਦੇ ਗੁਣ ਗਾਇਨ ਕਰਨੇ ਚਾਹੀਦੇ ਹਨ (ਨਾਮੁ, ਭਾਗ ੪) | What is the appropriate time for Naam Japna or remembering the qualities of Akal Purkh (Naam, Part 4) | http://www.geocities.ws/sarbjitsingh/Bani2510GurMagPart04D20150306.pdf, | http://www.sikhmarg.com/2015/0308-naam-japna.html, |
| ਗੁਰਬਾਣੀ ਦੁਆਰਾ ਅਕਾਲ ਪੁਰਖੁ ਦਾ ਨਾਮੁ ਨਾ ਜਪਣ ਜਾਂ ਉਸ ਦੇ ਗੁਣ ਨਾ ਗਾਇਨ ਕਰਨ ਦੇ ਨੁਕਸਾਨ (ਨਾਮੁ, ਭਾਗ ੫) | Disadvantages of not remembering the Naam of Akal Purkh or not studying the qualities and capabilities of Akal Purkh through Gurbani (Naam, Part 5) | http://www.geocities.ws/sarbjitsingh/Bani2510GurMagPart05D20150417.pdf, | http://www.sikhmarg.com/2015/0503-naam-na-nuksaan.html, http://www.singhsabhacanada.com/?p=86084, |
| ਨਾਮੁ ਦੀ ਪ੍ਰਾਪਤੀ ਸਹਜੇ ਸਹਜੇ ਅਡੋਲ ਅਵਸਥਾ ਵਿਚ ਆ ਕੇ ਹੁੰਦੀ ਹੈ (ਨਾਮੁ, ਭਾਗ ੬) | Naam of Akal Purkh is obtained slowly and steadily in a stablized state of mind with the help of Gurbani (Naam, Part 6) | http://www.geocities.ws/sarbjitsingh/Bani2510GurMagPart06D20151107.pdf, | http://www.sikhmarg.com/2015/1108-naam-prapti.html, http://www.gursoch.com/articles-by-other-writers/%E0%A8%A8%E0%A8%BE%E0%A8%AE%E0%A9%81-%E0%A8%A6%E0%A9%80-%E0%A8%AA%E0%A9%8D%E0%A8%B0%E0%A8%BE%E0%A8%AA%E0%A8%A4%E0%A9%80-%E0%A8%B8%E0%A8%B9%E0%A8%9C%E0%A9%87-%E0%A8%B8%E0%A8%B9%E0%A8%9C%E0%A9%87/, |
| ਨਾਮੁ ਜਪਣ ਅਤੇ ਅਕਾਲ ਪੁਰਖੁ ਨੂੰ ਮਿਲਣ ਦਾ ਤਰੀਕਾ (ਨਾਮੁ, ਭਾਗ ੭) | How to realize and to be in tune with Akal Purkh through His Naam (Naam, Part 7) | http://www.geocities.ws/sarbjitsingh/Bani2510GurMagPart07D20151229.pdf, | http://www.sikhmarg.com/2016/0103-naam-japan.php, http://www.singhsabhacanada.com/?p=88060, http://www.gursoch.com/articles-by-other-writers/%E0%A8%A8%E0%A8%BE%E0%A8%AE%E0%A9%81-%E0%A8%9C%E0%A8%AA%E0%A8%A3-%E0%A8%85%E0%A8%A4%E0%A9%87-%E0%A8%85%E0%A8%95%E0%A8%BE%E0%A8%B2-%E0%A8%AA%E0%A9%81%E0%A8%B0%E0%A8%96%E0%A9%81-%E0%A8%A8%E0%A9%82/, |
| ਨਾਮੁ ਬਹੁਤ ਕੀਮਤੀ ਤੇ ਲਾਭਦਾਇਕ ਹੈ (ਨਾਮੁ, ਭਾਗ ੮) | Naam is highly precious and has numerous advantages (Naam, Part 8) | http://www.geocities.ws/sarbjitsingh/Bani2510GurMagPart08D20160107.pdf, | http://www.sikhmarg.com/2016/0110-naam-keemti.php, http://www.gursoch.com/articles-by-other-writers/%E0%A8%A8%E0%A8%BE%E0%A8%AE%E0%A9%81-%E0%A8%AC%E0%A8%B9%E0%A9%81%E0%A8%A4-%E0%A8%95%E0%A9%80%E0%A8%AE%E0%A8%A4%E0%A9%80-%E0%A8%A4%E0%A9%87-%E0%A8%B2%E0%A8%BE%E0%A8%AD%E0%A8%A6%E0%A8%BE%E0%A8%87/, |
| ਗੁਰੂ ਗਰੰਥ ਸਾਹਿਬ ਅਨੁਸਾਰ ਅੰਮ੍ਰਿਤੁ ਹਰਿ ਕਾ ਨਾਮੁ ਹੈ (ਨਾਮੁ, ਭਾਗ ੯) | Amrit is Naam of Akal Purkh according to Guru Granth Sahib (Naam, Part 9) | http://www.geocities.ws/sarbjitsingh/Bani2510GurMagPart09D20160128.pdf, | http://www.sikhmarg.com/2016/0131-amrit-har-ka-naam.html, |
| ਗੁਰੂ ਗਰੰਥ ਸਾਹਿਬ ਅਨੁਸਾਰ ਨਾਮੁ ਜਪਣ ਲਈ ਕੀ ਕਰਨਾ ਚਾਹੀਦਾ ਹੈ (ਨਾਮੁ, ਭਾਗ ੧੦) | What we should do for Naam Japna according to Guru Granth Sahib (Naam, Part 10) | http://www.geocities.ws/sarbjitsingh/Bani2510GurMagPart10D20160616.pdf, | http://www.sikhmarg.com/2016/0619-naam-japan.html, |
| | | | |

| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧ ਤੋਂ ੨੬) | Gurmat and science in present scenario (Part-1 to 26) | Link | Link |
|---|---|---|---|
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧) ਗੁਰਸਿੱਖ ਲਈ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਬਾਣੀ ਦੀ ਖੋਜ਼ ਕਰਨੀ ਜਰੂਰੀ ਹੈ | Gurmat and science in present scenario (Part-1) Research on Guru Granth Sahib is important for a Gursikh | http://www.geocities.ws/sarbjitsingh/Bani9010GurMagPart01D20111022.pdf, | http://www.sikhmarg.com/2011/1023-gurmat-ate-science.html |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨) ਅਕਾਲ ਪੁਰਖੁ ਦੀ ਪਰਿਭਾਸ਼ਾ ਤੇ ਉਸ ਦਾ ਹੁਕਮੁ | Gurmat and Science in present scenario (Part-2) Definition of Akal Purkh and His Hukam (System) | http://www.geocities.ws/sarbjitsingh/Bani9010GurMagPart02D20111108.pdf, | http://www.sikhmarg.com/2011/1113-gurmat-ate-science-2.html |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੩) ਗੁਰਬਾਣੀ ਅਨੁਸਾਰ ਕੁਦਰਤ ਦਾ ਕੋਈ ਅੰਤ ਨਹੀਂ | Gurmat and Science in present scenario (Part-3) According to Gurmat universe is infinite | http://www.geocities.ws/sarbjitsingh/Bani9010GurMagPart03D20111210.pdf, | http://www.sikhmarg.com/2011/1211-gurmat-ate-science-3.html |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੪) ਸ੍ਰਿਸ਼ਟੀ ਕਿਸ ਤਰ੍ਹਾਂ ਪੈਦਾ ਹੋਈ? | Gurmat and science in present scenario (Part-4) How was the universe created? | http://www.geocities.ws/sarbjitsingh/Bani9010GurMagPart04D20120830.pdf, | http://www.sikhmarg.com/2012/0902-gurmat-ate-science-4.html, http://www.singhsabhacanada.com/?p=25397, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੫) ਸਰੀਰਕ ਜੀਵਨ ਦਾ ਆਧਾਰ ਪਾਣੀ ਅਤੇ ਹਵਾ ਹਨ ਤੇ ਆਤਮਿਕ ਜੀਵਨ ਦਾ ਆਧਾਰ ਗੁਰੂ ਹੈ | Gurmat and science in present scenario (Part-5) Water and air are required for physical existence and Guru is essential for spiritual life | http://www.geocities.ws/sarbjitsingh/Bani9010GurMagPart05D20120914.pdf, | http://www.sikhmarg.com/2012/0916-gurmat-ate-science-5.html, http://www.singhsabhacanada.com/?p=25952, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੬) ਅਕਾਲ ਪੁਰਖੁ ਆਪ ਹੀ ਆਪਣੇ ਆਪ ਨੂੰ ਪੈਦਾ ਕਰਨ ਵਾਲਾ ਹੈ | Gurmat and science in present scenario (Part-6) Akal Purkh is His own creater | http://www.geocities.ws/sarbjitsingh/Bani9010GurMagPart06D20120929.pdf, | http://www.sikhmarg.com/2012/0930-gurmat-ate-science-6.html |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੭) ਅਕਾਲ ਪੁਰਖੁ ਆਪ ਹੀ ਸ੍ਰਿਸ਼ਟੀ ਨੂੰ ਪੈਦਾ ਕਰਨ ਵਾਲਾ ਤੇ ਆਪ ਹੀ ਸੰਭਾਲਣ ਵਾਲਾ ਹੈ | Gurmat and science in present scenario (Part-7) Akal Purkh is the creater as well as the guardian of this universe | http://www.geocities.ws/sarbjitsingh/Bani9010GurMagPart07D20121013.pdf, | http://www.sikhmarg.com/2012/1014-gurmat-ate-science-7.html, http://www.singhsabhacanada.com/?p=27790, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੮) ਅਕਾਲ ਪੁਰਖੁ ਨੇ ਇਹ ਕੁਦਰਤ ਸੁੰਨ ਤੋਂ ਪੈਦਾ ਕੀਤੀ | Gurmat and science in present scenario (Part-8) Akal Purkh created this universe from Sunn (Zero/Nil/Vacuum) | http://www.geocities.ws/sarbjitsingh/Bani9010GurMagPart08D20130823.pdf, | http://www.sikhmarg.com/2013/0825-gurmat-ate-science-8.html, http://www.singhsabhacanada.com/?p=80420, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੯) ਅਕਾਲ ਪੁਰਖੁ ਨੂੰ ਅੱਖਾਂ ਨਾਲ ਨਹੀਂ ਵੇਖਿਆ ਜਾ ਸਕਦਾ ਪਰੰਤੂ ਉਸ ਦੀ ਰਚਨਾ ਵਿਚੋਂ ਅਨੁਭਵ ਕੀਤਾ ਜਾ ਸਕਦਾ ਹੈ | Gurmat and science in present scenario (Part-9) Akal Purkh cannot be seen with naked eyes but can be realised through His creation | http://www.geocities.ws/sarbjitsingh/Bani9010GurMagPart09D20130829.pdf, | http://www.sikhmarg.com/2013/0901-gurmat-ate-science-9.html, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੦) ਅਕਾਲ ਪੁਰਖੁ ਆਪ ਹੀ ਇਸ ਸ੍ਰਿਸ਼ਟੀ ਨੂੰ ਪੈਦਾ ਕਰਨ ਵਾਲਾ ਹੈ ਤੇ ਸਮੇਟਣ ਵਾਲਾ ਹੈ | Gurmat and science in present scenario (Part-10) Akal Purkh Himself is the creator and destroyer of this universe and this universe is not permanent | http://www.geocities.ws/sarbjitsingh/Bani9010GurMagPart10D20130904.pdf, | http://www.sikhmarg.com/2013/0908-gurmat-ate-science-10.html, http://www.singhsabhacanada.com/?p=80684, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੧) ਨਹ ਕਿਛੁ ਜਨਮੈ ਨਹ ਕਿਛੁ ਮਰੈ ॥ ਆਪਨ ਚਲਿਤੁ ਆਪ ਹੀ ਕਰੈ | Gurmat and science in present scenario (Part-11) Nothing is born and nothing dies. Birth and death are only the Akal Purkh's game | http://www.geocities.ws/sarbjitsingh/Bani9010GurMagPart11D20130910.pdf, | http://www.sikhmarg.com/2013/0915-gurmat-ate-science-11.html , http://www.singhsabhacanada.com/?p=80717, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੨) ਜੀਵਾਂ ਦੀ ਉਤਪਤੀ ਕਿਸ ਤਰ੍ਹਾਂ ਹੁੰਦੀ ਹੈ ਤੇ ਪਦਾਰਥ ਕਿਵੇ ਬਣਦੇ ਹਨ | Gurmat and science in present scenario (Part-12) How the living being and inanimate matter are formed | http://www.geocities.ws/sarbjitsingh/Bani9010GurMagPart12D20131011.pdf, | http://www.sikhmarg.com/2013/1013-gurmat-ate-science-12.html , http://www.singhsabhacanada.com/?p=80957, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੩) ਮਨੁੱਖ ਕੋਲ ਬੁਧੀ ਹੈ ਪਰ ਆਮ ਜੀਵਾਂ ਕੋਲ ਨਹੀਂ | Gurmat and science in present scenario (Part-13) Man has got thinking power but not other living beings | http://www.geocities.ws/sarbjitsingh/Bani9010GurMagPart13D20131025.pdf, | http://www.sikhmarg.com/2013/1027-gurmat-ate-science-13.html , http://www.singhsabhacanada.com/?p=81060, |
| ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੪) ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਅਨੁਸਾਰ ਬੇਅੰਤ ਖਾਣੀਆਂ ਹਨ | Gurmat and science in present scenario (Part-14) Countless are the modes of reproduction according to Guru Granth Sahib | http://www.geocities.ws/sarbjitsingh/Bani9010GurMagPart14D20131205.pdf, | http://www.sikhmarg.com/2013/1208-gurmat-ate-science-14.html , http://www.singhsabhacanada.com/?p=81663, |

| | | | |
|---|---|---|---|
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੫)** ਆਮ ਤੌਰ ਤੇ ੮੪ ਲੱਖ ਜੂਨਾਂ ਮੰਨੀਆਂ ਜਾਂਦੀਆਂ ਹਨ, ਪਰੰਤੂ ਗੁਰਬਾਣੀ ਅਨੁਸਾਰ ਬੇਅੰਤ ਜੂਨਾਂ ਹੋ ਸਕਦੀਆਂ ਹਨ | **Gurmat and science in present scenario (Part-15) Generally it is believed that there are 84 lakh species of life, but according to Gurmat these can be unlimited** | http://www.geocities.ws/sarbjitsingh/Bani9010GurMagPart15D20140125.pdf, | http://www.sikhmarg.com/2014/0126-gurmat-ate-science-15.html , http://www.singhsabhacanada.com/?p=82214, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੬) ਅਕਾਲ ਪੁਰਖੁ ਜੀਵ ਨੂੰ ਬਿਨਾ ਸੁਆਸ ਦੇ ਵੀ ਰੱਖ ਸਕਦਾ ਹੈ** | **Gurmat and science in present scenario (Part-16) Akal Purkh can preserve a living being without any breath** | http://www.geocities.ws/sarbjitsingh/Bani9010GurMagPart16D20140221.pdf, | http://www.sikhmarg.com/2014/0223-gurmat-ate-science-16.html , http://www.singhsabhacanada.com/?p=82570, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੭) ਪੌਦੇ ਵੀ ਜੀਵ ਹਨ ਤੇ ਸੱਭ ਦੇ ਜੀਵਨ ਦਾ ਆਧਾਰ ਪਾਣੀ ਹੈ** | **Gurmat and science in present scenario (Part-17) Plants are also living beings and water is the basic requirement for life** | http://www.geocities.ws/sarbjitsingh/Bani9010GurMagPart17D20140227.pdf, | http://www.sikhmarg.com/2014/0302-gurmat-ate-science-17.html , http://www.singhsabhacanada.com/?p=82703, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੮)** ਅਕਾਲ ਪੁਰਖ ਅਤੇ ਉਸ ਦੀ ਰਚਨਾ ਦਾ ਅੰਤ ਨਹੀਂ ਪਾਇਆ ਜਾ ਸਕਦਾ | **Gurmat and science in present scenario (Part-18) The limit of Akal Purkh and His creation is beyond human comprehension** | http://www.geocities.ws/sarbjitsingh/Bani9010GurMagPart18D20140305.pdf, | http://www.sikhmarg.com/2014/0309-gurmat-ate-science-18.html, http://www.singhsabhacanada.com/?p=82844, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੧੯) ਜੋ ਵੀ ਪੈਦਾ ਹੋਇਆ ਹੈ ਉਸ ਨੇ ਇਕ ਦਿਨ ਮਰਨਾ ਹੈ** | **Gurmat and science in present scenario (Part-19) Whatever is born must die, we only wait for our turn** | http://www.geocities.ws/sarbjitsingh/Bani9010GurMagPart19D20140314.pdf, | http://www.sikhmarg.com/2014/0316-gurmat-ate-science-19.html, http://www.singhsabhacanada.com/?p=82957, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੦) ਗੁਰਬਾਣੀ ਸੱਚ ਅਤੇ ਸੱਚੇ ਜੀਵਨ ਦੀ ਜਾਚ ਸਿਖਾਉਂਦੀ ਹੈ, ਪਰੰਤੂ ਸਾਇੰਸ ਸਿਰਫ ਵੇਖ ਸਕਣ ਵਾਲੇ ਸੱਚ ਦੀ ਗੱਲ ਕਰਦੀ ਹੈ** | **Gurmat and science in present scenario (Part-20) Gurbani teaches truth and truthful living whereas science deals with observable realities only** | http://www.geocities.ws/sarbjitsingh/Bani9010GurMagPart20D20140412.pdf, | http://www.sikhmarg.com/2014/0413-gurmat-ate-science-20.html, http://www.singhsabhacanada.com/?p=83421, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੧) ਸ੍ਰਿਸ਼ਟੀ ਦੀ ਸਾਜਨਾ ਕਿਸ ਨੇ ਕੀਤੀ** | **Gurmat and science in present scenario (Part-21) Who created the universe** | http://www.geocities.ws/sarbjitsingh/Bani9010GurMagPart21D20140413.pdf, | http://www.sikhmarg.com/2014/0420-gurmat-ate-science-21.html |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੨) ਗੁਰੂ ਸਾਹਿਬਾਂ ਨੇ ਅਕਾਲ ਪੁਰਖ ਨੂੰ ਅੰਦਰ ਖੋਜ਼ਣ ਲਈ ਕਿਹਾ ਹੈ, ਜੋ ਬਾਹਰ ਹੈ, ਉਹੀ ਅੰਦਰ ਹੈ** | **Gurmat and science in present scenario (Part-22) Guru Sahib has taught to discover Akal Purk wihin ourselves. Whatever is in the cosmos is also present within every matter** | http://www.geocities.ws/sarbjitsingh/Bani9010GurMagPart22D20140627.pdf, | http://www.sikhmarg.com/2014/0629-gurmat-ate-science-22.html, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੩) ਅਕਾਲ ਪੁਰਖ ਦੇ ਨਿਰਗੁਨ ਸਰਗੁਨ ਸਰੂਪ** | **Gurmat and science in present scenario (Part-23) Manifested forms of Akal Purkh as *Nirgun and* Sargun** | http://www.geocities.ws/sarbjitsingh/Bani9010GurMagPart23D20140724.pdf, | http://www.sikhmarg.com/2014/0727-gurmat-ate-science-23.html, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੪) ਸਿੱਖ ਧਰਮ ਵਿਚ ਕੇਸਾਂ ਦੀ ਮਹੱਤਤਾ** | **Gurmat and science in present scenario (Part-24) Importance of hair in Sikhism** | http://www.geocities.ws/sarbjitsingh/Bani9010GurMagPart24D20140820.pdf, | http://www.sikhmarg.com/2014/0824-gurmat-ate-science-24.html, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੫) ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ ਲੇਖੇ ਆਵਹਿ ਭਾਗ** | **Gurmat and science in present scenario (Part-25) Sanjog and Vijog have been created by Akal Purkh right from the beginning of the universe** | http://www.geocities.ws/sarbjitsingh/Bani9010GurMagPart25D20140827.pdf, | http://www.sikhmarg.com/2014/0831-gurmat-ate-science-25.html, |
| **ਗੁਰਮਤਿ ਅਤੇ ਸਾਇੰਸ ਦੇ ਇਸ ਅਜੋਕੇ ਯੁਗ ਵਿਚ (ਭਾਗ-੨੬) ਚੰਦਰਮਾ ਸੂਰਜ ਕੋਲੋ ਚਾਨਣ ਲੈਂਦਾ ਹੈ** | **Gurmat and science in present scenario (Part-26) Sun lights up the Moon** | http://www.geocities.ws/sarbjitsingh/Bani9010GurMagPart26D20141008.pdf, | http://www.sikhmarg.com/2014/1012-gurmat-ate-science-26.html, |
| | | | |
| **ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੧ ਤੋਂ ੬)** | **Why children do not listen to the parents? (Part 1 to 6)** | Link | Link |
| **ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੧) ਕੀ ਅਸੀਂ ਆਪਣੇ ਗੁਰਦੇਵ ਮਾਤਾ ਗੁਰਦੇਵ ਪਿਤਾ ਦਾ ਕਹਿਣਾ ਮੰਨਦੇ ਹਾਂ** | **Why children do not listen to the parents? (Part 1) Do we obey our Gurdev Father and Gurdev Mother?** | http://www.geocities.ws/sarbjitsingh/WhyChildrenDoNotListenGurMagPart01D20170309.pdf | http://www.sikhmarg.com/2017/0312-listen-karna.html, |
| **ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੨) ਕੀ ਮਾਤਾ ਪਿਤਾ ਇਸ ਦੇ ਖੁਦ ਜ਼ਿੰਮੇਵਾਰ ਹਨ?** | **Why children do not listen to the parents? (Part 2) Are parents responsible for this behavior?** | http://www.geocities.ws/sarbjitsingh/WhyChildrenDoNotListenGurMagPart02D20170427.pdf, | http://www.sikhmarg.com/2017/0430-listen-karna-2.html, http://www.gursoch.com/articles-by-other-writers/%e0%a8%ac%e0%a9%b1%e0%a8%9a%e0%a9%87-%e0%a8%ae%e0%a8%be%e0%a8%a4%e0%a8%be-%e0%a8%aa%e0%a8%bf%e0%a8%a4%e0%a8%be-%e0%a8%a6%e0%a8%be-%e0%a8%95%e0%a8%b9%e0%a8%bf%e0%a8%a3%e0%a8%be-%e0%a8%95%e0%a8%bf-2/, |

| | | | |
|---|---|---|---|
| ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੩) ਅਸੀਂ ਆਪਣੇ ਬੱਚਿਆਂ ਨਾਲ ਗੱਲਬਾਤ ਕਰਨ ਦਾ ਤਰੀਕਾ ਕਿਸ ਤਰ੍ਹਾਂ ਸੁਧਾਰ ਸਕਦੇ ਹਾਂ | **Why children do not listen to the parents? (Part 3) How to improve our way of talking with the children** | http://www.geocities.ws/sarbjitsingh/WhyChildrenDoNotListenGurMagPart03D20170512.pdf, | http://www.sikhmarg.com/2017/0514-listen-karna-3.html, http://www.gursoch.com/articles-by-other-writers/%e0%a8%ac%e0%a9%b1%e0%a8%9a%e0%a9%87-%e0%a8%ae%e0%a8%be%e0%a8%a4%e0%a8%be-%e0%a8%aa%e0%a8%bf%e0%a8%a4%e0%a8%be-%e0%a8%a6%e0%a8%be-%e0%a8%95%e0%a8%b9%e0%a8%bf%e0%a8%a3%e0%a8%be-%e0%a8%95%e0%a8%bf-3/, |
| ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੪) ਬੱਚਿਆਂ ਨਾਲ ਕਿਸ ਤਰ੍ਹਾਂ ਗੱਲਬਾਤ ਕਰਨੀ ਚਾਹੀਦੀ ਹੈ | **Why children do not listen to the parents? (Part 4) How to communicate with the children** | http://www.geocities.ws/sarbjitsingh/WhyChildrenDoNotListenGurMagPart04D20170519.pdf, | http://www.sikhmarg.com/2017/0521-listen-karna-4.html, http://www.gursoch.com/articles-by-other-writers/%e0%a8%ac%e0%a9%b1%e0%a8%9a%e0%a9%87-%e0%a8%ae%e0%a8%be%e0%a8%a4%e0%a8%be-%e0%a8%aa%e0%a8%bf%e0%a8%a4%e0%a8%be-%e0%a8%a6%e0%a8%be-%e0%a8%95%e0%a8%b9%e0%a8%bf%e0%a8%a3%e0%a8%be-%e0%a8%95%e0%a8%bf-4/, |
| ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੫) ਬੱਚਿਆਂ ਨੂੰ ਕਹਿਣਾ ਮੰਨਣ ਲਈ ਤੇ ਅਨੁਸ਼ਾਸਨ ਕਿਸ ਤਰ੍ਹਾਂ ਸਿਖਾਇਆ ਜਾ ਸਕਦਾ ਹੈ? | **Why children do not listen to the parents? (Part 5) How to generate a good behavior and discipline in the children** | http://www.geocities.ws/sarbjitsingh/WhyChildrenDoNotListenGurMagPart05D20170528.pdf, | http://www.sikhmarg.com/2017/0528-listen-karna-5.html, |
| ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੬) ਬੱਚੇ ਸਕੂਲ ਵਿਚ ਕਿਸ ਤਰ੍ਹਾਂ ਸਫਲਤਾ ਨਾਲ ਸਿਖਿਆ ਲੈ ਸਕਦੇ ਹਨ? | **Why children do not listen to the parents? (Part 6) How to ensure that child has productive time in the School education** | http://www.geocities.ws/sarbjitsingh/WhyChildrenDoNotListenGurMagPart06D20170602.pdf, | http://www.sikhmarg.com/2017/0604-listen-karna-6.html, |
| | | | |
| **ਹੋਰ ਵਿਸ਼ਿਆਂ ਸਬੰਧੀ ਲੇਖ** | **Gurmat Articles on Other Subjects** | Link | Link |
| ਗੁਰੂ ਗਰੰਥ ਸਾਹਿਬ ਅਨੁਸਾਰ ਬੀਜ ਮੰਤਰ, ਮੂਲ ਮੰਤਰ, ਮਹਾਂ ਮੰਤ੍ਰ ਅਤੇ ਗੁਰ ਮੰਤ੍ਰ ਕੀ ਹਨ | **What is Beej Mantar, Mool Mantar, Maha Mantar and Gur Mantar according to Guru Granth Sahib** | http://www.geocities.ws/sarbjitsingh/Bani2280GurMag20160825.pdf, | http://www.sikhmarg.com/2016/0828-mantar-ki-hann.html, , ਗੁਰੂ ਗਰੰਥ ਸਾਹਿਬ ਅਨੁਸਾਰ ਬੀਜ ਮੰਤਰ, ਮੂਲ ਮੰਤਰ, ਮਹਾਂ ਮੰਤ੍ਰ ਅਤੇ ਗੁਰ ਮੰਤ੍ਰ ਕੀ ਹਨ) ਲੇਖਕ – ਡਾ :ਸਰਬਜੀਤ ਸਿੰਘ, ਨਵੀਂ ਮੁੰਬਈ(, , |
| ਗੁਰੂ ਗਰੰਥ ਸਾਹਿਬ ਮਨੁੱਖਤਾ ਲਈ ਇਕ ਉੱਚੇ ਆਚਰਨ ਦਾ ਸੋਮਾ | **Guru Granth Sahib, A Character builder for mankind** | http://www.geocities.ws/sarbjitsingh/Bani2415GurMag20160609.pdf, | http://www.sikhmarg.com/2016/0612-sggs-acharan.html, http://www.singhsabhacanada.com/?p=88579, |
| ਗੁਰ ਕੀ ਸੇਵਾ ਸਬਦੁ ਵੀਚਾਰੁ | **The real service to Guru is to Understand and analyse Shabad and then follow accordingly** | http://www.geocities.ws/sarbjitsingh/Bani2250GurMag20160819.pdf, | http://www.sikhmarg.com/2016/0821-gur-ki-seva.html, |
| ਗੁਰਬਾਣੀ ਅਨੁਸਾਰ ਧਰਮ ਕੀ ਹੈ ? (ਧਰਮ, ਭਾਗ ੧) | **What is a Religion according to Gurmat? (Religion, Part 1)** | http://www.geocities.ws/sarbjitsingh/Bani4110GurMagPart1D20151027.pdf, | http://www.sikhmarg.com/2015/1101-dharam.html, |
| ਗੁਰਬਾਣੀ ਅਨੁਸਾਰ ਧਰਮ ਦੀ ਲੋੜ (ਧਰਮ, ਭਾਗ ੨) | **Necessity of Religion according to Gurmat (Religion, Part 2)** | http://www.geocities.ws/sarbjitsingh/Bani4110GurMagPart2D20160629.pdf, | http://www.sikhmarg.com/2016/0703-dharam-di-lorh.html, |
| ਸਿੱਖ ਦਾ ਅਨੰਦ ਕਾਰਜ ਹੁੰਦਾ ਹੈ ਵਿਆਹ ਨਹੀਂ | **A Sikh's marriage is performed with the Akal Purkh** | http://www.geocities.ws/sarbjitsingh/Bani3840GurMag201003.pdf | http://www.sikhmarg.com/2010/0321-anand-karaj.html, |
| ਆਪਣੀ ਪੜ੍ਹਾਈ ਤੇ ਜੀਵਨ ਦੀ ਖੋਜ ਵਿਚ ਕਿਸ ਤਰ੍ਹਾਂ ਸਫਲਤਾ ਪ੍ਰਾਪਤ ਕਰੀਏ | **How to be successful in one's education and research** | http://www.geocities.ws/sarbjitsingh/Bani3470GurMag200912.pdf | http://www.sikhmarg.com/2009/1227-saflta.html, |
| ਸੁਚਿ ਹੋਵੈ ਤਾ ਸਚੁ ਪਾਈਐ (ਕੀ ਸਿੱਖ ਧਰਮ ਵਿਚ ਸੁੱਚ – ਭਿੱਟ ਪ੍ਰਵਾਨ ਹੈ?) | **Akal Purkh can be realised only with internal purity. (Suchmta, Cleanliness)** | http://www.geocities.ws/sarbjitsingh/Bani1950GurMag200909.pdf, | http://www.sikhmarg.com/2009/0906-such-bhitt.html, |
| ਆਵਾ ਗਵਨੁ ਮਿਟੈ ਪ੍ਰਭ ਸੇਵ ॥ ਆਪੁ ਤਿਆਗਿ ਸਰਨਿ ਗੁਰਦੇਵ | **Coming and going in reincarnation is ended by serving Akal Purkh. Give up your selfishness and pride, and seek the Sanctuary of the Divine Guru** | http://www.geocities.ws/sarbjitsingh/Bani3990GurMag200906.pdf, | http://www.sikhmarg.com/2009/0628-avagavan.html, |
| ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ | **Ultimate religion is that which reveals the secret of Akal Purkh** | http://www.geocities.ws/sarbjitsingh/Bani2100ShabadGurMag200901.pdf, | http://www.sikhmarg.com/2009/0201-shabad-gurmarg.html, |
| ਸਬਦ ਵੀਚਾਰ: ਸਤਿਗੁਰੁ ਜਿਨੀ ਨ ਸੇਵਿਓ ਸਬਦਿ ਨ ਕੀਤੋ ਵੀਚਾਰੁ ॥ ਅੰਤਰਿ ਗਿਆਨੁ ਨ ਆਇਓ ਮਿਰਤਕੁ ਹੈ ਸੰਸਾਰਿ ॥ | **Shabad Vichar: Those who do not study, analyse and follow the Shabad Guru and do not serve according to the path shown by Gurbani, cannot achieve inner enlightment and are as if lifeless** | http://www.geocities.ws/sarbjitsingh/Bani2230GurMag200901.pdf, | http://www.sikhmarg.com/2009/0125-shabad-na-keeto-vichar.html, |
| ਗੁਰੂ ਗਰੰਥ ਸਾਹਿਬ ਅਨੁਸਾਰ ਸਿੱਖ ਦੀ ਮਾਨਸਿਕਤਾ | **Sikh Psychology according to Guru Granth Sahib** | http://www.geocities.ws/sarbjitsingh/Bani8010GurMag200809.pdf, | http://www.sikhmarg.com/2008/0921-sikh-maniskta.html, |
| ਨਾਮੇ ਸੋਈ ਸੇਵਿਆ ਜਹ ਦੇਹੁਰਾ ਨ ਮਸੀਤਿ (ਭਗਤ ਨਾਮਦੇਵ ਜੀ)” | **Namdev serves that Lord, who is not limited to either the temple or the mosque (Bhagat Namdev Ji)** | http://www.geocities.ws/sarbjitsingh/Bani6040GurMag200804.pdf, | http://www.sikhmarg.com/2008/0413-naame-soee-seviyaa.html, |
| ਠੀਕ ਗੁਰੂ ਦੀ ਚੋਣ ਕਿਸ ਤਰ੍ਹਾਂ ਕਰਨੀ ਹੈ? | **How to select an appropriate Guru?** | http://www.geocities.ws/sarbjitsingh/Bani2100SelectionGurMag200803.pdf | http://www.sikhmarg.com/2008/0316-guru-selection.html, |

| | | | |
|---|---|---|---|
| ਗੁਰਬਾਣੀ ਇਸੁ ਜਗ ਮਹਿ ਚਾਨਣੁ ਕਰਮਿ ਵਸੈ ਮਨਿ ਆਇ | Gurbani is the Light to illuminate this world; by His Grace, it comes to abide within the mind | http://www.geocities.ws/sarbjitsingh/Bani2100ChananGurMag200802.pdf, | http://www.sikhmarg.com/2008/0217-gurbani-chanan.html, |
| ਇੱਕਸਵੀਂ ਸਦੀ ਵਿਚ ਸਿੱਖ ਕੌਮ (ਮਰਦਾਂ) ਨੂੰ ਚਨੌਤੀਆਂ | Challenges faced by Sikhs in 21st century | http://www.geocities.ws/sarbjitsingh/Bani9520GurMag200712.pdf | http://www.sikhmarg.com/2008/0106-sikh-chanautian.html, |
| ਸਤਸੰਗਤਿ ਸਤਿਗੁਰ ਚਟਸਾਲ ਹੈ ਜਿਤੁ ਹਰਿ ਗੁਣ ਸਿਖਾ | Sat Sangat of the True Guru, is the school, where the glorious virtues of the Akal Purkh are studied | http://www.geocities.ws/sarbjitsingh/Bani2010GurMag200703.pdf | http://www.sikhmarg.com/2007/0325-sadh-sangat.html |
| ਸੁਖੁ ਦੁਖੁ ਦੁਇ ਦਰਿ ਕਪੜੇ ਪਹਿਰਹਿ ਜਾਇ ਮਨੁਖ | Pleasure and Pain are the Gifts of Akal Purkh | http://www.geocities.ws/sarbjitsingh/Bani3830GurMag200702.pdf | http://www.sikhmarg.com/2007/0218-sukh-dukh.html |
| ਮਾਸੁ ਮਾਸੁ ਕਰਿ ਮੂਰਖੁ ਝਗੜੇ ਗਿਆਨੁ ਧਿਆਨੁ ਨਹੀ ਜਾਣੈ | Fools argue about flesh and meat, but they know nothing about spiritual wisdom and meditation | http://www.geocities.ws/sarbjitsingh/Bani1640GurMag200611.pdf | http://www.sikhmarg.com/2006/1203-maas-maas-kar.html, |
| ਵਿਦਿਆ ਵੀਚਾਰੀ ਤਾਂ ਪਰਉਪਕਾਰੀ | Knowledge and Education for the Benefit of Mankind | http://www.geocities.ws/sarbjitsingh/Bani2060GurMag200609.pdf | http://www.sikhmarg.com/2006/0903-vidia-vichari.html |
| ਕਰਮੀ ਕਰਮੀ ਹੋਇ ਵੀਚਾਰੁ | Judgement in the court of Akal Purkh depends upon one's deeds and actions | http://www.geocities.ws/sarbjitsingh/Bani1200GurMag200608.pdf | http://www.sikhmarg.com/2006/0806-karmi-karmi.html |
| ਗੁਰਬਾਣੀ ਅਨੁਸਾਰ ਹਰੇਕ ਮਨੁੱਖ ਆਪਣੇ ਕਰਮਾਂ ਦਾ ਆਪ ਜੁਮੇਵਾਰ ਹੈ, ਕੋਈ ਹੋਰ ਦੂਸਰਾ ਨਹੀਂ | Everyone is responsible for his own deeds and not someone else | http://www.geocities.ws/sarbjitsingh/Bani1205GurMag20170727.pdf, | http://www.sikhmarg.com/2017/0730-aap-jumaywar.html, |
| "ਮਾਗਨਾ ਮਾਗਨੁ ਨੀਕਾ ਹਰਿ ਜਸੁ ਗੁਰ ਤੇ ਮਾਗਨਾ" (ਅਰਦਾਸ_ ਅਕਾਲ ਪੁਰਖੁ ਦੇ ਗੁਣਾਂ ਦੀ ਮੰਗ) | Praying for boon of the Lord's Praise from the Guru is a noble begging. (Sing His Glorious Virtues, Greatness, Beauty, Excellence and Truth) | http://www.geocities.ws/sarbjitsingh/Bani3710GurMag200607.pdf | http://www.sikhmarg.com/2006/0716-ardaas.html |
| ਤੈ ਜਨਮਤ ਗੁਰਮਤਿ ਬ੍ਰਹਮੁ ਪਛਾਣਿਓ (ਗੁਰੂ ਅਰਜਨ ਸਾਹਿਬ) | Understanding Akal Purkh through the Guru's teachings | http://www.geocities.ws/sarbjitsingh/Bani5150GurMag200605.pdf | http://www.sikhmarg.com/2006/0528-guru-arjan.html |
| ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ (ਹੁਕਮੁ, ਭੈ, ਡਰ, ਭਉ) | Understanding the Hukam of Akal Purkh to be a Gurmukh | http://www.geocities.ws/sarbjitsingh/Bani3510GurMag200604.pdf | http://www.sikhmarg.com/2006/0430-bani-hukam.html |
| ਅਜੋਕੇ ਸਮੇਂ ਵਿੱਚ ਸਿੱਖਾਂ ਦੀਆਂ ਸਮਸਿਆਂਵਾਂ ਅਤੇ ਉਨ੍ਹਾਂ ਦੇ ਉਪਾਅ | Problems being faced by Sikhs and their solution according to Gurmat | http://www.geocities.ws/sarbjitsingh/Bani3900GurMag200603.pdf | http://www.sikhmarg.com/2006/0402-samasiya-upaa.html |
| ਗੁਰਮਤਿ ਅਤੇ ਅੱਜ ਦੀ ਸਾਇੰਸ ਦੇ ਅਨੁਸਾਰ ਅੰਮ੍ਰਿਤ ਵੇਲੇ ਦੀ ਮਹੱਤਤਾ | Importance of Amrit Vella according to Gurmat and present day science | http://www.geocities.ws/sarbjitsingh/Bani2220GurMag200508.pdf | http://www.sikhmarg.com/amrit-vela01.html |
| ਅਨੰਦ ਕਾਰਜ ਸਬੰਧੀ ਬੇਨਤੀ | Sikh Marriage | http://www.geocities.ws/sarbjitsingh/Bani3840SikhMarriage200406.pdf | |
| ਅਸੀਂ ਕਿਉ ਕਹਿੰਦੇ ਹਾਂ, "ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹ" | Why we say, "Waheguru Ji Ka Khalsa Waheguru Ji Ke Fateh" | http://www.geocities.ws/sarbjitsingh/Bani2522GurMag20140210.pdf | http://www.sikhmarg.com/why-waheguru.html |
| ਅੰਮ੍ਰਿਤ ਛਕੋ ਅਤੇ ਗੁਰੂ ਵਾਲੇ ਬਣੋ | Amrit is must, to become a Gursikh | http://www.geocities.ws/sarbjitsingh/Bani3560GurMag200303.pdf | http://www.sikhmarg.com/khanda-amrit.html |
| ਕੀ ਸਿੱਖ ਧਰਮ ਵਿਚ ਵਾਹਿਗੁਰੂ, ਅਕਾਲ ਪੁਰਖੁ ਦੇ ਨਾਂਵ ਲਈ ਵਰਤ ਸਕਦੇ ਹਾਂ ? | Can we use the word Waheguru for God in Sikhism | http://www.geocities.ws/sarbjitsingh/Bani2523GurMag2003.pdf | http://www.sikhmarg.com/p-waheguru.html |

ਤਤਕਰਾ

| Subject (English) | ਵਿਸ਼ਾ | Link | Link |
|---|---|---|---|
| | | | |
| Whether the fifteen Bhagats whose Bani is present in Guru Granth Sahib were born before Guru Nanak Sahib, during that period or after Guru Nanak Sahib? | ਕੀ ਪੰਦਰਾਂ ਭਗਤ, ਜਿਨ੍ਹਾਂ ਦੀ ਬਾਣੀ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਹੈ, ਉਹ ਗੁਰੂ ਨਾਨਕ ਸਾਹਿਬ ਤੋਂ ਪਹਿਲਾਂ ਹੋਏ ਸਨ, ਸਮਕਾਲੀ ਸਨ, ਜਾਂ ਗੁਰੂ ਨਾਨਕ ਸਾਹਿਬ ਤੋਂ ਬਾਅਦ ਹੋਏ ਸਨ? | http://www.geocities.ws/sarbjitsingh/Bani6010EngMag20161111.pdf, | |
| Guru Nanak Sahib knew more than hundred languages and many subjects. How much do we know? | ਗੁਰੂ ਨਾਨਕ ਸਾਹਿਬ ਨੂੰ ਤਾਂ ੧੦੦ ਤੋਂ ਵੱਧ ਭਾਸ਼ਾਵਾਂ ਤੇ ਬਹੁਤ ਸਾਰੇ ਵਿਸ਼ਿਆਂ ਬਾਰੇ ਗਿਆਨ ਸੀ, ਸਾਨੂੰ ਕਿਨਾਂ ਕੁ ਹੈ ? | http://www.geocities.ws/sarbjitsingh/Bani5111EngMag20141213.pdf, | http://www.singhsabhacanada.com/?p=86079, |
| Use of Dev along with the name of Guru Nanak Sahib, Guru Angad Sahib and Guru Arjan Sahib | ਗੁਰੂ ਨਾਨਕ ਸਾਹਿਬ, ਗੁਰੂ ਅੰਗਦ ਸਾਹਿਬ ਤੇ ਗੁਰੂ ਅਰਜਨ ਸਾਹਿਬ ਦੇ ਨਾਮ ਨਾਲ ਦੇਵ ਦੀ ਵਰਤੋਂ | http://www.geocities.ws/sarbjitsingh/Bani5115EngMag20151012.pdf, | http://www.sikhmarg.com/2015/1018-dev.html, http://www.gursoch.com/articles-by-other-writers/use-of-dev-along-with-the-name-of-guru-nanak-sahib-guru-angad-sahib-and-guru-arjan-sahib/, |
| Importance of Amrit Vella according to Gurmat and present day science | ਗੁਰਮਤਿ ਅਤੇ ਅੱਜ ਦੀ ਸਾਇੰਸ ਦੇ ਅਨੁਸਾਰ ਅੰਮ੍ਰਿਤ ਵੇਲੇ ਦੀ ਮਹੱਤਤਾ | http://www.geocities.ws/sarbjitsingh/Bani2220EngMag201007.pdf, | |
| Understanding the Hukam of Akal Purkh to be a Gurmukh | ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ | http://www.geocities.ws/sarbjitsingh/Bani3510EnglishMag20140403.pdf, | http://www.singhsabhacanada.com/?p=83153, |
| Communal Harmony - The Road To National Integration | | QuamiEktaEng200608.pdf | http://www.geocities.ws/sarbjitsingh/QuamiEktaEng200608.pdf, |
| Amrit is must, to become a Gursikh | ਅੰਮ੍ਰਿਤ ਛਕੋ ਅਤੇ ਗੁਰੂ ਵਾਲੇ ਬਣੋ | http://www.geocities.ws/sarbjitsingh/Bani3560EngMag200307.pdf | |
| Why we say, "Waheguru Ji Ka Khalsa Waheguru Ji Ke Fateh" | ਅਸੀਂ ਕਿਉ ਕਹਿੰਦੇ ਹਾਂ, "ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹ" | http://www.geocities.ws/sarbjitsingh/Bani2522EngMag200308.pdf | |
| Can we use the word Waheguru for God in Sikhism? | ਕੀ ਸਿੱਖ ਧਰਮ ਵਿਚ ਵਾਹਿਗੁਰੂ, ਅਕਾਲ ਪੁਰਖੁ ਦੇ ਨਾਂਵ ਲਈ ਵਰਤ ਸਕਦੇ ਹਾਂ ? | http://www.geocities.ws/sarbjitsingh/Bani2523EngMag2003.pdf | |
| Why the present day Sikhs are lacking behind | ਅੱਜਕਲ ਦੇ ਸਿੱਖ ਕਿਉਂ ਪਿੱਛੜ ਰਹੇ ਹਨ | http://www.geocities.ws/sarbjitsingh/Bani3900WhySikhsLackingBehind200703.pdf | |
| Why children do not listen to the parents? (Part 1) Do we obey our Gurdev Father and Gurdev Mother? | ਬੱਚੇ ਮਾਤਾ ਪਿਤਾ ਦਾ ਕਹਿਣਾ ਕਿਉਂ ਨਹੀਂ ਮੰਨਦੇ ਹਨ? (ਭਾਗ ੧) ਕੀ ਅਸੀਂ ਆਪਣੇ ਗੁਰਦੇਵ ਮਾਤਾ ਗੁਰਦੇਵ ਪਿਤਾ ਦਾ ਕਹਿਣਾ ਮੰਨਦੇ ਹਾਂ | http://www.geocities.ws/sarbjitsingh/WhyChildrenDoNotListenEngMagPart01%2020170318.pdf | |
| Introduction about NanakShahi Calendar | | http://www.geocities.ws/sarbjitsingh/CalendarNanakIntd.pdf, | |
| By running this program one can generate NanakShahi and English Calendar for any year (This program works on 32 bit computers only) (The output gets stored in the file CALNANAK.OUT) | ਇਸ ਕੰਪਿਊਟਰ ਪ੍ਰੋਗਰਾਮ ਨਾਲ ਕਿਸੇ ਵੀ ਸਾਲ ਦਾ ਨਾਨਕਸ਼ਾਹੀ ਕਾਲੈਂਡਰ ਬਣਾਇਆ ਜਾ ਸਕਦਾ ਹੈ | CalNanak.exe | |